ਮੰਗਲਵਾਰ, 10 ਜੂਨ, 2025
28 ਜੇਠ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 9

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • TUESDAY, 10 JUNE, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਚੋਣ ਕਮਿਸ਼ਨ ਵੋਟਰ ਲਿਸਟਾਂ ਦੇਣ ਦੀ ਤਰੀਕ ਦੱਸੇ : ਰਾਹੁਲ

**ਨਵੀਂ ਦਿੱਲੀ** : ਰਾਹੁਲ ਗਾਂਧੀ ਨੇ ਸੋਮਵਾਰ ਚੋਣ ਪਾਰਦਰਸ਼ਤਾ ਦੀ ਆਪਣੀ ਮੰਗ ਨੂੰ ਤੇਜ਼ ਕਰਦਿਆਂ ਚੋਣ ਕਮਿਸ਼ਨ ਨੂੰ ਕਿਹਾ ਕਿ ਉਹ ਮਸ਼ੀਨ-ਪੜ੍ਹਨਯੋਗ ਫਾਰਮੈਟ ਵਿੱਚ ਵੋਟਰ ਡਾਟਾ ਸਾਂਝਾ ਕਰਨ ਲਈ ਸਪੱਸ਼ਟ ਟਾਈਮ ਲਾਈਨ ਐਲਾਨੇ। ਇਸ ਤੋਂ ਪਹਿਲਾਂ ਚੋਣ ਕਮਿਸ਼ਨ ਵੋਟਰ ਲਿਸਟਾਂ ਸਪੁਰਦ ਕਰਨ ਲਈ ਰਾਜ਼ੀ ਹੋ ਗਿਆ ਸੀ।

ਰਾਹੁਲ ਨੇ ਐਕਸ 'ਤੇ ਕਿਹਾ, 'ਚੋਣ ਕਮਿਸ਼ਨ ਨੇ ਵੋਟਰ ਲਿਸਟਾਂ ਸਪੁਰਦ ਕਰਨ ਦਾ ਚੰਗਾ ਪਹਿਲਾ ਕਦਮ ਚੁੱਕਿਆ ਹੈ। ਕੀ ਚੋਣ ਕਮਿਸ਼ਨ ਕ੍ਰਿਪਾ ਕਰਕੇ ਸਹੀ ਤਰੀਕ ਦੱਸ ਸਕਦਾ ਹੈ ਕਿ ਮਸ਼ੀਨ-ਰੀਡਏਬਲ ਫਾਰਮੈਟ ਵਿੱਚ ਡਿਜੀਟਲ ਡਾਟਾ ਕਦੋਂ ਸੌਂਪੇਗਾ ? '

ਰਾਹੁਲ ਨੇ ਪਿਛਲੇ ਦਿਨੀਂ ਕੁਝ ਅਖਬਾਰਾਂ ਵਿੱਚ ਲੇਖ ਲਿਖ ਕੇ 2024 ਦੀਆਂ ਮਹਾਰਾਸ਼ਟਰ ਅਸੈਂਬਲੀ ਚੋਣਾਂ ਵਿੱਚ ਹੇਰਾਫੇਰੀ ਹੋਣ ਬਾਰੇ ਗੰਭੀਰ ਚਿੰਤਾ ਪ੍ਰਗਟਾਈ ਸੀ। ਉਨ੍ਹਾ ਦਾਅਵਾ ਕੀਤਾ ਸੀ ਕਿ ਆਜ਼ਾਦਾਨਾ ਤੇ ਨਿਰਪੱਖ ਚੋਣਾਂ ਨਾ ਹੋਣ ਕਰਕੇ ਭਾਜਪਾ ਦੀ ਅਗਵਾਈ ਵਾਲਾ ਐੱਨ ਡੀ ਏ ਜੇਤੂ ਰਿਹਾ। ਜਨ ਸੁਰਾਜ ਪਾਰਟੀ ਦੇ ਬਾਨੀ ਤੇ ਚੋਣ ਰਣਨੀਤੀਕਾਰ ਪ੍ਰਸ਼ਾਂਤ ਕਿਸ਼ੋਰ ਨੇ ਐਤਵਾਰ ਕਿਹਾ ਸੀ ਕਿ ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਹੈ ਕਿ ਉਹ ਲੋਕ ਸਭਾ ਵਿੱਚ ਆਪੋਜ਼ੀਸ਼ਨ ਆਗੂ ਰਾਹੁਲ ਗਾਂਧੀ ਵੱਲੋਂ ਪ੍ਰਗਟਾਈ ਗਈ ਚਿੰਤਾ ਦੂਰ ਕਰੇ। ਕਿਸ਼ੋਰ ਨੇ



ਬਿਹਾਰ ਦੇ ਬੇਗੂਸਰਾਏ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਸੀ, 'ਕਾਂਗਰਸ ਦੇਸ਼ ਦੀ ਮੁੱਖ ਆਪੋਜ਼ੀਸ਼ਨ ਪਾਰਟੀ ਹੈ। ਰਾਹੁਲ ਗਾਂਧੀ ਲੋਕ ਸਭਾ ਵਿੱਚ ਆਪੋਜ਼ੀਸ਼ਨ ਦੇ ਆਗੂ ਹਨ। ਇਸ ਕਰਕੇ ਚੋਣ ਕਮਿਸ਼ਨ ਉਨ੍ਹਾ ਦੇ ਸ਼ੱਕ ਦੂਰ ਕਰੇ।'

ਕਿਸ਼ੋਰ, ਜਿਨ੍ਹਾ ਕਾਂਗਰਸ ਨਾਲ ਮਿਲ ਕੇ ਕੰਮ ਕੀਤਾ, ਨੇ ਕਿਹਾ ਕਿ ਰਾਹੁਲ ਦੇ ਦਾਅਵੇ ਗੰਭੀਰ ਹਨ। ਰਾਹੁਲ ਨੇ ਇੱਕ-ਦੋ ਫਿਕਰਿਆਂ ਵਿੱਚ ਗੱਲ ਨਹੀਂ ਕੀਤੀ, ਸਗੋਂ ਲੰਮਾ-ਚੌੜਾ ਲੇਖ ਲਿਖਿਆ ਹੈ।

ਇਸ ਤੋਂ ਪਹਿਲਾਂ ਰਾਹੁਲ ਨੇ ਤਿੰਨ ਫਰਵਰੀ ਨੂੰ ਸੰਸਦ ਵਿੱਚ ਕੀਤੀ ਤਕਰੀਰ ਤੇ ਬਾਅਦ ਵਿੱਚ ਕੀਤੀ ਪ੍ਰੈੱਸ ਕਾਨਫਰੰਸ ਵਿੱਚ ਦਾਅਵਾ ਕੀਤਾ ਸੀ ਕਿ ਚੋਣ ਕਮਿਸ਼ਨ ਨੇ 2024 ਦੀਆਂ ਲੋਕ ਸਭਾ ਚੋਣਾਂ ਲਈ ਮਹਾਰਾਸ਼ਟਰ ਵਿੱਚ ਸਿਰਫ 9 ਕਰੋੜ 29 ਲੱਖ ਵੋਟਰ ਬਣਾਏ ਸਨ, ਪਰ ਕੁਝ ਮਹੀਨਿਆਂ ਬਾਅਦ ਅਸੈਂਬਲੀ ਚੋਣਾਂ ਵਿੱਚ ਵੋਟਰ ਵਧ ਕੇ 9 ਕਰੋੜ 70 ਲੱਖ ਹੋ ਗਏ। 2019 ਦੀਆਂ ਅਸੈਂਬਲੀ ਚੋਣਾਂ ਵਿੱਚ 8 ਕਰੋੜ 98 ਲੱਖ ਵੋਟਰ ਸਨ, ਜਿਹੜੇ ਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਪੰਜ ਸਾਲ 'ਚ ਵਧ ਕੇ 9 ਕਰੋੜ 29 ਲੱਖ ਹੋਏ ਸਨ, ਪਰ ਪੰਜ ਮਹੀਨਿਆਂ ਬਾਅਦ ਅਸੈਂਬਲੀ ਚੋਣਾਂ ਵਿੱਚ ਇਹ ਯਕਦਮ 9 ਕਰੋੜ 70 ਲੱਖ ਹੋ ਗਏ। ਪੰਜ ਸਾਲ ਵਿੱਚ ਤਾਂ ਮਸੀਂ 31 ਲੱਖ ਵਧੇ, ਜਦਕਿ ਪੰਜ ਮਹੀਨਿਆਂ ਵਿੱਚ 41 ਲੱਖ ਵਧ ਗਏ। ਸਰਕਾਰੀ ਰਿਕਾਰਡ ਮੁਤਾਬਕ ਇਸ ਤੋਂ ਵੀ ਹੈਰਾਨੀ ਵਾਲੀ ਗੱਲ ਹੈ ਵੋਟਰ 9 ਕਰੋੜ 70 ਲੱਖ ਹੋ ਗਏ, ਜਦਕਿ ਮਹਾਰਾਸ਼ਟਰ ਵਿੱਚ ਬਾਲਗਾਂ ਦੀ ਗਿਣਤੀ 9 ਕਰੋੜ 54 ਲੱਖ ਸੀ। ਸਾਫ ਹੈ ਕਿ ਜਾਲ੍ਹੀ ਵੋਟਰ ਬਣਾਏ ਗਏ।

ਚੋਣ ਕਮਿਸ਼ਨ ਨੇ ਐਤਵਾਰ ਰਾਹੁਲ ਦੇ ਲੇਖ ਨੂੰ ਝੁਠਲਾਉਣ ਲਈ ਨੁਕਤਾ-ਦਰ-ਨੁਕਤਾ ਜਵਾਬ ਦਿੱਤਾ ਸੀ, ਪਰ ਕਿਸ਼ੋਰ ਦਾ ਕਹਿਣਾ ਹੈ ਕਿ ਹੋਰ ਸਪੱਸ਼ਟੀਕਰਨ ਜ਼ਰੂਰੀ ਹੈ। ਜੇ ਲੋਕਾਂ ਦੇ ਮਨਾਂ ਵਿੱਚ ਸ਼ੱਕ ਕਾਇਮ ਰਹਿਣਗੇ ਤਾਂ ਜਮਹੂਰੀਅਤ ਲਈ ਚੰਗਾ ਨਹੀਂ ਹੋਵੇਗਾ। ਇਸ ਕਰਕੇ ਚੋਣ ਕਮਿਸ਼ਨ ਸਾਰੇ ਸ਼ੰਕੇ ਦੂਰ ਕਰਨ ਲਈ ਅੱਗੇ ਆਵੇ।

## ਡਾਕਟਰਾਂ ਨੇ ਮੰਤਰੀ ਤੋਂ ਮੁਆਫੀ ਮੰਗਵਾਈ

**ਪਣਜੀ** : ਗੋਆ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਸੀਨੀਅਰ ਡਾਕਟਰਾਂ ਦੇ ਵਿਰੋਧ ਪ੍ਰਦਰਸ਼ਨਾਂ ਵਿਚਕਾਰ ਗੋਆ ਦੇ ਸਿਹਤ ਮੰਤਰੀ ਵਿਸ਼ਵਜੀਤ ਰਾਣੇ ਨੇ ਸੋਮਵਾਰ ਇੱਕ ਡਾਕਟਰ ਪ੍ਰਤੀ ਆਪਣੇ ਵਿਵਹਾਰ ਲਈ ਮੁਆਫੀ ਮੰਗ ਲਈ। ਉਸ ਡਾਕਟਰ ਦੀ ਮੁਅੱਤਲੀ ਦਾ ਹੁਕਮ ਉਸ ਨੇ ਜਨਤਕ ਤੌਰ 'ਤੇ ਦਿੱਤਾ ਸੀ ਅਤੇ ਕਿਹਾ ਸੀ ਕਿ ਡਾਕਟਰੀ ਸੇਵਾਵਾਂ ਵਿੱਚ ਵਿਘਨ ਨਹੀਂ ਪਾਉਣਾ ਚਾਹੀਦਾ। ਉਧਰ ਵਿਰੋਧੀ ਪਾਰਟੀ ਕਾਂਗਰਸ ਨੇ ਸ਼ਨਿੱਚਰਵਾਰ ਨੂੰ ਵਾਪਰੀ ਘਟਨਾ 'ਤੇ ਮੰਤਰੀ ਨੂੰ ਬਰਖਾਸਤ ਕਰਨ ਦੀ ਮੰਗ ਕੀਤੀ ਹੈ।

ਸੋਸ਼ਲ ਮੀਡੀਆ ਪੋਸਟ ਵਿੱਚ ਰਾਣੇ ਨੇ ਲਿਖਿਆ, "ਕਾਲਜ ਦੀ ਆਪਣੀ ਫੇਰੀ ਦੌਰਾਨ ਕਹੇ ਗਏ ਕਠੋਰ ਸ਼ਬਦਾਂ ਲਈ ਮੈਂ ਡਾ. ਕੁਟੀਕਰ ਤੋਂ ਦਿਲੋਂ ਮੁਆਫੀ ਮੰਗਦਾ ਹਾਂ। ਉਸ ਸਮੇਂ ਮੇਰੀਆਂ ਭਾਵਨਾਵਾਂ ਮੇਰੇ ਪ੍ਰਗਟਾਵੇ 'ਤੇ ਹਾਵੀ ਹੋ ਗਈਆਂ ਅਤੇ ਮੈਨੂੰ ਸਥਿਤੀ ਨੂੰ ਸੰਬੋਧਤ ਕਰਨ ਦੇ ਤਰੀਕੇ 'ਤੇ ਬਹੁਤ ਅਫਸੋਸ ਹੈ।"

ਸਿਹਤ ਮੰਤਰੀ ਰਾਣੇ ਨੇ ਮਰੀਜ਼ਾਂ ਨਾਲ ਕਥਿਤ ਤੌਰ 'ਤੇ ਦੁਰਵਿਵਹਾਰ ਕਰਨ

• ਬਾਕੀ ਸਫਾ 2 'ਤੇ

## ਅਮਰੀਕਾ 'ਚ ਇਹ ਸਲੂਕ ਕੀਤਾ ਹਰਿਆਣਵੀ ਵਿਦਿਆਰਥੀ ਨਾਲ



**ਨਿਊ ਯਾਰਕ** : ਭਾਰਤੀ-ਅਮਰੀਕੀ ਕਾਰੋਬਾਰੀ ਕੁਨਾਲ ਜੈਨ ਨੇ ਸੋਸ਼ਲ ਮੀਡੀਆ ਪਲੇਟਫਾਰਮ ਐੱਕਸ 'ਤੇ ਨਿਊ ਜਰਸੀ ਦੇ ਨੇਵਾਰਕ ਹਵਾਈ ਅੱਡੇ ਤੋਂ ਇੱਕ ਭਾਰਤੀ ਵਿਦਿਆਰਥੀ ਨੂੰ ਦੇਸ਼ ਨਿਕਾਲਾ ਦਿੱਤੇ ਜਾਣ ਦੀ ਘਟਨਾ ਸਾਂਝੀ ਕੀਤੀ। ਜੈਨ ਨੇ ਲਿਖਿਆ, 'ਮੈਂ ਕੱਲ੍ਹ ਰਾਤ ਇੱਕ ਨੌਜਵਾਨ ਭਾਰਤੀ ਵਿਦਿਆਰਥੀ ਨੂੰ ਨੇਵਾਰਕ ਹਵਾਈ ਅੱਡੇ ਤੋਂ ਦੇਸ਼ ਨਿਕਾਲਾ ਦਿੰਦੇ ਦੇਖਿਆ—ਉਸ ਦੇ ਹੱਥਕੜੀਆਂ ਲਗਾਈਆਂ ਹੋਈਆਂ ਸਨ, ਉਹ ਰੋ ਰਿਹਾ ਸੀ, ਇੱਕ ਅਪਰਾਧੀ ਵਾਂਗ ਵਿਹਾਰ ਕੀਤਾ ਗਿਆ। ਉਹ ਸੁਪਨਿਆਂ ਦਾ ਪਿੱਛਾ ਕਰਦੇ ਹੋਏ ਆਇਆ ਸੀ, ਕੋਈ ਨੁਕਸਾਨ ਕਰਨ ਲਈ ਨਹੀਂ। ਇੱਕ ਐੱਨ ਆਰ ਆਈ ਹੋਣ ਦੇ ਨਾਤੇ, ਮੈਂ ਬੇਵੱਸ ਅਤੇ ਦਿਲ ਟੁੱਟਿਆ ਹੋਇਆ ਮਹਿਸੂਸ ਕੀਤਾ। ਇਹ ਇੱਕ ਮਨੁੱਖੀ ਦੁਖਾਂਤ ਹੈ।'

ਵਾਰਕ ਲਿਬਰਟੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਵਾਪਰੀ ਘਟਨਾ ਦੀਆਂ ਫੋਟੋਆਂ ਸਾਂਝੀਆਂ ਕਰਦਿਆਂ ਜੈਨ ਨੇ ਕਿਹਾ ਕਿ ਵਿਦਿਆਰਥੀ ਹਰਿਆਣਵੀ ਭਾਸ਼ਾ ਵਿੱਚ ਬੋਲ ਰਿਹਾ ਸੀ। ਉਸ ਨੂੰ ਪੋਰਟ ਅਥਾਰਟੀ ਪੁਲਸ ਨੇ ਫੜਿਆ ਹੋਇਆ ਸੀ। ਪੋਰਟ ਅਥਾਰਟੀ ਪੁਲਸ ਵਿਭਾਗ ਇੱਕ ਪ੍ਰਮੁੱਖ ਕਾਨੂੰਨ ਲਾਗੂ ਕਰਨ ਵਾਲੀ ਏਜੰਸੀ ਹੈ, ਜੋ ਨਿਊ ਯਾਰਕ ਅਤੇ ਨਿਊ ਜਰਸੀ ਵਿੱਚ ਆਵਾਜਾਈ ਨਾਲ ਸੰਬੰਧਤ ਸੁਰੱਖਿਆ ਦੀ ਨਿਗਰਾਨੀ ਕਰਦੀ ਹੈ।

ਇਹ ਹਵਾਈ ਅੱਡਿਆਂ, ਪੁਲਾਂ, ਸੁਰੰਗਾਂ ਅਤੇ ਵਰਲਡ ਟਰੇਡ ਸੈਂਟਰ ਸਮੇਤ ਮਹੱਤਵਪੂਰਨ ਬੁਨਿਆਦੀ ਢਾਂਚੇ ਦੀ ਰੱਖਿਆ ਕਰਦੀ ਹੈ।

ਜੈਨ ਅਨੁਸਾਰ, ਵਿਦਿਆਰਥੀ ਸਪੱਸ਼ਟ ਤੌਰ 'ਤੇ ਪਰੇਸ਼ਾਨ ਸੀ ਅਤੇ ਉਸ ਨੂੰ ਇਹ ਕਹਿੰਦੇ ਸੁਣਿਆ ਜਾ ਸਕਦਾ ਸੀ, 'ਮੈਂ ਪਾਗਲ ਨਹੀਂ ਹਾਂ, ਉਹ ਇਹ ਸਾਬਤ ਕਰਨ ਦੀ ਕੋਸ਼ਿਸ਼ ਕਰ ਰਹੇ ਹਨ ਕਿ ਮੈਂ ਪਾਗਲ ਹਾਂ।' ਜੈਨ ਨੇ ਕਿਹਾ ਕਿ ਹਰ ਰੋਜ਼ ਤਿੰਨ ਤੋਂ ਚਾਰ ਅਜਿਹੇ ਮਾਮਲੇ ਹੋ ਰਹੇ ਹਨ।

## ਨੈਸ਼ਨਲ ਗਾਰਡਾਂ ਦੀ ਤਾਇਨਾਤੀ ਵਿਰੁੱਧ ਲਾਸ ਏਂਜਲਸ 'ਚ ਰੋਹ ਤਿੱਖਾ

**ਲਾਸ ਏਂਜਲਸ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਲਾਸ ਏਂਜਲਸ 'ਚ ਨੈਸ਼ਨਲ ਗਾਰਡਜ਼ ਦੀ ਤਾਇਨਾਤੀ ਦੇ ਵਿਰੋਧ ਕਾਰਨ ਐਤਵਾਰ ਤਣਾਅ ਹੋਰ ਵਧ ਗਿਆ ਹੈ। ਹਜ਼ਾਰਾਂ ਪ੍ਰਦਰਸ਼ਨਕਾਰੀ ਸੜਕਾਂ 'ਤੇ ਉੱਤਰ ਆਏ ਤੇ ਉਨ੍ਹਾਂ ਇੱਕ ਪ੍ਰਮੁੱਖ ਸ਼ਾਹਰਾਹ ਜਾਮ ਕਰ ਦਿੱਤਾ। ਪੁਲਸ ਨੇ ਉਨ੍ਹਾਂ ਨੂੰ ਕਾਬੂ ਕਰਨ ਲਈ ਅੱਥਰੂ ਗੈਸ ਦੇ ਗੋਲੇ ਦਾਗੇ ਤੇ ਰਬੜ ਦੀਆਂ ਗੋਲੀਆਂ ਚਲਾਈਆਂ। ਇਸ ਦੌਰਾਨ ਘੋੜਿਆਂ 'ਤੇ ਸਵਾਰ ਪੁਲਸ ਕਰਮੀਆਂ ਨੂੰ ਸੜਕਾਂ 'ਤੇ ਗਸ਼ਤ ਕਰਦਿਆਂ ਦੇਖਿਆ ਗਿਆ। ਫੌਜੀ ਜਵਾਨਾਂ ਨੂੰ ਨਜ਼ਰਬੰਦੀ ਸੈਂਟਰ ਦੀ ਸੁਰੱਖਿਆ ਵਿੱਚ ਤਾਇਨਾਤ ਕੀਤਾ ਗਿਆ ਹੈ, ਜਿੱਥੇ ਹਾਲ ਹੀ ਵਿਚ ਕੁਝ ਗੈਰ-ਪਰਵਾਸੀਆਂ ਨੂੰ ਲਿਆਂਦਾ ਗਿਆ ਸੀ। ਦੁਪਹਿਰ ਤੱਕ ਸੈਂਕੜੇ ਲੋਕ ਲਾਸ ਏਂਜਲਸ ਵਿੱਚ ਮੈਟਰੋਪਾਲਿਟਨ ਨਜ਼ਰਬੰਦੀ ਸੈਂਟਰ ਦੇ ਬਾਹਰ ਇਕੱਠੇ ਹੋ ਗਏ। ਪ੍ਰਦਰਸ਼ਨਕਾਰੀਆਂ ਨੇ ਨੈਸ਼ਨਲ ਗਾਰਡਜ਼ ਦੀ ਤਾਇਨਾਤੀ ਵਿਰੁੱਧ 'ਸ਼ਰਮ ਕਰੋ' ਅਤੇ 'ਵਾਪਸ ਜਾਓ' ਦੇ ਨਾਅਰੇ ਲਗਾਏ। ਕੁਝ ਪ੍ਰਦਰਸ਼ਨਕਾਰੀਆਂ ਨੇ ਨੈਸ਼ਨਲ ਗਾਰਡਜ਼ ਦੇ ਨੇੜੇ ਜਾਣ ਦੀ ਕੋਸ਼ਿਸ਼ ਕੀਤੀ, ਪਰ ਵਰਦੀਧਾਰੀ ਅਧਿਕਾਰੀਆਂ ਦੇ ਇੱਕ ਸਮੂਹ ਨੇ ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਅੱਥਰੂ ਗੈਸ ਦੇ ਗੋਲੇ ਦਾਗੇ। ਕੁਝ ਮਿੰਟਾਂ ਬਾਅਦ, ਲਾਸ ਏਂਜਲਸ ਪੁਲਸ ਵਿਭਾਗ ਨੇ ਪ੍ਰਦਰਸ਼ਨਕਾਰੀਆਂ ਨੂੰ ਖਿੰਡਾਉਣ ਲਈ ਭੀੜ ਕੰਟਰੋਲ ਕਰਨ ਵਾਲੇ ਹਥਿਆਰਾਂ ਦੀ ਵਰਤੋਂ ਕੀਤੀ। ਪ੍ਰਦਰਸ਼ਨਕਾਰੀਆਂ ਨੇ ਫਿਰ ਹਾਈਵੇਅ 101 'ਤੇ ਆਵਾਜਾਈ ਰੋਕੀ, ਪਰ ਬਾਅਦ ਵਿੱਚ ਕੈਲੀਫੋਰਨੀਆ ਹਾਈਵੇਅ ਪੈਟਰੋਲ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਸੜਕ ਤੋਂ ਹਟਾ ਦਿੱਤਾ ਗਿਆ। ਐਤਵਾਰ ਦੁਪਹਿਰ ਨੂੰ ਟਰੰਪ ਨੂੰ ਭੇਜੇ ਗਏ ਇੱਕ ਪੱਤਰ ਵਿੱਚ, ਗਵਰਨਰ ਗੈਵਿਨ ਨਿਊਸਮ ਨੇ ਕਿਹਾ ਕਿ ਨੈਸ਼ਨਲ ਗਾਰਡਜ਼ ਦੀ ਤਾਇਨਾਤੀ ਨਾਲ ਤਣਾਅ ਵਧ ਰਿਹਾ ਹੈ। ਉਧਰ, ਟਰੰਪ ਨੇ ਕਿਹਾ ਕਿ ਨੈਸ਼ਨਲ ਗਾਰਡ ਦੀ ਤਾਇਨਾਤੀ ਜ਼ਰੂਰੀ ਹੈ। ਸ਼ੁੱਕਰਵਾਰ ਨੂੰ ਲਾਸ ਏਂਜਲਸ ਵਿੱਚ ਇਮੀਗ੍ਰੇਸ਼ਨ ਨਿਯਮਾਂ ਦੀ ਉਲੰਘਣਾ ਦੇ ਦੋਸ਼ ਵਿੱਚ 44 ਲੋਕਾਂ ਨੂੰ ਗ੍ਰਿਫਤਾਰ ਕੀਤੇ ਜਾਣ ਮਗਰੋਂ ਵਿਰੋਧ ਪ੍ਰਦਰਸ਼ਨ ਜਾਰੀ ਹਨ।

## ਜੋਸ਼ੀ ਫਿਰ ਅਕਾਲੀ ਦਲ 'ਚ



**ਲੁਧਿਆਣਾ** : ਸਾਬਕਾ ਮੰਤਰੀ ਅਨਿਲ ਜੋਸ਼ੀ ਸੋਮਵਾਰ ਫਿਰ ਅਕਾਲੀ ਦਲ 'ਚ ਪਰਤ ਆਏ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਉਨ੍ਹਾ ਦਾ ਸਵਾਗਤ ਕੀਤਾ। ਉਨ੍ਹਾ ਇਹ ਵੀ ਦੱਸਿਆ ਕਿ ਅਨਿਲ ਜੋਸ਼ੀ ਲੁਧਿਆਣਾ ਜ਼ਿਮਨੀ ਚੋਣ ਲਈ ਪਾਰਟੀ ਉਮੀਦਵਾਰ ਦੇ ਹੱਕ ਵਿੱਚ ਪ੍ਰਚਾਰ ਕਰਨਗੇ। ਜੋਸ਼ੀ ਸਾਲ 2021 'ਚ ਭਾਜਪਾ ਛੱਡ ਕੇ ਅਕਾਲੀ ਦਲ 'ਚ ਸ਼ਾਮਲ ਹੋ ਗਏ ਸਨ, ਪਰ ਬਾਅਦ 'ਚ ਪਾਰਟੀ ਛੱਡ ਗਏ ਸਨ।

## ਸਿੱਧੂ ਦੀ ਕਪਿਲ ਦੇ ਸ਼ੋਅ 'ਚ ਵਾਪਸੀ



**ਮੁੰਬਈ** : ਨਵਜੋਤ ਸਿੰਘ ਸਿੱਧੂ ਦ ਗ੍ਰੇਟ ਇੰਡੀਅਨ ਕਪਿਲ ਸ਼ੋਅ ਦੇ ਤੀਜੇ ਸੀਜ਼ਨ ਵਿੱਚ 21 ਜੂਨ ਨੂੰ ਐਂਟਰੀ ਕਰਨ ਜਾ ਰਹੇ ਹਨ। ਨੈੱਟਫਲਿਕਸ ਵੱਲੋਂ ਜਾਰੀ ਕੀਤੇ ਗਏ ਪ੍ਰੀਮੀਅਰ ਵਿੱਚ "ਸਿੱਧੂ ਵਾਪਸ ਆ ਗਏ ਓਏ" ਦੀ ਤਸਵੀਰ ਸਾਂਝੀ ਕੀਤੀ ਗਈ ਹੈ। ਇਸ ਪ੍ਰੀਮੀਅਰ ਵਿੱਚ ਕਾਮੇਡੀਅਨ ਕਪਿਲ ਸ਼ਰਮਾ ਅਰਚਨਾ ਪੂਰਨ ਸਿੰਘ ਨੂੰ ਇੱਕ ਸਰਪਰਾਈਜ਼ ਦਿੰਦਾ ਦਿਖਾਈ ਦੇ ਰਿਹਾ ਹੈ। ਹਾਲਾਂਕਿ ਉਹ ਸਰਪਰਾਈਜ਼ ਕੁੱਝ ਹੋਰ ਨਹੀਂ ਨਵਜੋਤ ਸਿੰਘ ਸਿੱਧੂ ਦੀ ਵਾਪਸੀ ਹੈ। ਵੀਡੀਓ ਵਿੱਚ ਉਹ ਅਰਚਨਾ ਪੂਰਨ ਸਿੰਘ ਨੂੰ ਮੂੰਹ 'ਤੇ ਪੱਟੀ ਬੰਨ੍ਹਣ ਲਈ ਵੀ ਕਹਿੰਦਾ ਹੈ, "ਕਿਉਂਕਿ ਸਿੱਧੂ ਭਾਜੀ ਨੇ ਹੁਣ ਤੁਹਾਨੂੰ ਬੋਲਣ ਨਹੀਂ ਦੇਣਾ।" ਉਂਜ, ਅਰਚਨਾ ਸ਼ੋਅ ਤੋਂ ਬਾਹਰ ਨਹੀਂ ਹੋ ਰਹੀ ਤੇ ਉਹ ਵੀ ਨਜ਼ਰ ਆਵੇਗੀ। ਸਿੱਧੂ ਨੇ ਕਿਹਾ, "ਸ਼ੋਅ ਵਿੱਚ ਵਾਪਸੀ ਘਰ ਵਾਪਸ ਆਉਣ ਵਰਗਾ ਮਹਿਸੂਸ ਹੋ ਰਿਹਾ ਹੈ ਅਤੇ ਇਸ ਸ਼ੋਅ ਦਾ ਹਿੱਸਾ ਬਨਣ 'ਤੇ ਮੈਨੂੰ ਮਾਣ ਮਹਿਸੂਸ ਹੋ ਰਿਹਾ ਹੈ।" ਸੁਨੀਲ ਗਰੋਵਰ, ਕ੍ਰਿਸ਼ਨਾ ਅਭਿਸ਼ੇਕ ਅਤੇ ਕੀਕੂ ਸ਼ਾਰਦਾ ਵੀ ਇਸ ਸ਼ੋਅ ਦਾ ਹਿੱਸਾ ਹੋਣਗੇ।

## ਰੇਲ ਗੱਡੀ 'ਚੋਂ ਡਿਗ ਕੇ 4 ਮਰੇ

**ਮੁੰਬਈ** : ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ ਵਿੱਚ ਸੋਮਵਾਰ ਸਵੇਰੇ ਲੋਕਲ ਰੇਲ ਗੱਡੀ ਤੋਂ ਡਿੱਗਣ ਨਾਲ 4 ਯਾਤਰੀਆਂ ਦੀ ਮੌਤ ਹੋ ਗਈ ਅਤੇ 6 ਜ਼ਖਮੀ ਹੋ ਗਏ। ਇਹ ਘਟਨਾ ਦਿਵਾ ਅਤੇ ਕੋਪਰ ਰੇਲਵੇ ਸਟੇਸ਼ਨਾਂ ਵਿਚਕਾਰ ਵਾਪਰੀ, ਜਦੋਂ ਰੇਲ ਗੱਡੀ ਕਸਾਰਾ ਵੱਲ ਜਾ ਰਹੀ ਸੀ। ਬਹੁਤ ਜ਼ਿਆਦਾ ਭੀੜ ਹੋਣ ਕਰਕੇ ਕਈ ਵਿਅਕਤੀ ਦਰਵਾਜ਼ਿਆਂ 'ਤੇ ਖੜ੍ਹੇ ਸਨ। ਚੱਲਦੀ ਗੱਡੀ 'ਚੋਂ 10 ਯਾਤਰੀ ਹੇਠਾਂ ਡਿੱਗ ਗਏ। ਮਰਨ ਵਾਲੇ 30 ਤੋਂ 35 ਸਾਲ ਦੇ ਸਨ।

## ਛੱਤੀਸਗੜ੍ਹ 'ਚ ਧਮਾਕੇ 'ਚ ਏ ਐੱਸ ਪੀ ਜ਼ਖਮੀ

**ਸੁਕਮਾ** : ਛੱਤੀਸਗੜ੍ਹ ਦੇ ਸੁਕਮਾ ਜ਼ਿਲ੍ਹੇ ਵਿੱਚ ਸੋਮਵਾਰ ਬਾਰੂਦੀ ਸੁਰੰਗ ਧਮਾਕੇ ਵਿੱਚ ਐਡੀਸ਼ਨਲ ਐੱਸ ਪੀ (ਕੋਂਟਾ ਡਵੀਜ਼ਨ) ਆਕਾਸ਼ ਰਾਓ ਗਿਰੀਪੁੰਜੇ ਤੇ ਕੁਝ ਜਵਾਨ ਜ਼ਖਮੀ ਹੋ ਗਏ। ਨਕਸਲੀਆਂ ਦੇ ਮੰਗਲਵਾਰ ਦੇ ਬੰਦ ਦੇ ਸੱਦੇ ਦੇ ਮੱਦੇਨਜ਼ਰ ਗਸ਼ਤ ਕਰਦਿਆਂ ਉਹ ਕੋਂਟਾ-ਏਰਾਬੋਰ ਸੜਕ 'ਤੇ ਡੋਂਡਰਾ ਪਿੰਡ ਨੇੜੇ ਪੁੱਜੇ ਤਾਂ ਧਮਾਕਾ ਹੋ ਗਿਆ।

## ਪ੍ਰਧਾਨ ਮੰਤਰੀ ਪੱਤਰਕਾਰਾਂ ਤੋਂ ਦੂਰ ਕਿਉਂ ਭੱਜ ਰਹੇ : ਕਾਂਗਰਸ



**ਨਵੀਂ ਦਿੱਲੀ** : ਕਾਂਗਰਸ ਨੇ ਸੋਮਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ 'ਅਣਲਿਖਤ' ਪ੍ਰੈੱਸ ਕਾਨਫਰੰਸ ਨਾ ਕਰਨ ਨੂੰ ਲੈ ਕੇ ਆਪਣਾ ਹਮਲਾ ਤੇਜ਼ ਕਰ ਦਿੱਤਾ ਅਤੇ ਪੁੱਛਿਆ ਕਿ ਉਹ ਅਜੇ ਵੀ (ਪ੍ਰੈੱਸ ਕਾਨਫਰੰਸ ਤੋਂ) ਭੱਜ ਕਿਉਂ ਰਹੇ ਹਨ। ਪਾਰਟੀ ਨੇ ਪੁੱਛਿਆ ਹੈ ਕਿ ਕੀ ਸਵਾਲ-ਜਵਾਬ ਤਿਆਰ ਕਰਨ ਅਤੇ ਉਨ੍ਹਾਂ ਨੂੰ ਸਵਾਲ ਕਰਨ ਵਾਸਤੇ ਅਜਿਹੇ ਢੁਕਵੇਂ ਵਿਅਕਤੀਆਂ ਨੂੰ ਲੱਭਣ ਵਿੱਚ ਸਮਾਂ ਲੱਗ ਰਿਹਾ ਹੈ, ਜਿਹੜੇ 'ਖੁਸ਼ਾਮਦੀ ਢੰਗ ਨਾਲ' ਉਨ੍ਹਾ ਨੂੰ ਸਵਾਲ-ਜਵਾਬ ਕਰ ਸਕਣ।

ਕਾਂਗਰਸ ਦੇ ਜਨਰਲ ਸਕੱਤਰ ਇੰਚਾਰਜ ਸੰਚਾਰ ਜੈਰਾਮ ਰਮੇਸ਼ ਨੇ ਕਿਹਾ ਕਿ ਪਾਰਟੀ ਨੇ ਪ੍ਰਧਾਨ ਮੰਤਰੀ ਨੂੰ ਉਨ੍ਹਾ ਦੇ 11 ਸਾਲ ਦੇ ਕਾਰਜਕਾਲ ਦੇ ਪੂਰੇ ਹੋਣ 'ਤੇ ਆਪਣੀ ਪਹਿਲੀ 'ਅਣਲਿਖਤ ਤੇ ਅਗਾਊਂ ਪਟਕਥਾ ਰਹਿਤ' ਪ੍ਰੈੱਸ ਕਾਨਫਰੰਸ ਕਰਨ ਦੀ ਚੁਣੌਤੀ ਦਿੱਤੀ ਹੈ। ਭਾਵ ਅਜਿਹੀ ਪ੍ਰੈੱਸ ਕਾਨਫਰੰਸ, ਜਿਸ ਦੇ ਸਵਾਲ ਤੇ ਜਵਾਬ ਪਹਿਲਾਂ ਤਿਆਰ ਨਾ ਕੀਤੇ ਗਏ ਹੋਣ।

ਉਨ੍ਹਾ ਕਿਹਾ, 'ਅੱਜ, ਭਾਜਪਾ ਪ੍ਰਧਾਨ ਜੇ ਪੀ ਨੱਢਾ ਨੂੰ 11 ਸਾਲ ਦੇ ਚੱਕੀ ਦੇ ਪੱਥਰ (ਮੀਲ ਪੱਥਰ ਨਹੀਂ) ਨੂੰ ਉਜਾਗਰ ਕਰਨ ਲਈ ਦੁਪਹਿਰ 12 ਵਜੇ ਪ੍ਰੈੱਸ ਨੂੰ ਮਿਲਣ ਲਈ ਮੈਦਾਨ ਵਿੱਚ ਉਤਾਰਿਆ ਗਿਆ ਹੈ। ਰਮੇਸ਼ ਨੇ ਐੱਕਸ 'ਤੇ ਕਿਹਾ, 'ਪ੍ਰਧਾਨ ਮੰਤਰੀ ਅਜੇ ਵੀ ਕਿਉਂ ਭੱਜ ਰਹੇ ਹਨ ? ਜਾਂ ਕੀ ਸਵਾਲ-ਜਵਾਬ ਤਿਆਰ ਕਰਨ ਅਤੇ ਉਨ੍ਹਾ ਤੋਂ 'ਪੁੱਛਗਿੱਛ' ਕਰਨ ਲਈ ਢੁਕਵੇਂ ਵਿਅਕਤੀਆਂ ਨੂੰ ਲੱਭਣ ਵਿੱਚ ਸਮਾਂ ਲੱਗ ਰਿਹਾ ਹੈ ਜਾਂ ਕੀ ਭਾਰਤ ਮੰਡਪਮ ਪੂਰੀ ਤਰ੍ਹਾਂ ਤਿਆਰ ਨਹੀਂ ? '

ਇੱਕ ਹੋਰ ਪੋਸਟ ਵਿੱਚ ਰਮੇਸ਼ ਨੇ ਭਾਜਪਾ ਹੈੱਡਕੁਆਰਟਰ ਵਿੱਚ ਕਰਵਾਈ ਗਈ ਪ੍ਰੈੱਸ ਕਾਨਫਰੰਸ ਦਾ ਹਿੱਸਾ ਨਾ ਬਣਨ ਲਈ ਮੋਦੀ 'ਤੇ ਨਿਸ਼ਾਨਾ ਸੇਧਿਆ। ਰਮੇਸ਼ ਨੇ ਹਿੰਦੀ ਵਿੱਚ ਕੀਤੀ ਪੋਸਟ ਵਿਚ ਕਿਹਾ, "ਗਿਆਰਾਂ ਸਾਲ ਮਨਾ ਰਹੇ ਹਨ, ਪਰ ਫਿਰ ਵੀ ਪ੍ਰਧਾਨ ਮੰਤਰੀ ਇੱਕ ਅਣਲਿਖਤ ਅਤੇ ਪਹਿਲਾਂ ਤੋਂ ਨਿਰਧਾਰਤ ਪ੍ਰੈੱਸ ਕਾਨਫਰੰਸ ਤੋਂ 'ਨੌਂ ਦੋ ਗਿਆਰਾਂ' ਬਣੇ ਹੋਏ ਹਨ। ਭਾਰਤ ਮੰਡਪਮ ਉਨ੍ਹਾ ਦੀ ਉਡੀਕ ਕਰ ਰਿਹਾ ਹੈ।"

## ਇਜ਼ਰਾਈਲ ਨੇ ਗ੍ਰੇਟਾ ਥਨਬਰਗ ਦੀ ਕਿਸ਼ਤੀ ਰੋਕੀ



**ਯੇਰੋਸ਼ਲਮ** : ਇਜ਼ਰਾਈਲੀ ਫੌਜ ਨੇ ਸੋਮਵਾਰ ਤੜਕੇ ਗ੍ਰੇਟਾ ਥਨਬਰਗ ਅਤੇ ਹੋਰ ਕਾਰਕੁੰਨਾਂ ਨੂੰ ਲੈ ਕੇ ਗਾਜ਼ਾ ਜਾ ਰਹੀ ਕਿਸ਼ਤੀ ਨੂੰ ਰੋਕ ਕੇ ਇਜ਼ਰਾਈਲ ਵੱਲ ਮੋੜ ਦਿੱਤਾ। ਇਸ ਕਿਸ਼ਤੀ ਵਿੱਚ ਖਾਣ-ਪੀਣ ਤੇ ਫਲਸਤੀਨੀ ਲੋਕਾਂ ਦੀ ਸਹਾਇਤਾ ਲਈ ਹੋਰ ਸਾਮਾਨ ਸੀ।

ਵਿਦੇਸ਼ ਮੰਤਰਾਲੇ ਨੇ ਇਕ ਸੋਸ਼ਲ ਮੀਡੀਆ ਪੋਸਟ ਵਿਚ ਕਿਹਾ, "ਇਕ ਸੈਲਫੀ ਯੈਚ (ਕਿਸ਼ਤੀ), ਜਿਸ ਵਿੱਚ ਕੁਝ ਹਸਤੀਆਂ ਸਵਾਰ ਹਨ, ਸੁਰੱਖਿਅਤ ਢੰਗ ਨਾਲ ਇਜ਼ਰਾਈਲ ਦੇ ਸਾਹਿਲ 'ਤੇ ਪਹੁੰਚ ਰਹੀ ਹੈ। ਯਾਤਰੀਆਂ ਦੇ ਆਪਣੇ ਘਰਾਂ ਨੂੰ ਵਾਪਸ ਜਾਣ ਦੀ ਉਮੀਦ ਹੈ।" ਪੋਸਟ ਵਿੱਚ ਕਿਹਾ ਗਿਆ ਹੈ ਕਿ ਜਹਾਜ਼ ਵਿੱਚ ਮੌਜੂਦ ਮਾਨਵੀ ਸਹਾਇਤਾ ਨੂੰ ਸਥਾਪਤ ਚੈਨਲਾਂ ਰਾਹੀਂ ਗਾਜ਼ਾ ਭੇਜਿਆ ਜਾਵੇਗਾ।

ਮੰਤਰਾਲੇ ਨੇ ਮਗਰੋਂ ਇੱਕ ਫੁਟੇਜ ਜਾਰੀ ਕੀਤੀ, ਜਿਸ ਵਿੱਚ ਇਜ਼ਰਾਈਲੀ ਸੁਰੱਖਿਆ ਬਲ ਕਾਰਕੁੰਨਾਂ, ਜਿਨ੍ਹਾਂ ਸੰਤਰੀ ਲਾਈਫ ਜੈਕਟਾਂ ਪਾਈਆਂ ਹੋਈਆਂ ਹਨ, ਨੂੰ ਸੈਂਡਵਿਚ ਅਤੇ ਪਾਣੀ ਵੰਡਦੇ ਹੋਏ ਦਿਖਾਈ ਦੇ ਰਹੇ ਹਨ। ਫਰੀਡਮ ਫਲੋਟਿਲਾ ਗੱਠਜੋੜ, ਜਿਸ ਨੇ ਗਾਜ਼ਾ ਪੱਟੀ ਨੂੰ ਮਾਨਵੀ ਸਹਾਇਤਾ ਪਹੁੰਚਾਉਣ ਅਤੇ ਇਜ਼ਰਾਈਲ ਦੀ ਨਾਕਾਬੰਦੀ ਅਤੇ ਜੰਗ ਸਮੇਂ ਦੇ ਰਵੱਈਏ ਦਾ ਵਿਰੋਧ ਕਰਨ ਲਈ ਇਹ ਯਾਤਰਾ ਵਿਉਂਤੀ ਸੀ, ਨੇ ਕਿਹਾ ਕਿ ਕਾਰਕੁੰਨਾਂ ਨੂੰ ਇਜ਼ਰਾਈਲੀ ਫੌਜ ਵੱਲੋਂ ਅਗਵਾ ਕੀਤਾ ਗਿਆ ਸੀ ਅਤੇ ਉਨ੍ਹਾਂ ਦੇ ਪਹਿਲਾਂ ਤੋਂ ਰਿਕਾਰਡ ਕੀਤੇ ਸੁਨੇਹੇ ਜਾਰੀ ਕੀਤੇ ਸਨ। ਵਾਤਾਵਰਨ ਤਬਦੀਲੀ ਖਿਲਾਫ ਮੁਹਿੰਮ ਚਲਾਉਣ ਵਾਲੀ ਥਨਬਰਗ ਉਨ੍ਹਾਂ 12 ਕਾਰਕੁੰਨਾਂ ਵਿਚ ਸ਼ਾਮਲ ਸੀ, ਜੋ ਮੈਡਲੀਨ ਜਹਾਜ਼ 'ਤੇ ਸਵਾਰ ਸਨ। ਇਹ ਜਹਾਜ਼ ਇੱਕ ਹਫਤਾ ਪਹਿਲਾਂ ਸਿਸਿਲੀ ਤੋਂ ਰਵਾਨਾ ਹੋਇਆ ਸੀ। ਰਸਤੇ ਵਿੱਚ ਇਹ ਜਹਾਜ਼ ਵੀਰਵਾਰ ਨੂੰ ਚਾਰ ਪਰਵਾਸੀਆਂ ਨੂੰ ਬਚਾਉਣ ਲਈ ਰੁਕਿਆ ਸੀ, ਜਿਨ੍ਹਾਂ ਲੀਬਿਆਈ ਤੱਟ ਰੱਖਿਅਕਾਂ ਵੱਲੋਂ ਹਿਰਾਸਤ ਵਿੱਚ ਲਏ ਜਾਣ ਤੋਂ ਬਚਣ ਲਈ ਜਹਾਜ਼ ਤੋਂ ਛਾਲ ਮਾਰ ਦਿੱਤੀ ਸੀ।

ਯੂਰਪੀਅਨ ਸੰਸਦ ਦੀ ਫਰਾਂਸੀਸੀ ਮੈਂਬਰ ਰੀਮਾ ਹਸਨ, ਜੋ ਫਲਸਤੀਨੀ ਮੂਲ ਦੀ ਹੈ, ਵੀ ਜਹਾਜ਼ 'ਤੇ ਸਵਾਰ ਵਲੰਟੀਅਰਾਂ ਵਿੱਚ ਸ਼ਾਮਲ ਸੀ। ਫਲਸਤੀਨੀਆਂ ਪ੍ਰਤੀ ਇਜ਼ਰਾਈਲੀ ਨੀਤੀਆਂ ਦੇ ਵਿਰੋਧ ਕਾਰਨ ਉਸ ਨੂੰ ਇਜ਼ਰਾਈਲ ਵਿੱਚ ਦਾਖਲ ਹੋਣ ਤੋਂ ਰੋਕ ਦਿੱਤਾ ਗਿਆ ਹੈ।

## ਅਧਿਕਾਰੀਆਂ ਦੀ ਬਲੈਕਮੇਲਿੰਗ ਸਹਿਣ ਨਹੀਂ ਕਰਾਂਗੇ : ਮਾਨ

**ਦੂਧਨ ਸਾਧਾਂ (ਪਟਿਆਲਾ)** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਕਿਹਾ ਕਿ ਸੂਬਾ ਸਰਕਾਰ ਦੀਆਂ ਅਣਥੱਕ ਕੋਸ਼ਿਸ਼ਾਂ ਸਦਕਾ ਪੰਜਾਬ ਭਰ ਦੀਆਂ ਸਾਰੀਆਂ ਤਹਿਸੀਲਾਂ ਅਤੇ ਸਬ-ਤਹਿਸੀਲ ਕੰਪਲੈਕਸ ਭ੍ਰਿਸ਼ਟਾਚਾਰ ਮੁਕਤ ਹੋਣ ਵੱਲ ਵਧ ਰਹੇ ਹਨ।

ਇੱਥੇ ਨਵੇਂ ਬਣੇ ਤਹਿਸੀਲ ਕੰਪਲੈਕਸ ਨੂੰ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਸੂਬਾ ਸਰਕਾਰ ਨੇ ਕਾਰਜਭਾਰ ਸੰਭਾਲਿਆ ਸੀ ਤਾਂ ਮਾਲ ਅਧਿਕਾਰੀ ਸੋਚਦੇ ਸਨ ਕਿ ਉਨ੍ਹਾਂ ਨੂੰ ਭ੍ਰਿਸ਼ਟਾਚਾਰ ਰਾਹੀਂ ਲੋਕਾਂ ਨੂੰ ਲੁੱਟਣ ਦਾ ਦੈਵੀ ਅਧਿਕਾਰ ਹੈ। ਉਨ੍ਹਾ ਕਿਹਾ ਕਿ ਉਹ ਆਮ ਲੋਕਾਂ ਨੂੰ ਛੋਟੇ-ਮੋਟੇ ਕੰਮਾਂ ਲਈ ਵੀ ਪ੍ਰੇਸ਼ਾਨ ਕਰਦੇ ਸਨ ਅਤੇ ਜੇ ਉਨ੍ਹਾਂ ਵਿਰੁੱਧ ਕੋਈ ਕਾਰਵਾਈ ਕੀਤੀ ਜਾਂਦੀ ਹੈ ਤਾਂ ਕੰਮ ਵਿੱਚ ਅੜਿੱਕਾ ਡਾਹੁਣ ਦੀ ਧਮਕੀ ਦਿੰਦੇ ਸਨ। ਮਾਨ ਨੇ ਕਿਹਾ ਕਿ ਸਾਡੀ ਸਰਕਾਰ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਦਾ ਵਾਅਦਾ ਕਰ ਕੇ ਸੱਤਾ ਵਿੱਚ ਆਈ ਹੈ, ਜਿਸ ਕਾਰਨ ਸੂਬਾ ਸਰਕਾਰ ਨੇ ਇਸ ਵਿਰੁੱਧ ਵੱਡੀ ਕਾਰਵਾਈ ਸ਼ੁਰੂ ਕੀਤੀ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਇਸ ਦੇ ਨਤੀਜੇ ਵਜੋਂ ਪੰਜਾਬ ਭਰ ਦੀਆਂ ਸਾਰੀਆਂ ਤਹਿਸੀਲਾਂ ਅਤੇ ਸਬ-ਤਹਿਸੀਲ ਕੰਪਲੈਕਸ ਭ੍ਰਿਸ਼ਟਾਚਾਰ ਮੁਕਤ ਹੋਣ ਵੱਲ ਵਧ ਰਹੇ ਹਨ। ਉਨ੍ਹਾ ਕਿਹਾ ਕਿ ਮਾਲ ਅਧਿਕਾਰੀ ਸਮੂਹਿਕ ਛੁੱਟੀਆਂ ਜਾਂ ਹੜਤਾਲਾਂ ਦੇ ਬਹਾਨੇ ਆਮ ਆਦਮੀ ਨੂੰ ਪ੍ਰੇਸ਼ਾਨ ਕਰਦੇ ਸਨ, ਪਰ ਸੂਬਾ ਸਰਕਾਰ ਇਨ੍ਹਾਂ ਭ੍ਰਿਸ਼ਟ ਅਧਿਕਾਰੀਆਂ ਅੱਗੇ ਨਹੀਂ ਝੁਕੀ। ਮਾਨ ਨੇ ਕਿਹਾ ਕਿ 'ਆਪ' ਸਰਕਾਰ ਭ੍ਰਿਸ਼ਟਾਚਾਰ ਨਾਲ ਬਿਲਕੁੱਲ ਲਿਹਾਜ਼ ਨਾ ਵਰਤਣ ਦੀ ਨੀਤੀ ਰੱਖਦੀ ਹੈ ਅਤੇ ਇਨ੍ਹਾਂ ਅਧਿਕਾਰੀਆਂ ਦੀ ਬਲੈਕਮੇਲਿੰਗ ਬਰਦਾਸ਼ਤ ਨਹੀਂ ਕੀਤੀ ਗਈ ਅਤੇ ਭ੍ਰਿਸ਼ਟ ਤੇ ਹੰਕਾਰੀ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ ਹੈ।ਪਟਿਆਲਾ ਦੇ ਸ਼ਾਹੀ ਪਰਵਾਰ 'ਤੇ ਤਿੱਖਾ ਹਮਲਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਟਿਆਲਾ ਦੇ ਆਲੇ-ਦੁਆਲੇ ਦਾ ਇਲਾਕਾ ਪੁਰਾਣੇ ਸੱਤਾਧਾਰੀਆਂ ਦੇ ਸੌੜੇ ਹਿੱਤਾਂ ਅਤੇ ਲਾਲਚ ਕਾਰਨ ਵਿਕਾਸ ਪੱਖੋਂ ਪਛੜ ਗਿਆ ਹੈ।

ਉਨ੍ਹਾ ਕਿਹਾ ਕਿ ਸੱਤਾ ਵਿੱਚ ਬੈਠੇ ਲੋਕਾਂ ਨੇ ਸ਼ਹਿਰ ਦੀ ਬਦਹਾਲੀ ਦੀ ਕੀਮਤ ਉਤੇ ਆਪਣੇ ਮਹਿਲ ਉਸਾਰੇ। ਇਹ ਹਾਸੋਹੀਣਾ ਹੈ ਕਿ ਸੱਤਾ ਵਿੱਚ ਬੈਠੇ 'ਮਹਾਰਾਜਾ' ਸ਼ਹਿਰ ਦੇ ਵਿਕਾਸ ਨਾਲੋਂ ਆਪਣੇ ਵਿਕਾਸ ਬਾਰੇ ਜ਼ਿਆਦਾ ਚਿੰਤਤ ਸਨ। ਮਾਨ ਨੇ ਅਫ਼ਸੋਸ ਪ੍ਰਗਟ ਕੀਤਾ ਕਿ ਪਟਿਆਲਾ ਤੋਂ ਆਏ ਪੰਜਾਬ ਦੇ ਸ਼ਾਸਕ ਸ਼ਹਿਰ ਦੇ ਵਿਕਾਸ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰਦੇ ਰਹੇ।

## ਦੇਸ਼ ਭਗਤਾਂ ਵੱਲੋਂ ਡਾ. ਸਵਰਾਜਬੀਰ ਦਾ ਸਨਮਾਨ

**ਜਲੰਧਰ** : ਪੰਜਾਬੀ ਸਾਹਿਤ ਜਗਤ ਦੀ ਨਾਮਵਰ ਸ਼ਖਸੀਅਤ, ਕਵੀ, ਲੋਕ ਜ਼ਿੰਦਗੀ ਦਾ ਸਿਰਮੌਰ ਪੱਤਰਕਾਰ, ਗ਼ਦਰੀ ਬਾਬਿਆਂ ਦੇ ਮੇਲੇ ਅੰਦਰ ਇੱਕ ਤੋਂ ਵਧ ਕੇ ਇੱਕ ਖ਼ੂਬਸੂਰਤ ਨਾਟਕ ਨਾਟਕਾਂ ਭਰੀ ਰਾਤ ਦੇ ਮੱਥੇ ਚੰਨ ਵਾਂਗ ਜੜਨ ਵਾਲੇ ਨਾਟਕਕਾਰ ਡਾ. ਸਵਰਾਜਬੀਰ ਦਾ ਸੋਮਵਾਰ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸਨਮਾਨ ਕਰਨ ਦੀ ਖੁਸ਼ੀ ਮਾਣੀ ਗਈ।



ਇਹ ਜਾਣਕਾਰੀ ਸਾਂਝੀ ਕਰਦਿਆਂ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਡਾ. ਸਵਰਾਜਬੀਰ ਨੇ ਕਾਫ਼ੀ ਸਮਾਂ ਲਾਇਬ੍ਰੇਰੀ, ਮਿਊਜ਼ੀਅਮ ਅਤੇ ਕਿਤਾਬ ਘਰ ਵਿੱਚ ਗੁਜ਼ਾਰਿਆ। ਉਹ ਅਗਲੇ ਮਹੀਨਿਆਂ ਵਿੱਚ ਪੰਜਾਬੀ ਸਾਹਿਤ, ਗੀਤ-ਸੰਗੀਤ, ਰੰਗਮੰਚ ਅਤੇ ਵਿਚਾਰ-ਮੰਥਨ ਦੇ ਖੇਤਰ 'ਚ ਕਿਸੇ ਨਾ ਕਿਸੇ ਸਬੱਬ ਨਾਲ ਇਤਿਹਾਸਕ ਵਿਰਾਸਤ ਦੀਆਂ ਸਾਹਿਤਕ, ਸੱਭਿਆਚਾਰਕ ਕਦਰਾਂ-ਕੀਮਤਾਂ ਸਾਡੇ ਸਮਿਆਂ ਦੀਆਂ ਹਾਨਣਾ

• ਬਾਕੀ ਸਫਾ 2 'ਤੇ

## ਮਾਨ ਤੇ ਕੇਜਰੀਵਾਲ ਅੱਜ 'ਫਾਸਟ ਟਰੈਕ ਪੰਜਾਬ ਪੋਰਟਲ' ਦੀ ਕਰਨਗੇ ਸ਼ੁਰੂਆਤ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ 10 ਜੂਨ ਨੂੰ 'ਫਾਸਟ ਟਰੈਕ ਪੰਜਾਬ ਪੋਰਟਲ' ਦੀ ਸ਼ੁਰੂਆਤ ਕਰਨਗੇ, ਜੋ ਨਿਵੇਸ਼ਕਾਂ ਨੂੰ ਅਰਜ਼ੀ ਦੇਣ ਦੇ 45 ਦਿਨਾਂ ਦੇ ਅੰਦਰ ਸਾਰੀਆਂ ਪ੍ਰਵਾਨਗੀਆਂ ਯਕੀਨੀ ਬਣਾਏਗਾ।

ਮੁੱਖ ਮੰਤਰੀ ਨੇ ਕਿਹਾ—ਇਹ ਸੁਧਾਰ ਸਾਡੀਆਂ ਕੋਸ਼ਿਸ਼ਾਂ ਦਾ ਅੰਤ ਨਹੀਂ, ਸਗੋਂ ਇਕ ਲਹਿਰ ਦੀ ਸ਼ੁਰੂਆਤ ਹੈ, ਇਕ ਅਜਿਹੀ ਲਹਿਰ, ਜਿੱਥੇ ਕਾਰੋਬਾਰ ਕਰਨ ਵਿੱਚ ਸੌਖ ਇਕ ਨਾਅਰੇ ਦੀ ਥਾਂ ਸੱਭਿਆਚਾਰ ਦਾ ਪ੍ਰਤੀਕ ਬਣਦੀ ਹੈ।

ਉਨ੍ਹਾ ਕਿਹਾ ਕਿ ਇਹ ਹਰੇਕ ਨਿਵੇਸ਼ਕ ਲਈ ਇਕ ਦਲੇਰਾਨਾ ਐਲਾਨ ਹੈ ਕਿ ਪੰਜਾਬ ਆਪਣੀਆਂ ਸ਼ਰਤਾਂ 'ਤੇ ਪੂਰੀ ਵਚਨਬੱਧਤਾ ਨਾਲ ਕਾਰੋਬਾਰ ਲਈ ਖੁੱਲ੍ਹਾ ਹੈ। ਮਾਨ ਨੇ ਕਿਹਾ ਕਿ ਫਾਸਟ ਟਰੈਕ ਪੰਜਾਬ ਪੋਰਟਲ ਇਕ ਤਕਨੀਕੀ ਅਪਗ੍ਰੇਡ ਤੋਂ ਵਧ ਕੇ ਨਵੇਂ ਸਿਰੇ ਤੋਂ ਵਿਉਂਤੇ ਉਦਯੋਗਿਕ ਸ਼ਾਸਨ ਮਾਡਲ ਦੀ ਰੀੜ੍ਹ ਦੀ ਹੱਡੀ ਹੈ।

## ਅੱਜ-ਨਾਮਾ

ਮੀਡੀਆ ਲੋਕਾਂ ਨੂੰ ਸਮਝਦਾ ਮੰਦ-ਬੁੱਧੀ,
ਇੱਕੋ ਖਬਰ ਉਹ ਰਿੜਕਦਾ ਰਹੇ ਮੀਆਂ।
ਜਿੰਨੀ ਖਬਰ ਦੀ ਗੱਲ ਕੋਈ ਕੱਲ੍ਹ ਆਖੀ,
ਓਦੋਂ ਵੀ ਐਨ ਉਲਟੀ ਅੱਜ ਕਹੇ ਮੀਆਂ।
ਰੱਖਦਾ ਖਬਰ ਨਾ ਸਿੱਧੀ ਨੂੰ ਖਬਰ ਸਿੱਧੀ,
ਖੱਬੇ-ਸੱਜੇ ਪਿਆ ਸੜਕ ਤੋਂ ਲਹੇ ਮੀਆਂ।
ਪੀੜਤ ਨਾਲ ਹੀ ਦਰਸ਼ਕ ਨੂੰ ਦੁੱਖ ਦੇਂਦਾ,
ਹੋਛਾਪਣ ਜਿਹਾ ਕਿੱਦਾਂ ਕੋਈ ਸਹੇ ਮੀਆਂ।
ਕੂੜ-ਪਾਖੰਡ ਪਰੋਸ ਰਹੇ ਨਿਊਜ਼ ਚੈਨਲ,
ਕਿੱਧਰੋਂ ਕਿੱਧਰ ਨੂੰ ਰਹੇ ਆ ਜੋੜ ਮੀਆਂ।
ਏਨਾ ਖਬਰ ਵਿੱਚ ਖੋਟ ਉਹ ਪੇਸ਼ ਕਰਦੇ,
ਭਰੋਸਾ ਦਰਸ਼ਕ ਦਾ ਰਹੇ ਨੇ ਤੋੜ ਮੀਆਂ।

-ਤੀਸ ਮਾਰ ਖਾਂ

## ਹਨੀਮੂਨ ਦੌਰਾਨ ਪਤੀ ਦੇ ਕਤਲ 'ਚ ਪਤਨੀ ਗ੍ਰਿਫਤਾਰ

**ਸ਼ਿਲੌਂਗ** : ਮੇਘਾਲਿਆ ਪੁਲਸ ਨੇ ਇੰਦੌਰ ਦੇ ਸੈਲਾਨੀ ਰਾਜਾ ਰਘੂਵੰਸ਼ੀ ਦੇ ਕਤਲ ਦੀ ਗੁੱਥੀ ਸੁਲਝਾ ਲਈ ਹੈ। ਰਘੂਵੰਸ਼ੀ ਨੂੰ ਉਸ ਦੀ ਪਤਨੀ ਸੋਨਮ ਨੇ ਮੇਘਾਲਿਆ ਵਿੱਚ ਹਨੀਮੂਨ ਦੌਰਾਨ ਕਥਿਤ ਤੌਰ 'ਤੇ ਭਾੜੇ ਦੇ ਬੰਦਿਆਂ ਤੋਂ ਕਤਲ ਕਰਵਾਇਆ ਸੀ।



ਸੋਨਮ ਨੇ ਯੂ ਪੀ ਦੇ ਗਾਜ਼ੀਪੁਰ ਵਿੱਚ ਪੁਲਸ ਅੱਗੇ ਆਤਮ ਸਮਰਪਣ ਕਰ ਦਿੱਤਾ ਹੈ, ਜਦੋਂ ਕਿ ਤਿੰਨ ਹੋਰ ਹਮਲਾਵਰਾਂ ਨੂੰ ਰਾਤ-ਭਰ ਮਾਰੇ ਛਾਪਿਆਂ ਦੌਰਾਨ ਗ੍ਰਿਫਤਾਰ ਕੀਤਾ ਗਿਆ ਹੈ। ਟਰਾਂਸਪੋਰਟ ਕਾਰੋਬਾਰੀ ਰਘੂਵੰਸ਼ੀ ਅਤੇ ਉਸ ਦੀ ਪਤਨੀ 23 ਮਈ ਨੂੰ ਮੇਘਾਲਿਆ ਦੇ ਸੋਹਰਾ ਖੇਤਰ ਵਿੱਚ ਛੁੱਟੀਆਂ ਮਨਾਉਂਦੇ ਸਮੇਂ ਲਾਪਤਾ ਹੋ ਗਏ ਸਨ। ਰਘੂਵੰਸ਼ੀ ਦੀ ਲਾਸ਼ 2 ਜੂਨ ਨੂੰ ਇੱਕ ਖੱਡ ਵਿੱਚੋਂ ਮਿਲੀ ਸੀ, ਜਦੋਂ ਕਿ ਉਸ ਦੀ ਪਤਨੀ ਦੀ ਭਾਲ ਜਾਰੀ ਸੀ।ਡੀ ਜੀ ਪੀ ਆਈ ਨੋਂਗਰਾਂਗ ਨੇ ਸੋਮਵਾਰ ਸਵੇਰੇ ਦੱਸਿਆ ਕਿ ਇੱਕ ਵਿਅਕਤੀ ਨੂੰ ਯੂ ਪੀ ਤੋਂ ਚੁੱਕਿਆ ਸੀ, ਜਦੋਂਕਿ ਦੋ ਹੋਰਨਾਂ ਨੂੰ ਵਿਸ਼ੇਸ਼ ਜਾਂਚ ਟੀਮ ਨੇ ਇੰਦੌਰ ਤੋਂ ਕਾਬੂ ਕੀਤਾ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਨੇ ਮੰਨਿਆ ਹੈ ਕਿ ਸੋਨਮ ਨੇ ਰਘੂਵੰਸ਼ੀ ਨੂੰ ਮਾਰਨ ਦੀ ਸੁਪਾਰੀ ਦਿੱਤੀ ਸੀ। ਕੁਝ ਹੋਰ ਵਿਅਕਤੀਆਂ ਨੂੰ ਫੜਨ ਲਈ ਮੱਧ ਪ੍ਰਦੇਸ਼ ਵਿੱਚ ਕਾਰਵਾਈ ਜਾਰੀ ਹੈ।

ਮਾਵਲਾਖੀਅਤ ਵਿੱਚ ਇੱਕ ਟੂਰਿਸਟ ਗਾਈਡ ਐਲਬਰਟ ਪੇਡੇ ਨੇ ਰਘੂਵੰਸ਼ੀ ਅਤੇ ਉਸ ਦੀ ਪਤਨੀ ਨੂੰ 23 ਮਈ ਨੂੰ ਲਾਪਤਾ ਹੋਣ ਵਾਲੇ ਦਿਨ ਤਿੰਨ ਆਦਮੀਆਂ ਨਾਲ ਦੇਖਿਆ ਸੀ। ਮਗਰੋਂ ਰਘੂਵੰਸ਼ੀ ਦੀ ਲਾਸ਼ ਵੀਸਾਡੋਂਗ ਫਾਲਸ (ਝਰਨੇ) ਨੇੜੇ ਇੱਕ ਖੱਡ ਵਿੱਚੋਂ ਮਿਲੀ ਸੀ। ਉਸ ਦੀ ਇੱਕ ਸੋਨੇ ਦੀ ਅੰਗੂਠੀ ਅਤੇ ਗਲੇ ਦੀ ਚੇਨ ਗਾਇਬ ਸੀ, ਜਿਸ ਨਾਲ ਸ਼ੱਕ ਪੈਦਾ ਹੋ ਗਿਆ ਕਿ ਉਸ ਦੀ ਹੱਤਿਆ ਕੀਤੀ ਗਈ ਹੈ। ਇਸ ਤੋਂ ਇਕ ਦਿਨ ਬਾਅਦ ਨੇੜੇ ਹੀ ਇੱਕ ਖੂਨ ਨਾਲ ਲੱਥਪੱਥ ਚਾਕੂ ਮਿਲਿਆ, ਅਤੇ ਦੋ ਦਿਨ ਬਾਅਦ, ਸੋਹਰਾਰੀਮ ਅਤੇ ਖੱਡ ਵਿਚਕਾਰ, ਜਿੱਥੇ ਰਘੂਵੰਸ਼ੀ ਦੀ ਲਾਸ਼ ਮਿਲੀ ਸੀ, ਮਾਵਮਾ ਪਿੰਡ ਵਿੱਚ ਇੱਕ ਰੇਨਕੋਟ ਮਿਲਿਆ, ਜੋ ਜੋੜੇ ਵੱਲੋਂ ਵਰਤੇ ਗਏ ਰੇਨਕੋਟ ਵਰਗਾ ਸੀ। ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਨੇ ਸ਼ਨਿੱਚਰਵਾਰ ਨੂੰ ਕਿਹਾ ਸੀ ਕਿ ਉਨ੍ਹਾ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇਸ ਮਾਮਲੇ ਦੀ ਸੀ ਬੀ ਆਈ ਜਾਂਚ ਦਾ ਹੁਕਮ ਦੇਣ ਦੀ ਬੇਨਤੀ ਕੀਤੀ ਹੈ।

ਰਘੂਵੰਸ਼ੀ ਤੇ ਉਸ ਦੀ ਪਤਨੀ ਸੋਨਮ ਦਾ ਵਿਆਹ 11 ਮਈ ਨੂੰ ਹੋਇਆ ਸੀ ਤੇ ਉਹ ਮੇਘਾਲਿਆ ਵਿੱਚ ਹਨੀਮੂਨ ਲਈ 20 ਮਈ ਨੂੰ ਨਿਕਲੇ ਸਨ। ਉਹ ਕਿਰਾਏ ਦੇ ਸਕੂਟਰ 'ਤੇ 22 ਮਈ ਨੂੰ ਮਾਵਲਾਖੀਅਤ ਪਿੰਡ ਪਹੁੰਚੇ ਸਨ। ਉਨ੍ਹਾਂ ਦਾ ਸਕੂਟਰ 24 ਮਈ ਨੂੰ ਸ਼ਿਲੌਂਗ ਤੋਂ ਸੋਹਰਾ ਜਾਣ ਵਾਲੀ ਸੜਕ ਕਿਨਾਰੇ ਇੱਕ ਕੈਫੇ ਦੇ ਬਾਹਰੋਂ ਮਿਲਿਆ, ਜਿਸ ਤੋਂ ਬਾਅਦ ਉਨ੍ਹਾਂ ਦੀ ਭਾਲ ਸ਼ੁਰੂ ਹੋ ਗਈ।

ਸੋਨਮ ਰਘੂਵੰਸ਼ੀ ਦੇ ਪਿਤਾ ਦੇਵੀ ਸਿੰਘ ਰਘੂਵੰਸ਼ੀ ਨੇ ਇੰਦੌਰ ਵਿੱਚ ਕਿਹਾ ਕਿ ਉਸ ਦੀ ਧੀ '100 ਫੀਸਦ ਬੇਗੁਨਾਹ' ਹੈ। ਉਸ ਨੇ ਮੇਘਾਲਿਆ ਪੁਲਸ ਵੱਲੋਂ ਕੀਤੇ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਦੇਵੀ ਸਿੰਘ ਰਘੂਵੰਸ਼ੀ ਨੇ ਪੱਤਰਕਾਰਾਂ ਨੂੰ ਦੱਸਿਆ, "ਮੇਘਾਲਿਆ ਪੁਲਸ ਮੇਰੀ ਧੀ ਬਾਰੇ ਗਲਤ ਬਿਆਨ ਦੇ ਰਹੀ ਹੈ ਕਿਉਂਕਿ ਰਾਜਾ ਰਘੂਵੰਸ਼ੀ ਦੇ ਕਤਲ ਕੇਸ ਕਰਕੇ ਸੂਬਾ ਸਰਕਾਰ ਦੀ ਦਿੱਖ ਖਰਾਬ ਹੋ ਰਹੀ ਹੈ। ਮੇਘਾਲਿਆ ਪੁਲਸ ਕੋਲ ਉਸ ਦੀ ਧੀ ਖਿਲਾਫ ਇਸ ਗੱਲ ਦਾ ਕੋਈ ਸਬੂਤ ਨਹੀਂ ਹੈ ਕਿ ਉਸ ਨੇ ਆਪਣੇ ਪਤੀ ਦੇ ਕਤਲ ਦੀ ਸੁਪਾਰੀ ਦਿੱਤੀ ਸੀ।

## ਹਰਨੇਕ ਸਿੰਘ ਨੇਕ ਵੱਲੋਂ 25 ਹਜ਼ਾਰ ਦਾ ਯੋਗਦਾਨ

**ਬਾਘਾ ਪੁਰਾਣਾ** : ਗੌਰਮਿੰਟ ਟੀਚਰਜ਼ ਯੂਨੀਅਨ ਦੇ ਝੰਡੇ ਹੇਠ ਕੋਠਾਰੀ ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਕਰਾਉਣ ਲਈ ਵਿੱਢੇ ਘੋਲ ਵਿੱਚ ਉੱਘਾ ਯੋਗਦਾਨ ਪਾਉਣ ਵਾਲੇ, ਘੋਲ ਦੌਰਾਨ ਜੇਲ੍ਹ ਯਾਤਰਾ ਕਰਨ ਵਾਲੇ ਅਤੇ ਜੇਲ੍ਹ ਤੋਂ ਹੀ ਟਰੇਡ ਯੂਨੀਅਨ ਆਗੂ ਬਣ ਕੇ ਨਿਕਲੇ ਹਰਨੇਕ ਸਿੰਘ ਨੇਕ ਰਾਜੇਆਣਾ ਇਲਾਕਾ ਬਾਘਾ ਪੁਰਾਣਾ 'ਚ ਹੀ ਨਹੀਂ, ਬਲਕਿ ਪੰਜਾਬ ਵਿੱਚ ਵੀ ਉੱਘੇ ਟਰੇਡ ਯੂਨੀਅਨ ਆਗੂ ਵਜੋਂ ਜਾਣੇ ਜਾਂਦੇ ਹਨ। ਜੇਲ੍ਹ ਵਿੱਚੋਂ ਨਿਕਲਣ ਉਪਰੰਤ ਉਨ੍ਹਾ ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ, ਟਰੇਡ ਯੂਨੀਅਨ ਕੌਂਸਲ ਬਾਘਾ ਪੁਰਾਣਾ ਦੇ ਪ੍ਰਮੁੱਖ ਆਗੂ ਅਤੇ ਪੈਨਸ਼ਨਰ ਯੂਨੀਅਨ ਪੰਜਾਬ ਦੇ ਮੁੱਖ ਆਗੂ ਵਜੋਂ ਜ਼ਿੰਮੇਵਾਰੀ ਸਫਲਤਾ-ਪੂਰਵਕ ਨਿਭਾਈ ਹੈ। ਜਦੋਂ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ ਅਤੇ ਕੰਟਰੋਲ ਕਮਿਸ਼ਨ ਮੈਂਬਰ ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ ਸਿੰਘ ਨੇ ਪਾਰਟੀ ਦੀ 25ਵੀਂ ਕਾਂਗਰਸ ਦੀ ਮਹਾਨਤਾ, ਮਹੱਤਤਾ ਅਤੇ ਵੱਡੇ ਖਰਚਿਆਂ ਲਈ ਪੈਸਿਆਂ ਦੀ ਲੋੜ ਦੀ ਬਾਤ ਪਾਈ ਤਾਂ ਕਾਮਰੇਡ ਜੀ ਨੇ 25 ਹਜ਼ਾਰ ਰੁਪਏ ਭੇਟ ਕਰਦਿਆਂ ਕਿਹਾ, "ਮੈਂ ਹਰ ਤਰ੍ਹਾਂ ਨਾਲ ਸੰਤੁਸ਼ਟ ਵਿਅਕਤੀ ਹਾਂ ਅਤੇ ਆਰਥਿਕ ਤੌਰ 'ਤੇ ਵੀ ਕੋਈ ਸਮੱਸਿਆ ਨਹੀਂ ਹੈ। ਪਾਰਟੀ ਲਈ ਜਦੋਂ ਵੀ ਆਵੋ, ਮੈਂ ਜਿੰਨੇ ਜੋਗਾ ਹਾਂ, ਖਿੜੇ ਮੱਥੇ ਹਾਜ਼ਰ ਹਾਂ।"



• ਬਾਕੀ ਸਫਾ 2 'ਤੇ

## ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮਲੋਟ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰ ਪਾਲ/ਪੂਜਾ/ਓਮ ਪ੍ਰਕਾਸ਼ ਸ਼ੇਖੂ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਤੇ ਹਲਕਾ ਮਲੋਟ ਤੋਂ ਵਿਧਾਇਕ ਡਾ. ਬਲਜੀਤ ਕੌਰ ਨੇ ਸਥਾਨਕ ਸ਼ਹਿਰ ਵਿਖੇ ਪਹੁੰਚ ਕੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲੋਕ ਮਿਲਣੀ ਕੀਤੀ।ਇਸ ਲੋਕ ਮਿਲਣੀ ਦੌਰਾਨ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਲੋਕਾਂ ਨੂੰ ਦਰਪੇਸ਼ ਵੱਖ-ਵੱਖ ਚੁਣੌਤੀਆਂ ਬਾਰੇ ਵੀ ਚਰਚਾ ਕੀਤੀ, ਜਿਸ ਵਿੱਚ ਜਲ ਸਪਲਾਈ ਦੀ ਸਮੱਸਿਆ, ਬੁਨਿਆਦੀ ਢਾਂਚਾ ਤੇ ਵਿਕਾਸ ਕਾਰਜ ਸ਼ਾਮਲ ਹਨ।ਉਨ੍ਹਾਂ ਹਲਕਾ ਵਾਸੀਆਂ ਦੇ ਰਹਿਣ-ਸਹਿਣ ਵਿੱਚ ਸੁਧਾਰ ਲਿਆਉਣ ਲਈ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਲੋਕ ਮਿਲਣੀ ਦੌਰਾਨ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸਮੂਹ ਬਲਾਕ ਪ੍ਰਧਾਨਾਂ ਨਾਲ ਵੀ ਮੀਟਿੰਗ ਕੀਤੀ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਹਲਕਾ ਮਲੋਟ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਲਈ ਭਰੋਸਾ ਦਿੱਤਾ।ਉਨ੍ਹਾਂ ਪੰਚਾਇਤਾਂ ਦੇ ਨੁਮਾਇੰਦਿਆਂ ਤੇ ਕੌਂਸਲਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਮਸਲਿਆਂ ਨੂੰ ਪੂਰੀ ਅਹਿਮੀਅਤ ਦਿੱਤੀ ਜਾਵੇਗੀ ਤੇ ਸਰਕਾਰ ਵੱਲੋਂ ਇਨ੍ਹਾਂ ਦੇ ਹੱਲ ਲਈ ਸਾਰੇ ਲੋੜੀਂਦੇ ਕਦਮ ਚੁੱਕੇ ਜਾਣਗੇ।ਮੰਤਰੀ ਨੇ ਕਿਹਾ ਕਿ ਹਲਕੇ ਵਿੱਚ ਪਾਣੀ ਦੀ ਸਮੱਸਿਆ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ ਤੇ ਇਲਾਕਾ ਵਾਸੀਆਂ ਨੂੰ ਪਾਣੀ ਦੀ ਪੂਰੀ ਸਪਲਾਈ ਯਕੀਨੀ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ।ਇਸ ਮੌਕੇ ਮਾਰਕਿਟ ਕਮੇਟੀ ਮਲੋਟ ਦੇ ਚੇਅਰਮੈਨ ਸ੍ਰੀ ਜਸ਼ਨ ਬਰਾੜ, ਸਮੂਹ ਬਲਾਕ ਪ੍ਰਧਾਨ, ਪੰਚਾਇਤਾਂ ਦੇ ਨੁਮਾਇੰਦੇ ਤੇ ਵੱਡੀ ਗਿਣਤੀ ਵਿੱਚ ਹਲਕਾ ਨਿਵਾਸੀ ਹਾਜ਼ਰ ਸਨ।

## ਬਾਗਬਾਨੀ ਕਿੱਤਾ ਅਪਣਾਉਣ ਲੱਗੇ ਪੰਜਾਬ ਦੇ ਕਿਸਾਨ, ਪੰਜ ਸਾਲਾਂ 'ਚ 12,821 ਹੈਕਟੇਅਰ ਵਧਿਆ ਰਕਬਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਲਗਾਤਾਰ ਡੂੰਘੇ ਹੁੰਦੇ ਜਾ ਰਹੇ ਜ਼ਮੀਨ ਹੇਠਲੇ ਪਾਣੀ ਕਾਰਨ ਸੂਬੇ ਅੰਦਰ ਜਿੱਥੇ ਕਿਸਾਨ ਵੱਡੇ ਪੱਧਰ 'ਤੇ ਰਵਾਇਤੀ ਫਸਲੀ ਚੱਕਰ 'ਚੋਂ ਨਿਕਲ ਕੇ ਖੇਤੀ ਵਿਭਿੰਨਤਾ ਅਪਣਾ ਰਹੇ ਹਨ, ਉੱਥੇ ਹੀ ਪਿਛਲੇ ਸਾਲਾਂ ਦੌਰਾਨ ਕਿਸਾਨਾਂ 'ਚ ਬਾਗਬਾਨੀ ਕਿੱਤੇ ਪ੍ਰਤੀ ਵੀ ਰੁਝਾਨ ਵਧਿਆ ਹੈ।ਕਿਸਾਨਾਂ ਦੇ ਬਾਗਬਾਨੀ ਪ੍ਰਤੀ ਰੁਝਾਨ ਦਾ ਅੰਦਾਜ਼ਾ ਵਿਭਾਗ ਦੇ ਅੰਕੜਿਆਂ ਤੋਂ ਭਲੀਭਾਂਤ ਲਾਇਆ ਜਾ ਸਕਦਾ ਹੈ।ਬਾਗਬਾਨੀ ਵਿਭਾਗ ਕੋਲੋਂ ਹਾਸਲ ਕੀਤੇ ਗਏ ਅੰਕੜਿਆਂ ਮੁਤਾਬਕ ਸਾਲ 2019-20 'ਚ ਪੰਜਾਬ ਅੰਦਰ ਬਾਗਾਂ ਹੇਠਲਾ ਰਕਬਾ 90466 ਹੈਕਟੇਅਰ ਸੀ, ਜੋ ਵਧ ਕੇ 2023-24 'ਚ 103287 ਹੈਕਟੇਅਰ ਹੋ ਗਿਆ।ਇਸ ਤਰ੍ਹਾਂ ਪੰਜ ਸਾਲਾਂ ਦੌਰਾਨ ਬਾਗਬਾਨੀ ਹੇਠਲੇ ਰਕਬੇ 'ਚ 12,821 ਹੈਕਟੇਅਰ ਦਾ ਵਾਧਾ ਦਰਜ ਕੀਤਾ ਗਿਆ।

ਬਾਗਬਾਨੀ ਵਿਭਾਗ ਦੇ ਅਧਿਕਾਰੀਆਂ ਦਾ ਮੰਨਣਾ ਹੈ ਕਿ ਕਿਸਾਨਾਂ ਦਾ ਬਾਗਬਾਨੀ ਪ੍ਰਤੀ ਰੁਝਾਨ ਵਧਣ ਦਾ ਮੁੱਖ ਕਾਰਨ ਰਵਾਇਤੀ ਫਸਲਾਂ ਦੇ ਮੁਕਾਬਲੇ ਇਸ ਕਿੱਤੇ 'ਚ ਵਧੇਰੇ ਆਮਦਨ ਤੇ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਬਸਿਡੀਆਂ ਹਨ।ਬਾਗਬਾਨੀ ਰਾਹੀਂ ਧਰਤੀ ਹੇਠਲੇ ਪਾਣੀ ਦੀ ਵੀ ਵੱਡੇ ਪੱਧਰ 'ਤੇ ਬਚਤ ਹੁੰਦੀ ਹੈ।

ਪਿਛਲੇ ਕਈ ਸਾਲਾਂ ਤੋਂ ਬਾਗਬਾਨੀ ਦਾ ਕਿੱਤਾ ਕਰ ਰਹੇ ਭੋਗਪੁਰ ਨੇੜਲੇ ਪਿੰਡ ਤਲਵੰਡੀ ਦੇ ਕਿਸਾਨ ਪ੍ਰਭਮੀਤ ਸਿੰਘ ਸੇਖੋਂ ਦਾ ਕਹਿਣਾ ਹੈ ਕਿ ਬਾਗਬਾਨੀ ਦਾ ਕਿੱਤਾ ਉਨ੍ਹਾਂ ਦੇ ਪਿਤਾ ਨੇ ਅਪਣਾਇਆ ਸੀ ਤੇ ਉਹ ਕਈ ਸਾਲਾਂ ਤੋਂ 30 ਏਕੜ ਰਕਬੇ 'ਚ ਨਾਸ਼ਪਾਤੀ ਫਲ ਦੀ ਪੈਦਾਵਾਰ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਬਾਗਬਾਨੀ 'ਚ ਪ੍ਰਤੀ ਏਕੜ ਆਮਦਨ 2 ਲੱਖ ਰੁਪਏ ਸਾਲਾਨਾ ਹੋ ਜਾਂਦੀ ਹੈ, ਹਾਲਾਂਕਿ ਇਹ ਆਮਦਨ ਬਾਗ ਲਾਉਣ ਦੇ ਕਰੀਬ 10 ਸਾਲ ਬਾਅਦ ਸ਼ੁਰੂ ਹੁੰਦੀ ਹੈ।ਫਿਰ ਵੀ ਜਿੰਨਾ ਚਿਰ ਬਾਗ ਪੂਰੀ ਤਰ੍ਹਾਂ ਫਲ ਦੇਣ ਲਈ ਤਿਆਰ ਨਹੀਂ ਹੋ ਜਾਂਦਾ, ਉਨੀ ਦੇਰ ਤੱਕ ਕਿਸਾਨ ਬਾਗ ਵਾਲੇ ਖੇਤਾਂ 'ਚ ਦੂਜੀਆਂ ਫਸਲਾਂ ਤੇ ਸਬਜ਼ੀਆਂ ਆਦਿ ਪੈਦਾਵਾਰ ਕਰ ਸਕਦੇ ਹਨ।ਇਸ ਨਾਲ ਵਿੱਤੀ ਘਾਟਾ ਨਹੀਂ ਸਹਿਣਾ ਪੈਂਦਾ।ਪਾਣੀ ਦੀ ਬਚਤ ਬਾਰੇ ਪੁੱਛੇ ਜਾਣ 'ਤੇ ਪ੍ਰਭਮੀਤ ਸਿੰਘ ਸੇਖੋਂ ਨੇ ਦੱਸਿਆ ਕਿ ਬਾਗਾਂ ਨੂੰ ਅਪ੍ਰੈਲ, ਮਈ ਤੇ ਜੂਨ ਸਿਰਫ ਤਿੰਨ ਮਹੀਨੇ ਪਾਣੀ ਦੀ ਲੋੜ ਪੈਂਦੀ ਹੈ।ਜੁਲਾਈ 'ਚ ਬਰਸਾਤਾਂ ਸ਼ੁਰੂ ਹੋ ਜਾਂਦੀਆਂ ਹਨ ਤੇ ਸਰਦੀਆਂ 'ਚ ਬਹੁਤ ਘੱਟ ਪਾਣੀ ਦੀ ਲੋੜ ਹੁੰਦੀ ਹੈ।ਇਸ ਤਰ੍ਹਾਂ ਝੋਨੇ ਦੇ ਮੁਕਾਬਲੇ ਬਾਗਾਂ 'ਚ 60 ਤੋਂ 70 ਫੀਸਦੀ ਪਾਣੀ ਘੱਟ ਲੱਗਦਾ ਹੈ।ਫਲਾਂ ਦੀ ਮਾਰਕੀਟਿੰਗ ਕਰਨ 'ਚ ਸਮੱਸਿਆ ਆਉਣ ਬਾਰੇ ਪੁੱਛੇ ਜਾਣ 'ਤੇ ਪ੍ਰਭਮੀਤ ਸਿੰਘ ਸੇਖੋਂ ਨੇ ਕਿਹਾ ਕਿ ਪੰਜਾਬ ਅੰਦਰ ਬਾਗਬਾਨੀ ਹੇਠਲਾ ਰਕਬਾ ਲਗਾਤਾਰ ਵਧ ਰਿਹਾ ਹੈ, ਜੋ ਕਿ ਬਹੁਤ ਵਧੀਆ ਰੁਝਾਨ ਹੈ, ਪਰ ਕਿਸਾਨਾਂ ਨੂੰ ਫਲਾਂ ਦੇ ਮੰਡੀਕਰਨ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ, ਕਿਉਂਕਿ ਬਹੁਤੇ ਫਲਾਂ ਦੀ ਖਪਤ ਲੋਕਲ ਪੱਧਰ 'ਤੇ ਨਹੀਂ ਹੁੰਦੀ ਤੇ ਉਨ੍ਹਾਂ ਦੀ ਸਪਲਾਈ ਦੂਰ-ਦੁਰਾਡੇ ਕਰਨੀ ਪੈਂਦੀ ਹੈ।ਇਸ ਲਈ ਸਰਕਾਰਾਂ ਤੇ ਵਿਭਾਗ ਨੂੰ ਚਾਹੀਦਾ ਹੈ ਕਿ ਜਿਨ੍ਹਾਂ ਜ਼ਿਲ੍ਹਿਆਂ 'ਚ ਜਿਹੜੇ ਫਲ ਵਧੇਰੇ ਹੁੰਦੇ ਹਨ, ਉਨ੍ਹਾਂ 'ਚ ਪ੍ਰੋਸੈਸਿੰਗ ਪਲਾਂਟ ਲਾਏ ਜਾਣ ਤਾਂ ਜੋ ਕਿਸਾਨਾਂ ਦੀ ਪੈਦਾਵਾਰ ਆਸਾਨੀ ਨਾਲ ਵਿਕ ਸਕੇ।

ਬਾਗਬਾਨੀ ਵਿਭਾਗ ਦੀ ਡਾਇਰੈਕਟਰ ਡਾ. ਸ਼ੈਲਿੰਦਰ ਕੌਰ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਤੇ ਵਿਭਾਗ ਵੱਲੋਂ ਕਿਸਾਨਾਂ ਨੂੰ ਰਵਾਇਤੀ ਫਸਲੀ ਚੱਕਰ 'ਚੋਂ ਕੱਢਣ ਲਈ ਬਾਗਬਾਨੀ ਨੂੰ ਵੱਧ ਤੋਂ ਵੱਧ ਉਤਸ਼ਾਹਤ ਕੀਤਾ ਜਾ ਰਿਹਾ ਹੈ।

ਇਹੀ ਕਾਰਨ ਹੈ ਕਿ ਪਿਛਲੇ ਪੰਜ ਸਾਲਾਂ ਦੌਰਾਨ ਪੰਜਾਬ 'ਚ ਬਾਗਾਂ ਹੇਠਲੇ ਰਕਬੇ 'ਚ ਵਾਧਾ ਦਰਜ ਕੀਤਾ ਗਿਆ ਹੈ।ਡਾਇਰੈਕਟਰ ਸ਼ੈਲਿੰਦਰ ਕੌਰ ਨੇ ਦੱਸਿਆ ਕਿ ਬਾਗਬਾਨੀ ਕਿੱਤਾ ਅਪਣਾਉਣ ਵਾਲੇ ਕਿਸਾਨਾਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਸਬਸਿਡੀਆਂ ਦਿੱਤੀਆਂ ਜਾਂਦੀਆਂ ਹਨ।ਇਨ੍ਹਾਂ 'ਚ ਕੌਮੀ ਬਾਗਬਾਨੀ ਮਿਸ਼ਨ ਤਹਿਤ ਪ੍ਰਤੀ ਏਕੜ 20,000 ਰੁਪਏ, ਸਟੇਟ ਪਲਾਨ ਸਕੀਮ ਤਹਿਤ ਤੁਪਕਾ ਵਿਧੀ ਰਾਹੀਂ ਸਿੰਚਾਈ ਲਈ 10,000 ਰੁਪਏ ਪ੍ਰਤੀ ਏਕੜ, 20 ਹਾਰਸ ਪਾਵਰ ਦਾ ਛੋਟਾ ਟਰੈਕਟਰ ਖਰੀਦਣ ਲਈ 40 ਤੋਂ 50 ਫੀਸਦੀ, ਬਾਗ 'ਚ ਸਪਰੇਅ ਕਰਨ ਲਈ ਟਰੈਕਟਰ ਨਾਲ ਚੱਲਣ ਵਾਲਾ ਜਾਂ ਹੈਂਡ ਪੰਪ ਲੈਣ ਵਾਸਤੇ, ਬਾਗ ਦੀ ਕਾਂਟ-ਛਾਂਟ ਕਰਨ ਲਈ ਅਤੇ ਫਲਾਂ ਦੀ ਪੈਕਿੰਗ ਕਰਨ ਵਾਸਤੇ ਪੈਕ ਹਾਊਸ ਜਾਂ ਕੋਲਡ ਰੂਮ ਬਣਾਉਣ ਵਾਸਤੇ 2 ਤੋਂ 12 ਲੱਖ ਰੁਪਏ ਦੀ ਸਬਸਿਡੀ ਦਿੱਤੀ ਜਾਂਦੀ ਹੈ।ਡਾਇਰੈਕਟਰ ਸ਼ੈਲਿੰਦਰ ਕੌਰ ਨੇ ਦੱਸਿਆ ਕਿ ਬਾਗਬਾਨੀ ਕਰਨ ਦੇ ਚਾਹਵਾਨ ਕਿਸਾਨਾਂ ਨੂੰ ਵਿਭਾਗ ਵੱਲੋਂ ਸਿਖਲਾਈ ਵੀ ਦਿੱਤੀ ਜਾਂਦੀ ਹੈ ਅਤੇ ਸਮੇਂ-ਸਮੇਂ 'ਤੇ ਉਨ੍ਹਾਂ ਨੂੰ ਜਾਗਰੂਕ ਕਰਨ ਲਈ ਕੈਂਪ ਵੀ ਲਾਏ ਜਾਂਦੇ ਹਨ।

## ਲਮੋਚੜ ਖੁਰਦ 'ਚ ਕ੍ਰਿਕਟ ਟੂਰਨਾਮੈਂਟ ਦਾ ਚੇਅਰਮੈਨ ਵੱਲੋਂ ਉਦਘਾਟਨ

**ਨੌਜਵਾਨ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਵੀ ਧਿਆਨ ਦੇਣ : ਦੇਵਰਾਜ ਸ਼ਰਮਾ**



**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਲਮੋਚੜ ਖੁਰਦ (ਟਰਿਆ) ਵਿਖੇ ਪਿੰਡ ਦੀ ਗ੍ਰਾਮ ਪੰਚਾਇਤ ਤੇ ਨੌਜਵਾਨ ਖੇਡ ਕਮੇਟੀ ਵੱਲੋਂ ਕ੍ਰਿਕਟ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ, ਜਿਸ ਦਾ ਉਦਘਾਟਨ ਮਾਰਕਿਟ ਕਮੇਟੀ ਜਲਾਲਾਬਾਦ ਦੇ ਚੇਅਰਮੈਨ ਦੇਵਰਾਜ ਸ਼ਰਮਾ ਵੱਲੋਂ ਕੀਤਾ ਗਿਆ। ਇਸ ਮੌਕੇ ਦੇਵਰਾਜ ਸ਼ਰਮਾ ਨੇ ਦੱਸਿਆ ਕਿ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਇਸ ਟੂਰਨਾਮੈਂਟ ਦੇ ਉਦਘਾਟਨ ਲਈ ਆਉਣਾ ਸੀ, ਪਰ ਉਨ੍ਹਾਂ ਦੀ ਆਮ ਆਦਮੀ ਪਾਰਟੀ ਵੱਲੋਂ ਚੋਣ ਵਿੱਚ ਡਿਊਟੀ ਲੱਗੀ ਹੋਣ ਕਾਰਨ ਨਹੀਂ ਆ ਸਕੇ ਅਤੇ ਉਨ੍ਹਾਂ ਨੂੰ ਭੇਜਿਆ ਗਿਆ ਹੈ। ਇਸ ਮੌਕੇ ਵਿਧਾਇਕ ਦੁਆਰਾ ਭੇਜੀ ਗਈ ਨੌਜਵਾਨਾਂ ਨੂੰ ਖੇਡ ਕਿੱਟ ਦਿੱਤੀ ਤੇ ਨੌਜਵਾਨਾਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੱਲ ਧਿਆਨ ਦੇਣ ਦਾ ਸੰਦੇਸ਼ ਦਿੱਤਾ। ਪ੍ਰਾਪਤ ਜਾਣਕਾਰੀ ਅਨੁਸਾਰ ਇਸ ਟੂਰਨਾਮੈਂਟ ਵਿੱਚ 16 ਟੀਮਾਂ ਭਾਗ ਲੈ ਰਹੀਆਂ ਹਨ, ਜਿਸ ਵਿੱਚ ਜੇਤੂ ਟੀਮ ਨੂੰ 11 ਹਜ਼ਾਰ ਰੁਪਏ ਤੇ ਉੱਪ-ਵਿਜੇਤਾ ਟੀਮ ਨੂੰ 6100 ਰੁਪਏ ਇਨਾਮ ਤੇ ਟ੍ਰਾਫੀ ਦੇ ਕੇ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਮੁੱਖ ਮਹਿਮਾਨ ਚੇਅਰਮੈਨ ਦੇਵਰਾਜ ਸ਼ਰਮਾ ਨੇ ਸੰਬੋਧਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਨੂੰ ਛੱਡ ਕੇ ਖੇਡਾਂ ਵੱਲ ਧਿਆਨ ਦੇਣਾ ਚਾਹੀਦਾ ਹੈ, ਕਿਉਂਕਿ ਖੇਡਾਂ ਨਾਲ ਸਾਡਾ ਸਰੀਰਕ ਵਿਕਾਸ ਹੁੰਦਾ ਹੈ ਅਤੇ ਖੇਡਣ ਨਾਲ ਸਾਡਾ ਆਪਸੀ ਭਾਈਚਾਰਾ ਮਜ਼ਬੂਤ ਹੁੰਦਾ ਹੈ। ਇਸ ਮੌਕੇ ਸ੍ਰੀ ਸ਼ਰਮਾ ਨੇ ਵਿਸ਼ਵਾਸ ਦਿੱਤਾ ਕਿ ਸਟੇਡੀਅਮ ਦਾ ਅਧੂਰਾ ਕੰਮ ਜਲਦੀ ਤੋਂ ਜਲਦੀ ਪੂਰਾ ਕਰ ਦਿੱਤਾ ਜਾਵੇਗਾ। ਇਸ ਮੌਕੇ ਸਰਪੰਚ ਸੰਦੀਪ ਸਿੰਘ, ਪ੍ਰਧਾਨ ਜਗਨੈਲ ਸਿੰਘ, ਅਮਰੀਕ ਸਿੰਘ ਪਟਵਾਰੀ, ਬਲਵਿੰਦਰ ਸਿੰਘ ਕੈਪਟਨ, ਵਾਰਿਸ, ਪਾਰਸ, ਚੀਮਾ, ਗੁਰਪ੍ਰੀਤ ਸਿੰਘ, ਹਨੀ, ਅਨੀ, ਜਨਕ, ਗੌਤਮ, ਪਰਮਿੰਦਰ ਸਿੰਘ, ਬਲਜਿੰਦਰ ਸਿੰਘ, ਪਰਮਜੀਤ ਸਿੰਘ, ਰੇਸ਼ਮ ਸਿੰਘ, ਹਰਪਾਲ ਸਿੰਘ ਮੈਂਬਰ, ਪ੍ਰੀਤਮ ਸਿੰਘ ਆਦਿ ਮੌਜੂਦ ਸਨ।

## ਭਾਕਿਯੂ ਡਕੌਂਦਾ ਦੀ ਬਲਾਕ ਪੱਧਰੀ ਮੀਟਿੰਗ 'ਚ ਅਹਿਮ ਵਿਚਾਰਾਂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੀ ਅਹਿਮ ਮੀਟਿੰਗ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਈ।ਇਸ ਮੌਕੇ ਕਿਸਾਨ ਆਗੂਆਂ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ, ਨਾਨਕ ਸਿੰਘ ਅਮਲਾ ਸਿੰਘ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ, ਕੇਂਦਰ ਦੀਆਂ ਨੀਤੀਆਂ ਤਹਿਤ ਕਾਰਪੋਰੇਟ ਘਰਾਣਿਆਂ ਨੂੰ ਖ਼ੁਸ਼ ਕਰਨ ਲਈ ਕੰਮ ਕਰ ਰਹੀ ਹੈ।ਸਰਕਾਰ ਵੱਲੋਂ ਕਿਸਾਨਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ ਹਰ ਖੇਤ ਨੂੰ ਨਹਿਰੀ ਪਾਣੀ ਮਿਲੇਗਾ, ਪਰ ਅੱਜ ਪੰਜਾਬ ਦੀਆਂ ਨਹਿਰਾਂ ਸੁੱਕੀਆਂ ਪਈਆਂ ਹਨ ਤੇ ਦਰਿਆਈ ਪਾਣੀ ਹੋਰ ਸੂਬਿਆਂ ਨੂੰ ਦਿੱਤਾ ਜਾ ਰਿਹਾ ਹੈ।ਉਨ੍ਹਾਂ ਸਪੱਸ਼ਟ ਕਿਹਾ ਕਿ ਜੇਕਰ ਸਰਕਾਰ ਨੇ ਦਰਿਆਈ ਪਾਣੀਆਂ ਸਬੰਧੀ ਗੰਭੀਰਤਾ ਨਾ ਦਿਖਾਈ ਤਾਂ ਕਿਸਾਨ ਵੱਡੇ ਪੱਧਰ 'ਤੇ ਸੰਘਰਸ਼ ਕਰਨਗੇ। ਆਗੂਆਂ ਨੇ ਆਖਾੜਾ, ਭੂੰਦੜੀ ਆਦਿ ਪਿੰਡਾਂ ਵਿੱਚ ਲਾਈਆਂ ਜਾ ਰਹੀਆਂ ਬਾਇਓ ਗੈਸ ਫੈਕਟਰੀਆਂ ਨੂੰ ਸਿਹਤ ਲਈ ਖ਼ਤਰਾ ਦੱਸਦਿਆਂ ਕਿਹਾ ਕਿ ਲੋਕ ਇਨ੍ਹਾਂ ਦੇ ਵਿਰੋਧ 'ਚ ਜ਼ੋਰਦਾਰ ਸੰਘਰਸ਼ ਕਰਨਗੇ, ਕਿਉਂਕਿ ਇਹ ਘਾਤਕ ਬਿਮਾਰੀਆਂ ਦਾ ਕਾਰਨ ਬਣ ਰਹੀਆਂ ਹਨ।ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ ਕੰਮ ਕਰ ਰਹੀਆਂ ਪਿੰਡਾਂ ਦੀਆਂ ਅਗਾਂਹਵਧੂ ਕਮੇਟੀਆਂ ਨੂੰ ਉਤਸ਼ਾਹਤ ਕਰਨ ਦੀ ਥਾਂ ਪੁਲਸ ਵੱਲੋਂ ਡਰਾਇਆ ਧਮਕਾਇਆ ਜਾ ਰਿਹਾ ਹੈ, ਜਦਕਿ ਵੱਡੇ ਨਸ਼ਾ ਤਸਕਰਾਂ ਨੂੰ ਹੱਥ ਪਾਉਣ ਦੀ ਬਜਾਏ ਨਸ਼ੇੜੀਆਂ ਦੇ ਘਰਾਂ 'ਤੇ ਬਲਡੋਜ਼ਰ ਚਲਾਏ ਜਾ ਰਹੇ ਹਨ।ਇਸ ਮੌਕੇ ਭਿੰਦਰ ਸਿੰਘ ਸਹੌਰ, ਹਾਕਮ ਸਿੰਘ ਕੁਰੜ, ਕਰਮਜੀਤ ਸਿੰਘ ਕਲਾਲ ਮਾਜਰਾ, ਜੱਸਾ ਸਿੰਘ ਗਹਿਲ, ਜੱਗਾ ਸਿੰਘ ਮਹਿਲ ਕਲਾਂ, ਦੀਪਾ ਸਿੰਘ ਨਿਹਾਲੂਵਾਲ, ਭਿੰਦਰ ਸਿੰਘ ਮੂੰਮ, ਨਿਰਮਲ ਸਿੰਘ, ਹਰਨੇਕ ਸਿੰਘ, ਵਿਜੇ ਕੁਮਾਰ ਖਿਆਲੀ, ਸੁਖਵਿੰਦਰ ਸਿੰਘ ਕਲਾਲ ਮਾਜਰਾ ਆਦਿ ਹਾਜ਼ਰ ਸਨ।

## ਮਾਤਾ ਗੁਜਰੀ ਜੀ ਭਲਾਈ ਕੇਂਦਰ ਦੀਆਂ ਸੇਵਾਵਾਂ ਨਵੇਂ ਦਫ਼ਤਰ ਤੋਂ ਸ਼ੁਰੂ



**ਬੁਢਲਾਡਾ (ਅਸ਼ੋਕ ਲਾਕੜਾ)**-ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਆਪਣੇ ਨਵੇਂ ਦਫ਼ਤਰ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅਕਾਲ ਪੁਰਖ ਪਰਮਾਤਮਾ ਦਾ ਸ਼ੁਕਰਾਨਾ ਕਰਕੇ ਸੁਭ ਮਹੂਰਤ ਕੀਤਾ ਗਿਆ। ਸੰਸਥਾ ਦੇ ਆਗੂ ਮਾਸਟਰ ਕੁਲਵੰਤ ਸਿੰਘ ਤੇ ਕੁਲਦੀਪ ਸਿੰਘ ਅਨੇਜਾ ਨੇ ਦੱਸਿਆ ਕਿ ਪ੍ਰਮਾਤਮਾ ਦੇ ਅਸ਼ੀਰਵਾਦ ਨਾਲ ਤੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਭਲਾਈ ਕਾਰਜਾਂ ਲਈ ਸੰਸਥਾ ਨੂੰ ਆਪਣਾ ਦਫ਼ਤਰ ਮਿਲਿਆ ਹੈ। ਸਮਾਨ ਨਵੇਂ ਦਫ਼ਤਰ ਵਿੱਚ ਲਿਜਾਇਆ ਜਾ ਰਿਹਾ ਹੈ। ਮੰਗਲਵਾਰ 10 ਜੂਨ ਤੋਂ ਸਾਰੇ ਭਲਾਈ ਕਾਰਜ ਨਵੇਂ ਦਫ਼ਤਰ ਤੋਂ ਹੋਣੇ ਹਨ। ਸੰਸਥਾ ਦਾ ਨਵਾਂ ਦਫ਼ਤਰ ਬੱਸ ਸਟੈਂਡ ਤੋਂ ਆਈ ਟੀ ਆਈ ਰੋਡ 'ਤੇ ਰੁਆਇਲ ਸਿਟੀ ਦੇ ਗੇਟ ਅਤੇ ਪੈਟਰੋਲ ਪੰਪ ਦੇ ਸਾਹਮਣੇ ਹੈ। ਧੀਰਜ ਬੁੱਕ ਸਟੋਰ ਵੱਲੋਂ ਸੰਸਥਾ ਦੇ ਨਵੇਂ ਦਫਤਰ ਲਈ ਵੱਡਾ ਵਾਟਰ ਕੂਲਰ ਤੇ ਆਰ ਓ ਦਾਨ ਦਿੱਤਾ ਗਿਆ, ਜਿਸ ਨਾਲ ਰਾਹਗੀਰਾਂ ਨੂੰ ਬੜੀ ਸਹੂਲਤ ਹੋਵੇਗੀ। ਕਾਮਰੇਡ ਹਰਦਿਆਲ ਸਿੰਘ ਜੀ ਵਲੋਂ ਨਵੀਂ ਅਲਮਾਰੀ ਦਫ਼ਤਰ ਲਈ ਦਿੱਤੀ ਗਈ।

## ਹਰਿਆਣਾ ਬਾਰਡਰ ਨੇੜੇ ਵਿਸ਼ੇਸ਼ ਚੈਕਿੰਗ ਹੋਈ



**ਬੋਹਾ (ਨਿਰੰਜਣ ਬੋਹਾ)**-ਪੰਜਾਬ ਸਰਕਾਰ ਵੱਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਮਾਨਸਾ ਪੁਲਸ ਵੱਲੋਂ ਐਸ.ਪੀ (ਐੱਚ) ਜਸਕੀਰਤ ਸਿੰਘ ਦੀ ਅਗਵਾਈ ਹੇਠਲੀ ਪੰਜਾਬ ਹਰਿਆਣਾ ਬਾਰਡਰ ਨੇੜਲੇ ਪਿੰਡ ਲੱਖੀਵਾਲਾ ਕੋਲ ਨਾਕਾ ਲਾ ਕੇ ਆਉਣ-ਜਾਣ ਵਾਲੇ ਵਾਹਨਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਐਸ. ਐਚ. ਓ. ਇੰਸਪੈਕਟਰ ਅਮਰੀਕ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਐਸ.ਪੀ.ਐੱਚ ਜਸਕੀਰਤ ਸਿੰਘ ਨੇ ਕਿਹਾ ਕਿ ਸਾਰੇ ਪੰਜਾਬ ਵਿੱਚ ਅਪ੍ਰੇਸ਼ਨ ਸੀਲ ਤਹਿਤ ਵੱਖ-ਵੱਖ ਸੜਕਾਂ 'ਤੇ ਵਿਸ਼ੇਸ਼ ਨਾਕੇ ਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨਸਾ ਜ਼ਿਲ੍ਹੇ ਵਿੱਚ ਵੀ ਅੱਠ ਨਸ਼ੇ ਵੇਚਣ ਵਾਲਿਆਂ ਨੂੰ ਕਾਬੂ ਕਰਨ ਲਈ ਅੱਠ ਨਾਕੇ ਲਾਏ ਗਏ ਹਨ, ਜਿਨ੍ਹਾਂ ਦੀ ਚੈਕਿੰਗ ਕਰਦਿਆਂ ਉਹ ਇੱਥੇ ਪੁੱਜੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਹਰਿਆਣਾ ਦੀ ਹੱਦ 'ਤੇ ਪੈਣ ਕਾਰਨ ਇਹ ਨਾਕਾ ਖਾਸ ਅਹਿਮੀਅਤ ਰੱਖਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਦੋ ਨੀਤੀਆਂ 'ਤੇ ਕੰਮ ਕਰ ਰਹੀ ਹੈ। ਪਹਿਲੀ ਨੀਤੀ ਅਨੁਸਾਰ ਨਸ਼ੇ ਦੇ ਸੁਦਾਗਰਾਂ 'ਤੇ ਪਰਚੇ ਦਰਜ ਕਰਕੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਭੇਜਿਆ ਜਾ ਰਿਹਾ ਹੈ ਤੇ ਦੂਜੀ ਨੀਤੀ ਤਹਿਤ ਨਸ਼ਾ ਕਰਨ ਵਾਲੇ ਵਿਅਕਤੀਆਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ 'ਚ ਭੇਜ ਕੇ ਉਨ੍ਹਾਂ ਨੂੰ ਡਾਕਟਰੀ ਸਹਾਇਤਾ ਦਿੱਤੀ ਜਾ ਰਹੀ ਹੈ।

## ਦੂਜੇ ਰਾਜਾਂ ਨਾਲ ਲੱਗਦੀਆਂ ਸਰਹੱਦਾਂ ਨੂੰ ਸੀਲ ਕਰਕੇ ਕੀਤੀ ਚੈਕਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਅਤੇ ਮਾੜੇ ਅਨਸਰਾਂ ਖਿਲਾਫ ਮੁਹਿੰਮ ਵਿੱਢੀ ਗਈ ਹੈ, ਜਿਸ ਦੇ ਚੱਲਦਿਆਂ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਦੇ ਹੋਏ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਬੰਦ ਕਰਾਇਆ ਜਾ ਰਿਹਾ ਹੈ। ਇਸੇ ਤਹਿਤ ਡਾ. ਅਖਿਲ ਚੌਧਰੀ ਐਸ.ਐਸ.ਪੀ ਦੀ ਅਗਵਾਈ ਹੇਠ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਨਾਲ ਲੱਗਦੇ ਹਰਿਆਣਾ ਤੇ ਰਾਜਸਥਾਨ ਸੂਬਿਆਂ ਦੀਆਂ ਸਰਹੱਦਾਂ ਤੇ ਹਰਿਆਣਾ ਅਤੇ ਰਾਜਸਥਾਨ ਪੁਲਸ ਦੇ ਨਾਲ ਸਾਂਝੇ ਤੌਰ 'ਤੇ ਨਾਕੇਬੰਦੀ ਕਰਕੇ ਅਪ੍ਰੇਸ਼ਨ ਸੀਲ ਚਲਾਇਆ ਗਿਆ। ਇਸ ਅਪ੍ਰੇਸ਼ਨ ਦੌਰਾਨ ਰਮਨਪ੍ਰੀਤ ਸਿੰਘ ਡੀ.ਐਸ.ਪੀ (ਡੀ), ਰਛਪਾਲ ਸਿੰਘ ਡੀ.ਐਸ.ਪੀ (ਐਨ.ਡੀ.ਪੀ.ਐਸ), ਐਸ.ਆਈ ਕਰਮਜੀਤ ਕੌਰ ਮੁੱਖ ਅਫ਼ਸਰ ਥਾਣਾ ਕਿਲਿਆਂਵਾਲੀ ਦੇ ਸਮੇਤ 150 ਪੁਲਸ ਅਧਿਕਾਰੀ/ਕ੍ਰਮਚਾਰੀ ਵੀ ਹਾਜ਼ਰ ਸਨ। ਰਮਨਪ੍ਰੀਤ ਸਿੰਘ ਡੀ.ਐਸ.ਪੀ (ਡੀ) ਨੇ ਦੱਸਿਆ ਕਿ ਅਪ੍ਰੇਸ਼ਨ ਸੀਲ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਹਰਿਆਣਾ ਤੇ ਰਾਜਸਥਾਨ ਸੂਬਿਆਂ ਨਾਲ ਲੱਗਦੀਆਂ ਸਰਹੱਦਾਂ 'ਤੇ ਕੁੱਲ 19 ਨਾਕੇ ਲਾਏ ਗਏ ਹਨ, ਜਿਨ੍ਹਾਂ ਵਿੱਚੋਂ 13 ਨਾਕੇ ਹਰਿਆਣਾ ਅਤੇ 06 ਨਾਕੇ ਰਾਜਸਥਾਨ ਸਰਹੱਦ ਨਾਲ ਲਾਏ ਗਏ। ਇਨ੍ਹਾਂ ਨਾਕਿਆਂ 'ਤੇ ਹਰਿਆਣਾ ਪੁਲਿਸ ਅਤੇ ਰਾਜਸਥਾਨ ਪੁਲਿਸ ਵੱਲੋਂ ਸਾਂਝੇ ਤੌਰ 'ਤੇ ਚੈਕਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ ਨਾਕਿਆਂ 'ਤੇ ਪੀ ਏ ਐਲ ਐਸ ਅਤੇ ਵਾਹਨ ਐਪ ਦੀ ਵਰਤੋਂ ਕਰਕੇ ਸ਼ੱਕੀ ਵਹੀਕਲਾਂ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਗਈ ਤਾਂ ਜੁ ਇਸ ਤਰੀਕੇ ਨਾਲ ਨਸ਼ਿਆਂ ਦੀ ਤਸਕਰੀ, ਨਜਾਇਜ਼ ਗਤੀਵਿਧੀਆਂ ਤੇ ਸ਼ਰਾਰਤੀ ਅਨਸਰਾਂ ਨੂੰ ਪਛਾਣ ਕੇ ਉਨ੍ਹਾਂ 'ਤੇ ਤੁਰੰਤ ਕਾਰਵਾਈ ਕੀਤੀ ਜਾ ਸਕੇ।

## ਉਪਭੋਗਤਾ ਜਾਗਰੂਕਤਾ ਤੇ ਔਰਤਾਂ ਦੀ ਆਰਥਿਕ ਖ਼ੁਸ਼ਹਾਲੀ ਲਈ ਸੈਮੀਨਾਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਅਰੋਗਿਆ ਜੀਵਨ (ਸਿਹਤ ਸੰਭਾਲ ਸੰਸਥਾ) ਦੁਆਰਾ ਪਿੰਡ ਦੋਦਾ ਸਥਿਤ ਧੰਨ ਧੰਨ ਬਾਬਾ ਬਾਬਾ ਧਿਆਨ ਦਾਸ ਜੀ ਡੇਰਾ ਵਿਖੇ ਉਪਭੋਗਤਾ ਜਾਗਰੂਕਤਾ ਤੇ ਔਰਤਾਂ ਦੀ ਆਰਥਿਕ ਖ਼ੁਸ਼ਹਾਲੀ ਵਿਸ਼ੇ ਅਧੀਨ ਇੱਕ ਰੋਜ਼ਾ ਸੈਮੀਨਾਰ ਕੀਤਾ ਗਿਆ।ਇਸ ਸੈਮੀਨਾਰ ਦੌਰਾਨ 50 ਦੇ ਕਰੀਬ ਔਰਤਾਂ ਨੇ ਭਾਗ ਲਿਆ।ਜਾਣਕਾਰੀ ਦਿੰਦਿਆਂ ਸੰਸਥਾ ਦੇ ਸੀਨੀਅਰ ਅਹੁਦੇਦਾਰ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਇਸ ਮੌਕੇ ਪ੍ਰਸਿੱਧ ਵਾਤਾਵਰਨ ਪ੍ਰੇਮੀ ਖ਼ੁਸ਼ਵਿੰਦਰ ਸਿੰਘ ਬਰਾੜ ਕਾਉਣੀ ਬਤੌਰ ਮੁੱਖ ਮਹਿਮਾਨ ਵਜੋਂ ਪੁੱਜੇ।ਸ਼ੁਰੂਆਤ ਵਿੱਚ ਨਰਿੰਦਰ ਸਿੰਘ ਸੰਧੂ ਦੁਆਰਾ ਆਏ ਹੋਏ ਮਹਿਮਾਨਾਂ ਤੇ ਸਰੋਤਿਆਂ ਨੂੰ ਜੀ ਆਇਆਂ ਆਖਿਆ ਗਿਆ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਸਾਲ 2011 ਤੋਂ ਸਿਹਤ ਸੰਭਾਲ ਗਤੀਵਿਧੀਆਂ ਨੂੰ ਅੰਜਾਮ ਦਿੰਦੀ ਆ ਰਹੀ ਹੈ ਅਤੇ ਉਨ੍ਹਾਂ ਦਾ ਮੁੱਖ ਮੰਤਵ ਇੱਕ ਤੰਦਰੁਸਤ ਤੇ ਆਰੋਗ ਸਮਾਜ ਦੀ ਸਥਾਪਨਾ ਕਰਨਾ ਹੈ।ਉਨ੍ਹਾਂ ਆਖਿਆ ਕਿ ਦਿਨੋਂ ਦਿਨ ਗੰਧਲਾ ਹੋ ਰਹੇ ਵਾਤਾਵਰਨ ਤੇ ਮਨੁੱਖੀ ਕਦਰਾਂ ਕੀਮਤਾਂ ਦਾ ਘਾਣ ਡੂੰਘੀ ਚਿੰਤਾ ਦਾ ਵਿਸ਼ਾ ਹੈ।ਸੰਧੂ ਨੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਰਿਸ਼ਤਿਆਂ ਦੀ ਪ੍ਰਪੱਕਤਾ ਨੂੰ ਬਰਕਰਾਰ ਰੱਖਣ ਦੀ ਅਪੀਲ ਕੀਤੀ।ਬਤੌਰ ਮੁੱਖ ਮਹਿਮਾਨ ਪੁੱਜੇ ਸ੍ਰ. ਖ਼ੁਸ਼ਵਿੰਦਰ ਸਿੰਘ ਬਰਾੜ ਕਾਉਣੀ ਨੇ ਆਪਣੇ ਸੰਬੋਧਨ ਦੌਰਾਨ ਅਰੋਗਿਆ ਜੀਵਨ (ਸਿਹਤ ਸੰਭਾਲ ਸੰਸਥਾ) ਦੀਆਂ ਕਾਰਗੁਜ਼ਾਰੀਆਂ ਦੀ ਪ੍ਰਸੰਸਾ ਕੀਤੀ।ਉਨ੍ਹਾਂ ਆਖਿਆ ਕਿ ਅਜੋਕੇ ਸਮੇਂ ਦੌਰਾਨ ਅਜਿਹੀਆਂ ਗੈਰ-ਸਰਕਾਰੀ ਪਰਉਪਕਾਰੀ ਜਥੇਬੰਦੀਆਂ ਦੀ ਹੋਂਦ ਅਤੀ ਜ਼ਰੂਰੀ ਹੈ।

ਇਸ ਮੌਕੇ ਹਾਜ਼ਰ ਔਰਤਾਂ ਨੂੰ ਜਿੱਥੇ ਉਪਭੋਗਤਾ ਜਾਗਰੂਕਤਾ ਪ੍ਰਤੀ ਪ੍ਰੇਰਿਤ ਕੀਤਾ ਗਿਆ, ਉੱਥੇ ਸੈਲਫ ਹੈਲਪ ਗਰੁੱਪ ਬਣਾ ਕੇ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਇਹ ਸੈਮੀਨਾਰ ਨੂੰ ਆਧਾਰਸ਼ਿਲਾ ਮੰਨਦਿਆਂ ਪਿੰਡ ਦੋਦਾ ਤੋਂ ਸੈਲਫ ਹੈਲਪ ਗਰੁੱਪ ਬਣਾਉਣ ਦੀ ਸ਼ੁਰੂਆਤ ਕੀਤੀ ਗਈ।ਕਾਉਣੀ ਨੇ ਇਸ ਸੈਮੀਨਾਰ ਦੌਰਾਨ ਹਾਜ਼ਰੀਨ ਨੂੰ ਪੰਜਾਬ ਤੇ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਆਪਣੇ ਜੀਵਨ ਪੱਧਰ ਨੂੰ ਉੱਚਾ ਰੱਖਣ ਲਈ ਸੰਘਰਸ਼ਸ਼ੀਲ ਔਰਤਾਂ ਦੀ ਸਫਲਤਾ ਬਾਰੇ ਜਾਣੂ ਕਰਵਾਉਂਦਿਆਂ ਬਿਨਾਂ ਬੈਂਕ ਕਰਜ਼ੇ ਤੋਂ ਕੰਮ ਕਰਨ ਲਈ ਮਸ਼ਵਰੇ ਦਿੱਤੇ।ਖਾਸ ਤੌਰ 'ਤੇ ਉਨ੍ਹਾਂ ਨੇ ਲਕੀਰ ਤੋਂ ਹੱਟ ਕੇ ਕੁਝ ਅਲੱਗ ਤਰ੍ਹਾਂ ਦੇ ਕਾਰਜ ਆਰੰਭਣ ਲਈ ਔਰਤਾਂ ਨੂੰ ਪ੍ਰੇਰਿਤ ਕੀਤਾ।ਸੰਸਥਾ ਦੁਆਰਾ ਇਸ ਮੌਕੇ ਸਾਰੇ ਭਾਗੀਦਾਰਾਂ ਦੇ ਲਈ ਚਾਹ ਪਾਣੀ ਦੇ ਸੁਚੱਜੇ ਇੰਤਜ਼ਾਮ ਵੀ ਕੀਤੇ ਗਏ।

## ਡਾ. ਬੰਦਨਾ ਬਾਂਸਲ ਡਿਪਟੀ ਮੈਡੀਕਲ ਕਮਿਸ਼ਨਰ ਹੋਏ ਸਵੈਇੱਛੁਕ ਸੇਵਾ-ਮੁਕਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਬੰਦਨਾ ਬਾਂਸਲ ਡਿਪਟੀ ਮੈਡੀਕਲ ਕਮਿਸ਼ਨਰ ਨੂੰ ਸਵੈਇੱਛਕ ਸੇਵਾਮੁਕਤ ਹੋਣ ਉਪਰੰਤ ਦਫਤਰ ਸਿਵਲ ਸਰਜਨ ਵਿਖੇ ਸ਼ਾਨਦਾਰ ਵਿਦਾਇਗੀ ਪਾਰਟੀ ਦਿੱਤੀ ਗਈ। ਡਾ. ਚੰਦਰ ਸ਼ੇਖਰ ਕੱਕੜ ਸਿਵਲ ਸਰਜਨ ਨੇ ਉਨ੍ਹਾਂ ਨੂੰ ਆਉਣ ਵਾਲੀ ਜ਼ਿੰਦਗੀ ਲਈ ਸ਼ੁਭ ਇਛਾਵਾਂ ਦਿੱਤੀਆਂ ਤੇ ਉਨ੍ਹਾਂ ਦੀ ਤੰਦਰੁਸਤੀ ਅਤੇ ਲੰਬੀ ਉਮਰ ਲਈ ਕਾਮਨਾ ਕੀਤੀ।

ਡਾ ਬੰਦਨਾਂ ਬਾਂਸਲ ਨੇ ਬਤੌਰ ਮੈਡੀਕਲ ਅਫਸਰ (ਪੀ.ਸੀ.ਐਮ.ਐਸ.) 1998 ਨੂੰ ਰੂਰਲ ਡਿਸਪੈਂਸਰੀ ਆਸਾ ਬੁੱਟਰ ਵਿਖੇ ਸਰਕਾਰੀ ਨੌਕਰੀ ਜੁਆਇਨ ਕੀਤੀ। ਆਪ ਦਾ ਵਿਆਹ ਸ੍ਰੀ ਮੁਕਤਸਰ ਸਾਹਿਬ ਵਾਸੀ ਡਾ ਮਦਨ ਮੋਹਨ ਬਾਂਸਲ, ਜੋ ਸ਼ਹਿਰ ਦੇ ਨਾਮਵਰ ਡਾਕਟਰ ਹਨ, ਨਾਲ ਹੋਇਆ ਅਤੇ ਆਪ ਦੇ ਦੋ ਲੜਕੇ ਹਨ। ਵੱਡਾ ਬੇਟਾ ਜਿਸ ਨੇ ਕਿ ਦੇਸ਼ ਦੇ ਨਾਮਵਰ ਸੰਸਥਾ ਤੋਂ ਐਮ.ਬੀ.ਬੀ.ਐਸ. ਤੇ ਐਮ.ਡੀ. ਦੀ ਡਿਗਰੀ ਲੈਣ ਉਪਰੰਤ ਏਮਜ਼ ਹਸਪਤਾਲ ਦਿੱਲੀ ਵਿਖੇ ਡੀ.ਐਮ. ਕਾਰਡੀਓਲੋਜੀ ਕਰ ਰਿਹਾ ਹੈ ਤੇ ਛੋਟਾ ਲੜਕਾ ਜਿਸ ਨੇ ਕਿ ਦਸਵੀਂ ਦੀ ਪ੍ਰੀਖਿਆ ਵਿੱਚੋਂ ਆਈ.ਸੀ.ਐਸ.ਈ. ਬੋਰਡ ਵਿਚੋਂ ਦੇਸ਼ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਦੇ ਹੋਏ ਜ਼ਿਲ੍ਹੇ ਦਾ ਮਾਣ ਵਧਾਇਆ ਅਤੇ ਇੱਕ ਵਾਰ ਫੇਰ ਕਲੈਟ ਦੀ ਪ੍ਰੀਖਿਆ ਵਿਚੋਂ ਦੇਸ਼ਭਰ ਵਿਚੋਂ ਪਹਿਲਾਂ ਸਥਾਨ ਪ੍ਰਾਪਤ ਕਰਕੇ ਨਾਂਅ ਕਮਾਇਆ। ਆਪ ਨੇ 2001 'ਚ ਸਿਵਲ ਹਸਪਤਾਲ ਵਿਖੇ ਬਤੌਰ ਕੰਨ, ਨੱਕ ਤੇ ਗਲੇ ਦਾ ਮਾਹਿਰ ਡਾਕਟਰ ਵਜੋਂ ਆਪਣੀਆਂ ਸੇਵਾਵਾਂ ਸ਼ੁਰੂ ਕੀਤੀਆਂ ਤੇ 2021 ਤੱਕ ਡਾਕਟਰੀ ਪੇਸ਼ੇ ਤੋਂ ਉੱਪਰ ਉਠ ਕੇ ਇਨਸਾਨੀਅਤ ਦੀ ਸੇਵਾ ਤਨ, ਮਨ, ਧਨ ਨਾਲ ਕੀਤੀ, ਜਿੱਥੇ ਕੰਨ, ਨੱਕ ਤੇ ਗਲੇ ਦੇ ਰੋਗੀਆਂ ਦੀ ਓ.ਪੀ.ਡੀ. ਤੋਂ ਇਲਾਵਾ ਲੋੜਵੰਦ ਮਰੀਜ਼ਾਂ ਦੇ ਮੁਫ਼ਤ ਅਪ੍ਰੇਸ਼ਨ ਵੀ ਕਰਦੇ ਰਹੇ, ਪੰਜਾਬ ਸਰਕਾਰ ਵੱਲੋਂ ਆਪ ਜੀ ਨੂੰ 2021 ਵਿੱਚ ਤਰੱਕੀ ਦੇ ਕੇ ਡਿਪਟੀ ਮੈਡੀਕਲ ਕਮਿਸ਼ਨਰ ਲਾਇਆ ਗਿਆ। ਡਿਪਟੀ ਮੈਡੀਕਲ ਕਮਿਸ਼ਨਰ ਰਹਿੰਦੇ ਹੋਏ ਆਪ ਨੇ ਬਤੌਰ ਜ਼ਿਲ੍ਹਾ ਟੀਕਾਕਰਨ ਅਫਸਰ, ਸਹਾਇਕ ਸਿਵਲ ਸਰਜਨ, ਸੀਨੀਅਰ ਮੈਡੀਕਲ ਅਫਸਰ ਤੇ ਕਾਰਜਕਾਰੀ ਸਿਵਲ ਸਰਜਨ ਵੀ ਆਪਣੀ ਡਿਊਟੀ ਪੂਰੀ ਮਿਹਨਤ, ਇਮਾਨਦਾਰੀ, ਲਿਆਕਤ ਤੇ ਤਨਦੇਹੀ ਨਾਲ ਕੀਤੀ ਹੈ। ਦਫ਼ਤਰ ਸਿਵਲ ਸਰਜਨ ਦੇ ਸਮੂਹ ਸਟਾਫ ਵਲੋਂ ਆਪ ਨੂੰ ਰਿਟਾਇਰਮੈਂਟ 'ਤੇ ਸ਼ੁਭ ਕਾਮਨਾਵਾਂ ਦਿੱਤੀਆਂ।

ਇਸ ਮੌਕੇ ਡਾ ਚੰਦਰ ਸ਼ੇਖਰ ਸਿਵਲ ਸਰਜਨ, ਡਾ. ਸੁਨੀਲ ਬਾਂਸਲ ਜ਼ਿਲ੍ਹਾ ਟੀਕਾਕਰਨ ਅਫਸਰ, ਡਾ ਮਦਨ ਮੋਹਨ ਬਾਂਸਲ, ਡਾ. ਹਰਕੀਰਤਨ ਸਿੰਘ ਜ਼ਿਲ੍ਹਾ ਐਪੀਡੀਮੋਲੋਜਿਸਟ, ਸੁਖਮੰਦਰ ਸਿੰਘ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ, ਸੁਨੀਲ ਸਿੰਗਲਾ ਸੀਨੀਅਰ ਫਾਰਮੇਸੀ ਅਫਸਰ, ਸਤਵੀਰ ਕੌਰ, ਰੁਪਿੰਦਰ ਕੌਰ ਸੁਪਰਡੈਂਟ ਤੇ ਦਫ਼ਤਰ ਸਿਵਲ ਸਰਜਨ ਦਾ ਸਟਾਫ਼ ਤੇ ਡੀ.ਐਮ.ਸੀ. ਦਾ ਸਟਾਫ਼ ਹਾਜ਼ਰ ਸੀ ।

## ਪੈਸਿਆਂ ਦੇ ਵਿਵਾਦ ਨੂੰ ਲੈ ਕੇ ਨੌਜਵਾਨ ਦੀ ਕੁੱਟਮਾਰ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਦੀ ਪੁਲਸ ਨੇ ਬੀਤੇ ਦਿਨ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਇੱਕ ਨੌਜਵਾਨ ਨਾਲ ਕੁੱਟਮਾਰ ਕਰਕੇ ਉਸ ਨੂੰ ਜ਼ਖ਼ਮੀ ਕਰਨ ਵਾਲੇ 9 ਲੋਕਾਂ ਵਿਰੁੱਧ ਕੁੱਟਮਾਰ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਦੇ ਏਐੱਸਆਈ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨ ਵਿੱਚ ਗੌਰਵ ਧਵਨ ਪੁੱਤਰ ਮਹੇਸ਼ ਧਵਨ ਵਾਸੀ ਮੁਹੱਲਾ ਬਾਵੀਆਂ ਵਾਲਾ ਗਲੀ ਇੰਦਰ ਸਿੰਘ ਸੋਢੀ ਫਿਰੋਜ਼ਪੁਰ ਨੇ ਦੱਸਿਆ ਕਿ ਬੀਤੇ ਦਿਨ ਵਰਿਆਮ ਸਿੰਘ ਪੁੱਤਰ ਸ਼ਵਿੰਦਰ ਸਿੰਘ ਵਾਸੀ ਗਲੀ ਨੰਬਰ 1 ਆਊਟਸਾਈਡ ਬਾਂਸੀ ਗੇਟ ਫਿਰੋਜ਼ਪੁਰ, ਗੁਰਪ੍ਰੀਤ ਸਿੰਘ ਉਰਫ਼ ਗੌਰਾ ਪੁੱਤਰ ਮੰਗਲ ਵਾਸੀ ਅਲੀਕੇ, ਗਗਨ, ਸੋਨੂੰ ਤੇ 5 ਅਣਪਛਾਤੇ ਲੋਕਾਂ ਨੇ ਉਸ ਨਾਲ ਮਾਰਪੀਟ ਕੀਤੀ ਅਤੇ ਉਸ ਨੂੰ ਜ਼ਖ਼ਮੀ ਕਰ ਦਿੱਤਾ। ਪੀੜਤ ਨੇ ਦੱਸਿਆ ਕਿ ਗੁਰਪ੍ਰੀਤ ਸਿੰਘ ਉਰਫ਼ ਗੌਰਾ ਨੇ ਉਸ ਤੋਂ ਘਰ ਦੇ ਕੰਮ ਲਈ ਪੈਸੇ ਲਏ ਸਨ, ਜੋ ਉਸ ਨੇ ਵਾਪਸ ਮੰਗੇ। ਇਸ ਰੰਜਿਸ਼ ਕਾਰਨ ਉਕਤ ਲੋਕਾਂ ਨੇ ਇਸ ਘਟਨਾ ਨੂੰ ਅੰਜਾਮ ਦਿੱਤਾ। ਮਾਮਲੇ ਦੀ ਜਾਂਚ ਕਰ ਰਹੇ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਇਸ ਮਾਮਲੇ ਵਿੱਚ ਸਾਰਿਆਂ 'ਤੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪੰਜਾਬ 'ਚ ਨਸ਼ਿਆਂ ਦੀ ਅਲਾਮਤ ਪਿੱਛੇ 'ਆਪ' ਦੀ ਲੀਡਰਸ਼ਿਪ : ਅਨਿਲ ਸਰੀਨ

**■ ਭਾਜਪਾ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਤੇ ਚੁੱਕੇ ਸਵਾਲ**

**ਲੁਧਿਆਣਾ (ਜਸਦੀਪ ਵਰਤੀਆ)**-ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਵੱਲੋਂ ਭਾਰਤੀ ਜਨਤਾ ਪਾਰਟੀ 'ਤੇ ਨਸ਼ਾ ਸਪਲਾਇਰਾਂ ਦੀ ਮਦਦ ਕਰਨ ਦੇ ਦੋਸ਼ ਲਗਾਏ ਜਾਣ ਤੋਂ ਕੁਝ ਦਿਨ ਬਾਅਦ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਾਰੀਨ ਨੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨਾਲ ਸੋਮਵਾਰ ਨੂੰ ਸ਼ਹਿਨਸ਼ਾਹ ਪੈਲੇਸ ਫ਼ਿਰੋਜ਼ਪੁਰ ਰੋਡ 'ਤੇ ਇੱਕ ਪ੍ਰੈੱਸ ਕਾਨਫ਼ਰੰਸ ਕੀਤੀ।ਭਾਜਪਾ ਆਗੂਆਂ ਨੇ ਦਾਅਵਾ ਕੀਤਾ ਕਿ ਜੇਕਰ ਸੂਬੇ ਵਿੱਚੋਂ ਨਸ਼ਿਆਂ ਦਾ ਮੁੱਦਾ ਖ਼ਤਮ ਨਹੀਂ ਹੋ ਰਿਹਾ, ਤਾਂ ਇਹ 'ਆਪ' ਸਰਕਾਰ ਕਾਰਨ ਹੈ, ਕਿਉਂਕਿ ਇਸ ਦੇ ਆਗੂ ਇਸ ਅਲਾਮਤ ਲਈ ਜ਼ਿੰਮੇਵਾਰ ਹਨ।ਉਨ੍ਹਾਂ ਦੋਸ਼ ਲਗਾਇਆ ਕਿ 'ਆਪ' ਆਗੂ ਨਸ਼ਾ ਸਪਲਾਇਰਾਂ ਨਾਲ ਮਿਲੇ ਹੋਏ ਹਨ ਤੇ ਇਹੀ ਕਾਰਨ ਹੈ ਕਿ ਉਨ੍ਹਾਂ ਦੀ ਕਥਿਤ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਬਾਵਜੂਦ ਅਜੇ ਤੱਕ ਇੱਕ ਵੀ ਨਸ਼ਾ ਸਪਲਾਇਰ ਗ੍ਰਿਫ਼ਤਾਰ ਨਹੀਂ ਕੀਤਾ ਗਿਆ।ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਸਾਰੀਨ ਨੇ ਕਿਹਾ ਕਿ 'ਆਪ' ਸੰਸਦ ਮੈਂਬਰ ਕੰਗ ਨੇ ਭਾਜਪਾ 'ਤੇ ਗੰਭੀਰ ਦੋਸ਼ ਲਗਾਏ ਸਨ, ਜਦੋਂਕਿ ਉਹ ਦੋਸ਼ ਬੇਬੁਨਿਆਦ ਸਨ, ਕਿਉਂਕਿ 5 ਗ੍ਰਾਮ ਹੈਰੋਇਨ ਸਮੇਤ ਫੜੇ ਗਏ ਵਿਅਕਤੀ ਦੀ ਪਛਾਣ ਸਿਰਫ਼ ਇੱਕ ਵਿਅਕਤੀ ਦੁਆਰਾ ਕੀਤੀ ਗਈ ਸੀ ਅਤੇ 'ਆਪ' ਆਗੂਆਂ ਨੇ ਪ੍ਰਚਾਰ ਕੀਤਾ ਕਿ ਭਾਜਪਾ ਨਸ਼ਾ ਸਪਲਾਇਰਾਂ ਦੀ ਮਦਦ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ 28 ਮਈ ਨੂੰ ਅਜਨਾਲਾ ਪੁਲਸ ਨੇ 50 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਸੀ, ਜੋ ਕਿ ਵਪਾਰਕ ਸ਼੍ਰੇਣੀ ਵਿੱਚ ਮੰਨਿਆ ਜਾਂਦਾ ਹੈ, ਪਰ ਹੈਰਾਨੀ ਦੀ ਗੱਲ ਹੈ ਕਿ ਆਮ ਆਦਮੀ ਪਾਰਟੀ ਸਰਕਾਰ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਉਨ੍ਹਾਂ ਦੀ ਮਦਦ ਲਈ ਪੁਲਸ ਸਟੇਸ਼ਨ ਪਹੁੰਚ ਗਏ।ਉਨ੍ਹਾਂ ਦੋਸ਼ ਲਾਇਆ ਕਿ ਧਾਲੀਵਾਲ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਪੋਸਟ ਕੀਤਾ ਕਿ ਕਿਉਂਕਿ ਉਹ ਲੜਕੇ ਬਹੁਤ ਛੋਟੇ ਸਨ, ਇਸ ਲਈ ਉਨ੍ਹਾਂ ਨੇ ਪੁਲਸ ਨੂੰ ਉਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰ ਭੇਜਣ ਦਾ ਹੁਕਮ ਦਿੱਤਾ।

ਸਾਰੀਨ ਨੇ 'ਆਪ' ਆਗੂਆਂ ਤੋਂ ਸਵਾਲ ਕੀਤਾ ਕਿ ਜਦੋਂ ਉਨ੍ਹਾਂ ਖ਼ਿਲਾਫ਼ ਐੱਫ.ਆਈ.ਆਰ. ਦਰਜ ਹੋ ਚੁੱਕੀ ਹੈ ਤਾਂ ਉਨ੍ਹਾਂ ਨੂੰ ਦੋ ਦੋਸ਼ੀਆਂ ਨੂੰ ਨਸ਼ਾ ਛੁਡਾਊ ਕੇਂਦਰ ਭੇਜਣ ਲਈ ਪੁਲਸ ਨੂੰ ਹੁਕਮ ਦੇਣ ਦਾ ਅਧਿਕਾਰ ਕਿਸ ਨੇ ਦਿੱਤਾ।ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਇੱਕ ਮਹੀਨੇ ਤੋਂ ਵੱਧ ਚੱਲੀ ਇਸ ਮੁਹਿੰਮ ਵਿੱਚ 'ਆਪ' ਸੂਬੇ ਵਿੱਚ ਇੱਕ ਵੀ ਵੱਡੇ ਨਸ਼ਾ ਸਪਲਾਇਰ ਨੂੰ ਫੜਨ ਵਿੱਚ ਕਾਮਯਾਬ ਨਹੀਂ ਹੋ ਸਕੀ। ਸਾਰੀਨ ਨੇ ਕੁਲਦੀਪ ਸਿੰਘ ਧਾਲੀਵਾਲ ਦੇ ਇਸ ਕਾਰਜ ਲਈ ਅਸਤੀਫ਼ੇ ਦੀ ਮੰਗ ਕੀਤੀ।ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ, ਸੂਬਾ ਮਹਾਮੰਤਰੀ ਦਯਾਲ ਸਿੰਘ ਸੋਢੀ, ਸੂਬਾ ਸੇ ਬੁਲਾਰੇ ਡਾਕਟਰ ਕਰਮਜੀਤ ਸੋਈ, ਪ੍ਰਿਤਪਾਲ ਸਿੰਘ ਬਲੇਕਾਲ, ਪ੍ਰਦੇਸ਼ ਦੇ ਪੂਰਵ ਪ੍ਰੈੱਸ ਸਕੱਤਰ ਜਨਾਰਧਨ ਸ਼ਰਮਾ, ਪ੍ਰੈੱਸ ਸਕੱਤਰ ਡਾਕਟਰ ਸਤੀਸ਼ ਕੁਮਾਰ ਆਦਿ ਹਾਜ਼ਰ ਸਨ।

## ਨੈਸ਼ਨਲ ਕਾਲਜ ਦਾ ਬੀ ਏ, ਬੀ ਐੱਡ ਦਾ ਨਤੀਜਾ ਸ਼ਾਨਦਾਰ



**ਭੀਖੀ (ਧਰਮਵੀਰ ਸ਼ਰਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਬੀ.ਏ.ਬੀ.ਐੱਡ. ਸਮੈਸਟਰ ਸੱਤਵਾਂ ਦੇ ਨਤੀਜੇ ਵਿੱਚ ਨੈਸ਼ਨਲ ਕਾਲਜ ਭੀਖੀ ਦੇ ਵਿਥਿਆਰੀਥਆਂ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਪ੍ਰਿੰਸੀਪਲ ਡਾ. ਐੱਮ. ਕੇ. ਮਿਸ਼ਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਜਿੰਦਰ ਕੌਰ ਨੇ 273 ਅੰਕ ਹਾਸਲ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਪ੍ਰਿਆ ਰਾਣੀ, ਲਖਵਿੰਦਰ ਕੌਰ, ਜਸਪ੍ਰੀਤ ਕੌਰ ਨੇ 271 ਅੰਕ ਪ੍ਰਾਪਤ ਕਰਕੇ ਦੂਜਾ ਤੇ ਤਨੂ, ਸ਼ਰਨਪ੍ਰੀਤ ਕੌਰ, ਅੰਜਲੀ ਨੇ 270 ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਕਾਲਜ ਪ੍ਰਧਾਨ ਹਰਬੰਸ ਦਾਸ ਬਾਵਾ ਤੇ ਪ੍ਰਿੰਸੀਪਲ ਡਾ. ਐੱਮ ਕੇ ਮਿਸ਼ਰਾ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਹਰ ਵਾਰ ਦੀ ਤਰ੍ਹਾਂ ਯੂਨੀਵਰਸਿਟੀ ਦੇ ਨਤੀਜਿਆਂ ਵਿੱਚ ਕਾਲਜ ਦਾ ਨਾਮ ਮੋਹਰੀ ਕਾਲਜਾਂ ਵਿੱਚ ਆਉਂਦਾ ਹੈ ਤੇ ਕਾਲਜ ਦੇ ਸਾਰੇ ਕੋਰਸਾਂ ਦੇ ਨਤੀਜੇ ਕਾਲਜ ਸਟਾਫ਼ ਦੀ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਪ੍ਰੋ. ਗੁਰਤੇਜ ਸਿੰਘ ਤੇਜੀ, ਵਿਭਾਗ ਮੁਖੀ ਪ੍ਰੋ. ਸੁਪਿੰਦਰ ਪਾਲ, ਪ੍ਰੋ. ਸੁਖਪਾਲ ਕੌਰ, ਪ੍ਰੋ. ਹਰਬੰਸ ਸਿੰਘ, ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਅਮਨਦੀਪ ਕੌਰ ਤੇ ਸਮੂਹ ਸਟਾਫ਼ ਹਾਜ਼ਰ ਸੀ।

## ਸਰੀਰ ਨੂੰ ਤੰਦਰੁਸਤ ਰੱਖਣ ਲਈ ਹਰ ਰੋਜ਼ ਚਲਾਓ ਸਾਈਕਲ : ਰਾਕੇਸ਼ ਮੋਂਗਾ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਸਰੀਰ ਨੂੰ ਤੰਦਰੁਸਤ ਰੱਖਣ ਲਈ ਸਾਈਕਲਿੰਗ ਇੱਕ ਅਹਿਮ ਹਿੱਸਾ ਹੈ। ਨੌਜਵਾਨਾਂ ਵੱਲੋਂ ਮੁੜ ਤੋਂ ਹਰ ਰੋਜ਼ ਕਈ ਕਈ ਕਿਲੋਮੀਟਰ ਸਫਰ ਤੈਅ ਕਰਕੇ ਸਾਈਕਲ ਚਲਾ ਕੇ ਆਪਣੇ ਸਰੀਰ ਨੂੰ ਤੰਦਰੁਸਤ ਰੱਖਿਆ ਜਾ ਰਿਹਾ ਹੈ, ਉਥੇ ਹੀ ਜੇ ਗੱਲ ਕੀਤੀ ਜਾਵੇ ਤਾਂ ਸਾਈਕਲਿੰਗ ਕਰਕੇ ਆਪਣਾ ਨਾਮ ਕਮਾ ਚੁੱਕੇ ਪਰਮਿੰਦਰ ਸਿੰਘ ਕੋਟਕਪੂਰਾ ਵਾਲਿਆਂ ਦੀ ਤਾਂ ਪਰਮਿੰਦਰ ਸਿੰਘ ਕੋਟਕਪੂਰਾ ਵਾਲੇ ਦਾ ਨਾਮ ਸਾਇਕਲਿੰਗ ਦੀ ਦੁਨੀਆ ਦਾ ਜਾਣਿਆ ਪਹਿਚਾਣਿਆ ਨਾਮ ਹੈ। ਪਰਮਿੰਦਰ ਸਿੰਘ, ਜਿਨ੍ਹਾਂ ਦੇ ਨਾਮ ਨੈਸ਼ਨਲ ਲੈਵਲ 'ਤੇ ਕਈ ਰਿਕਾਰਡ ਦਰਜ ਹਨ ਅਤੇ ਇੰਡੀਆ ਬੁੱਕ ਆਫ਼ ਰਿਕਾਰਡ, ਏਸ਼ੀਆ ਬੁੱਕ ਆਫ਼ ਰਿਕਾਰਡ ਤੇ ਇੰਟਰਨੈਸ਼ਨਲ ਬੁੱਕ ਆਫ਼ ਰਿਕਾਰਡ 'ਚ ਵੀ ਲਗਾਤਾਰ 700 ਦਿਨ ਰੋਜ਼ 100 ਕਿਲੋਮੀਟਰ ਸਾਈਕਲਿੰਗ ਦਾ ਰਿਕਾਰਡ ਵੀ ਉਹਨਾਂ ਦੇ ਨਾਮ ਦਰਜ ਹੈ, ਉਹ ਅੱਜ ਕੋਟਕਪੂਰਾ ਤੋਂ ਆਪਣੇ ਸਾਥੀਆਂ ਗੁਰਵਿੰਦਰ ਸਿੰਘ ਬਰਾੜ ਤੇ ਗੁਰਮੀਤ ਸਿੰਘ ਨਾਲ ਸਾਈਕਲਿੰਗ ਕਰਦੇ ਹੋਏ ਸ਼੍ਰੀ ਮੁਕਤਸਰ ਸਾਹਿਬ ਤੋਂ ਹੁੰਦੇ ਹੋਏ ਗੁਰੂ ਹਰਸਹਾਏ ਵਿਖੇ ਗੁਰੂ ਹਰਸਹਾਏ ਦੇ ਪ੍ਰਸਿੱਧ ਸਾਈਕਲਿਸਟ ਰਾਕੇਸ਼ ਮੋਂਗਾ ਨੂੰ ਮਿਲਣ ਲਈ ਮੋਂਗਾ ਕਲੀਨਿਕਲ ਲੈਬ 'ਤੇ ਪਹੁੰਚੇ।ਇਸ ਮੌਕੇ ਗੱਲਬਾਤ ਕਰਦੇ ਹੋਏ ਪ੍ਰਸਿੱਧ ਸਾਈਕਲਿਸਟ ਪਰਮਿੰਦਰ ਸਿੰਘ ਤੇ ਰਾਕੇਸ਼ ਮੋਂਗਾ ਨੇ ਦੱਸਿਆ ਕਿ ਉਹ ਪਿਛਲੇ ਕਈ ਸਾਲਾਂ ਤੋਂ ਸਾਈਕਲਿੰਗ ਕਰ ਰਹੇ ਹਨ ਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਸਾਈਕਲ ਚਲਾਉਣ ਦੇ ਲਈ ਪ੍ਰੇਰਿਤ ਕਰ ਰਹੇ ਹਨ, ਤਾਂ ਜੋ ਨੌਜਵਾਨ ਜਿੱਥੇ ਤੰਦਰੁਸਤ ਰਹਿਣ, ਉਥੇ ਹੀ ਗੰਭੀਰ ਬਿਮਾਰੀਆਂ ਤੋਂ ਵੀ ਬਚਣ। ਉਨ੍ਹਾਂ ਨੇ ਨੌਜਵਾਨਾਂ ਤੇ ਬਜ਼ੁਰਗਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਸਾਈਕਲਿੰਗ ਕਰਨ ਤਾਂ ਜੋ ਟੈਂਸ਼ਨ ਭਰੀ ਜ਼ਿੰਦਗੀ ਤੋਂ ਨਿਜਾਤ ਮਿਲ ਸਕੇ।

## ...ਸ.ਫ਼ਾ 1 ਦੇ ਬਾਕੀ

### ਦੇਸ਼ ਭਗਤਾਂ ਵੱਲੋਂ ਡਾ. ਸਵਰਾਜਬੀਰ...

ਕਿਵੇਂ ਨੇ ਅਤੇ ਭਵਿੱਖ 'ਚ ਕੀ ਕਰਨਾ ਲੋੜੀਏ, ਖੋਜ ਕਾਰਜ ਦੇ ਸੰਬੰਧ ਵਿੱਚ ਦੇਸ਼ ਭਗਤ ਯਾਦਗਾਰ ਹਾਲ ਆਏ ਸਨ। ਪੁਸਤਕਾਂ ਦੇ ਸੈੱਟ ਨਾਲ ਡਾ. ਸਵਰਾਜਬੀਰ ਦਾ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਮਿਊਜ਼ੀਅਮ ਕਮੇਟੀ ਦੇ ਕਨਵੀਨਰ ਸੁਰਿੰਦਰ ਕੁਮਾਰੀ ਕੋਛੜ, ਕਮੇਟੀ ਦੇ ਸੀਨੀਅਰ ਟਰੱਸਟੀ ਗੁਰਮੀਤ ਮੌਜੂਦ ਸਨ। ਉਹਨਾਂ ਡਾ. ਸਵਰਾਜਬੀਰ ਨੂੰ ਇਸ ਵਰ੍ਹੇ ਗ਼ਦਰੀ ਗੁਲਾਬ ਕੌਰ ਨੂੰ ਸਮਰਪਤ ਕੀਤੇ ਜਾ ਰਹੇ ਮੇਲੇ 'ਚ ਹਰ ਵਾਰ ਦੀ ਤਰ੍ਹਾਂ ਸ਼ਿਰਕਤ ਕਰਨ ਦੀ ਅਪੀਲ ਵੀ ਕੀਤੀ। ਜ਼ਿਕਰਯੋਗ ਹੈ ਕਿ ਦੇਸ਼ ਭਗਤ ਕਮੇਟੀ ਨੇ ਅੱਜ ਦੁਨੀਆ ਦੀ ਪ੍ਰਸਿੱਧ ਵਾਤਾਵਰਨ ਪ੍ਰੇਮੀ ਗ੍ਰੇਟਾ ਥਨਬਰਗ, ਫਰਾਂਸ, ਜਰਮਨ, ਸਪੇਨ, ਨੀਦਰਲੈਂਡ ਆਦਿ ਦੇ ਵਫ਼ਦ ਦੀ ਅਗਵਾਈ 'ਚ ਭੁੱਖਮਰੀ ਦਾ ਸ਼ਿਕਾਰ ਗਾਜ਼ਾ ਫਲਸਤੀਨ ਵਾਸੀਆਂ ਲਈ ਰਾਹਤ ਸਮੱਗਰੀ ਲੈ ਕੇ ਜਾ ਰਹੇ ਜਹਾਜ਼ ਨੂੰ ਇਜ਼ਰਾਈਲ ਵੱਲੋਂ ਪਹਿਲਾਂ ਬੰਬ ਨਾਲ ਉਡਾਏ ਜਾਣ ਦੀਆਂ ਧਮਕੀਆਂ ਦੇਣ ਅਤੇ ਫ਼ਿਰ ਫੌਜੀ ਜਹਾਜ਼ਾਂ, ਡਰੋਨਾਂ ਰਾਹੀਂ ਮਾਰੂ ਕੈਮੀਕਲ ਦਾ ਛਿੜਕਾਅ ਕਰਕੇ ਰਾਹਤ ਸਮੱਗਰੀ ਵਾਲੇ ਵਫ਼ਦ ਨੂੰ ਡੱਕਣ ਲਈ ਕੀਤੀਆਂ ਗੈਰ-ਮਾਨਵੀ ਅਤੇ ਸਿਰੇ ਦੀਆਂ ਹੈਂਕੜ ਭਰੀਆਂ ਕਾਰਵਾਈਆਂ ਦੀ ਤਿੱਖੀ ਆਲੋਚਨਾ ਕੀਤੀ ਗਈ। ਉਹਨਾਂ ਕਿਹਾ ਕਿ ਰਾਹਤ ਸਮੱਗਰੀ ਲੈ ਕੇ ਜਾ ਰਹੇ ਵਫ਼ਦ ਨੂੰ ਇਜ਼ਰਾਈਲੀ ਹਾਕਮਾਂ ਵੱਲੋਂ ਗ੍ਰਿਫ਼ਤਾਰ ਕਰਨਾ ਮਾਨਵੀ ਅਧਿਕਾਰਾਂ ਦੀ ਘੋਰ ਉਲੰਘਣਾ ਹੈ। ਅਮਰੀਕਾ ਦੇ ਸ਼ਹਿਰ ਲਾਸ ਏਂਜਲਸ ਵਿੱਚ ਪ੍ਰਵਾਸੀ ਕਾਮਿਆਂ ਦੇ ਉਜਾੜੇ ਖ਼ਿਲਾਫ਼ ਜਨਤਕ ਪ੍ਰਤੀਰੋਧ ਨੂੰ ਦਬਾਉਣ ਲਈ ਟਰੰਪ ਹਕੂਮਤ ਵੱਲੋਂ ਸ਼ਹਿਰ ਨੂੰ ਫੌਜੀ ਛਾਉਣੀ 'ਚ ਤਬਦੀਲ ਕਰਨ ਅਤੇ ਲੋਕਾਂ ਉਪਰ ਕਹਿਰ ਢਾਹੁਣ ਅਤੇ ਫ਼ਲਸਤੀਨੀ ਲੋਕਾਂ ਲਈ ਰਾਹਤ ਸਮੱਗਰੀ ਰੋਕਣ ਵਿਰੁੱਧ, ਦੁਨੀਆਂ ਭਰ 'ਚ ਵਸਦੇ ਗ਼ਦਰੀਆਂ ਦੇ ਵਾਰਸ ਭਾਰਤ ਵਾਸੀਆਂ ਨੂੰ ਆਵਾਜ਼ ਉਠਾਉਣ ਦੀ ਕਮੇਟੀ ਨੇ ਅਪੀਲ ਕੀਤੀ ਹੈ।

### ਡਾਕਟਰਾਂ ਨੇ ਮੰਤਰੀ ...

ਲਈ ਮੁੱਖ ਮੈਡੀਕਲ ਅਫਸਰ ਡਾਕਟਰ ਰੁਦਰੇਸ਼ ਕੁਟੀਕਰ 'ਤੇ ਗੁੱਸਾ ਜ਼ਾਹਰ ਕੀਤਾ ਸੀ ਅਤੇ ਉਸ ਨੂੰ ਮੁਅੱਤਲ ਕਰਨ ਦਾ ਹੁਕਮ ਦਿੱਤਾ ਸੀ। ਹਾਲਾਂਕਿ ਮੁੱਖ ਮੰਤਰੀ ਪਰਮੋਦ ਸਾਵੰਤ ਨੇ ਐਤਵਾਰ ਵਿਵਾਦਪੂਰਨ ਫੈਸਲੇ ਨੂੰ ਰੱਦ ਕਰਦਿਆਂ ਮਾਮਲੇ ਨੂੰ ਕੰਟਰੋਲ ਕਰਨ ਦੀ ਕੋਸ਼ਿਸ਼ ਕੀਤੀ, ਪਰ ਆਈ ਐੱਮ ਏ ਗੋਆ ਸਮੇਤ ਕਈ ਮੈਡੀਕਲ ਯੂਨੀਅਨਾਂ ਨੇ ਮੰਤਰੀ ਨੂੰ ਆਪਣੇ ਵਿਵਹਾਰ ਲਈ ਮੁਆਫੀ ਮੰਗਣ ਲਈ 48 ਘੰਟਿਆਂ ਦੀ ਸਮਾਂ-ਸੀਮਾ ਦਿੱਤੀ ਸੀ।

### ਹਰਨੇਕ ਸਿੰਘ ਨੇਕ ਵੱਲੋਂ...

ਕਾਮਰੇਡ ਹਰਨੇਕ ਸਿੰਘ ਨੇਕ ਵੱਲੋਂ ਖਿੜੇ ਮੱਥੇ ਪਾਏ ਸਹਿਯੋਗ ਅਤੇ ਅੱਗੇ ਲਈ ਉਤਸ਼ਾਹ ਭਰਪੂਰ ਅਤੇ ਹੋਰਨਾਂ ਲਈ ਪ੍ਰੇਰਨਾ-ਸਰੋਤ ਹੁੰਗਾਰੇ ਲਈ ਵੀ ਪਾਰਟੀ ਆਗੂਆਂ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

ਪਾਰਟੀ ਆਗੂਆਂ ਨੇ ਦੱਸਿਆ ਕਿ ਪਾਰਟੀ ਕਾਂਗਰਸ ਲਈ ਜ਼ਿਲ੍ਹੇ ਵਿੱਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। 21 ਸਤੰਬਰ ਨੂੰ ਹੋ ਰਹੀ ਰੈਲੀ ਵਿੱਚ ਵੀ ਦਸ ਬੱਸਾਂ ਦੇ ਕਾਫਲੇ ਨਾਲ ਸ਼ਮੂਲੀਅਤ ਕੀਤੀ ਜਾਵੇਗੀ। ਕਾਂਗਰਸ ਦੇ ਪ੍ਰਚਾਰ ਅਤੇ ਮਜ਼ਦੂਰਾਂ ਕਿਸਾਨਾਂ, ਨੌਜਵਾਨਾਂ ਅਤੇ ਸਮਾਜ ਦੇ ਵੱਖ-ਵੱਖ ਮੁੱਦਿਆਂ ਨੂੰ ਉਭਾਰਨ ਲਈ ਜ਼ਿਲ੍ਹੇ ਅੰਦਰ ਬਾਲ ਪੇਂਟਿੰਗ ਵੀ ਕੀਤੀ ਜਾ ਰਹੀ ਹੈ।

## ਬਾਡੀ ਬਿਲਡਰ ਸਨਮੀਤ ਗਿੱਲ ਨੇ ਭਾਰਤ ਪ੍ਰੋ ਸ਼ੋਅ 'ਚ ਜਿੱਤਿਆ ਸੋਨ ਤਮਗਾ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਦੇ ਬਾਡੀ ਬਿਲਡਰ ਸਨਮੀਤ ਸਿੰਘ ਗਿੱਲ ਨੇ ਭਾਰਤ ਪ੍ਰੋ ਸ਼ੋਅ ਵਿੱਚ ਸੋਨ ਤਮਗਾ ਜਿੱਤ ਕੇ ਇਤਿਹਾਸ ਰਚਿਆ ਹੈ। ਇਸ ਜਿੱਤ ਨਾਲ ਉਹ ਵੱਕਾਰੀ ਮਿਸਟਰ ਓਲੰਪੀਆ ਮੁਕਾਬਲੇ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਵਾਲਾ ਪਹਿਲਾ ਸਿੱਖ ਐਥਲੀਟ ਬਣ ਗਿਆ ਹੈ। ਉਸ ਨੂੰ ਅਕਤੂਬਰ ਵਿੱਚ ਲਾਸ ਵੇਗਾਸ ਵਿੱਚ ਹੋਣ ਵਾਲੇ ਇਸ ਅੰਤਰਰਾਸ਼ਟਰੀ ਮੁਕਾਬਲੇ ਲਈ 9886 ਦੁਆਰਾ ਕੁਆਲੀਫਾਈ ਕੀਤਾ ਗਿਆ ਹੈ। ਸਨਮੀਤ ਨੇ ਦੱਸਿਆ ਕਿ ਉਸ ਨੇ ਖੁਦ ਜਿੰਮ ਜਾਣ ਤੇ ਬਾਡੀ ਬਿਲਡਰ ਬਣਨ ਦਾ ਫੈਸਲਾ ਕੀਤਾ ਸੀ। ਵਿਦੇਸ਼ ਤੋਂ ਉਸਦੇ ਕੋਚ ਮਾਰਟਿਨ ਤੇ ਚੰਡੀਗੜ੍ਹ ਤੋਂ ਗੁਰਦੇਸ਼ ਮਾਨ ਨੇ ਵੀ ਇਸ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਉਸਦਾ ਸਮਰਥਨ ਕੀਤਾ। ਸਨਮੀਤ ਸਿੰਘ ਗਿੱਲ 28 ਸਾਲ ਦਾ ਹੈ ਤੇ ਕੱਦ ਲਗਭਗ 5 ਫੁੱਟ 8 ਇੰਚ ਹੈ ਅਤੇ ਭਾਰ ਲਗਭਗ 90 ਕਿਲੋਗ੍ਰਾਮ ਹੈ। ਉਹ ਦਿਨ ਵਿੱਚ ਲਗਭਗ ਪੰਜ ਵਾਰ ਹਾਈ ਪ੍ਰੋਟੀਨ ਖੁਰਾਕ ਲੈਂਦਾ ਹੈ। ਉਹ ਆਪਣੀ ਖੁਰਾਕ ਵਿੱਚ ਅੰਡੇ ਤੇ ਚਿਕਨ ਸ਼ਾਮਲ ਕਰਦਾ ਹੈ। ਸਨਮੀਤ ਨੇ ਡੀਏਵੀ ਸਕੂਲ ਸਿਰਸਾ ਤੋਂ 12ਵੀਂ ਤੱਕ ਪੜ੍ਹਾਈ ਕੀਤੀ ਹੈ ਤੇ ਸਿਰਸਾ ਦੇ ਜੇਸੀਡੀ ਵਿਦਿਆਪੀਠ ਤੋਂ ਕੰਪਿਊਟਰ ਐਪਲੀਕੇਸ਼ਨ ਵਿੱਚ ਬੈਚਲਰ ਕੀਤਾ ਹੈ। ਸਨਮੀਤ ਸਿੰਘ ਨੇ ਦੱਸਿਆ ਕਿ ਉਸ ਨੂੰ ਸ਼ੁਰੂ ਤੋਂ ਹੀ ਜਿੰਮ ਜਾਣ ਦਾ ਸ਼ੌਕ ਸੀ। ਸਨਮੀਤ ਨੇ ਦੱਸਿਆ ਕਿ ਉਸ ਨੇ ਨਵੀਂ ਦਿੱਲੀ ਵਿੱਚ ਆਯੋਜਿਤ ਆਈਐੱਫਬੀਬੀ ਪ੍ਰੋ ਲੀਗ ਕੁਆਲੀਫਾਇਰ ਵਿੱਚ ਹਿੱਸਾ ਲਿਆ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ, ਪਰ ਹਿੰਮਤ ਨਹੀਂ ਹਾਰੀ ਸਾਲ 2025 ਵਿੱਚ ਉਸ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨ ਤਮਗਾ ਜਿੱਤਿਆ। ਉਹ ਇਹ ਖਿਤਾਬ ਪ੍ਰਾਪਤ ਕਰਨ ਵਾਲਾ ਪਹਿਲਾ ਭਾਰਤੀ ਸਿੱਖ ਹੈ। ਹੁਣ ਉਹ ਅਕਤੂਬਰ ਵਿੱਚ ਅਮਰੀਕਾ ਦੇ ਲਾਸ ਵੇਗਾਸ ਵਿੱਚ ਅੰਤਰਰਾਸ਼ਟਰੀ ਪੱਧਰ ਦੇ ਪ੍ਰੋ ਸ਼ੋਅ ਮੁਕਾਬਲੇ ਦੀਆਂ ਤਿਆਰੀਆਂ ਵਿੱਚ ਰੁੱਝਿਆ ਹੋਇਆ ਹੈ।

## ਕਿਸਾਨਾਂ ਨਾਲ ਵਿਗਿਆਨਕ ਜਾਣਕਾਰੀ ਸਾਂਝੀ ਕੀਤੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰਾਲਾ, ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤੇ ਭਾਰਤੀ ਖੇਤੀ ਖੋਜ ਪ੍ਰੀਸ਼ਦ ਦੀ ਤਕਨੀਕੀ ਸਹਾਇਤਾ ਨਾਲ ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ ਦੇ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਚਲੈਲਾ, ਫੱਗਣ ਮਾਜਰਾ, ਲੰਗ, ਰੌਂਗਲਾ, ਲਚਕਾਣੀ, ਬਾਰਨ, ਹਸਨਪੁਰ ਤੇ ਮਿਰਜ਼ਾਪੁਰ ਵਿੱਚ ਕੈਂਪ ਆਯੋਜਤ ਕੀਤੇ ਗਏ ਤੇ ਟੀਮਾਂ ਨੇ ਕਿਸਾਨਾਂ ਨਾਲ ਵਿਗਿਆਨਕ ਜਾਣਕਾਰੀ ਸਾਂਝੀ ਕੀਤੀ। ਡਿਪਟੀ ਡਾਇਰੈਕਟਰ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਡਾ. ਹਰਦੀਪ ਸਿੰਘ ਭਿਖੀ ਨੇ ਦੱਸਿਆ ਕਿ ਕਿਸਾਨਾਂ ਨੂੰ ਝੋਨੇ ਦੀਆਂ ਵੱਖ-ਵੱਖ ਕਿਸਮਾਂ, ਇਨ੍ਹਾਂ ਦੀ ਲੁਆਈ ਦੇ ਢੁੱਕਵੇਂ ਸਮੇਂ, ਖਾਦ ਪ੍ਰਬੰਧਨ, ਬਾਗਬਾਨੀ ਤੇ ਭੋਜਨ ਪ੍ਰੋਸੈਸਿੰਗ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।

ਖੇਤੀਬਾੜੀ ਵਿਕਾਸ ਅਫ਼ਸਰ ਡਾ. ਗੌਰਵ ਅਰੋੜਾ ਨੇ ਗੰਨੇ ਦੀ ਕਾਸ਼ਤ ਤੇ ਪ੍ਰੋਸੈਸਿੰਗ ਬਾਰੇ ਜਾਣਕਾਰੀ ਦਿੱਤੀ। ਡਾ. ਪਰਮਜੀਤ ਕੌਰ ਖੇਤੀਬਾੜੀ ਵਿਕਾਸ ਅਫ਼ਸਰ ਨੇ ਕਿਸਾਨਾਂ ਨੂੰ ਮਿੱਟੀ ਤੇ ਪਾਣੀ ਦੀ ਪਰਖ ਦੇ ਮਹੱਤਵ ਬਾਰੇ ਦੱਸਦਿਆਂ ਖਾਦਾਂ ਅਤੇ ਪਾਣੀ ਦੀ ਸੁਚੱਜੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਇਲਾਕੇ ਦੇ ਉੱਦਮੀ ਕਿਸਾਨ ਅਵਤਾਰ ਸਿੰਘ ਨੇ ਆਈਆਂ ਹੋਇਆਂ ਟੀਮਾਂ ਦਾ ਧੰਨਵਾਦ ਕੀਤਾ।

## ਪੰਜਾਬੀ ਸਾਹਿਤ ਸਭਾ ਦੀ ਮੀਟਿੰਗ 'ਚ ਚੱਲਿਆ ਰਚਨਾਵਾਂ ਦਾ ਦੌਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਬੀਤੇ ਦਿਨ ਪੰਜਾਬੀ ਸਾਹਿਤ ਸਭਾ ਖੰਨਾ ਦੀ ਮਹੀਨਾਵਾਰ ਮੀਟਿੰਗ ਸ.ਸ.ਸ. ਸਕੂਲ ਖੰਨਾ ਵਿਖੇ ਪ੍ਰਧਾਨ ਨਰਿੰਦਰ ਮਾਨਕੂ ਤੇ ਸਭਾ ਦੇ ਸਰਪ੍ਰਸਤ ਮਨਜੀਤ ਸਿੰਘ ਧੰਜਲ ਦੀ ਅਗਵਾਈ ਵਿੱਚ ਹੋਈ।ਇਸ ਮੀਟਿੰਗ ਦੀ ਸ਼ੁਰੂਆਤ ਵਿੱਚ ਪੰਜਾਬੀ ਸਾਹਿਤ ਸਭਾ ਖੰਨਾ ਦੇ ਜਨਰਲ ਸਕੱਤਰ ਗੁਰੀ ਤੁਰਮਰੀ ਦੀ ਸੱਸ ਸ੍ਰੀਮਤੀ ਹਰਜੀਤ ਕੌਰ ਦੀ ਹੋਈ ਬੇਵਕਤੀ ਦੇਹਾਂਤ ਤੋਂ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ। ਉਪਰੰਤ ਰਚਨਾਵਾਂ ਦੇ ਚੱਲੇ ਦੌਰ ਵਿੱਚ ਸਭ ਤੋਂ ਪਹਿਲਾਂ ਸੁਖਵਿੰਦਰ ਸਿੰਘ ਬਿੱਟੂ ਨੇ ਗੀਤ ਖੰਨਾ ਸ਼ਹਿਰ ਦੀਆਂ ਦੇ ਲੋਕਾਂ ਨੂੰ ਆ ਰਹੀਆਂ ਔਕੜਾਂ ਬਾਰੇ, ਮਨਜੀਤ ਸਿੰਘ ਧੰਜਲ ਨੇ ਗੀਤ, ਅਵਤਾਰ ਸਿੰਘ ਉਟਾਲਾਂ ਨੇ ਪੰਜਾਬ ਦੀ ਵਿਰਾਸਤਾਂ ਦੀ ਬਾਤ ਪਾਉਂਦਾ ਗੀਤ, ਮਨਦੀਪ ਮਾਨਕੀ ਨੇ ਗੀਤ ਪਹਾੜ ਸਿੰਘ, ਹਰਬੰਸ ਸਿੰਘ ਸਾਨ ਨੇ ਗੀਤ ਸਮਾਜਿਕ ਕੁਰੀਤੀਆਂ ਵਿਰੁੱਧ ਆਵਾਜ਼ ਬੁਲੰਦ ਕਰਦਾ ਗੀਤ ਸੱਚ, ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਦੇ ਪ੍ਰਧਾਨ ਕਿਰਨਦੀਪ ਸਿੰਘ ਕੁਲਾਰ ਵੱਲੋਂ ਕਿਰਤੀਆਂ ਦੀ ਬਾਤ ਪਾਉਂਦੀ ਗ਼ਜ਼ਲ, ਪਰਮਜੀਤ ਸਿੰਘ ਮੁੰਡੀਆਂ ਨੇ ਗੀਤ, ਗੁਰਦੀਪ ਮਹੌਣ ਨੇ ਮਿੰਨੀ ਕਹਾਣੀ, ਉਸ ਤੋਂ ਬਾਅਦ ਵਿਸ਼ੇਸ਼ ਤੌਰ 'ਤੇ ਕੁਲਵੰਤ ਮਹਿਮੀ ਚਲਦੀ ਮੀਟਿੰਗ ਵਿੱਚ ਪਹੁੰਚ ਕੇ ਸ਼ਿਵ ਕੁਮਾਰ ਬਟਾਲਵੀ, ਗੀਤਕਾਰ ਇੰਦਰਜੀਤ ਹਸਨਪੁਰੀ ਹੋਰਨਾਂ ਦੇ ਗੀਤ ਤਰੰਨਮ ਵਿੱਚ ਸੁਣਾ ਕੇ ਮੀਟਿੰਗ ਨੂੰ ਸਿਖ਼ਰ 'ਤੇ ਪਹੁੰਚਾਇਆ।ਇਨ੍ਹਾਂ ਰਚਨਾਵਾਂ 'ਤੇ ਉਸਾਰੂ ਬਹਿਸ ਵਿੱਚ ਅਵਤਾਰ ਸਿੰਘ ਉਟਾਲਾਂ, ਮਨਜੀਤ ਸਿੰਘ ਧੰਜਲ, ਸੁਖਵਿੰਦਰ ਸਿੰਘ ਭਾਦਲਾ, ਗੁਰਦੀਪ ਮਹੌਣ, ਕੁਲਵੰਤ ਮਹਿਮੀ ਨੇ ਭਾਗ ਲਿਆ।ਸਭਾ ਦੀ ਕਾਰਵਾਈ ਗੁਰਦੀਪ ਮਹੌਣ ਨੇ ਬਾਖ਼ੂਬੀ ਢੰਗ ਨਾਲ ਨਿਭਾਈ।ਪੰਜਾਬੀ ਸਾਹਿਤ ਸਭਾ ਖੰਨਾ ਦੇ ਸਰਪ੍ਰਸਤ ਪ੍ਰਧਾਨ ਮਨਜੀਤ ਸਿੰਘ ਧੰਜਲ ਨੇ ਆਏ ਹੋਏ ਸਾਰੇ ਸਾਹਿਤਕਾਰਾਂ ਧੰਨਵਾਦ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਸ਼ਹਿਰ ਵਾਸੀਆਂ ਦੀ ਜਾਨ-ਮਾਲ ਦੀ ਹਿਫ਼ਾਜ਼ਤ ਕਰਨਾ ਮੇਰਾ ਪਹਿਲਾ ਫ਼ਰਜ਼ : ਈ ਟੀ ਓ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):** ਜੰਡਿਆਲਾ ਗੁਰੂ ਵਿਖੇ ਇਕ ਨਿੱਜੀ ਹਾਲ ਵਿੱਚ ਦੁਕਾਨਦਾਰਾਂ, ਵੱਖ-ਵੱਖ ਯੂਨੀਅਨ ਦੇ ਆਗੂਆਂ ਨਾਲ ਜੰਡਿਆਲਾ ਗੁਰੂ ਹਲਕਾ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਅਤੇ ਪੁਲਸ ਜ਼ਿਲ੍ਹਾ ਦਿਹਾਤੀ ਦੇ ਐੱਸਐੱਸਪੀ ਮਨਿੰਦਰ ਸਿੰਘ ਵੱਲੋਂ ਸ਼ਹਿਰ ਵਿੱਚ ਚਿੰਤਾਜਨਕ ਹਾਲਾਤ ਨੂੰ ਵੇਖਦਿਆਂ ਮੀਟਿੰਗ ਕੀਤੀ ਗਈ। ਸਮੂਹ ਦੁਕਾਨਦਾਰਾਂ ਨੂੰ ਅਪੀਲ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੀ ਜਾਨ ਮਾਲ ਦੀ ਹਿਫ਼ਾਜ਼ਤ ਕਰਨਾ ਮੇਰਾ ਪਹਿਲਾ ਫਰਜ਼ ਹੈ, ਦੁਕਾਨਦਾਰਾਂ ਨੂੰ ਕੋਈ ਵੀ ਪਰੇਸ਼ਾਨੀ ਆਉਂਦੀ ਤਾਂ ਪਹਿਲਾਂ ਪੁਲਸ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਗੈਰ-ਸਮਾਜੀ ਅਨਸਰਾਂ ਨੂੰ ਨੱਥ ਪੈ ਸਕੇ। ਉਨ੍ਹਾਂ ਕਿਹਾ ਕਿ ਸ਼ਹਿਰ ਦੀ ਅਮਨ ਸ਼ਾਂਤੀ ਦੀ ਬਹਾਲੀ ਵਾਸਤੇ ਸ਼ਹਿਰ ਵਿੱਚ ਪੁਲਸ ਨਾਕੇ ਵਧਾ ਦਿੱਤੇ ਜਾਣਗੇ ਤੇ 20 ਪੁਲਸ ਮੁਲਾਜ਼ਮ ਹੋਰ ਸ਼ਹਿਰ ਵਿੱਚ ਤੈਨਾਤ ਕੀਤੇ ਜਾਣਗੇ। ਐੱਸਐੱਸਪੀ ਮਨਿੰਦਰ ਸਿੰਘ ਨੇ ਕਿਹਾ ਕਿ ਦੁਕਾਨਦਾਰ ਆਪਣੀਆਂ ਰੋਜ਼ਾਨਾ ਵਾਂਗ ਦੁਕਾਨਾਂ ਖੋਲ੍ਹਣ, ਪੁਲਸ ਮੁਲਾਜ਼ਮ ਫਿਰੌਤੀ ਮੰਗਣ ਵਾਲੇ ਗੈਰ ਸਮਾਜਿਕ ਅਨਸਰਾਂ ਨੂੰ ਗ੍ਰਿਫਤਾਰ ਕਰਕੇ ਹਵਾਲਾਤ ਵਿੱਚ ਭੇਜ ਦੇਣਗੇ। ਉਨ੍ਹਾਂ ਕਿਹਾ ਕਿ ਪੁਲਸ ਨੂੰ ਸ਼ਹਿਰ ਵਾਸੀਆਂ ਦੇ ਸਹਿਯੋਗ ਦੀ ਲੋੜ ਹੈ। 10 ਦਿਨਾਂ ਦੇ ਅੰਦਰ-ਅੰਦਰ ਨਤੀਜੇ ਤੁਹਾਡੇ ਸਾਹਮਣੇ ਹੋਣਗੇ। ਉਨ੍ਹਾਂ ਨੇ ਮੋਟਰਸਾਈਕਲ, ਸਕੂਟਰ ਆਦਿ ਵਾਹਨ ਚਲਾਉਣ ਵਾਲਿਆਂ ਨੂੰ ਕਿਹਾ ਕਿ ਜੇ ਕਿਸੇ ਨੇ ਮੂੰਹ ਉਤੇ ਕੱਪੜਾ ਬੰਨ੍ਹਿਆ ਤਾਂ ਪੁਲਸ ਉਨ੍ਹਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕਰੇਗੀ। ਦੁਕਾਨਦਾਰ ਵੀ ਆਪਣੀ ਸੁਰੱਖਿਆ ਯਕੀਨੀ ਬਣਾਉਣ ਤੇ ਰੋਜ਼ਾਨਾ ਆਪਣੀਆਂ ਦੁਕਾਨਾਂ ਖੋਲ੍ਹਣ ਲਈ ਮੰਨ ਗਏ। ਇਸ ਮੌਕੇ ਡੀਐੱਸਪੀ ਰਵਿੰਦਰ ਸਿੰਘ, ਸਤਿੰਦਰ ਸਿੰਘ, ਨਰੇਸ਼ ਪਾਠਕ ਐੱਸਐੱਸ ਬੋਰਡ ਮੈਂਬਰ, ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਅਮਰੀਕ ਸਿੰਘ ਸੋਢੀ ਅਤੇ ਸ਼ਹਿਰ ਵਾਸੀ ਹਾਜ਼ਰ ਸਨ।

## ਇੰਸ. ਹਰਿੰਦਰ ਸਿੰਘ ਤੇ ਇੰਸ. ਜਗਜੀਤ ਸਿੰਘ ਚਾਹਲ ਨੂੰ ਡੀਐੱਸਪੀ ਬਣਨ 'ਤੇ ਵਧਾਈ



**ਝਬਾਲ (ਹਰਜਿੰਦਰ ਸਿੰਘ ਸੋਨੀ)-** ਪੰਜਾਬ ਪੁਲਸ ਵਿਭਾਗ ਵਿੱਚ ਨਿਭਾਈਆਂ ਸ਼ਾਨਦਾਰ ਸੇਵਾਵਾਂ ਕਰਕੇ ਇੰਸ. ਹਰਿੰਦਰ ਸਿੰਘ ਅਤੇ ਇੰਸ. ਜਗਜੀਤ ਸਿੰਘ ਚਾਹਲ ਨੂੰ ਡੀਐੱਸਪੀ ਬਣਾਇਆ ਗਿਆ। ਇਸ ਮੌਕੇ ਉਨ੍ਹਾਂ ਨੂੰ ਵਧਾਈ ਦੇਣ ਵਾਲਿਆਂ ਵਿੱਚ ਚੇਅਰਮੈਨ ਰਮਨ ਕੁਮਾਰ ਝਬਾਲ, ਸਰਪੰਚ ਬਿਕਰਮ ਸਿੰਘ ਢਿੱਲੋਂ ਝਬਾਲ, ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਸਰਪੰਚ ਸੋਨੂੰ ਦੇਓ, ਸਰਪੰਚ ਪ੍ਰਗਟ ਸਿੰਘ ਬਾਬਾ ਲੰਗਾਹ, ਸਰਪੰਚ ਸਰਵਨ ਸਿੰਘ ਸੋਹਲ, ਸਰਪੰਚ ਸੁਰਜੀਤ ਸਿੰਘ ਸਾਹ ਢੰਡ, ਪੱਤਰਕਾਰ ਹਰਦੀਪ ਸਿੰਘ ਝਬਾਲ, ਪੱਤਰਕਾਰ ਹਰਜਿੰਦਰ ਸਿੰਘ ਲਾਲਾ ਝਬਾਲ, ਪੱਤਰਕਾਰ ਕਿਰਪਾਲ ਸਿੰਘ ਸੋਹਲ, ਪੱਤਰਕਾਰ ਜਤਿੰਦਰ ਕੁਮਾਰ ਝਬਾਲ, ਪੱਤਰਕਾਰ ਮਦਨ ਲਾਲ ਝਬਾਲ, ਪੱਤਰਕਾਰ ਦਵਿੰਦਰਪਾਲ ਝਬਾਲ, ਸਾਬਕਾ ਸਰਪੰਚ ਜਸਬੀਰ ਸਿੰਘ ਸਵਾਰਗਾਪੁਰੀ ਆਦਿ ਹਾਜ਼ਰ ਸਨ।

## ਐੱਨਐੱਚਐੱਮ ਮੁਲਾਜ਼ਮਾਂ ਵੱਲੋਂ 15 ਨੂੰ ਲੁਧਿਆਣਾ ਵਿਖੇ ਵਿਸ਼ਾਲ ਰੈਲੀ ਕਰਨ ਦਾ ਐਲਾਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)-** ਨੈਸ਼ਨਲ ਹੈਲਥ ਮਿਸ਼ਨ ਦੇ ਮੁਲਾਜ਼ਮਾਂ ਦੀ ਇਕ ਹੰਗਾਮੀ ਮੀਟਿੰਗ ਬਾਰੇ ਗੱਲਬਾਤ ਕਰਦਿਆਂ ਡਾ. ਸੁਨੀਲ ਤਰਗੋਤਰਾ ਨੇ ਦੱਸਿਆ ਕਿ 19 ਜ਼ਿਲ੍ਹਿਆਂ ਤੋਂ ਲਗਭਗ 80 ਐੱਨਐੱਚਐੱਮ ਆਗੂਆਂ ਨੇ ਇਸ ਮੀਟਿੰਗ ਵਿੱਚ ਹਿੱਸਾ ਲਿਆ। ਇਸ ਮੀਟਿੰਗ ਦਾ ਮੁੱਖ ਏਜੰਡਾ ਲੁਧਿਆਣਾ ਜ਼ਿਮਨੀ ਚੋਣਾਂ ਮੌਕੇ ਐੱਨਐੱਚਐੱਮ ਮੁਲਾਜ਼ਮਾਂ ਵੱਲੋਂ ਕੀਤੇ ਜਾਣ ਵਾਲੇ ਸੰਘਰਸ਼ ਦੀ ਰੂਪ-ਰੇਖਾ ਤੈਅ ਕਰਨਾ ਸੀ। ਇਸ ਮੌਕੇ ਸਰਬਸੰਮਤੀ ਨਾਲ ਐੱਨਐੱਚਐੱਮ ਟਾਸਕ ਫੋਰਸ ਦਾ ਗਠਨ ਕੀਤਾ ਗਿਆ ਜੋ ਕਿ ਐੱਨਐੱਚਐੱਮ ਮੁਲਾਜ਼ਮਾਂ ਵੱਲੋਂ ਵਿੱਢੇ ਗਏ ਸੰਘਰਸ਼ ਦੀ ਰਹਿਨੁਮਾਈ ਕਰੇਗੀ। ਉਨ੍ਹਾਂ ਦੱਸਿਆ ਕਿ ਐੱਨਐੱਚਐੱਮ ਦੇ ਮੁਲਾਜ਼ਮ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਵਿੱਚ ਸਿਹਤ ਸੇਵਾਵਾਂ ਪ੍ਰਦਾਨ ਕਰ ਰਹੇ ਹਨ ਜਿਨ੍ਹਾਂ ਵਿੱਚ ਲਗਭਗ 50 ਤੋਂ ਵੱਧ ਕੈਟੇਗਰੀਆਂ ਕੰਮ ਕਰ ਰਹੀਆਂ ਹਨ ਪਰੰਤੂ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਇਨ੍ਹਾਂ ਮੁਲਾਜ਼ਮਾਂ ਦਾ ਸਿਰਫ ਸ਼ੋਸ਼ਣ ਹੀ ਕੀਤਾ ਹੈ ਤੇ ਉਨ੍ਹਾਂ ਦੇ ਬਣਦੇ ਹੱਕਾਂ ਤੋਂ ਵਾਂਝੇ ਰੱਖਿਆ, ਵੱਖ-ਵੱਖ ਸਰਕਾਰਾਂ ਨੇ ਇਨ੍ਹਾਂ ਮੁਲਾਜ਼ਮਾਂ ਨੂੰ ਪੱਕੇ ਕਰਨ ਦੇ ਵਾਅਦੇ ਕੀਤੇ ਪਰ ਅਫ਼ਸੋਸ ਦੀ ਗੱਲ ਹੈ ਕਿ ਕੋਈ ਵੀ ਸਰਕਾਰ ਆਪਣੇ ਵਾਅਦੇ ਤੇ ਖਰੀ ਨਹੀਂ ਉਤਰੀ। ਇਥੇ ਦੱਸਣਯੋਗ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ ਅੱਜ ਦੀ ਸਰਕਾਰ ਦੇ ਮੌਜੂਦਾ ਕੈਬਿਨਟ ਮੰਤਰੀਆਂ ਅਤੇ ਵਿਧਾਇਕਾਂ ਵੱਲੋਂ ਐੱਨ ਐੱਚ ਮੁਲਾਜ਼ਮਾਂ ਦੁਆਰਾ ਕਾਂਗਰਸ ਸਰਕਾਰ ਵਿਰੁੱਧ ਕੀਤੀਆਂ ਰੈਲੀਆਂ ਵਿੱਚ ਸ਼ਾਮਲ ਹੋ ਕੇ ਸਰਕਾਰ ਬਣਦੇ ਸਾਰ ਹੀ ਪੱਕਾ ਕਰਨ ਦੇ ਵਾਅਦੇ ਕੀਤੇ ਗਏ ਸੀ ਅਤੇ ਸਰਕਾਰ ਬਣਨ ਉਪਰੰਤ ਸਮੇਂ-ਸਮੇਂ ਤੇ ਵਿਭਾਗ ਦੇ ਅਧਿਕਾਰੀਆਂ ਨਾਲ ਹਜ਼ਾਰਾਂ ਮੀਟਿੰਗਾਂ ਕਰਨ ਦੇ ਬਾਵਜੂਦ ਵੀ ਮੌਜੂਦਾ ਸਰਕਾਰ ਵੱਲੋਂ ਸਿਰਫ ਟਾਈਮ ਟਪਾਉਣ ਦੀ ਨੀਤੀ ਹੀ ਅਪਣਾਈ ਜਾ ਰਹੀ ਹੈ।



ਬੜੇ ਅਫ਼ਸੋਸ ਦੀ ਗੱਲ ਹੈ ਕਿ ਜਿਸ ਸਰਕਾਰ ਨੂੰ ਬਣਾਉਣ ਲਈ ਸਮੂਹ ਐੱਨ ਐੱਚ ਐੱਮ ਮੁਲਾਜ਼ਮਾਂ ਨੇ ਅਹਿਮ ਭੂਮਿਕਾ ਨਿਭਾਈ। ਅੱਜ ਜਦਕਿ ਸਰਕਾਰ ਨੂੰ ਬਣਿਆਂ 3 ਸਾਲ ਪੂਰੇ ਹੋਣ ਦੇ ਬਾਵਜੂਦ ਵੀ ਨੈਸ਼ਨਲ ਹੈਲਥ ਮਿਸ਼ਨ ਦੇ ਮੁਲਾਜ਼ਮਾਂ ਨੂੰ ਨਾ ਤਾਂ ਪੱਕਾ ਕੀਤਾ ਗਿਆ ਅਤੇ ਨਾ ਹੀ ਕਿਸੇ ਮੁਲਾਜ਼ਮ ਦੀਆਂ ਤਨਖਾਹਾਂ ਵਿੱਚ ਕਿਸੇ ਤਰੀਕੇ ਦਾ ਕੋਈ ਵਾਧਾ ਕੀਤਾ ਗਿਆ। ਪਰ ਹੁਣ ਐੱਨਐੱਚਐੱਮ ਮੁਲਾਜ਼ਮ ਇਸ ਧੱਕੇਸ਼ਾਹੀ ਨੂੰ ਹੋਰ ਬਰਦਾਸ਼ਤ ਨਹੀਂ ਕਰਨਗੇ, ਸੋ ਆਉਣ ਵਾਲੇ ਲੁਧਿਆਣਾ ਜ਼ਿਮਨੀ ਚੋਣ ਦੇ ਸੰਬੰਧ ਵਿੱਚ ਮੀਟਿੰਗ ਦੌਰਾਨ ਗਠਿਤ ਕੀਤੀ ਗਈ ਟਾਸਕ ਫੋਰਸ ਵੱਲੋਂ ਦੋ ਅਹਿਮ ਪ੍ਰੋਗਰਾਮ ਉਲੀਕੇ ਗਏ ਹਨ ਕਿ 13 ਜੂਨ ਦਿਨ ਸ਼ੁੱਕਰਵਾਰ ਨੂੰ ਸਮੂਹ ਨੈਸ਼ਨਲ ਹੈਲਥ ਮਿਸ਼ਨ ਦੇ ਮੁਲਾਜ਼ਮ ਆਪਣੇ-ਆਪਣੇ ਜ਼ਿਲ੍ਹੇ/ਬਲਾਕ ਉੱਤੇ ਇਕੱਠੇ ਹੋ ਕੇ ਸਰਕਾਰ ਦਾ ਪਿੱਟ ਸਿਆਪਾ ਕਰਨਗੇ। ਇਸ ਦਿਨ ਨੈਸ਼ਨਲ ਹੈਲਥ ਮਿਸ਼ਨ ਮੁਲਾਜ਼ਮਾਂ ਵਲੋਂ ਹਰ ਕਿਸਮ ਦਾ ਆਨਲਾਈਨ/ਆਫਲਾਈਨ ਕੰਮ ਪੂਰਨ ਰੂਪ ਵਿੱਚ ਠੱਪ ਰੱਖਿਆ ਜਾਵੇਗਾ, 15 ਜੂਨ ਦਿਨ ਐਂਤਵਾਰ ਨੂੰ ਨੈਸ਼ਨਲ ਹੈਲਥ ਮਿਸ਼ਨ ਦੇ 9000 ਮੁਲਾਜ਼ਮ ਲੁਧਿਆਣਾ ਵਿਖੇ ਇਕ ਵੱਡੀ ਰੈਲੀ ਕਰਨਗੇ ਅਤੇ ਸਰਕਾਰ ਦਾ ਪਿੱਟ ਸਿਆਪਾ ਕਰਦੇ ਹੋਏ ਸਥਾਨਕ ਲੋਕਾਂ ਨੂੰ ਸਰਕਾਰ ਦੀਆਂ ਨਾਕਾਮੀਆਂ ਬਾਰੇ ਜਾਗਰੂਕ ਕਰਨਗੇ। ਉਨ੍ਹਾਂ ਕਿਹਾ ਕਿ ਜੇ ਅਜੇ ਵੀ ਸਰਕਾਰ ਨੇ ਸਾਡੀਆਂ ਲੰਬੇ ਸਮੇਂ ਤੋਂ ਚਲਦੀਆਂ ਮੰਗਾਂ ਨੂੰ ਪ੍ਰਵਾਨ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਏਗਾ ਜਿਸਦੀ ਨਿਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੀਟਿੰਗ ਵਿੱਚ ਅਵਤਾਰ ਸਿੰਘ ਮਾਨਸਾ, ਸੁਖਜੀਤ ਕੰਬੋਜ ਰੋਪੜ, ਡਾ. ਸੁਨੀਲ ਤਰਗੋਤਰਾ ਗੁਰਦਾਸਪੁਰ, ਗੁਰਪ੍ਰੀਤ ਢੱਲ ਮੁਕਤਸਰ ਸਾਹਿਬ, ਹਰਪਾਲ ਸੋਢੀ ਫਤਿਹਗੜ੍ਹ ਸਾਹਿਬ, ਦੀਪਸ਼ਿਖਾ ਕਸ਼ਯ ਮੋਹਾਲੀ, ਪ੍ਰਿਤਪਾਲ ਸਿੰਘ ਲੁਧਿਆਣਾ, ਰਜੇਸ਼ ਕੁਮਾਰ ਫਾਜ਼ਿਲਕਾ, ਸੁਰਿੰਦਰ ਕੰਬੋਜ, ਨਰਿੰਦਰ ਸਿੰਘ ਫਿਰੋਜ਼ਪੁਰ, ਰਮਨਵੀਰ ਕੌਰ ਬਠਿੰਡਾ, ਗੁਰਵਿੰਦਰ ਸਿੰਘ ਮੋਗਾ, ਅਵਤਾਰ ਸਿੰਘ ਅੰਮ੍ਰਿਤਸਰ, ਰਵਿੰਦਰ ਕੌਰ ਤਰਨਤਾਰਨ, ਡਾ ਸੁਨੀਲ ਨਵਾਂਸ਼ਹਿਰ, ਡਾ, ਜਤਿੰਦਰ ਸਿੰਘ ਮਲੇਰਕੋਟਲਾ, ਰਜਿੰਦਰ ਸਿੰਘ ਸੰਗਰੂਰ, ਡਾ. ਵਿਪਿਨ ਜਲੰਧਰ ਹਾਜ਼ਰ ਸਨ।

## ਬਾਹਮਣੀ ਵਾਲਾ ਵਿਖੇ ਤੀਸਰਾ ਅੱਠ ਰੋਜ਼ਾ ਜੀਵਨ ਜਾਚ ਸਿਖਲਾਈ ਕੈਂਪ ਚੜ੍ਹਦੀ ਕਲਾ ਨਾਲ ਸੰਪੰਨ

**ਪੱਟੀ (ਬਲਦੇਵ ਸਿੰਘ ਸੰਧੂ)-** ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ (ਰਜਿ:) ਪੰਜਾਬ ਵੱਲੋਂ ਨਗਰ ਨਿਵਾਸੀਆਂ ਸਮੂਹ ਨੌਜਵਾਨਾਂ ਸਿੱਖ ਪ੍ਰਚਾਰਕ ਭਾਈ ਪਲਵਿੰਦਰ ਸਿੰਘ ਯੂਐੱਸਏ ਵਾਲੇ ਅਤੇ ਬੀਬੀ ਦਰਸ਼ਨ ਕੌਰ ਦੇ ਭਰਪੂਰ ਸਹਿਯੋਗ ਸਦਕਾ ਤੀਸਰਾ ਅੱਠ ਰੋਜ਼ਾ ਜੀਵਨ ਜਾਂਚ ਸਿਖਲਾਈ ਕੈਂਪ ਪਿੰਡ ਬਾਹਮਣੀ ਵਾਲਾ ਵਿਖੇ ਜੈਕਾਰਿਆਂ ਦੀ ਗੂੰਜ ਵਿੱਚ ਚੜ੍ਹਦੀ ਕਲਾ ਦੇ ਨਾਲ ਸੰਪੰਨ ਹੋਇਆ।ਇਸ ਕੈਂਪ ਵਿੱਚ ਬੱਚਿਆਂ ਨੂੰ ਵਿੱਦਿਆ ਦੀ ਮਹੱਤਤਾ, ਨਸ਼ਿਆਂ ਦੇ ਪ੍ਰਭਾਵ, ਜ਼ਿੰਦਗੀ ਦੀ ਸਫਲਤਾ, ਸਿੱਖ ਰਹਿਤ ਮਰਿਆਦਾ, ਗੁਰਬਾਣੀ, ਸਿੱਖ ਇਤਿਹਾਸ, ਗੁਰ ਇਤਿਹਾਸ ਬਾਰੇ ਜਾਣਕਾਰੀ ਦੇਣ ਲਈ ਹੈੱਡ ਗ੍ਰੰਥੀ ਭਾਈ ਅਵਤਾਰ ਸਿੰਘ ਬਾਹਮਣੀ ਵਾਲਾ, ਸਿੱਖ ਪ੍ਰਚਾਰਕ ਭਾਈ ਗੁਰਪ੍ਰੀਤ ਸਿੰਘ ਜੋਤੀ ਸ਼ਾਹ, ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਦੇ ਵੀਰ ਸੁਖਬੀਰ ਸਿੰਘ ਪੱਟੀ, ਭਾਈ ਸੁਖਵਿੰਦਰ ਸਿੰਘ ਖਾਲੜਾ, ਪ੍ਰਿੰਸੀਪਲ ਗੁਰਪ੍ਰਤਾਪ ਸਿੰਘ ਧਨੋਆ ਅਤੇ ਪ੍ਰੋਫੈਸਰ ਗੁਰਸੇਵਕ ਸਿੰਘ ਬੋਪਾਰਾਏ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ।ਵੱਖ-ਵੱਖ ਬੁਲਾਰਿਆਂ ਦੇ ਵੱਲੋਂ ਜੋ ਕੁਝ ਬੱਚਿਆਂ ਨੂੰ ਪੜ੍ਹਾਇਆ ਗਿਆ ਉਸ ਦਾ ਇੱਕ ਲਿਖਤੀ ਪੇਪਰ ਲਿਆ ਗਿਆ ਜਿਸ ਵਿੱਚ ਤਿੰਨ ਗਰੁੱਪ ਬਣਾਏ ਗਏ। ਇਸ ਦੇ ਨਾਲ ਹੀ ਬੱਚਿਆਂ ਦੇ ਪੇਂਟਿੰਗ ਅਤੇ ਦਸਤਾਰ ਮੁਕਾਬਲੇ ਗਰੁੱਪ ਵਾਇਜ਼ ਕਰਵਾਏ ਗਏ ।ਹਰੇਕ ਗਰੁੱਪ ਵਿੱਚੋਂ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਸ਼ੀਲਡਾਂ, ਸਰਟੀਫਿਕੇਟ ਅਤੇ ਧਾਰਮਿਕ ਸਾਹਿਤ ਦੇ ਕੇ ਸਨਮਾਨਿਤ ਕੀਤਾ ਗਿਆ।ਉਪਰੋਕਤ ਸ਼ਬਦਾਂ ਦਾ



ਪ੍ਰਗਟਾਵਾ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਵਾਈਸ ਕਨਵੀਨਰ ਭਾਈ ਹਰਜੀਤ ਸਿੰਘ ਆਸਟਰੇਲੀਆ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਜ਼ੋਨਲ ਇੰਚਾਰਜ ਭਿਖੀਵਿੰਡ ਭਾਈ ਗੁਰਜੰਟ ਸਿੰਘ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਕੀਤਾ।ਉਨ੍ਹਾਂ ਕਿਹਾ ਕਿ ਨਗਰ ਵਿੱਚ ਇਹ ਤੀਸਰਾ ਕੈਂਪ ਹੈ ।ਹਰੇਕ ਸਾਲ ਬੱਚਿਆਂ ਦੇ ਵਿੱਚ ਕੈਂਪ ਦੇ ਪ੍ਰਤੀ ਉਤਸ਼ਾਹ ਵੇਖਣਯੋਗ ਹੁੰਦਾ ਹੈ।200 ਤੋਂ ਵੱਧ ਬੱਚਿਆਂ ਅਤੇ ਸੰਗਤਾਂ ਨੇ ਆਖਰੀ ਦਿਨ ਭਾਗ ਲਿਆ। ਬੱਚਿਆਂ ਦੀ ਵੱਧ ਰਹੀ ਗਿਣਤੀ ਇਸ ਗੱਲ ਦਾ ਪ੍ਰਤੀਕ ਹੈ ਕਿ ਇਨ੍ਹਾਂ ਕਾਰਜਾਂ ਨੂੰ ਲੋਕ ਸਵੀਕਾਰ ਕਰਨ ਦੇ ਲਈ ਤਿਆਰ ਹਨ ਬੱਸ ਲੋੜ ਸਾਨੂੰ ਉਨ੍ਹਾਂ ਤੱਕ ਪਹੁੰਚਣ ਦੀ ਹੈ।ਉਨ੍ਹਾਂ ਨੇ ਮਾਪਿਆਂ ਨੂੰ ਵਿਸ਼ੇਸ਼ ਤੌਰ ਤੇ ਬੇਨਤੀ ਕੀਤੀ ਕਿ ਅਸੀਂ ਕੈਂਪ ਦੇ ਰੂਪ ਵਿੱਚ ਬੱਚਿਆਂ ਨੂੰ ਸਿੱਖੀ ਜਾਗ ਲਾ ਰਹੇ ਹਾਂ, ਪਰ ਇਨ੍ਹਾਂ ਦੀ ਜ਼ਿੰਦਗੀ ਅਗਲੇ ਸਾਲ ਤੱਕ ਕਿਵੇਂ ਦੀ ਹੋਵੇ, ਇਸ ਦੀ ਤਿਆਰੀ ਉਨ੍ਹਾਂ ਨੇ ਘਰ ਵਿੱਚ ਕਰਨੀ ਹੈ।ਉਨ੍ਹਾਂ ਨੇ ਮਾਤਾ ਪਿਤਾ ਨੂੰ ਬੱਚਿਆਂ ਦੇ ਲਈ ਚੰਗੇ ਰੋਲ ਮਾਡਲ ਬਣਨ ਦੇ ਲਈ ਪ੍ਰੇਰਿਤ ਕੀਤਾ। ਬੱਚਿਆਂ ਦੇ ਖਾਣ ਪੀਣ ਲਈ ਭਾਈ ਤਰਸੇਮ ਸਿੰਘ, ਸਤਨਾਮ ਸਿੰਘ ਸੱਤਾ, ਚਮਕੌਰ ਸਿੰਘ ਕੁਵੈਤ ਵਾਲੇ, ਸੁਖਵੰਤ ਸਿੰਘ ਬਿੱਟੂ ਵਪਾਰੀ, ਲਖਵਿੰਦਰ ਸਿੰਘ ਲੱਖਾ ਵਾਪਾਰੀ, ਮਨਮੋਹਿਤ ਸਿੰਘ ਦੁਬਈ ਵਾਲੇ, ਡਾਕਟਰ ਨਿਸ਼ਾਨ ਸਿੰਘ, ਬੀਬੀ ਪਰਮਜੀਤ ਕੌਰ, ਭਾਈ ਪਲਵਿੰਦਰ ਸਿੰਘ ਅਜੀਜ, ਜੱਜਬੀਰ ਸਿੰਘ, ਬੀਬੀ ਜਸਬੀਰ ਕੌਰ, ਭਾਈ ਲਖਬੀਰ ਸਿੰਘ, ਭਾਈ ਹਰਪ੍ਰੀਤ ਸਿੰਘ ਦੇ ਪਰਿਵਾਰ ਅਤੇ ਕੁਲਦੀਪ ਸਿੰਘ ਗਿੱਲ ਪੱਤਰਕਾਰ ਵੱਲੋਂ ਪ੍ਰਬੰਧ ਕੀਤੇ ਗਏ।ਬੱਚਿਆਂ ਦੇ ਇਨਾਮਾਂ ਦੀ ਸੇਵਾ ਮਾਸਟਰ ਮਨਜਿੰਦਰ ਸਿੰਘ ਬੀ ਈ ਓ ਦੇ ਪਰਿਵਾਰ ਵੱਲੋਂ ਕੀਤੀ ਗਈ।ਇਸ ਪ੍ਰੋਗਰਾਮ ਵਿੱਚ ਕੋਆਰਡੀਨੇਟਰ ਦੀ ਸੇਵਾ ਭਾਈ ਹਰਚਰਨ ਸਿੰਘ ਉਬੋਕੇ, ਭਾਈ ਤਰਸੇਮ ਸਿੰਘ ਅਤੇ ਬੀਬੀ ਗੁਰਬੀਰ ਕੌਰ ਸਰਬ ਸਤਨਾਮ ਕਲਿਆਣ ਟਰੱਸਟ ਨੇ ਬਾਖੂਬੀ ਨਿਭਾਈ। ਬੀਬੀ ਦਰਸ਼ਨ ਕੌਰ ਹੋਰਾਂ ਨੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਲਈ ਇੱਕ ਮਿਸਾਲ ਪੈਦਾ ਕਰਦਿਆਂ ਕਿਹਾ ਕਿ ਇਹੋ ਜਿਹੇ ਚੰਗੇ ਕਾਰਜਾਂ ਦੇ ਲਈ ਇਲਾਕੇ ਦੀਆਂ ਸੰਗਤਾਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਯਤਨ ਵੀ ਕਰਨੇ ਚਾਹੀਦੇ ਹਨ ਤੇ ਸਹਿਯੋਗ ਵੀ ਕਰਨਾ ਚਾਹੀਦਾ ਹੈ।ਇਸ ਮੌਕੇ ਦਸਤਾਰ ਕੋਆਰਡੀਨੇਟਰ ਹਰਪ੍ਰੀਤ ਸਿੰਘ, ਹਰਜੀਤ ਸਿੰਘ, ਆਕਾਸ਼ਦੀਪ ਸਿੰਘ, ਜਗਦੀਸ਼ ਸਿੰਘ, ਸਾਜਨਪ੍ਰੀਤ ਸਿੰਘ, ਵਜੀਰ ਸਿੰਘ, ਹਰਮਨਦੀਪ ਸਿੰਘ, ਬਾਬਾ ਇੰਦਰਜੀਤ ਸਿੰਘ ਗ੍ਰੰਥੀ, ਸਰਪੰਚ ਰਣਜੀਤ ਸਿੰਘ ਰਾਣਾ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਬਾਬਾ ਜਮਾਲ ਸ਼ਾਹ ਗਾਜ਼ੀ ਪਿੰਡ ਹਰੂਵਾਲ ਦਾ ਮੇਲਾ ਖੁਸ਼ਵਿੰਦਰ ਖੇੜਾ ਤੇ ਸਿਮਰਨ ਗਿੱਲ ਨੇ ਲੁੱਟਿਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-** ਬਾਬਾ ਜਮਾਤ ਸ਼ਾਹ ਗਾਜ਼ੀ ਪਿੰਡ ਹਰੂਵਾਲ ਦਾ ਸਲਾਨਾ ਸੱਭਿਆਚਾਰਕ ਤੇ ਖੇਡ ਮੇਲਾ ਅੱਜ ਪਿੰਡ ਹਰੂਵਾਲ ਦੀਆਂ ਸੰਗਤਾਂ ਵੱਲੋਂ ਮੁੱਖ ਸੇਵਾਦਾਰ ਬਾਬਾ ਕੰਵਲਜੀਤ ਸਿੰਘ ਲੱਕੀ ਦੀ ਅਗਵਾਈ ਹੇਠ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਰਾਤ ਨੂੰ ਮਸ਼ਹੂਰ ਕੱਵਾਲ ਗਗਨ ਵਡਾਲੀ ਦੇ ਸਾਥੀਆਂ ਵੱਲੋਂ ਬਾਬਾ ਜਮਾਲ ਸ਼ਾਹ ਗਾਜ਼ੀ ਦੀ ਦਰਗਾਹ ਤੇ ਕੱਵਾਲੀਆਂ ਗਾ ਕੇ ਖੂਬ ਰੰਗ ਬੰਨ੍ਹਿਆ।ਅੱਜ ਮੇਲੇ ਮੌਕੇ ਵੱਖ-ਵੱਖ ਕਲਾਕਾਰਾਂ ਵਿੱਚ ਪਿੰਕੀ ਗਰੇਵਾਲ ਤੇ ਸ਼ਕੁੰਤਲਾ ਰਾਣੀ ਵੱਲੋਂ ਆਪਣੇ ਫਨ ਦਾ ਮੁਜ਼ਾਹਰਾ ਕੀਤਾ ਗਿਆ। ਅਖੀਰ ਵਿਚ ਪੰਜਾਬ ਦੀ ਮਸ਼ਹੂਰ ਦੋਗਾਣਾ ਜੋੜੀ ਖੁਸਮਿੰਦਰ ਖੇੜਾ ਤੇ ਸਿਮਰਨ ਗਿੱਲ ਨੇ ਆਪਣੇ ਸੁਰੀਲੀ ਆਵਾਜ਼ ਨਾਲ ਰੰਗ ਬੰਨ੍ਹਿਆ ਤੇ ਸਰੋਤਿਆਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ।ਇਸ ਮੌਕੇ ਅਵਤਾਰ ਤੇ ਇਕਬਾਲ ਭੰਡਾਂ ਦੀ ਮਸ਼ਹੂਰ ਜੋੜੀ ਨੇ ਲੋਕਾਂ ਦੇ ਢਿੱਡੀਂ ਪੀੜਾਂ ਪਈਆਂ।ਇਸ ਮੇਲੇ ਮੌਕੇ ਉਚੇਚੇ ਤੌਰ 'ਤੇ ਪੁੱਜੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ ਵੱਲੋਂ ਸੰਗਤਾਂ ਨੂੰ ਬਾਬਾ ਜਮਾਲ ਸ਼ਾਹ ਗਾਜ਼ੀ ਦੇ ਮੇਲੇ ਦੀ ਵਧਾਈ ਦਿੱਤੀ ਤੇ ਮੇਲੇ ਮੌਕੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।ਉਨ੍ਹਾਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਹਾਜ਼ਰੀ ਲਗਵਾਉਂਦਿਆਂ ਹੋਇਆਂ ਕਿਹਾ ਕਿ ਵਿਧਾਇਕ ਰੰਧਾਵਾ ਕੁਝ ਜ਼ਰੂਰੀ ਰੁਝੇਵਿਆਂ ਕਾਰਨ ਇਸ ਮੇਲੇ ਵਿੱਚ ਸ਼ਾਮਲ ਨਹੀਂ ਹੋ ਸਕੇ ਪਰ ਉਨ੍ਹਾਂ ਵੱਲੋਂ ਇਸ ਮੇਲੇ ਵਾਸਤੇ ਆਪਣੇ ਅਖਤਿਆਰੀ ਫੰਡ ਚੋਂ ਇੱਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ ਗਿਆ ਹੈ।ਇਸ ਮੌਕੇ ਆਪ ਆਗੂ



ਹਰਦੇਵ ਸਿੰਘ ਹਰੂਵਾਲ, ਮੁੱਖ ਸੇਵਾਦਾਰ ਕੰਵਲਜੀਤ ਸਿੰਘ ਲੱਕੀ ਤੇ ਮੇਲਾ ਕਮੇਟੀ ਵੱਲੋਂ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ ਤੇ ਮੇਲੇ ਮੌਕੇ ਪੁੱਜੀਆਂ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਸਿਰਪਾਓ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪਰਵਿੰਦਰ ਸਿੰਘ ਘਣੀਆਂ ਜ਼ਿਲ੍ਹਾ ਪ੍ਰਧਾਨ ਆੜ੍ਹਤੀ ਯੂਨੀਅਨ, ਸਾਬਕਾ ਸਰਪੰਚ ਜਥੇਦਾਰ ਅਤਰ ਸਿੰਘ, ਪ੍ਰਧਾਨ ਰਜੇਸ਼ ਕੁਮਾਰ ਬਿੱਟਾ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ, ਆਪ ਆਗੂ ਹਰਜੀਤ ਸਿੰਘ ਠੇਠਰਕੇ, ਰਾਜਾ ਮੱਲੀ, ਐੱਸਐੱਸਓ ਗੁਰਵਿੰਦਰ ਸਿੰਘ, ਸਾਬਕਾ ਸਰਪੰਚ ਜਥੇਦਾਰ ਚੰਦਾ ਸਿੰਘ, ਪ੍ਰਧਾਨ ਜਸਵੰਤ ਸਿੰਘ ਕੋਚ, ਹੰਸਾ ਸਿੰਘ, ਬਚਨ ਸਿੰਘ, ਮੈਂਬਰ ਜਗਮੋਹਨ ਸਿੰਘ, ਸੂਬੇਦਾਰ ਬਲਜੀਤ ਸਿੰਘ , ਨਿਰਮਲ ਸਿੰਘ ਫੌਜੀ, ਤਰਸੇਮ ਸਿੰਘ ਫੌਜੀ, ਲਵਪ੍ਰੀਤ ਸਿੰਘ, ਰਮੇਸ਼ ਸਿੰਘ, ਸੁਖਦੇਵ ਸਿੰਘ, ਬੂਟਾ ਸਿੰਘ, ਲਾਭ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਹਰੂਵਾਲ ਤੇ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

## ਦੂਜਾ ਸੂਬਾ ਪੱਧਰੀ ਵਿਦਿਆਰਥੀ ਵਿਗਿਆਨਕ ਚੇਤਨਾ ਕੈਂਪ ਸਮਾਪਤ



**ਬਰਨਾਲਾ (ਜਸਬੀਰ ਸਿੰਘ ਪੱਟੀ)-** ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਤਿੰਨ ਰੋਜ਼ਾ ਦੂਜੇ ਸੂਬਾਈ ਵਿਦਿਆਰਥੀ ਵਿਗਿਆਨਕ ਚੇਤਨਾ ਕੈਂਪ ਦੇ ਤੀਜੇ ਅਤੇ ਆਖਰੀ ਦਿਨ ਵਿਦਿਆਰਥੀਆਂਨੂੰ 'ਸ਼ਹੀਦੇ ਆਜ਼ਮ ਭਗਤ ਸਿੰਘ ਦੀ ਵਿਚਾਰਧਾਰਾ' ਅਤੇ 'ਅਖੌਤੀ ਭੂਤ ਪ੍ਰੇਤਾਂ ਦੀ ਕਸਰ ਅਤੇ ਮਾਨਸਿਕ ਰੋਗ' ਬਾਰੇ ਜਾਣਕਾਰੀ ਦੇਣ ਦੇ ਇਲਾਵਾ ਵਿਦਿਆਰਥੀਆਂ ਦੇ ਕੁਇਜ਼ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਪਹਿਲੇ ਸੈਸ਼ਨ ਦੇ ਮੁੱਖ ਬੁਲਾਰੇ ਅਤੇ ਉੱਘੇ ਵਿਦਵਾਨ ਡਾ. ਰਾਜਿੰਦਰ ਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦੇ ਆਜ਼ਮ ਭਗਤ ਸਿੰਘ ਦਾ ਕਹਿਣਾ ਸੀ ਕਿ "ਨੌਜਵਾਨਾਂ ਨੂੰ ਇਨਕਲਾਬ ਦਾ ਸੁਨੇਹਾ ਕਾਰਖਾਨਿਆਂ ਅਤੇ ਖੇਤਾਂ ਵਿਚ ਕੰਮ ਕਰਦੇ ਲੱਖਾਂ ਮਜ਼ਦੂਰਾਂ, ਕਿਸਾਨਾਂ, ਝੁੱਗੀ-ਝੌਂਪੜੀਆਂ ਅਤੇ ਸਮੁੱਚੇ ਕਿਰਤੀ ਵਰਗ ਤਕ ਪਹੁੰਚਾਉਣ ਦੀ ਲੋੜ ਹੈ ਅਤੇ ਇਹੀ ਕਿਰਤੀ ਇਨਕਲਾਬ ਅਸਲ ਆਜ਼ਾਦੀ ਲਿਆਵੇਗਾ ਅਤੇ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨੂੰ ਅਸੰਭਵ ਬਣਾ ਦੇਵੇਗਾ।" ਅਗਲੇ ਸੈਸ਼ਨ ਵਿੱਚ ਮਾਸਟਰ ਰਾਜਿੰਦਰ ਭਦੌੜ ਨੇ ਸਮਾਜ ਵਿੱਚ ਅਖੌਤੀ ਭੂਤਾਂ ਪਰੇਤਾਂ ਦੀ ਕਸਰ ਕਾਰਨ ਵੱਧ ਰਹੇ ਮਾਨਸਿਕ ਰੋਗਾਂ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਭੂਤਾਂ ਪਰੇਤਾਂ ਦੀ ਕੋਈ ਹੋਂਦ ਨਹੀਂ ਹੁੰਦੀ ਪਰ ਸਮਾਜਿਕ ਨਾਬਰਾਬਰੀ ਅਤੇ ਬੇਇਨਸਾਫੀ ਤੇ ਅਧਾਰਤ ਰਾਜ ਪ੍ਰਬੰਧ ਦੇ ਨਤੀਜੇ ਵਜੋਂ ਉਪਜੇ ਮਾਨਸਿਕ ਰੋਗ ਸਾਡੇ ਸਮੁੱਚੇ ਸਮਾਜ, ਸਿਹਤ ਅਤੇ ਕਾਰਜ ਪ੍ਰਣਾਲੀ ਨੂੰ ਕਮਜ਼ੋਰ ਅਤੇ ਬਰਬਾਦ ਕਰਦੇ ਹਨ। ਇਸ ਲਈ ਸਾਨੂੰ ਪਾਖੰਡੀ ਬਾਬਿਆਂ, ਜੋਤਸ਼ੀਆਂ ਦੇ ਝਾਂਸੇ ਵਿੱਚ ਫਸ ਕੇ ਲੁੱਟ ਕਰਵਾਉਣ ਦੀ ਥਾਂ ਆਪਣੀ ਸੋਚ ਨੂੰ ਵਿਗਿਆਨਕ ਅਤੇ ਮਜ਼ਬੂਤ ਬਣਾਉਣ ਦੀ ਲੋੜ ਹੈ। ਇਸ ਦੌਰਾਨ ਕੈਂਪ ਦੇ ਦੋਵੇਂ ਦਿਨ ਸਵੇਰੇ ਸੂਬਾਈ ਆਗੂ ਸੁਰਜੀਤ ਟਿੱਬਾ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਸਰੀਰਕ ਕਸਰਤ ਕਰਵਾਈ ਗਈ ਅਤੇ ਉਨ੍ਹਾਂ ਨੂੰ ਚੰਗੀ ਸਿਹਤ ਤੇ ਖ਼ੁਰਾਕ ਸੰਬੰਧੀ ਵਿਸੇਸ ਤੌਰ ਤੇ ਸਿੱਖਿਅਤ ਕੀਤਾ ਗਿਆ। ਇਸ ਮੌਕੇ ਤਰਕਸ਼ੀਲ ਸੁਸਾਇਟੀ ਦੀ ਸੂਬਾ ਕਮੇਟੀ ਵੱਲੋਂ ਚੇਤਨਾ ਕੈਂਪ ਵਿੱਚ ਭਾਗ ਲੈਣ ਵਾਲੇ ਸਮੂਹ ਵਿਦਿਆਰਥੀਆਂ ਨੂੰ ਸਨਮਾਨ ਪੱਤਰ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੂਬਾਈ ਆਗੂ ਮਾਸਟਰ ਰਾਜਿੰਦਰ ਭਦੌੜ ਵੱਲੋਂ ਸਮੂਹ ਵਿਦਿਆਰਥੀਆਂ, ਮਾਪਿਆਂ, ਅਧਿਆਪਕਾਂ ਅਤੇ ਸਕੂਲ ਮੁਖੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸੂਬਾ ਕਮੇਟੀ ਆਗੂ ਹੇਮ ਰਾਜ ਸਟੈਨੋ, ਰਾਜੇਸ਼ ਅਕਲੀਆ, ਗੁਰਪ੍ਰੀਤ ਸ਼ਹਿਣਾ, ਰਾਮ ਸਵਰਨ ਲੱਖੇਵਾਲੀ, ਸੁਮੀਤ ਅੰਮ੍ਰਿਤਸਰ, ਜਸਵੰਤ ਮੋਹਾਲੀ, ਸੁਰਜੀਤ ਟਿੱਬਾ, ਕੁਲਜੀਤ ਡੰਗਰਖੇੜਾ, ਮੋਹਨ ਬਡਲਾ ਤੋਂ ਇਲਾਵਾ ਜ਼ੋਨ ਆਗੂ ਸੰਦੀਪ ਧਾਰੀਵਾਲ ਭੋਜਾਂ, ਕੁਲਵੰਤ ਕੌਰ ਪਟਿਆਲਾ, ਪ੍ਰਿੰ. ਹਰਿੰਦਰ ਕੌਰ, ਕੁਲਦੀਪ ਨੇਨੇਵਾਲ, ਰਾਮ ਕੁਮਾਰ ਪਟਿਆਲਾ, ਗਿਆਨ ਸਿੰਘ ਬਠਿੰਡਾ, ਵਿਨੋਦ ਬਾਰੇਕਾ, ਓਮ ਪ੍ਰਕਾਸ਼, ਮਾਸਟਰ ਹਰਪ੍ਰੀਤ ਗੋਨਿਆਣਾ, ਜਿੰਦਰ ਬਾਗਪੁਰ ਅਤੇ ਬਿੰਦਰ ਧਨੌਲਾ ਹਾਜ਼ਰ ਸਨ। ਇਸ ਮੌਕੇ ਸਕੂਲ ਅਧਿਆਪਕ ਅਤੇ ਮਾਪੇ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।

## ਬੀਬੀ ਵੀਰੋ ਜੀ ਦਾ ਦੋ ਰੋਜ਼ਾ ਸਾਲਾਨਾ ਵਿਆਹ ਪੁਰਬ ਆਰੰਭ

**ਝਬਾਲ (ਹਰਜਿੰਦਰ ਸਿੰਘ ਸੋਨੀ)-** ਕਸਬਾ ਝਬਾਲ ਵਿਖੇ ਧੰਨ-ਧੰਨ ਹਰਗੋਬਿੰਦ ਸਾਹਿਬ ਜੀ ਦੀ ਸਪੁੱਤਰੀ ਬੀਬੀ ਵੀਰੋ ਜੀ ਦਾ ਦੋ ਰੋਜ਼ਾ ਸਾਲਾਨਾ ਜੋੜ ਮੇਲਾਂ ਵਿਆਹ ਪੁਰਬ ਹਰ ਸਾਲ ਦੀ ਤਰਾਂ ਇਸ ਵਾਰ ਵੀ ਨਗਰ ਇਲਾਕੇ ਦੇ ਸਹਿਯੋਗ ਨਾਲ ਬੜੀ ਸ਼ਰਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।



ਜੋ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕੀਤੇ ਗਏ ਸਨ ਉਨ੍ਹਾਂ ਦੇ ਅੱਜ ਭੋਗ ਪਾਏ ਗਏ। ਉਪਰੰਤ ਕਥਾਵਾਚਕ ਗਿਆਨੀ ਹਰਜਿੰਦਰ ਸਿੰਘ ਪਟਿਆਲਾ ਤੇ ਹੋਰ ਕੀਰਤਨੀ ਜੱਥਿਆਂ ਵੱਲੋ ਕਥਾ ਕੀਰਤਨ ਕੀਤਾ ਗਿਆ। ਉਪ੍ਰੰਤ ਦੀਵਾਨ ਹਾਲ ਵਿੱਚ ਭਾਰੀ ਦੀਵਾਨ ਸਜਾਏ ਗਏ ਜਿਸ ਵਿੱਚ ਪਹਿਲੇ ਦਿਨ ਢਾਡੀ, ਕਵੀਸ਼ਰਾਂ ਨੇ ਬੀਬੀ ਵੀਰੋ ਜੀ ਦਾ ਜੀਵਨ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਉਚੇਚੇ ਤੌਰ 'ਤੇ ਸੰਤਾਂ, ਮਹੰਤਾਂ, ਸਿੰਘ ਸਾਹਿਬਾਨ ਨੇ ਪਹੁੰਚ ਕੇ ਹਾਜ਼ਰੀ ਭਰੀ। ਜੋੜ ਮੇਲੇ 'ਤੇ ਉਚੇਚੇ ਤੌਰ 'ਤੇ ਚੇਅਰਮੈਨ ਰਮਨ ਕੁਮਾਰ ਝਬਾਲ, ਕਸਬਾ ਝਬਾਲ ਦੇ ਸੀਨੀਅਰ ਕਾਂਗਰਸੀ ਆਗੂ ਵਿਕਰਮ ਸਿੰਘ ਢਿੱਲੋਂ, ਸਾਬਕਾ ਸਰਪੰਚ ਅਮਰਜੀਤ ਸਿੰਘ ਬਘੈਲ ਸਿੰਘ ਵਾਲਾ, ਪੱਤਰਕਾਰ ਤਜਿੰਦਰ ਸਿੰਘ ਬੱਬੂ, ਕੁਲਦੀਪ ਸਿੰਘ ਖੈਰਦੀਨ, ਸਾਬਕਾ ਮੈਂਬਰ ਹਰਪਿੰਦਰ ਸਿੰਘ, ਸਾਬਕਾ ਸਰਪੰਚ ਸੁੱਚਾ ਸਿੰਘ, ਸਰਪੰਚ ਗੁਰਚਰਨ ਸਿੰਘ ਖੈਰਦੀਨ ਨੇ ਹਾਜ਼ਰੀ ਭਰੀ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ ਮੈਨੇਜਰ ਗੁਰਦੁਆਰਾ ਬੀਬੀ ਵੀਰੋ ਜੀ ਹਰਦੇਵ ਸਿੰਘ, ਰਸੀਵਰ ਬਲਵਿੰਦਰ ਸਿੰਘ ਸਵਰਗਾਪੁਰੀ, ਜਥੇਦਾਰ ਗਰਮੀਤ ਸਿੰਘ ਸ਼ਾਹ ਮੈਂਬਰ ਗੁਰਦੁਆਰਾ ਲੋਕਲ ਕਮੇਟੀ ਬੀਬੀ ਵੀਰੋ ਜੀ, ਇੰਸਪੈਕਟਰ ਕਲਵਿੰਦਰ ਸਿੰਘ ਕਰਮੂਵਾਲਾ, ਅਮਰਿੰਦਰ ਸਿੰਘ ਮਾਣਕ, ਜਸਬੀਰ ਸਿੰਘ ਸਵਰਗਾਪੁਰੀ ਸਾਬਕਾ ਸਰਪੰਚ, ਗੁਰਿੰਦਰ ਸਿੰਘ ਮੈਂਬਰ ਲੋਕਲ ਗੁਰਦੁਆਰਾ ਕਮੇਟੀ ਬੀਬੀ ਵੀਰੋ ਜੀ, ਸਾਬਕਾ ਸਰਪੰਚ ਜਗਤਾਰ ਸਿੰਘ ਜੱਗਾ, ਸਾਬਕਾ ਸਰਪੰਚ ਪ੍ਰੀਤਇੰਦਰ ਸਿੰਘ, ਸਾਬਕਾ ਸਰਪੰਚ ਨਰਿੰਦਰ ਪੱਪਾ, ਪੱਤਰਕਾਰ ਸਰਬਜੀਤ ਸਿੰਘ, ਬਾਬਾ ਗੁਰਸੇਵਕ ਸਿੰਘ ਮੁਖੀ ਗੁਰਦੁਆਰਾ ਮਾਤਾ ਭਾਗ ਕੌਰ, ਮਨਜਿੰਦਰ ਸਿੰਘ ਲਹਿਰੀ, ਪ੍ਰਚਾਰਕ ਬਲਵਿੰਦਰ ਸਿੰਘ, ਮੱਖਤੂਲ ਸਿੰਘ ਲੀਡਰ, ਅਕਾਸ਼ ਢਿੱਲੋਂ ਤੇ ਹੋਰ ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ। ਗੁਰੂ ਕੇ ਲੰਗਰ ਛਬੀਲਾਂ ਅਤੁਟ ਵਰਤਾਏ ਜਾ ਰਹੇ ਹਨ।

## ਸਰਨਾ-ਜੀਕੇ ਗੁੱਟ ਦਿੱਲੀ ਗੁਰਦੁਆਰਾ ਪ੍ਰੰ. ਕਮੇਟੀ 'ਤੇ ਇਲਜ਼ਾਮ ਲਗਾਉਣ ਤੋਂ ਗੁਰੇਜ਼ ਕਰੇ : ਇੰਦਰ ਮੋਹਨ ਸਿੰਘ

**ਦਿੱਲੀ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਤੇ ਦਿੱਲੀ ਗੁਰਦੁਆਰਾ ਚੋਣਾਂ ਮਾਮਲਿਆਂ ਦੇ ਜਾਣਕਾਰ ਇੰਦਰ ਮੋਹਨ ਸਿੰਘ ਨੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨਾਂ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਨੂੰ ਦਿੱਲੀ ਗੁਰਦੁਆਰਾ ਕਮੇਟੀ ਦੇ ਖਿਲਾਫ ਬੇਲੋੜੀ ਬਿਆਨਬਾਜ਼ੀ ਕਰਨ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ ਹੈ। ਇੰਦਰ ਮੋਹਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਲੰਬੇ ਸਮੇਂ ਤੋਂ ਗੁਰਦੁਆਰਾ ਚੋਣ ਦਫਤਰ ਦੇ ਸਰਕਾਰੀ ਵਿਭਾਗ 'ਚ ਤੈਨਾਤੀ ਦੌਰਾਨ ਕਦੇ ਵੀ ਸਿੰਘ ਸਭਾਵਾਂ ਦੇ ਪ੍ਰਧਾਨਾਂ ਦੀ 2 ਤੋਂ ਵੱਧ ਪਰਚੀਆਂ ਦੀ ਲਾਟਰੀ ਨਹੀਂ ਕੱਢੀ ਸੀ ਕਿਉਂਕਿ ਦਿੱਲੀ ਗੁਰਦੁਆਰਾ ਐਕਟ ਦੀ ਧਾਰਾ 4 ਦੇ ਮੁਤਾਬਿਕ ਦਿੱਲੀ ਕਮੇਟੀ 'ਚ ਦਿੱਲੀ ਦੇ ਰਜਿਸਟਰਡ ਸਿੰਘ ਸਭਾ ਗੁਰਦੁਆਰਿਆਂ ਦੀ ਨੁਮਾਇੰਦਗੀ ਹੁੰਦੀ ਹੈ ਨਾ ਕਿ ਜਾਤੀ ਤੌਰ 'ਤੇ ਕਿਸੇ ਸਿੰਘ ਸਭਾ ਦੇ ਪ੍ਰਧਾਨ ਦੀ। ਉਨ੍ਹਾਂ ਕਿਹਾ ਕਿ ਹੇਮਕੁੰਟ ਕਾਲੋਨੀ ਸਥਿਤ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਨਕਲੀ ਪੇਪਰ ਦੇਣ ਦੀ ਘਟਨਾ 'ਚ ਸਸਪੈਂਡ ਚਲ ਰਹੇ ਦੋ ਮੁਲਾਜ਼ਮਾਂ ਤੇ ਅਨੁਸ਼ਾਸਨਿਕ ਕਾਰਵਾਈ



ਆਰੰਭ ਕਰ ਦਿੱਤੀ ਗਈ ਹੈ। ਉਨ੍ਹਾਂ ਸਰਨਾ ਤੇ ਜੀ. ਕੇ. ਵੱਲੋਂ ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਨੂੰ ਇਨ੍ਹਾਂ ਘਟਨਾਵਾਂ ਲਈ ਕਸੂਰਵਾਰ ਐਲਾਨਣ ਤੇ ਪਲਟਵਾਰ ਕਰਦਿਆਂ ਕਿਹਾ ਕਿ ਮੈਂਬਰਾਂ ਦੀ ਨਾਮਜ਼ਦਗੀ ਨੂੰ ਬਦਲਣ ਦਾ ਸਰਕਾਰੀ ਨੋਟੀਫੀਕੇਸ਼ਨ ਦਿੱਲੀ ਸਰਕਾਰ ਦੇ ਗੁਰਦੁਆਰਾ ਚੋਣ ਵਿਭਾਗ ਨੇ ਜਾਰੀ ਕੀਤਾ ਹੈ, ਫਿਰ ਦਿੱਲੀ ਗੁਰਦੁਆਰਾ ਕਮੇਟੀ ਕਸੂਰਵਾਰ ਕਿਸ ਤਰ੍ਹਾਂ ਹੋ ਸਕਦੀ ਹੈ ? ਜੇਕਰ ਵਿਰੋਧ ਕਰਨਾ ਹੈ ਤਾਂ ਸਰਕਾਰੀ ਦਫਤਰ ਦੇ ਮੂਹਰੇ ਕਰਨਾ ਚਾਹੀਦਾ ਹੈ ਨਾ ਕਿ ਇਤਿਹਾਸਿਕ ਧਾਰਮਿਕ ਗੁਰਦੁਵਾਰਾ ਰਕਾਬਗੰਜ ਸਾਹਿਬ ਦੇ ਮੂਹਰੇ ਕਰਕੇ ਸੰਗਤਾਂ ਨੂੰ ਗੁਮਰਾਹ ਕੀਤਾ ਜਾਣਾ ਚਾਹੀਦਾ ਹੈ।

## ਜੈ ਬਾਬਾ ਬਰਫਾਨੀ ਦੇ ਯਾਤਰੀਆਂ ਲਈ ਭੰਡਾਰੇ ਦੀਆਂ ਤਿਆਰੀਆਂ ਮੁਕੰਮਲ



**ਅੰਮ੍ਰਿਤਸਰ (ਅਰੋੜਾ)-** ਜੈ ਸ਼ਿਵ ਦੀਪ ਸੇਵਾ ਸੋਸਾਇਟੀ ਰਜਿ. ਅੰਮ੍ਰਿਤਸਰ ਵੱਲੋਂ ਜੈ ਬਾਬਾ ਬਰਫਾਨੀ ਦੇ ਯਾਤਰੀਆਂ ਦੇ ਲਈ ਵਿਸ਼ਾਲ ਭੰਡਾਰੇ ਦਾ ਆਯੋਜਨ 2 ਜੁਲਾਈ ਤੋਂ ਸ਼ੁਰੂ ਹੋ ਕੇ 8 ਅਗਸਤ ਰੱਖੜੀ ਦੇ ਤਿਉਹਾਰ ਤੱਕ 1 ਮਹੀਨਾ 24 ਘੰਟੇ ਦੇ ਲਈ ਆਰੰਭ ਕੀਤਾ ਜਾਵੇਗਾ।ਸੇਵਾ ਸੋਸਾਇਟੀ ਦੇ ਮੈਂਬਰਾਂ, ਪ੍ਰਧਾਨ ਤਰਲੋਕ ਜੋਸ਼ੀ, ਰੋਟਰੀ ਦੇ ਸਾਬਕਾ ਪ੍ਰਧਾਨ ਮੌਜੂਦਾ ਸਕੱਤਰ ਸਮਾਜ ਸੇਵਕ ਅੰਦੇਸ਼ ਭੱਲਾ ਅਤੇ ਹੋਰ ਪ੍ਰਭੂ ਪ੍ਰੇਮੀਆਂ ਦੇ ਸਹਿਯੋਗ ਦੇ ਨਾਲ ਲਗਾਏ ਜਾਣ ਵਾਲੇ ਇਸ ਭੰਡਾਰੇ ਦੇ ਸਬੰਧ ਵਿੱਚ ਸਾਰੀਆਂ ਤਿਆਰੀਆਂ ਪੂਰੀਆਂ ਕਰ ਦਿੱਤੀਆਂ ਗਈਆਂ ਹਨ।ਸਮੂਹ ਸੇਵਾਦਾਰਾਂ ਨੇ ਦੱਸਿਆ ਕਿ ਇਹ ਸਾਲਾਨਾ ਭੰਡਾਰਾ ਮਾਧੋਪੁਰ ਰੇਲਵੇ ਸਟੇਸ਼ਨ, ਜੰਮੂ ਰੋਡ, ਪਠਾਨਕੋਟ ਤੇ ਲਗਾਇਆ ਜਾਂਦਾ ਹੈ।ਹਜ਼ਾਰਾਂ ਦੀ ਗਿਣਤੀ ਵਿੱਚ ਭੋਲੇ ਸ਼ੰਕਰ ਦੇ ਭਗਤ ਇਸ ਭੰਡਾਰੇ ਦਾ ਪ੍ਰਸ਼ਾਦ ਗ੍ਰਹਿਣ ਕਰਦੇ ਹਨ।ਇਹ ਭੰਡਾਰਾ ਸਮੂਹ ਸੰਗਤ ਅਤੇ ਸੇਵਾਦਾਰਾਂ ਦੇ ਸਹਿਯੋਗ ਦੇ ਨਾਲ ਸੰਪੰਨ ਹੁੰਦਾ ਹੈ। ਇਸ ਸਾਲ ਵੀ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਮੌਕੇ ਸਵਿੰਦਰ ਪਾਲ ਸ਼ਿੰਦਾ, ਮਨਮੋਹਨ ਸ਼ਰਮਾ, ਸਵਿੰਦਰ ਪਾਲ ਛੀਨਾ, ਰਾਕੇਸ਼ ਵਡਾਲੀ, ਸਤੀਸ਼ ਮੋਟੂ, ਸਹਿਤ ਜੈ ਸ਼ਿਵ ਦੀਪ ਸੇਵਾ ਸੋਸਾਇਟੀ ਦੇ ਸਮੂਹ ਮੈਂਬਰ ਮੌਜੂਦ ਸਨ।

## ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਵਾਤਾਵਰਣ ਦਿਵਸ ਮਨਾਇਆ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):** ਵਾਤਾਵਰਣ ਸੰਭਾਲ ਅਤੇ ਸੰਵੇਦਨਸ਼ੀਲ ਬਣਾਉਣ ਲਈ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਵਾਤਾਵਰਣ ਦਿਵਸ ਮਨਾਇਆ ਗਿਆ। ਬੱਚਿਆਂ ਨੂੰ ਜਾਗਰੂਕ ਕੀਤਾ ਗਿਆ ਕਿ ਹਰ ਦਿਨ ਵਾਤਾਵਰਣ ਦਿਵਸ ਹੈ ਅਤੇ ਵਾਤਾਵਰਣ ਦਿਵਸ ਮਨਾਉਣ ਦਾ ਉਦੇਸ਼ ਸਾਡੇ ਘਾਹ ਨੂੰ ਹਰਾ ਅਤੇ ਸਾਡੇ ਆਸਮਾਨ ਨੂੰ ਨੀਲਾ ਰੱਖਣਾ ਹੈ ਜਿਸ ਨਾਲ ਘੱਟ ਪ੍ਰਦੂਸ਼ਣ ਹੋਵੇ। ਧਰਤੀ ਨੂੰ ਭਿਆਨਕ ਗਰਮੀ ਤੋਂ ਬਚਾਉਣ ਲਈ ਅਤੇ ਲੋੜ ਦੀ ਘੜੀ ਨੂੰ ਸਮਝਣ ਲਈ ਸੇਂਟ ਸੋਲਜਰ ਸਕੂਲ ਦੇ ਵਿਦਿਆਰਥੀਆਂ ਨੇ ਸਕੂਲ ਦੇ ਆਲੇ ਦੁਆਲੇ ਪੌਦੇ ਲਗਾਏ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸਨਪੁਰੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਵੱਲੋਂ ਵਿਦਿਆਰਥੀ ਨਾਲ ਮਿਲ ਕੇ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਸਹੁੰ ਚੁੱਕੀ ਅਤੇ ਬੱਚਿਆਂ ਨੂੰ ਵੀ ਵਾਤਾਵਰਣ ਨੂੰ ਸੰਭਾਲਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਕਿਹਾ। ਇਸ ਸਬੰਧ ਵਿੱਚ ਸਕੂਲ ਵੱਲੋਂ ਬੱਚਿਆਂ ਨੂੰ ਇੱਕ ਬੱਚਾ ਇੱਕ ਪੌਦਾ ਦੇ ਨਾਂ ਦਾ ਪ੍ਰੋਜੈਕਟ ਦਿੱਤਾ ਗਿਆ। ਵਿਦਿਆਰਥੀ ਆਪਣੇ ਘਰਾਂ ਵਿੱਚ ਜਾਂ ਘਰਾਂ ਦੇ ਆਲੇ ਦੁਆਲੇ ਇੱਕ ਪੌਦਾ ਲਗਾ ਕੇ ਉਸ ਦੀ ਫੋਟੋ ਕਲਿੱਕ ਕਰਨਗੇ ਅਤੇ ਹਰ ਇੱਕ ਬੱਚੇ ਦਾ ਪ੍ਰਮੋਸ਼ਨ ਗਰਾਫ ਬਣਾਈ ਰੱਖਿਆ ਜਾਵੇਗਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਨੇ ਕਿਹਾ ਕਿ ਅੱਜ ਲੋੜ ਹੈ ਬੱਚਿਆਂ ਨੂੰ ਵਾਤਾਵਰਣ ਦਿਵਸ ਬਾਰੇ ਦੱਸਣ ਦੀ ਤਾਂ ਕਿ ਬੱਚੇ ਇਹ ਸਮਝ ਸਕਣ ਕਿ ਰੁੱਖ ਲਗਾਉਣੇ ਕਿੰਨੇ ਜ਼ਰੂਰੀ ਹਨ ਤਾਂ ਹੀ ਅਸੀਂ ਆਉਣ ਵਾਲੀ ਪੀੜ੍ਹੀ ਨੂੰ ਹਰਿਆ ਭਰਿਆ ਵਾਤਾਵਰਣ ਦੇ ਸਕਦੇ ਹਾਂ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰ. ਗੁਰਪ੍ਰੀਤ ਕੌਰ, ਸ਼ਿਲਪਾ ਸ਼ਰਮਾ ਕੋਆਰਡੀਨੇਟਰ, ਨਿਲਾਕਸੀ ਗੁਪਤਾ ਕੋਆਰਡੀਨੇਟਰ ਸਟਾਫ ਤੇ ਬੱਚੇ ਹਾਜ਼ਰ ਸਨ।




## ਨਸ਼ਿਆਂ ਦੀ ਦਲਦਲ 'ਚੋਂ ਬਾਹਰ ਨਿਕਲ ਚੁੱਕੇ ਵਿਅਕਤੀਆਂ ਨੂੰ ਹੁਨਰਮੰਦ ਬਣਾਇਆ ਜਾਵੇਗਾ : ਸ਼ੈਰੀ ਕਲਸੀ

**ਬਟਾਲਾ (ਡਾ. ਮਲਵਿੰਦਰ ਸਿੰਘ)-** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਲਈ ਆ ਰਹੇ ਲੋਕਾਂ ਦੀ ਗਿਣਤੀ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਇੱਕ ਵਿਸ਼ੇਸ਼ ਹੁਨਰ ਵਿਕਾਸ ਪ੍ਰੋਗਰਾਮ ਸ਼ੁਰੂ ਕਰਨ 'ਤੇ ਵਿਚਾਰ ਕਰ ਰਹੀ ਹੈ ਤਾਂ ਜੋ ਨਸ਼ਾ ਛੱਡ ਚੁੱਕੇ ਵਿਅਕਤੀਆਂ ਨੂੰ ਮੁੜ ਤੋਂ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਂਦਾ ਜਾ ਸਕੇ। ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਵੱਲੋਂ ਨਸ਼ਿਆਂ ਦੀ ਦਲਦਲ 'ਚੋਂ ਨਿਕਲ ਚੁੱਕੇ ਵਿਅਕਤੀਆਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਉਨ੍ਹਾਂ ਨੂੰ ਲੋੜੀਂਦੇ ਹੁਨਰ ਨਾਲ ਲੈਸ ਕੀਤਾ ਜਾਵੇਗਾ। ਉਨਾਂ ਅੱਗੇ ਦੱਸਿਆ ਕਿ ਵਿਭਾਗ ਨੂੰ ਨਸ਼ਾ-ਮੁਕਤੀ ਦਾ ਇਲਾਜ ਕਰਾ ਚੁੱਕੇ ਵਿਅਕਤੀਆਂ ਲਈ ਹੁਨਰ ਵਿਕਾਸ ਪ੍ਰੋਗਰਾਮ ਦੀ ਨਿਗਰਾਨੀ ਲਈ ਇੱਕ ਪ੍ਰੋਜੈਕਟ ਪ੍ਰਬੰਧਨ ਯੂਨਿਟ (ਪੀਐੱਮਯੂ) ਸਥਾਪਤ ਕਰਨ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਇਨ੍ਹਾਂ ਵਿਅਕਤੀਆਂ ਨੂੰ ਸਫ਼ਲਤਾਪੂਰਵਕ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਕੇ ਨਸ਼ਿਆਂ ਵੱਲ ਮੁੜ ਜਾਣ ਤੋਂ ਰੋਕਿਆ ਜਾ ਸਕੇ। ਉਨਾਂ ਅੱਗੇ ਦੱਸਿਆ ਕਿ ਸਬੰਧਤ ਅਧਿਕਾਰੀਆਂ ਨੂੰ ਹੁਨਰ ਵਿਕਾਸ 'ਚ ਰੁਚੀ ਰੱਖਣ ਵਾਲੇ ਨਸ਼ੇ ਦਾ ਇਲਾਜ ਕਰਾ ਚੁੱਕੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਢੁੱਕਵੇਂ ਕਿੱਤਿਆਂ ਦੀ ਸਿਖਲਾਈ ਦੇਣ ਲਈ ਕਿਹਾ ਗਿਆ ਹੈ। ਇਸ ਤੋਂ ਇਲਾਵਾ ਹੁਨਰ ਸਿਖਲਾਈ ਲੈਣ ਵਾਲੇ ਵਿਅਕਤੀਆਂ ਦੀ ਪਲੇਸਮੈਂਟ ਕਰਵਾਉਣ ਲਈ ਉਪਰਾਲੇ ਕੀਤੇ ਜਾਣਗੇ ਤਾਂ ਜੋ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸਫਲਤਾਪੂਰਵਕ ਸ਼ਾਮਲ ਕੀਤਾ ਜਾ ਸਕੇ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਰਾਜ ਸਰਕਾਰ ਦਾ ਉਦੇਸ਼ ਨਸ਼ਿਆਂ ਦੀ ਦਲਦਲ ਵਿੱਚੋਂ ਨਿਕਲ ਚੁੱਕੇ ਵਿਅਕਤੀਆਂ ਵਿੱਚ ਚੰਗੀਆਂ ਆਦਤਾਂ ਅਤੇ ਹੁਨਰ ਪੈਦਾ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਸਸ਼ਕਤ ਬਣਾਇਆ ਜਾ ਸਕੇ।



## 3 ਨਸ਼ਾ ਤਸਕਰਾਂ ਖ਼ਿਲਾਫ਼ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)-** ਥਾਣਾ ਧਾਰੀਵਾਲ ਦੇ ਏਐੱਸਆਈ ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਿਸ ਪਾਰਟੀ ਨਾਕਾਬੰਦੀ ਬਾਈਪਾਸ ਪੁੱਲ ਰਣੀਆ ਹੇਠਾਂ ਤੋਂ ਦੀਪਕ ਕੁਮਾਰ ਪੁੱਤਰ ਜੁਗਲ ਕਿਸ਼ੋਰ ਵਾਸੀ ਅਖਲਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਮੋਟਰਸਾਈਕਲ ਸਮੇਤ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 6 ਗਰਾਮ ਹੈਰੋਇਨ ਬਰਾਮਦ ਹੋਈ ਹੈ। ਇਸੇ ਤਰ੍ਹਾਂ ਥਾਣਾ ਸਦਰ ਗੁਰਦਾਸਪੁਰ ਪੁਲਿਸ ਦੇ ਏਐੱਸਆਈ ਟੇਕ ਰਾਮ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨਾਕਾਬੰਦੀ ਹਰਦੋਛੰਨੀ ਆਲੇਚੱਕ ਬਾਈਪਾਸ ਸਾਹਮਣੇ ਲੁੱਕ ਪਲਾਂਟ ਨਜ਼ਦੀਕ ਤੋਂ ਮਨਦੀਪ ਸਿੰਘ ਮਿੱਠੂ ਪੁੱਤਰ ਜਸਵੰਤ ਸਿੰਘ ਵਾਸੀ ਮੁਹੱਲਾ ਪ੍ਰੇਮ ਨਗਰ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਦੀ ਤਲਾਸ਼ੀ ਕੀਤੀ ਤਾਂ ਉਸ ਦੇ ਪਹਿਨੇ ਹੋਏ ਪਜਾਮੇ ਦੀ ਸੱਜੀ ਜੇਬ ਵਿਚੋਂ ਮੋਮੀ ਲਿਫਾਫੇ ਵਿੱਚ ਲਪੇਟੀ ਹੋਈ 8 ਗ੍ਰਾਮ 16 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਕਲਾਨੌਰ ਦੇ ਐੱਸਆਈ ਪ੍ਰਲਾਦ ਸਿੰਘ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਕਲਾਨੌਰ ਤੋਂ ਜੀਵਨ ਕੁਮਾਰ ਪੁੱਤਰ ਜਸਪਾਲ ਸਿੰਘ ਵਾਸੀ ਕਲਾਨੌਰ ਜੋ ਝਾੜੀਆਂ ਵਿੱਚ ਬੈਠ ਕੇ ਹੈਰੋਇਨ ਦੇ ਸ਼ ਲਗਾ ਰਿਹਾ ਸੀ, ਜਿਸ ਨੂੰ ਤਫਤੀਸ਼ੀ ਅਫਸਰ ਨੇ ਕਾਬੂ ਕੀਤਾ ਅਤੇ ਉਸ ਪਾਸੋਂ ਇਕ ਲਾਇਟਰ, ਇੱਕ ਸਿਲਵਰ ਪੰਨੀ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਪੁਲਿਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅੰਰਭ ਕਰ ਦਿੱਤੀ ਹੈ।

## ਇਤਿਹਾਸਕ ਕਿਰਤ ਸੁਧਾਰਾਂ ਨੇ ਛੋਟੇ ਵਪਾਰੀਆਂ ਨੂੰ ਦਿੱਤੀ ਵੱਡੀ ਰਾਹਤ : ਰੰਧਾਵਾ

**ਗੁਰਦਾਸਪੁਰ (ਜਨਕ ਮਹਾਜਨ)-** ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਪੰਜਾਬ ਕੈਬਨਿਟ ਮੀਟਿੰਗ ਦੌਰਾਨ ਛੋਟੇ ਦੁਕਾਨਦਾਰਾਂ ਦੇ ਹੱਕ ਵਿੱਚ ਲਏ ਗਏ ਮਹੱਤਵਪੂਰਨ ਫ਼ੈਸਲਿਆਂ ਦਾ ਸਵਾਗਤ ਕਰਦਿਆਂ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਰਕਾਰ ਦੇ ਫ਼ੈਸਲੇ ਨੂੰ ਇਤਿਹਾਸਕ ਅਤੇ ਕਾਰੋਬਾਰ-ਅਨੁਕੂਲ ਦੱਸਿਆ ਹੈ। ਵਿਧਾਇਕ ਸ1 ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਦੁਕਾਨਾਂ ਅਤੇ ਵਪਾਰਕ ਸਥਾਪਨਾ ਐਕਟ 1958 ਵਿੱਚ ਸੋਧਾਂ ਰਾਹੀਂ ਰਾਜ ਭਰ ਦੇ ਲਗਭਗ 95 ਫ਼ੀਸਦੀ ਛੋਟੇ ਦੁਕਾਨਦਾਰਾਂ ਅਤੇ ਵਪਾਰੀਆਂ ਨੂੰ ਵੱਡੀ ਰਾਹਤ ਮਿਲੇਗੀ। ਸ. ਰੰਧਾਵਾ ਨੇ ਕਿਹਾ ਕਿ ਇਹ ਸੁਧਾਰ, ਕਾਰੋਬਾਰੀ ਸੌਖ ਅਤੇ ਕਰਮਚਾਰੀ ਭਲਾਈ ਵਿਚਕਾਰ ਸਹੀ ਤੇ ਵਾਜਬ ਸੰਤੁਲਨ ਬਣਾਉਂਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਕਰਮਚਾਰੀਆਂ ਲਈ ਵੱਧ ਤੋਂ ਵੱਧ ਪ੍ਰਵਾਨਿਤ ਓਵਰਟਾਈਮ 50 ਘੰਟਿਆਂ ਤੋਂ ਵਧਾ ਕੇ 144 ਘੰਟੇ ਪ੍ਰਤੀ ਤਿਮਾਹੀ ਕਰ ਦਿੱਤਾ ਗਿਆ ਹੈ। ਰੋਜ਼ਾਨਾ ਕੰਮ ਕਰਨ ਦੇ ਘੰਟਿਆਂ ਨੂੰ 12 ਘੰਟੇ ਤੱਕ ਵਧਾ ਦਿੱਤਾ ਗਿਆ ਹੈ, ਜਿਸ ਵਿੱਚ ਆਰਾਮ ਦਾ ਸਮਾਂ ਵੀ ਸ਼ਾਮਲ ਹੈ ਅਤੇ ਦਿਨ ਵਿੱਚ 9 ਘੰਟੇ ਜਾਂ ਹਫ਼ਤੇ ਵਿੱਚ 48 ਘੰਟਿਆਂ ਤੋਂ ਵੱਧ ਕਿਸੇ ਵੀ ਕੰਮ ਲਈ ਨਿਯਮਤ ਦਰ ਤੋਂ ਦੁੱਗਣੀ ਦਰ 'ਤੇ ਮੁਆਵਜ਼ਾ ਦਿੱਤਾ ਜਾਣਾ ਜ਼ਰੂਰੀ ਹੈ। ਰੰਧਾਵਾ ਨੇ ਕਿਹਾ ਕਿ 20 ਕਰਮਚਾਰੀਆਂ ਵਾਲੇ ਵਪਾਰਕ ਅਦਾਰਿਆਂ ਨੂੰ ਹੁਣ ਕੰਮ ਸ਼ੁਰੂ ਕਰਨ ਲਈ ਕਿਸੇ ਵੀ ਸਰਕਾਰੀ ਪ੍ਰਵਾਨਗੀ ਦੀ ਲੋੜ ਨਹੀਂ ਹੋਵੇਗੀ। ਇਸ ਫ਼ੈਸਲੇ ਨਾਲ ਰਾਜ ਭਰ ਦੇ ਹਜ਼ਾਰਾਂ ਛੋਟੇ ਕਾਰੋਬਾਰਾਂ ਨੂੰ ਲਾਭ ਹੋਵੇਗਾ। 20 ਤੋਂ ਵੱਧ ਕਰਮਚਾਰੀਆਂ ਵਾਲੀਆਂ ਵਪਾਰਕ ਇਕਾਈਆਂ ਲਈ ਸਰਕਾਰ ਨੇ ਯਕੀਨੀ ਬਣਾਇਆ ਹੈ ਕਿ ਮਹਿਜ਼ 24 ਘੰਟਿਆਂ ਦੇ ਅੰਦਰ ਲੋੜੀਂਦੀ ਮਨਜ਼ੂਰੀ ਦਿੱਤੀ ਜਾਵੇਗੀ - ਜਿਸ ਨਾਲ ਅਫ਼ਸਰਸ਼ਾਹੀ ਖ਼ਤਮ ਹੋਵੇਗੀ ਅਤੇ ਮਨਜ਼ੂਰੀ ਦੀ ਪ੍ਰਕਿਰਿਆ ਵਿੱਚ ਤੇਜ਼ੀ ਆਵੇਗੀ।



## ਮਨ ਨੂੰ ਦੁਬਾਰਾ ਕਾਰਜਸ਼ੀਲ ਬਣਾਉਣ ਲਈ 'ਧਿਆਨ' ਇੱਕ ਕਾਰਗਰ ਵਿਧੀ : ਸਾਧਵੀ ਕੰਵਲਜੀਤ ਭਾਰਤੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)-** ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਆਸ਼ਰਮ ਵਿਖੇ ਆਯੋਜਿਤ ਸਮਰ ਕੈਂਪ ਵਿੱਚ 7 ਤੋਂ 12 ਸਾਲ ਦੀ ਉਮਰ ਦੇ ਬੱਚਿਆਂ ਲਈ ਆਯੋਜਿਤ ਕੀਤੇ ਜਾ ਰਹੇ ਦੋ-ਰੋਜ਼ਾ ਕੈਂਪ ਦੇ ਦੂਜੇ ਦਿਨ ਬੱਚਿਆਂ ਨੇ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਹਿੱਸਾ ਲਿਆ।ਦਿਵਯ ਗੁਰੂ ਸ਼੍ਰੀ ਆਸ਼ੂਤੋਸ਼ ਮਹਾਰਾਜ ਜੀ ਦੀ ਸ਼ਿਸ਼ਯਾ ਸਾਧਵੀ ਕੰਵਲਜੀਤ ਭਾਰਤੀ ਨੇ ਬੱਚਿਆਂ ਨੂੰ ਟਾਪਰ ਬਣਨ ਲਈ ਸੁਝਾਅ ਦਿੰਦੇ ਹੋਏ ਕਿਹਾ ਕਿ ਜ਼ਿਆਦਾਤਰ ਬੱਚੇ ਸੋਚਦੇ ਹਨ ਕਿ ਜਿਨ੍ਹਾਂ ਦੀ ਯਾਦਦਾਸ਼ਤ ਚੰਗੀ ਹੈ, ਉਹ ਹੀ ਪੜ੍ਹਾਈ ਵਿੱਚ ਟਾਪ ਕਰ ਸਕਦੇ ਹਨ ਪਰ ਸਾਧਵੀ ਨੇ ਦੱਸਿਆ ਕਿ ਯਾਦਦਾਸ਼ਤ ਚੰਗੀ ਜਾਂ ਮਾੜੀ ਨਹੀਂ ਹੁੰਦੀ ਸਗੋਂ ਸਿੱਖਿਆ ਪ੍ਰਾਪਤ ਜਾਂ ਅਨਪੜ੍ਹਤਾ ਹੁੰਦੀ ਹੈ।ਪੜ੍ਹਾਈ ਦੇ ਸਭ ਤੋਂ ਉੱਚੇ ਸਿਖਰ 'ਤੇ ਪਹੁੰਚਣ ਲਈ, ਇਕਾਗਰਤਾ ਹੋਣਾ ਬਹੁਤ ਜ਼ਰੂਰੀ ਹੈ ਅਤੇ ਇਕਾਗਰਤਾ ਸਿਰਫ਼ ਉੱਥੇ ਹੀ ਵਿਕਸਤ ਹੁੰਦੀ ਹੈ ਜਿੱਥੇ ਤੁਹਾਡੀ ਦਿਲਚਸਪੀ ਹੋਵੇ।ਮੌਜੂਦਾ ਸਮੇਂ ਦੀ ਗੱਲ ਕਰੀਏ ਤਾਂ ਅੱਜਕੱਲ੍ਹ ਬੱਚੇ ਟੀਵੀ ਸੀਰੀਅਲਾਂ ਦੇ ਸੰਵਾਦ, ਗੀਤ ਆਦਿ ਬਹੁਤ ਜਲਦੀ ਯਾਦ ਰੱਖਦੇ ਹਨ।ਇਸੇ ਤਰ੍ਹਾਂ ਪੜ੍ਹਾਈ ਨੂੰ ਬੋਝ ਨਾ ਸਮਝੋ।ਸਗੋਂ ਇਸਨੂੰ ਆਪਣੀ ਜ਼ਿੰਦਗੀ ਦਾ ਦਿਲਚਸਪ ਹਿੱਸਾ ਬਣਾਓ ਅਤੇ ਹਰ ਵਿਸ਼ੇ ਨੂੰ ਆਪਣੇ ਵਿੱਚ ਸਮਾਓ।ਤੁਸੀਂ ਅਧਿਆਪਕ ਦੁਆਰਾ ਪੁੱਛੇ ਗਏ ਹਰ ਸਵਾਲ ਨੂੰ ਬਿਨਾਂ ਕਿਸੇ ਡਰ ਅਤੇ ਭੁੱਲੇ ਬਿਨਾਂ ਪੂਰੇ ਉਤਸ਼ਾਹ ਨਾਲ ਹੱਲ ਕਰਨ ਦੇ ਯੋਗ ਹੋਵੋਗੇ।ਸਾਧਵੀ ਨੇ ਦੱਸਿਆ ਕਿ ਪੜ੍ਹਾਈ ਵਿੱਚ ਬ੍ਰੇਕ ਹੋਣਾ ਜ਼ਰੂਰੀ ਹੈ।ਇੱਥੇ ਬ੍ਰੇਕ ਦਾ ਮਤਲਬ ਟੀਪੀ, ਮੋਬਾਈਲ ਆਦਿ ਤੇ ਆਪਣਾ ਸਮਾਂ ਬਰਬਾਦ ਕਰਨਾ ਨਹੀਂ ਹੈ।ਕਿਉਂਕਿ ਤੁਹਾਡੇ ਮਨ ਨੂੰ ਸ਼ਾਂਤ ਕਰਨ ਦੀ ਬਜਾਏ, ਇਹ ਜ਼ਿਆਦਾ ਕੰਮ ਕਰਨ ਲੱਗ ਪੈਂਦਾ ਹੈ।ਇਸ ਲਈ ਇਸ ਬ੍ਰੇਕ ਵਿੱਚ ਆਪਣੇ ਪਰਿਵਾਰ ਨਾਲ ਆਪਣਾ ਸਮਾਂ ਬਿਤਾਓ ਅਤੇ ਆਪਣੇ ਮਨ ਨੂੰ ਦੁਬਾਰਾ ਕਾਰਜਸ਼ੀਲ ਬਣਾਉਣ ਲਈ ਧਿਆਨ ਕਰੋ।ਕੁਦਰਤ ਨਾਲ ਜੁੜੋ।ਬੱਚਿਆਂ ਦੇ ਮਾਨਸਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਮਨੋਵਿਗਿਆਨਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਇਨ੍ਹਾਂ ਗਤੀਵਿਧੀਆਂ ਵਿੱਚ ਸਾਧਵੀ ਨੇ ਬੱਚਿਆਂ ਨੂੰ ਮਾਨਸਿਕ ਚੁਣੌਤੀਆਂ ਦਾ ਸਾਹਮਣਾ ਕਰਨ ਅਤੇ ਸਮੱਸਿਆਵਾਂ ਦੇ ਹੱਲ ਲੱਭਣ ਲਈ ਤਿਆਰ ਕੀਤਾ।ਸਾਧਵੀ ਜੀ ਨੇ ਬੱਚਿਆਂ ਨੂੰ ਪਰਮਾਤਮਾ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਜਿਵੇਂ ਪ੍ਰਹਿਲਾਦ ਹਮੇਸ਼ਾ ਪਰਮਾਤਮਾ ਨਾਲ ਜੁੜਿਆ ਰਹਿੰਦਾ ਸੀ। ਇਸੇ ਤਰ੍ਹਾਂ ਸਾਨੂੰ ਪਰਮਾਤਮਾ ਨਾਲ ਜੁੜਨ ਦੀ ਕਲਾ ਵੀ ਜਾਣਨੀ ਚਾਹੀਦੀ ਹੈ।ਇਹ ਕੈਂਪ ਬੱਚਿਆਂ ਦੇ ਸਰਬਪੱਖੀ ਵਿਕਾਸ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਵਧਾਉਣ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ ਹੈ।ਪ੍ਰੋਗਰਾਮ ਵਿੱਚ ਵੱਖ-ਵੱਖ ਰਚਨਾਤਮਕ ਗਤੀਵਿਧੀਆਂ, ਖੇਡਾਂ ਆਦਿ ਸੈਸ਼ਨ ਸ਼ਾਮਲ ਸਨ ਜਿਸ ਵਿੱਚ ਬੱਚਿਆਂ ਨੇ ਆਪਣੀ ਵਿਸ਼ੇਸ਼ ਦਿਲਚਸਪੀ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ।ਟ੍ਰੇਨਰਾਂ ਅਤੇ ਪ੍ਰਬੰਧਕਾਂ ਨੇ ਬੱਚਿਆਂ ਦੇ ਉਤਸ਼ਾਹ ਅਤੇ ਊਰਜਾ ਦੀ ਸ਼ਲਾਘਾ ਕੀਤੀ।ਇਸ ਮੌਕੇ ਮਾਪਿਆਂ ਅਤੇ ਅਧਿਆਪਕਾਂ ਨੇ ਵੀ ਬੱਚਿਆਂ ਦੀ ਭਾਗੀਦਾਰੀ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਦੇ ਆਤਮਵਿਸ਼ਵਾਸ ਅਤੇ ਸਮਾਜਿਕ ਹੁਨਰ ਨੂੰ ਵਧਾਉਣ ਵਿੱਚ ਮਦਦਗਾਰ ਹੁੰਦੇ ਹਨ।



## ਮਾਸਟਰ ਸਲੀਮ ਅੱਜ ਜਾਗਰਣ 'ਚ ਸੰਗਤਾਂ ਨੂੰ ਭੇਟਾਂ ਨਾਲ ਕਰਨਗੇ ਨਿਹਾਲ



**ਗੁਰਦਾਸਪੁਰ (ਜਨਕ ਮਹਾਜਨ)-** ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜੈ ਮਾਂ ਵੈਸ਼ਨੋ ਸਭਾ ਵੱਲੋਂ ਵਿਸ਼ਾਲ ਮਹਾਮਾਈ ਜਾਗਰਣ ਅੱਜ 10 ਜੂਨ 2025 ਦਿਨ ਮੰਗਲਵਾਰ ਨੂੰ ਪਿੰਡ ਜੀਵਨਵਾਲ ਬੱਬਰੀ ਗੁਰਦਾਸਪੁਰ ਵਿਖੇ ਬੜੀ ਸ਼ਰਧਾ ਭਾਵਨਾ ਅਤੇ ਧੂਮ-ਧਾਮ ਨਾਲ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਮਹਾਮਾਈ ਦਾ ਗੁਣਗਾਣ ਕਰਨ ਲਈ ਮਾਂ ਸਰਸਵਤੀ ਮਿਊਜ਼ੀਕਲ ਗਰੁੱਪ ਪਰਮਾਨੰਦ ਅਤੇ ਇੰਟਰਨੈਸ਼ਨਲ ਪੰਜਾਬੀ ਗਾਇਕ ਮਾਸਟਰ ਸਲੀਮ ਵਿਸੇਸ ਤੌਰ 'ਤੇ ਪਹੁੰਚ ਰਹੇ ਹਨ। ਇਸ ਜਾਗਰਣ ਦੀ ਜਾਣਕਾਰੀ ਮਾਂ ਵੈਸ਼ਨੋ ਸਭਾ ਦੇ ਮੈਂਬਰਾਂ ਵਲੋਂ ਸਾਂਝੇ ਤੌਰ 'ਤੇ ਦਿੰਦੇ ਹੋਏ ਦੱਸਿਆ ਕਿ ਮਹਾਮਾਈ ਦਾ ਜਾਗਰਣ ਹਰ ਸਾਲ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਰਧਾ ਭਾਵਨਾ ਨਾਲ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਸਮੂਹ ਸੰਗਤਾਂ ਇਸ ਜਾਗਰਣ ਵਿੱਚ ਪਹੁੰਚ ਕੇ ਮਹਾਮਾਈ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ। ਮਹਾਮਾਈ ਜੀ ਦੇ ਜਾਗਰਣ ਦਾ ਪ੍ਰਸਾਰਨ ਜੇ ਏ ਜੀ ਪੰਜਾਬੀ ਚੈਨਲ ਉਤੇ ਲਾਈਵ ਦਿਖਾਇਆ ਜਾਵੇਗਾ। ਸੰਗਤਾਂ ਲਈ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਨਵਾਂ ਜ਼ਮਾਨਾ

ਮੰਗਲਵਾਰ, 10 ਜੂਨ 2025


## ਵਾਤਾਵਰਣ ਨਾਲ ਖਿਲਵਾੜ

*ਵਿਸ਼ਵ ਵਾਤਾਵਰਣ 'ਤੇ ਪਹਿਲੀ ਵਾਰ ਚਰਚਾ 1972 ਵਿੱਚ ਸਟਾਕਹੋਮ 'ਚ ਹੋਈ ਸੀ ਤੇ ਪਹਿਲੀ ਵਾਰ ਵਾਤਾਵਰਣ ਦਿਵਸ 5 ਜੂਨ 1973 ਵਿੱਚ ਮਨਾਇਆ ਗਿਆ। ਹਰ ਸਾਲ ਇੱਕ ਥੀਮ ਨਾਲ ਪਰਿਆਵਰਣ ਦਿਵਸ ਮਨਾਇਆ ਜਾਂਦਾ ਹੈ। ਵੱਡੇ-ਵੱਡੇ ਸਰਕਾਰੀ ਤੇ ਗੈਰ-ਸਰਕਾਰੀ ਅਦਾਰੇ ਕਰੀਬ ਇੱਕ ਮਹੀਨਾ ਪਹਿਲਾਂ ਹੀ ਇਸ ਦੀਆਂ ਤਿਆਰੀਆਂ ਸ਼ੁਰੂ ਕਰ ਦਿੰਦੇ ਹਨ। ਕਰੋੜਾਂ ਰੁਪਏ ਖਰਚ ਕਰਕੇ ਦੇਸ਼-ਭਰ ਵਿੱਚ ਪ੍ਰੋਗਰਾਮ ਚਲਾਇਆ ਜਾਂਦਾ ਹੈ। ਇਸ ਸਾਲ ਦਾ ਥੀਮ ਸੀ ਪਲਾਸਟਿਕ ਪ੍ਰਦੂਸ਼ਣ ਨੂੰ ਖਤਮ ਕਰਨਾ। ਅਨੇਕਾਂ ਅਧਿਅਨਾਂ ਤੋਂ ਪਤਾ ਲੱਗਦਾ ਹੈ ਕਿ ਸਮੁੰਦਰ, ਨਦੀਆਂ ਤੇ ਪਹਾੜਾਂ ਆਦਿ 'ਤੇ ਪਲਾਸਟਿਕ ਪ੍ਰਦੂਸ਼ਣ ਖਤਰਨਾਕ ਸਥਿਤੀ ਤੱਕ ਪੁੱਜ ਚੁੱਕਾ ਹੈ। ਸਮੁੰਦਰ ਵਿੱਚ ਰਹਿਣ ਵਾਲੇ ਜੀਵਾਂ ਦੀਆਂ ਕਈ ਨਸਲਾਂ ਖਤਮ ਹੁੰਦੀਆਂ ਜਾ ਰਹੀਆਂ ਹਨ। ਉਨ੍ਹਾਂ ਦੇ ਅੰਦਰ ਤੱਕ ਪਲਾਸਟਿਕ ਪਾਇਆ ਗਿਆ।*

*ਪਲਾਸਟਿਕ ਪ੍ਰਦੂਸ਼ਣ ਰੋਕਣਾ ਹੀ ਪੈਣਾ ਹੈ, ਪਰ ਸਵਾਲ ਇਹ ਹੈ ਕਿ ਕੀ ਅਸੀਂ ਸਿਰਫ ਜ਼ੁਬਾਨੀ-ਕਲਾਮੀ ਰੋਕ ਰਹੇ ਹਾਂ ਜਾਂ ਇਸ ਬਾਰੇ ਬਣੀਆਂ ਨੀਤੀਆਂ ਦੀ ਸਖਤੀ ਨਾਲ ਪਾਲਣਾ ਵੀ ਕਰ ਰਹੇ ਹਾਂ। ਪਲਾਸਟਿਕ ਕਈ ਤਰ੍ਹਾਂ ਦੇ ਹੁੰਦੇ ਹਨ। ਇਸ ਵਿੱਚ ਸੈਸ਼ੇ ਪਲਾਸਟਿਕ ਵੀ ਆਉਂਦੇ ਹਨ। ਜਿਸ ਵਿੱਚ ਸ਼ੈਂਪੂ ਦੇ ਪਾਊਚ, ਕੁਰਕੁਰੇ, ਚਿੱਪਸ ਦੇ ਪੈਕੇਟ, ਗੁਟਕਾ ਤੇ ਹੋਰ ਵੀ ਕਈ ਤਰ੍ਹਾਂ ਦੇ ਪਾਊਚ ਹਨ। ਸੈਸ਼ੇ ਪਲਾਸਟਿਕ ਕਰੋੜਾਂ-ਅਰਬਾਂ ਸਾਲਾਂ ਤੱਕ ਨਸ਼ਟ ਨਹੀਂ ਹੁੰਦਾ। ਇਸ ਨੂੰ ਖਤਮ ਕਰਨ ਲਈ ਹੁਣ ਤੱਕ ਜਿੰਨੀਆਂ ਨੀਤੀਆਂ ਬਣੀਆਂ ਹਨ, ਉਹ ਧਰਾਤਲ 'ਤੇ ਲਾਗੂ ਨਹੀਂ ਹੋਈਆਂ। ਇਨ੍ਹਾਂ ਦੀ ਵਰਤੋਂ ਵਧਦੀ ਹੀ ਜਾ ਰਹੀ ਹੈ।*

*ਹਰ ਸਾਲ ਭਾਰਤ ਵਿੱਚ ਲੱਖਾਂ ਪੌਦੇ ਲਾਏ ਜਾਂਦੇ ਹਨ। ਇੱਕ ਪੌਦੇ ਨੂੰ ਦਰੱਖਤ ਬਣਨ ਵਿੱਚ ਕਈ ਸਾਲ ਲੱਗਦੇ ਹਨ, ਪਰ ਜਦ ਨਿੱਜੀ ਹਿੱਤਾਂ ਲਈ ਜੰਗਲ ਕੱਟਣ ਦੀ ਗੱਲ ਆਉਂਦੀ ਹੈ ਤਾਂ ਸਰਕਾਰਾਂ ਕਾਰਪੋਰੇਟ ਦੇ ਹਿੱਤ ਵਿੱਚ ਜੰਗਲ ਕੱਟਣ ਵਿੱਚ ਜ਼ਰਾ ਵੀ ਨਹੀਂ ਹਿਚਕਚਾਉਂਦੀਆਂ। ਹਾਲ ਹੀ ਵਿੱਚ ਹੈਦਰਾਬਾਦ ਯੂਨੀਵਰਸਿਟੀ ਵਿੱਚ ਪੂਰਾ ਜੰਗਲ ਰਾਤੋ-ਰਾਤ ਉਜਾੜ ਦਿੱਤਾ ਗਿਆ। ਛੱਤੀਸਗੜ੍ਹ ਵਿੱਚ ਵੀ ਜੰਗਲਾਂ ਨੂੰ ਬੁਰੀ ਤਰ੍ਹਾਂ ਮੋਛੇ ਪਾਏ ਜਾ ਰਹੇ ਹਨ। ਪਰਿਆਵਰਣ ਦਿਵਸ 'ਤੇ ਪੌਦੇ ਲਾਉਣ ਨਾਲ ਹੀ ਪਰਿਆਵਰਣ ਸੁਰੱਖਿਅਤ ਨਹੀਂ ਹੋ ਸਕਦਾ, ਸਗੋਂ ਜੰਗਲਾਂ ਨੂੰ ਸੁਰੱਖਿਅਤ ਰੱਖ ਕੇ ਹੀ ਅਸੀਂ ਪਰਿਆਵਰਣ ਨੂੰ ਸੁਰੱਖਿਅਤ ਰੱਖਣ ਦੀ ਮੁਹਿੰਮ ਨੂੰ ਅੱਗੇ ਵਧਾ ਸਕਦੇ ਹਾਂ। ਭਾਰਤ ਸਰਕਾਰ ਦੀ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਹਰ ਸਾਲ ਪੰਜ ਜੂਨ ਨੂੰ ਲਾਏ ਜਾਣ ਵਾਲੇ ਪੌਦਿਆਂ ਦੀ ਦੇਖਭਾਲ ਦੀ ਕੋਈ ਠੋਸ ਨੀਤੀ ਕੇਂਦਰ ਤੇ ਰਾਜ ਸਰਕਾਰਾਂ ਕੋਲ ਨਹੀਂ ਹੈ। ਰਿਪੋਰਟ ਮੁਤਾਬਕ 2020 ਵਿੱਚ ਯੂ ਪੀ 'ਚ 25 ਕਰੋੜ ਪੌਦੇ ਲਾਏ ਗਏ, ਜਿਨ੍ਹਾਂ ਵਿੱਚੋਂ 40 ਫੀਸਦੀ ਇੱਕ ਸਾਲ ਅੰਦਰ ਹੀ ਸੁੱਕ ਗਏ। ਇਹ ਅੰਕੜਾ ਇੱਕ ਸਾਲ ਦਾ ਹੈ, ਬਾਕੀ 60 ਫੀਸਦੀ ਦਾ ਕੀ ਹੋਇਆ, ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ। ਸਰਕਾਰੀ ਅੰਕੜਿਆਂ ਮੁਤਾਬਕ ਪਿਛਲੇ 10 ਸਾਲਾਂ ਵਿੱਚ ਹਰਿਆਲੀ 'ਚ 35 ਫੀਸਦੀ ਦੀ ਕਮੀ ਆਈ ਹੈ। ਇਸ ਤੋਂ ਤਾਂ ਇਹੀ ਕਿਹਾ ਜਾ ਸਕਦਾ ਹੈ ਕਿ ਹਰ ਸਾਲ ਕਰੋੜਾਂ ਰੁਪਏ ਬਰਬਾਦ ਹੀ ਕੀਤੇ ਜਾ ਰਹੇ ਹਨ।*

*ਵਾਤਾਵਰਣ ਨੂੰ ਬਚਾਉਣ ਦੀ ਮੁਹਿੰਮ ਸਿਰਫ ਇੱਕ ਦਿਨ ਦੀ ਮੁਹਿੰਮ ਨਹੀਂ ਹੈ। ਪੰਜ ਜੂਨ ਨੂੰ ਪੌਦੇ ਲਾਏ ਤੇ ਦਿਲ ਬਹਿਲਾ ਲਿਆ ਕਿ ਅਸੀਂ ਪਰਿਆਵਰਣ ਨੂੰ ਬਚਾਉਣ ਲਈ ਆਪਣਾ ਅਹਿਮ ਯੋਗਦਾਨ ਪਾ ਦਿੱਤਾ। ਇਹ ਨਿਰੰਤਰ ਚੱਲਣ ਵਾਲੀ ਪ੍ਰਕਿਰਿਆ ਹੈ, ਜਿਸ ਨੂੰ ਸਾਨੂੰ ਆਪਣੇ ਵਿਹਾਰ ਤੇ ਸਰਕਾਰ ਨੂੰ ਆਪਣੀਆਂ ਨੀਤੀਆਂ ਵਿੱਚ ਲਾਗੂ ਕਰਨਾ ਪੈਣਾ ਹੈ, ਨਹੀਂ ਤਾਂ ਕਾਗਜ਼ਾਂ 'ਤੇ ਹਰੀ-ਭਰੀ ਨਜ਼ਰ ਆਉਣ ਵਾਲੀ ਧਰਤੀ ਦਾ ਨਾਮੋ-ਨਿਸ਼ਾਨ ਨਹੀਂ ਰਹਿਣਾ। ਜਿਸ ਤਰ੍ਹਾਂ ਨਿੱਜੀ ਸਵਾਰਥਾਂ ਲਈ ਜੰਗਲਾਂ ਨੂੰ ਕੱਟਿਆ ਜਾ ਰਿਹਾ ਹੈ, ਉਸ ਨੂੰ ਸਖਤੀ ਨਾਲ ਰੋਕਣਾ ਹੋਵੇਗਾ, ਘੱਟੋ-ਘੱਟ ਜੋ ਸਾਡੇ ਕੋਲ ਹੈ, ਉਸ ਨੂੰ ਤਾਂ ਨਸ਼ਟ ਨਾ ਕਰੀਏ।*

## ਪਾਠਕ-ਸੱਥ

### ਨਵੇਂ ਕਾਰਡ ਬਣਾਓ

ਪੰਜਾਬ ਵਿਚ ਕੌਮੀ ਅੰਨ ਸੁਰੱਖਿਆ ਕਾਨੂੰਨ ਅਧੀਨ ਅਨੇਕਾਂ ਹੀ ਯੋਗ ਲਾਭਪਾਤਰੀਆਂ ਨੂੰ ਮੁਫਤ ਕਣਕ ਮੁਹੱਈਆ ਕਰਵਾਈ ਜਾ ਰਹੀ ਹੈ, ਜਿਸ ਨਾਲ ਅਨੇਕਾਂ ਹੀ ਲੋਕਾਂ ਦਾ ਢਿੱਡ ਭਰਨ ਵਿੱਚ ਸਰਕਾਰ ਦੀ ਬਹੁਤ ਵੱਡੀ ਉਪਲੱਬਧੀ ਕਹੀ ਜਾ ਸਕਦੀ ਹੈ। ਪ੍ਰੰਤੂ ਦੂਜੇ ਪਾਸੇ ਕਾਫੀ ਸਮੇਂ ਤੋਂ ਨਵੇਂ ਕਣਕ ਦਾਲ ਸਕੀਮ ਵਾਲੇ ਕਾਰਡ ਨਾ ਬਣਨ ਕਾਰਨ ਬਹੁਤ ਸਾਰੇ ਯੋਗ ਲਾਭਪਾਤਰੀ ਇਸ ਸਕੀਮ ਦਾ ਲਾਭ ਪ੍ਰਾਪਤ ਕਰਨ ਤੋਂ ਵਾਂਝੇ ਰਹਿ ਰਹੇ ਹਨ। ਇਸ ਤੋਂ ਇਲਾਵਾ ਜੇਕਰ ਨਵਾਂ ਬੱਚਾ ਜਨਮ ਲੈਂਦਾ ਹੈ ਤਾਂ ਉਸ ਦਾ ਨਾਂਅ ਵੀ ਪਹਿਲਾਂ ਬਣੇ ਕਾਰਡ ਵਿੱਚ ਦਰਜ ਨਹੀਂ ਕੀਤਾ ਜਾਂਦਾ ਅਤੇ ਨਾ ਹੀ ਵਿਆਹ ਉਪਰੰਤ ਲੜਕੀ ਦਾ ਨਾਂਅ ਉਸ ਦੇ ਸਹੁਰੇ ਘਰ ਦੇ ਰਾਸ਼ਨ ਕਾਰਡ ਵਿੱਚ ਦਰਜ ਕੀਤਾ ਜਾਂਦਾ ਹੈ, ਬੇਸ਼ੱਕ ਉਸ ਲੜਕੀ ਦੇ ਪੇਕੇ ਅਤੇ ਸਹੁਰੇ ਇਸ ਸਕੀਮ ਤਹਿਤ ਪਹਿਲਾਂ ਤੋਂ ਹੀ ਲਾਭ ਲੈ ਰਹੇ ਹੋਣ। ਸਰਕਾਰ ਨੂੰ ਗਰੀਬ ਲੋਕਾਂ ਦੀ ਇਸ ਸਮੱਸਿਆ ਦਾ ਜ਼ਰੂਰ ਹੱਲ ਕਰਨਾ ਚਾਹੀਦਾ ਹੈ।

**-ਸਤਵੀਰ ਕੌਰ ਬੱਲੂਆਣਾ, ਪਿੰਡ ਤੇ ਡਾਕ. ਬੱਲੂਆਣਾ (ਬਠਿੰਡਾ)**

### ਵਾਤਾਵਰਨ ਪ੍ਰਤੀ ਅਸਲ ਸਾਰਥਿਕਤਾ

1972 ਵਿੱਚ ਵਾਤਾਵਰਣ ਸੁਰੱਖਿਆ ਤਹਿਤ ਮਨੁੱਖਤਾ ਨੂੰ ਜਾਗਰੂਕ ਕਰਨ ਲਈ ਸੰਯੁਕਤ ਰਾਸ਼ਟਰ ਦੇ ਯਤਨਾਂ ਸਦਕਾ ਹਰ ਸਾਲ 5 ਜੂਨ ਵਾਤਾਵਰਨ ਦਿਵਸ ਦੇ ਰੂਪ ਵਿੱਚ ਮਨਾਉਣ ਲਈ ਨਿਸ਼ਚਿਤ ਕੀਤਾ ਗਿਆ। ਭਾਰਤ ਨੇ 1986 ਵਿੱਚ ਵਾਤਾਵਰਣ ਸੁਰੱਖਿਆ ਐਕਟ ਬਣਾਇਆ ਤੇ ਉਦੋਂ ਤੋਂ ਸਾਡੇ ਦੇਸ਼ ਵਿੱਚ ਵੀ ਵਾਤਾਵਰਣ ਪ੍ਰਤੀ ਜਾਗਰੂਕਤਾ ਫੈਲਾਉਣ, ਹਵਾ, ਪਾਣੀ ਤੇ ਮਿੱਟੀ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਵਿਸ਼ਵ ਵਾਤਾਵਰਣ ਦਿਵਸ ਦਾ ਹਿੱਸਾ ਬਣ ਕੇ, ਲੋਕਾਂ ਨੂੰ ਜਾਗਰੂਕ ਕਰਨ ਲਈ ਹਰ ਸਾਲ ਯਤਨ ਕੀਤੇ ਜਾਂਦੇ ਹਨ। ਇਸ ਦਿਨ ਦੇਸ਼ਾਂ-ਵਿਦੇਸ਼ਾਂ ਵਿੱਚ ਵਾਤਾਵਰਣ ਦੀ ਨਿੱਘਰਦੀ ਸਥਿਤੀ ਨੂੰ ਲੈ ਕੇ ਡੂੰਘੀਆਂ-ਡੂੰਘੀਆਂ ਤਕਰੀਰਾਂ ਕੀਤੀਆਂ ਜਾਂਦੀਆਂ ਹਨ। ਇਨ੍ਹਾਂ ਭਾਸ਼ਣਾਂ ਤੇ ਤਕਰੀਰਾਂ ਨੂੰ ਸੁਣਦਿਆਂ ਇੰਝ ਲੱਗਦਾ ਹੈ ਕਿ ਵਾਤਾਵਰਨ 'ਚ ਆਏ ਨਿਘਾਰ ਦਾ ਸਭ ਨੂੰ ਹੱਦੋਂ ਵੱਧ ਫ਼ਿਕਰ ਹੈ, ਜੋ ਹੋਣਾ ਵੀ ਚਾਹੀਦਾ ਹੈ। ਓਜ਼ੋਨ ਪਰਤ ਦਾ ਛਿੱਦਣਾ, ਤਪਸ਼ ਦਾ ਵਧਣਾ, ਦਰੱਖਤਾਂ ਦੀ ਕਟਾਈ, ਪਾਣੀ ਦੀ ਬਰਬਾਦੀ, ਆਵਾਜਾਈ ਦੇ ਸਾਧਨਾਂ ਦਾ ਧੂੰਆਂ ਆਦਿ ਬੜੇ ਹੀ ਗੰਭੀਰ ਪੱਖ ਹਨ, ਜਿਨ੍ਹਾਂ ਨੂੰ ਲੈ ਕੇ ਦੁਨੀਆ ਭਰ ਵਿੱਚ ਵਾਤਾਵਰਣ ਪ੍ਰੇਮੀਆਂ ਵੱਲੋਂ ਲੋਕਾਈ ਦੇ ਭਲੇ ਲਈ ਹੋਕਾ ਦਿੱਤਾ ਜਾਂਦਾ ਹੈ। ਹੁਣ ਗੱਲ ਇਹ ਹੈ ਕਿ ਅਸੀਂ ਵਾਤਾਵਰਨ ਪ੍ਰਤੀ ਕਿੰਨੇ ਕੁ ਚੇਤੰਨ ਹਾਂ ? ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਲਈ ਕਿੰਨਾ ਕੁ ਯੋਗਦਾਨ ਪਾ ਰਹੇ ਹਾਂ ? ਅੱਜ ਸਾਨੂੰ ਸਾਰੀਆਂ ਗੱਲਾਂ ਨੂੰ ਪਿੱਛੇ ਛੱਡ ਕੇ ਕੁਦਰਤ ਨਾਲ਼ ਇਕਸੁਰ ਹੋਣ ਦੀ ਲੋੜ ਹੈ, ਫਿਰ ਹੀ ਵਾਤਾਵਰਣ ਦਿਵਸ ਦੀ ਅਸਲ ਸਾਰਥਿਕਤਾ ਸਿੱਧ ਹੋ ਸਕਦੀ ਹੈ।

**-ਲਾਭ ਸਿੰਘ ਸ਼ੇਰਗਿੱਲ (ਸੰਗਰੂਰ)**

### ਸਕੀਮਾਂ ਆਸਾਨ ਕਰੋ

ਪੰਜਾਬ ਗਰੀਬਾਂ ਨੂੰ ਮਿਲਣ ਵਾਲੀਆਂ ਸਕੀਮਾਂ ਦਾ ਪ੍ਰਚਾਰ ਤਾਂ ਬਹੁਤ ਜ਼ਿਆਦਾ ਕੀਤਾ ਜਾਂਦਾ ਹੈ। ਪ੍ਰੰਤੂ ਗਰੀਬ ਆਦਮੀ ਵਾਸਤੇ ਇਹਨਾਂ ਦਾ ਲਾਭ ਲੈਣਾ ਬਹੁਤ ਜ਼ਿਆਦਾ ਔਖਾ ਹੈ। ਜਿਸ ਕਰਕੇ ਬਹੁਤੇ ਲੋਕ ਇਹਨਾਂ ਸਕੀਮਾਂ ਤੋਂ ਵਾਂਝੇ ਹੀ ਰਹਿ ਜਾਂਦੇ ਹਨ। ਲੜਕੀ ਦੇ ਵਿਆਹ ਲਈ ਮਿਲਣ ਵਾਲੀ ਆਸ਼ੀਰਵਾਦ ਸਕੀਮ ਅਤੇ ਉਸਾਰੀ ਕਿਰਤੀ ਕਾਮਿਆਂ ਨੂੰ ਮਿਲਣ ਵਾਲੀਆਂ ਸਕੀਮਾਂ ਦਾ ਲਾਭ ਲੈਣਾ ਗਰੀਬ ਆਦਮੀ ਲਈ ਆਪਣੀ ਦਿਹਾੜੀ ਛੱਡ ਕੇ ਕਈ ਕਈ ਦਿਨ ਦਫਤਰਾਂ ਦੇ ਗੇੜੇ ਲਾਉਣਾ ਵੱਸ ਵਿੱਚ ਨਹੀਂ ਹੁੰਦਾ। ਫਾਰਮ ਦੀ ਪ੍ਰਕਿਰਿਆ ਇਸ ਪ੍ਰਕਾਰ ਦੀ ਬਣਾਈ ਹੋਈ ਹੈ ਤਾਂ ਕਿ ਵੱਧ ਵੱਧ ਫਾਈਲਾਂ ਰੱਦ ਕੀਤੀਆਂ ਜਾ ਸਕਣ। ਸਰਕਾਰ ਨੂੰ ਚਾਹੀਦਾ ਹੈ ਕਿ ਗਰੀਬਾਂ ਨੂੰ ਮਿਲਣ ਵਾਲੀਆਂ ਸਕੀਮਾਂ ਬਹੁਤ ਜ਼ਿਆਦਾ ਕੀਤੀਆਂ ਜਾਣ ਤਾਂ ਜੋ ਦਿਹਾੜੀਦਾਰ ਗਰੀਬ ਆਦਮੀ ਨੂੰ ਆਪਣੀ ਦਿਹਾੜੀ ਛੱਡ ਕੇ ਦਫਤਰਾਂ ਵਿੱਚ ਧੱਕੇ ਨਾ ਖਾਣੇ ਪੈਣ।

**-ਅੰਗਰੇਜ ਸਿੰਘ ਵਿੱਕੀ ਕੋਟਗੁਰੂ, ਪਿੰਡ ਤੇ ਡਾਕ. ਕੋਟਗੁਰੂ, (ਬਠਿੰਡਾ)**

# ਐਪਲ ਦੇ ਰਣਨੀਤਕ ਬਦਲਾਅ ਦੇ ਮੱਦੇਨਜ਼ਰ ਭਾਰਤ-ਅਮਰੀਕਾ ਸੰਬੰਧ

**ਸਤਨਾਮ ਸਿੰਘ ਚਾਹਲ**

ਪਿਛਲੇ ਦੋ ਦਹਾਕਿਆਂ ਦੌਰਾਨ ਭਾਰਤ ਅਤੇ ਅਮਰੀਕਾ ਦੇ ਦੁਵੱਲੇ ਸੰਬੰਧਾਂ ਵਿੱਚ ਇੱਕ ਸ਼ਾਨਦਾਰ ਤਬਦੀਲੀ ਆਈ ਹੈ। ਸੀਤ ਯੁੱਧ ਦੇ ਯੁੱਗ ਦੌਰਾਨ ਸਾਵਧਾਨੀ ਨਾਲ ਜੁੜੇ ਹੋਣ ਤੋਂ ਲੈ ਕੇ ਹੁਣ 21ਵੀਂ ਸਦੀ ਦੀ ਸਭ ਤੋਂ ਮਹੱਤਵਪੂਰਨ ਸਾਂਝੇਦਾਰੀ ਵਿੱਚੋਂ ਇੱਕ ਵਜੋਂ ਸ਼ਲਾਘਾ ਕੀਤੇ ਜਾਣ ਤੱਕ ਭਾਰਤ ਅਤੇ ਅਮਰੀਕਾ ਰੱਖਿਆ, ਵਪਾਰ, ਤਕਨਾਲੋਜੀ, ਸਿੱਖਿਆ ਅਤੇ ਜਲਵਾਯੂ ਪਰਿਵਰਤਨ ਸਮੇਤ ਕਈ ਖੇਤਰਾਂ ਵਿੱਚ ਆਪਣੇ ਸਹਿਯੋਗ ਦਾ ਵਿਸਤਾਰ ਕਰਨਾ ਜਾਰੀ ਰੱਖਦੇ ਹਨ। ਇਸ ਵਿਕਸਤ ਭੂ-ਰਾਜਨੀਤਕ ਸੰਦਰਭ 'ਚ ਐਪਲ ਇੰਕ. ਦਾ ਹਾਲ ਹੀ ਵਿੱਚ ਐਲਾਨ ਕਿ ਉਹ ਭਾਰਤ ਨਾਲ ਆਪਣੇ ਸਹਿਯੋਗ ਨੂੰ ਹੋਰ ਡੂੰਘਾ ਕਰੇਗਾ, ਇੱਕ ਮਹੱਤਵਪੂਰਨ ਮੀਲ ਪੱਥਰ ਹੈ ਜੋ ਦੋਵਾਂ ਦੇਸ਼ਾਂ ਵਿਚਕਾਰ ਆਰਥਕ ਅਤੇ ਰਣਨੀਤਕ ਹਿੱਤਾਂ ਦੀ ਡੂੰਘੀ ਇਕਸਾਰਤਾ ਦਾ ਸੰਕੇਤ ਦਿੰਦਾ ਹੈ।

ਦੁਨੀਆ ਦੀ ਸਭ ਤੋਂ ਕੀਮਤੀ ਕੰਪਨੀ ਐਪਲ ਰਵਾਇਤੀ ਤੌਰ 'ਤੇ ਆਪਣੇ ਨਿਰਮਾਣ ਦੇ ਵੱਡੇ ਹਿੱਸੇ ਲਈ ਚੀਨ 'ਤੇ ਨਿਰਭਰ ਰਹੀ ਹੈ। ਹਾਲਾਂਕਿ, ਹਾਲ ਹੀ ਵਿੱਚ ਵਿਸਵਵਿਆਪੀ ਰੁਕਾਵਟਾਂ, ਜਿਸ ਵਿੱਚ ਕੋਵਿਡ-19 ਮਹਾਂਮਾਰੀ, ਵਧਦਾ ਅਮਰੀਕਾ-ਚੀਨ ਤਣਾਅ, ਅਤੇ ਇੱਕ ਸਿੰਗਲ ਸਪਲਾਈ ਲੜੀ 'ਤੇ ਜ਼ਿਆਦਾ ਨਿਰਭਰਤਾ ਬਾਰੇ ਚਿੰਤਾਵਾਂ ਸ਼ਾਮਲ ਹਨ, ਨੇ ਐਪਲ ਨੂੰ ਵਿਭਿੰਨਤਾ ਲਈ ਪ੍ਰੇਰਿਤ ਕੀਤਾ ਹੈ। ਭਾਰਤ ਆਪਣੇ ਵੱਡੇ ਹੁਨਰਮੰਦ ਕਾਰਜਬਲ, ਵਧ ਰਹੇ ਖਪਤਕਾਰ ਬਾਜ਼ਾਰ ਅਤੇ ਸੁਧਾਰੇ ਹੋਏ ਬੁਨਿਆਦੀ ਢਾਂਚੇ ਦੇ ਨਾਲ ਇੱਕ ਕੁਦਰਤੀ ਵਿਕਲਪ ਵਜੋਂ ਉਭਰਿਆ ਹੈ।

ਭਾਰਤ ਵਿੱਚ ਐਪਲ ਦਾ ਵਿਸਥਾਰ ਸਿਰਫ ਆਈਫੋਨ ਇਕੱਠੇ ਕਰਨ ਤੋਂ ਪਰੇ ਹੈ। ਕੰਪਨੀ ਫਲੈਗਸ਼ਿਪ ਰਿਟੇਲ ਸਟੋਰ ਵੀ ਖੋਲ੍ਹ ਰਹੀ ਹੈ, ਕੰਪੋਨੈਂਟ ਨਿਰਮਾਣ ਵਿੱਚ ਆਪਣੇ ਨਿਵੇਸ਼ ਨੂੰ ਵਧਾ ਰਹੀ ਹੈ ਅਤੇ ਭਾਰਤੀ ਸਪਲਾਇਰਾਂ ਨਾਲ ਸਾਂਝੇਦਾਰੀ ਕਰ ਰਹੀ ਹੈ। ਇਹ ਬਹੁ-ਪੱਧਰੀ ਸ਼ਮੂਲੀਅਤ ਨਾ ਸਿਰਫ ਭਾਰਤ ਦੀਆਂ ਘਰੇਲੂ ਨਿਰਮਾਣ ਸਮਰਥਾਵਾਂ ਨੂੰ ਵਧਾਉਂਦੀ ਹੈ, ਬਲਕਿ ਇੱਕ ਗਲੋਬਲ ਤਕਨਾਲੋਜੀ ਅਤੇ ਨਿਰਮਾਣ ਕੇਂਦਰ ਵਜੋਂ ਭਾਰਤ ਦੀ ਭੂਮਿਕਾ ਵਿੱਚ ਅੰਤਰਰਾਸ਼ਟਰੀ ਵਿਸ਼ਵਾਸ ਨੂੰ ਵੀ ਦਰਸਾਉਂਦੀ ਹੈ।

ਭਾਰਤ ਵਿੱਚ ਐਪਲ ਦੇ ਡੂੰਘੇ ਪੈਰਾਂ ਨਾਲ ਦੇਸ਼ ਦੀ ਆਰਥਿਕਤਾ 'ਤੇ ਇੱਕ ਲਹਿਰਾਉਣ ਵਾਲਾ ਪ੍ਰਭਾਵ ਪੈਣ ਦੀ ਸੰਭਾਵਨਾ ਹੈ। ਇਹ ਹਜ਼ਾਰਾਂ ਸਿੱਧੇ ਅਤੇ ਅਸਿੱਧੇ ਨੌਕਰੀਆਂ ਪੈਦਾ ਕਰੇਗਾ, ਖਾਸ ਕਰਕੇ ਇਲੈਕਟ੍ਰਾਨਿਕਸ ਨਿਰਮਾਣ ਅਤੇ ਸੰਬੰਧਤ ਖੇਤਰਾਂ ਵਿੱਚ। ਇਹ ਤਕਨਾਲੋਜੀ ਟ੍ਰਾਂਸਫਰ, ਭਾਰਤੀ ਕਰਮਚਾਰੀਆਂ ਦੇ ਹੁਨਰ ਨੂੰ ਵਧਾਉਣ ਅਤੇ ਸਥਾਨਕ ਸਪਲਾਇਰ ਈਕੋ ਸਿਸਟਮ ਦੇ ਵਿਕਾਸ ਵੱਲ ਵੀ ਅਗਵਾਈ ਕਰੇਗਾ। ਇਹ ਬਦਲਾਅ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਮੇਕ ਇਨ ਇੰਡੀਆ' ਅਤੇ 'ਡਿਜੀਟਲ ਇੰਡੀਆ' ਮੁਹਿੰਮਾਂ ਨਾਲ ਮੇਲ ਖਾਂਦੇ ਹਨ, ਜਿਨ੍ਹਾਂ ਦਾ ਉਦੇਸ਼ ਘਰੇਲੂ ਉਤਪਾਦਨ ਨੂੰ ਵਧਾਉਣਾ ਅਤੇ ਤਕਨੀਕੀ ਸਵੈ-ਨਿਰਭਰਤਾ ਵਧਾਉਣਾ ਹੈ।

ਅਮਰੀਕਾ ਲਈ ਇਹ ਭਾਈਵਾਲੀ ਦੱਖਣੀ ਏਸ਼ੀਆ ਵਿੱਚ ਇਸ ਦੇ ਆਰਥਿਕ ਪ੍ਰਭਾਵ ਨੂੰ ਮਜ਼ਬੂਤ ਕਰਦੀ ਹੈ। ਭਾਰਤ ਇੱਕ ਸਥਿਰ ਅਤੇ ਲੋਕਤੰਤਰੀ ਭਾਈਵਾਲ ਹੋਣ ਦੇ ਨਾਲ ਅਮਰੀਕੀ ਕੰਪਨੀਆਂ ਪੂਰਬੀ ਏਸ਼ੀਆ ਵਿੱਚ ਭੂ-ਰਾਜਨੀਤਕ ਜੋਖਮਾਂ ਦੇ ਸੰਪਰਕ ਨੂੰ ਘਟਾ ਕੇ ਦੁਨੀਆ ਦੀਆਂ ਸਭ ਤੋਂ ਤੇਜ਼ੀ ਨਾਲ ਵਧ ਰਹੀਆਂ ਅਰਥ ਵਿਵਸਥਾਵਾਂ ਵਿੱਚੋਂ ਇੱਕ ਵਿੱਚ ਦਾਖਲ ਹੋ ਸਕਦੀਆਂ ਹਨ। ਇਸ ਤੋਂ ਇਲਾਵਾ ਜਿਵੇਂ ਕਿ ਭਾਰਤ ਆਪਣੇ ਨਿਵੇਸ਼ ਮਾਹੌਲ ਵਿੱਚ ਸੁਧਾਰ, ਨਿਯਮਾਂ ਨੂੰ ਸਰਲ ਬਣਾਉਣ ਅਤੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਵਿੱਚ ਰੁਝਿਆ ਹੋਇਆ ਹੈ, ਹੋਰ ਅਮਰੀਕੀ ਕੰਪਨੀਆਂ ਐਪਲ ਦੀ ਅਗਵਾਈ ਦੀ ਪਾਲਣਾ ਕਰ ਸਕਦੀਆਂ ਹਨ। ਭਾਰਤ-ਅਮਰੀਕਾ ਵਪਾਰਕ ਸੰਬੰਧਾਂ ਨੂੰ ਵਿਸ਼ਵ ਆਰਥਿਕ ਸਥਿਰਤਾ ਦੇ ਇੱਕ ਪ੍ਰਮੁੱਖ ਥੰਮ੍ਹ ਵਿੱਚ ਬਦਲ ਸਕਦੀਆਂ ਹਨ।

ਐਪਲ ਦੇ ਇਸ ਕਦਮ ਦਾ ਵਿਆਪਕ ਭੂ-ਰਾਜਨੀਤਕ ਮਹੱਤਵ ਵੀ ਹੈ। ਜਿਵੇਂ-ਜਿਵੇਂ ਅਮਰੀਕਾ ਅਤੇ ਚੀਨ ਵਿਚਕਾਰ ਤਣਾਅ ਵਧਦਾ ਜਾ ਰਿਹਾ ਹੈ, ਵਾਸ਼ਿੰਗਟਨ ਹਿੰਦ-ਪ੍ਰਸ਼ਾਂਤ ਖੇਤਰ ਵਿੱਚ ਲੋਕਤੰਤਰਾਂ ਨਾਲ ਆਪਣੀ ਭਾਈਵਾਲੀ ਨੂੰ ਮਜਬੂਤ ਕਰਨ ਲਈ ਉਤਸੁਕ ਹੈ। ਭਾਰਤ ਨੂੰ ਚੀਨ ਦੇ ਉਭਾਰ ਲਈ ਇੱਕ ਮਹੱਤਵਪੂਰਨ ਵਿਰੋਧੀ ਸੰਤੁਲਨ ਵਜੋਂ ਦੇਖਿਆ ਜਾਂਦਾ ਹੈ, ਨਾ ਸਿਰਫ ਫੌਜੀ ਤੌਰ 'ਤੇ, ਸਗੋਂ ਆਰਥਕ ਅਤੇ ਤਕਨੀਕੀ ਤੌਰ 'ਤੇ ਵੀ।

ਅਮਰੀਕਾ ਇਸ ਖੇਤਰ ਵਿੱਚ ਆਪਣੇ ਲੰਮੇ ਸਮੇਂ ਦੇ ਰਣਨੀਤਕ ਹਿੱਤਾਂ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ। ਇਹ ਸੈਮੀਕੰਡਕਟਰ, ਦੁਰਲੱਭ ਧਰਤੀ ਅਤੇ ਹਰੀ ਊਰਜਾ ਵਰਗੇ ਮਹੱਤਵਪੂਰਨ ਖੇਤਰਾਂ ਵਿੱਚ ਸੁਰੱਖਿਅਤ ਸਪਲਾਈ ਚੇਨ ਬਣਾਉਣ ਦੇ ਯਤਨਾਂ ਨੂੰ ਪੂਰਾ ਕਰਦਾ ਹੈ। ਉਹ ਸਾਰੇ ਖੇਤਰ, ਜਿੱਥੇ ਭਾਰਤ ਦੀਆਂ ਵਧਦੀਆਂ ਇੱਛਾਵਾਂ ਅਤੇ ਸਮਰਥਾਵਾਂ ਹਨ।

ਜਦੋਂ ਕਿ ਐਪਲ ਦੀ ਮੌਜੂਦਗੀ ਮੁੱਖ ਤੌਰ 'ਤੇ ਨਿਰਮਾਣ ਦੇ ਲੈਂਸ ਰਾਹੀਂ ਦੇਖੀ ਜਾਂਦੀ ਹੈ, ਵਿਆਪਕ ਸੰਭਾਵਨਾ ਤਕਨਾਲੋਜੀ ਸਹਿਯੋਗ ਵਿੱਚ ਹੈ। ਭਾਰਤ ਦੁਨੀਆ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਗਤੀਸੀਲ ਆਈ ਟੀ ਖੇਤਰਾਂ ਵਿੱਚੋਂ ਇੱਕ ਦਾ ਘਰ ਹੈ। ਭਾਰਤੀ ਪ੍ਰਤਿਭਾ ਨਾਲ ਸਿਲੀਕਾਨ ਵੈਲੀ ਦੇ ਡੂੰਘੇ ਸੰਬੰਧ ਪਹਿਲਾਂ ਹੀ ਭਾਰਤੀ ਮੂਲ ਦੇ ਕਾਰਜਕਾਰੀ ਅਧਿਕਾਰੀਆਂ ਦੀ ਗਿਣਤੀ ਵਿੱਚ ਸਪੱਸ਼ਟ ਹਨ, ਜੋ ਗੂਗਲ, ਮਾਈਕ੍ਰੋਸਾਫਟ ਅਤੇ ਅਡੋਬ ਸਮੇਤ ਗਲੋਬਲ ਤਕਨੀਕੀ ਫਰਮਾਂ ਦੀ ਅਗਵਾਈ ਕਰ ਰਹੇ ਹਨ।

ਭਾਰਤ-ਅਮਰੀਕਾ ਸੰਬੰਧ ਮਜ਼ਬੂਤ ਲੋਕਾਂ ਤੋਂ-ਲੋਕ ਸਬੰਧਾਂ ਦੁਆਰਾ ਵੀ ਸੰਚਾਲਿਤ ਹਨ। ਭਾਰਤੀ ਮੂਲ ਦੇ 40 ਲੱਖ ਤੋਂ ਵੱਧ ਲੋਕ ਸੰਯੁਕਤ ਰਾਜ ਅਮਰੀਕਾ ਵਿੱਚ ਰਹਿੰਦੇ ਹਨ ਅਤੇ ਭਾਰਤੀ ਵਿਦਿਆਰਥੀ ਲਗਾਤਾਰ ਅਮਰੀਕੀ ਯੂਨੀਵਰਸਿਟੀਆਂ ਵਿੱਚ ਚੋਟੀ ਦੇ ਵਿਦੇਸ਼ੀ ਵਿਦਿਆਰਥੀ ਸਮੂਹਾਂ ਵਿੱਚ ਦਰਜਾ ਪ੍ਰਾਪਤ ਕਰਦੇ ਹਨ। ਦੋਵਾਂ ਦੇਸ਼ਾਂ ਵਿਚਕਾਰ ਤਕਨੀਕੀ ਭਾਈਵਾਲੀ ਅਕਸਰ ਇਸ ਅਕਾਦਮਿਕ ਅਤੇ ਪੇਸ਼ੇਵਰ ਆਦਾਨ-ਪ੍ਰਦਾਨ ਦੇ ਪਿੱਛੇ ਬਣੀ ਹੁੰਦੀ ਹੈ। ਐਪਲ ਦਾ ਭਾਰਤ ਵਿੱਚ ਨਿਵੇਸ ਸਿੱਖਿਆ, ਕਿੱਤਾਮੁਖੀ ਸਿਖਲਾਈ ਅਤੇ ਖੋਜ ਵਿੱਚ ਹੋਰ ਵੀ ਸਹਿਯੋਗ ਨੂੰ ਉਤਸ਼ਾਹਿਤ ਕਰ ਸਕਦਾ ਹੈ, ਕਿਉਂਕਿ ਇੱਕ ਹੁਨਰਮੰਦ, ਤਕਨੀਕੀ ਸਮਝਦਾਰ ਕਾਰਜਬਲ ਦੀ ਜ਼ਰੂਰਤ ਵਧਦੀ ਹੈ।

ਮੌਕਿਆਂ ਦੇ ਬਾਵਜੂਦ, ਚੁਣੌਤੀਆਂ ਹਨ। ਭਾਰਤ ਦਾ ਗੁੰਝਲਦਾਰ ਰੈਗੂਲੇਟਰੀ ਵਾਤਾਵਰਣ, ਡੇਟਾ ਗੋਪਨੀਯਤਾ ਬਾਰੇ ਚਿੰਤਾਵਾਂ, ਅਸੰਗਤ ਟੈਕਸ ਨੀਤੀਆਂ ਅਤੇ ਬੁਨਿਆਦੀ ਢਾਂਚੇ ਦੀਆਂ ਰੁਕਾਵਟਾਂ ਵਿਦੇਸ਼ੀ ਨਿਵੇਸ਼ਕਾਂ ਲਈ ਰੁਕਾਵਟਾਂ ਪੈਦਾ ਕਰ ਸਕਦੀਆਂ ਹਨ। ਅਮਰੀਕਾ ਵਾਲੇ ਪਾਸੇ ਸੁਰੱਖਿਆਵਾਦ, ਨਿਰਯਾਤ ਨਿਯੰਤਰਣ ਅਤੇ ਇਮੀਗ੍ਰੇਸ਼ਨ ਨੀਤੀਆਂ ਬਾਰੇ ਚਿੰਤਾਵਾਂ ਸਾਂਝੇਦਾਰੀ ਦੀ ਪੂਰੀ ਸੰਭਾਵਨਾ ਨੂੰ ਸੀਮਤ ਕਰ ਸਕਦੀਆਂ ਹਨ। ਹਾਲਾਂਕਿ ਦੋਵਾਂ ਰਾਜਧਾਨੀਆਂ ਵਿੱਚ ਰਾਜਨੀਤਕ ਇੱਛਾ-ਸਕਤੀ ਮਜ਼ਬੂਤ ਦਿਖਾਈ ਦਿੰਦੀ ਹੈ ਅਤੇ ਦੋਵੇਂ ਸਰਕਾਰਾਂ ਇਨ੍ਹਾਂ ਰੁਕਾਵਟਾਂ ਨੂੰ ਦੂਰ ਕਰਨ ਲਈ ਵੱਧ ਤੋਂ ਵੱਧ ਇਕਸਾਰ ਹਨ।

ਐਪਲ ਦਾ ਭਾਰਤ ਨਾਲ ਵਧੇਰੇ ਨੇੜਿਓਂ ਕੰਮ ਕਰਨ ਦਾ ਕਦਮ ਇੱਕ ਵਪਾਰਕ ਫੈਸਲੇ ਤੋਂ ਵੱਧ ਹੈ । ਇਹ ਭਾਰਤ-ਅਮਰੀਕਾ ਸੰਬੰਧਾਂ ਦੇ ਭਵਿੱਖ ਲਈ ਇੱਕ ਸੰਕੇਤ ਹੈ। ਇਹ ਦੁਨੀਆ ਦੇ ਸਭ ਤੋਂ ਪੁਰਾਣੇ ਅਤੇ ਸਭ ਤੋਂ ਵੱਡੇ ਲੋਕਤੰਤਰਾਂ ਵਿਚਕਾਰ ਵਧ ਰਹੇ ਵਿਸ਼ਵਾਸ, ਇਕਸਾਰਤਾ ਅਤੇ ਸਾਂਝੀਆਂ ਇੱਛਾਵਾਂ ਨੂੰ ਦਰਸਾਉਂਦਾ ਹੈ। ਜਿਵੇਂ ਕਿ ਤਕਨਾਲੋਜੀ, ਵਪਾਰ ਅਤੇ ਰਣਨੀਤਕ ਹਿੱਤ ਇਕੱਠੇ ਹੁੰਦੇ ਹਨ, ਭਾਰਤ-ਅਮਰੀਕਾ ਸੰਬੰਧ 21ਵੀਂ ਸਦੀ ਦੇ ਵਿਸਵ ਵਿਵਸਥਾ ਨੂੰ ਆਕਾਰ ਦੇਣ ਵਿੱਚ ਇੱਕ ਪਰਿਭਾਸ਼ਿਤ ਭੂਮਿਕਾ ਨਿਭਾਉਣ ਲਈ ਤਿਆਰ ਹੈ। ਜੋ ਇੱਕ ਆਰਥਿਕ ਸ਼ਮੂਲੀਅਤ ਦੇ ਰੂਪ ਵਿੱਚ ਸੁਰੂ ਹੋਇਆ ਸੀ, ਉਹ ਹੁਣ ਇੱਕ ਵਿਆਪਕ ਸਾਂਝੇਦਾਰੀ ਵਿੱਚ ਬਦਲ ਰਿਹਾ ਹੈ, ਜੋ ਆਪਸੀ ਲਾਭ, ਸਾਂਝੇ ਮੁੱਲਾਂ ਅਤੇ ਖੁਸ਼ਹਾਲੀ ਅਤੇ ਸ਼ਾਂਤੀ ਦੇ ਸਾਂਝੇ ਦ੍ਰਿਸਟੀਕੋਣ 'ਤੇ ਬਣਿਆ ਹੈ। ਭਾਰਤ ਵਿੱਚ ਐਪਲ ਦੀ ਡੂੰਘੀ ਸ਼ਮੂਲੀਅਤ ਇਸ ਮਹੱਤਵਪੂਰਨ ਗਲੋਬਲ ਗੱਠਜੋੜ ਵਿੱਚ ਇੱਕ ਨਵੇਂ ਅਧਿਆਏ ਦੀ ਸ਼ੁਰੂਆਤ ਹੋ ਸਕਦੀ ਹੈ।

**# ਸੰਪਰਕ : ਯੂ ਐਸ ਏ : 40822-15732**

# ਕਿਤੇ ਗੁਆਚ ਗਏ ਹਨ ਛੁੱਟੀਆਂ ਵਾਲੇ ਨਾਨਕੇ

**ਪਰਮਜੀਤ ਸਿੰਘ ਬਾਗੜੀਆ**

ਬਚਪਨ ਅਤੇ ਵਿਦਿਆਰਥੀ ਜੀਵਨ 'ਚ ਸਕੂਲ ਦੀਆਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਹਰੇਕ ਨੂੰ ਨਾਨਕੇ ਪਿੰਡ ਜਾਣ ਦਾ ਮੌਕਾ ਜ਼ਰੂਰ ਮਿਲਦਾ ਰਿਹਾ ਹੈ ਅਤੇ ਆਏ ਸਾਲ ਸਕੂਲ ਦੀਆਂ ਛੁੱਟੀਆਂ ਵਿਚ ਨਾਨਕੇ ਪਿੰਡ ਜਾਣਾ ਇਕ ਚਾਅ ਭਰਿਆ ਅਤੇ ਚਿਰਾਂ ਤੋਂ ਉਡੀਕਿਆ ਜਾਣ ਵਾਲਾ ਸਬੱਬ ਬਣ ਜਾਂਦਾ ਸੀ। ਦੂਰ-ਦੁਰੇਡੇ ਨਾਨਕੇ ਵਾਲਿਆਂ ਨੂੰ ਤਾਂ ਭਾਵੇਂ ਜਾਣ ਵਿਚ ਦੇਰ ਹੋ ਜਾਂਦੀ, ਪਰ ਨੇੜੇ-ਤੇੜੇ ਦੇ ਨਾਨਕੇ ਵਾਲੇ ਬੱਚਿਆਂ ਦਾ ਨਾਨਕੇ ਪਿੰਡ ਜਾਣ ਦਾ ਮੌਕਾ ਮੇਲ ਜਲਦੀ ਬਣ ਜਾਂਦਾ। ਮੇਰਾ ਨਾਨਕਾ ਪਿੰਡ ਸਰਹਿੰਦ ਨਹਿਰ, ਜਿਸ ਨੂੰ ਅਸੀਂ ਨੀਲੋਂ ਨਹਿਰ ਵੀ ਕਹਿੰਦੇ ਆਏ ਹਾਂ, ਦੇ ਕੰਢੇ ਵਸੇ ਮੇਰੇ ਆਪਣੇ ਪਿੰਡ ਕੁੱਬੇ ਤੋਂ ਭਾਵੇਂ ਮਸਾਂ 4-5 ਕੁ ਮੀਲ ਦੀ ਵਿੱਥ 'ਤੇ ਲੁਧਿਆਣਾ-ਚੰਡੀਗੜ੍ਹ ਸੜਕ 'ਤੇ ਵਸਿਆ ਪਿੰਡ ਚੱਕ ਚਰਵਣ ਨਾਥ ਨੇੜੇ ਹੀ ਸੀ, ਪਰ ਕੋਈ ਸਿੱਧਾ ਸਾਧਨ ਨਾ ਜਾਂਦਾ ਹੋਣ ਕਾਰਨ ਕਈ ਵਾਰ ਮੰਮੀ ਨਾਲ ਤੁਰ ਕੇ ਨਾਨਕੇ ਜਾਣ ਦਾ ਵੀ ਯਾਦ ਹੈ, ਕਿਉਂਕਿ ਡੈਡੀ ਫੌਜ ਵਿਚ ਸਨ। ਉਦੋਂ ਪਿੰਡ ਵਾਲੇ ਕੱਚੇ ਰਾਹ ਤੁਰ ਕੇ ਕਟਾਣੀ ਵਾਲਾ ਅੰਗਰੇਜ਼ਾਂ ਵੇਲੇ ਦਾ ਬਣਿਆ ਰਿਬਟਾਂ ਵਾਲਾ ਲੋਹੇ ਦਾ ਪੁਲ ਪਾਰ ਕਰਕੇ ਲੁਧਿਆਣਾ-ਚੰਡੀਗੜ੍ਹ ਸੜਕ 'ਤੇ ਚੜ੍ਹ ਜਾਣਾ। ਬਸ ਲਾਟੋ ਲੰਘਦਿਆਂ ਨਾਨਕੇ ਪਿੰਡ ਚੱਕ ਵਾਲਾ ਰਾਹ ਆ ਜਾਣਾ ਜਾਂ ਘਰਾਂ ਵਿੱਚੋਂ ਹੀ ਕੋਈ ਸਿਆਣਾ ਸਾਈਕਲ 'ਤੇ ਕਟਾਣੀ ਤੋਂ ਥੋੜ੍ਹਾ ਅਗਾਂਹ ਤੱਕ ਛੱਡ ਜਾਂਦਾ ਅਤੇ ਮੈਂ ਨਾਨਕੇ ਜਾਣ ਦੇ ਚਾਅ ਵਿਚ ਹੀ ਕੁਝ ਫਰਲਾਂਗ ਦਾ ਬਚਿਆ ਪੈਂਡਾ ਨਾਨਕੇ ਪੁੱਜਣ ਦੇ ਹੌਸਲੇ ਵਿਚ ਹੀ ਨਾਪ ਦਿੰਦਾ। 10-11 ਸਾਲ ਦੀ ਉਮਰ ਵਿਚ ਜਦੋਂ ਮੈਂ ਕੈਂਚੀ ਸਾਈਕਲ ਚਲਾਉਣਾ ਸਿੱਖ ਲਿਆ ਤਾਂ ਇਕ ਵਾਰ ਸਾਈਕਲ 'ਤੇ ਵੀ ਨਾਨਕੇ ਪਿੰਡ ਪੁੱਜ ਗਿਆ ਸੀ। ਭਾਵੇਂ ਉਦੋਂ ਇਹ ਸੜਕ 'ਤੇ ਟਾਂਵੀਂ ਟਾਂਵੀਂ ਬੱਸ ਲੰਘਦੀ ਸੀ। ਫਿਰ ਵੀ ਸਾਈਕਲ ਤੋਂ ਉੱਤਰ ਕੇ ਦੋਵੇਂ ਪਾਸੇ ਦੇਖ ਕੇ ਸੜਕ ਪਾਰ ਕੀਤੀ।

ਨਾਨਕਿਆਂ ਦਾ ਟੱਬਰ ਵੀ ਵੱਡਾ ਸੀ। ਨਾਨੇ ਹੋਰੀਂ ਤਿੰਨ ਭਰਾ ਸਨ । ਤਿੰਨਾਂ ਦੇ ਘਰ ਵੀ ਨਾਲ ਜੁੜਵੇਂ, ਅਸੀਂ ਹੋਰ ਹਮ ਉਮਰ ਬੱਚਿਆਂ ਨਾਲ ਛੁੱਟੀਆਂ ਵਿਚ ਇਕ ਘਰ ਵੜਨਾ, ਦੂਜੇ ਘਰ ਦੀ ਨਿਕਲ ਜਾਣਾ, ਸਾਰਾ ਦਿਨ ਦੌੜ ਭਜਾਈ ਲੱਗੀ ਰਹਿੰਦੀ। ਗਰਮੀਆਂ ਦੀਆਂ ਛੁੱਟੀਆਂ ਵਿਚ ਰਿਸ਼ਤੇਦਾਰਾਂ ਦਾ ਆਉਣਾ-ਜਾਣਾ ਲੱਗਿਆ ਰਹਿਣਾ। ਸਾਰੇ ਰਿਸ਼ਤੇਦਾਰ ਪਹਿਲਾਂ ਮੇਰੇ ਨਾਨਾ ਜੀ ਦੇ ਘਰ ਆਉਂਦੇ। ਚਾਹ-ਪਾਣੀ ਛਕਣ ਤੋਂ ਬਾਅਦ ਫਿਰ ਦੂਜੇ ਘਰਾਂ ਦੀ ਸੁੱਖ-ਸਾਂਦ ਪੁੱਛਣ ਜਾਂਦੇ । ਇਸੇ ਕਰਕੇ ਨਾਨਾ ਜੀ ਹਮੇਸ਼ਾ ਦੁੱਧ ਵਾਲੀਆਂ ਮੱਝਾਂ ਰੱਖਦੇ ਤਾਂ ਕਿ ਵੱਡੇ ਟੱਬਰ ਅਤੇ ਆਏ-ਗਏ ਦੇ ਘਰ ਵਿਚ ਦੁੱਧ-ਦਹੀਂ-ਲੱਸੀ ਆਦਿ ਦੀ ਕੋਈ ਕਮੀ ਨਾ ਆਏ। ਚਾਚੇ-ਤਾਇਆਂ ਦੇ 10 ਮਾਮਿਆਂ ਵਿਚ 3 ਕੁ ਮੇਰੇ ਹਾਣੀ ਪ੍ਰਵਾਣੀ ਸੀ, ਅਸੀਂ ਇਕੱਠੇ ਖੇਡਦੇ ਇਨ੍ਹਾਂ ਹਾਣੀ ਮਾਮਿਆਂ ਦੇ ਹੌਸਲੇ ਦੀ ਬਦੌਲਤ ਹੀ ਮੈਂ ਨਾਨਕੇ ਪਿੰਡ ਦੇ ਆਪਣੇ ਹਾਣੀਆਂ ਨਾਲ ਵੀ ਭਿੜ ਜਾਂਦਾ। ਅਸੀਂ ਲੜਦੇ-ਭਿੜਦੇ ਸਵੇਰ ਨੂੰ ਫਿਰ ਇਕ ਹੋ ਜਾਂਦੇ, ਦੁਪਹਿਰਾ ਹੋਵੇ ਜਾਂ ਸ਼ਾਮ ਬਾਹਰਲੇ ਘਰ ਦੀ ਕੱਚੀ ਕੰਧ ਕੋਲ ਖੜ੍ਹੀਆਂ ਕਿੱਕਰਾਂ-ਡੇਕਾਂ ਹੇਠ ਇਕੱਠੇ ਹੋ ਜਾਂਦੇ। ਰਾਤ ਨੂੰ ਫਿਰ ਛੱਤ 'ਤੇ ਮੰਜੇ-ਬਿਸਤਰੇ ਚਾੜ੍ਹ ਲੈਂਦੇ। ਨਾਲ ਜੁੜਵੇਂ ਕੋਠਿਆਂ ਉੱਤੋਂ ਦੀ ਆਂਢੀ-ਗੁਆਂਢੀ ਨੌਜਵਾਨ ਵੀ ਇਕੱਠੇ ਹੋ ਜਾਂਦੇ ਅਤੇ ਲੱਗ ਜਾਂਦੇ ਆਪੋ ਆਪਣਾ ਗਿਆਨ ਵੰਡਣ। ਉਦੋਂ ਸਾਡੇ ਕੋਲ ਨਾ ਟੀ.ਵੀ, ਨਾ ਅਖ਼ਬਾਰ, ਨਾ ਸੂਚਨਾ ਦਾ ਕੋਈ ਹੋਰ ਸਾਧਨ ਹੁੰਦਾ ਸੀ, ਬਸ ਜੋ ਸ਼ਹਿਰ ਪੜ੍ਹਦਾ ਜਾਂ ਜਾਂਦਾ-ਆਉਂਦਾ, ਉਹ ਆਪਣੇ ਤਜਰਬੇ ਸੁਣਾਈ ਜਾਂਦਾ। ਮੈਨੂੰ ਸਾਰਾ ਕੁਝ ਬੜਾ ਦਿਲਚਸਪ ਲਗਦਾ, ਤਾਰਿਆਂ ਲੱਦੀਆਂ ਰਾਤਾਂ ਵਿਚ ਇਕੱਠੇ ਹੋ ਬਾਤਾਂ ਪਾਉਂਦੇ, ਫਿਰ ਕਿਤੇ ਟਿਕੀ ਰਾਤ ਜਾ ਕੇ ਸੌਂਦੇ।

ਦਿਨ ਵੇਲੇ ਛੁੱਟੀਆਂ ਦਾ ਮਿਲਿਆ ਕੰਮ ਵੀ ਛੇੜ ਲੈਂਦੇ, ਪਰ ਡਰ ਉਦੋਂ ਲਗਦਾ, ਜਦੋਂ ਵੱਡੇ ਨਾਨੇ ਦੇ ਬੇਟੇ ਸਾਇੰਸ ਮਾਸਟਰ ਮਾਮਾ ਜੀ ਦਰਬਾਰਾ ਸਿੰਘ ਅਚਾਨਕ ਆ ਕੇ ਸਾਡੀ ਪੜ੍ਹਾਈ ਦੀ ਕਾਰਗੁਜ਼ਾਰੀ ਚੈੱਕ ਕਰਨ ਲੱਗ ਜਾਂਦੇ। ਮਾਸਟਰਾਂ ਵਾਗੂੰ ਸੁਆਲ ਵੀ ਪੁੱਛ ਲੈਂਦੇ । ਇਸ ਪੁੱਛ-ਪੁਛਾਈ ਦੇ ਮਾਮਲੇ ਵਿਚ ਉਹ ਜ਼ਿਆਦਾਤਰ ਦੋ ਛੋਟੇ ਮਾਮਿਆਂ ਨੂੰ ਗੇੜ ਵਿਚ ਲੈਂਦੇ। ਮੈਂ ਉਨ੍ਹਾਂ ਤੋਂ ਛੋਟਾ ਹੋਣ ਕਾਰਨ ਬਚ ਜਾਂਦਾ। ਉਲੱਥਪੁਣੇ ਵਿਚ ਜਦੋਂ ਕੋਈ ਗਲਤੀ, ਲੇਟ ਲਤੀਫ਼ੀ ਜਾਂ ਨੁਕਸਾਨ ਹੋ ਜਾਂਦਾ ਤਾਂ ਝਿੜਕਾਂ ਮਾਮਿਆਂ ਨੂੰ ਪੈਂਦੀਆਂ। ਮੈਨੂੰ ਦੋਹਤਾ-ਭਾਣਜਾ ਹੋਣ ਕਾਰਨ ਕੋਈ ਕੁਝ ਨਾ ਕਹਿੰਦਾ।

ਉਦੋਂ ਚੱਕ ਪਿੰਡ ਦੇ ਆਲੇ ਦੁਆਲੇ ਰਾਈਆਂ, ਭੈਣੀ ਸਾਹਿਬ ਅਤੇ ਭਾਗਪੁਰ ਆਦਿ ਵਿਚ ਮੂੰਗਫਲੀ ਦੀ ਖੇਤੀ ਜ਼ਿਆਦਾ ਹੁੰਦੀ ਸੀ। ਛੁੱਟੀਆਂ ਵਿਚ ਪਾੜ੍ਹੇ ਮੂੰਗਫਲੀ ਪੁੱਟਣ ਵੀ ਚਲੇ ਜਾਂਦੇ ਤੇ ਆਪਣਾ ਖਰਚਾ ਬਣਾ ਲੈਂਦੇ। ਅੱਜ ਵਾਗੂੰ ਬਾਹਰੋਂ ਤਾਂ ਖਾਣ ਵਾਲੀ ਕੋਈ ਚੀਜ਼ ਮਿਲਦੀ ਨਹੀਂ ਸੀ, ਬਸ ਘਰ ਵਿਚ ਹੀ ਦਹੀਂ-ਲੱਸੀ, ਘਿਉ-ਸ਼ੱਕਰ, ਛੱਲੀਆਂ ਜਾਂ ਦੇਸੀ ਘਿਓ ਦੀ ਚੂਰੀ ਆਦਿ ਆਮ ਮਿਲਦੇ ਸਨ । ਹਰੇਕ ਘਰ ਵਿਚ ਇਕ ਸਾਈਕਲ ਜ਼ਰੂਰ ਹੁੰਦਾ ਸੀ ਅਤੇ ਜਿਸ ਦੇ ਹੱਥ ਉਹ ਸਾਈਕਲ ਆ ਜਾਂਦਾ, ਉਹ ਤਾਂ ਜਿਵੇਂ ਬਾਦਸ਼ਾਹ ਹੀ ਹੁੰਦਾ ਸੀ। ਸਾਈਕਲ ਸਿਖਾਂਦਰੂਆਂ ਨੂੰ ਘਰਦੇ ਕੋਈ ਨਾ ਕੋਈ ਕੰਮ ਭੇਜੀ ਰੱਖਦੇ। ਮੈਂ ਆਪਣੇ ਮਾਮੇ ਮੋਹਣ ਸਿੰਘ ਨਾਲ ਸਾਈਕਲ 'ਤੇ ਬਹੁਤ ਘੁੰਮਿਆ ਹਾਂ, ਉਦੋਂ ਹੀਰਾਂ ਅੱਡੇ ਵਿਚ ਹੀ ਕਰਿਆਨੇ ਦੀ ਇਕ ਦੁਕਾਨ ਅਤੇ ਇਕ ਆਟਾ ਚੱਕੀ ਹੁੰਦੀ ਸੀ। ਜਦੋਂ ਵੀ ਮਾਮੇ ਨੇ ਹੀਰਾਂ ਤੱਕ ਜਾਣਾ, ਮੈਨੂੰ ਵੀ ਨਾਲ ਹੀ ਬਿਠਾ ਲੈਣਾ। ਜਦੋਂ ਕੋਈ ਰਿਸ਼ਤੇਦਾਰ ਆ ਜਾਣਾ ਤਾਂ ਵਾਪਸੀ 'ਤੇ ਉਸ ਨੂੰ ਵੀ ਹੀਰਾਂ ਅੱਡੇ ਤੱਕ ਛੱਡ ਆਉਣਾ। ਕਈ ਵਾਰ ਤਾਂ ਮਾਮਾ ਰਿਸ਼ਤੇਦਾਰੀਆਂ ਦਾ ਬਹਾਨਾ ਪਾ ਕੇ ਲੁਧਿਆਣੇ ਸਿਨਮੇ ਵਿਚ ਮੈਨੂੰ ਹਿੰਦੀ ਫ਼ਿਲਮ ਵੀ ਵਿਖਾ ਲਿਆਇਆ ਸੀ। ਉਹ ਸਾਰਾ ਦਿਨ ਸਾਈਕਲ ਚਲਾ ਕੇ ਵੀ ਨਾ ਥੱਕਦਾ। ਉਸ ਦੀ ਪੰਜਾਬ ਪੁਲਸ ਵਿਚ ਨੌਕਰੀ ਲੱਗਣ ਤੱਕ ਮੈਂ ਉਨ੍ਹਾਂ ਦਾ ਬਹੁਤ ਸਾਥ ਮਾਣਿਆ। ਹੁਣ ਭਾਵੇਂ ਉਹ ਸੇਵਾ-ਮੁਕਤ ਹੋ ਗਏ ਹਨ, ਪਰ ਹੁਣ ਜਦੋਂ ਉਹ ਮਿਲਣ ਆਉਂਦੇ ਹਨ ਤਾਂ ਘੜੀ ਕੁ ਪਿੱਛੋਂ ਹੀ ਮੁੜ ਜਾਂਦੇ ਹਨ। ਪਹਿਲਾਂ ਵਾਲੀ ਵਿਹਲ ਅਤੇ ਬੇਫ਼ਿਕਰੀ ਤਾਂ ਜਿਵੇਂ ਸੁਫ਼ਨਾ ਹੀ ਬਣ ਗਈ ਹੈ।

ਹੁਣ ਤਾਂ ਸਭ ਕੁਝ ਬਦਲ ਗਿਆ ਹੈ। ਇਕ ਘਰ ਤੋਂ ਕਈ-ਕਈ ਘਰ ਬਣ ਗਏ । ਬਚਪਨ ਵਾਲਾ ਭੂ-ਦ੍ਰਿਸ਼ ਬਿਲਕੁਲ ਅਲੋਪ ਹੋ ਗਿਆ ਹੈ। ਲੰਬੀ-ਚੌੜੀ ਰਿਸ਼ਤੇਦਾਰੀ ਨੂੰ ਸਾਂਭਣ ਵਾਲਾ ਖੁੱਲ੍ਹਾ-ਡੁੱਲ੍ਹਾ ਦਲ੍ਹਾਣ ਵੀ ਹੁਣ ਨਹੀਂ ਰਿਹਾ। ਨਾਨੇ-ਨਾਨੀਆਂ ਕਦੋਂ ਦੇ ਜੀਵਨ ਸਫ਼ਰ ਮੁਕਾ ਗਏ। ਸਕੇ ਮਾਮਿਆਂ ਵਿੱਚੋਂ ਵੀ ਦੋ ਸਵਰਗ ਸਿਧਾਰ ਗਏ। ਹੁਣ ਜਦੋਂ ਕਦੇ ਨਾਨਕੇ ਪਿੰਡ ਜਾਈਦਾ ਹੈ ਤਾਂ ਇੰਝ ਲਗਦਾ ਹੈ ਕਿ ਜਿਵੇਂ ਛੁੱਟੀਆਂ ਵਾਲੇ ਨਾਨਕੇ ਕਿਤੇ ਗੁਆਚ ਗਏ ਹੋਣ, ਬਸ ਯਾਦਾਂ ਵਿਚ ਰਹਿ ਗਏ ਨੇ ।

**# ਸੰਪਰਕ : 98147 65705**

# ਜੰਗਬੰਦੀ ਹੀ 'ਅਪਰੇਸ਼ਨ ਸਿਧੂਰ' ਦਾ ਪੈਗ਼ਾਮ



ਜਸਬੀਰ ਸਿੰਘ ਪੱਟੀ

ਭਾਰਤ-ਪਾਕਿ ਦੀ ਚਾਰ ਦਿਨਾਂ ਦੀ ਹੋਈ ਸਰਹੱਦੀ ਛੂ-ਛੜਿਕ ਨੇ ਸਰਹੱਦੀ ਲੋਕਾਂ ਦੇ ਦਿਲਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ ਹੈ ਤੇ ਸਰਹੱਦ ਤੋਂ ਕਰੀਬ ਡੇਢ ਸੌ ਕਿਲੋਮੀਟਰ ਦੂਰ ਪੰਜਾਬ ਦੇ ਮਾਨਚੈਸਟਰ ਵਜੋਂ ਜਾਣੇ ਜਾਂਦੇ ਲੁਧਿਆਣਾ ਸ਼ਹਿਰ ਦੀ ਸਨਅਤ ਹਾਲੇ ਵੀ ਡਾਵਾਂਡੋਲ ਹੋਈ ਪਈ ਹੈ। ਲੁਧਿਆਣੇ ਵਿੱਚ 45 ਹਜ਼ਾਰ ਦੇ ਕਰੀਬ ਇੰਡਸਟਰੀਅਲ ਯੂਨਿਟ ਹਨ, ਜਿਹਨਾਂ ਵਿੱਚ 12 ਲੱਖ ਮਜ਼ਦੂਰ ਕੰਮ ਕਰਦੇ ਹਨ।ਮਈ ਦੇ ਦੂਸਰੇ ਹਫਤੇ ਭਾਰਤ-ਪਾਕਿ ਵਿਚਾਲੇ ਚੱਲੀਆਂ ਮਿਜ਼ਾਇਲਾਂ ਤੇ ਉੱਡੇ ਡਰੋਨਾਂ ਦੇ ਡਰ ਕਾਰਨ ਲੁਧਿਆਣਾ ਵਿੱਚ ਕੰਮ ਕਰਦੇ ਪ੍ਰਵਾਸੀ ਮਜ਼ਦੂਰ ਆਪਣੇ ਪਿੱਤਰੀ ਰਾਜਾਂ ਵੱਲ ਦੌੜ ਗਏ ਸਨ।ਇਹਨਾਂ 12 ਲੱਖ ਮਜ਼ਦੂਰਾਂ ਵਿੱਚੋਂ ਹਾਲੇ ਵੀ ਚਾਰ ਲੱਖ ਮਜ਼ਦੂਰ ਆਪਣੇ ਪਿੱਤਰੀ ਰਾਜਾਂ ਤੋਂ ਵਾਪਸ ਨਹੀਂ ਪਰਤੇ ਤੇ ਮੌਕ ਡਰਿੱਲ ਦੇ ਭੰਬਲਭੂਸੇ ਨੇ ਉਹਨਾਂ ਵਿੱਚ ਇੱਕ ਵਾਰੀ ਫਿਰ ਜੰਗ ਲੱਗਣ ਦਾ ਡਰ ਭਰ ਦਿੱਤਾ ਹੈ।ਲੁਧਿਆਣਾ ਦੀਆਂ ਸਨਅਤਾਂ ਦੇ ਮਾਲਕ ਇਹਨਾਂ ਮਜ਼ਦੂਰਾਂ ਨੂੰ ਵਾਪਸ ਬੁਲਾਉਣ ਲਈ ਆਪਣੇ ਮੈਨੇਜਰਾਂ ਨੂੰ ਬਿਹਾਰ, ਝਾਰਖੰਡ ਤੇ ਯੂ ਪੀ ਵਿੱਚ ਭੇਜ ਰਹੇ ਹਨ, ਜਿਥੇ ਮਜ਼ਦੂਰਾਂ ਨੂੰ ਐਡਵਾਂਸ ਦੇਣ ਤੇ ਬਿਨਾਂ ਕਿਰਾਏ ਦੇ ਰਿਹਾਇਸ਼ ਦੇਣ ਵਰਗੇ ਲਾਲਚ ਵੀ ਦਿੱਤੇ ਜਾ ਰਹੇ ਹਨ, ਪਰ ਹਾਲੇ ਤੱਕ ਸਨਅਤਕਾਰਾਂ ਨੂੰ ਕੋਈ ਕਾਮਯਾਬੀ ਹਾਸਲ ਨਹੀਂ ਹੋਈ।ਲੁਧਿਆਣਾ ਵਿੱਚ ਹੌਜ਼ਰੀ ਨਿਟਵੀਅਰ, ਆਟੋ ਪਾਰਟਸ ਅਤੇ ਸਾਈਕਲ ਸਨਅਤ ਦਾ ਸਭ ਤੋਂ ਜ਼ਿਆਦਾ ਪ੍ਰਭਾਵਸ਼ਾਲੀ ਕਾਰੋਬਾਰ ਹੈ। ਸਿਰਫ 35 ਹਜ਼ਾਰ ਹੌਜਰੀ ਦੇ ਹੀ ਯੂਨਿਟ ਹਨ ।ਡਾਇੰਗ ਸਨਅਤ ਵਿੱਚ ਵੀ ਦੋ ਲੱਖ ਮਜ਼ਦੂਰ ਕੰਮ ਕਰਦੇ ਹਨ ।ਆਟੋ ਸਨਅਤ ਵਿੱਚ ਪਹਿਲਾਂ ਹਰ ਰੋਜ਼ 10 ਕਰੋੜ ਦਾ ਮਾਲ ਬਣਦਾ ਸੀ, ਹੁਣ ਅੱਧਾ ਰਹਿ ਗਿਆ ਹੈ । ਪੈਕਜ ਤੋਂ ਲੈ ਕੇ ਡਿਸਪੈਚ ਤੱਕ ਸਾਰਾ ਕੰਮ ਰੁਕਿਆ ਪਿਆ ਹੈ।ਆਟੋ ਪਾਰਟਸ ਦੇ 400 ਯੂਨਿਟ ਹਨ, ਜਿਸ ਵਿੱਚ 25 ਹਜ਼ਾਰ ਮਜ਼ਦੂਰ ਸਿੱਧੇ ਰੂਪ ਵਿੱਚ ਕੰਮ ਕਰਦੇ ਹਨ।ਸਾਈਕਲ ਸਨਅਤ ਵਿੱਚ ਪਹਿਲਾਂ ਹਰ ਰੋਜ਼ ਪੰਜ ਹਜ਼ਾਰ ਸਾਈਕਲ ਬਣਦੇ ਸਨ, ਜੋ ਘਟ ਕੇ ਤਿੰਨ ਹਜ਼ਾਰ ਰਹਿ ਗਏ ਹਨ।ਜਿਹਨਾਂ ਰਾਜਾਂ ਵਿੱਚ ਮਾਲ ਭੇਜਿਆ ਗਿਆ ਹੈ, ਉਥੋਂ ਅਦਾਇਗੀ ਵੀ ਅਟਕ ਗਈ ਹੈ।ਮਾਹੌਲ ਦੀ ਖਰਾਬੀ ਨੂੰ ਵੇਖਦੇ ਪਾਰਟੀਆਂ ਅਦਾਇਗੀ ਰੋਕਣ ਦੇ ਬਹਾਨੇ ਘੜ ਰਹੀਆਂ ਹਨ ।ਹੁਣ ਕੇਂਦਰ ਸਰਕਾਰ ਡੈਮਜ਼ ਕੰਟਰੋਲ ਕਰਨ ਲਈ ਲੋਕਾਂ ਨੂੰ ਇਹ ਕਹਿ ਕੇ ਬੁੱਧੂ ਬਣਾ ਰਹੀ ਕਿ ਅਪਰੇਸ਼ਨ ਸੰਧੂਰ ਹਾਲੇ ਖਤਮ ਨਹੀਂ ਹੋਇਆ, ਸਗੋਂ ਮੁਲਤਵੀ ਕੀਤਾ ਹੋਇਆ ਹੈ।ਇਸੇ ਲੜੀ ਤਹਿਤ ਹੀ ਮੌਕ ਡਰਿਲ ਦਾ ਹਊਆ ਖੜਾ ਕਰਕੇ ਜੰਗ ਸ਼ੁਰੂ ਕਰਨ ਦੀ ਦਸਤਕ ਦਿੱਤੀ ਜਾ ਰਹੀ ਹੈ।

ਇਸ ਸਮੇਂ ਦੌਰਾਨ ਹੀ 33 ਦੇਸ਼ਾਂ ਵਿੱਚ ਭਾਰਤੀ ਸਿਆਸਤਦਾਨਾਂ ਤੇ ਅਧਿਕਾਰੀਆਂ ਦੀਆਂ ਟੀਮਾਂ ਪਾਕਿਸਤਾਨ ਦੀ ਗੁੰਡਾਗਰਦੀ ਤੇ ਅੱਤਵਾਦੀਆਂ ਨੂੰ ਪਨਾਹ ਦੇਣ ਦੀਆਂ ਕਰਤੂਤਾਂ ਦੀ ਜਾਣਕਾਰੀ ਦੇਣ ਭਾਰਤ ਤੋਂ ਵਿਦੇਸ਼ਾਂ ਲਈ ਰਵਾਨਾ ਹੋਈਆਂ ਹਨ।ਇਹ ਟੀਮਾਂ ਪਾਕਿਸਤਾਨ ਵਿੱਚ ਚੱਲਦੇ ਅੱਤਵਾਦੀ ਕੈਂਪਾਂ 'ਤੇ ਫਾਇਰਿੰਗ ਕਰਕੇ ਨੇਸਤੋਨਬੂਦ ਕਰਨ ਦੀ ਕਾਰਵਾਈ ਨੂੰ ਜਾਇਜ਼ ਠਹਿਰਾਉਣ ਲਈ ਵਿਦੇਸ਼ਾਂ ਵਿੱਚ ਜਾ ਕੇ ਜਾਣਕਾਰੀ ਦੇ ਰਹੀਆਂ ਹਨ।ਪਾਕਿਸਤਾਨ ਨੂੰ ਅੱਤਵਾਦੀਆਂ ਦੀ ਮਾਂ ਮੁਲਕ ਵਜੋਂ ਪੇਸ਼ ਕੀਤਾ ਜਾ ਰਿਹਾ ਹੈ, ਕਿਉਂਕਿ ਪਾਕਿਸਤਾਨ ਦੇ ਇੱਕ ਮੰਤਰੀ ਬਿਲਾਵਲ ਭੁੱਟੋ ਕਹਿ ਚੁੱਕੇ ਹਨ ਕਿ ਉਹਨਾਂ ਅੱਤਵਾਦੀਆਂ ਦੇ ਟਰੇਨਿੰਗ ਸੈਂਟਰ ਖੋਹਲੇ ਹੋਏ ਹਨ।ਇਥੇ ਇਹ ਦੱਸਣਾ ਜ਼ਰੂਰੀ ਹੋਵੇਗਾ ਕਿ ਇਹਨਾਂ ਡੈਲੀਗੇਟਾਂ ਦਾ ਜਿਥੇ ਵਿਦੇਸ਼ਾਂ ਵਿੱਚ ਸੁਆਗਤ ਹੋ ਰਿਹਾ ਹੈ, ਉਥੇ ਸਾਰੇ ਦੇਸ਼ਾ ਵੱਲੋ ਸਮਰਥਨ ਵੀ ਭਾਰਤ ਦੇ ਹੱਕ ਵਿੱਚ ਦਿੱਤਾ ਜਾ ਰਿਹਾ ਹ ।ਇੰਦਰਾ ਗਾਂਧੀ ਨੇ ਵੀ 1971 ਵਿੱਚ ਪਾਕਿਸਤਾਨ ਨਾਲ ਜੰਗ ਲੜਨ ਤੋਂ ਪਹਿਲਾਂ ਕਰੀਬ ਇੱਕ ਦਰਜਨ ਦੇਸ਼ਾਂ ਵਿੱਚ ਜਾ ਕੇ ਸਮੱਰਥਨ ਹਾਸਲ ਕੀਤਾ ਸੀ। ਉਸ ਨੇ ਖੁਦ ਜਾ ਕੇ ਪਾਕਿਸਤਾਨ ਨੂੰ ਕੌਮਾਂਤਰੀ ਪੱਧਰ 'ਤੇ ਭੰਡਿਆ ਸੀ, ਫਿਰ ਪਾਕਿਸਤਾਨ 'ਤੇ ਅਜਿਹਾ ਹਮਲਾ ਕੀਤਾ ਕਿ ਬੰਗਲਾਦੇਸ਼ ਨਾਂਅ ਦਾ ਇੱਕ ਵੱਖਰਾ ਦੇਸ਼ ਹੋਂਦ ਵਿੱਚ ਆਇਆ ਸੀ।ਇਸ ਹਮਲੇ ਤੋਂ ਬਾਅਦ ਭਾਰਤ ਫੌਜ ਨੇ ਪਾਕਿਸਤਾਨ ਦੇ 93000 ਸੈਨਿਕ ਵੀ ਬੰਦੀ ਬਣਾ ਲਏ ਸਨ, ਜਿਹਨਾਂ ਦੀ ਅਗਵਾਈ ਜਨਰਲ ਨਿਆਜ਼ੀ ਕਰ ਰਹੇ ਸਨ ।

ਪ੍ਰਧਾਨ ਮੰਤਰੀ ਦੀ ਇਸ ਕਾਰਵਾਈ ਤੋਂ ਸਪੱਸ਼ਟ ਹੈ ਕਿ ਪਾਕਿਸਤਾਨ ਨਾਲ ਜੰਗ ਕਿਸੇ ਵੀ ਸਮੇਂ ਸ਼ੁਰੂ ਹੋ ਸਕਦੀ ਹੈ, ਪਰ ਸਵਾਲ ਇਥੇ ਇਹ ਉਭਰਦਾ ਹੈ ਕਿ ਜੇਕਰ ਭਾਰਤ ਇਹ ਦਾਅਵਾ ਕਰਦਾ ਹੈ ਕਿ ਨੌਂ ਅੱਤਵਾਦੀ ਟਿਕਾਣਿਆ 'ਤੇ ਹਮਲੇ ਕਰਕੇ 100 ਤੋਂ ਵੱਧ ਅੱਤਵਾਦੀ ਮਾਰ ਦਿੱਤੇ ਗਏ ਹਨ ਤੇ ਉਹਨਾਂ ਦੇ ਕੈਂਪ ਮਲੀਆਮੇਟ ਕਰ ਦਿੱਤੇ ਗਏ ਹਨ ਤੇ ਫਿਰ ਮੌਕ ਡਰਿਲ ਕਰਨ ਦਾ ਕੀ ਮਤਲਬ ਰਹਿ ਜਾਂਦਾ ਹੈ ? ਇਹ ਸਵਾਲ ਅੱਜ ਹਰ ਦੇਸ਼ ਵਾਸੀ ਪੁੱਛ ਰਿਹਾ ਹੈ।ਜੇਕਰ ਭਾਰਤ ਪਾਕਿਸਤਾਨ 'ਤੇ ਫਿਰ ਹਮਲਾ ਕਰਨਾ ਚਾਹੁੰਦਾ ਹੈ ਤਾਂ ਹੁਣ ਠੰਢੇ ਲੋਹੇ 'ਤੇ ਸੱਟ ਮਾਰਨ ਦਾ ਕੋਈ ਫਾਇਦਾ ਨਹੀ, ਸਗੋਂ ਲੋਹੇ ਨੂੰ ਗਰਮ ਹੋਣ ਦਿੱਤਾ ਜਾਵੇ ਤਾਂ ਬਿਹਤਰ ਹੋਵੇਗਾ।ਇਹ ਵੀ ਪੱਕਾ ਨਹੀ ਕਿ ਲੋਹਾ ਗਰਮ ਹੁੰਦਾ ਕਿ ਨਹੀ, ਕਿਉਕਿ ਚੀਨ ਨੇ ਪਾਕਿਸਤਾਨ ਦੀ ਖੁੱਲ੍ਹ ਕੇ ਮਦਦ ਕਰਨ ਦਾ ਐਲਾਨ ਕਰ ਦਿੱਤਾ ਹੈ ਤੇ ਅਜ਼ਰਬਾਈਜਾਨ ਤਾਂ ਪਹਿਲਾਂ ਹੀ ਪਾਕਿਸਤਾਨ ਦੇ ਨਾਲ ਖੜਾ ਹੈ । ਤੁਰਕੀ, ਜਿਸ ਦੀ ਭਾਰਤ ਨੇ 2023 ਵਿੱਚ ਆਏ ਭੁਚਾਲ ਸਮੇਂ ਡਟ ਕੇ ਮਦਦ ਕੀਤੀ ਸੀ, ਅੱਜ ਉਹ ਪਾਕਿਸਤਾਨ ਨਾਲ ਇੱਕ ਧਿਰ ਬਣ ਕੇ ਖੜਾ ਹੈ।ਇਸੇ ਤਰ੍ਹਾਂ ਦੁਨੀਆ ਦੇ ਥਾਣੇਦਾਰ ਡੋਨਾਲਡ ਟਰੰਪ ਦੀ ਨਰਾਜ਼ਗੀ ਵੀ ਭਾਰਤ ਨੂੰ ਮਹਿੰਗੀ ਪੈ ਸਕਦੀ ਹੈ।ਰੂਸ ਭਾਰਤ ਦਾ ਦੋਸਤ ਮੰਨਿਆ ਜਾਂਦਾ ਹੈ, ਪਰ ਉਹ ਵੀ ਪਾਕਿਸਤਾਨ ਵਾਲੇ ਖੇਮੇ ਵਿੱਚ ਜਾ ਵੜਿਆ।

ਪਾਕਿਸਤਾਨ ਮਕਬੂਜ਼ਾ ਕਸ਼ਮੀਰ ਨੂੰ ਭਾਰਤ ਵਿੱਚ ਮਿਲਾਉਣ ਦੀ ਕਾਰਵਾਈ ਕਰਨੀ ਹੈ ਤਾਂ ਮੌਕ ਡਰਿਲ ਦੀ ਸਮਝ ਆਉਂਦੀ ਹੈ, ਪਰ ਚਾਰ ਦਿਨ ਦੀ ਅਧੂਰੀ ਲੜਾਈ ਲੜ ਕੇ ਫਿਰ ਇਸ ਨੂੰ ਬਿਨਾਂ ਕਿਸੇ ਸਿੱਟੇ ਦੇ ਪੁੱਜੇ ਬੰਦ ਕਰਨਾ ਕਿਧਰ ਦੀ ਸਿਆਣਪ ਹੈ।ਕੀ ਮਕਬੂਜ਼ਾ ਕਸ਼ਮੀਰ ਦੇ ਪ੍ਰਬੰਧਕ ਉਥੇ ਭਾਰਤੀ ਝੰਡਾ ਲਹਿਰਾਉਣ ਲਈ ਤਿਆਰ ਹੋ ਜਾਣਗੇ ? ਮੁਸਲਮਾਨਾਂ ਵਿੱਚ ਜਹਾਦ ਸ਼ਬਦ ਬਹੁਤ ਹੀ ਪਵਿੱਤਰ ਮੰਨਿਆ ਜਾਂਦਾ ਹੈ ਤੇ ਇਸ ਤਹਿਤ ਜਾਰੀ ਕੀਤੇ ਹੁਕਮਾਂ ਨੂੰ ਹਰ ਮੁਸਲਮਾਨ ਪਾਲਣਾ ਕਰਨ ਨੂੰ ਆਪਣਾ ਕਰਤੱਵ ਦੱਸਦਾ ਹੈ।

ਪਹਿਲਗਾਮ ਹਮਲੇ ਬਾਰੇ ਹਾਲੇ ਤੱਕ ਇਹ ਸਪੱਸ਼ਟ ਨਹੀ ਹੋ ਸਕਿਆ ਕਿ ਇਹ ਹਮਲਾ ਕਿਹੜੇ ਅੱਤਵਾਦੀਆਂ ਨੇ ਕੀਤਾ ਸੀ ਤੇ ਕੀ ਉਹਨਾਂ ਨੂੰ ਮਾਰ ਮੁਕਾਇਆ ਹੈ ਜਾਂ ਹਾਲੇ ਉਹ ਜ਼ਿੰਦਾ ਹਨ ? ਇਸ ਬਾਰੇ ਨਾ ਸੁਰੱਖਿਆ ਫੋਰਸਾਂ ਨੇ ਕੋਈ ਜਾਣਕਾਰੀ ਦਿੱਤੀ ਹੈ ਤੇ ਨਾ ਹੀ ਸਰਕਾਰ ਵੱਲੋ ਕੋਈ ਜਾਣਕਾਰੀ ਦਿੱਤੀ ਗਈ ਹੈ।ਇਸ ਹਮਲੇ ਤੋਂ ਬਾਅਦ ਜੰਮੂ-ਕਸ਼ਮੀਰ ਵਿੱਚ ਫੋਰਸਾਂ ਨੇ 2900 ਵਿਅਕਤੀਆਂ ਨੂੰ ਪੁੱਛ-ਪੜਤਾਲ ਲਈ ਹਿਰਾਸਤ ਵਿੱਚ ਲਿਆ ਸੀ ਤੇ 10 ਅੱਤਵਾਦੀਆਂ ਘਰ ਬੰਬਾਂ ਨਾਲ ਤਬਾਹ ਕਰ ਦਿੱਤੇ ਸਨ, ਜਦ ਕਿ ਕਈ ਘਰਾਂ 'ਤੇ ਤਾਂ ਬੁਲਡੋਜ਼ਰ ਵੀ ਚਲਾਏ ਗਏ ਸਨ।ਬੁਲਡੋਜ਼ਰ ਚਲਾਉਣ ਦਾ ਉਥੋਂ ਦੇ ਲੋਕਾਂ ਨੇ ਕਾਫੀ ਬੁਰਾ ਮਨਾਇਆ, ਕਿਉਂਕਿ ਜਿਹੜੇ ਘਰਾਂ ਤੋਂ ਜਾ ਕੇ ਅੱਤਵਾਦੀ ਬਣ ਗਏ ਸਨ, ਉਹ ਕਈ-ਕਈ ਸਾਲਾਂ ਤੋਂ ਪਰਵਾਰ ਨਾਲ ਰਾਬਤੇ ਵਿੱਚ ਨਹੀਂ ਹਨ।

ਮੋਦੀ ਸਰਕਾਰ ਨੂੰ ਭਾਵੇਂ ਇਹ ਪੂਰੀ ਆਸ ਹੈ ਕਿ ਉਹ ਪਾਕਿਸਤਾਨ ਨੂੰ ਲੋਹੇ ਦੇ ਚਨੇ ਚਬਾ ਸਕਦਾ ਹੈ, ਪਰ ਜਿਸ ਤਰੀਕੇ ਨਾਲ ਹਵਾਈ ਸੈਨਾ ਦੇ ਮੁਖੀ ਅਮਰਪ੍ਰੀਤ ਸਿੰਘ ਨੇ ਸੀ ਆਈ ਆਈ ਦੇ ਇੱਕ ਪ੍ਰੋਗਰਾਮ ਵਿੱਚ ਰੱਖਿਆਂ ਮੰਤਰੀ ਦੇ ਸਾਹਮਣੇ ਸਭ ਸਪੱਸ਼ਟ ਕਰ ਦਿੱਤਾ ਕਿ ਉਹਨਾ ਨੂੰ ਸਮੇਂ ਸਿਰ ਸਮਾਨ ਨਹੀ ਮਿਲਦਾ, ਜਿਸ ਕਰਕੇ ਹਵਾਈ ਸੈਨਾ ਅਧੂਰੀ ਹੈ।ਇਸ ਬਿਆਨ ਨੇ ਇਕ ਨਵੀ ਚਰਚਾ ਛੇੜ ਦਿੱਤੀ ਹੈ।ਪਾਕਿਸਤਾਨ ਚੀਨ ਕੋਲੋਂ ਨਵੇਂ ਜ਼ਹਾਜ਼ ਖਰੀਦ ਰਿਹਾ ਹੈ, ਜਿਸ ਦੀ ਰਿਹਰਸਲ ਲਈ ਪਾਕਿਸਤਾਨ ਦੇ ਫਾਈਟਰ ਚੀਨ ਜਾ ਵੀ ਚੁੱਕੇ ਹਨ।

ਭਾਰਤ ਸਰਕਾਰ ਤੇ ਪ੍ਰਧਾਨ ਮੰਤਰੀ ਮੋਦੀ ਨੂੰ ਕੋਈ ਵੀ ਅਗਲੀ ਜੰਗ ਛੇੜਣ ਤੋਂ ਪਹਿਲਾਂ ਚੰਗੀ ਤਰ੍ਹਾਂ ਘੋਖ-ਪੜਤਾਲ ਕਰ ਲੈਣੀ ਚਾਹੀਦੀ ਹੈ ਤੇ ਜੋਸ਼ ਦੇ ਨਾਲ ਨਾਲ ਹੋਸ਼ ਤੋਂ ਕੰਮ ਲੈਣਾ ਚਾਹੀਦਾ ਹੈ।ਮੌਕ ਡਰਿਲ ਦਾ ਹਊਆ ਖੜਾ ਕਰਕੇ ਲੋਕਾਂ ਵਿੱਚ ਦਹਿਸ਼ਤ ਤੇ ਡਰ ਪੈਦਾ ਕਰਨ ਤੋਂ ਬਚਣਾ ਚਾਹੀਦਾ ਹੈ।ਜੰਗ ਛੋਟੀ ਹੋਵੇ ਜਾਂ ਵੱਡੀ, ਉਸ ਦਾ ਜ਼ਿਕਰ ਹੀ ਲੋਕਾਂ ਦੀ ਨੀਂਦ ਹਰਾਮ ਕਰ ਦਿੰਦਾ ਹੈ।ਅਧੂਰੇ 'ਸੰਧੂਰ ਅਪਰੇਸ਼ਨ' ਤੋਂ ਬਾਅਦ ਕਚੀਚੀਆਂ ਵੱਟ ਰਹੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜੇਕਰ ਬਾਰ-ਬਾਰ ਅਪਰੇਸ਼ਨ ਸੰਧੂਰ ਦਾ ਜ਼ਿਕਰ ਕਰਕੇ ਜ਼ਹਿਨੀ ਤੌਰ 'ਤੇ ਸਕੂਨ ਮਿਲਦਾ ਹੈ ਤਾਂ ਇਸ ਬਾਰੇ ਉਹ ਹੀ ਜਾਣਦੇ ਹਨ, ਪਰ ਮੌਕ ਡਰਿਲ ਦਾ ਨਾਂਅ ਸੁਣ ਕੇ ਆਮ ਲੋਕਾਂ ਵਿੱਚ ਦਹਿਸ਼ਤ ਵਾਲਾ ਮਾਹੌਲ ਪੈਦਾ ਹੋਣਾ ਯਕੀਨੀ ਹੈ।

ਪਾਕਿਸਤਾਨ ਨਾਲ ਲੜਾਈ ਤਾਂ ਭਾਵੇਂ ਨਾ ਹੋਵੇ, ਪਰ ਬਿਹਾਰ ਚੋਣਾਂ ਤੱਕ ਇਹ ਤਣਾਅ ਬਣਿਆ ਰਹਿਣ ਦੇ ਆਸਾਰ ਜ਼ਰੂਰ ਹਨ।ਮੋਦੀ ਦੇ ਦਿਲ ਦੀ ਧੜਕਣ ਤੇ ਚੋਣਾਂ ਨਾਲ-ਨਾਲ ਚੱਲਦੀਆਂ ਹਨ, ਪਰ ਬਿਹਾਰ ਵਿੱਚ ਮੋਦੀ ਦੇ ਰੋਡ ਸ਼ੋਅ ਨੂੰ ਜਿਹੜਾ ਫਿੱਕਾ ਹੁੰਗਾਰਾ ਮਿਲਆ ਹੈ, ਉਸ ਤੋਂ ਮੋਦੀ ਖਫਾ ਜ਼ਰੂਰ ਹਨ।ਇਸ ਤੋਂ ਇਹ ਸੰਕੇਤ ਮਿਲੇ ਹਨ ਕਿ ਸਭ ਅੱਛਾ ਨਹੀਂ ਹੈ। ਚੋਣਾਂ ਤੋਂ ਪਹਿਲਾਂ ਜੇਕਰ ਜੰਗ ਲੱਗਦੀ ਹੈ ਤਾਂ ਏਨਾ ਸੌਖਾ ਨਹੀਂ ਕਿ ਮਕਬੂਜ਼ਾ ਕਸ਼ਮੀਰ 'ਤੇ ਕਬਜ਼ਾ ਕਰ ਲਿਆ ਜਾਵੇਗਾ । ਜੰਗ ਤਾਂ ਹਮੇਸ਼ਾ ਮੌਤ ਦਾ ਪੈਗਾਮ ਹੁੰਦਾ ਹੈ ਤੇ ਦੋ ਦੇਸ਼ਾਂ ਦੀ ਜੰਗ ਬਰਬਾਦੀ ਦਾ ਵੱਡਾ ਕਾਰਨ ਬਣਦੀ ਹੈ।'ਅਪਰੇਸ਼ਨ ਸਿੰਧੂਰ' ਨੂੰ ਜੇਕਰ ਸਹੀ ਅਰਥਾਂ ਵਿੱਚ ਕਾਮਯਾਬ ਕਰਨਾ ਹੈ ਤਾਂ ਜੰਗਬੰਦੀ ਹੀ ਇਸ ਦਾ ਅਸਲੀ ਪੈਗਾਮ ਹੋਵੇਗਾ ।

**# ਸੰਪਰਕ : 93560-24684**

## ਮਾਮਲਾ ਸਰਪੰਚ ਜਸ਼ਨਪ੍ਰੀਤ ਬਾਬਾ ਦੀ ਆਤਮ-ਹੱਤਿਆ ਦਾ

# ਡੀ ਜੀ ਪੀ ਨੂੰ ਲਿਖੀ ਚਿੱਠੀ 'ਤੇ ਐੱਸ ਐੱਸ ਪੀ ਫਿਰੋਜ਼ਪੁਰ ਨੂੰ ਸੌਂਪੀ ਜਾਂਚ : ਵਿਜੇ ਧੀਰ




**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹਾ ਫਿਰੋਜ਼ਪੁਰ ਦੇ ਬਲਾਕ ਗੁਰੂ ਹਰਸਹਾਏ ਦੇ ਪਿੰਡ ਤਰਿੱਡਾ ਦੇ ਆਮ ਆਦਮੀ ਪਾਰਟੀ ਦੇ ਨੌਜਵਾਨ ਸਰਪੰਚ ਜਸ਼ਨਪ੍ਰੀਤ ਬਾਬਾ ਨੇ ਬੀਤੀ 31 ਮਈ ਨੂੰ ਆਪਣੇ ਆਪ ਨੂੰ ਗੋਲੀ ਮਾਰ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ ਸੀ।ਮਰਹੂਮ ਸਰਪੰਚ ਜਸ਼ਨਪ੍ਰੀਤ ਬਾਬਾ ਖੱਤਰੀ ਭਾਈਚਾਰੇ ਨਾਲ ਸੰਬੰਧਤ ਹੈ।ਸਰਪੰਚ ਜਸ਼ਨਪ੍ਰੀਤ ਦੀ ਖੁਦਕਸ਼ੀ ਦੇ ਮਾਮਲੇ ਨੇ ਗੁਰੂ ਹਰਸਹਾਏ ਦੀ ਸਿਆਸਤ ਵਿੱਚ ਭੁਚਾਲ ਲਿਆ ਦਿੱਤਾ ਹੈ, ਕਿਉਂਕਿ ਖੁਦਕੁਸ਼ੀ ਕਰਨ ਵਾਲਾ ਸਰਪੰਚ ਸੱਤਾਧਾਰੀ ਪਾਰਟੀ ਨਾਲ ਸੰਬੰਧਤ ਸੀ ਅਤੇ ਮ੍ਰਿਤਕ ਦੇ ਪਰਵਾਰ ਵਾਲਿਆਂ ਵੱਲੋਂ ਲਾਏ ਗਏ ਦੋਸ਼ਾਂ ਅਨੁਸਾਰ ਆਤਮ ਹੱਤਿਆ ਲਈ ਜ਼ਿੰਮੇਵਾਰ ਵਿਅਕਤੀ ਵੀ ਸੱਤਾਧਾਰੀ ਪਾਰਟੀ ਨਾਲ ਸੰਬੰਧਤ ਹਨ।ਨੌਜਵਾਨ ਸਰਪੰਚ ਭਲਵਾਨੀ ਕਰਦਾ ਸੀ ਤੇ ਉਸ ਵਿੱਚ ਆਪਣੇ ਪਿੰਡ ਦਾ ਵਿਕਾਸ ਕਰਨ ਦਾ ਜਜ਼ਬਾ ਸੀ।ਸਰਪੰਚੀ ਦੇ ਨਾਲ਼ ਨਾਲ਼ ਉਹ ਯੂ ਪੀ ਐੱਸ ਸੀ ਦੀ ਵੀ ਤਿਆਰੀ ਕਰ ਰਿਹਾ ਸੀ।ਨੌਜਵਾਨ ਸਰਪੰਚ ਨੂੰ ਆਤਮ ਹੱਤਿਆ ਲਈ ਮਜਬੂਰ ਕਰਨ ਵਾਲੇ ਦੋਸ਼ੀਆਂ ਵਿਰੁੱਧ ਫੌਜਦਾਰੀ ਮੁਕਦਮਾ ਦਰਜ ਕਰਨ ਤੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ ਨੂੰ ਲੈ ਕੇ ਖੱਤਰੀ ਬਿਰਾਦਰੀ ਸਹਿਤ ਇਲਾਕੇ ਦੀਆਂ ਰਾਜਨੀਤਕ ਤੇ ਸਮਾਜਿਕ ਜਥੇਬੰਦੀਆਂ ਤੋਂ ਇਲਾਵਾ ਸਰਪੰਚ ਯੂਨੀਅਨਾਂ ਤੇ ਖਿਡਾਰੀ ਵੀ ਮੈਦਾਨ ਵਿੱਚ ਆ ਗਏ ਹਨ।ਮ੍ਰਿਤਕ ਸਰਪੰਚ ਖੱਤਰੀ ਬਿਰਾਦਰੀ ਨਾਲ ਸੰਬੰਧਤ ਹੋਣ ਕਾਰਨ ਖੱਤਰੀ ਮਹਾਂ ਸਭਾ ਪੰਜਾਬ ਵੀ ਮ੍ਰਿਤਕ ਸਰਪੰਚ ਨੂੰ ਆਤਮ ਹੱਤਿਆ ਲਈ ਮਜਬੂਰ ਕਰਨ ਵਾਲੇ ਦੋਸ਼ੀਆਂ ਵਿਰੁੱਧ ਐੱਫ਼ ਆਈ ਆਰ ਦਰਜ ਕਰਨ ਤੇ ਦੋਸ਼ੀਆਂ ਦੀ ਤੁਰੰਤ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਮੈਦਾਨ ਵਿੱਚ ਆ ਗਈ ਹੈ।ਇਸ ਸੰਬੰਧੀ ਇੱਥੇ ਖੱਤਰੀ ਭਵਨ ਵਿੱਚ ਜਾਣਕਾਰੀ ਦਿੰਦਿਆਂ ਖੱਤਰੀ ਮਹਾਂ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਨੇ ਦੱਸਿਆ ਕਿ ਖੱਤਰੀ ਭਾਈਚਾਰੇ ਨਾਲ ਸੰਬੰਧਿਤ ਨੌਜਵਾਨ ਸਰਪੰਚ ਨੂੰ ਆਤਮ ਹੱਤਿਆ ਲਈ ਮਜਬੂਰ ਕਰਨ ਵਾਲੇ ਕਾਰਨਾਂ ਦੀ ਉੱਚ ਪੱਧਰੀ ਜਾਂਚ ਕਰਨ ਅਤੇ ਦੋਸ਼ੀਆਂ ਵਿਰੁੱਧ ਐੱਫ਼ ਆਈ ਆਰ ਦਰਜ ਕਰਨ ਤੇ ਦੋਸ਼ੀਆਂ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਖੱਤਰੀ ਮਹਾਸਭਾ ਪੰਜਾਬ ਨੇ ਮੁੱਖ ਮੰਤਰੀ ਪੰਜਾਬ ਅਤੇ ਡੀ ਜੀ ਪੀ ਪੰਜਾਬ ਨੂੰ ਈਮੇਲ ਰਾਹੀਂ ਚਿੱਠੀ ਲਿਖੀ ਸੀ, ਜਿਸ 'ਤੇ ਕਾਰਵਾਈ ਕਰਦਿਆਂ ਡੀ ਜੀ ਪੀ ਪੰਜਾਬ ਨੇ ਜਾਂਚ ਲਈ ਖੱਤਰੀ ਮਹਾਂ ਸਭਾ ਪੰਜਾਬ ਦੀ ਚਿੱਠੀ ਐੱਸ ਐੱਸ ਪੀ ਫਿਰੋਜ਼ਪੁਰ ਨੂੰ ਭੇਜ ਦਿੱਤੀ ਹੈ।ਇਹ ਸੂਚਨਾ ਡੀ ਜੀ ਪੀ ਦਫਤਰ ਵੱਲੋਂ ਖੱਤਰੀ ਮਹਾਂ ਸਭਾ ਪੰਜਾਬ ਨੂੰ ਈ ਮੇਲ ਰਾਹੀਂ ਪ੍ਰਾਪਤ ਹੋਈ ਹੈ।ਧੀਰ ਨੇ ਦੱਸਿਆ ਕਿ ਮ੍ਰਿਤਕ ਸਰਪੰਚ ਜਸ਼ਨਪ੍ਰੀਤ ਬਾਬਾ ਨੂੰ ਇਨਸਾਫ ਦਿਵਾਉਣ ਲਈ ਗੁਰੂ ਹਰਸਹਾਏ ਬਲਾਕ ਵਿੱਚ ਜਿਹੜਾ ਜਨ ਅੰਦੋਲਨ ਸ਼ੁਰੂ ਹੋ ਗਿਆ ਹੈ, ਉਸ ਵਿੱਚ ਖੱਤਰੀ ਬਿਰਾਦਰੀ ਦੀ ਅਗਵਾਈ ਖੱਤਰੀ ਸਭਾ ਵੈੱਲਫੇਅਰ ਸੋਸਾਇਟੀ ਜਲਾਲਾਬਾਦ ਦੇ ਪ੍ਰਧਾਨ ਦੀਪਕ ਸਹਿਗਲ, ਖੱਤਰੀ ਵੈੱਲਫੇਅਰ ਸਭਾ ਫਿਰੋਜ਼ਪੁਰ ਦੇ ਪ੍ਰਧਾਨ ਲਵਕੇਸ਼ ਕੱਕੜ ਤੇ ਸੂਬਾ ਜਨਰਲ ਸਕੱਤਰ ਪਵਨ ਭੰਡਾਰੀ, ਗੁਰੂ ਹਰਸਹਾਏ ਦੇ ਖੱਤਰੀ ਸਭਾ ਮੋਢੀ ਰਮਨ ਬਹਿਲ ਤੇ ਖੱਤਰੀ ਸਭਾ ਫਾਜ਼ਿਲਕਾ ਦੇ ਪ੍ਰਧਾਨ ਸੁਰਿੰਦਰ ਮੋਲੜੀ ਕਰ ਰਹੇ ਹਨ।ਵਿਜੇ ਧੀਰ ਨੇ ਕਿਹਾ ਕਿ ਮ੍ਰਿਤਕ ਸਰਪੰਚ ਜਸ਼ਨਪ੍ਰੀਤ ਬਾਬਾ ਨੂੰ ਇਨਸਾਫ ਦਿਵਾਉਣ ਲਈ ਅੱਜ ਦੋਸ਼ੀਆਂ ਵਿਰੁੱਧ ਐੱਫ਼ ਆਈ ਆਰ ਦਰਜ ਕਰਨ ਤੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ ਨੂੰ ਲੈ ਕੇ ਥਾਣਾ ਲੱਖੋਕੇ ਕੇ ਬਹਿਰਾਮ ਅੱਗੇ ਜਨਤਕ ਧਰਨਾ ਲਗਾਇਆ ਹੋਇਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਖੱਤਰੀ ਮਹਾਂ ਸਭਾ ਪੰਜਾਬ ਦੇ ਆਫਿਸ ਸਕੱਤਰ ਬਲਜਿੰਦਰ ਸਿੰਘ ਸਹਿਗਲ, ਖੱਤਰੀ ਸਭਾ ਮੋਗਾ ਦੇ ਪ੍ਰਧਾਨ ਡਾਕਟਰ ਐਮ ਐਲ ਜੈਦਕਾ, ਖੱਤਰੀ ਮੈਰਿਜ ਬਿਊਰੋ ਕਨਵੀਨਰ ਸੁਸ਼ੀਲ ਸਿਆਲ, ਵਿੱਤ ਸਕੱਤਰ ਸਰਬਜੀਤ ਮੈਂਗੀ, ਸਹਿਯੋਗੀ ਐਨ ਜੀ ਓ ਸੀਨੀਅਰ ਸਿਟੀਜਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਵੀ ਪੀ ਸੇਠੀ, ਬ੍ਰਾਹਮਣ ਸਭਾ ਪੰਜਾਬ ਦੀ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਸ਼ੋਕ ਕਾਲੀਆ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

## ਮੁੱਖ ਮੰਤਰੀ ਵੱਲੋਂ ਦੂਧਨ ਸਾਧਾਂ ਵਿਖੇ ਤਹਿਸੀਲ ਕੰਪਲੈਕਸ ਦਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭ੍ਰਿਸ਼ਟਾਚਾਰ ਕੈਂਸਰ ਬਣ ਚੁੱਕਿਆ ਹੈ, ਜਿਸ ਦਾ ਇਲਾਜ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤਾ ਗਿਆ ਹੈ, ਥੋੜ੍ਹਾ ਸਮਾਂ ਜ਼ਰੂਰ ਲਗੇਗਾ ਪਰ ਬਿਮਾਰੀ ਨੂੰ ਜੜ੍ਹੋਂ ਪੁੱਟ ਕੇ ਪੱਕਾ ਇਲਾਜ ਕੀਤਾ ਜਾਵੇਗਾ। ਵਿਰੋਧੀਆਂ 'ਤੇ ਵਿਅੰਗ ਕੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਵਜ਼ੀਫਿਆਂ ਦੇ ਪੈਸੇ ਖਾਧੇ ਇਥੋਂ ਤੱਕ ਧਰਮ ਦੇ ਪੈਸੇ ਵੀ ਲੁੱਟ ਲਏ। ਮੁੱਖ ਮੰਤਰੀ ਨੇ ਕਿਹਾ ਕਿ ਗੋਲਕਾਂ ਦੇ ਪੈਸੇ ਖਾਣ ਵਾਲਿਆਂ ਦਾ ਹਾਲ ਸਭ ਦੇ ਸਾਹਮਣੇ ਹੈ, ਕਦੇ ਲੱਤ 'ਤੇ ਅਤੇ ਕਦੇ ਬਾਹਾਂ 'ਤੇ ਪਲਸਤਰ ਲੱਗਦੇ ਰਹਿੰਦੇ ਹਨ। ਇਸ ਲਈ ਹੁਣ ਨਾ ਤਾਂ ਇਨ੍ਹਾਂ ਦੇ ਜੋੜ ਸਹੀ ਰਹੇ ਹਨ ਅਤੇ ਨਾ ਹੀ ਗੱਠਜੋੜ ਰਹੇ ਹਨ। ਮੁੱਖ ਮੰਤਰੀ ਅੱਜ ਹਲਕਾ ਸਨੌਰ ਵਿਖੇ ਕਸਬਾ ਦੁੱਧਣ ਸਾਧਾਂ ਵਿੱਚ ਤਹਿਸੀਲ ਕੰਪਲੈਕਸ ਦਾ ਉਦਘਾਟਨ ਕਰਨ ਲਈ ਪੁੱਜੇ ਹੋਏ ਸਨ। ਹਲਕਾ ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ ਦੀ ਅਗਵਾਈ ਵਿੱਚ ਕਰਵਾਈ ਗਈ ਰੈਲੀ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਹੀਂ ਕਿਹਾ ਕਿ ਇੱਕ ਬਾਦਲ ਤੇ ਕੈਪਟਨ ਨੂੰ ਲੋਕਾਂ ਨੇ ਕਈ ਵਾਰ ਜਿਤਾ ਕੇ ਮੁੱਖ ਮੰਤਰੀ ਬਣਾਇਆ, ਪਰ ਇਨ੍ਹਾਂ ਦੋਵਾਂ ਨੇ ਪ੍ਰਮਾਤਮਾ ਦੀਆਂ ਨੇਮਤਾਂ ਨੂੰ ਨਕਾਰਿਆ ਤੇ ਲੋਕਾਂ ਦੀ ਸੇਵਾ ਤੋਂ ਮੁੱਖ ਮੋੜ ਲਿਆ। ਸਿੱਟੇ ਵਜੋਂ ਪ੍ਰਮਾਤਮਾ ਤੇ ਲੋਕਾਂ ਨੇ ਇਨ੍ਹਾਂ ਦਾ ਘਰਾਂ 'ਚੋਂ ਨਿਕਲਣਾ ਔਖਾ ਕਰ ਦਿੱਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਲੋਕ ਜਾਗਰੂਕ ਹੋ ਚੁੱਕੇ ਹਨ, ਆਮ ਆਦਮੀ ਪਾਰਟੀ ਨੂੰ ਮੌਕਾ ਦਿੱਤਾ ਹੈ, ਹੁਣ ਕੋਈ ਲਾਂਭਾ ਨਾ ਆਵੇ, ਇਸ ਲਈ ਦਿਨ-ਰਾਤ ਮਿਹਨਤ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਆਉਣ ਦਾ ਸੱਦਾ ਦਿੱਤਾ ਤੇ ਕਿਹਾ ਕਿ ਔਰਤਾਂ ਦੀ ਜਿਵੇਂ ਘਰਾਂ ਵਿੱਚ ਅਹਿਮੀਅਤ ਹੈ, ਉਵੇਂ ਹੀ ਸਿਆਸਤ 'ਚ ਵੀ ਭਾਗੀਦਾਰੀ ਅਹਿਮ ਹੋਣੀ ਚਾਹੀਦੀ ਹੈ। ਮੁੱਖ ਮੰਤਰੀ ਨੇ ਵਿਧਾਇਕ ਪਠਾਣਮਾਜਰਾ ਵੱਲੋਂ ਇਲਾਕੇ ਦੀਆਂ ਮੰਗਾਂ ਸਬੰਧਤ ਮਹਿਕਮਿਆਂ ਨਾਲ ਬੈਠਕ ਕਰਕੇ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਹੈ। ਇਸ ਮੌਕੇ ਕਈ ਕੈਬਿਨਟ ਮੰਤਰੀ ਤੇ ਵਿਧਾਇਕਾਂ ਤੋਂ ਇਲਾਵਾ ਆਪ ਪਾਰਟੀ ਦੇ ਆਗੂ ਹਾਜ਼ਰ ਸਨ।

# ਮਨਰੇਗਾ ਕਰਮਚਾਰੀਆਂ ਨੇ ਬੀ ਡੀ ਪੀ ਓ ਨੂੰ ਸੌਂਪਿਆ ਮੰਗ ਪੱਤਰ

## ਤਿੰਨ ਮਹੀਨਿਆਂ ਤੋਂ ਰੁਕੀ ਤਨਖਾਹ ਜਾਰੀ ਕਰਨ ਦੀ ਮੰਗ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਬਲਾਕ ਵਿਕਾਸ ਤੇ ਪੰਚਾਇਤ ਦਫਤਰ ਪਾਤੜਾਂ ਵਿੱਚ ਮਹਾਤਮਾ ਗਾਂਧੀ ਰੁਜ਼ਗਾਰ ਗਰੰਟੀ ਸਕੀਮ ਤਹਿਤ ਕੰਮ ਕਰਨ ਵਾਲੇ ਮਨਰੇਗਾ ਕਰਮਚਾਰੀਆਂ ਵੱਲੋਂ ਪਿਛਲੇ ਤਿੰਨ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਦੇ ਮਾਮਲੇ ਨੂੰ ਲੈ ਕੇ ਉੱਚ ਅਧਿਕਾਰੀਆਂ ਦੇ ਨਾਮ ਮੰਗ ਪੱਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਪਾਤੜਾਂ ਬਘੇਲ ਸਿੰਘ ਨੂੰ ਸੌਂਪਿਆ ਗਿਆ। ਇਸ ਦੌਰਾਨ ਉਨ੍ਹਾਂ ਮਨਰੇਗਾ ਕਰਮਚਾਰੀਆਂ ਨੂੰ ਮੰਗ ਪੱਤਰ ਉੱਚ ਅਧਿਕਾਰੀਆਂ ਨੂੰ ਭੇਜ ਕੇ ਮਾਮਲੇ ਦਾ ਹੱਲ ਕਰਵਾਉਣ ਦਾ ਭਰੋਸਾ ਦਿਵਾਇਆ।

ਜਾਣਕਾਰੀ ਦਿੰਦਿਆਂ ਮਨਰੇਗਾ ਕਰਮਚਾਰੀ ਏਪੀਓ ਕੁਲਦੀਪ ਕੌਰ, ਸੈਕਟਰੀ ਸੁਖਚੈਨ ਸਿੰਘ, ਵਰਿੰਦਰ ਕੁਮਾਰ, ਰਜਿੰਦਰ ਸਿੰਘ, ਕਪਿਲ ਸ਼ਰਮਾ, ਮਨਜੀਤ ਸਿੰਘ ਤੇ ਕੁਲਦੀਪ ਸਿੰਘ ਨੇ ਦੱਸਿਆ ਕਿ ਮਗਨਰੇਗਾ ਕਰਮਚਾਰੀਆਂ ਨੂੰ ਮਾਰਚ, ਅਪ੍ਰੈਲ ਤੇ ਮਈ ਮਹੀਨੇ ਦੀ ਤਨਖਾਹ ਹਾਲੇ ਤੱਕ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ ਕਿ ਮਨਰੇਗਾ ਸਕੀਮ ਤਹਿਤ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਜੋ ਵੀ ਕੰਮ ਵਿਭਾਗ ਵੱਲੋਂ ਦਿੱਤਾ ਜਾਂਦਾ ਹੈ, ਉਸ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਂਦਾ ਹੈ, ਜਿਸ ਤਰ੍ਹਾਂ ਜਨ ਸੁਵਿਧਾ ਕੈਂਪ, ਯੁੱਧ ਨਸ਼ਿਆਂ ਵਿਰੁੱਧ, ਪੀਐੱਮਏਵਾਈ ਸਰਵੇ ਤੇ ਹੋਰ ਐਪਸ 'ਤੇ ਕੀਤੇ ਜਾਣ ਵਾਲੇ ਅਨੇਕਾਂ ਕੰਮ, ਜੋ ਪੂਰੇ ਸਟਾਫ ਦੁਆਰਾ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਮਗਨਰੇਗਾ ਸਕੀਮ ਅਧੀਨ ਮਗਨਰੇਗਾ ਸਟਾਫ ਦੁਆਰਾ ਵਿਕਾਸ ਦੇ ਕੰਮ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ, ਜੋ ਕੰਮ ਪਹਿਲਾਂ 5-6 ਮਹੀਨਿਆਂ ਦੌਰਾਨ ਕੀਤਾ ਜਾਂਦਾ ਸੀ, ਉਸ ਨੂੰ ਹੁਣ 2 ਮਹੀਨਿਆਂ ਵਿੱਚ ਹੀ ਕਰਵਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਦੌਰਾਨ ਛੱਪੜਾਂ ਵਿੱਚ ਡੀਵਾਟਰਿੰਗ, ਡੀਸਿਲਟਿੰਗ ਤੇ ਖੇਡ ਦੇ ਮੈਦਾਨਾਂ ਦਾ ਕੰਮ ਜ਼ੋਰਾਂ ਸ਼ੋਰਾਂ ਨਾਲ ਕਰਵਾਇਆ ਜਾ ਰਿਹਾ ਹੈ, ਪ੍ਰੰਤੂ ਇਸ 'ਤੇ ਵਿਚਾਰ ਕਰਨ ਵਾਲੀ ਗੱਲ ਹੈ ਕਿ ਜਿਨ੍ਹਾਂ ਕਰਮਚਾਰੀਆਂ ਨੂੰ 3-4 ਮਹੀਨੇ ਤਨਖਾਹ ਨਾ ਮਿਲੇ, ਉਹ ਕਿਸ ਤਰ੍ਹਾਂ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰ ਸਕਦਾ ਹੈ। ਇਸ ਸਕੀਮ ਅਧੀਨ ਕੰਮ ਕਰ ਰਹੇ ਕਰਮਚਾਰੀ ਪਹਿਲਾਂ ਹੀ ਆਰਥਿਕ ਤੌਰ 'ਤੇ ਮਜ਼ਬੂਤ ਨਹੀਂ ਹਨ, ਜਿਸ ਕਰਕੇ ਉਨ੍ਹਾਂ ਨੂੰ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ। ਹਰ ਕਰਮਚਾਰੀ ਦਾ ਆਪਣਾ ਪਰਿਵਾਰ, ਬੱਚੇ ਤੇ ਦੁੱਖ ਸੁੱਖ ਬਣਿਆ ਹੈ, ਪ੍ਰੰਤੂ ਇਸ ਸਬੰਧੀ ਬਲਾਕ ਪੱਧਰ ਤੋਂ ਲੈ ਕੇ ਸਟੇਟ ਪੱਧਰ ਤੱਕ ਕਿਸੇ ਵੀ ਉੱਚ ਅਧਿਕਾਰੀ ਵੱਲੋਂ ਧਿਆਨ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਮੰਗ ਕੀਤੀ ਕਿ ਜਲਦ ਤੋਂ ਜਲਦ ਤਨਖਾਹ ਜਾਰੀ ਕਰਵਾਈ ਜਾਵੇ, ਜੇਕਰ ਤਨਖਾਹ ਜਾਰੀ ਨਹੀਂ ਕਰਵਾਈ ਜਾਂਦੀ ਤਾਂ ਉਨ੍ਹਾਂ ਨੂੰ ਕਲਮ ਛੋੜ ਹੜਤਾਲ ਬਾਰੇ ਸੋਚਣ ਲਈ ਮਜਬੂਰ ਹੋਣਗੇ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

## ਕਾਤਰਾਂ

### ਗੱਡੀਆਂ 'ਤੇ ਬੱਤੀ ਤੇ ਕਾਲੀ ਫਿਲਮ ਲਗਾਉਣ ਦੀ ਮਨਾਹੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ ਵਧੀਕ ਡਾਇਰੈਕਟਰ ਜਨਰਲ ਪੁਲਸ, ਟ੍ਰੈਫਿਕ, ਪੰਜਾਬ, ਚੰਡੀਗੜ੍ਹ ਤੋਂ ਅਗੇਤੀ ਪ੍ਰਵਾਨਗੀ ਲਏ ਬਿਨਾਂ ਗੱਡੀਆਂ 'ਤੇ ਲਾਲ, ਨੀਲੀ, ਪੀਲੀ ਬੱਤੀ ਤੇ ਸ਼ੀਸ਼ਿਆਂ 'ਤੇ ਕਾਲੀ ਫਿਲਮ ਲਗਾਉਣ 'ਤੇ ਪਾਬੰਦੀ ਹੁਕਮ ਜਾਰੀ ਕੀਤੇ ਹਨ।ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਕਿਸੇ ਵੀ ਦੁਕਾਨਦਾਰ ਵੱਲੋਂ ਜੇਕਰ ਕਾਲੀ ਫਿਲਮ, ਨੀਲੀ ਬੱਤੀ, ਲਾਲ ਬੱਤੀ ਤੇ ਅੰਬਰ ਬੱਤੀਆਂ ਵੇਚੀਆਂ ਜਾਂਦੀਆਂ ਹਨ ਤੇ ਗੱਡੀ ਦੇ ਸ਼ੀਸ਼ਿਆਂ 'ਤੇ ਕਾਲੀ ਫਿਲਮ ਲਗਾਈ ਜਾਂਦੀ ਹੈ, ਉਸ ਸਬੰਧੀ ਵੀ ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪਾਬੰਦੀ ਹੁਕਮ ਜਾਰੀ ਕੀਤੇ ਗਏ ਹਨ।ਇਹ ਹੁਕਮ 5 ਅਗਸਤ 2025 ਤੱਕ ਲਾਗੂ ਰਹਿਣਗੇ।

### ਚਰਿੱਤਰ 'ਤੇ ਸ਼ੱਕ ਕਾਰਨ ਪਤਨੀ ਦਾ ਬੇਰਹਿਮੀ ਨਾਲ ਕਤਲ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਤਿੰਨ ਦਿਨ ਪਹਿਲਾਂ ਪਿੰਡ ਰਾਮਪੁਰਾ ਢਿੱਲੋਂ ਵਿੱਚ ਪਤਨੀ ਦੇ ਚਰਿੱਤਰ 'ਤੇ ਸ਼ੱਕ ਕਾਰਨ ਪਤੀ ਨੇ ਆਪਣੀ ਪਤਨੀ ਦਾ ਗਲਾ ਵੱਢ ਕੇ ਕਤਲ ਕਰ ਦਿੱਤਾ ਸੀ। ਹੁਣ ਸਿਰਸਾ ਦੀ ਮੀਰਪੁਰ ਕਲੋਨੀ ਵਿੱਚ ਪਤਨੀ ਦੇ ਚਰਿੱਤਰ 'ਤੇ ਸ਼ੱਕ ਕਾਰਨ ਪਤੀ ਨੇ ਆਪਣੀ ਪਤਨੀ ਦੇ ਸਿਰ 'ਤੇ ਹਥੌੜੇ ਨਾਲ ਵਾਰ ਕਰਕੇ ਉਸ ਦੀ ਹੱਤਿਆ ਕਰ ਦਿੱਤੀ। ਘਟਨਾ ਸਮੇਂ ਘਰ ਵਿੱਚ ਸਿਰਫ਼ ਪਤੀ-ਪਤਨੀ ਹੀ ਮੌਜੂਦ ਸਨ ਤੇ ਦੋਵੇ ਬੱਚੇ ਰਿਸ਼ਤੇਦਾਰੀ ਵਿਚ ਗਏ ਹੋਏ ਸਨ। ਕਤਲ ਦੀ ਜਾਣਕਾਰੀ ਮਿਲਣ ਬਾਅਦ ਪੁਲਸ ਮੌਕੇ 'ਤੇ ਪਹੁੰਚੀ ਤੇ ਮੱਖਣ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ। ਸਦਰ ਥਾਣਾ ਇੰਚਾਰਜ ਨੇ ਦੱਸਿਆ ਕਿ ਆਰਤੀ ਦਾ ਵਿਆਹ ਮੱਖਣ ਨਾਲ ਹੋਇਆ ਸੀ, ਮੱਖਣ ਨੂੰ ਆਪਣੀ ਪਤਨੀ ਦੇ ਨਾਜਾਇਜ਼ ਸਬੰਧ ਹੋਣ ਦਾ ਸ਼ੱਕ ਸੀ। ਇਸ ਕਾਰਨ ਸਵੇਰੇ ਪਤੀ-ਪਤਨੀ ਵਿਚਕਾਰ ਝਗੜਾ ਹੋ ਗਿਆ ਤਾਂ ਮੁਲਜ਼ਮ ਨੇ ਆਪਣੀ ਪਤਨੀ ਦੇ ਸਿਰ 'ਤੇ ਹਥੌੜੇ ਨਾਲ ਵਾਰ ਕਰਕੇ ਮੌਤ ਦੇ ਘਾਟ ਉਤਾਰ ਦਿੱਤਾ। ਮੁਲਜ਼ਮ ਮੱਖਣ ਨੂੰ ਗ੍ਰਿਫ਼ਤਾਰ ਕਰਕੇ ਅਗਲੀ ਕਾਰਵਾਈ ਜਾਰੀ ਹੈ।

### ਪਲੇਸਮੈਂਟ ਕੈਂਪ 12 ਨੂੰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਫ਼ਸਰ ਸ੍ਰੀਮਤੀ ਕੰਵਲਪੁਨੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ 12 ਜੂਨ ਨੂੰ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਦੋ ਨਾਮੀ ਕੰਪਨੀਆਂ ਹਿੱਸਾ ਲੈਣ ਜਾ ਰਹੀਆਂ ਹਨ, ਜਿਸ ਵਿੱਚ ਟਰੂ ਲਕਸ਼ਮੀ ਕੰਪਨੀ ਵੱਲੋਂ ਸੇਲ ਅਫ਼ਸਰ ਦੀਆਂ 50 ਅਸਾਮੀਆਂ ਅਤੇ ਐਲ.ਆਈ.ਸੀ. ਲਾਇਫ ਇੰਸ਼ੋਰੈਂਸ ਵੱਲੋਂ ਮਹਿਲਾ ਕੈਰੀਅਰ ਏਜੰਟ ਦੀਆਂ 50 ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ। ਉਨ੍ਹਾਂ ਦੱਸਿਆ ਕਿ ਟਰੂ ਲਕਸ਼ਮੀ ਕੰਪਨੀ ਵਿੱਚ ਇੰਟਰਵਿਊ ਲਈ 12ਵੀਂ ਪਾਸ ਤੇ 18 ਤੋਂ 35 ਸਾਲ ਉਮਰ ਦੇ ਨੌਜਵਾਨ ਭਾਗ ਲੈ ਸਕਦੇ ਹਨ ਅਤੇ ਐਲ.ਆਈ.ਸੀ. ਲਾਇਫ ਇੰਸ਼ੋਰੈਂਸ ਦੀ ਇੰਟਰਵਿਊ ਲਈ 10ਵੀਂ ਪਾਸ ਤੇ 18 ਤੋਂ 65 ਸਾਲ ਉਮਰ ਦੀਆਂ ਕੇਵਲ ਔਰਤਾਂ ਭਾਗ ਲੈ ਸਕਦੀਆਂ ਹਨ ਤੇ ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ. ਤੇ ਡੀ.ਏ. ਦੇਣ ਯੋਗ ਨਹੀਂ ਹੋਵੇਗਾ।

# ਜਨਤਕ ਜਥੇਬੰਦੀਆਂ ਨੇ ਪੱਤਰਕਾਰਾਂ 'ਤੇ ਹੋਏ ਕਾਤਲਾਨਾ ਹਮਲਿਆਂ 'ਤੇ ਕਾਰਵਾਈ ਮੰਗੀ

## ਡੀ ਐੱਸ ਪੀ ਪਾਤੜਾਂ ਨੂੰ ਸੌਂਪਿਆ ਮੰਗ ਪੱਤਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪਿਛਲੇ ਦਿਨੀਂ ਦੋ ਵੱਖ-ਵੱਖ ਮਾਮਲਿਆਂ ਵਿੱਚ ਪਾਤੜਾਂ ਤੋਂ ਪੰਜਾਬੀ ਅਖਬਾਰਾਂ ਦੇ ਪੱਤਰਕਾਰਾਂ ਦੇ ਪਰਿਵਾਰਾਂ ਉੱਤੇ ਹੋਏ ਹਮਲਿਆਂ ਵਿਰੁੱਧ ਕਾਰਵਾਈ ਦੀ ਮੰਗ ਨੂੰ ਲੈ ਕੇ ਜਨਤਕ ਜਥੇਬੰਦੀਆਂ ਦੀ ਮੀਟਿੰਗ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਵਿਖੇ ਹੋਈ।ਮੀਟਿੰਗ ਵਿੱਚ ਪੱਤਰਕਾਰ ਭਾਈਚਾਰੇ ਤੋਂ ਇਲਾਵਾ ਸੰਯੁਕਤ ਕਿਸਾਨ ਮੋਰਚਾ, ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਤੇ ਕਿਸਾਨ ਮਜ਼ਦੂਰ ਮੋਰਚੇ ਨਾਲ ਸੰਬੰਧਤ ਜਥੇਬੰਦੀਆਂ ਦੇ ਆਗੂਆਂ ਨੇ ਹਿੱਸਾ ਲਿਆ।ਮੀਟਿੰਗ ਵਿੱਚ ਕੀਤੇ ਗਏ ਵਿਚਾਰ ਵਟਾਂਦਰੇ ਉਪਰੰਤ ਜਥੇਬੰਦੀਆਂ ਦੇ ਆਗੂਆਂ ਵੱਲੋਂ ਡੀ ਐੱਸ ਪੀ ਪਾਤੜਾਂ ਦੇ ਨਾਂਅ ਮੰਗ ਪੱਤਰ ਸੌਂਪ ਕੇ ਹਮਲਿਆਂ ਦੇ ਦੋਸ਼ੀਆਂ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਗਈ।ਇਸ ਦੌਰਾਨ ਜਥੇਬੰਦੀਆਂ ਦੇ ਆਗੂਆਂ ਨੇ ਕਾਰਵਾਈ ਨਾ ਹੋਣ ਦੀ ਸੂਰਤ ਵਿੱਚ ਸੰਘਰਸ਼ ਦੀ ਚੇਤਾਵਨੀ ਦਿੱਤੀ।

ਮੰਗ ਪੱਤਰ ਸੌਂਪਣ ਉਪਰੰਤ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਸੁਖਦੇਵ ਸਿੰਘ ਹਰਿਆਊ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਗੁਰਵਿੰਦਰ ਸਿੰਘ ਦੇਧਨਾ, ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਆਗੂ ਯਾਦਵਿੰਦਰ ਸਿੰਘ ਬੂਰੜ, ਗੁਰਜੰਟ ਸਿੰਘ ਸਧਾਰਨਪੁਰ, ਕਿਸਾਨ ਯੂਨੀਅਨ ਸਿੱਧੂਪੁਰ ਦੇ ਹਰਜੀਤ ਸਿੰਘ ਤੇਈਪੁਰ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਬਲਾਕ ਜਰਨਲ ਸਕੱਤਰ ਅਵਤਾਰ ਸਿੰਘ ਬੂਰੜ ਨੇ ਕਿਹਾ ਕਿ ਪਾਤੜਾਂ ਇਲਾਕੇ ਤੋਂ ਪੱਤਰਕਾਰ ਬਲਵਿੰਦਰ ਸਿੰਘ ਕਾਹਨਗੜ੍ਹ ਦੇ ਪਰਵਾਰ ਨੂੰ ਜਿਹੜੀ ਮਿੱਥੀ ਸਾਜ਼ਿਸ਼ ਤਹਿਤ ਉਸ ਸਮੇਂ ਨਿਸ਼ਾਨਾ ਬਣਾਇਆ ਗਿਆ, ਜਦੋਂ ਉਹ ਸੜਕ ਕਿਨਾਰੇ ਖੜੀ ਆਪਣੀ ਗੱਡੀ ਵਿੱਚ ਬੈਠੇ ਹੋਏ।ਇਸ ਤੋਂ ਇਲਾਵਾ ਸੀਨੀਅਰ ਪੱਤਰਕਾਰ ਗੁਰਨਾਮ ਸਿੰਘ ਚੌਹਾਨ ਦੇ ਪਿਤਾ ਸ੍ਰ. ਬਲੀ ਸਿੰਘ ਪਿੰਡ ਬਾਦਸ਼ਾਹਪੁਰ ਜਦੋਂ ਆਪਣੀ ਦੁਕਾਨ ਦੇ ਬਾਹਰ ਕੁਰਸੀ ਉੱਤੇ ਬੈਠੇ ਹੋਏ ਸਨ ਤਾਂ ਉਸ ਸਮੇਂ ਕੁਝ ਕਾਰ ਸਵਾਰਾਂ ਵੱਲੋਂ ਜਾਣ-ਬੁਝ ਕੇ ਉਨ੍ਹਾਂ 'ਤੇ ਗੱਡੀ ਚੜ੍ਹਾਈ ਗਈ।ਉਨ੍ਹਾਂ ਕਿਹਾ ਕਿ ਇੱਥੇ ਹੀ ਬੱਸ ਨਹੀਂ ਉਕਤ ਕਥਿਤ ਦੋਸ਼ੀਆਂ ਵੱਲੋਂ ਵਾਰ-ਵਾਰ ਗੱਡੀ ਉਨ੍ਹਾਂ ਵਿੱਚ ਮਾਰ ਕੇ ਉਨ੍ਹਾਂ ਦੀ ਜਾਨ ਲੈਣ ਦੀ ਕੋਸ਼ਿਸ਼ ਕੀਤੀ ਗਈ, ਪਰ ਇਨ੍ਹਾਂ ਦੋਵਾਂ ਮਾਮਲਿਆਂ ਵਿੱਚ ਪੁਲਸ ਵੱਲੋਂ ਠੋਸ ਕਾਰਵਾਈ ਕਰਨ ਦੀ ਬਜਾਏ ਸਿਰਫ ਖਾਨਾਪੂਰਤੀ ਕੀਤੀ ਗਈ ਹੈ।ਆਗੂਆਂ ਨੇ ਮੰਗ ਕੀਤੀ ਕਿ ਇਹ ਦੋਵੇਂ ਮਾਮਲੇ ਕੋਈ ਆਮ ਨਹੀਂ ਸਗੋਂ ਸੱਚ ਦੀ ਆਵਾਜ਼ ਬੁਲੰਦ ਕਰਨ ਵਾਲੇ ਪੱਤਰਕਾਰਾਂ ਦੇ ਪਰਿਵਾਰਾਂ ਉੱਤੇ ਹੋਏ ਕਾਤਲਾਨਾ ਹਮਲੇ ਹਨ।ਇਸ ਲਈ ਇਨ੍ਹਾਂ ਦੋਵਾਂ ਮਾਮਲਿਆਂ ਵਿੱਚ ਪੁਲਸ ਡੂੰਘਾਈ ਨਾਲ ਪੜਤਾਲ ਕਰਕੇ ਦੋਸ਼ੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰੇ, ਨਹੀਂ ਤਾਂ ਜਨਤਕ ਜਥੇਬੰਦੀਆਂ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਜਲਿਸ ਇਜ਼ਹਾਰ ਇਸਲਾਮ ਹਿੰਦ ਦੇ ਜ਼ਿਲ੍ਹਾ ਪ੍ਰਧਾਨ ਦਿਲਬਰ ਖਾਨ, ਪ੍ਰਵਾਸੀ ਪੰਜਾਬੀ ਆਗੂ ਸੁਖਦੇਵ ਸਿੰਘ ਬੈਲਜੀਅਮ, ਕਿਸਾਨ ਆਗੂ ਸਾਹਿਬ ਸਿੰਘ ਦੁਤਾਲ ਤੋਂ ਇਲਾਵਾ ਪੱਤਰਕਾਰ ਜਗਦੀਸ਼ ਸਿੰਘ ਕੰਬੋਜ, ਭੁਪਿੰਦਰਜੀਤ ਮੌਲਵੀਵਾਲਾ, ਸਤਪਾਲ ਗਰਗ, ਹਰਭਜਨ ਸਿੰਘ ਮਹਿਰੋਕ, ਬਿਕਰਮਜੀਤ ਸਿੰਘ ਘੁੰਮਣ, ਹਰਪ੍ਰੀਤ ਕੌਰ ਘੱਗਾ ਤੇ ਸੁਖਵਿੰਦਰ ਸਿੰਘ ਦੁਗਾਲ ਤੋਂ ਇਲਾਵਾ ਭਾਈਚਾਰੇ ਨਾਲ ਸੰਬੰਧਤ ਲੋਕ ਹਾਜ਼ਰ ਸਨ।

# ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਲੁਧਿਆਣਾ ਜ਼ਿਮਨੀ ਚੋਣ 'ਚ ਸੰਘਰਸ਼ ਦਾ ਐਲਾਨ

## 13 ਤੇ 15 ਨੂੰ ਪੰਜਾਬ ਭਰ 'ਚ ਰੋਸ ਪ੍ਰਦਰਸ਼ਨ ਤੇ ਕੰਮ ਠੱਪ ਕਰਨ ਦਾ ਫੈਸਲਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਜ਼ਿਲ੍ਹਾ ਫਿਰੋਜ਼ਪੁਰ ਤੋਂ ਐੱਨ ਐੱਚ ਐੱਮ (ਨੈਸ਼ਨਲ ਹੈੱਲਥ ਮਿਸ਼ਨ) ਦੇ ਆਗੂਆਂ, ਕਮਿਊਨਿਟੀ ਸਿਹਤ ਅਧਿਕਾਰੀ ਨਰਿੰਦਰ ਸਿੰਘ ਤੇ ਡਾ. ਪ੍ਰੀਤ ਮਖੀਜਾ ਨੇ ਦੱਸਿਆ ਕਿ ਬੀਤੀ 7 ਜੂਨ ਨੂੰ ਲੁਧਿਆਣਾ ਵਿਖੇ ਐੱਨ ਐੱਚ ਐੱਮ ਮੁਲਾਜ਼ਮਾਂ ਦੀ ਇੱਕ ਹੰਗਾਮੀ ਮੀਟਿੰਗ ਹੋਈ, ਜਿਸ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਤੋਂ ਆਗੂਆਂ ਨੇ ਹਿੱਸਾ ਲਿਆ। ਮੀਟਿੰਗ ਦਾ ਮੁੱਖ ਏਜੰਡਾ ਲੁਧਿਆਣਾ ਜ਼ਿਮਨੀ ਚੋਣਾਂ ਦੌਰਾਨ ਐੱਨ.ਐੱਚ.ਐੱਮ. ਮੁਲਾਜ਼ਮਾਂ ਦੇ ਸੰਘਰਸ਼ ਦੀ ਰੂਪ-ਰੇਖਾ ਤੈਅ ਕਰਨਾ ਸੀ। ਇਸ ਦੌਰਾਨ ਐੱਨ ਐੱਚ ਐੱਮ ਟਾਸਕ ਫੋਰਸ ਦਾ ਗਠਨ ਕੀਤਾ ਗਿਆ, ਜੋ ਇਸ ਸੰਘਰਸ਼ ਦੀ ਅਗਵਾਈ ਕਰੇਗੀ। ਆਗੂਆਂ ਨੇ ਕਿਹਾ ਕਿ ਐੱਨ ਐੱਚ ਐੱਮ ਮੁਲਾਜ਼ਮ ਪਿਛਲੇ ਕਈ ਸਾਲਾਂ ਤੋਂ ਪੰਜਾਬ ਵਿਚ ਸਿਹਤ ਸੇਵਾਵਾਂ ਨਿਭਾ ਰਹੇ ਹਨ, ਜਿਨ੍ਹਾਂ ਵਿੱਚ 50 ਤੋਂ ਵੱਧ ਕੈਟੇਗਰੀਆਂ ਸ਼ਾਮਲ ਹਨ। ਪਰ, ਸਮੇਂ ਦੀਆਂ ਸਰਕਾਰਾਂ ਨੇ ਸਿਰਫ਼ ਇਨ੍ਹਾਂ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ ਤੇ ਉਨ੍ਹਾਂ ਨੂੰ ਬਣਦੇ ਹੱਕਾਂ ਤੋਂ ਵਾਂਝੇ ਰੱਖਿਆ। ਵੱਖ-ਵੱਖ ਸਰਕਾਰਾਂ ਨੇ ਪੱਕੇ ਕਰਨ ਦੇ ਵਾਅਦੇ ਕੀਤੇ, ਪਰ ਕੋਈ ਵੀ ਇਨ੍ਹਾਂ ਨੂੰ ਪੂਰਾ ਨਾ ਕਰ ਸਕੀ। ਇਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ ਮੌਜੂਦਾ ਕੈਬਿਨਟ ਮੰਤਰੀਆਂ ਤੇ ਵਿਧਾਇਕਾਂ ਨੇ ਕਾਂਗਰਸ ਸਰਕਾਰ ਵਿਰੁੱਧ ਐੱਨ ਐੱਚ ਐੱਮ ਮੁਲਾਜ਼ਮਾਂ ਦੀਆਂ ਰੈਲੀਆਂ ਵਿੱਚ ਸ਼ਮੂਲੀਅਤ ਕੀਤੀ ਤੇ ਸਰਕਾਰ ਬਣਦੇ ਹੀ ਪੱਕਾ ਕਰਨ ਦਾ ਵਾਅਦਾ ਕੀਤਾ, ਪਰ ਤਿੰਨ ਸਾਲ ਬੀਤ ਜਾਣ 'ਤੇ ਵੀ ਨਾ ਮੁਲਾਜ਼ਮਾਂ ਨੂੰ ਪੱਕਾ ਕੀਤਾ ਗਿਆ ਤੇ ਨਾ ਹੀ ਤਨਖਾਹਾਂ ਵਿਚ ਕੋਈ ਵਾਧਾ ਹੋਇਆ। ਪੰਜਾਬ ਸਰਕਾਰ ਦੀ ਇਸ ਨੀਤੀ ਨੇ ਮੁਲਾਜ਼ਮਾਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਹੈ। ਹੁਣ ਐੱਨ ਐੱਚ ਐੱਮ ਮੁਲਾਜ਼ਮ ਇਸ ਧੱਕੇਸ਼ਾਹੀ ਨੂੰ ਹੋਰ ਬਰਦਾਸ਼ਤ ਨਹੀਂ ਕਰਨਗੇ। ਟਾਸਕ ਫੋਰਸ ਨੇ ਲੁਧਿਆਣਾ ਜ਼ਿਮਨੀ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਦੋ ਵੱਡੇ ਪ੍ਰੋਗਰਾਮ ਉਲੀਕੇ ਹਨ। ਪਹਿਲੇ ਪ੍ਰੋਗਰਾਮ ਅਨੁਸਾਰ 13 ਜੂਨ ਨੂੰ ਸਮੂਹ ਐੱਨ ਐੱਚ ਐੱਮ ਮੁਲਾਜ਼ਮ ਆਪਣੇ ਜ਼ਿਲ੍ਹਿਆਂ ਤੇ ਬਲਾਕਾਂ ਵਿੱਚ ਇਕੱਠੇ ਹੋ ਕੇ ਸਰਕਾਰ ਦਾ ਪੁਤਲਾ ਸਾੜਨਗੇ ਅਤੇ ਆਨਲਾਈਨ ਤੇ ਆਫਲਾਈਨ ਕੰਮ ਪੂਰੀ ਤਰ੍ਹਾਂ ਠੱਪ ਕਰ ਦੇਣਗੇ। ਦੂਜੇ ਪ੍ਰੋਗਰਾਮ ਵਿੱਚ 15 ਜੂਨ ਨੂੰ ਲਗਭਗ 9000 ਮੁਲਾਜ਼ਮ ਲੁਧਿਆਣਾ ਵਿਖੇ ਵੱਡੀ ਰੈਲੀ ਕਰਨਗੇ, ਸਰਕਾਰ ਦਾ ਪੁਤਲਾ ਸਾੜਨਗੇ ਤੇ ਸਥਾਨਕ ਲੋਕਾਂ ਨੂੰ ਸਰਕਾਰ ਦੀਆਂ ਨਾਕਾਮੀਆਂ ਬਾਰੇ ਜਾਗਰੂਕ ਕਰਨਗੇ। ਇਸ ਸੰਘਰਸ਼ ਦਾ ਮਕਸਦ ਸਰਕਾਰ 'ਤੇ ਦਬਾਅ ਪਾ ਕੇ ਮੁਲਾਜ਼ਮਾਂ ਦੀਆਂ ਮੰਗਾਂ ਪੱਕੀ ਨੌਕਰੀ, ਤਨਖਾਹ ਵਾਧਾ ਤੇ ਬਿਹਤਰ ਸਹੂਲਤਾਂਨੂੰ ਪੂਰਾ ਕਰਵਾਉਣਾ ਹੈ। ਆਗੂਆਂ ਨੇ ਕਿਹਾ ਕਿ ਜੇ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਮੀਟਿੰਗ ਵਿੱਚ ਆਗੂ ਬਗੀਚ ਸਿੰਘ, ਸੁਰਿੰਦਰ ਕੰਬੋਜ, ਗੌਰਵ, ਅਮਰੀਕ ਸਿੰਘ, ਡਾ. ਪ੍ਰੇਮ ਸਿੰਘ, ਛਿੰਦਾ ਸਿੰਘ, ਨਵਜੀਤ ਕੁਮਾਰ, ਡਾ. ਸਤਨਾਮ ਸਿੰਘ ਆਦਿ ਹਾਜ਼ਰ ਸਨ।

# ਪਟਿਆਲਾ/ਸਨੌਰ 'ਚ ਦੁਕਾਨਾਂ, ਰੇਹੜੀਆਂ 'ਤੇ ਘਰੇਲੂ ਗੈਸ ਸਿਲੰਡਰਾਂ ਦੀ ਹੋ ਰਹੀ ਹੈ ਖੁੱਲ੍ਹੇਆਮ ਵਰਤੋਂ



**ਪਟਿਆਲਾ (ਰਾਜਿੰਦਰ ਥਿੰਦ)**

ਪਟਿਆਲਾ ਤੇ ਸਨੌਰ ਦੇ ਭੀੜ-ਭੜੱਕੇ ਵਾਲੇ ਇਲਾਕਿਆਂ, ਬਜ਼ਾਰਾਂ, ਮੁੱਖ ਸੜਕਾਂ ਤੇ ਗਲੀ-ਮੁਹੱਲਿਆਂ ਵਿੱਚ ਘਰੇਲੂ ਐਲ.ਪੀ.ਜੀ. ਸਿਲੰਡਰਾਂ ਦੀ ਵਪਾਰਕ ਢੰਗ ਨਾਲ ਖੁੱਲ੍ਹੇਆਮ ਵਰਤੋਂ ਵੱਡੇ ਹਾਦਸਿਆਂ ਨੂੰ ਸੱਦਾ ਦੇ ਰਹੀ ਹੈ। ਮਿਠਾਈਆਂ ਬਣਾਉਣ ਵਾਲੀਆਂ ਦੁਕਾਨਾਂ, ਪਕੌੜੇ ਤੇ ਪੂੜੀਆਂ ਵੇਚਣ ਵਾਲੀਆਂ ਰੇਹੜੀਆਂ, ਫਾਸਟ ਫੂਡ ਤੇ ਸਨੈਕਸ ਵਾਲੀਆਂ ਥਾਵਾਂ ਉੱਤੇ ਇਹ ਘਰੇਲੂ ਸਿਲੰਡਰ ਗੈਰ-ਕਾਨੂੰਨੀ ਤੇ ਬਿਨਾਂ ਕਿਸੇ ਸੁਰੱਖਿਆ ਪ੍ਰਬੰਧ ਦੇ ਵਰਤੇ ਜਾ ਰਹੇ ਹਨ। ਇਹ ਨਾ ਸਿਰਫ ਕਾਨੂੰਨ ਦੀ ਸਿੱਧੀ ਉਲੰਘਣਾ ਹੈ, ਸਗੋਂ ਇਨ੍ਹਾਂ ਰਾਹੀਂ ਲੋਕਾਂ ਦੀ ਜਾਨ ਨਾਲ ਵੀ ਖਿਲਵਾੜ ਕੀਤਾ ਜਾ ਰਿਹਾ ਹੈ। ਭੀੜ ਵਾਲੇ ਇਲਾਕਿਆਂ ਵਿਚ ਜਿੱਥੇ ਦਿਨ-ਦਿਹਾੜੇ ਸੈਂਕੜੇ ਲੋਕ ਖਰੀਦਦਾਰੀ ਤੇ ਖਾਣ-ਪੀਣ ਲਈ ਇਕੱਠੇ ਹੁੰਦੇ ਹਨ, ਉੱਥੇ ਗੈਸ ਲੀਕ ਜਾਂ ਧਮਾਕੇ ਦੀ ਸੰਭਾਵਨਾ ਸਿਰ ਉੱਤੇ ਲਟਕ ਰਹੀ ਤਲਵਾਰ ਵਰਗੀ ਬਣੀ ਹੋਈ ਹੈ। ਇਸ ਦੇ ਨਾਲ-ਨਾਲ ਸਭ ਤੋਂ ਵੱਡਾ ਚਿੰਤਾ ਦਾ ਵਿਸ਼ਾ ਇਹ ਵੀ ਹੈ ਕਿ ਅਜਿਹੀਆਂ ਥਾਂਵਾਂ 'ਤੇ ਕਿਸੇ ਵੀ ਕਿਸਮ ਦੀ ਫਾਇਰ ਸੇਫਟੀ ਜਾਂ ਐਮਰਜੈਂਸੀ ਵਿਵਸਥਾ ਨਹੀਂ ਕੀਤੀ ਜਾਂਦੀ।

ਸਨੌਰ ਦੇ ਪੁਰਾਣੇ ਬੱਸ ਅੱਡੇ, ਸਦਰ ਬਜ਼ਾਰ, ਫਿਰਨੀ, ਬੋਲੜ ਚੌਂਕ, ਅਨਾਜ ਮੰਡੀ ਅਤੇ ਚੋਰਾ ਰੋਡ ਆਲੇ-ਦੁਆਲੇ ਇਲਾਕਿਆਂ ਵਿਚ ਅਜਿਹੀ ਵਰਤੋਂ ਲੰਮੇ ਸਮੇਂ ਤੇ ਆਮ ਹੋ ਰਹੀ ਹੈ। ਇਨ੍ਹਾਂ ਥਾਂਵਾਂ 'ਤੇ ਮਿਠਾਈ ਦੀਆਂ ਦੁਕਾਨਾਂ ਵਿਚ ਭੱਟੀਆਂ ਤੇ ਕੜਾਹੀਆਂ ਦੇ ਨਾਲ-ਨਾਲ, ਰੇਹੜੀਆਂ ਤੇ ਦੁਕਾਨਾਂ ਉੱਤੇ ਸਮੋਸੇ, ਪਕੌੜੇ ਤੇ ਪੂਰੀਆਂ ਦਾ ਬਣਾਉਣਾ ਚਿੱਟੇ ਦਿਨ 'ਚ ਆਮ ਦ੍ਰਿਸ਼ ਬਣ ਗਿਆ ਹੈ। ਇਹ ਸਿਲੰਡਰ ਘਰੇਲੂ ਵਰਤੋਂ ਲਈ ਜਾਰੀ ਕੀਤੇ ਜਾਂਦੇ ਹਨ, ਪਰ ਇਨ੍ਹਾਂ ਦੀ ਵਪਾਰਕ ਢੰਗ ਨਾਲ ਵਰਤੋਂ ਭਾਰਤੀ ਪੈਟਰੋਲੀਅਮ ਐਕਟ ਤੇ ਐਲ.ਪੀ.ਜੀ. ਕੰਟਰੋਲ ਆਰਡਰ ਦੇ ਅਧੀਨ ਗੈਰ-ਕਾਨੂੰਨੀ ਹੈ। ਵਪਾਰਕ ਵਰਤੋਂ ਲਈ ਲਾਇਸੰਸ, ਉੱਚਿਤ ਕੁਨੈਕਸ਼ਨ ਤੇ ਸੁਰੱਖਿਆ ਮਾਪਦੰਡ ਜ਼ਰੂਰੀ ਹਨ, ਪਰ ਇੱਥੇ ਨਾ ਐਨ.ਓ.ਸੀ. ਲਿਆ ਜਾਂਦਾ ਹੈ, ਨਾ ਹੀ ਵਾਇਰ ਸਕਨੀ ਉਪਕਰਣ ਲਾਏ ਜਾਂਦੇ ਹਨ। ਇਸ ਮੌਕੇ 'ਤੇ ਕਈ ਵਾਰ ਕਿਸੇ ਵੀ ਚਿੰਗਾਰੀ ਜਾਂ ਲੀਕ ਹੋਣ ਨਾਲ ਅੱਗ ਲੱਗਣ ਦੀ ਸੰਭਾਵਨਾ ਵਧ ਜਾਂਦੀ ਹੈ, ਜਿਸ ਦਾ ਨਤੀਜਾ ਹਾਦਸਿਆਂ ਰੂਪ ਵਿੱਚ ਨਿਕਲ ਸਕਦਾ ਹੈ। ਗੈਸ ਵੰਡਣ ਵਾਲੀਆਂ ਕੰਪਨੀਆਂ ਇੰਡੀਅਨ ਆਇਲ ਭਾਰਤ ਗੈਸ ਤੇ ਐਚ.ਪੀ. ਗੈਸ ਦੀ ਭੂਮਿਕਾ ਵੀ ਸਵਾਲਾਂ 'ਚ ਹੈ। ਇਹ ਵੀ ਸਾਹਮਣੇ ਆਇਆ ਹੈ ਕਿ ਜਦੋਂ ਕੋਈ ਦੁਕਾਨਦਾਰ ਦਿਨ 'ਚ 3-4 ਸਿਲੰਡਰ ਵਰਤ ਰਿਹਾ ਹੋਵੇ ਤਾਂ ਇਹ ਸਵਾਲ ਉਠਦਾ ਹੈ ਕਿ ਇਹ ਸਿਲੰਡਰ ਇਨ੍ਹਾਂ ਕੋਲ ਆ ਕਿਵੇਂ ਰਹੇ ਹਨ। ਇਸ ਸੰਕਟ ਦੀ ਇਕ ਹੋਰ ਚਿੰਤਾਜਨਕ ਪਹਿਲੂ ਇਹ ਵੀ ਹੈ ਕਿ ਖਾਦ ਸਪਲਾਈ ਵਿਭਾਗ ਦੇ ਇੰਸਪੈਕਟਰ ਜਾਂ ਨਗਰ ਨਿਗਮ ਦੇ ਸਿਹਤ ਵਿਭਾਗ ਨੇ ਅਜੇ ਤੱਕ ਕਿਸੇ ਵੀ ਅਜਿਹੀ ਥਾਂ 'ਤੇ ਨਿਯਮਿਤ ਤੌਰ 'ਤੇ ਮੁਆਇਨਾ ਕਰਨਾ ਸ਼ਾਇਦ ਜ਼ਰੂਰੀ ਨਹੀਂ ਸਮਝਦੇ। ਸਵਾਲ ਇਹ ਹੈ ਕਿ ਜਦ ਤੱਕ ਕੋਈ ਵੱਡਾ ਹਾਦਸਾ ਨਹੀਂ ਵਾਪਰਦਾ, ਕੀ ਤਦ ਤੱਕ ਅਜਿਹੀ ਲਾਪ੍ਰਵਾਹੀ ਚਲਦੀ ਰਹੇਗੀ। ਕੀ ਇਨ੍ਹਾਂ ਅਧਿਕਾਰੀਆਂ ਉੱਤੇ ਕੋਈ ਕਾਰਵਾਈ ਨਹੀਂ ਹੋਣੀ ਚਾਹੀਦੀ।

## ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਉੱਘੇ ਲੇਖਕ, ਕਿਰਤੀਆਂ ਦੇ ਕਾਨੂੰਨੀ ਰਾਹ ਦਸੇਰਾ ਤੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਕਾਮਰੇਡ ਗੁਰਮੀਤ ਸਿੰਘ ਸ਼ੁਗਲੀ ਦੇ ਅਚਾਨਕ ਦਿਹਾਂਤ 'ਤੇ ਮੋਗਾ ਜ਼ਿਲ੍ਹੇ ਦੀ ਭਾਰਤੀ ਕਮਿਊਨਿਸਟ ਪਾਰਟੀ ਤੇ ਜ਼ਿਲ੍ਹਾ ਏਟਕ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ, ਕੰਟਰੋਲ ਕਮਿਸ਼ਨ ਦੇ ਮੈਂਬਰ ਸਾਥੀ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਬਲਾਕ ਮੋਗਾ 2 ਦੇ ਸਕੱਤਰ ਸ਼ੇਰ ਸਿੰਘ ਦੌਲਤਪੁਰਾ, ਬਲਾਕ ਮੋਗਾ 1 ਦੇ ਸਕੱਤਰ ਸਵਰਾਜ ਸਿੰਘ ਢੁੱਡੀਕੇ, ਬਲਾਕ ਬਾਘਾ ਪੁਰਾਣਾ ਦੇ ਸਕੱਤਰ ਗੁਰਮੀਤ ਸਿੰਘ ਵਾਂਦਰ, ਟਰੇਡ ਯੂਨੀਅਨ ਕੌਂਸਲ ਦੇ ਪ੍ਰਧਾਨ ਕਾਮਰੇਡ ਜਗਦੀਸ਼ ਸਿੰਘ ਚਾਹਲ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ, ਸਰਵ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਕਰਮਵੀਰ ਕੌਰ ਬੱਧਨੀ, ਜ਼ਿਲ੍ਹਾ ਪ੍ਰਧਾਨ ਇੰਦਰਜੀਤ ਦੀਨਾਂ, ਸਕੱਤਰ ਜਗਵਿੰਦਰ ਸਿੰਘ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ, ਸਕੱਤਰ ਸਵਰਾਜ ਸਿੰਘ ਖੋਸਾ, ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰ ਯੂਨੀਅਨ ਦੇ ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸਤਪਾਲ ਸਹਿਗਲ, ਬਚਿੱਤਰ ਸਿੰਘ ਧੋਥੜ, ਭੁਪਿੰਦਰ ਸਿੰਘ ਸੇਖੋਂ ਤੇ ਪੋਹਲਾ ਸਿੰਘ ਬਰਾੜ ਆਦਿ ਆਗੂਆਂ ਨੇ ਕਿਹਾ ਕਿ ਕਾਮਰੇਡ ਸ਼ੁਗਲੀ ਦੇ ਅਚਾਨਕ ਵਿਛੋੜੇ ਨਾਲ ਪਰਿਵਾਰ, ਕਮਿਊਨਿਸਟ ਪਾਰਟੀ ਦੇ ਸਾਥੀ ਤੇ ਨਵਾਂ ਜ਼ਮਾਨਾ ਦੀ ਟੀਮ ਤੇ ਪਾਠਕਾਂ ਜਿੱਥੇ ਨੂੰ ਗਹਿਰਾ ਸਦਮਾ ਲੱਗਾ, ਉੱਥੇ ਬਹੁਤ ਵੱਡਾ ਘਾਟਾ ਪਿਆ ਹੈ।ਇਸ ਮੌਕੇ ਉਪਰੋਕਤ ਆਗੂਆਂ ਨੇ ਉਨ੍ਹਾਂ ਦੇ ਪੁੱਤਰ ਐਡਵੋਕੇਟ ਰਾਜਿੰਦਰ ਸਿੰਘ ਮੰਡ ਤੇ ਪਰਿਵਾਰ ਅਤੇ ਨਵਾਂ ਜ਼ਮਾਨਾ ਨਾਲ ਡੂੰਘੀ ਹਮਦਰਦੀ ਜਤਾਈ ਹੈ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਵਰ੍ਹੇਗੰਢ ਨੂੰ ਸਮਰਪਤ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਮਹਿਲ ਕਲਾਂ ਵੱਲੋਂ ਜਥੇਬੰਦੀ ਦੀ 28ਵੀਂ ਵਰ੍ਹੇਗੰਢ ਨੂੰ ਸਮਰਪਤ ਵਿਸ਼ਾਲ ਸਮਾਗਮ ਸੂਬਾ ਪ੍ਰਧਾਨ ਡਾ: ਧੰਨਾ ਮੱਲ ਗੋਇਲ, ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਹਿਲ ਕਲਾਂ ਵਿਖੇ ਜੋਸ਼ੋ ਖਰੋਸ਼ ਨਾਲ ਕਰਵਾਇਆ ਗਿਆ।ਇਸ ਮੌਕੇ ਬਲਾਕ ਪ੍ਰਧਾਨ ਦਲਬਾਰ ਸਿੰਘ ਮਹਿਲ ਕਲਾਂ, ਸਰਪ੍ਰਸਤ ਅਮਰਜੀਤ ਸਿੰਘ ਕਾਲਸਾਂ, ਕੇਸਰ ਖਾਨ, ਜਸਵੰਤ ਸਿੰਘ ਛੀਨੀਵਾਲ, ਗੁਰਮੀਤ ਸਿੰਘ ਦੀਵਾਨਾ, ਨਿਰਭੈ ਸਿੰਘ ਨਿਹਾਲੂਵਾਲ, ਅਮਰਜੀਤ ਸਿੰਘ ਐੱਮ. ਕੇ. ਨੇ ਜਥੇਬੰਦੀ ਦੀ 28ਵੀਂ ਵਰ੍ਹੇਗੰਢ ਮਨਾਏ ਜਾਣ ਮੌਕੇ ਸਾਰਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਲਗਭਗ ਤਿੰਨ ਦਹਾਕੇ ਪਹਿਲਾਂ ਮਰਹੂਮ ਡਾ. ਕੁਲਵੰਤ ਰਾਏ ਪੰਡੋਰੀ ਦੀ ਅਣਥੱਕ ਮਿਹਨਤ ਸਦਕਾ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਲਾਮਬੰਦ ਕਰਨ ਲਈ ਜਥੇਬੰਦੀ ਦਾ ਗਠਨ ਕਰਕੇ ਭਖਦੀਆਂ ਹੱਕੀ ਜਾਇਜ਼ ਮੰਗਾਂ ਲਈ ਸੰਘਰਸ਼ ਸ਼ੁਰੂ ਕੀਤਾ, ਜੋ ਅੱਜ ਵੀ ਲਗਾਤਾਰ ਜਾਰੀ ਹੈ।ਉਨ੍ਹਾਂ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਨਾਲ ਜੁੜੇ ਪ੍ਰੈਕਟੀਸ਼ਨਰ ਪੇਂਡੂ ਖੇਤਰ 'ਚ ਮਨੁੱਖਤਾ ਦੀ ਭਲਾਈ ਲਈ ਸਸਤੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਹੇ ਹਨ।ਸੂਬਾ ਕਮੇਟੀ ਵੱਲੋਂ ਜ਼ਿਲ੍ਹਾ ਪੱਧਰੀ ਚੋਣਾਂ ਕਰਵਾਉਣ ਲਈ ਮਹਿਲ ਕਲਾਂ ਵਿੱਚ ਛੇਤੀ ਹੀ ਪ੍ਰੋਗਰਾਮ ਕਰਨ ਦਾ ਫੈਸਲਾ ਲਿਆ ਗਿਆ।ਆਗੂਆਂ ਨੇ ਹਾਲ ਹੀ 'ਚ ਅਮਲੋਹ ਦੇ ਵਿਧਾਇਕ ਵੱਲੋਂ ਸੋਸ਼ਲ ਮੀਡੀਆ ਰਾਹੀਂ ਜਥੇਬੰਦੀ ਖ਼ਿਲਾਫ ਕੀਤੇ ਗਏ ਘਟੀਆ ਪ੍ਰਚਾਰ ਦੀ ਸਖਤ ਨਿੰਦਾ ਕਰਦੇ ਹੋਏ ਕਿਹਾ ਕਿ ਜਥੇਬੰਦੀ ਦੀ ਜਥੇਬੰਦਕ ਸ਼ਕਤੀ ਅੱਗੇ ਵਿਧਾਇਕ ਨੂੰ ਮਾਫੀ ਮੰਗਣੀ ਪਈ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਪੇਂਡੂ ਖੇਤਰ 'ਚ ਕੰਮ ਕਰ ਰਹੇ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਨ ਦੀ ਕੋਸ਼ਿਸ਼ ਕੀਤੀ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਅਖੀਰ ਵਿੱਚ ਨਵੇਂ ਪ੍ਰੈਕਟੀਸ਼ਨਰਾਂ ਨੂੰ ਜਥੇਬੰਦੀ ਦੀ ਅਗਵਾਈ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ ਗਈ।ਇਸ ਮੌਕੇ ਬੇਅੰਤ ਸਿੰਘ ਮੂੰਮ, ਰਵਿੰਦਰ ਕੁਮਾਰ ਬਿੱਟੂ, ਸੋਮਨਾਥ ਰਾਏਸਰ, ਸਤਪਾਲ ਸਿੰਘ ਗਹਿਲ, ਬਲਵੰਤ ਸਿੰਘ ਸਹਿਬਾਜ਼ਪੁਰਾ, ਕੇਵਲ ਸਿੰਘ ਜਲਾਲਦੀਵਾਲ, ਜਸਵੀਰ ਸਿੰਘ ਵਜੀਦਕੇ, ਬੇਅੰਤ ਸਿੰਘ, ਦਰਬਾਰਾ ਸਿੰਘ ਕੁਤਬਾ, ਜੰਗ ਬਹਾਦਰ ਬੋਪਾਰਾਏ, ਰਣਵੀਰ ਸਿੰਘ ਰਾਣਾ, ਮਲਕੀਤ ਸਿੰਘ ਮੂੰਮ, ਗੁਰਚਰਨ ਸਿੰਘ ਰਾਜਗੜ੍ਹ, ਬਲਵੀਰ ਸਿੰਘ ਗੋਬਿੰਦਗੜ੍ਹ ਆਦਿ ਹਾਜ਼ਰ ਸਨ।

# ਸਥਾਈ ਅਮਨ ਭਾਰਤ-ਪਾਕਿਸਤਾਨ ਦੇ ਲੋਕਾਂ ਦੀ ਸਾਂਝੀ ਜ਼ਰੂਰਤ : ਨੱਤ, ਪੂਨੀਆਂ

## ਕਿਸਾਨ ਵਿਕਾਸ ਫਰੰਟ ਵੱਲੋਂ ਨਾਭਾ 'ਚ ਸੈਮੀਨਾਰ



**ਨਾਭਾ (ਵਰਿੰਦਰ ਵਰਮਾ)**-ਰੋਟਰੀ ਕਲੱਬ ਹਾਲ ਵਿੱਚ ਖੇਤੀਬਾੜੀ ਤੇ ਕਿਸਾਨ ਵਿਕਾਸ ਫਰੰਟ ਪੰਜਾਬ ਅਤੇ ਕੁਦਰਤ ਮਾਨਵ ਕੇਂਦਰ ਲੋਕ ਲਹਿਰ ਪੰਜਾਬ ਵੱਲੋਂ ਜੰਗ ਨਹੀਂ ਅਮਨ ਦੀ ਲੋੜ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਵੱਖ ਵੱਖ ਜਨਤਕ ਜਥੇਬੰਦੀਆਂ ਤੇ ਵਿਚਾਰਸ਼ੀਲ ਵਿਅਕਤੀਆਂ ਨੇ ਹਿੱਸਾ ਲਿਆ।

ਸੈਮੀਨਾਰ ਨੂੰ ਸੰਬੋਧਨ ਕਰਦਿਆਂ ਕੁਦਰਤ ਮਾਨਵ ਕੇਂਦਰ ਲੋਕ ਲਹਿਰ ਦੇ ਸੀਨੀਅਰ ਆਗੂ ਸੁਖਦੇਵ ਸਿੰਘ ਭੁਪਾਲ ਨੇ ਆਖਿਆ ਕਿ ਪਹਿਲਗਾਮ ਵਿੱਚ 26 ਸੈਲਾਨੀਆਂ ਦੀ ਹੱਤਿਆ ਤੋਂ ਬਾਅਦ ਕੇਂਦਰ ਸਰਕਾਰ ਵੱਲੋਂ ਜੰਗੀ ਉਨਮਾਦ ਭੜਕਾਉਣ ਲਈ ਜੋ ਬਿਰਤਾਂਤ ਘੜਿਆ ਅਤੇ ਪਰੋਸਿਆ ਜਾ ਰਿਹਾ, ਉਸ ਦੀ ਤੈਅ ਤੱਕ ਜਾ ਕੇ ਨਿਰਖ ਪਰਖ ਕਰਨ ਅਤੇ ਵਿਰੋਧ ਕਰਨ ਦੀ ਲੋੜ ਹੈ, ਕਿਉਂਕਿ ਇਸ ਸਮੇਂ ਭਾਰਤ ਤੇ ਪਾਕਿਸਤਾਨ ਸਮੇਤ ਸਮੁੱਚੀ ਮਾਨਵਤਾ ਸਾਹਮਣੇ ਜਲਵਾਯੂ ਤਬਦੀਲੀ ਤੇ ਵਾਤਾਵਰਣ ਦੇ ਸਰੋਤਾਂ ਦੀ ਬਰਬਾਦੀ ਹੋਂਦ ਦੇ ਸੰਕਟ ਦੇ ਰੂਪ ਵਿੱਚ ਸਾਹਮਣੇ ਆ ਰਹੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੇ ਸਵਰ ਤੇ ਜੰਗ ਦੀ ਨਿਰਪੱਖਤਾ ਅਤੇ ਵਾਤਾਵਰਣ ਨੂੰ ਬਚਾਉਣ ਦੀ ਜੱਦੋ ਜਹਿਦ ਹੀ ਮਨੁੱਖੀ ਸਮਾਜ ਨੂੰ ਸੇਧ ਦੇ ਸਕਦੀ ਹੈ। ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੇ ਆਗੂ ਸੁਖਦਰਸ਼ਨ ਸਿੰਘ ਨੱਤ ਨੇ ਭਾਰਤ-ਪਾਕਿਸਤਾਨ ਵਿਚਕਾਰ ਸਥਾਈ ਅਮਨ ਲਈ ਕਸ਼ਮੀਰ ਸਮੱਸਿਆ ਨੂੰ ਗੱਲਬਾਤ ਰਾਹੀਂ ਸੁਲਝਾਇਆ ਜਾਵੇ। ਕਿਰਤੀ ਕਿਸਾਨ ਯੂਨੀਅਨ ਦੇ ਆਗੂ ਦਵਿੰਦਰ ਸਿੰਘ ਪੂਨੀਆ ਨੇ ਆਖਿਆ ਕਿ ਭਾਰਤ ਪਾਕਿਸਤਾਨ ਜੰਗ ਮਨੁੱਖੀ ਤੇ ਸਾਰਥਿਕ ਸਰੋਤ ਦੀ ਬਰਬਾਦੀ ਦਾ ਸਾਧਨ ਬਣੇਗੀ ਤੇ ਭਾਰਤ ਦੇ ਲੋਕਾਂ ਨੂੰ ਕੇਂਦਰ ਸਰਕਾਰ ਵੱਲੋਂ ਬੁਣੇ ਜਾ ਰਹੇ ਭਰਮਜਾਲ 'ਚੋਂ ਕੱਢਣ ਲਈ ਸਭ ਪੱਧਰਾਂ 'ਤੇ ਸਾਂਝੇ ਯਤਨ ਕੀਤੇ ਜਾਣੇ ਜ਼ਰੂਰੀ ਹਨ।ਇਨ੍ਹਾਂ ਤੋਂ ਇਲਾਵਾ ਕ੍ਰਾਂਤੀ ਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਗੁਰਮੀਤ ਸਿੰਘ ਦਿੱਤੂਪੁਰ, ਮਿੰਦਰ ਸਿੰਘ ਭੱਠਲ, ਹਰਦੀਪ ਸਿੰਘ ਘਨੂੜਕੀ, ਡਾ. ਲਾਲ ਚੰਦ ਸਿਰਸੀਵਾਲ, ਪਰਮਜੀਤ ਬੁੱਗਾ, ਰਾਜਜੀਤ ਬੁੱਗਾ, ਜਗਪਾਲ ਉਧਾ, ਗੁਰਦਰਸਨ ਸਿੰਘ ਖੱਟੜਾ, ਕੁਲਦੀਪ ਪਾਲੀਆ, ਗੁਰਪ੍ਰੀਤ ਕਮੇਲੀ, ਰਣਜੀਤ ਬਿਰੜਵਾਲ, ਦਵਿੰਦਰ ਨੌਹਰਾ, ਗੁਰਦਿਆਲ ਅੱਚਲ, ਜਗਤਾਰ ਨਾਭਾ, ਗਮਦੂਰ ਸਿੰਘ ਕੱਲਾਮਾਜਰਾ, ਕਮਲਜੀਤ ਕੌਰ ਸੰਧੂ, ਲਵਲੀ ਗਰਗ, ਪਰਮਜੀਤ ਕੌਰ, ਸੁਕੰਨਿਆ ਭਾਰਦਵਾਜ, ਅਮਰਜੀਤ ਕੌਰ, ਪਰਮਜੀਤ ਕੌਰ, ਸੁਖਵਿੰਦਰ ਕੌਰ, ਅਨੀਤਾ ਰਾਣੀ ਆਦਿ ਹਾਜ਼ਰ ਸਨ।

# ਨਰਿੰਦਰਦੀਪ ਹਿਰਾਸਤੀ ਕਤਲ : ਐਕਸ਼ਨ ਕਮੇਟੀ ਵੱਲੋਂ ਇਨਸਾਫ ਲਈ 16 ਨੂੰ ਲੁਧਿਆਣਾ 'ਚ ਮਾਰਚ ਦਾ ਐਲਾਨ



ਐਕਸ਼ਨ ਕਮੇਟੀ ਦੀ ਮੀਟਿੰਗ ਦਾ ਦ੍ਰਿਸ਼।

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਨਰਿੰਦਰ ਦੀਪ ਸਿੰਘ ਹਿਰਾਸਤੀ ਕਤਲ ਵਿਰੋਧੀ ਐਕਸ਼ਨ ਕਮੇਟੀ ਵੱਲੋਂ ਨਰਿੰਦਰਦੀਪ ਨੂੰ ਪੁਲਸ ਹਿਰਾਸਤ ਦੌਰਾਨ ਤਸੀਹੇ ਦੇ ਕੇ ਕਤਲ ਕਰਨ ਵਾਲੇ ਕਥਿਤ ਦੋਸ਼ੀ ਪੁਲਸੀਆਂ ਨੂੰ ਕਤਲ ਦਾ ਮੁਕੱਦਮਾ ਦਰਜ ਕਰਕੇ ਗ੍ਰਿਫਤਾਰ ਕਰਨ, ਸਮੁੱਚੇ ਮਾਮਲੇ ਦੀ ਉੱਚ ਪੱਧਰੀ ਨਿਆਂਇਕ ਜਾਂਚ ਕਰਵਾਉਣ ਤੇ ਪੀੜਤ ਪਰਵਾਰ ਨੂੰ ਸਰਕਾਰੀ ਨੌਕਰੀ ਤੇ ਮੁਆਵਜ਼ਾ ਦੇਣ ਵਰਗੀਆਂ ਹੱਕੀ ਮੰਗਾਂ ਪ੍ਰਤੀ ਆਪ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਧਾਰੀ ਚੁੱਪ ਨੂੰ ਤੋੜਨ ਲਈ 16 ਜੂਨ ਨੂੰ ਲੁਧਿਆਣਾ ਵਿਖੇ ਰੋਸ ਮਾਰਚ ਕਰਨ ਦਾ ਫੈਸਲਾ ਲਿਆ ਗਿਆ। ਇਹ ਫੈਸਲਾ ਪੀੜਤ ਪਰਵਾਰ ਤੇ ਐਕਸ਼ਨ ਕਮੇਟੀ ਦੀ ਗੋਨਿਆਣਾ ਗੁਰਦੁਆਰਾ ਟਿਕਾਣਾ ਭਾਈ ਜਗਤਾ ਵਿਖੇ ਹੋਈ ਮੀਟਿੰਗ ਦੌਰਾਨ ਲਿਆ ਗਿਆ ਹੈ। ਇਹ ਜਾਣਕਾਰੀ ਐਕਸ਼ਨ ਕਮੇਟੀ ਦੇ ਆਗੂਆਂ ਵੱਲੋਂ ਜਾਰੀ ਕੀਤੇ ਬਿਆਨ ਰਾਹੀਂ ਦਿੱਤੀ ਗਈ। ਇਸ ਮੌਕੇ ਨਰਿੰਦਰਦੀਪ ਦੀ ਪਤਨੀ ਨੈਨਸੀ, ਪਿਤਾ ਰਣਜੀਤ ਸਿੰਘ ਤੋਂ ਇਲਾਵਾ ਐਕਸ਼ਨ ਕਮੇਟੀ ਮੈਂਬਰ ਜਸਵਿੰਦਰ ਸਿੰਘ, ਬਲਕਰਨ ਸਿੰਘ ਬਰਾੜ, ਰਾਜਿੰਦਰ ਸਿੰਘ ਦੀਪ ਸਿੰਘ ਵਾਲਾ, ਸ਼ਿੰਗਾਰਾ ਸਿੰਘ ਮਾਨ, ਗੁਰਦੀਪ ਸਿੰਘ ਰਾਮਪੁਰਾ, ਰਾਮੇਸ ਕੁਮਾਰ ਮੱਟੂ, ਗੋਬਿੰਦ ਰਾਮ, ਅਮਿਤ ਕਪੂਰ, ਜਗਪਾਲ ਸਿੰਘ ਬੰਗੀ, ਵਰਿੰਦਰ ਧਿੰਗੜਾ ਜਗਜੀਤ ਸਿੰਘ ਲਹਿਰਾ, ਹਮੀਰ ਸਿੰਘ ਮੱਕੜ, ਡਾ. ਨਵਦੀਪ, ਜਸਵੀਰ ਕੌਰ ਨੱਤ, ਲਛਮਣ ਸਿੰਘ ਸੇਵੇਵਾਲਾ, ਬੂਟਾ ਸਿੰਘ ਤੁੰਗਵਾਲੀ, ਅਮੀ ਲਾਲ, ਸੁਖਵੀਰ ਸਿੰਘ ਖੇਮੂਆਣਾ, ਬਲਕਰਨ ਸਿੰਘ, ਸੁਖਪ੍ਰੀਤ ਕੌਰ, ਮਿੱਠੂ ਸਿੰਘ ਘੁੱਦਾ ਆਦਿ ਆਗੂ ਸਨ। ਪੀੜਤ ਪਰਵਾਰ ਤੇ ਐਕਸ਼ਨ ਕਮੇਟੀ ਆਗੂਆਂ ਨੇ ਦੋਸ਼ ਲਾਇਆ ਕਿ ਅਧਿਆਪਕ ਨਰਿੰਦਰਦੀਪ ਸਿੰਘ ਦੀ ਪੁਲਸ ਹਿਰਾਸਤ ਦੌਰਾਨ ਮੌਤ ਦੀ ਉੱਚ ਪੱਧਰੀ ਨਿਆਂਇਕ ਜਾਂਚ ਕਰਵਾਉਣ ਤੋਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਟਾਲਾ ਵੱਟਣ ਕਾਰਨ ਪ੍ਰਸ਼ਾਸਨ ਦਾ ਰਵੱਈਆ ਹੋਰ ਵੀ ਸ਼ੱਕੀ ਹੋ ਗਿਆ ਹੈ। ਪੀੜਤ ਪਰਵਾਰ ਨੇ ਆਖਿਆ ਕਿ ਇਸ ਮਾਮਲੇ ਦੀ ਸਚਾਈ ਸਾਹਮਣੇ ਲਿਆ ਕੇ ਕਥਿਤ ਦੋਸ਼ੀ ਪੁਲਸੀਆਂ 'ਤੇ ਕਤਲ ਦਾ ਮੁਕੱਦਮਾ ਦਰਜ ਕਰਕੇ ਗ੍ਰਿਫਤਾਰ ਕਰਾਉਣ ਆਦਿ ਮੰਗਾਂ ਦੀ ਪੂਰਤੀ ਲਈ ਜਥੇਬੰਦਕ ਸੰਘਰਸ਼ ਦੇ ਨਾਲ ਹੀ ਕਾਨੂੰਨੀ ਮਾਹਰਾਂ ਨਾਲ ਸਲਾਹ ਕਰਕੇ ਉਹ ਅਦਾਲਤ ਵੱਲ ਵੀ ਰੁਖ ਕਰਨਗੇ। ਸਭਨਾਂ ਆਗੂਆਂ ਨੇ ਆਖਿਆ ਕਿ 16 ਜੂਨ ਨੂੰ ਲੁਧਿਆਣਾ ਵਿਖੇ ਮਾਰਚ ਦੌਰਾਨ ਪੁਲਸ ਵੱਲੋਂ ਨਰਿੰਦਰਦੀਪ 'ਤੇ ਅਣਮਨੁੱਖੀ ਤਸ਼ੱਦਦ ਕਰਕੇ ਕਤਲ ਕਰਨ ਸਮੇਤ ਪੂਰੇ ਪੰਜਾਬ 'ਚ ਆਪ ਸਰਕਾਰ ਦੇ ਹੁਕਮਾਂ 'ਤੇ ਪੁਲਸ ਵੱਲੋਂ ਪੰਜਾਬ ਦੇ ਲੋਕਾਂ ਖਾਸ ਕਰਕੇ ਨੌਜਵਾਨਾਂ ਉੱਪਰ ਢਾਹੇ ਜਾ ਰਹੇ ਜ਼ੁਲਮਾਂ ਦਾ ਪਰਦਾਫਾਸ਼ ਕੀਤਾ ਜਾਵੇਗਾ। ਉਨ੍ਹਾਂ ਐੱਸ ਐੱਸ ਪੀ ਬਠਿੰਡਾ ਵੱਲੋਂ ਨਰਿੰਦਰਦੀਪ ਦੇ ਕੇਸ 'ਚ ਨਾਮਜ਼ਦ ਦੋਸ਼ੀਆਂ ਦੇ ਭਗੌੜੇ ਹੋਣ ਵਾਲੇ ਬਿਆਨ ਨੂੰ ਪੂਰੀ ਤਰ੍ਹਾਂ ਗੁੰਮਰਾਹਕੁੰਨ ਕਰਾਰ ਦਿੰਦਿਆਂ ਆਖਿਆ ਕਿ ਐੱਸ ਐੱਸ ਪੀ ਇਸ ਕੇਸ 'ਚ ਨਾਮਜ਼ਦ ਪੁਲਸ ਮੁਲਾਜ਼ਮਾਂ ਨੂੰ ਗ੍ਰਿਫਤਾਰ ਕਰਨਾ ਹੀ ਨਹੀਂ ਚਾਹੁੰਦੀ। ਉਨ੍ਹਾਂ ਆਖਿਆ ਕਿ ਲੁਧਿਆਣਾ ਮਾਰਚ ਦੀ ਤਿਆਰੀ ਲਈ ਇਲਾਕੇ ਦੇ ਪਿੰਡਾਂ ਤੇ ਗੋਨਿਆਣਾ ਮੰਡੀ 'ਚ ਮੀਟਿੰਗਾਂ ਰੈਲੀਆਂ ਕਰਕੇ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ।

ਉਨ੍ਹਾਂ ਆਖਿਆ ਕਿ ਪੀੜਤ ਪਰਵਾਰ ਨੂੰ ਅਜੇ ਤੱਕ ਇਨਸਾਫ ਨਾ ਮਿਲਣ ਤੋਂ ਸਪੱਸ਼ਟ ਹੁੰਦਾ ਹੈ ਕਿ ਦੋਸ਼ੀਆਂ ਨੂੰ ਮੁੱਖ ਮੰਤਰੀ ਸਮੇਤ ਆਹਲਾ ਪੁਲਸ ਤੇ ਸਿਵਲ ਅਧਿਕਾਰੀਆਂ ਦਾ ਥਾਪੜਾ ਮਿਲਿਆ ਹੋਇਆ ਹੈ। ਉਨ੍ਹਾਂ ਆਖਿਆ ਕਿ ਇਹ ਕਤਲ ਮੁੱਖ ਮੰਤਰੀ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਦੀ ਚਲਾਈ ਗੁੰਮਰਾਹਕੁੰਨ ਮੁਹਿੰਮ ਤਹਿਤ ਹੀ ਕੀਤਾ ਗਿਆ, ਜਿਸ ਕਾਰਨ ਸਰਕਾਰ ਤੇ ਪੁਲਸ ਪ੍ਰਸ਼ਾਸਨ ਦੋਸ਼ੀ ਪੁਲਸੀਆਂ ਨੂੰ ਬਚਾ ਰਿਹਾ ਹੈ।

ਉਨ੍ਹਾਂ ਆਖਿਆ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਮੁਲਾਜ਼ਮਾਂ, ਦੁਕਾਨਦਾਰਾਂ ਤੇ ਛੋਟੇ ਵਪਾਰੀਆਂ ਸਮੇਤ ਸਮੂਹ ਲੋਕਾਂ ਦੇ ਮਸਲੇ ਹੱਲ ਕਰਨ 'ਚ ਪੂਰੀ ਤਰ੍ਹਾਂ ਨਾਕਾਮ ਸਾਬਿਤ ਹੋ ਚੁੱਕੀ ਹੈ, ਇਸ ਲਈ ਉਹ ਲੋਕਾਂ 'ਤੇ ਪੁਲਸ ਦੀ ਦਹਿਸ਼ਤ ਪਾ ਕੇ ਹੀ ਆਪਣਾ ਰਾਜ ਚਲਾਉਣ ਦੇ ਕੋਝੇ ਹਥਕੰਡੇ ਵਰਤ ਰਹੀ ਹੈ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਨਰਿੰਦਰਦੀਪ ਦੇ ਪੀੜਤ ਪਰਵਾਰ ਨੂੰ ਇਨਸਾਫ ਦਿਵਾਉਣ ਤੇ ਪੁਲਸ ਦਹਿਸ਼ਤ ਨੂੰ ਤੋੜਨ ਲਈ 16 ਜੂਨ ਨੂੰ ਵੱਡੀ ਗਿਣਤੀ 'ਚ ਲੁਧਿਆਣਾ ਮਾਰਚ 'ਚ ਸ਼ਾਮਲ ਹੋਣ।

## ਨਸ਼ਾ ਤਸਕਰਾਂ ਦੀਆਂ ਨਜਾਇਜ਼ ਉਸਾਰੀਆਂ ਢਾਹੀਆਂ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਜੰਗੀ ਪੱਧਰ 'ਤੇ ਕੀਤੀ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹਾ ਪੁਲਸ ਮੁਖੀ ਸ੍ਰੀ ਸਰਤਾਜ ਸਿੰਘ ਚਾਹਲ ਦੀ ਅਗਵਾਈ ਵਿੱਚ ਪੁਲਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਰਾਮ ਨਗਰ ਬਸਤੀ ਉਭਾਵਾਲ ਰੋਡ ਵਿਖੇ ਨਸ਼ਾ ਤਸਕਰਾਂ ਵੱਲੋਂ ਉਸਾਰੇ ਨਜਾਇਜ਼ ਮਕਾਨਾਂ ਨੂੰ ਢਾਹਿਆ ਗਿਆ।ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਮੁਲਜ਼ਮ ਰਾਣੀ ਕੌਰ ਪਤਨੀ ਬਲਜਿੰਦਰ ਸਿੰਘ ਉਰਫ ਭਿੰਦਾ ਤੇ ਉਸ ਦੇ ਪਰਿਵਾਰਕ ਮੈਂਬਰਾਂ ਖਿਲਾਫ ਦਰਜਨ ਤੋਂ ਵੱਧ ਕੇਸ ਐੱਨ.ਡੀ.ਪੀ.ਐੱਸ. ਐਕਟ ਦੇ ਦਰਜ ਹਨ। ਇਸੇ ਤਰ੍ਹਾਂ ਮਨਦੀਪ ਸਿੰਘ ਉਰਫ ਸੋਨੂੰ ਪੁੱਤਰ ਲਾਲ ਸਿੰਘ ਤੇ ਉਸ ਦੇ ਪਰਿਵਾਰਕ ਮੈਂਬਰਾਂ ਖਿਲਾਫ ਵੀ ਦਰਜਨ ਦੇ ਕਰੀਬ ਕੇਸ ਐੱਨ.ਡੀ.ਪੀ.ਐੱਸ. ਐਕਟ ਦੇ ਦਰਜ ਹਨ ਤੇ ਇਨ੍ਹਾਂ ਵੱਲੋਂ ਨਜਾਇਜ਼ ਢੰਗ ਨਾਲ ਬਣਾਏ ਮਕਾਨ ਢਾਹੇ ਗਏ ਹਨ।ਜ਼ਿਲ੍ਹਾ ਪੁਲਸ ਮੁਖੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਤੇ ਨਸ਼ਿਆਂ ਦੇ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ।ਜ਼ਿਲ੍ਹਾ ਪੁਲਸ ਮੁਖੀ ਨੇ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਨਸ਼ੇ ਵੇਚਣ ਦਾ ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਐੱਸ.ਪੀ.(ਜਾਂਚ) ਨਵਰੀਤ ਸਿੰਘ ਵਿਰਕ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਪੁਲਸ ਮੁਲਾਜ਼ਮ ਹਾਜ਼ਰ ਸਨ।

10- June - Page - 6.qxd 6/9/2025 9:33 PM Page 1



## ਧੀਰ ਫਿਜ਼ੀਓਥਰੈਪੀ ਤੇ ਮਲਟੀ ਸਪੈਸ਼ਲਿਸਟ ਹਸਪਤਾਲ ਵੱਲੋਂ ਫ੍ਰੀ ਮੈਡੀਕਲ ਚੈੱਕਅੱਪ ਕੈਂਪ



ਸੁਲਤਾਨਪੁਰ ਲੋਧੀ (ਬਲਵੀਰ ਸ਼ਾਹਪੁਰੀ) - ਪਿੰਡ ਵਾਟਾਂਵਾਲੀ ਸਰਕਾਰੀ ਮਿਡਲ ਸਕੂਲ ਵਿਖੇ ਸਰਪੰਚ ਗੁਰਮੀਤ ਸਿੰਘ ਤੇ ਗ੍ਰਾਮ ਪੰਚਾਇਤ ਦੇ ਦਿਸ਼ਾ ਨਿਰਦੇਸ਼ਾਂ ਅਤੇ ਫਰੈਂਡਸ ਸਟਾਰ ਟਰਾਂਸਪੋਰਟ ਯੂ ਏ ਈ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਧੀਰ ਫਿਜ਼ੀਓਥਰੈਪੀ ਅਤੇ ਮਲਟੀ ਸਪੈਸ਼ਲਿਸਟ ਹਸਪਤਾਲ ਅਤੇ ਲਾਇਲ ਲੈਬੋਰਟਰੀ ਸੁਲਤਾਨਪੁਰ ਲੋਧੀ ਵੱਲੋਂ ਫ੍ਰੀ ਮੈਡੀਕਲ ਚੈੱਕਅੱਪ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੇ ਚੈੱਕਅੱਪ ਕਰਵਾ ਕੇ ਲਾਹਾ ਪ੍ਰਾਪਤ ਕੀਤਾ। ਇਸ ਮੌਕੇ ਧੀਰ ਫਿਜ਼ੀਓਥਰੈਪੀ ਅਤੇ ਮਲਟੀ ਸਪੈਸ਼ਲਿਸਟ ਹਸਪਤਾਲ ਦੇ ਐਮ.ਡੀ ਡਾਕਟਰ ਦੀਪਕ ਧੀਰ ਨੇ ਦੱਸਿਆ ਕਿ ਇਸ ਮੈਡੀਕਲ ਚੈੱਕਅੱਪ ਕੈਂਪ ਦੌਰਾਨ ਨਾੜਾਂ ਦੀ ਕਮਜ਼ੋਰੀ, ਸੇਰੀਬਲ ਪਾਲਸੀ, ਗੋਡਿਆਂ ਤੇ ਮੋਢਿਆਂ ਦਾ ਦਰਦ, ਸਰਵਾਇਕਲ, ਅਧਰੰਗ, ਰੀੜ੍ਹ ਦੀ ਹੱਡੀ ਦਾ ਦਰਦ, ਕਮਰ ਦਾ ਦਰਦ, ਅਧਰੰਗ ਤੋਂ ਬਾਅਦ ਜੋੜਾਂ ਵਿੱਚ ਆਈ ਖੜੋਤ ਆਦਿ ਦਾ ਚੈੱਕਅੱਪ ਕੀਤਾ ਗਿਆ। ਉਹਨਾਂ ਕਿਹਾ ਕਿ ਇਹ ਇਲਾਜ ਅਤਿ ਆਧੁਨਿਕ ਮਸ਼ੀਨਾਂ ਨਾਲ ਬਹੁਤ ਹੀ ਘੱਟ ਰੇਟਾਂ 'ਤੇ ਕੀਤਾ ਜਾਂਦਾ ਹੈ। ਉਹਨਾਂ ਦੱਸਿਆ ਕਿ ਬੱਚਿਆਂ, ਬਜ਼ੁਰਗਾਂ ਅਤੇ ਖਿਡਾਰੀਆਂ ਵਾਸਤੇ ਸਪੈਸ਼ਲ ਡਿਸਕਾਊਂਟ ਦਿੱਤਾ ਜਾਂਦਾ ਹੈ ਅਤੇ ਘਰ ਆ ਕੇ ਵੀ ਇਲਾਜ ਕਰਨ ਦੀ ਸੁਵਿਧਾ ਉਪਲਬਧ ਹੈ।ਇਸ ਮੌਕੇ ਬਲੱਡ ਟੈਸਟ ਵੀ ਫ੍ਰੀ ਕੀਤੇ ਗਏ ਅਤੇ ਮਰੀਜ਼ਾਂ ਨੂੰ ਫ੍ਰੀ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਮਰੀਜ਼ਾਂ ਦੇ ਫਰੀ ਮੈਡੀਕਲ ਕਾਰਡ ਵੀ ਬਣਾਏ ਗਏ। ਇਸ ਮੌਕੇ ਸਰਪੰਚ ਗੁਰਮੀਤ ਸਿੰਘ ਨੇ ਡਾਕਟਰ ਦੀਪਕ ਧੀਰ, ਡਾਕਟਰ ਗੁਰਪ੍ਰੀਤ ਸਿੰਘ, ਡਾਕਟਰ ਜਗਦੇਵ ਸਿੰਘ ਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਗੁਰਮੀਤ ਸਿੰਘ ਤੋਂ ਇਲਾਵਾ ਪੰਚ ਪਲਵਿੰਦਰ ਸਿੰਘ, ਪੰਚ ਬਲਵੀਰ ਸਿੰਘ, ਪੰਚ ਹਰਵਿੰਦਰ ਕੌਰ, ਹਰੀ ਸਿੰਘ ਸਾਬਕਾ ਸਰਪੰਚ, ਨੰਬਰਦਾਰ ਕਰਨੈਲ ਸਿੰਘ, ਸੁਰਜੀਤ ਸਿੰਘ, ਪਿਆਰਾ ਸਿੰਘ, ਅਮਰੀਕ ਸਿੰਘ, ਕੁਲਵਿੰਦਰ ਸਿੰਘ ਯੂ ਏ ਈ, ਜਰਨੈਲ ਸਿੰਘ ਯੂਕੇ, ਸੁਖਦੇਵ ਸਿੰਘ ਯੂ ਕੇ, ਮੁਖਤਿਆਰ ਸਿੰਘ ਖਿੰਡਾ, ਚਰਨਜੀਤ ਸਿੰਘ ਸਾਬਕਾ ਸਰਪੰਚ, ਅਮਰਜੀਤ ਸਿੰਘ ਸਾਬਕਾ ਸਰਪੰਚ, ਅਜਮੇਰ ਸਿੰਘ, ਸਰਪੰਚ ਜੋਗਿੰਦਰ ਕੌਰ, ਬੱਬੂ, ਸੁਖੀ ਆਦਿ ਸਮੇਤ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ ਹਾਜ਼ਰ ਸਨ।

## ਸੋਧ

ਰੋਜ਼ਾਨਾ 'ਨਵਾਂ ਜ਼ਮਾਨਾ' ਜਲੰਧਰ ਅਖ਼ਬਾਰ 'ਚ ਮਿਤੀ 02.09.2024 ਨੂੰ ਕੈਪੀਟਲ ਸਮਾਲ ਫਾਇਨਾਂਸ ਬੈਂਕ ਦੇ ਬਾਬਾ ਦਰਸ਼ਨ ਟ੍ਰੱਸਟ ਕਲਾਂ, ਜ਼ਿਲ੍ਹਾ ਕਪੂਰਥਲਾ ਬਨਾਮ ਸਿਮਰਜੀਤ ਸਿੰਘ ਪੁੱਤਰ ਸ੍ਰੀ ਜਰਨੈਲ ਸਿੰਘ ਪਿੰਡ ਭੋਗੀਵਾਲਾ, ਡਾਕਖਾਨਾ ਫਰੀਦ ਕੋਟ ਏਸੇ ਖਾਂ, ਜ਼ਿਲ੍ਹਾ ਫਿਰੋਜ਼ਪੁਰ ਅਤੇ ਹੋਰਨਾਂ ਸੰਬੰਧੀ ਪ੍ਰਕਾਸ਼ਤ ਇਸ਼ਤਿਹਾਰ 'ਚ ਸਾਲਸ ਦਾ ਨਾਂਅ ਗਲਤੀ ਨਾਲ ਸੁਖਦੇਵ ਸਿੰਘ ਜੌਲੀ ਐਡਵੋਕੇਟ ਛਪ ਗਿਆ ਹੈ। ਕਿਰਪਾ ਕਰਕੇ ਇਸ ਨੂੰ ਸੁਖਜੀਤ ਸਿੰਘ ਜੌਲੀ ਐਡਵੋਕੇਟ ਪੜ੍ਹਿਆ ਜਾਵੇ।

ਇਸ਼ਤਿਹਾਰ ਮੈਨੇਜਰ

## TENDER NOTICE

Sealed Quotations/Tender are invited within 3 working Days for the following in Montgomery Guru Nanak Public School,Adarsh Nagar, Jalandhar. Phone: 0181-2254463-64. HEAVY DUTY ONLINE UPS (6-KVA), 3-KVA with 20 Exide 65 mah batteries & rack etc. Ply, Sunmica, Margin etc. items, Iron Frames & Hardware items for student's Desk Chair for class IV. For more details/specifications, Please visit school office or website: mgnadarshnagar.org (Principal)

## COURT NOTICE

(U/o 5 Rule 20 CPC)
In the Court of
Sh. Deepak Kumar Choudhary
Principal Judge (FC), Barnala
CNR No. PBBR01-004907-2024
Next Date:- 18-07-2025
Lakhvir Kaur
Vs.
Amrinder Singh
Publication Issued To:
Amrinder Singh
Father: Harpal Singh, Near Ramdas Mandar Vill. Jhandi Teh. and Distt. Patiala

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18-07-2025 at 10:00 a.m.

For details logon to https://highcourtchd.gov.in/?mod=district_notice&district=mogacourt

Principal Judge (FC) Barnala
Dated, this day of 09-06-2025

## COURT NOTICE

(U/o 5 Rule 20 CPC)
In the Court of
Sh. Deepak Kumar Choudhary
Principal Judge (FC), Barnala
CNR No. PBBR01-002435-2024
Next Date:- 18-07-2025
Rano Devi
Vs.
Vijay Kumar
Publication Issued To:
Vijay Kumar
Father : Charanjit Singh Channi, Village Khunde Halal Distt. Sri Mukatsar Sahib

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18-07-2025 at 10:00 a.m.

For details logon to https://highcourtchd.gov.in/?mod=district_notice&district=mogacourt

Principal Judge (FC) Barnala
Dated, this day of 09-06-2025

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਤਹਿਸੀਲਦਾਰ, ਮਾਨਸਾ

ਵਿਸ਼ਾ :- ਦਰਖਾਸਤ ਵੱਲੋਂ ਬਲਕਾਰ ਸਿੰਘ ਉਰਫ ਬਲਕੌਰ ਸਿੰਘ ਪੁੱਤਰ ਝੰਡਾ ਸਿੰਘ ਪੁੱਤਰ ਬਖਸ਼ੀ ਸਿੰਘ ਉਰਫ ਬਖਸ਼ੀਸ ਸਿੰਘ ਪਿੰਡ ਖਿਆਲਾ ਕਲਾਂ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਬਾਬਤ ਮਾਲ ਰਿਕਾਰਡ ਵਿੱਚ ਨਾਂਅ ਦਰੁਸਤ ਕਰਵਾਉਣ ਬਾਰੇ।

ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਬਲਕਾਰ ਸਿੰਘ ਉਰਫ ਬਲਕੌਰ ਸਿੰਘ ਪੁੱਤਰ ਝੰਡਾ ਸਿੰਘ ਪੁੱਤਰ ਬਖਸ਼ੀ ਸਿੰਘ ਉਰਫ ਬਖਸ਼ੀਸ ਸਿੰਘ ਪਿੰਡ ਖਿਆਲਾ ਕਲਾਂ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਵੱਲੋਂ ਇਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਗਈ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਵਿੱਚ ਬਲਕੌਰ ਸਿੰਘ ਦਰਜ ਹੈ ਅਤੇ ਬਾਕੀ ਦਸਤਾਵੇਜ਼ਾਂ ਆਧਾਰ ਕਾਰਡ, ਵੋਟਰ ਕਾਰਡ, ਪੈਨ ਕਾਰਡ ਆਦਿ ਵਿੱਚ ਬਲਕਾਰ ਸਿੰਘ ਹੈ। ਇਸ ਲਈ ਉਹ ਆਪਣਾ ਨਾਂਅ ਮਾਲ ਰਿਕਾਰਡ ਵਿੱਚ ਬਲਕੌਰ ਸਿੰਘ ਉਰਫ ਬਲਕਾਰ ਸਿੰਘ ਕਰਵਾਉਣਾ ਚਾਹੁੰਦਾ ਹੈ।

ਉਕਤ ਮੇਰੇ ਨਾਂਅ ਨੂੰ ਦਰੁਸਤ ਕਰਨ ਵਿੱਚ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਆਪਣਾ ਉਜ਼ਰ ਇਸ ਅਦਾਲਤ ਵਿੱਚ ਪੇਸ਼ ਕਰ ਸਕਦਾ ਹੈ।ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਨਿਯਮਾਂ ਅਨੁਸਾਰ ਨਾਂਅ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਅੱਜ ਮਿਤੀ 9.6.2025 ਨੂੰ ਇਹ ਮੇਰੀ ਮੋਹਰ ਅਦਾਲਤ ਅਤੇ ਦਸਤਖਤਾਂ ਹੇਠ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ ਤਹਿਸੀਲਦਾਰ, ਮਾਨਸਾ।

## COURT NOTICE

(U/o 5 Rule 20 CPC)
In the Court of
Sh. Deepak Kumar Choudhary
Principal Judge (FC), Barnala
CNR No. PBBR01-002547-2024
Next Date:- 18-07-2025
Sunil Kumar
Vs.
Amandeep Kaur
Publication Issued To:
Amandeep Kaur
Spouse: Sunil Kumar
Rewarian Mohalla Ward No. 8 Dhanaula, Teh. And Distt. Barnala Now D/o Sukhpal Singh R/o Ward No. 1 Mana Pati Dhanaula Teh. and Distt. Barnala.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18-07-2025 at 10:00 a.m.

For details logon to https://highcourtchd.gov.in/?mod=district_notice & district=mogacourt

Principal Judge (FC) Barnala
Dated, this day of 09-06-2025

## COURT NOTICE

(U/o 5 Rule 20 Cpc)
In The Court of
Sh. Reetbrinder Singh Dhaliwal
Civil Judge (Junior Division)-13, Jalandhar
CNR No. PBJL02-004638-2024
Next Date:- 16-07-2025
Balraj Singh S/o Gurmukh Singh
Vs.
Makhan Singh S/o Santokh Singh
Suit for grant of decree of Permanent Injunction as prayed for
Publication Issued To:
1. Balwant Singh S/o Avtar Singh 2. Baljit Singh S/o Avtar Singh, Both R/o Village Dhadha Sanaura, Tehsil Bhogpur District Jalandhar

In above titled case, the defendant(s)/ respondent(s) could not be served. It is ordered that the defendant(s)/respondent(s) should appear in person or through counsel on 16-07-2025 at 10:00 a.m.

For details logon to https://highcourtchd.gov.in/?mod=district_notice&district=jalandhar

Civil Judge (Junior Division)-13, Jalandhar
Dated, this day of 06-06-2025

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ

ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।



ਬਿਨੈਕਾਰ ਦਾ ਨਾਮ : **ਰਜਨੀ** ਪਿਤਾ/ਪਤੀ ਦਾ ਨਾਮ : **ਨਿਖਿਲ ਓਹਰੀ**
ਪਤਾ: Patti Barri Vpo Jandiala Tehsil Phillaur District Jalandhar, Village - Jandiala / Tehsil - Sub-Tehsil-Nurmahal / District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਭਰਾ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : **ਗੌਰਵ ਕੁਮਾਰ** ਪੱਕਾ ਪਤਾ: Mohalla Soodan Nurmahal Tehsil Phillaur District Jalandhar, Sub-Tehsil-Nurmahal, Jalandhar, Punjab ਵਿਦੇਸ਼ੀ ਪਤਾ: Via Giuseppe Verdi 32 46020 Schivenoglia Mantova Italia / ਗਿਉਸੇਪ ਵਰਦੀ 32 46020 ਸ਼ਿਵੇਨੋਗਲੀਆ ਮੰਟੋਵਾ ਇਟਾਲੀਆ
ਉਮਰ/ਜਨਮ ਮਿਤੀ : 30-(24/10/1994)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 09.06.2025 ਨੂੰ ਜਾਰੀ ਹੋਇਆ।
ਨੰਬਰ 46/ਨੰਬਰ/ਰੀਡਰ ਮਿਤੀ 09.06.2025 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ, ਕਰਤਾਰਪੁਰ

ਨੋਟਿਸ ਬਨਾਮ

1. Kartar Kaur Wd/o Gurcharan Singh Address- Village Alampur Bakka, ਆਲਮਪੁਰ/Alampur District- Jalandhar 2. Sucha Singh S/o Gurcharan Singh through Legal Heirs Kashmir Singh S/o Sucha Singh Address-Jande Sarai, District-Jalandhar 3. Surinder Kaur D/o Gurcharan Singh Address- Alampur Bakka, ਆਲਮਪੁਰ/Alampur District-Jalandhar 4. Sarwan Singh S/o Babu Singh Address-Alampur Bakka, ਆਲਮਪੁਰ/Alampur District-Jalandhar 5. Baldev Singh S/o Kuldip Singh Address-Alampur Bakka, ਆਲਮਪੁਰ/Alampur District-Jalandhar 6. Gurmail Singh S/o Kuldip Singh Address- Alampur Bakka, ਆਲਮਪੁਰ/Alampur District-Jalandhar 7. Bhajan Singh S/o Kartar Singh Address- Alampur Bakka, ਆਲਮਪੁਰ/Alampur District-Jalandhar 8. Joginder Singh S/o Kartar Singh Address-Alampur Bakka, ਆਲਮਪੁਰ/Alampur District-Jalandhar 9. Harvail Singh S/o Kartar Singh Address- Alampur Bakka, ਆਲਮਪੁਰ/Alampur District-Jalandhar 10. Baldev Singh S/o Ranjit Singh Address-Alampur Bakka, ਆਲਮਪੁਰ/Alampur District-Jalandhar 11. Nirvair Singh S/o Kripal Singh Address-Alampur Bakka, ਆਲਮਪੁਰ/Alampur District-Jalandhar 12. Kuldip Singh S/o Gulzar Singh Address-Alampur Bakka, ਆਲਮਪੁਰ/Alampur District-Jalandhar 13. Surjit Singh S/o Milkha Singh Address-Alampur Bakka, ਆਲਮਪੁਰ/Alampur District-Jalandhar 14. Arjun Singh S/o Ranjit Singh Address-Alampur Bakka, ਆਲਮਪੁਰ/Alampur District-Jalandhar 15. Lakhwinder Pal Singh S/o Nirvair Singh Address-Alampur Bakka, ਆਲਮਪੁਰ/Alampur District-Jalandhar 16. Baljit Kaur wd/O Kuldip Singh Address-Alampur Bakka, ਆਲਮਪੁਰ/Alampur District-Jalandhar 17. Sukhdev Singh S/o Kuldip Singh Address-Alampur Bakka, ਆਲਮਪੁਰ/Alampur District-Jalandhar 18. Manjeet Kaur W/o Nirvair Singh Address-Alampur Bakka, ਆਲਮਪੁਰ/Alampur District-Jalandhar 19. Gurpreet Singh S/o Raj Balwinder Singh Address-Alampur Bakka, ਆਲਮਪੁਰ/Alampur District-Jalandhar 20. Gurpreet Singh S/o Balwinder Singh Address-Alampur Bakka, ਆਲਮਪੁਰ/Alampur District-Jalandhar 21. Baldev Singh S/o Kuldip Singh Address-Alampur Bakka, ਆਲਮਪੁਰ/Alampur District-Jalandhar 22. Lovedeep Singh S/o Surjit Singh Address-Alampur Bakka, ਆਲਮਪੁਰ/Alampur District-Jalandhar 23. Navdeep Singh S/o Surjit Singh Alampur Bakka, ਆਲਮਪੁਰ/Alampur District-Jalandhar 24. Balwinder Kaur D/O Raj Balwinder Singh Address-Alampur Bakka, ਆਲਮਪੁਰ/Alampur District-Jalandhar 25. Kulwinder Singh S/o Banto Address-Alampur Bakka, ਆਲਮਪੁਰ/Alampur District-Jalandhar 26. Jasvir Singh S/o Banto Address-Alampur Bakka, ਆਲਮਪੁਰ/Alampur District-Jalandhar 27. Kirpal Singh Address-Alampur Bakka, ਆਲਮਪੁਰ/Alampur District-Jalandhar Jalandhar 28. Manjeet Kaur D/O Raj Balwinder Singh Address-Alampur Bakka, ਆਲਮਪੁਰ/Alampur District-Jalandhar 29. Harjit Singh S/o Rattan Singh Address-Alampur Bakka, ਆਲਮਪੁਰ/Alampur District-Jalandhar 30. Gurmaij Singh S/o Rattan Singh Address-Alampur Bakka, ਆਲਮਪੁਰ/Alampur District-Jalandhar 31. Makhan Singh S/o Rattan Singh Address-Alampur Bakka, ਆਲਮਪੁਰ/Alampur District-Jalandhar 32. Kuldeep Singh S/o Gulzar Singh Address-Alampur Bakka, ਆਲਮਪੁਰ/Alampur District-Jalandhar 33. Buta Singh S/o Karam Singh Address-Alampur Bakka, ਆਲਮਪੁਰ/Alampur District-Jalandhar 34. Bakhshih Singh S/o Karam Singh Address-Alampur Bakka, ਆਲਮਪੁਰ/Alampur District-Jalandhar 35. Resham Kaur W/O Sarwan Singh Address-Alampur Bakka, ਆਲਮਪੁਰ/Alampur District-Jalandhar 36. Kartar Kaur Widow/O Gurcharan Singh Address-Alampur Bakka, ਆਲਮਪੁਰ/Alampur District-Jalandhar 37. Kuldip Singh S/o Gulzar Singh Address-Alampur Bakka, ਆਲਮਪੁਰ/Alampur District-Jalandhar 38. Navdeep Singh Address-Alampur Bakka, ਆਲਮਪੁਰ/Alampur District-Jalandhar.

ਵਿਸ਼ਾ : Other Cases/02/2025 of 2025 - Satnam Singh S/O Pritam Singh Resident of Village Alampur Bakka, Tehsil & Distt. Jalandhar Versus Kartar Kaur Widow Gurcharan Singh

(ਵੰਡ (ਪਾਰਟੀਸ਼ਨ))

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 08.07.2025 ਨੂੰ ਦੁਪਹਿਰ 02.30 ਵਜੇ ਦੀ ਤਰੀਕ ਪੇਸ਼ੀ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 29.05.2025 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਮੀਮੋ ਨੰ: 875 ਮਿਤੀ : 05.06.2025

ਸਹੀ/-ਨਾਇਬ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ, ਕਰਤਾਰਪੁਰ

## COURT NOTICE

(U/O 5 Rule 20 Cpc)
In The Court of
Sh. Jagmohan Singh Sanghe
Principal Judge, Family Court, Jalandhar
GW/34/2025
CNR No. PBJL01-002773-2025
Next Date:- 01-08-2025
Manisha Rani W/o Narinder Singh D/o Dharam Pal
Address : 214 3 Star Colony Road Opp. Raj HP Gas Agency New Gulmarg Colony Lamba Pind Jalandhar Through Attorney Jaswinder Kaur W/o Dharam Pal R/o 214 3 Star Paradise Colony Road Opp. Raj HP Gas Agency New Gulmarg Colony Jalandhar
Vs.
1) Narinder Singh S/o Pal Singh Address:VPO Mehli Nawanshahr SBS Nagarm 2) General Public Address- General Public
Petition Under Guardian And Wards Act
Publication Issued To:
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 01-08-2025 at 10:00 a.m.

For details logon to https://highcourtchd.gov.in/?mod=district_notice&district=jalandhar

Principal Judge, Family Court Jalandhar
Dated, this day of 31-05-2025

## COURT NOTICE

(U/o 5 Rule 20 CPC)
In the Court of
Ms. Minakshi Mahajan
Additional Civil Judge (Senior Division) Payal
CNR NO: PBLDD0-000150-2025
Peshi: 09.07.2025
Sandeep Singh
Vs
General Public
Publication Issued To:
General Public Payal

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 09.07.2025 at 10:00 A.M.

For details logon to https://highcourtchd.gov.in/?trs=district_notice&district=ludhiana

Addi Civil Judge (Senior Division), Payal
Dated, this day of 06-06-2025




## Change of Name

I, Reena wife of Ashok Kumar R/o H. No. 40, Hoshiarpur Road, Near Bansal Shuttering, Imrerial Enclave Nangal Shama Jalandhar have changed my name Reena Rani to Reena.

I, Kuldip Kaur Sangha W/o Daljit Singh R/o Village Rauwal PO Bariana Distt. Hoshiarpur Punjab have changed my name from Kuldip Kaur Sangha to Kuldip Kaur. Concerned note.

I, Atul Vikas S/o Virender Kumar Sharma R/o H.No. B-20-124/3 Mangal Bhawan New Civil Lines Hoshiarpur Punjab have changed my name from Atul Vikas to Atul Vikas Sharma. Concerned note.

I Rashpal Singh, S/O Sohan Singh R/O Patti Ali Sher , Samrai ,District Jalandhar, Punjab, Have Changed My Name Rachhpal Singh To Rashpal Singh. All Note.

I Navjot Kaur Jammu W/o Sandeep Singh R/o V. Shahwala Andrisa, PO. Sultanpur Lodhi, Distt. Kapurtha, Punjab have changed my name from Navjot Kaur to Navjot Kaur Jammu. (Jammu as surname). All please note.

I, Ashmeet Kaur W/o Rahul Rally R/o H.No. 43, Radhe Radhe Colony (Phase 2), Near Kazimori Gate, Batala, Gurdaspur, Punjab- 143505 have changed my name after marriage from Ashmeet Kaur to Ashmeet Kaur Rally.

I, Gorav S/o Balwinder Pal R/o Village Miani, ward No. 6, Teh. Tanda, Distt. Hoshiarpur (Punjab) have changed my name to Gorav Gorav. All concerned please note.

I, Gurbakhsh Kaur W/o Makhan Singh R/o VPO Lidhran, District Jalandhar, Punjab Declare that I Have changed my name From Gurbakhsh Kaur to Gurbaksh Kaur .

I Barinder Kumar S/O Surinder Kumar R/O V.P.O Khurdpur, Adampur, Jalandhar, Punjab. Inform that my given name is Barinder and surname is Kumar.

I Sunita w/o Rajinder Kumar H No. B-36/59, Mohalla Kasaban kapurthala have changed my name Sunita to Sunita Rani. All concerned be Noted.

I, Viram Jit Gill S/o Sudesh Kumar R/o 242, Ganda Singh Wala, Majitha Road, Amritsar have changed my name from Vikram Jit Gill to Viram Jit.

I, Balkishan Puri S/o Darshan Lal R/o Chogawan Amritsar have changed my name from Balkishan Puri to Bal Krishan Puri.

I, Sukhraj Singh S/o Mukhtar Singh R/o Vill Chhichhrewal PO Teja Kalan Tehsil Batala Gurdaspur have changed my name from Sukhraj Singh to Given name Sukhraj Surname Singh.

I, Navjot Singh S/o Sukhdev Singh R/o Vill Rasulpur Taprian PO Fatehgarh Churian Tehsil Batala Gurdaspur have changed my name from Navjot Singh to Given name Navjot Surname Singh.

I, Harjinder Kaur Alias Parneet Kaur W/o Baldev Singh of Vill. Chanan Windi, Tehsil Sultanpur Lodhi, Distt. Kapurthala, Have Changed My Name Harjinder Kaur Alias Parneet Kaur to Parneet Kaur Concerned May Note.

I Aminudin S/o Shameem Ahmed R/O H.No. 101, New Sant Nagar, Jalandhar, have changed my name from Aminudin to Ameenudin. All concerned please note.

I, Sandeep Kumar S/o Sita Ram Sharma R/o H.No 81, Dada Colony, Jalandhar, Punjab, India have changed my name from Sandeep Kumar to Sandeep Sharma. All Please Note.

I Tammna W/o Ram Kumar R/O H.No. 250/A, Bulandpur, Punjabi Bagh, PO Nurpur, Jalandhar-144012, have changed my name from Tammna to Tamanna. All concerned please note.

I, Raj Balla w/o Prabhu r/o Lallian Khurd, Distt. Jalandhar, Punjab declare that Raj Balla and Rajo is one and the same person. All Please Note.

I, Sukhvir Singh s/o Surjit Singh R/o Desalpur, Jalandhar have changed my name to Given name as Sukhvir and Surname as Singh. All Please Note.

I, Bikkar Alias Bikkram Singh s/o Dilbag r/o Vill. Ballowal Saunkhari, Po. Takarla, Teh. Balachaur, SBS Nagar-144521, Punjab have changed my name to Bikkar. All Please Note.

I, Kashmir Kaur Alias Kashmiro Devi w/o Dilbag r/o Vill. Ballowal Saunkhari, Po. Takarla, Teh. Balachaur, SBS Nagar-144521, Punjab have changed my name to Kashmir Kaur. All Please Note.

I, Hardeep Kaur Sandhu W/o Kesar Singh Sandhu R/o VPO. Laroya, Teh.Nawanshahr, Distt. SBS Nagar, Punjab have changed the name of minor son Harmehtab Singh Gill to Harmehtab Singh. All Please Note.

I, Jaspal Sachdeva S/o Harbans Lal r/o VPO. Uggi, Teh. Nakodar, Distt. Jalandhar- 144623, Punjab have changed my name to Given name as Jaspal and Surname as Sachdeva. All Please Note.

I, Kajal w/o Jaspal Sachdeva r/o VPO. Uggi, Teh. Nakodar, Distt. Jalandhar- 144623, Punjab have added my surname from Kajal to Kajal Sachdeva. All Please Note.

I, Baram Dass s/o Mathra Dass r/o H.No. 231, Gali No. 7, Nizatam Nagar, Jalandhar, Punjab have changed my name from Baram Dass to Braham Das. All Please Note.

I, Manveer Singh S/o Joga Singh R/o VPO. Nangal Kalan, Distt. Hoshiarpur, Punjab have changed my name from Manveer Singh to Singh Manveer (Surname as Singh) All Please Note.

I, Rajandeep Singh S/o Amrik Singh R/o H.No. 72, Ward No.10, VPO. Garhdiwala, Tehsil Dasuya, Distt.Hoshiarpur, Punjab have changed my name from Rajandeep Singh to Singh Rajandeep (Surname as Singh) All Please Note.

I, Satvinder Singh S/o S. Harbhajan Singh R/o Gali No. 62, Back Side Sekho Farm Garden Colony, Khurla, Jalandhar, Punjab have changed my name Satvinder Singh Alias Sukhwinder Singh to Sukhwinder Singh. All Please Note.

## ਨਾਂਅ ਦੀ ਬਦਲੀ

ਮੈਂ ਰਾਣੀ ਪਤਨੀ ਕਰਤਾਰ ਸਿੰਘ, ਪਿੰਡ ਬੱਲਸਰਾਏ, ਤਹਿਸੀਲ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਨੇ ਆਪਣਾ ਨਾਮ ਰਾਣੀ ਤੋਂ ਬਦਲਕੇ ਰਾਣੀ ਕੌਰ ਰੱਖ ਲਿਆ ਹੈ । ਸਬੰਧਿਤ ਨੋਟ ਕਰਨ ।

ਮੈਂ ਖੁਸ਼ੀ ਪਤਨੀ ਕੁਲਦੀਪ ਸਿੰਘ ਪਿੰਡ ਕਾਹਨੂੰਵਾਨ ਡਾਕਖਾਨਾ ਕਾਹਨੂੰਵਾਨ ਤਹਿਸੀਲ/ ਜ਼ਿਲ੍ਹਾ ਗੁਰਦਾਸਪੁਰ ਪੰਜਾਬ ਪਿੰਨ- 143528 ਨੇ ਆਪਣਾ ਨਾਮ ਖੁਸ਼ੀ ਤੋਂ ਬਦਲ ਕੇ ਖੁਸ਼ੀ ਕੌਰ ਰੱਖ ਲਿਆ ਹੈ । ਸਬੰਧਤ ਨੋਟ ਕਰਨ।

ਮੈਂ, ਅਰਾਧਨਾ ਪੁੱਤਰੀ ਰਕੇਸ਼ ਮਸੀਹ ਵਾਸੀ ਪਿੰਡ ਕੋਟ ਮੀਆਂ ਸਾਹਿਬ, ਡਾਕ: ਦਲੇਰਪੁਰ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143512 ਸੂਚਿਤ ਕਰਦੀ ਹਾਂ ਕਿ ਮੈਂ ਆਪਣਾ ਨਾਮ ਅਰਾਧਨਾ ਤੋਂ ਬਦਲ ਕੇ ਅਰਾਧਨਾ ਮਸੀਹ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।

## Lost and Found

ਮੈਂ ਮਨਜਿੰਦਰ ਸਿੰਘ ਪੁਤਰ ਗੁਰਬਖਸ਼ ਸਿੰਘ ਵਾਸੀ ਮਕਾਨ ਨ 20 ਬੱਲ ਮੋਟਰਸ ਜਲੰਧਰ ਰੋਡ ਬਟਾਲਾ ਜਿਲਾ ਗੁਰਦਾਸਪੁਰ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਮੇਰੀਆਂ ਹੇਠ ਲਿਖਿਆ ਰਜਿਸਟਰੀਆਂ ਜੋ ਕਿ (1) ਰਾਜ ਕੁਮਾਰ ਪੁੱਤਰ ਰੋਸ਼ਨ ਲਾਲ ਨੇ ਸੁਖਦੇਵ ਕੌਰ ਪਤਨੀ ਲੇਟ ਗੁਰਨਾਮ ਸਿੰਘ ਨੂੰ 30 /01/2006 ਵਸੀਕਾ ਨੰਬਰ 4711 (2 ) ਰਜਿੰਦਰ ਕੁਮਾਰ ਪੁੱਤਰ ਕਿਸ਼ੋਰੀ ਲਾਲ ਨੇ ਸ਼੍ਰੀਮਤੀ ਕੰਚਨ ਪਤਨੀ ਰਕੇਸ਼ ਕੁਮਾਰ ਸੰਗਾਰੀ ਨੂੰ 06 /04 /2011 ਵਸੀਕਾ ਨੰਬਰ 108 ਵਲੋਂ ਰਕਬਾ ਬਟਾਲਾ ਗਰਬੀ , ਨਿਊ ਮਹਾਜਨ ਕਲੋਨੀ ਬਟਾਲਾ ਜਿਲਾ ਗੁਰਦਾਸਪੁਰ ਗੁਮ ਹੋ ਗਈਆਂ ਹਨ। ਜੇਕਰ ਇਹ ਕਿਸੇ ਨੂੰ ਵੀ ਮਿਲਣ ਜਾਂ ਇਸ ਸਬੰਧੀ ਕੋਈ ਇਤਰਾਜ਼ ਹੋਵੇ ਤਾਂ ਉਕਤ ਨੰਬਰ 98554-61823 ਤੇ ਸੰਪਰਕ ਕਰਕੇ ਆਪਣਾ ਇਤਰਾਜ਼ 15 ਦਿਨਾਂ ਦੇ ਅੰਦਰ ਦੇ ਸਕਦਾ ਹੈ।

ਮੈਂ ਪ੍ਰਭਜੀਤ ਸਿੰਘ ਪੁੱਤਰ ਬਲਬੀਰ ਸਿੰਘ ਵਾਸੀ ਹਾਊਸ ਨੂੰ:251 ਕਾਲੋਨੀ ਸਾਊਥ ਸਿਟੀ, ਫੇਸ 3, ਬਟਾਲਾ ਜ਼ਿਲ੍ਹਾ ਗੁਰਦਾਸਪੁਰ। ਸੂਚਿਤ ਕਰਦਾ ਹਾਂ ਕਿ ਮੇਰੀ ਰਜੀਸਟਰੀਆਂ ਜਿਨਾਂ ਦਾ ਵਸੀਕਾ ਨੰ:1385 ਮਿਤੀ 17-09-2010 ਵਿੱਦਿਆ ਪੁੱਤਰੀ ਮੋਤਾ ਸਿੰਘ ਪੁੱਤਰ ਜਵਾਲਾ ਸਿੰਘ। ਵਸੀਕਾ ਨੰ: 1981 ਮਿਤੀ 11-02-2009 ਵਿੱਦਿਆ ਪੁੱਤਰੀ ਮੋਤਾ ਸਿੰਘ ਪੁੱਤਰ ਜਵਾਲਾ ਸਿੰਘ। ਵਸੀਕਾ ਨੰ:1699 ਮਿਤੀ 20-12-2013 ਦਲਬੀਰ ਕੌਰ ਪਤਨੀ ਸੁਖਵਿੰਦਰ ਸਿੰਘ ਪੁੱਤਰ ਮੋਤਾ ਸਿੰਘ। ਵਾਸੀਆਨ ਪਿੰਡ ਹਰਚੋਵਾਲ ਜ਼ਿਲ੍ਹਾ ਗੁਰਦਾਸਪੁਰ ਵਿਖੇ ਕਿਤੇ ਗੁੰਮ ਹੋ ਗਈਆਂ ਹਨ। ਜੇਕਰ ਇਹ ਕਿਸੇ ਨੂੰ ਵੀ ਮਿਲਣ ਜਾਂ ਇਸ ਸਬੰਧੀ ਕੋਈ ਇਤਰਾਜ਼ ਹੋਵੇ ਤਾਂ ਉਕਤ ਨੰਬਰ 98554- 61823 'ਤੇ ਸੰਪਰਕ ਕਰਕੇ ਆਪਣਾ ਇਤਰਾਜ਼ 15 ਦਿਨਾਂ ਦੇ ਅੰਦਰ ਦੇ ਸਕਦਾ ਹੈ। ਸੰਬੰਧਤ ਨੋਟ ਕਰਨ।

## PUBLIC NOTICE

I, Gurbinder Singh son of, Faqir Singh resident of, Vill, Bhet distt, kapurthala, Punjab do hereby Solemnly affirm and declare as under, That Amanpreet kaur is my daughter and her 10th class Certificate my name is mentioned as Gurwinder Singh, Whereas my Correct name spelling is Gurbinder Singh. and I want to mentioned my correct name as Gurbinder singh in my daughter Passport.please concerned Note

I Hardeep d/o Mohan Masih r/o village Naushera post office Tibri tehsil and District Gurdaspur declare that on my passport my father name wrongly written as Mohan but His real name is Mohan Masih. Kindly change on my passport. My father name as Mohan Masih from Mohan.

I, Binderjit kaur w/o Jarnail Singh R/o Village Ambhgarh Distt. Jalandhar have declare that my name in passport written as Binderjit kaur Nijjar but i am also Known as Binderjit kaur.Now Binderjit kaur Nijjar and Binderjit kaur is one and the same person.

## ਆਮ ਸੂਚਨਾ

ਮੈਂ ਅਕਬਿੰਦਰ ਕੌਰ ਪਤਨੀ ਸੁਖਪਾਲ ਸਿੰਘ, ਪੁੱਤਰੀ ਮੈਹਗਾ ਸਿੰਘ ਵਾਸੀ ਵਾਰਡ ਨੰਬਰ ਪੰਜ ਚੀਮਾ ਤਹਿਸੀਲ ਸੁਨਾਮ (ਸੰਗਰੂਰ) ਬਿਆਨ ਕਰਦੀ ਹਾਂ ਕਿ ਮੇਰੇ ਦਸਤਾਵੇਜ਼ਾਂ ਵਿੱਚ ਮੇਰਾ ਨਾਮ ਅਕਬਿੰਦਰ ਕੌਰ ਹੈ। ਮੇਰੇ ਪਿਤਾ ਮੈਹਗਾ ਸਿੰਘ ਪੁੱਤਰ ਹੀਰਾ ਸਿੰਘ ਦੇ ਵਾਕਾ ਰਕਬਾ ਸ਼ੁਤਰਾਣਾ ਤੋਂ ਵਰਾਸਤ ਇੰਤਕਾਲ ਸਮੇਂ ਮੇਰਾ ਨਾਂ ਗਲਤੀ ਨਾਲ ਇਕਬਾਲ ਕੌਰ ਦਰਜ ਹੋ ਗਿਆ ਹੈ। ਮੇਰਾ ਸਹੀ ਨਾਂ ਅਕਬਿੰਦਰ ਕੌਰ ਹੈ।

ਮੈਂ, ਜਸਵੀਰ ਸਿੰਘ ਪੁੱਤਰ ਰੇਸ਼ਮ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਪਿੰਡ ਦਿਆਲਪੁਰ, ਸਬ ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮਾਲ ਰਿਕਾਰਡ ਵਿੱਚ ਮੇਰਾ ਨਾਮ ਕਸ਼ਮੀਰ ਸਿੰਘ ਦਰਜ ਹੈ। ਜਸਵੀਰ ਸਿੰਘ ਉਰਫ ਕਸ਼ਮੀਰ ਸਿੰਘ ਦੋਵੇਂ ਨਾਮ ਮੇਰੇ ਅਤੇ ਇੱਕੋ ਹੀ ਵਿਅਕਤੀ ਦੇ ਹਨ। ਸੰਬੰਧਿਤ ਨੋਟ ਕਰਨ।

ਮੈਂ ਦੀਪਕ ਕੁਮਾਰ ਮੇਹਰਾ ਪੁੱਤਰ ਸ੍ਰੀ ਖੈਰਾਤੀ ਰਾਮ ਮੇਹਰਾ ਵਾਸੀ ਮਕਾਨ ਨੰਬਰ : 1273 , ਸ਼ਿਵ ਗਲੀ ਸਵਾਂਕ ਮੰਡੀ ਤਹਿ. ਵਾ ਜ਼ਿਲਾ ਅੰਮ੍ਰਿਤਸਰ ਇਹ ਬਿਆਨ ਕਰਦਾ ਹਾਂ ਕਿ ਦੀਪਕ ਕੁਮਾਰ ਮੇਹਰਾ ਅਤੇ ਦੀਪਕ ਮੇਹਰਾ ਦੋਵੇਂ ਮੇਰੇ ਹੀ ਨਾਮ ਹਨ। ਮੈਨੂੰ ਦੋਵੇਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਸੰਬੰਧਤ ਨੋਟ ਕਰਨ।

ਮੈਂ ਹਰਵਿੰਦਰ ਸਿੰਘ ਉਰਫ਼ ਹਰਮਿੰਦਰ ਸਿੰਘ ਪੁੱਤਰ ਗੁਰਬਖਸ਼ ਸਿੰਘ ਵਾਸੀ ਲੋਗੜ ਜ਼ਿਲਾ ਬਰਨਾਲਾ ਬਿਆਨ ਕਰਦਾ ਹਾਂ ਕਿ ਮੈਨੂੰ ਹਰਵਿੰਦਰ ਸਿੰਘ ਅਤੇ ਹਰਮਿੰਦਰ ਸਿੰਘ ਦੋਵਾਂ ਨਾਵਾਂ ਨਾਲ ਜਾਣਾ ਜਾਂਦਾ ਹੈ, ਮੇਰੇ ਇਹ ਦੋਵੇਂ ਨਾਮ ਸਹੀਵਾ ਦਰੁਸਤ ਹਨ।

ਮੈਂ, ਰੰਜਨਾ ਮਹਿੰਦਰੂ ਪਤਨੀ ਸ੍ਰੀ ਰਾਜੇਸ਼ ਮਹਿੰਦਰੂ ਵਾਸੀ ਮਕਾਨ ਨੰ: 60, ਬਸੰਤ ਕੁੰਜ, ਸਲੇਮਪੁਰ ਮੁਸਲਮਾਨਾਂ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਸੁਸ਼ੇਨ ਮਹਿੰਦਰੂ ਨੂੰ ਮਿਤੀ 11/12/2022 ਨੂੰ ਕਹਿਣੇ ਵਿਚ ਨਾ ਹੋਣ ਕਰਕੇ ਬੇਦਖਲ ਕਰ ਦਿੱਤਾ ਸੀ। ਹੁਣ ਮੇਰਾ ਲੜਕਾ ਸੁਸ਼ੇਨ ਮਹਿੰਦਰੂ ਮੇਰੇ ਕਹਿਣੇ ਵਿਚ ਹੈ ਅਤੇ ਮੇਰੀ ਸੇਵਾ ਸੰਭਾਲ ਕਰਦਾ ਹੈ। ਹੁਣ ਮੇਰੇ ਵੱਲੋਂ ਦਿੱਤੀ ਬੇਦਖਲੀ ਨੂੰ ਵਾਪਸ ਲੈਂਦੀ ਹਾਂ।

ਮੈਂ ਬੋਬੀ ਮਹੰਤ ਸਰਪ੍ਰਸਤ ਬਬਲੀ ਮਹੰਤ ਉਰਫ ਬੀਰ ਬੱਲ ਪੁੱਤਰ ਲਛਮਣ ਦਾਸ ਵਾਸੀ ਪਿੰਡ ਖੋਤੜਾ, ਜ਼ਿਲ੍ਹਾ ਨਵਾਂਸ਼ਹਿਰ ਹਾਲ ਵਾਸੀ ਮਕਾਨ ਨੰਬਰ 105, ਕਾਂਜਲੀ ਰੋਡ, ਅਜੀਤ ਨਗਰ, ਕਪੂਰਥਲਾ ਘੋਸ਼ਣਾ ਕਰਦੀ ਹਾਂ ਕਿ ਮੈਂ ਆਪਣੀ ਪਤਨੀ ਅਮਨਦੀਪ ਕੌਰ ਅਤੇ ਲੜਕਿਆਂ ਨਵੀ ਤੇ ਮਨੀ ਨੂੰ ਕਹਿਣੇ ਵਿੱਚੋਂ ਬਾਹਰ ਹੋਣ ਕਰਕੇ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੈਂ ਆਪਣੀ ਪਤਨੀ ਅਤੇ ਲੜਕਿਆਂ ਦੀ ਬੇਦਖਲੀ ਵਾਪਸ ਲੈਂਦਾ ਹਾਂ। ਸਮੂਹ ਸੰਬੰਧਤ ਨੋਟ ਕਰਨ।

ਮੈਂ, ਬਲਵੰਤ ਰਾਏ ਪੁੱਤਰ ਸ੍ਰੀ ਮਾਧਾ ਸਿੰਘ ਵਾਸੀ ਮਕਾਨ ਨੰ: 125, ਚੰਦਰ ਨਗਰ, ਮੁਰਗੀ ਮੁੱਹਲਾ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਚੇਤਨ ਕੁਮਾਰ ਅਤੇ ਉਸਦੀ ਪਤਨੀ ਦਲਜੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਅਤੇ ਉਸਦੀ ਪਤਨੀ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਆਪਣੀ ਬੇਦਖਲੀ ਵਾਪਿਸ ਲੈਂਦਾ ਹਾਂ ਅਤੇ ਹੁਣ ਇਹ ਦੋਵੇਂ ਮੇਰੀ ਜਾਇਦਾਦ ਦੇ ਹੱਕਦਾਰ ਹੋਣਗੇ। ਸੰਬੰਧਿਤ ਨੋਟ ਕਰਨ।

ਮੈਂ, ਸ਼ਰਨ ਕੌਰ ਪਤਨੀ ਗੁਰਮੇਲ ਸਿੰਘ ਵਾਸੀ ਮਕਾਨ ਨੰਬਰ 133, ਕਿਦਵਾਈ ਨਗਰ, ਲੁਧਿਆਣਾ, ਜ਼ਿਲ੍ਹਾ ਲੁਧਿਆਣਾ, ਪੰਜਾਬ ਸੂਚਿਤ ਕਰਦੀ ਹਾਂ ਕਿ ਮੈਂ ਆਪਣੇ ਪੁੱਤਰ ਹਰਜੋਤ ਸਿੰਘ ਅਤੇ ਉਸਦੀ ਪਤਨੀ ਕੋਮਲ ਕੌਰ ਅਤੇ ਆਪਣੇ ਕੰਵਲਜੋਤ ਸਿੰਘ ਅਤੇ ਉਸਦੀ ਪਤਨੀ ਰਾਜਵੰਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 19-03-2025 ਨੂੰ ਦੇਸ਼ ਸੇਵਕ ਅਤੇ ਪਹਿਰੇਦਾਰ ਅਖਬਾਰ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਪੁੱਤਰ ਹਰਜੋਤ ਸਿੰਘ ਅਤੇ ਉਸਦੀ ਪਤਨੀ ਕੋਮਲ ਕੌਰ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਇਨ੍ਹਾਂ ਦੀ ਬੇਦਖਲੀ ਵਾਪਸ ਲੈਂਦੀ ਹਾਂ ਅਤੇ ਹੁਣ ਮੇਰਾ ਲੜਕਾ ਵਾ ਉਸਦੀ ਪਤਨੀ ਮੇਰੀ ਚੱਲ ਵਾ ਅਚੱਲ ਜਾਇਦਾਦ ਦੇ ਹੱਕਦਾਰ ਹੋਣਗੇ। ਸੰਬੰਧਿਤ ਨੋਟ ਕਰਨ।

ਮੈਂ, ਮਮਤਾ ਪਤਨੀ ਨਰੇਸ਼ ਸ਼ਰਮਾ ਵਾਸੀ ਮਕਾਨ ਨੰਬਰ 237 ਬੇਅੰਤ ਨਗਰ, ਰਾਮਾ ਮੰਡੀ, ਜਲੰਧਰ-2, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਭਰਾ ਸੰਜੀਵ ਕੁਮਾਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ। ਮੇਰੀ ਕੋਈ ਗੱਲ ਨਹੀਂ ਮੰਨਦਾ। ਮੇਰਾ ਅੱਜ ਤੋਂ ਬਾਅਦ ਮੇਰੇ ਭਰਾ ਸੰਜੀਵ ਕੁਮਾਰ ਦੇ ਨਾਲ ਕੋਈ ਰਿਸ਼ਤਾ ਜਾਂ ਤਾਲੁਕ-ਵਾਸਤਾ ਨਹੀਂ ਹੈ। ਉਹ ਆਪਣੇ ਕੀਤੇ ਕੰਮਾਂ ਦਾ ਖੁਦ ਜ਼ਿੰਮੇਵਾਰ ਹੋਵੇਗਾ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਆਮ ਸੂਚਨਾ

ਮੋਟਰ ਕੁਨੈਕਸ਼ਨ ਖਾਤਾ ਨੰ: ਐੱਸ ਏ 1176 (15 ਬੀ ਐੱਚ ਪੀ) ਜੋ ਕਿ ਬਚਨ ਸਿੰਘ ਪੁੱਤਰ ਗੁਰਦਿਤ ਸਿੰਘ ਰਕਬਾ ਮੋਟਰ ਵਾਸੀ ਕਰਤਾਰਪੁਰ ਮੋਮੀਆ, ਪਟਿਆਲਾ ਦੇ ਨਾਂਅ 'ਤੇ ਚੱਲ ਰਿਹਾ ਹੈ, ਨੂੰ ਜਗਤਾਰ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਗੁਰਦਿਤ ਸਿੰਘ ਵਾਸੀ ਕਰਤਾਰਪੁਰ ਮੋਮੀਆ, ਜ਼ਿਲ੍ਹਾ ਪਟਿਆਲਾ ਦੇ ਨਾਂਅ ਕਰਵਾਉਣ ਲਈ ਅਰਜ਼ੀ ਦਿੱਤੀ ਹੈ, ਇਸ ਸੰਬੰਧ ਵਿਚ ਕਿਸੇ ਨੂੰ ਇਤਰਾਜ਼ ਹੋਵੇ ਤਾਂ 10 ਦਿਨਾਂ ਦੇ ਅੰਦਰ-ਅੰਦਰ ਪਾਵਰਕਾਮ ਦੇ ਦਫ਼ਤਰ ਸ਼ੁਤਰਾਣਾ ਜ਼ਿਲ੍ਹਾ ਪਟਿਆਲਾ ਵਿਖੇ ਆਪਣਾ ਇਤਰਾਜ਼ ਪੇਸ਼ ਕਰੇ।

ਪੁਸ਼ਪਾ ਦੇਵੀ ਪੁੱਤਰੀ ਗਿਰਧਾਰੀ ਲਾਲ, ਖੇਵਟਦਾਰ ਕਾਤਰੋਂ ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਕੇ-2713 ਏ.ਪੀ (20 ਹਾਰਸਪਾਵਰ) ਨੂੰ ਸਤੀਸ਼ ਕੁਮਾਰ ਪੁੱਤਰ ਗਿਰਧਾਰੀ ਲਾਲ, ਵਾਸੀ ਪੁਰੀ ਖੇਵਟਦਾਰ ਕਾਤਰੋਂ ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਬਿਨੈ ਕੀਤਾ ਹੈ। ਇਤਰਾਜ਼ੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਸ਼ੇਰਪੁਰ-1 ਦੇ ਇਤਰਾਜ਼ ਪੇਸ਼ ਕਰੇ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ.ਪੀ.25/84ਏ ਜੋ ਕਿ ਬਲਵੰਤ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਰਾਮਪੁਰ ਮੰਡੇਰ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਗੋਰਾ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਰਾਮਪੁਰ ਮੰਡੇਰ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ।ਇਸ ਸਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬੋਹਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਡੀ.ਐਮ ਏ.ਪੀ.12/114 ਜੋ ਕਿ ਬਾਰੂ ਸਿੰਘ ਪੁੱਤਰ ਤੋਤਾ ਸਿੰਘ ਵਾਸੀ ਧਰਮਪੁਰਾ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਰਣ ਸਿੰਘ ਪੁੱਤਰ ਬਾਰੂ ਸਿੰਘ ਵਾਸੀ ਧਰਮਪੁਰਾ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ।ਇਸ ਸਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਡੀ.ਐਮ ਏ.ਪੀ.12/73 ਜੋ ਕਿ ਬਾਰੂ ਸਿੰਘ ਪੁੱਤਰ ਤੋਤਾ ਸਿੰਘ ਵਾਸੀ ਧਰਮਪੁਰਾ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਮਿੱਠੂ ਸਿੰਘ ਪੁੱਤਰ ਬਾਰੂ ਸਿੰਘ ਵਾਸੀ ਧਰਮਪੁਰਾ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ।ਇਸ ਸਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮੋਟਰ ਕਨੈਕਸ਼ਨ ਨੰਬਰ ਏਪੀ 080528 ਮਨੀ ਰਾਮ ਪੁੱਤਰ ਸੁਚੇਤਾ ਰਾਮ ਦੇ ਨਾਮ ਤੇ ਚਲਦੇ ਨੂੰ ਆਪਣੇ ਨਾਮ ਕਰਨ ਲਈ ਉਜਾਗਰ ਸਿੰਘ ਪੁੱਤਰ ਮਨੀ ਰਾਮ ਪਿੰਡ ਭਿਖਾਰੀ ਹਾਰਨੀ ਨੇ ਪਾਵਰਕਾਮ ਦਫਤਰ ਕਾਹਨੂੰਵਾਨ ਵਿਖੇ ਬੇਨਤੀ ਕੀਤੀ ਹੈ ਇਸ ਬਾਰੇ ਇਤਰਾਜ਼ ਕਰਦਾ 15 ਦਿਨਾਂ ਦੇ ਅੰਦਰ ਅੰਦਰ ਲਿਖਤੀ ਰੂਪ ਵਿੱਚ ਦਫਤਰ ਕਾਹਨੂੰਵਾਨ ਵਿਖੇ ਇਤਰਾਜ਼ ਕਰ ਸਕਦਾ ਹੈ। ਬਾਅਦ ਚ ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ। ਉਪਮੰਡਲ ਅਫਸਰ ਪਾਵਰਕਾਮ ਕਾਹਨੂੰਵਾਨ ।

ਇਹ ਹੈ ਕਿ ਅਸੀਂ ਗ੍ਰਾਮ ਪੰਚਾਇਤ/ਮੋਹਤਬਾਰ ਪਿੰਡ ਹਰਦੋਰਤਨ ਇਹ ਬਿਆਨ ਕਰਦੇ ਹਾਂ ਕਿ ਇਕ ਬੰਬੀ ਕੁਨੈਕਸ਼ਨ ਜਿਸਦਾ ਖਾਤਾ ਨੰਬਰ AP41/528/2, 7.5 BHP ਸੁਖਵਿੰਦਰ ਕੌਰ ਪਤਨੀ ਹਾਕਮ ਸਿੰਘ ਦੇ ਨਾਮ ਤੇ ਪਿੰਡ ਹਰਦੋਰਤਨ ਵਿਖੇ ਲੱਗਾ ਹੋਇਆ ਹੈ। ਉਕਤ ਜਮੀਨ ਦਾ ਤਕਸੀਮ ਵੰਡ ਰਾਹੀਂ ਇੱਕ ਕਿੱਲਾ ਹਟਵਾ ਜਮੀਨ ਸੁਖਵਿੰਦਰ ਕੌਰ ਦੇ ਹਿੱਸੇ ਆਇਆ ਹੈ ਅਤੇ ਉਸ ਜਗ੍ਹਾ ਤੇ ਬੋਰ ਵੀ ਹੋਇਆ ਹੈ, ਉਕਤ ਕੁਨੈਕਸ਼ਨ ਇੱਕ ਕਿੱਲਾ ਹਟਵਾ ਜਮੀਨ ਵਿੱਚ ਲਗਾ ਦਿੱਤਾ ਜਾਵੇ, ਜਿਸ ਜਗ੍ਹਾ ਤੇ ਪਹਿਲਾ ਕੁਨੈਕਸ਼ਨ ਲੱਗਾ ਹੈ ਉਸ ਤੋ ਸਪਲਾਈ ਵਾਲੀਆਂ ਤਾਰਾਂ ਉਤਾਰ ਕੇ ਦੂਜੀ ਜਗ੍ਹਾ ਕਰ ਦਿੱਤੀਆਂ ਜਾਣ। ਜਿਸ ਵਿੱਚ ਸਾਨੂੰ ਕੋਈ ਇਤਰਾਜ਼ ਨਹੀਂ ਹੋਵੇਗਾ। ਸੰਬੰਧਤ ਨੋਟ ਕਰਨ।

ਕਰਨੈਲ ਸਿੰਘ ਪੁੱਤਰ ਲਾਲ ਸਿੰਘ ਦੇ ਨਾਮ ਕਾਦੀਆਂਵਾਲੀ ਵਿੱਚ ਚੱਲ ਰਿਹਾ ਟਿਊਬਵੈੱਲ ਕੁਨੈਕਸ਼ਨ ਖਾਤਾ AP62/1064K ਉਹਨਾਂ ਦਾ ਪੁੱਤਰ ਮਹਿੰਦਰ ਸਿੰਘ ਆਪਣੇ ਨਾਮ ਕਰਵਾ ਰਿਹਾ । ਇਤਰਾਜ਼ਕਰਤਾ 15 ਦਿਨਾਂ ਅੰਦਰ ਆਪਣਾ ਇਤਰਾਜ਼ ਉਪ ਮੰਡਲ ਅਫਸਰ ਜੌੜਾ ਛੱਤਰਾਂ ਨੂੰ ਪੇਸ ਕਰ ਸਕਦਾ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਏ-639, ਜੋ ਕਿ ਜੈਮਲ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਪਿੰਡ ਬੱਗਾ, ਸਬ ਤਹਿਸੀਲ ਰਾਜਾਸਾਂਸੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਹਾਲ ਵਾਸੀ ਘਰਿੰਡਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਚੱਲ ਰਿਹਾ ਹੈ, ਨੂੰ ਸਵਿੰਦਰ ਕੌਰ ਪਤਨੀ ਜੈਮਲ ਸਿੰਘ ਵਾਸੀ ਪਿੰਡ ਉਠੀਆਂ, ਸਬ-ਤਹਿਸੀਲ ਰਾਜਾਸਾਂਸੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਬਦਲੀ ਕਰਨ ਦੀ ਅਰਜ਼ੀ ਆਈ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇਸ਼ਤਿਹਾਰ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੀ ਐੱਸ ਪੀ ਸੀ ਐੱਲ ਉਪ-ਮੰਡਲ ਅਫਸਰ ਚੋਗਾਵਾਂ ਨੂੰ ਆਪਣਾ ਇਤਰਾਜ਼ ਪੇਸ਼ ਕਰੇ। ਬਾਅਦ ਵਿਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਡੀ-2-55 6 ਹਾਰਸ ਪਾਵਰ, ਜੋ ਕਿ ਤੇਜਾ ਸਿੰਘ ਪੁੱਤਰ ਆਲਾ ਸਿੰਘ ਵਾਸੀ ਪਿੰਡ ਚੱਕ ਕਮਾਲ ਖਾਂ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਚੱਲ ਰਿਹਾ ਹੈ, ਨੂੰ ਜਸਵਿੰਦਰ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਪੱਤੀ ਫੱਲੂ ਕੀ ਵੱਲਾ, ਬਲਾਕ ਵੇਰਕਾ, ਤਹਿਸੀਲ / ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਬਦਲੀ ਕਰਨ ਦੀ ਅਰਜ਼ੀ ਆਈ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇਸ਼ਤਿਹਾਰ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੀ ਐੱਸ ਪੀ ਸੀ ਐੱਲ ਉਪ-ਮੰਡਲ ਅਫਸਰ ਚੋਗਾਵਾਂ ਨੂੰ ਆਪਣਾ ਇਤਰਾਜ਼ ਪੇਸ਼ ਕਰੇ। ਬਾਅਦ ਵਿਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਸੰਤੋਸ਼ ਕੁਮਾਰੀ ਪਤਨੀ ਲੇਟ ਬਲਵਿੰਦਰ ਸਿੰਘ ਵਾਸੀ ਨਿਊ ਗੁਰੂ ਨਾਨਕ ਨਗਰ, ਨਾਗਰਾ ਫਾਟਕ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਸ਼ਾਦੀਸ਼ੁਦਾ ਲੜਕਾ ਦੀਪਕ (ਜਿਸਦੀ ਪਤਨੀ ਦੀ ਮੌਤ ਹੋ ਚੁੱਕੀ ਹੈ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਵਿਨਯ ਕੁਮਾਰ ਪੁੱਤਰ ਸ੍ਰੀ ਮਿੰਟੂ ਪਰਸ਼ਾਦ ਅਤੇ ਮਧੂ ਪਤਨੀ ਵਿਨਯ ਕੁਮਾਰ ਵਾਸੀਆਨ ਗਲੀ ਨੰ: 05, ਵਾਲਮਿਕ ਮੁੱਹਲਾ, ਬਸਤੀ ਜੋਧੇਵਾਲ, ਤਹਿਸੀਲ ਵਾ ਜ਼ਿਲਾ ਲੁਧਿਆਣਾ, ਪੰਜਾਬ-141007 ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਤਮਨਾ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਹਰਭਜਨ ਸਿੰਘ ਪੁੱਤਰ ਪੂਰਨ ਸਿੰਘ ਅਤੇ ਦਲਬੀਰ ਪਤਨੀ ਹਰਭਜਨ ਸਿੰਘ ਵਾਸੀ ਪਿੰਡ ਚੂਹੜਵਾਲ, ਜ਼ਿਲ੍ਹਾ ਕਪੂਰਥਲਾ ਘੋਸ਼ਣਾ ਕਰਦੇ ਹਾਂ ਕਿ ਸਾਡਾ ਲੜਕਾ ਵਿਸ਼ਾਲ ਸਿੰਘ ਸਾਡੇ ਕਹਿਣੇਕਾਰ ਤੋਂ ਬਾਹਰ ਹੈ। ਅਸੀਂ ਆਪਣੇ ਲੜਕੇ ਵਿਸ਼ਾਲ ਸਿੰਘ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਮੂਹ ਸੰਬੰਧਤ ਨੋਟ ਕਰਨ।

ਮੈਂ, ਹਰਜੀਤ ਸਿੰਘ ਪੁੱਤਰ ਲੇਟ ਸ. ਪਿਆਰਾ ਸਿੰਘ ਵਾਸੀ ਮਕਾਨ ਨੰ. 6-7, ਗਲੀ ਨੰ. 2, ਨੇੜੇ ਸਾਈ ਬਾਬਾ ਮੰਦਿਰ, ਗਿੱਲ ਕਲੋਨੀ, ਨੇੜੇ ਖੁਰਲਾ ਕਿੰਗਰਾ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਪ੍ਰੀਤ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਅਮਰਜੀਤ ਪਤਨੀ ਦੇਸ ਰਾਜ ਵਾਸੀ ਮਕਾਨ ਨੰ. 1116, ਕਾਜ਼ੀ ਮੰਡੀ, ਰੇਲਵੇ ਸਟੇਸ਼ਨ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਜਸਪ੍ਰੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਬਲਵਿੰਦਰ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਮਕਾਨ ਨੰ. ਬੀ 28/73/7, ਬਾਬਾ ਦੀਪ ਸਿੰਘ ਨਗਰ, ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਗੁਰਵਿੰਦਰ ਸਿੰਘ, ਓਕਾਰ ਸਿੰਘ ਅਤੇ ਉਸਦੀ ਪਤਨੀ ਰਣਜੀਤ ਕੌਰ ਅਤੇ ਉਹਨਾਂ ਦੀ ਲੜਕੀ ਤਨਵੀਰ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਮੈਂ, ਸੋਢੀ ਰਾਮ ਪੁੱਤਰ ਸ਼੍ਰੀ ਅਜੀਤ ਸਿੰਘ ਵਾਸੀ ਪਿੰਡ ਨਿਜ਼ਾਮਦੀਨਪੁਰ ਡਾਕਖਾਨਾ ਕਾਲਾ ਬੱਕਰਾ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਮਨਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਸ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੰਤੋਖ ਸਿੰਘ ਪੁੱਤਰ ਸ਼੍ਰੀ ਗੁਰਬਚਨ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਬਿਨਪਾਲਕੇ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ, ਉਸਦੀ ਪਤਨੀ ਅੰਜਲੀ ਅਤੇ ਉਸਦੀ ਲੜਕੀ ਗੁਰਸੀਰਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਹਨਾਂ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਅਵਤਾਰ ਚੰਦ ਪੁੱਤਰ ਪ੍ਰੀਤੂ ਰਾਮ ਪਿੰਡ ਮੇਹਲੀ ਤਹਿਸੀਲ ਬੰਗਾ ਜਿ਼ਲ੍ਹਾ ਸ਼ਹੀਦ ਭਗਤ ਸਿੰਘ ਨਗਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਮਿਤ ਕੈਲੇ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ- ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈ ਤਰਸੇਮ ਸਿੰਘ ਪੁੱਤਰ ਗੁਰਦੀਪ ਸਿੰਘ ਪਿੰਡ ਚੱਕ ਘੁਬਾਈ ਉਰਫ ਤਰਾਂ ਵਾਲੀ ਜ਼ਿਲ੍ਹਾ ਫਿਰੋਜ਼ਪੁਰ ਦਾ ਰਹਿਣ ਵਾਲਾ ਹਾਂ ਤੇ ਬਿਆਨ ਕਰਦਾ ਹਾਂ ਕਿ ਮੇਰਾ ਛੋਟਾ ਲੜਕਾ ਗੁਰਪ੍ਰੀਤ ਸਿੰਘ ਮੇਰੇ ਕਹਿਣੇ ਤੋ ਬਾਹਰ ਹੈ ਤੇ ਬੁਰੀ ਸੰਗਤ ਦਾ ਸ਼ਿਕਾਰ ਹੈ , ਮੈ ਉਸਨੂੰ ਆਪਣੀ ਤਮਾਮ ਚੱਲ ਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸਦੇ ਕਿਸੇ ਵੀ ਚੰਗੇ-ਮਾੜੇ ਕੰਮ ਅਤੇ ਕਿਸੇ ਵੀ ਤਰਾਂ ਦੇ ਲੈਣ-ਦੇਣ ਦੇ ਮੈ ਜਾਂ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵਾਂਗੇ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੁੱਚਾ ਸਿੰਘ ਪੁੱਤਰ ਸ਼੍ਰੀ ਸੋਹਨ ਸਿੰਘ ਵਾਸੀ ਪਿੰਡ ਖੋਜਪੁਰ ਡਾਕਖਾਨਾ ਰਾਜਪੁਰ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਇੰਦਰਜੀਤ ਸਿੰਘ ਅਤੇ ਉਸਦੀ ਪਤਨੀ ਕੁਲਦੀਪ ਕੌਰ ਉਰਫ਼ ਦੀਪੀ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਨੂੰ ਆਪਣੀਂ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਹਨਾਂ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਮਹਿੰਦਰ ਕੌਰ ਵਿਧਵਾ ਹਰਭਜਨ ਸਿੰਘ, ਵਾਸੀ ਲਿੱਧੜ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੀ ਲੜਕੀ ਇੰਦਰਜੀਤ ਕੌਰ (ਸ਼ਾਦੀ-ਸ਼ੁਦਾ) ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਰਜਿੰਦਰ ਕੌਰ ਪਤਨੀ ਸੁਰਜੀਤ ਸਿੰਘ, ਵਾਸੀ ਧਰਦਿਉ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਅੰਮ੍ਰਿਤਪਾਲ ਸਿੰਘ ਉਰਫ ਨਿੱਪਲ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਅਲਕਾ ਸ਼ਰਮਾ ਪਤਨੀ ਸੰਜੀਵ ਕੁਮਾਰ ਸ਼ਰਮਾ ਵਾਸੀ ਬਾਬਾ ਗਧੀਆ, ਖਲਵਾੜਾ ਗੇਟ, ਸ਼ੀਤਲਾ ਮਾਤਾ ਮੰਦਰ ਕਾਲੋਨੀ, ਫਗਵਾੜਾ, ਜ਼ਿਲ੍ਹਾ ਕਪੂਰਥਲਾ ਸ਼ਹਿਰ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਸੰਜੀਵ ਕੁਮਾਰ ਸ਼ਰਮਾ ਪੁੱਤਰ ਵਿਸ਼ਮਾ ਮਿੱਤਰ ਸ਼ਰਮਾ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਬੱਚਿਆਂ ਦਾ ਮੇਰੇ ਪਤੀ ਨਾਲ ਕੋਈ ਸੰਬੰਧ ਨਹੀਂ ਹੈ।

ਮੈਂ ਅਬਦੁਲ ਰਹਿਮਾਨ ਆਧਾਰ ਕਾਰਡ ਨੰਬਰ (533395783001) ਪੁੱਤਰ ਸ੍ਰੀ ਅਬਦੁਲ ਸਤਰ ਵਾਸੀ ਪਿੰਡ ਛੱਤ ਤਹਿਸੀਲ ਡੇਰਾ ਬੱਸੀ ਜਿਲਾ ਐਸਏਐਸ ਨਗਰ ਮੋਹਾਲੀ ਪੰਜਾਬ ਦਾ ਰਹਿਣ ਵਾਲਾ ਹਾਂ ਮੈਂ ਬਿਆਨ ਕਰਦਾ ਹਾਂ ਕਿ ਮੁਹੰਮਦ ਅਨੀਸ ਪੁੱਤਰ ਅਬਦੁਲ ਰਹਿਮਾਨ ਜੋ ਕਿ ਮੇਰੇ ਕਹਿਣ ਤੋਂ ਬਾਹਰ ਹੈ ਅਤੇ ਮੇਰੇ ਨਾਲ ਲੜਾਈ ਝਗੜਾ ਕਰਦਾ ਰਹਿੰਦਾ ਹੈ ਮੈਂ ਇਸ ਨੂੰ ਆਪਣੀ ਚਲ ਅਚਲ ਜਾਇਦਾਦ ਬੈਂਕ ਬੈਲੇਂਸ ਆਦੀ ਤੋਂ ਬੇਦਖਲ ਕਰਦਾ ਹਾਂ ਅੱਜ ਤੋਂ ਬਾਅਦ ਇਸ ਨਾਲ ਕਿਸੇ ਵੀ ਪ੍ਰਕਾਰ ਦਾ ਕੋਈ ਵੀ ਵਿਅਕਤੀ ਲੇਣ ਦੇਣ ਕਰਦਾ ਹੈ ਤਾਂ ਉਸ ਦਾ ਉਹ ਖੁਦ ਜਿੰਮੇਵਾਰ ਹੋਵੇਗਾ ਮੇਰਾ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਹੋਰ ਮੈਂਬਰ ਦਾ ਇਸ ਵਿੱਚ ਕੋਈ ਤਾਲੁਕ ਵਾਸਤਾ ਨਹੀਂ ਹੋਵੇਗਾ।

ਮੈਂ, ਦਿਲਬਾਗ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ 56, ਕਿਸ਼ਨ ਕੋਟ, ਇਸਲਾਮਾਬਾਦ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਮਰਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੇ ਨਾਲੋਂ ਵੱਖਰਾ ਇੰਗਲੈਂਡ ਵਿਚ ਰਹਿ ਰਿਹਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਅਤੇ ਮੇਰਾ ਪਰਵਾਰ ਇਸ ਦੇ ਕਿਸੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

ਅਸੀਂ ਤਰਸੇਮ ਲਾਲ ਪੁੱਤਰ ਸਾਂਈਂ ਦਾਸ ਅਤੇ ਸ਼੍ਰੀਮਤੀ ਵਿਜੇ ਕੁਮਾਰੀ ਵਾਸੀਆਨ ਮਕਾਨ ਨੰਬਰ 392, ਭਾਰਗੋ ਨਗਰ, ਜਲੰਧਰ ਹਲਫੀਆ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਰਿੰਦਰ, ਜੋਕਿ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ। ਇਸ ਲਈ ਅਸੀਂ ਉਸਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਕੋਈ ਵੀ ਉਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਦਾ ਹੈ ਉਹ ਉਸ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਇਸ ਵਿੱਚ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਉਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਮੈਂ ਸਰਵਨ ਸਿੰਘ ਪੁੱਤਰ ਬਲਬੀਰ ਸਿੰਘ ਵਾਸੀ ਭਿੱਖੀਵਿੰਡ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਕੁਲਜੀਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ । ਜਿਸ ਕਰਕੇ ਮੈਂ ਆਪਣੀ ਪਤਨੀ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ । ਜੋ ਕੋਈ ਵੀ ਇਸ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਰੇਸ਼ਮ ਸਿੰਘ ਪੁੱਤਰ ਮਾਨਾ ਵਾਸੀ ਪਿੰਡ ਬੂਹ, ਤਹਿ. ਵਾ ਜ਼ਿਲ੍ਹਾ ਕਪੂਰਥਲਾ ਆਪਣੇ ਲੜਕੇ ਰਵੀ ਕੁਮਾਰ ਅਤੇ ਨੂੰਹ ਗੁਰਮੀਤ ਕੌਰ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਮਲਕੀਤ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ 166\15, ਮੁਹੱਲਾ ਕਿਲੇਵਾਲਾ, ਜ਼ਿਲ੍ਹਾ ਕਪੂਰਥਲਾ ਆਪਣੇ ਲੜਕੇ ਹਰਮਨਦੀਪ ਸਿੰਘ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਗੁਰਮੀਤ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਪਿੰਡ ਤਾਜੇ ਚੱਕ ਤਾਜੂ ਚੱਕ ਜ਼ਿਲਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਖੁਸ਼ਪ੍ਰੀਤ ਕੌਰ ਮੇਰੇ ਕਹਿਣ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੋਫੀਆ ਉਰਫ ਸੋਨੀਆ ਪਤਨੀ ਲੇਟ ਗੁਰਿੰਦਰ ਸਿੰਘ ਵਾਸੀ ਮਕਾਨ ਨੰ: 2037, ਸ਼ਕਤੀ ਬਾਜ਼ਾਰ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕੀ ਮੇਰਾ ਲੜਕਾ ਗੁਰਸ਼ਰਨਜੀਤ ਸਿੰਘ ਅਤੇ ਉਸਦੀ ਦੀ ਪਤਨੀ ਪ੍ਰੀਤੀ ਅਰੋੜਾ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀ ਹਨ। ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕੁਲਦੀਪ ਕੌਰ ਪਤਨੀ ਦਰਬਾਰਾ ਸਿੰਘ ਵਾਸੀ ਮਕਾਨ ਨੰ. 22, ਲਕਛਮੀ ਵਿਹਾਰ 88 ਫੁੱਟ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕੀ ਮੇਰਾ ਲੜਕਾ ਕਰਮਜੀਤ ਸਿੰਘ ਅਤੇ ਉਸਦੀ ਦੀ ਪਤਨੀ ਨੀਤੂ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀ ਹਨ। ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸਿਮਰਨਜੀਤ ਕੌਰ ਪਤਨੀ ਨੇਤਰਪਾਲ ਸਿੰਘ ਵਾਸੀ ਪਿੰਡ ਉਠੀਆਂ ਤਹਿਸੀਲ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕੀ ਮੇਰਾ ਲੜਕਾ ਹਰਮੀਤ ਸਿੰਘ ਉਸਦੀ ਦੀ ਪਤਨੀ ਪਰਮਜੀਤ ਕੌਰ ਅਤੇ ਉਹਨਾਂ ਦਾ ਲੜਕਾ ਸ਼ਿਵਪ੍ਰੀਤ ਸਿੰਘ ਉਰਫ ਸੁਮਿਤ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀ ਹਨ। ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਜਵੰਤ ਕੌਰ ਪਤਨੀ ਸਤਨਾਮ ਸਿੰਘ ਵਾਸੀ ਪੱਤੀ 6 ਵਾਰਡ ਪੰਡੋਰਾ, ਸੁਲਤਾਨਵਿੰਡ ਪਿੰਡ ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕੀ ਮੇਰਾ ਲੜਕਾ ਅਕਾਸ਼ਦੀਪ ਸਿੰਘ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਕੁਲਵਿੰਦਰ ਸਿੰਘ ਪੁੱਤਰ ਸ਼੍ਰੀ ਹਰਭਜਨ ਸਿੰਘ ਅਤੇ ਲਖਵਿੰਦਰ ਕੌਰ ਪਤਨੀ ਸ਼੍ਰੀ ਕੁਲਵਿੰਦਰ ਸਿੰਘ ਵਾਸੀ ਪਿੰਡ ਤੇ ਡਾਕ. ਮਿਆਣੀ, ਤਹਿ. ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਪ੍ਰੀਤ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ, ਜਿਸ ਕਰਕੇ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਦੇ ਨਾਲ ਲੈਣ-ਦੇਣ, ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਬਾਕੀ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਜੁਰਮਾਨਾ ਫੀਸ ਨਾਲ ਆਨਲਾਈਨ ਦਾਖਲਾ ਅੱਜ ਤੱਕ

ਮੋਹਾਲੀ (ਗੁਰਜੀਤ ਬਿੱਲਾ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਓਪਨ ਸਕੂਲ ਪ੍ਰਣਾਲੀ ਅਧੀਨ ਮੈਟ੍ਰਿਕੁਲੇਸ਼ਨ ਅਤੇ ਸੀਨੀਅਰ ਸੈਕੰਡਰੀ ਕੋਰਸਾਂ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦਸਵੀਂ/ਬਾਰ੍ਹਵੀਂ ਸ਼੍ਰੇਣੀ ਦੇ ਰੈਗੂਲਰ ਵਿਦਿਆਰਥੀ ਜਿਸ ਦਾ ਨਤੀਜਾ ਚਾਲੂ ਅਕਾਦਮਿਕ ਸਾਲ ਫਰਵਰੀ/ਮਾਰਚ 2025 ਵਿੱਚ ਲਈ ਗਈ ਪ੍ਰੀਖਿਆ ਵਿੱਚ ਫੇਲ੍ਹ ਘੋਸ਼ਿਤ ਹੋ ਚੁੱਕਾ ਹੋਵੇ, ਉਹ ਵਿਦਿਆਰਥੀ ਪੂਰੇ ਵਿਸ਼ਿਆਂ ਦੀ ਪ੍ਰੀਖਿਆ ਬਲਾਕ-2 ਜੁਲਾਈ/ਅਗਸਤ, 2025 ਲਈ 1500/- ਰੁਪਏ ਜੁਰਮਾਨਾ ਫੀਸ ਨਾਲ 10 ਜੂਨ 2025 ਤੱਕ ਆਨਲਾਈਨ ਦਾਖਲਾ ਲੈ ਸਕਦੇ ਹਨ। ਦਾਖਲਾ ਲੈਣ ਦੇ ਚਾਹਵਾਨ ਵਿਦਿਆਰਥੀ ਆਪਣੀ ਸਹੂਲਤ ਅਨੁਸਾਰ ਐਕਰੀਡਿਟਿਡ ਸਕੂਲਾਂ (ਐਕਰੀਡਿਟਿਡ ਸਕੂਲਾਂ ਦੀ ਸੂਚੀ ਬੋਰਡ ਦੀ ਵੈੱਬਸਾਈਟ www.pseb.ac.in ਤੋਂ ਉਪਲਬਧ ਹੈ), ਰਾਹੀਂ ਬੋਰਡ ਦੇ ਖੇਤਰੀ ਦਫਤਰਾਂ ਦੀ ਸਹਾਇਤਾ ਨਾਲ ਜਾਂ ਵਿਦਿਆਰਥੀ ਸਿੱਧੇ ਤੌਰ 'ਤੇ ਬੋਰਡ ਦੀ ਵੈਬਸਾਈਟ ਤੋਂ ਆਨਲਾਈਨ ਪ੍ਰਕਿਰਿਆ ਰਾਹੀਂ ਦਾਖਲਾ ਫਾਰਮ ਭਰ ਸਕਦੇ ਹਨ। ਫ਼ੀਸਾਂ ਜਮ੍ਹਾਂ ਕਰਵਾਉਣ ਦੀ ਵਿਧੀ ਸਿਰਫ ਆਨਲਾਈਨ ਹੋਵੇਗੀ। ਪੰਜਾਬ ਓਪਨ ਸਕੂਲ ਦੇ ਮੈਟ੍ਰਿਕੁਲੇਸ਼ਨ ਅਤੇ ਸੀਨੀਅਰ ਸੈਕੰਡਰੀ ਕੋਰਸਾਂ ਲਈ ਵਿਦਿਆਰਥੀ ਦੁਆਰਾ ਬੋਰਡ ਵੱਲੋਂ ਨਿਰਧਾਰਤ ਦਾਖਲਾ ਅਤੇ ਪ੍ਰੀਖਿਆ ਫ਼ੀਸ ਤੋਂ ਇਲਾਵਾ ਹੋਰ ਕਿਸੇ ਕਿਸਮ ਦੀ ਵਾਧੂ ਫੀਸ ਅਦਾ ਨਹੀਂ ਕਰਨੀ ਹੋਵੇਗੀ। ਪ੍ਰਾਸਪੈਕਟਸ ਅਤੇ ਪਾਠਕ੍ਰਮ ਬੋਰਡ ਦੀ ਵੈਬ ਸਾਈਟ www.pseb.ac.in ਤੇ ਉਪਲਬਧ ਹਨ।

## ਰਾਜਪਾਲ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਤੇ ਭਗਵਾਨ ਬਿਰਸਾ ਮੁੰਡਾ ਨੂੰ ਸ਼ਰਧਾਂਜਲੀ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਅ ਨੇ ਅੱਜ ਭਾਰਤੀ ਇਤਿਹਾਸ ਦੇ ਦੋ ਮਹਾਨ ਨਾਇਕਾਂ ਬਾਬਾ ਬੰਦਾ ਸਿੰਘ ਬਹਾਦਰ ਅਤੇ ਭਗਵਾਨ ਬਿਰਸਾ ਮੁੰਡਾ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਦਿੱਤੀ। ਉਨ੍ਹਾਂ ਨੇ ਉਤਪੀੜਨ ਖਿਲਾਫ ਉਨ੍ਹਾਂ ਦੇ ਹਿੰਮਤੀ ਸੰਘਰਸ਼ ਅਤੇ ਸਮਾਜਿਕ ਨਿਆਂ ਲਈ ਉਨ੍ਹਾਂ ਦੇ ਬਲੀਦਾਨ ਨੂੰ ਯਾਦ ਕੀਤਾ। ਰਾਜਪਾਲ ਨੇ ਕਿਹਾ ਕਿ ਅੱਜ ਅਸੀਂ ਬਾਬਾ ਬੰਦਾ ਸਿੰਘ ਬਦਾਦਰ ਦੀ ਅਦਭੁਤ ਹਿੰਮਤ ਅਤੇ ਬਲੀਦਾਨ ਦਾ ਸਨਮਾਨ ਕਰਦੇ ਹਨ, ਜਿਨ੍ਹਾਂ ਨੇ ਪੰਜਾਬ ਵਿੱਚ ਨਿਆਂ ਅਤੇ ਸਵੈਸ਼ਾਸਨ ਦੀ ਨੀਂਹ ਰੱਖੀ ਅਤੇ ਮੁਗਲਾਂ ਦੇ ਜ਼ੁਲਮ ਖਿਲਾਫ ਡਟੇ ਰਹੇ। ਦੱਤਾਤ੍ਰੇਅ ਨੇ ਭਗਵਾਨ ਬਿਰਸਾ ਮੁੰਡਾ ਦੇ ਯੋਗਦਾਨ ਨੂੰ ਵੀ ਯਾਦ ਕੀਤਾ, ਜਿਨ੍ਹਾਂ ਬ੍ਰਿਟਿਸ਼ ਸ਼ਾਸਨ ਖਿਲਾਫ ਆਦਿਵਾਸੀ ਕਮਿਊਨਿਟੀਆਂ ਦੀ ਅਗਵਾਈ ਕੀਤੀ।ਉਨ੍ਹਾ ਕਿਹਾ ਕਿ ਬਿਰਸਾ ਮੁੰਡਾ ਦਾ ਨਿਡਰ ਸੰਘਰਸ਼ ਅਤੇ ਸਮਾਨਤਾਵਾਦੀ ਸਮਾਜ ਦਾ ਉਨ੍ਹਾਂ ਦਾ ਸੰਪੰਨ ਭਾਰਤ ਦੀ ਸੱਭਿਆਚਾਰਕ ਧਰੋਹਰ ਅਤੇ ਆਦਿਵਾਸੀ ਗੌਰਵ ਦਾ ਪ੍ਰਤੀਕ ਹੈ। ਉਨ੍ਹਾਂ ਬਾਬਾ ਬੰਦਾ ਸਿੰਘ ਬਹਾਦਰ ਅਤੇ ਭਗਵਾਨ ਬਿਰਸਾ ਮੁੰਡਾ ਦੇ ਮੁੱਲਾਂ, ਹਿੰਮਤ, ਬਲੀਦਾਨ, ਸਮਾਜਿਕ ਨਿਆਂ ਅਤੇ ਸੁਤੰਤਰਤਾ ਦੀ ਭਵਨਾ ਨੂੰ ਜ਼ਿੰਦਾ ਰੱਖਣ ਦੀ ਅਪੀਲ ਕੀਤੀ।

## Lost and Found

It is notified for the information that my Sale Deed Viney Kumar S/o Munish Chander U-1/242 RSD Colony Jugial, Pathankot. The Loss of my Sale Deed Pertaining to property measuring 6 Marle located Village Jugial, Pathankot HB No. 367 Vide Document No. 2024-25/44/1/4514 Dated 30-08-2024 actually Lost at Jugial. Lost Date 06-05-2025, Report Date 05-06-2025, PSOC Shahpur Kandi, Pathankot. LR N: 599834/2025, If anybody found below address Vinay Kumar S/o Munish Chander R/o U-1/242 RSD Colony, PO- Jugial, Pathankot Shahpur Kandi, Township Mobile No. 98147-55051

## ਬੇਦਖਲੀ ਨੋਟਿਸ

ਮੈਂ ਰੀਟਾ ਪਤਨੀ ਮਨਜੀਤ ਸਿੰਘ ਵਾਸੀ ਮਕਾਨ ਨੰ.258, ਪੱਤੀ ਬੱਗੇ ਵਾਲੀ ਵੇਰਕਾ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕੀ ਮੇਰਾ ਲੜਕਾ ਸੰਨੀ ਅਤੇ ਉਸਦੀ ਦੀ ਪਤਨੀ ਕੋਮਲ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਹਰਮੇਸ਼ ਲਾਲ ਪੁੱਤਰ ਪਿਆਰਾ ਲਾਲ ਵਾਸੀ ਪਿੰਡ ਗੁੜੇ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਲਵ ਵਾ ਉਸਦੀ ਪਤਨੀ ਗੋਪੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਇੰਦਰ ਪ੍ਰਕਾਸ਼ ਪੁੱਤਰ ਕਰਮ ਚੰਦ ਵਾਸੀ ਮਕਾਨ ਨੰ: ਡਬਲਿਊਪੀ 204, ਨੇੜੇ ਭਗਵਾਨ ਮੰਦਿਰ, ਬਜ਼ਾ ਬਾਜਾਰ, ਬਸਤੀ ਸ਼ੇਖ, ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਵਿਕਰਮ ਕੁਮਾਰ ਵਾ ਉਸਦੀ ਪਤਨੀ ਪ੍ਰਿੰਸਕਲਾਂ, ਅਤੇ ਉਸਦੇ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਗਿੰਦਰ ਕੌਰ ਪਤਨੀ ਚੰਨਣ ਰਾਮ ਵਾਸੀ ਪਿੰਡ ਗੋਰਸੀਆਂ ਪੀਰਾਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਪ੍ਰੇਮ ਸਿੰਘ ਅਤੇ ਮੇਰੀ ਨੂੰਹ ਪ੍ਰੀਤ ਕਮਲ ਕੌਰ ਅਤੇ ਮੇਰਾ ਛੋਟਾ ਲੜਕਾ ਕੁਲਵਿੰਦਰ ਸਿੰਘ ਅਤੇ ਮੇਰੀ ਨੂੰਹ ਅਮਨਦੀਪ ਅਤੇ ਮੇਰੀਆਂ ਲੜਕੀਆਂ ਕੁਲਵੀਰ ਕੌਰ ਅਤੇ ਦਲਵੀਰ ਕੌਰ ਅਤੇ ਇਨ੍ਹਾਂ ਦੇ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਨਛੱਤਰ ਸਿੰਘ ਪੁੱਤਰ ਸੰਸਾਰ ਸਿੰਘ ਵਾਸੀ ਪਿੰਡ ਡਘਾਮ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ਰਨਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ ਨਿਰਵੈਲ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਪਿੰਡ ਭਾਈ ਲੱਧੂ ਤਹਿਸੀਲ ਪੱਟੀ ਜਿਲਾ ਤਰਨਤਾਰਨ ਬਿਆਣ ਕਰਦਾ ਹਾਂ ਕਿ ਮੇਰਾ ਲੜਕਾ ਦਿਲਜੀਤ ਸਿੰਘ ਮੇਰੇ ਕਹਿਣ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਲਖਵਿੰਦਰ ਸਿੰਘ ਪੁੱਤਰ ਚਾਨਣ ਸਿੰਘ ਵਾਸੀ ਸਾਹਮਣੇ ਮਿਲਕ ਪਲਾਂਟ ਗੁਰਦਾਸਪੁਰ। ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਪੁੱਤਰ ਮਨਜੀਤ ਸਿੰਘ ਅਤੇ ਉਸ ਦੀ ਪਤਨੀ ਜਸਪ੍ਰੀਤ ਕੌਰ ਦੋਨੋਂ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਕਿਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਬਾਬਾ ਖੇਤਰਪਾਲ ਮੰਦਰ ਦੇ ਨਿਰਮਾਣ ਕਾਰਜ ਜ਼ੋਰਾਂ-ਸ਼ੋਰਾਂ 'ਤੇ, ਸਹਿਯੋਗੀ ਸ਼ਰਧਾਲੂਆਂ ਦਾ ਪ੍ਰਬੰਧਕ ਕਮੇਟੀ ਵੱਲੋਂ ਧੰਨਵਾਦ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੇ ਚੰਨੂੰਵਾਲਾ ਰੋਡ ਉੱਪਰ ਮਹਿੰਦਰਾ ਪੈਲੇਸ ਦੀ ਬੈਕਸਾਈਡ ਤਿਆਰ ਹੋ ਰਹੇ ਬਾਬਾ ਖੇਤਰਪਾਲ ਜੀ ਦੇ ਮੰਦਰ ਨੂੰ ਲੈ ਕੇ ਸੰਗਤਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ, ਜਿਸ ਕਰ ਕੇ ਇਸ ਨਿਰਮਾਣ ਕਾਰਜ ਦਾ ਕੰਮ ਜ਼ੋਰਾਂ 'ਤੇ ਚੱਲ ਰਿਹਾ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਬਾਬਾ ਖੇਤਰਪਾਲ ਸੇਵਾ ਸੰਮਤੀ ਦੇ ਚੇਅਰਮੈਨ ਵਿਜੇ ਬਾਂਸਲ, ਪ੍ਰਧਾਨ ਸੰਜੀਵ ਕੁਮਾਰ ਗਰਗ, ਰਾਕੇਸ਼ ਜਿੰਦਲ ਤੱਤਾ, ਰਜਿੰਦਰ ਕੁਮਾਰ ਗੋਇਲ, ਪ੍ਰਸੰਨ ਕੁਮਾਰ, ਨਵੀਨ ਗੋਇਲ, ਜਗਪਤੀ ਪ੍ਰਧਾਨ, ਮੁਕੇਸ਼ ਗੋਇਲ, ਦਵਿੰਦਰ ਚੀਕਾ ਤੇ ਅਜੇ ਪੁਰੀ ਨੇ ਕਰਦਿਆਂ ਕਿਹਾ ਕਿ ਉਹ ਸਮੂਹ ਸੰਗਤਾਂ ਦੇ ਅਤੀ ਧੰਨਵਾਦੀ ਹਨ, ਜੋ ਬਾਬਾ ਖੇਤਰ ਪਾਲ ਜੀ ਦੇ ਵਿਸ਼ਾਲ ਮੰਦਰ ਨੂੰ ਤਿਆਰ ਕਰਨ ਲਈ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਕੱਢ ਰਹੇ ਹਨ।ਸੇਵਾ ਸੰਮਤੀ ਦੇ ਮੈਂਬਰਾਂ ਨੇ ਦੱਸਿਆ ਕਿ ਅੱਜ ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਭੰਡਾਰਾ ਕਰਵਾਇਆ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਸ਼ਹਿਰ ਦੀਆਂ ਸੰਗਤਾਂ ਦੇ ਇਲਾਵਾ ਆਸ-ਪਾਸ ਦੇ ਖੇਤਰ ਦੀ ਸੰਗਤ ਨੇ ਸ਼ਮੂਲੀਅਤ ਕਰ ਕੇ ਬਾਬਾ ਖੇਤਰ ਪਾਲ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਸੰਮਤੀ ਮੈਂਬਰਾਂ ਨੇ ਦੱਸਿਆ ਕਿ ਬਾਬਾ ਖੇਤਰ ਪਾਲ ਜੀ ਦੀ ਹੀ ਚਮਤਕਾਰ ਹੈ ਕਿ ਸੰਗਤ ਦਿਨੋਂ ਦਿਨ ਵੱਡੀ ਗਿਣਤੀ ਵਿੱਚ ਇਸ ਅਸਥਾਨ ਨਾਲ ਜੁੜ ਰਹੀ ਅਤੇ ਜੋ ਸ਼ਰਧਾਲੂ ਸੱਚੇ ਮਨ ਨਾਲ ਇੱਥੇ ਆਉਂਦਾ ਹੈ, ਬਾਬਾ ਜੀ ਉਨ੍ਹਾਂ ਦੀ ਹਰ ਮੁਰਾਦ ਪੂਰੀ ਕਰਦੇ ਹਨ।ਇਸ ਮੌਕੇ ਉਨ੍ਹਾਂ ਦੱਸਿਆ ਕਿ ਸੰਗਤਾਂ ਦੇ ਸਹਿਯੋਗ ਨਾਲ ਹਰ ਐਤਵਾਰ ਨੂੰ ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਭੰਡਾਰਾ ਲਗਾਇਆ ਜਾਂਦਾ ਹੈ, ਅੱਜ ਦਾ ਭੰਡਾਰਾ ਜੱਸਾ ਸਿੰਘ ਸੇਵਾਦਾਰ ਵੱਲੋਂ ਲਗਾਇਆ ਗਿਆ, ਨਾਲ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਜੇਕਰ ਕੋਈ ਵੀ ਸ਼ਰਧਾਲੂ ਮੰਦਰ ਦੇ ਨਿਰਮਾਣ ਕਾਰਜ ਵਿੱਚ ਆਪਣਾ ਹਿੱਸਾ ਪਾਉਣਾ ਚਾਹੁੰਦਾ ਹੋਵੇ ਜਾਂ ਕੋਈ ਹੋਰ ਸੇਵਾ ਕਰਨ ਲਈ ਤਤਪਰ ਹੋਵੇ ਤਾਂ ਉਹ ਸੰਮਤੀ ਦੇ ਕਿਸੇ ਵੀ ਮੈਂਬਰ ਨਾਲ ਮੁਲਾਕਾਤ ਕਰ ਸਕਦਾ ਹੈ।ਇਸ ਮੌਕੇ ਸਮੂਹ ਸੰਗਤ ਨੂੰ ਪੰਗਤ ਵਿੱਚ ਬਿਠਾ ਕੇ ਭੰਡਾਰਾ ਛਕਾਇਆ ਗਿਆ।ਇਸ ਮੌਕੇ ਸੰਮਤੀ ਮੈਂਬਰਾਂ ਦੇ ਇਲਾਵਾ ਵੱਡੀ ਗਿਣਤੀ ਵਿੱਚ ਸੇਵਾਦਾਰ ਤੇ ਸ਼ਰਧਾਲੂ ਹਾਜ਼ਰ ਸਨ।

## ਉਰਦੂ ਜ਼ੁਬਾਨ ਨੂੰ ਪ੍ਰਫੁੱਲਤ ਕਰਨ ਲਈ ਹਰ ਉਪਰਾਲਾ ਕੀਤਾ ਜਾਵੇਗਾ : ਗ਼ਜ਼ਲਗੋ ਸੋਹਲ



**ਸਮਰਾਲਾ (ਸੁਰਜੀਤ ਸਿੰਘ)**-ਭਾਰਤ ਵਿੱਚੋਂ ਇੱਕ ਹਿੱਸਾ ਕੱਟ ਪਾਕਿਸਤਾਨ ਦੇ ਬਣਨ ਨਾਲ ਉਰਦੂ ਜ਼ੁਬਾਨ ਨੂੰ ਦੇਸ਼ ਵਾਸੀਆਂ ਤੇ ਵਿਸ਼ੇਸ਼ ਕਰਕੇ ਉਰਦੂ ਜ਼ੁਬਾਨ ਲਈ ਦੀਵਾਨਗੀ ਰੱਖਣ ਵਾਲੇ ਅਦੀਬਾਂ ਲਈ ਇਹ ਭਾਸ਼ਾ ਵੀ ਵਿਦੇਸ਼ੀ ਬਣ ਕੇ ਰਹਿ ਗਈ। ਇਸ ਨੂੰ ਮੁਸਲਮਾਨਾਂ ਦੀ ਭਾਸ਼ਾ ਸਮਝ ਕੇ ਇੱਕ ਤਰ੍ਹਾਂ ਨਾਲ ਦੇਸ਼ ਨਿਕਾਲਾ ਹੀ ਦੇ ਦਿੱਤਾ ਗਿਆ, ਜਿਸ ਕਾਰਨ ਉਰਦੂ ਦੇ ਦੀਵਾਨਿਆਂ ਲਈ ਇਹ ਇੱਕ ਬਹੁਤ ਵੱਡਾ ਆਘਾਤ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹੁਣ ਉਰਦੂ ਸਿਰਫ ਮਾਲੇਰਕੋਟਲਾ ਵਿੱਚ ਇੱਕ ਸੀਮਤ ਦਾਇਰੇ ਵਿੱਚ ਸਿਮਟ ਕੇ ਰਹਿ ਗਈ। ਉਰਦੂ ਜ਼ੁਬਾਨ ਦੇ ਪੁਨਰ ਉੱਥਾਨ ਲਈ ਹਰ ਉਪਰਾਲਾ ਕੀਤਾ ਜਾਵੇਗਾ। ਇਹ ਵਿਚਾਰ ਇੱਥੇ ਲਿਖਾਰੀ ਸਭਾ ਰਾਮਪੁਰ ਨਾਲ ਸਬੰਧਤ ਪ੍ਰਸਿੱਧ ਗ਼ਜ਼ਲਗੋ ਅਮਰਿੰਦਰ ਸਿੰਘ ਸੋਹਲ ਨੇ ਇਸ ਪੱਤਰਕਾਰ ਨਾਲ ਗੱਲ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਲਿਖਾਰੀ ਸਭਾ ਰਾਮਪੁਰ ਦੀ ਲਾਇਬ੍ਰੇਰੀ ਵਿੱਚ ਉਰਦੂ ਸਿਖਣ ਦੇ ਚਾਹਵਾਨਾਂ ਲਈ 12 ਜੂਨ ਤੋਂ ਮੁਫਤ ਕਲਾਸਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ। ਇਸ ਕਾਰਜ ਵਿੱਚ ਪਿੰਡ ਰਾਮਪੁਰ ਦੀ ਪੰਚਾਇਤ ਦਾ ਵਿਸ਼ੇਸ਼ ਸਹਿਯੋਗ ਰਹੇਗਾ। ਗ਼ਜ਼ਲਗੋ ਸੋਹਲ ਨੇ ਕਿਹਾ ਕਿ ਉਰਦੂ ਦੀ ਮੁਢਲੀ ਪੜ੍ਹਾਈ 6 ਮਹੀਨੇ ਦੀ ਹੋਵੇਗੀ, ਜਿਸ ਨੂੰ ਤਿੰਨ ਤਿੰਨ ਮਹੀਨੇ ਦੇ ਦੋ ਭਾਗਾਂ ਵਿੱਚ ਵੰਡਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਰਦੂ ਦੁਨੀਆ ਦੀ ਮਿੱਠੀ ਜ਼ੁਬਾਨ ਹੈ, ਇਸ ਵਿੱਚ ਉੱਚਪਾਏ ਦਾ ਸਾਹਿਤ ਰਚਿਆ ਗਿਆ ਹੈ। ਸੰਨ 1947 ਦੀ ਦੇਸ਼ ਵੰਡ ਪਿੱਛੋਂ ਉਰਦੂ ਦੀ ਪੜ੍ਹਾਈ ਬੰਦ ਹੋਣ ਪਿੱਛੋਂ ਉਰਦੂ ਦੇ ਚਾਹਵਾਨ ਇਸ ਤੋਂ ਵਾਂਝੇ ਰਹਿ ਗਏ। ਉਨ੍ਹਾਂ ਕਿਹਾ ਕਿ ਉਰਦੂ ਲਿੱਪੀ ਵਿੱਚ ਅਗਿਆਨਤਾ ਕਾਰਨ ਬਹੁਤ ਸਾਰੇ ਸਾਹਿਤ ਪ੍ਰੇਮੀ ਉਰਦੂ ਸਾਹਿਤ ਤੋਂ ਵਾਂਝੇ ਹੋ ਗਏ। ਉਨ੍ਹਾਂ ਨੂੰ ਉਰਦੂ ਤੋਂ ਦੂਜੀਆਂ ਭਾਸ਼ਾਵਾਂ ਵਿੱਚ ਅਨੁਵਾਦ ਕੀਤਾ ਸਾਹਿਤ ਪੜ੍ਹਨਾ ਪੈਂਦਾ ਹੈ। ਅਨੁਵਾਦ ਨਾਲ ਸਾਹਿਤ ਦੀ ਮੌਲਿਕਤਾ 'ਤੇ ਅਸਰ ਪੈਂਦਾ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਸਕੂਲਾਂ ਵਿੱਚ ਉਰਦੂ ਲਾਜ਼ਮੀ ਵਿਸ਼ੇ ਦੇ ਤੌਰ 'ਤੇ ਪੜ੍ਹਾਇਆ ਜਾਵੇ ਤਾਂ ਜੋ ਅਲੋਪ ਹੋ ਰਹੀ ਉਰਦੂ ਜ਼ੁਬਾਨ ਦੀ ਮੁੜ ਸੁਰਜੀਤੀ ਹੋ ਸਕੇ। ਉਨ੍ਹਾਂ ਕਿਹਾ ਕਿ ਉਰਦ ਕੋਰਸ ਖ਼ਤਮ ਹੋਣ ਪਿੱਛੋਂ ਸਾਰੇ ਵਿਦਿਆਰਥੀਆਂ ਨੂੰ ਸਰਟੀਫ਼ਿਕੇਟ ਜਾਰੀ ਕੀਤੇ ਜਾਣਗੇ। ਚਾਹਵਾਨ ਸੱਜਣ ਪਿੰਡ ਰਾਮਪੁਰ ਦੀ ਲਾਇਬ੍ਰੇਰੀ ਆ ਕੇ ਵਿਸਥਾਰ ਵਿੱਚ ਜਾਣਕਾਰੀ ਲੈ ਸਕਦੇ ਹਨ।

## ਹਰਚੰਦ ਬਰਸਟ ਨੇ ਸੰਜੀਵ ਅਰੋੜਾ ਦੇ ਹੱਕ 'ਚ ਕੀਤਾ ਪ੍ਰਚਾਰ




**ਸਮਾਣਾ (ਗੁਰਪਿਆਰ ਸਿੰਘ ਬੱਲ)**-ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਪ੍ਰਤੀ ਲੋਕਾਂ ਦੇ ਪਿਆਰ ਨੂੰ ਦੇਖਦਿਆਂ ਇਹ ਯਕੀਨ ਹੋ ਗਿਆ ਹੈ ਕਿ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੀ ਜਿੱਤ ਪੱਕੀ ਹੈ।ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਤਹਿਤ ਆਪ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਪੀ.ਏ.ਯੂ. ਕੈਂਪਸ ਰਿਹਾਇਸ਼ੀ ਕੰਪਲੈਕਸ ਵਿੱਚ ਡੋਰ ਟੂ ਡੋਰ ਪ੍ਰਚਾਰ ਕੀਤਾ ਗਿਆ ਤੇ ਲੋਕਾਂ ਨੂੰ ਮਿਲ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਤੋਂ ਜਾਣੂ ਕਰਵਾਇਆ ਗਿਆ।ਇਸ ਮੌਕੇ ਡਾ. ਰਵਜੋਤ ਸਿੰਘ ਮੰਤਰੀ ਸਥਾਨਕ ਸਰਕਾਰਾਂ ਤੇ ਇੰਦਰਜੀਤ ਕੌਰ ਮਾਨ ਐੱਮ ਐੱਲ ਏ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਇਸ ਦੌਰਾਨ ਸ੍ਰ. ਬਰਸਟ ਨੇ ਕਿਹਾ ਕਿ 'ਆਪ' ਉਮੀਦਵਾਰ ਸੰਜੀਵ ਅਰੋੜਾ ਰਾਜ ਸਭਾ ਮੈਂਬਰ ਰਹਿੰਦਿਆਂ ਹੋਇਆਂ ਲੁਧਿਆਣਾ ਦੇ ਚਹੁੰਪੱਖੀ ਵਿਕਾਸ ਲਈ ਲਗਾਤਾਰ ਕਾਰਜ ਕਰਦੇ ਆਏ ਹਨ ਅਤੇ ਲੁਧਿਆਣਾ ਤੇ ਪੰਜਾਬ ਵਾਸੀਆਂ ਦੇ ਪੱਖ ਵਿੱਚ ਆਵਾਜ਼ ਚੁੱਕਦੇ ਆ ਰਹੇ ਹਨ।ਉਨ੍ਹਾਂ ਕਿਹਾ ਕਿ ਸੰਜੀਵ ਅਰੋੜਾ ਪ੍ਰਤੀ ਲੋਕਾਂ ਦੇ ਪਿਆਰ ਤੇ ਵਿਸ਼ਵਾਸ ਨੂੰ ਦੇਖਦਿਆਂ ਇਹ ਯਕੀਨ ਹੋ ਗਿਆ ਹੈ ਕਿ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਵੱਡੇ ਅੰਤਰ ਨਾਲ ਜਿੱਤ ਹਾਸਲ ਕਰੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਹੀ ਵਿਕਾਸ ਦੀ ਗੱਲ ਕਰਦੀ ਹੈ ਅਤੇ ਸੂਬੇ ਨੂੰ ਰੰਗਲਾ ਤੇ ਖੁਸ਼ਹਾਲ ਪੰਜਾਬ ਬਣਾਉਣ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਲੋਕਾਂ ਨੂੰ ਆਮ ਆਦਮੀ ਪਾਰਟੀ ਨੂੰ ਵੋਟਾਂ ਪਾ ਕੇ ਵੱਡੇ ਅੰਤਰ ਨਾਲ ਜਿਤਾਉਣ ਦੀ ਅਪੀਲ ਕੀਤੀ।

## ਆਈ ਡੀ ਪੀ ਵੱਲੋਂ ਜ਼ਿਲ੍ਹਾ ਪਟਿਆਲਾ ਦਾ ਡੈਲੀਗੇਟ ਅਜਲਾਸ



**ਨਾਭਾ (ਵਰਿੰਦਰ ਵਰਮਾ)**-ਇੰਟਰਨੈਸ਼ਨਲਿਸਟ ਡੈਮੋਕ੍ਰੇਟਿਕ ਪਲੇਟਫਾਰਮ (ਆਈਡੀਪੀ) ਵੱਲੋਂ ਜ਼ਿਲ੍ਹਾ ਪਟਿਆਲਾ ਦਾ ਡੈਲੀਗੇਟ ਅਜਲਾਸ ਛੱਜੂ ਰਾਮ ਦੀ ਧਰਮਸ਼ਾਲਾ ਮੈਹਸ ਗੇਟ ਨਾਭਾ ਵਿਖੇ ਕੀਤਾ ਗਿਆ, ਜਿਸ ਨੂੰ ਸੰਬੋਧਨ ਕਰਦਿਆਂ ਨੈਸ਼ਨਲ ਪ੍ਰਧਾਨ ਕਰਨੈਲ ਸਿੰਘ ਜਖੇਪਲ ਤੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਧਨੇਠਾ ਨੇ ਕਿਹਾ ਕਿ ਮੌਜੂਦਾ ਕਾਰਪੋਰੇਟ ਵਿਕਾਸ ਮਾਡਲ ਦੇ ਦੌਰ ਵਿੱਚ ਦੁਨੀਆ ਦੋ ਵੱਡੀਆਂ ਸਮੱਸਿਆਵਾਂ ਵਾਤਾਵਰਣਕ ਖਰਾਬੀ ਤੇ ਅਮੀਰ ਗਰੀਬ ਵਿੱਚ ਵੱਧ ਰਹੇ ਪਾੜੇ ਦੀ ਚੁਣੌਤੀ ਨਾਲ ਜੂਝ ਰਹੀ ਹੈ, ਇਸ ਲਈ ਕੁਦਰਤ ਤੇ ਮਨੁੱਖ ਪੱਖੀ ਵਿਕਾਸ ਮਾਡਲ ਦੁਨੀਆ ਦੀ ਅਣਸਰਦੀ ਜ਼ਰੂਰਤ ਬਣ ਗਿਆ ਹੈ।ਨੈਸ਼ਨਲ ਕਮੇਟੀ ਮੈਂਬਰ ਗੁਰਮੀਤ ਸਿੰਘ ਥੂਹੀ ਤੇ ਸੂਬਾ ਆਗੂ ਤਾਰਾ ਸਿੰਘ ਫੱਗੂਵਾਲਾ ਨੇ ਕਿਹਾ ਕਿ ਸਾਰੀਆਂ ਅੰਤਰਰਾਸ਼ਟਰੀ ਸੰਸਥਾਵਾਂ ਦਾ ਜਮਹੂਰੀਕਰਨ, ਯੂਐੱਨਓ ਵਿੱਚ ਪੰਜ ਦੇਸ਼ਾਂ ਨੂੰ ਮਿਲੇ ਵੀਟੋ ਦਾ ਅਧਿਕਾਰ ਖਤਮ ਕਰਕੇ ਇੱਕ ਦੇਸ਼ ਇੱਕ ਵੋਟ ਦਾ ਅਧਿਕਾਰ, ਫੈਸਲੇ ਸਰਬਸੰਮਤੀ ਜਾਂ ਬਹੁ-ਸੰਮਤੀ ਦੇ ਨਾਲ ਹੋਣੇ ਚਾਹੀਦੇ ਹਨ।ਦੇਸ਼ ਵਿੱਚ ਤਾਕਤਾਂ ਦਾ ਵਿਕੇਂਦਰੀ ਕਰਨ ਕਰਕੇ ਸਹੀ ਫੈਡਰਲ ਢਾਂਚਾ ਬਣਾ ਕੇ ਭਾਰਤ-ਪਾਕਿਸਤਾਨ ਨੂੰ ਦੁਵੱਲੇ ਮੱਸਲੇ ਗੱਲਬਾਤ ਰਾਹੀਂ ਹੱਲ ਕਰਕੇ, ਸਥਾਈ ਅਮਨ ਲਈ ਯੂਰਪ ਦੀ ਤਰ੍ਹਾਂ ਸਾਰਕ ਦੇਸ਼ਾਂ ਨੂੰ ਸਾਂਝੀ ਮੰਡੀ, ਸਾਂਝੀ ਕਰੰਸੀ, ਸਾਂਝੀ ਸੁਰੱਖਿਆ ਤੇ ਸਾਂਝੀ ਰਾਜਨੀਤਕ ਯੂਨੀਅਨ ਬਣਾਉਣ ਦੀ ਲੋੜ ਹੈ।ਅਜਲਾਸ ਨੂੰ ਲਖਵਿੰਦਰ ਸਿੰਘ ਲਾਡੀ ਬਲਾਕ ਪ੍ਰਧਾਨ ਨਾਭਾ, ਨਿਸਾਨ ਸਿੰਘ ਬਲਾਕ ਪ੍ਰਧਾਨ ਪਾਤੜਾਂ, ਜੰਗੀਰ ਸਿੰਘ ਬਲਾਕ ਪ੍ਰਧਾਨ ਪਟਿਆਲਾ, ਰਾਜ ਕੁਮਾਰ ਸਿੰਘ ਕਨਸੂਹਾਂ, ਚਮਕੌਰ ਸਿੰਘ ਅਗੇਤੀ, ਕੁਲਵੰਤ ਕੌਰ ਥੂਹੀ ਨੇ ਵੀ ਸੰਬੋਧਨ ਕੀਤਾ।ਅਖੀਰ ਵਿੱਚ ਸਰਬਸੰਮਤੀ ਨਾਲ 7 ਮੈਂਬਰੀ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਮਨਪ੍ਰੀਤ ਕੌਰ ਰਾਜਪੁਰਾ, ਮੀਤ ਪ੍ਰਧਾਨ ਖਿਆਲੀ ਰਾਮ ਪਾਤੜਾਂ, ਸਕੱਤਰ ਗੁਰਤੇਜ ਸਿੰਘ ਸਮਾਣਾ, ਸਹਾਇਕ ਸਕੱਤਰ ਸੁਨੀਤਾ ਰਾਣੀ ਕੈਦੂਪੁਰ, ਖਜ਼ਾਨਚੀ ਕੁਲਵਿੰਦਰ ਕੌਰ ਰਾਮਗੜ੍ਹ ਤੇ ਕਰਮ ਸਿੰਘ ਪਟਿਆਲਾ, ਕਸ਼ਮੀਰ ਸਿੰਘ ਨੂੰ ਮੈਂਬਰ ਚੁਣਿਆ ਗਿਆ।

## 'ਪੰਜਾਬ ਸੰਭਾਲੋ ਰੈਲੀ' ਦੀਆਂ ਤਿਆਰੀਆਂ ਸੰਬੰਧੀ ਬਸਪਾ ਦੀਆਂ ਮੀਟਿੰਗਾਂ ਜਾਰੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਹੁਜਨ ਸਮਾਜ ਪਾਰਟੀ ਦੀ ਹਲਕਾ ਪੱਧਰੀ ਮੀਟਿੰਗ ਗੁਰੂ ਰਵਿਦਾਸ ਧਰਮਸ਼ਾਲਾ ਮਹਿਲ ਕਲਾਂ ਵਿਖੇ ਹੋਈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਖੇੜੀ, ਜਨਰਲ ਸਕੱਤਰ ਅਮਰਜੀਤ ਸਿੰਘ ਝਲੂਰ, ਸੋਮਾ ਸਿੰਘ ਗੰਡੇਵਾਲ, ਹਰਬੰਸ ਸਿੰਘ ਛੀਨੀਵਾਲ ਨੇ ਕਿਹਾ ਕਿ 22 ਜੂਨ ਨੂੰ ਅਨਾਜ ਮੰਡੀ ਸੰਗਰੂਰ ਵਿਖੇ ਹੋਣ ਵਾਲੀ ਪੰਜਾਬ ਸੰਭਾਲੋ ਰੈਲੀ ਦੀਆਂ ਤਿਆਰੀਆਂ ਸਬੰਧੀ ਹਲਕਾ ਵਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ, ਜੋ ਪੰਜਾਬ ਨੂੰ ਉਜਾੜਨ ਦੇ ਰਾਹ ਪਏ ਹਨ ਤੇ ਜੋ ਇਸ ਨੂੰ ਬਚਾਉਣ ਲਈ ਸੰਘਰਸ਼ ਕਰ ਰਹੇ ਹਨ, ਵਿਚਕਾਰ ਹੋਣਗੀਆਂ।ਬਸਪਾ ਆਗੂਆਂ ਨੇ ਦੱਸਿਆ ਕਿ ਹਲਕਾ ਮਹਿਲ ਕਲਾਂ ਨੂੰ ਵੱਖ-ਵੱਖ ਜ਼ੋਨਾਂ ਤੇ ਸੈਕਟਰਾਂ ਵਿੱਚ ਵੰਡ ਕੇ ਪਾਰਟੀ ਨੇ ਅਹੁਦੇਦਾਰਾਂ ਨੂੰ ਨਵੀਆਂ ਜ਼ਿੰਮੇਵਾਰੀਆਂ ਸੌਂਪੀਆਂ ਹਨ।ਇਸ ਮੌਕੇ ਕੁਝ ਨਵੇਂ ਨੌਜਵਾਨਾਂ ਨੂੰ ਬਸਪਾ 'ਚ ਸ਼ਾਮਲ ਕਰਕੇ ਉਨ੍ਹਾਂ ਨੂੰ ਯੋਗ ਅਹੁਦੇ ਵੀ ਦਿੱਤੇ ਗਏ।ਇਸ ਮੌਕੇ ਜੋਗਿੰਦਰ ਸਿੰਘ ਅਲੀਪੁਰ, ਦਰਸ਼ਨ ਸਿੰਘ ਬਾਜਵਾ, ਹਮੀਰ ਸਿੰਘ ਬੀਹਲਾ, ਪ੍ਰੇਮ ਸਿੰਘ ਸੱਦੋਵਾਲ, ਗੁਰਪ੍ਰੀਤ ਸਿੰਘ ਮੂੰਮ, ਸ਼ਿੰਦਰਪਾਲ ਸਿੰਘ ਝਲੂਰ, ਦਰਸ਼ਨ ਸਿੰਘ ਸੋਹੀਆਂ ਆਦਿ ਨੇ ਵੀ ਵਿਚਾਰ ਰੱਖੇ।

# ਪੰਜਾਬ ਸਰਕਾਰ ਪੱਤਰਕਾਰਾਂ ਨੂੰ ਡਰਾ ਕੇ ਆਵਾਜ਼ ਬੰਦ ਕਰਨ ਦਾ ਪਾਲ ਰਹੀ ਹੈ ਭਰਮ : ਮਨਜੀਤ ਧਨੇਰ

- **ਪੱਤਰਕਾਰਾਂ ਖਿਲਾਫ ਹਰ ਤਰ੍ਹਾਂ ਦੇ ਧੱਕੇ ਦਾ ਕਰਾਂਗੇ ਡਟ ਕੇ ਵਿਰੋਧ : ਗੁਰਦੀਪ**
- **ਪੰਜਾਬੀਆਂ ਦਾ ਧੱਕੇ ਖਿਲਾਫ ਲੜਨ ਦਾ ਇਤਿਹਾਸ ਨਾ ਭੁੱਲੇ ਸਰਕਾਰ : ਹਰਨੇਕ**

**ਲੁਧਿਆਣਾ (ਰੈਕਟਰ ਕਥੂਰੀਆ)**

ਭਾਰਤੀ ਕਿਸਾਨ ਯੂਨੀਅਨ ਏਕਤਾ-ਡਕੌਂਦਾ ਦੀ ਸੂਬਾ ਕਮੇਟੀ ਨੇ ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ ਨੂੰ ਪੁੱਛ-ਪੜਤਾਲ ਦੇ ਬਹਾਨੇ ਡਰਾਉਣ ਤੇ ਧਮਕਾਉਣ ਦੀਆਂ ਕੋਸ਼ਿਸ਼ਾਂ ਦਾ ਸਖਤ ਨੋਟਿਸ ਲਿਆ ਹੈ। ਇਸ ਸਬੰਧੀ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਕਿ ਪਿਛਲੇ ਦਿਨਾਂ ਵਿੱਚ ਪੰਜਾਬ ਸਰਕਾਰ ਦੀਆਂ ਖੁਫੀਆ ਏਜੰਸੀਆਂ ਵੱਲੋਂ ਲੋਕ ਪੱਖੀ ਪੱਤਰਕਾਰਾਂ ਨੂੰ ਆਨੇ ਬਹਾਨੇ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਲੋਕ ਆਵਾਜ਼ ਟੀਵੀ ਦੇ ਮਨਿੰਦਰਜੀਤ ਸਿੱਧੂ, ਮਿੰਟੂ ਗੁਰੂਸਰੀਆ, ਏਬੀਸੀ ਪੰਜਾਬ ਦੇ ਸੰਦੀਪ ਲਾਧੂਕਾ, ਪੰਜਾਬੀ ਨਿਊਜ਼ ਕਾਰਨਰ ਦੇ ਗੁਰਪ੍ਰੀਤ ਸਿੰਘ, ਆਰ ਐੱਮ ਬੀ ਟੈਲੀਵਿਜ਼ਨ ਦੇ ਜਸ ਗਰੇਵਾਲ ਤੇ ਲਾਈਵ ਸਚ ਟੀ ਵੀ ਦੇ ਬਖਸ਼ੀਸ਼ ਆਜ਼ਾਦ ਨੂੰ ਵੱਖ ਵੱਖ ਤਰੀਕਿਆਂ ਨਾਲ ਤੰਗ ਪ੍ਰੇਸ਼ਾਨ ਕਰਨ ਤੇ ਡਰਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਨ੍ਹਾਂ ਪੱਤਰਕਾਰਾਂ ਨੂੰ ਖੁਫੀਆ ਵਿਭਾਗ ਵੱਲੋਂ ਬੁਲਾ ਕੇ ਘੰਟਿਆਂ ਬੱਧੀ ਪੁੱਛਗਿੱਛ ਕੀਤੀ ਜਾ ਰਹੀ ਹੈ, ਉਨ੍ਹਾਂ ਬਾਰੇ ਹਰ ਤਰ੍ਹਾਂ ਦੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਦੇ ਪਰਿਵਾਰਾਂ ਦੇ ਵੇਰਵੇ ਇਕੱਠੇ ਕੀਤੇ ਜਾ ਰਹੇ ਹਨ।

ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਭਰਮ ਹੈ ਕਿ ਉਹ ਯੂ ਪੀ ਦੇ ਮੁੱਖ ਮੰਤਰੀ ਆਦਿੱਤਿਆਨਾਥ ਯੋਗੀ ਵਾਂਗੂ ਪੰਜਾਬ ਵਿੱਚ ਤਾਨਾਸ਼ਾਹੀ ਵਰਤ ਕੇ ਲੋਕਾਂ ਦੀ ਆਵਾਜ਼ ਨੂੰ ਦਬਾ ਲਵੇਗਾ। ਜਾਪਦਾ ਹੈ ਕਿ ਮੁੱਖ ਮੰਤਰੀ ਪੰਜਾਬ ਦੇ ਇਤਿਹਾਸ ਨੂੰ ਭੁੱਲ ਗਏ ਹਨ। ਉਨ੍ਹਾਂ ਕਿਹਾ ਕਿ ਹਰ ਤਾਨਾਸ਼ਾਹ ਇਹੋ ਹੀ ਸੋਚਦਾ ਹੈ, ਪਰ ਤਾਨਾਸ਼ਾਹਾਂ ਦਾ ਜੋ ਅੰਤ ਹੁੰਦਾ ਹੈ, ਉਸ ਨੂੰ ਸਾਰੇ ਲੋਕ ਚੰਗੀ ਤਰ੍ਹਾਂ ਜਾਣਦੇ ਹਨ। ਪੰਜਾਬ ਦੇ ਲੋਕ ਕਦੇ ਵੀ ਜਬਰ ਅੱਗੇ ਨਹੀਂ ਝੁਕੇ। ਭਗਵੰਤ ਮਾਨ ਸਰਕਾਰ ਨੂੰ 'ਜਬਰ ਖਿਲਾਫ ਟਾਕਰੇ ਦਾ ਇਤਿਹਾਸ' ਕੰਧ 'ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ।

ਜਥੇਬੰਦੀ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਪੱਤਰਕਾਰਾਂ ਨੂੰ ਡਰਾਉਣ ਦੀਆਂ ਕੋਸ਼ਿਸ਼ਾਂ ਦਾ ਸਖਤ ਵਿਰੋਧ ਕਰਦਿਆਂ ਕਿਹਾ ਕਿ ਸਾਡੀ ਜਥੇਬੰਦੀ ਭਾਰਤੀ ਕਿਸਾਨ ਯੂਨੀਅਨ ਏਕਤਾ-ਡਕੌਂਦਾ ਪੱਤਰਕਾਰਾਂ 'ਤੇ ਕਿਸੇ ਵੀ ਤਰ੍ਹਾਂ ਦੇ ਜਬਰ ਦਾ ਡੱਟ ਕੇ ਵਿਰੋਧ ਕਰੇਗੀ ਤੇ ਉਨ੍ਹਾਂ ਦੀ ਆਪਣੇ ਵਿਚਾਰ ਪ੍ਰਗਟਾਉਣ ਦੀ ਆਜ਼ਾਦੀ ਦੀ ਰਾਖੀ ਕਰਨ ਲਈ ਉਨ੍ਹਾਂ ਦਾ ਡੱਟ ਕੇ ਸਾਥ ਦੇਵੇਗੀ।

ਸੂਬਾ ਕਮੇਟੀ ਨੇ ਪੰਜਾਬ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਪੱਤਰਕਾਰਾਂ ਦੀ ਅਵਾਜ਼ ਦਬਾਉਣ ਤੇ ਮਜ਼ਦੂਰ ਵਿਰੋਧੀ ਕਾਨੂੰਨਾਂ ਖਿਲਾਫ ਉੱਠ ਖੜੇ ਹੋਣ ਅਤੇ ਇਨ੍ਹਾਂ ਲੋਕ ਵਿਰੋਧੀ ਨੀਤੀਆਂ ਦਾ ਡੱਟਵਾਂ ਵਿਰੋਧ ਕਰਨ। ਇਹ ਬਿਆਨ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰੈੱਸ ਸਕੱਤਰ ਅੰਗਰੇਜ ਸਿੰਘ ਭਦੌੜ ਨੇ ਜਾਰੀ ਕੀਤਾ।

## ਡਾਕਟਰ ਯੂਨੀਅਨ ਨੀਮਾ ਦੀ ਚੋਣ ਸੰਬੰਧੀ ਮੀਟਿੰਗ

**ਕੋਟਕਪੂਰਾ (ਰਛਪਾਲ ਭੁੱਲਰ)**-ਸਥਾਨਕ ਫਰੀਦਕੋਟ ਰੋਡ ਵਿਖੇ ਸਥਿਤ ਇੱਕ ਨਿੱਜੀ ਰੈਸਟੋਰੈਂਟ ਵਿੱਚ ਡਾਕਟਰ ਯੂਨੀਅਨ ਨੀਮਾ ਦੀ ਚੋਣ ਸਬੰਧੀ ਇੱਕ ਜ਼ਰੂਰੀ ਮੀਟਿੰਗ ਹੋਈ।ਇਸ ਮੌਕੇ ਨੀਮਾ ਦੇ ਪੰਜਾਬ ਪ੍ਰਧਾਨ ਪਰਵਿੰਦਰ ਬਜਾਜ, ਪੰਜਾਬ ਸਕੱਤਰ ਅਨਿਲ ਨਾਗਰਥ ਤੇ ਸਟੇਟ ਕੈਸ਼ੀਅਰ ਵਿਪੁਲ ਕੱਕੜ ਵਿਸ਼ੇਸ਼ ਤੌਰ 'ਤੇ ਚੋਣਾਂ ਕਰਵਾਉਣ ਲਈ ਸ਼ਾਮਲ ਹੋਏ।ਇਸ ਮੌਕੇ ਸਰਬਸੰਮਤੀ ਨਾਲ ਪੁਰਾਣੀ ਚੱਲ ਰਹੀ ਟੀਮ ਨੂੰ ਹੀ ਅਗਲੇ ਸਾਲ ਲਈ ਮੁੜ ਨਿਯੁਕਤ ਕਰ ਦਿੱਤਾ ਗਿਆ, ਜਿਸ ਵਿੱਚ ਡਾ. ਸਤੀਸ਼ ਸ਼ਰਮਾ ਨੂੰ ਪ੍ਰਧਾਨ, ਡਾ. ਰਿੰਕੂ ਸੇਠੀ ਨੂੰ ਜਨਰਲ ਸਕੱਤਰ ਤੇ ਡਾ. ਰਕੇਸ਼ ਗਿਰਧਰ ਨੂੰ ਕੈਸ਼ੀਅਰ ਦਾ ਅਹੁਦਾ ਸੌਂਪਿਆ ਗਿਆ ਅਤੇ ਬਾਕੀ ਮੈਂਬਰਾਂ ਦੇ ਨਾਲ ਅਗਲੇ ਸਾਲ ਲਈ ਕਾਰਜਕਾਰਨੀ ਬਣਾਉਣ ਦਾ ਕਾਰਜ ਭਾਰ ਸੰਭਾਲਿਆ ਗਿਆ।ਇਸ ਮੌਕੇ ਪੰਜਾਬ ਪ੍ਰਧਾਨ ਨੇ ਦੱਸਿਆ ਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੇ ਸ਼ਹਿਰਾਂ ਵਿੱਚ ਹੋਰ ਵੀ ਕਾਰਜਕਾਰਨੀਆਂ ਦੀ ਸਥਾਪਨਾ ਵੱਡੇ ਪੱਧਰ 'ਤੇ ਕੀਤੀ ਜਾ ਰਹੀ ਹੈ।ਪੰਜਾਬ ਸਕੱਤਰ ਅਨਿਲ ਗਿਰਧਰ ਨੇ ਇਸ ਮੌਕੇ ਐੱਮ.ਬੀ.ਐੱਸ. ਸਕੀਮ ਬਾਰੇ ਚਾਨਣਾ ਪਾਇਆ, ਜਿਸ ਅਧੀਨ ਯੂਨੀਅਨ ਦੇ ਕਿਸੇ ਵੀ ਮੈਂਬਰ ਦੀ ਕੁਦਰਤੀ ਜਾਂ ਗੈਰ-ਕੁਦਰਤੀ ਮੌਤ ਹੋਣ ਉਪਰੰਤ ਉਸ ਦੇ ਪਰਿਵਾਰਕ ਮੈਂਬਰਾਂ ਜਾਂ ਨੌਮੀਨੀ ਨੂੰ ਸਵਾ ਲੱਖ ਰੁਪਏ ਤੱਕ ਦੀ ਆਰਥਿਕ ਸਹਾਇਤਾ 24 ਘੰਟੇ ਦੇ ਅੰਦਰ ਦਿੱਤੀ ਜਾਂਦੀ ਹੈ।ਇਸ ਮੌਕੇ ਡਾ. ਭਾਵਿਤ ਗੋਇਲ, ਡਾ. ਪਾਇਲ, ਡਾ. ਨੀਰੂ ਸ਼ਰਮਾ, ਡਾ. ਯਸ਼ਪਾਲ, ਡਾ. ਕੰਚਨ, ਡਾ. ਕੁਲਭੂਸ਼ਨ ਛਾਬੜਾ, ਡਾ. ਅਨੁ ਕਟਾਰੀਆ, ਡਾ. ਵਿਸ਼ੇਸ਼, ਡਾ. ਕਮਲ ਸ਼ਰਮਾ, ਡਾ. ਕਾਲੜਾ, ਡਾ. ਉਤਕਰਸ਼, ਡਾ. ਗਗਨਦੀਪ, ਡਾ. ਦੀਪਸ਼ਿਖਾ ਆਦਿ ਹਾਜ਼ਰ ਸਨ।

## ਪੰਜਾਬੀ ਭਾਸ਼ਾ ਬਾਰੇ ਸੈਮੀਨਾਰ ਕਰਾਉਣ ਦਾ ਫ਼ੈਸਲਾ

**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਦੀ ਵਿਸ਼ੇਸ਼ ਇਕੱਤਰਤਾ ਲੇਖਕ ਭਵਨ ਵਿਖੇ ਸਭਾ ਦੇ ਪ੍ਰਧਾਨ ਕਰਮ ਸਿੰਘ ਜ਼ਖ਼ਮੀ ਦੀ ਪ੍ਰਧਾਨਗੀ ਵਿੱਚ ਹੋਈ, ਜਿਸ ਵਿੱਚ 22 ਜੂਨ ਨੂੰ ਮਨਾਏ ਜਾ ਰਹੇ ਸਭਾ ਦੇ ਸਥਾਪਨਾ ਦਿਵਸ 'ਤੇ 'ਪੰਜਾਬੀ ਸਾਹਿਤ ਨੂੰ ਸਾਹਿਤ ਸਭਾਵਾਂ ਦੀ ਦੇਣ' ਵਿਸ਼ੇ 'ਤੇ ਸੈਮੀਨਾਰ ਕਰਾਉਣ ਦਾ ਫ਼ੈਸਲਾ ਕੀਤਾ ਗਿਆ। ਸਭਾ ਦੇ ਪ੍ਰੈੱਸ ਸਕੱਤਰ ਪਵਨ ਕੁਮਾਰ ਹੋਸ਼ੀ ਨੇ ਦੱਸਿਆ ਕਿ ਇਸ ਵਿਸ਼ਾਲ ਸੈਮੀਨਾਰ ਵਿੱਚ ਸਿਰਮੌਰ ਪੰਜਾਬੀ ਨਾਵਲਕਾਰ ਤੇ ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਦੇ ਸੰਚਾਲਕ ਮਿੱਤਰ ਸੈਨ ਮੀਤ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਣਗੇ। ਜ਼ਿਕਰਯੋਗ ਹੈ ਕਿ ਇਸ ਦਿਨ ਮਿੱਤਰ ਸੈਨ ਮੀਤ ਪਹਿਲੀ ਅਲਮਾਰੀ ਰੱਖ ਕੇ ਸਭਾ ਦੀ ਲਾਇਬ੍ਰੇਰੀ ਦਾ ਉਦਘਾਟਨ ਵੀ ਕਰਨਗੇ। ਇਕੱਤਰਤਾ ਵਿੱਚ ਸਭਾ ਵੱਲੋਂ ਇੱਕ ਸਾਂਝਾ ਕਾਵਿ-ਸੰਗ੍ਰਹਿ ਪ੍ਰਕਾਸ਼ਿਤ ਕਰਾਉਣ ਦਾ ਫ਼ੈਸਲਾ ਵੀ ਕੀਤਾ ਗਿਆ। ਇਸ ਸਾਂਝੇ ਕਾਵਿ-ਸੰਗ੍ਰਹਿ 'ਚ ਪ੍ਰਕਾਸ਼ਤ ਕਰਾਉਣ ਲਈ ਕਵੀ ਸਾਹਿਬਾਨ ਨੂੰ ਸਭਾ ਦੇ ਸਥਾਪਨਾ ਦਿਵਸ ਤੱਕ ਚਾਰ-ਚਾਰ ਰਚਨਾਵਾਂ ਤੇ ਸੰਖੇਪ ਜੀਵਨ ਵੇਰਵਾ ਪਹੁੰਚਦਾ ਕਰਨ ਲਈ ਕਿਹਾ ਗਿਆ। ਇਸ ਮੌਕੇ ਸ਼੍ਰੋਮਣੀ ਸੰਤ ਕਬੀਰ ਜੀ ਨੂੰ ਸਮਰਪਤ ਕਵੀ ਦਰਬਾਰ ਵੀ ਹੋਇਆ, ਜਿਸ ਵਿੱਚ ਕਰਮ ਸਿੰਘ ਜ਼ਖ਼ਮੀ, ਰਾਜਿੰਦਰ ਸਿੰਘ ਰਾਜਨ, ਸੁਖਵਿੰਦਰ ਸਿੰਘ ਲੋਟੇ, ਸੁਰਜੀਤ ਸਿੰਘ ਮੌਜੀ, ਪਵਨ ਕੁਮਾਰ ਹੋਸ਼ੀ, ਗੁਰਮੀਤ ਸਿੰਘ ਸੋਹੀ, ਗੁਰਮੁਖ ਸਿੰਘ ਦਿਲਬਰ, ਨਿਰਮਲ ਸਿੰਘ, ਭੁਪਿੰਦਰ ਨਾਗਪਾਲ, ਮੁਲਖ ਰਾਜ ਲਹਿਰੀ, ਬਲਜਿੰਦਰ ਬੱਲੀ ਈਲਵਾਲ ਤੇ ਧਰਮਵੀਰ ਆਦਿ ਕਵੀਆਂ ਨੇ ਆਪਣੀਆਂ ਰਚਨਾਵਾਂ ਨਾਲ ਹਾਜ਼ਰੀ ਲਵਾਈ।

## ਈ ਟੀ ਟੀ ਟੀਚਰਜ਼ ਯੂਨੀਅਨ 12 ਦੇ ਲੁਧਿਆਣਾ ਝੰਡਾ ਮਾਰਚ 'ਚ ਹੋਵੇਗੀ ਸ਼ਾਮਲ : ਢਾਬਾਂ




**ਜਲਾਲਾਬਾਦ (ਜੀਤ ਕੁਮਾਰ)**-ਈ.ਟੀ.ਟੀ. ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਢਾਬਾਂ, ਮਾਲਵਾ ਜ਼ੋਨ ਦੇ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਬਿੱਟੂ, ਜ਼ਿਲ੍ਹਾ ਪ੍ਰਧਾਨ ਸੁਨੀਲ ਕੁਮਾਰ ਗਾਬਾ ਤੇ ਜਲਾਲਾਬਾਦ ਤਹਿਸੀਲ ਪ੍ਰਧਾਨ ਸ਼ਗਨ ਸਿੰਘ ਵੱਲੋਂ ਇਥੇ ਪੱਤਰਕਾਰਾਂ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲਗਾਤਾਰ ਜਥੇਬੰਦੀਆਂ ਨਾਲ ਮੀਟਿੰਗਾਂ ਕਰਕੇ ਮਸਲੇ ਹੱਲ ਕਰਨ ਦਾ ਭਰੋਸਾ ਦਿੱਤਾ ਜਾ ਰਿਹਾ ਹੈ, ਪ੍ਰੰਤੂ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਅਧਿਆਪਕਾਂ ਦੇ ਮਸਲੇ ਹੱਲ ਕਰਨ ਲਈ ਸੰਜੀਦਾ ਨਹੀਂ ਹੈ ਅਤੇ ਲਾਰੇ ਲਗਾ ਕੇ ਡੰਗ ਟਪਾਊ ਨੀਤੀ ਅਪਣਾ ਰਹੀ ਹੈ, ਜੋ ਮੁਲਾਜ਼ਮ ਜਥੇਬੰਦੀਆਂ ਨੂੰ ਮਨਜ਼ੂਰ ਨਹੀਂ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਜਥੇਬੰਦੀਆਂ ਨੂੰ ਮੀਟਿੰਗਾਂ ਦੇ ਕੇ ਸਿਰਫ ਟਾਈਮ ਪਾਸ ਕੀਤਾ ਜਾਂਦਾ ਹੈ, ਪ੍ਰੰਤੂ ਕੋਈ ਮੰਗ ਦਾ ਹੱਲ ਨਹੀਂ ਕੀਤਾ ਜਾ ਰਿਹਾ ਹੈ, ਜ਼ਿਆਦਾਤਰ ਮੀਟਿੰਗਾਂ ਬੇ-ਸਿੱਟਾ ਹੀ ਹੁੰਦੀਆਂ ਹਨ। ਇਸੇ ਰੋਸ ਵਜੋਂ 12 ਜੂਨ 2025 ਨੂੰ ਲੁਧਿਆਣਾ ਵਿਖੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਤੇ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਵਿਸ਼ਾਲ ਝੰਡਾ ਮਾਰਚ ਕੀਤਾ ਜਾ ਰਿਹਾ ਹੈ, ਜਿਸ ਵਿੱਚ ਈ.ਟੀ.ਟੀ. ਟੀਚਰਜ਼ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ ਤੇ ਤਹਿਸੀਲ ਜਲਾਲਾਬਾਦ ਵਿੱਚੋਂ ਵੱਡੀ ਗਿਣਤੀ ਵਿਚ ਅਧਿਆਪਕ ਤੇ ਸਮੂਹ ਵਿਭਾਗਾਂ ਦੇ ਮੁਲਾਜ਼ਮ ਸ਼ਮੂਲੀਅਤ ਕਰਨਗੇ।

ਈ.ਟੀ.ਟੀ. ਟੀਚਰਜ਼ ਯੂਨੀਅਨ ਦੇ ਆਗੂਆਂ ਨੇ ਈ.ਟੀ.ਟੀ. ਕੇਡਰ ਤੇ ਸਮੂਹ ਡਿਪਾਰਟਮੈਂਟ ਵਿੱਚ ਕੰਮ ਕਰਦੇ ਐੱਨ.ਪੀ.ਐੱਸ. ਕਰਮਚਾਰੀ ਨੂੰ ਅਪੀਲ ਵੀ ਕੀਤੀ ਕਿ ਅਪਣੀ ਜ਼ੁੰਮੇਵਾਰੀ ਸਮਝਦੇ ਹੋਏ 12 ਜੂਨ ਨੂੰ ਲੁਧਿਆਣਾ ਵਿਖੇ ਵਿਸ਼ਾਲ ਝੰਡਾ ਮਾਰਚ ਵਿੱਚ ਸ਼ਾਮਲ ਹੋਣ, ਤਾਂ ਜੋ ਪੰਜਾਬ ਸਰਕਾਰ ਤੋਂ ਆਪਣੀ ਹੱਕੀ ਮੰਗ ਬੁਢਾਪੇ ਦੀ ਡੰਗੋਰੀ ਪੁਰਾਣੀ ਪੈਨਸ਼ਨ ਬਹਾਲ ਕਰਵਾ ਸਕੀਏ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਜੋ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ, ਉਹ ਵਾਅਦਾ ਪੂਰਾ ਕੀਤਾ ਜਾਵੇ।

# ਸੀ ਪੀ ਐੱਫ ਇੰਪਲਾਈਜ਼ ਯੂਨੀਅਨ ਵੱਲੋਂ 12 ਨੂੰ ਲੁਧਿਆਣਾ 'ਚ ਝੰਡਾ ਮਾਰਚ

**ਜ਼ਿਮਨੀ ਚੋਣ ਦੌਰਾਨ ਆਪ ਸਰਕਾਰ ਦੀ ਵਾਅਦਾ-ਖਿਲਾਫੀ ਦੀ ਖੋਲ੍ਹਾਂਗੇ ਪੋਲ : ਅਲੀਸ਼ੇਰ**



**ਮਾਨਸਾ (ਆਤਮਾ ਸਿੰਘ ਪਮਾਰ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਕਨਵੀਨਰ ਦਰਸ਼ਨ ਸਿੰਘ ਅਲੀਸ਼ੇਰ ਤੇ ਜ਼ਿਲ੍ਹਾ ਕੋ ਕਨਵੀਨਰ ਲਖਵਿੰਦਰ ਸਿੰਘ ਮਾਨ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਟੇਟ ਕੋ ਕਨਵੀਨਰ ਕਰਮਜੀਤ ਸਿੰਘ ਤਾਮਕੋਟ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ, ਪ੍ਰੰਤੂ ਅੱਜ ਤੋਂ ਲਗਭਗ ਢਾਈ ਕੁ ਸਾਲ ਪਹਿਲਾਂ ਹਿਮਾਚਲ ਤੇ ਗੁਜਰਾਤ ਦੀਆਂ ਚੋਣਾਂ ਵਿੱਚ ਵੋਟਾਂ ਲੈਣ ਲਈ ਇਨ੍ਹਾਂ ਨੇ ਪੰਜਾਬ ਵਿੱਚ ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਸੀ, ਪ੍ਰੰਤੂ ਅੱਜ ਤੱਕ ਉਹ ਨੋਟੀਫਿਕੇਸ਼ਨ ਲਾਗੂ ਕਰਨ ਵਿੱਚ ਸਰਕਾਰ ਨਾਕਾਮ ਰਹੀ ਹੈ। ਵਾਰ ਵਾਰ ਜਥੇਬੰਦੀਆਂ ਨੂੰ ਸਮਾਂ ਦੇ ਕੇ ਇਹ ਸਰਕਾਰ ਮੀਟਿੰਗ ਤੋਂ ਵੀ ਭੱਜ ਰਹੀ ਹੈ ਅਤੇ ਹੁਣ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਸੀ ਪੀ ਐੱਫ ਇੰਪਲਾਈਜ਼ ਦੋਵੇਂ ਜਥੇਬੰਦੀਆਂ ਸਾਂਝੇ ਰੂਪ ਵਿੱਚ ਸਰਕਾਰ ਨੂੰ ਘੇਰਨ ਲਈ ਝੰਡਾ ਮਾਰਚ ਕਰਕੇ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣਾਂ ਦੌਰਾਨ ਆਪ ਸਰਕਾਰ ਦੀ ਵਾਅਦਾ ਖਿਲਾਫੀ ਦੀ ਪੋਲ ਆਮ ਲੋਕਾਂ ਵਿੱਚ ਖੋਲ੍ਹਣਗੀਆਂ। ਪੀੜਤ ਐੱਨਪੀਐੱਸ ਕਰਮਚਾਰੀ ਤੀਬਰ ਗੁੱਸੇ ਤੇ ਰੋਹ ਵਿੱਚ ਹਨ, ਜਿਸ ਦੀ ਸ਼ੁਰੂਆਤ 12 ਜੂਨ ਨੂੰ ਲੁਧਿਆਣੇ ਤੋਂ ਕੀਤੀ ਜਾਵੇਗੀ।

ਆਗੂਆਂ ਨਿਤਿਨ ਸੋਢੀ, ਸਹਿਦੇਵ ਸਿੰਘ, ਹਰਜਿੰਦਰ ਅਨੂਪਗੜ੍ਹ ਨੇ ਕਿਹਾ ਕਿ ਇਸ ਐਕਸ਼ਨ ਤਹਿਤ ਪੂਰੇ ਪੰਜਾਬ ਤੋਂ ਲੱਖਾਂ ਮੁਲਾਜ਼ਮਾਂ ਦਾ ਸੈਲਾਬ ਲੁਧਿਆਣੇ ਵਿਖੇ ਸ਼ਮੂਲੀਅਤ ਕਰੇਗਾ, ਜੋ ਲੁਧਿਆਣਾ ਵਿਖੇ ਵਿਸ਼ਾਲ ਝੰਡਾ ਮਾਰਚ ਕਰਕੇ ਲੋਕਾਂ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਚੋਣਾਂ ਦੌਰਾਨ ਕੀਤੇ ਝੂਠੇ ਵਾਅਦਿਆਂ ਦੀ ਪੋਲ ਸੂਝਵਾਨ ਵੋਟਰਾਂ ਵਿੱਚ ਖੋਲ੍ਹਣਗੇ ਤੇ ਆਪ ਸਰਕਾਰ ਨੂੰ ਸਬਕ ਸਿਖਾਉਣ ਦੀ ਅਪੀਲ ਵੀ ਕਰਨਗੇ। ਇਸ ਮੌਕੇ ਜਸਵਿੰਦਰ ਜੋਗਾ, ਜਤਿੰਦਰਪਾਲ ਭੀਖੀ, ਗੁਰਦੀਪ ਬਰਨਾਲਾ, ਨਵਜੋਸ ਸਪੋਲੀਆ ਜੁਗਰਾਜ ਭੀਖੀ, ਗੁਰਜੰਟ ਨੰਗਲ, ਇਕਬਾਲ ਉੱਭਾ, ਈਸਵਰ ਦਾਸ, ਹਰਦੀਪ ਮੱਤੀ, ਚਮਕੌਰ ਹੀਰੋਂ, ਮਨਜੀਤ ਬੱਪੀਆਣਾ, ਊਧਮ ਮੰਦਰਾਂ, ਜਗਜੀਵਨ ਆਲੀਕੇ, ਅਜੈਬ ਟਾਂਡੀਆਂ, ਕੁਲਵਿੰਦਰ ਸਿੰਘ ਪੀਟੀਆਈ, ਰਮੇਸ਼ ਕੁਮਾਰ, ਸ਼ਿੰਗਾਰਾ ਸਿੰਘ, ਰਾਜ ਹੀਰੋ, ਸਮਸ਼ੇਰ ਬਰੇਟਾ, ਹਰਜੀਤ ਜੋਗਾ, ਸੁਖਦੀਪ ਗਿੱਲ, ਅੰਗਰੇਜ ਸਿੰਘ, ਜਸਵੰਤ ਕੌਰ, ਕਵਿਤਾ ਸਰਮਾ, ਬੇਅੰਤ ਕੌਰ, ਅਮਨਦੀਪ ਕੌਰ, ਹਰਜੀਤ ਕੌਰ, ਗੁਰਜੀਤ ਰੜ੍ਹ, ਕਰਮਜੀਤ ਜੋਗਾ, ਹਰਦੇਵ ਜੋਗਾ ਆਦਿ ਆਗੂ ਹਾਜ਼ਰ ਸਨ।

## ਸਾਲਾਨਾ ਕਰਜ਼ਾ ਯੋਜਨਾ ਦੇ ਟੀਚੇ ਹਰ ਹਾਲ ਪੂਰੇ ਕੀਤੇ ਜਾਣ : ਡਿਪਟੀ ਕਮਿਸ਼ਨਰ

**ਸੰਗਰੂਰ (ਪ੍ਰਵੀਨ ਸਿੰਘ)**

ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਨੇ ਕਿਹਾ ਹੈ ਕਿ ਜੋ ਸਾਲਾਨਾ ਕਰਜਾ ਯੋਜਨਾਵਾਂ ਬਣਾਈਆਂ ਜਾਂਦੀਆਂ ਹਨ, ਉਹ ਕਿਸੇ ਵੀ ਜ਼ਿਲ੍ਹੇ ਦੇ ਆਰਥਿਕ ਤੇ ਹੋਰ ਪੱਖਾਂ ਦੇ ਸੰਦਰਭ ਵਿੱਚ ਹੀ ਬਣਾਈਆਂ ਜਾਂਦੀਆਂ ਹਨ। ਇਸ ਲਈ ਉਨ੍ਹਾਂ ਜ਼ਿਲ੍ਹਾ ਸੰਗਰੂਰ ਵਿੱਚ ਕੰਮ ਕਰ ਰਹੀਆਂ ਬੈਂਕਾਂ ਦੇ ਪ੍ਰਬੰਧਕਾਂ ਨੂੰ ਹਦਾਇਤ ਕੀਤੀ ਹੈ ਕਿ ਇਸ ਯੋਜਨਾ ਦੇ ਸਾਲਾਨਾ ਟੀਚੇ ਨੂੰ ਪ੍ਰਾਪਤ ਕਰਨਾ ਹਰੇਕ ਬੈਂਕ ਦਾ ਫ਼ਰਜ਼ ਬਣਦਾ ਹੈ। ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਪੱਧਰੀ ਰਿਵਿਊ ਕਮੇਟੀ ਦੀ ਮੀਟਿੰਗ ਦੌਰਾਨ ਵੱਖ-ਵੱਖ ਬੈਂਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ ਬੈਂਕਾਂ ਨੂੰ ਖੇਤੀਬਾੜੀ ਖੇਤਰ ਤੇ ਹੋਰ ਤਰਜ਼ੀਹੀ ਖੇਤਰਾਂ ਦੇ ਟੀਚੇ ਹਰ ਹਾਲ ਵਿੱਚ ਪ੍ਰਾਪਤ ਕਰਨ ਲਈ ਯਤਨ ਕਰਨੇ ਚਾਹੀਦੇ ਹਨ। ਦੱਸਣਯੋਗ ਹੈ ਲੰਘੇ ਵਿੱਤੀ ਸਾਲ ਦੌਰਾਨ ਤਰਜ਼ੀਹੀ ਖੇਤਰ 'ਚ 98.34 ਫ਼ੀਸਦੀ, ਖੇਤੀਬਾੜੀ ਖੇਤਰ ਵਿੱਚ 102.39 ਫੀਸਦੀ ਤੇ ਐੱਮ ਐੱਸ ਐੱਮ ਈ ਖੇਤਰ ਵਿੱਚ 93.36 ਫੀਸਦੀ ਟੀਚਾ ਪ੍ਰਾਪਤ ਕੀਤਾ ਗਿਆ ਹੈ, ਜੋ ਕੁੱਲ 84.94 ਫੀਸਦੀ ਬਣਦਾ ਹੈ। ਇਸ ਨੂੰ ਹੋਰ ਵਧਾਉਣ ਬਾਰੇ ਕਿਹਾ ਗਿਆ।

ਉਨ੍ਹਾਂ ਕਿਹਾ ਕਿ ਦੇਖਣ 'ਚ ਆਇਆ ਹੈ ਕਿ ਕਈ ਬੈਂਕਾਂ ਵਾਲਿਆਂ ਨੂੰ ਖੁਦ ਹੀ ਕਈ ਲੋਕ ਹਿੱਤ ਸਕੀਮਾਂ ਦੀ ਜਾਣਕਾਰੀ ਨਹੀਂ ਹੈ। ਜਾਣਕਾਰੀ ਦੀ ਅਣਹੋਂਦ ਵਿੱਚ ਉਹ ਆਮ ਲੋਕਾਂ ਨੂੰ ਵੀ ਜਾਣਕਾਰੀ ਦੇਣ ਵਿੱਚ ਅਸਮਰੱਥ ਹੁੰਦੇ ਹਨ। ਇਹੀ ਕਾਰਨ ਹੈ ਕਿ ਕਈ ਲੋੜਵੰਦ ਲੋਕ ਇਨ੍ਹਾਂ ਸਕੀਮਾਂ ਦਾ ਲਾਭ ਲੈਣ ਤੋਂ ਵੀ ਵਾਂਝੇ ਰਹਿ ਜਾਂਦੇ ਹਨ। ਉਨ੍ਹਾਂ ਨੇ ਲੀਡ ਬੈਂਕ ਨੂੰ ਹਦਾਇਤ ਕੀਤੀ ਕਿ ਇਸ ਸਬੰਧੀ ਬੈਂਕਾਂ ਵਾਲਿਆਂ ਅਤੇ ਆਮ ਲੋਕਾਂ ਦੀ ਜਾਣਕਾਰੀ ਲਈ ਜਾਗਰੂਕਤਾ ਕੈਂਪ ਲਾਏ ਜਾਣ।

ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸਰਕਾਰੀ ਕਰਜ਼ਾ ਸਕੀਮਾਂ ਦਾ ਲਾਭ ਹਰੇਕ ਨੂੰ ਮਿਲੇ। ਇਹ ਵਿਭਾਗਾਂ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਸਿਰਫ ਯੋਗ ਵਿਅਕਤੀਆਂ ਦਾ ਹੀ ਅਪਲਾਈ ਕਰਾਇਆ ਜਾਵੇ ਤਾਂ ਜੁ ਬੈਂਕਾਂ ਵਾਲਿਆਂ ਦਾ ਸਮਾਂ ਬਰਬਾਦ ਨਾ ਹੋਵੇ। ਮੀਟਿੰਗ ਵਿੱਚ ਲੀਡ ਬੈਂਕ ਮੈਨੇਜਰ ਸ੍ਰੀ ਸੰਜੀਵ ਅਗਰਵਾਲ, ਰਿਜ਼ਰਵ ਬੈਂਕ ਆਫ ਇੰਡੀਆ ਤੋਂ ਸ੍ਰੀ ਆਲੋਕ ਰੰਜਨ, ਨਾਬਾਰਡ ਦੇ ਡੀ.ਡੀ.ਐਮ. ਸ੍ਰੀ ਮੁਨੀਸ਼ ਗੁਪਤਾ ਤੇ ਹੋਰ ਵੀ ਮੌਜੂਦ ਸਨ।

## ਬਦਲੀਆਂ ਦਾ ਪੋਰਟਲ ਖੁੱਲ੍ਹਣ ਤੋਂ ਬਾਅਦ ਵੀ ਸਰਕਾਰ ਨੇ 4161 ਮਾਸਟਰ ਕੇਡਰ ਨੂੰ ਵਾਂਝਾ ਰੱਖਿਆ

**ਨਾਭਾ (ਵਰਿੰਦਰ ਵਰਮਾ)**

4161 ਮਾਸਟਰ ਕੇਡਰ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੇਲ ਸਿੰਘ ਕੁਲਰੀਆਂ ਨੇ 4161 ਮਾਸਟਰ ਕੇਡਰ ਨੂੰ ਵੀ ਬਦਲੀਆਂ ਦਾ ਮੌਕਾ ਦੇਣ ਦੀ ਮੰਗ ਕੀਤੀ।

ਆਗੂਆਂ ਨੇ ਕਿਹਾ ਕਿ 4161 ਭਰਤੀ ਦਾ ਲਗਭਗ 90 ਫੀਸਦੀ ਕੇਡਰ ਆਪਣੇ ਘਰਾਂ ਤੋਂ ਬਹੁਤ ਦੂਰ ਬੈਠਾ ਹੈ, ਜਿਸ ਕਰਕੇ ਬਹੁਤ ਸਾਰੇ ਅਧਿਆਪਕ ਸਾਥੀ ਆਪਣੀਆਂ ਘਰੇਲੂ ਜ਼ਿੰਮੇਵਾਰੀਆਂ ਨੂੰ ਵੀ ਸਹੀ ਤਰੀਕੇ ਨਾਲ ਨਹੀਂ ਨਿਭਾਅ ਪਾ ਰਹੇ ਹਨ ਤੇ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਕ ਅਧਿਆਪਕ ਬਿਨਾਂ ਮਾਨਸਿਕ ਤਣਾਅ ਤੋਂ ਆਪਣੀ ਡਿਊਟੀ ਨੂੰ ਹੋਰ ਵੀ ਸੁਚੱਜੇ ਤਰੀਕੇ ਨਾਲ ਨਿਭਾਉਂਦਾ ਹੈ।

ਆਗੂਆਂ ਨੇ ਕਈ ਵਾਰ ਮਾਣਯੋਗ ਸਿੱਖਿਆ ਮੰਤਰੀ ਨਾਲ ਰਾਬਤਾ ਬਣਾਇਆ ਸੀ, ਜਿਸ ਵਿੱਚ ਹਰ ਵਾਰ ਸਿੱਖਿਆ ਮੰਤਰੀ ਵੱਲੋਂ ਭਰੋਸਾ ਦਿੱਤਾ ਜਾਂਦਾ ਰਿਹਾ ਹੈ ਕਿ ਤੁਹਾਨੂੰ ਵੀ ਬਦਲੀਆਂ ਦਾ ਮੌਕਾ ਦਿੱਤਾ ਜਾਵੇਗਾ, ਪਰ ਅਫਸੋਸ ਦੀ ਗੱਲ ਹੈ ਕਿ ਬੀਤੀ ਦਿਨੀਂ ਬਦਲੀਆਂ ਦਾ ਪੋਰਟਲ ਖੁੱਲ੍ਹ ਗਿਆ ਹੈ, ਪਰ 4161 ਮਾਸਟਰ ਕੇਡਰ ਨੂੰ ਇਸ ਤੋਂ ਵਾਂਝਾ ਰੱਖਿਆ ਗਿਆ ਹੈ। ਯੂਨੀਅਨ ਦੇ ਆਗੂਆਂ ਵੱਲੋਂ ਜਦੋਂ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਤਾਂ ਪਤਾ ਲੱਗਾ ਕਿ ਸਿੱਖਿਆ ਮੰਤਰੀ ਨੇ 4161 ਮਾਸਟਰ ਕੇਡਰ ਨੂੰ ਵੀ ਬਦਲੀਆਂ ਦਾ ਮੌਕਾ ਦੇਣ ਦੇ ਸਬੰਧ ਵਿੱਚ ਕੋਈ ਵੀ ਨੋਟਿਸ ਨਹੀਂ ਆਇਆ। ਉਨ੍ਹਾਂ ਦਾ ਜੇ ਸਾਡੇ ਕੋਲ ਸਿੱਖਿਆ ਮੰਤਰੀ ਜੀ ਵੱਲੋਂ ਕੋਈ ਵੀ ਨੋਟਿਸ ਆ ਜਾਂਦਾ ਹੈ ਤਾਂ 4161 ਮਾਸਟਰ ਕੇਡਰ ਨੂੰ ਵੀ ਹੋ ਰਹੀਆਂ ਬਦਲੀਆਂ ਵਿੱਚ ਮੌਕਾ ਦਿੱਤਾ ਜਾਵੇਗਾ। ਯੂਨੀਅਨ ਦੇ ਆਗੂਆਂ ਵੱਲੋਂ ਸਿੱਖਿਆ ਮੰਤਰੀ ਨੂੰ ਅਪੀਲ ਕੀਤੀ ਜਾਂਦੀ ਹੈ ਕਿ 4161 ਮਾਸਟਰ ਕੇਡਰ ਨੂੰ ਵੀ ਬਦਲੀਆਂ ਵਿੱਚ ਮੌਕਾ ਦਿੱਤਾ ਜਾਵੇ ਤਾਂ ਜੁ ਘਰਾਂ ਦੀ ਕਈ ਸੌ ਕਿਲੋਮੀਟਰ ਦੂਰ ਬੈਠੇ ਅਧਿਆਪਕ ਸਾਥੀ ਆਪਣੇ ਘਰਾਂ ਕੋਲ ਜਾ ਕੇ ਆਪਣੀ ਡਿਊਟੀ ਨਿਭਾਅ ਪਾਉਣ। ਜੇਕਰ 4161 ਮਾਸਟਰ ਕੇਡਰ ਨੂੰ ਬਦਲੀਆਂ ਵਿੱਚ ਮੌਕਾ ਨਾ ਦਿੱਤਾ ਗਿਆ ਤਾਂ ਆਉਣ ਵਾਲੀ 12 ਜੂਨ ਨੂੰ ਲੁਧਿਆਣਾ ਵਿਖੇ ਜ਼ਮੀਨੀ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ।

## ਗੁਰਮੇਲ ਸਿੰਘ ਐਸ.ਸੀ ਡਿਪਾਰਟਮੈਂਟ ਬਲਾਕ ਕੋਆਰਡੀਨੇਟਰ ਨਿਯੁਕਤ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ) ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਪਿੰਡ ਵਜੀਦਕੇ ਖੁਰਦ ਵਿਖੇ ਆਗੂ ਗਰਮੇਲ ਸਿੰਘ ਨੂੰ ਐਸ.ਸੀ. ਡਿਪਾਰਟਮੈਂਟ ਬਲਾਕ ਮਹਿਲ ਕਲਾਂ ਦਾ ਕੋਆਰਡੀਨੇਟਰ ਨਿਯੁਕਤ ਕਰਨ ਸੰਬੰਧੀ ਨਿਯੁਕਤੀ ਪੱਤਰ ਭੇਟ ਕੀਤਾ। ਵਿਧਾਇਕ ਕਾਲਾ ਢਿੱਲੋਂ ਨੇ 'ਆਪ' ਸਰਕਾਰ ਦੀ ਤਿੱਖੀ ਅਲੋਚਨਾ ਕਰਦਿਆ ਕਿਹਾ ਕਿ ਸੂਬਾ ਸਰਕਾਰ ਦੇ ਸਾਢੇ ਤਿੰਨ ਸਾਲ ਦੇ ਰਾਜਕਾਲ ਦੌਰਾਨ ਲੁੱਟਾਂ-ਖੋਹਾਂ, ਭ੍ਰਿਸ਼ਟਾਚਾਰ ਤੇ ਅੱਤਿਆਚਾਰ ਦੀਆਂ ਵਧ ਰਹੀਆਂ ਘਟਨਾਵਾਂ ਨੇ ਸਰਕਾਰ ਪ੍ਰਤੀ ਲੋਕਾਂ ਦਾ ਭਰੋਸਾ ਤੋੜ ਦਿੱਤਾ ਹੈ, ਜਿਸ ਕਰਕੇ ਹੁਣ ਪੰਜਾਬ ਦੇ ਲੋਕ ਕਾਂਗਰਸ ਪਾਰਟੀ ਨੂੰ ਅੱਗੇ ਲਿਆਉਣ ਦਾ ਮਨ ਬਣਾਈ ਬੈਠੇ ਹਨ। ਵਿਧਾਇਕ ਢਿੱਲੋਂ ਨੇ ਦਾਅਵੇ ਨਾਲ ਕਿਹਾ ਕਿ ਲੁਧਿਆਣਾ ਪੱਛਮੀ ਹਲਕੇ 'ਚ 19 ਜੂਨ ਨੂੰ ਹੋਣ ਵਾਲੀ ਜ਼ਿਮਨੀ ਚੋਣ ਦਾ ਨਤੀਜਾ ਕਾਂਗਰਸ ਉਮੀਦਵਾਰ ਅਤੇ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਦੇ ਹੱਕ ਵਿੱਚ ਆਵੇਗਾ। ਬਲਾਕ ਪ੍ਰਧਾਨ ਪ੍ਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ, ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਕਮੇਟੀ ਚੋਣਾਂ 'ਚ ਕਾਂਗਰਸ ਉਮੀਦਵਾਰਾਂ ਨੂੰ ਸਫਲ ਬਣਾਉਣ ਲਈ ਹੁਣੇ ਤੋਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ।


**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-PRKG25-11 | 19.06.2025 ਨੂੰ 11:30 ਵਜੇ | ਡੀਏਵੀ ਕਾਲੇਜ ਜਲੰਧਰ ਹਾਲਟ ਅਤੇ ਕਪੂਰਥਲਾ ਰੇਲਵੇ ਸਟੇਸ਼ਨ ਤੇ ਪਾਰਕਿੰਗ ਜਗ੍ਹਾ ਦਾ ਠੇਕੇ ਦਾ ਅਲਾਟਮੈਂਟ। |
| EAFZR-OH25-13 | 20.06.2025 ਨੂੰ 11:30 ਵਜੇ | ਵਾਣਿਜਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ: 1) ਸਾਹਨੇਵਾਲ, ਅੰਮ੍ਰਿਤਸਰ ਅਤੇ ਜਲੰਧਰ ਸਿਟੀ ਰੇਲਵੇ ਸਟੇਸ਼ਨ ਤੇ ਪਾਣੀ ਦੀਆਂ ਟੰਕੀਆਂ ਦੇ ਓਵਰਹੇਡ ਦੇ ਉਪਰ। 2) ਵੇਰਕਾ, ਜੈਂਤੀਪੁਰਾ, ਬਟਾਲਾ, ਭਗਤਾਂਵਾਲਾ ਅਤੇ ਪੱਟੀ ਰੇਲਵੇ ਸਟੇਸ਼ਨ ਨਾਲ ਲਗੇ ਲੇਵਲ ਕ੍ਰਾਸਿੰਗ ਤੇ ਸਟੇਟਿਕ ਮੀਡੀਆ ਦੇ ਮਾਧਿਅਮ ਨਾਲ। 3) ਗੋਰਾਯਾ ਅਤੇ ਲੋਹਿਯਾ ਖਾਸ ਰੇਲਵੇ ਸਟੇਸ਼ਨ ਤੇ ਸਟੇਟਿਕ ਮੀਡੀਆ ਦੇ ਮਾਧਿਅਮ ਨਾਲ। 4) ਮਖੂ ਅਤੇ ਨਕੋਦਰ ਰੇਲਵੇ ਸਟੇਸ਼ਨ ਤੇ ਸਟੇਟਿਕ ਮੀਡੀਆ/ਪਾਣੀ ਦੀ ਟੰਕੀ ਦੇ ਓਵਰਹੇਡ ਦੇ ਉਪਰ। |
| EAFZR-CTG25-18 | 21.06.2025 ਨੂੰ 11:30 ਵਜੇ | ਖੇਮਕਰਨ, ਮੁਕਤਸਰ, ਤਰਨਤਾਰਨ, ਕਰਤਾਰਪੁਰ, ਆਰਸੀਐਫ-ਕਪੂਰਥਲਾ ਹਾਲਟ, ਫਗਵਾੜਾ ਅਤੇ ਕੋਟਕਪੂਰਾ ਰੇਲਵੇ ਸਟੇਸ਼ਨਾਂ ਤੇ ਕੈਟਰਿੰਗ ਸਟਾਲ ਦਾ ਠੇਕੇ ਦਾ ਅਲਾਟਮੈਂਟ |
| EAFZR-PnU25-10 | 21.06.2025 ਨੂੰ 12:30 ਵਜੇ | ਫਿਲੌਰ, ਬਟਾਲਾ ਅਤੇ ਮੁਕਤਸਰ ਰੇਲਵੇ ਸਟੇਸ਼ਨਾਂ ਤੇ ਪੇ ਐਂਡ ਯੂਜ ਸ਼ੌਚਾਲਯਾਂ ਦੇ ਸੰਚਾਲਨ ਅਤੇ ਰਖਰਖਾਅ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ। |
| EAFZR-CTG25-19 | 24.06.2025 ਨੂੰ 11:30 ਵਜੇ | ਸਾਹਨੇਵਾਲ, ਨਵਾਂ ਸ਼ਹਿਰ ਦੋਆਬਾ, ਨਕੋਦਰ, ਜਗਰਾਉਂ, ਫਿਰੋਜਪੁਰ ਸਿਟੀ, ਫਾਜਿਲਕਾ ਅਤੇ ਸੁਲਤਾਨਪੁਰ ਲੋਧੀ ਰੇਲਵੇ ਸਟੇਸ਼ਨਾਂ ਤੇ ਕੈਟਰਿੰਗ ਸਟਾਲ ਦਾ ਠੇਕੇ ਦਾ ਅਲਾਟਮੈਂਟ। |
| EAFZR-MIS25-10 | 24.06.2025 ਨੂੰ 12:30 ਵਜੇ | 1) ਰੇਲਵੇ ਸਟੇਸ਼ਨ ਫਿਰੋਜਪੁਰ ਕੈਂਟ ਤੇ ਪਲਾਸਟਿਕ ਬੋਤਲ ਕ੍ਰਸ਼ਿੰਗ ਮਸ਼ੀਨ ਦੀ ਸਥਾਪਨਾ, ਸੰਚਾਲਨ ਅਤੇ ਰਖਰਖਾਅ ਅਤੇ ਉਸ ਤੇ ਵਾਣਿਜਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। 2) ਫਰੀਦਕੋਟ, ਫਿਲੌਰ, ਫਿਰੋਜਪੁਰ ਕੈਂਟ, ਅੰਮ੍ਰਿਤਸਰ ਅਤੇ ਫਗਵਾੜਾ ਰੇਲਵੇ ਸਟੇਸ਼ਨਾਂ ਤੇ ਵਾਟਰ ਵੇਂਡਿੰਗ ਮਸ਼ੀਨਾਂ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ। |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। ਨੰਬਰ: MC/38015/Pub/E-Auction/FZR/22 ਤਾਰੀਕ 09.06.2025 1707/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਮੂਲਾ ਸਿੰਘ ਵਾਲਾ ਦੇ 70 ਪਰਵਾਰ ਭਾਜਪਾ 'ਚ ਹੋਏ ਸ਼ਾਮਲ



**ਭੀਖੀ (ਧਰਮਵੀਰ ਸ਼ਰਮਾ)**-ਭਾਰਤੀ ਜਨਤਾ ਪਾਰਟੀ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਨਜ਼ਦੀਕੀ ਪਿੰਡ ਮੂਲਾ ਸਿੰਘ ਵਾਲਾ ਦੇ 70 ਪਰਵਾਰ ਵੱਖ ਵੱਖ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਭਾਜਪਾ ਮੰਡਲ ਹਮੀਰਗੜ੍ਹ ਢੈਪਈ ਦੇ ਪ੍ਰਧਾਨ ਡਾ. ਗੁਰਤੇਜ ਸਿੰਘ ਚਹਿਲ ਦੀ ਅਗਵਾਈ ਵਿੱਚ ਭਾਜਪਾ ਵਿੱਚ ਸ਼ਾਮਲ ਹੋ ਗਏ ਹਨ। ਇਸ ਮੌਕੇ ਮੰਡਲ ਪ੍ਰਧਾਨ ਡਾ. ਗੁਰਤੇਜ ਸਿੰਘ ਚਹਿਲ, ਪਿੰਡ ਦੀ ਪੰਚ ਮਨਜੀਤ ਕੌਰ, ਮੱਘਰ ਸਿੰਘ, ਗੋਰਾ ਸਿੰਘ, ਗੁਲਜਾਰ ਸਿੰਘ ਨੇ ਪਾਰਟੀ ਚਿੰਨ੍ਹ ਦੇ ਸਿਰੋਪਾਓ ਭੇਟ ਕਰਕੇ ਸ਼ਾਮਲ ਹੋਣ ਵਾਲੇ ਪਰਵਾਰਾਂ ਨੂੰ ਸਨਮਾਨਤ ਕੀਤਾ। ਉਨ੍ਹਾਂ ਨੂੰ ਸੰਬੋਧਨ ਕਰਦਿਆਂ ਡਾ. ਗੁਰਤੇਜ ਚਹਿਲ ਨੇ ਵਿਸ਼ਵਾਸ ਦਿਵਾਇਆ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਵੀ ਵੱਧ ਤੋਂ ਵੱਧ ਲਾਭ ਦਿਵਾਇਆ ਜਾਵੇਗਾ। ਇਸ ਮੌਕੇ ਸਿਕੰਦਰ ਸਿੰਘ, ਸੁਰਜੀਤ ਸਿੰਘ, ਬਿੱਲੂ ਸਿੰਘ, ਹਾਕਮ ਸਿੰਘ, ਨੈਬ ਸਿੰਘ, ਸੁਖਚੈਨ ਸਿੰਘ, ਸ਼ਿੰਗਾਰਾ ਸਿੰਘ, ਗੁਰਮੀਤ ਕੌਰ, ਜਸਵੰਤ ਕੌਰ, ਰਿੰਪੀ ਕੌਰ, ਪ੍ਰੀਤਮ ਸਿੰਘ, ਪਾਲ ਸਿੰਘ, ਬਲਦੇਵ ਸਿੰਘ, ਗੁਰਮੀਤ ਕੌਰ, ਕਰਮਜੀਤ ਕੌਰ, ਜਸਵਿੰਦਰ ਕੌਰ, ਗੁਰਮੇਲ ਕੌਰ, ਕੁਲਵਿੰਦਰ ਕੌਰ, ਸੁਖਦੀਪ ਕੌਰ, ਰਣਜੀਤ ਕੌਰ, ਸਰਬਜੀਤ ਕੌਰ, ਮਨਦੀਪ ਕੌਰ, ਹਰਬੰਸ ਕੌਰ, ਚਰਨਜੀਤ ਕੌਰ, ਜਰਨੈਲ ਕੌਰ, ਗੁਰਦੇਵ ਕੌਰ, ਬਲਦੇਵ ਕੌਰ, ਕਰਮਜੀਤ ਕੌਰ, ਹਰਬੰਸ ਕੌਰ, ਅਮਰ ਕੌਰ, ਰਿੰਪੀ ਕੌਰ, ਕੁਲਦੀਪ ਕੌਰ, ਅੰਬਰਪਾਲ ਸਿੰਘ, ਪੱਪੀ ਸਿੰਘ, ਲਾਲੀ ਸਿੰਘ, ਸੀਰਾ ਸਿੰਘ, ਕਾਲਾ ਸਿੰਘ, ਸ਼ੰਮੀ ਸਿੰਘ, ਜਗਦੇਵ ਸਿੰਘ, ਬੰਤਾ ਸਿੰਘ, ਬੰਸਾ ਸਿੰਘ, ਗੁਰਤੇਜ ਸਿੰਘ, ਬੂਟਾ ਸਿੰਘ ਆਦਿ ਪਰਿਵਾਰ ਸ਼ਾਮਲ ਹੋਏ।

## ਸੱਠੀ ਮੂੰਗੀ ਬੀਜ ਕੇ ਆਮਦਨ 'ਚ ਵਾਧਾ ਕਰ ਰਿਹਾ ਹੈ ਕਿਸਾਨ ਨਿਰਮਲ ਸਿੰਘ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪਿੰਡ ਗੋਲੇਵਾਲਾ ਦਾ ਕਿਸਾਨ ਨਿਰਮਲ ਸਿੰਘ ਕਣਕ ਦੀ ਕਟਾਈ ਕਰਨ ਤੋਂ ਬਾਅਦ ਸੱਠੀ ਮੂੰਗੀ ਬੀਜ ਕੇ ਆਪਣੀ ਆਮਦਨ 'ਚ ਮੁਨਾਫ਼ਾ ਕਰ ਰਿਹਾ ਹੈ। ਨਿਰਮਲ ਸਿੰਘ ਪਿਛਲੇ ਲਗਭਗ 17 ਸਾਲਾਂ ਤੋਂ ਮੂੰਗੀ ਦੀ ਕਾਸ਼ਤ ਕਰ ਰਿਹਾ ਹੈ। ਇਸ ਦੇ ਵਧੀਆ ਮੁਨਾਫ਼ੇ ਨੂੰ ਵੇਖਦੇ ਹੋਏ ਇਸ ਸਾਲ ਵੀ ਉਸ ਵਲੋਂ 11 ਏਕੜ ਮੂੰਗੀ ਦੀ ਫ਼ਸਲ ਬੀਜੀ ਹੈ। ਇਹ ਕਿਸਾਨ ਬਾਸਮਤੀ ਤੇ ਝੋਨੇ ਦੀ ਪਛੇਤੀ ਕਿਸਮ ਲਾਉਣ ਤੋਂ ਪਹਿਲਾਂ ਸੱਠੀ ਮੂੰਗੀ ਦੀ ਕਾਸ਼ਤ ਕਰਦਾ ਹੈ। ਇਸ ਨਾਲ ਜਿੱਥੇ ਇਕ ਵਾਧੂ ਫ਼ਸਲ ਰਾਹੀਂ ਇਸ ਨੂੰ ਵਾਧੂ ਆਮਦਨ ਹੁੰਦੀ ਹੈ, ਉੱਥੇ ਹੀ ਮੂੰਗੀ ਦੀ ਫ਼ਸਲ ਆਪਣੀਆਂ ਜੜ੍ਹਾਂ ਦੇ ਕੁਦਰਤੀ ਗੁਣ ਕਾਰਨ ਜ਼ਮੀਨ ਵਿੱਚ ਨਾਈਟ੍ਰੋਜ਼ਨ ਫਿਕਸੇਸ਼ਨ ਰਾਹੀਂ ਜ਼ਮੀਨ ਵਿੱਚ ਨਾਈਟ੍ਰੋਜ਼ਨ ਖਾਦ ਦੀ ਮਾਤਰਾ ਵਧਾਉਂਦੀ ਹੈ। ਇਸ ਤਰ੍ਹਾਂ ਕਰਨ ਨਾਲ ਅਗਲੀ ਫ਼ਸਲ ਨੂੰ ਘੱਟ ਨਾਈਟ੍ਰੋਜ਼ਨ ਖਾਦ ਭਾਵ ਘੱਟ ਯੂਰੀਆ ਖਾਦ ਪਾਉਣ ਦੀ ਜ਼ਰੂਰਤ ਪੈਂਦੀ ਹੈ। ਇਸ ਨਾਲ ਘੱਟ ਲਾਗਤਾਂ ਨਾਲ ਜਿੱਥੇ ਕਿਸਾਨ ਚੰਗੀ ਫ਼ਸਲ ਪ੍ਰਾਪਤ ਕਰ ਸਕਦੇ ਹਨ, ਉੱਥੇ ਹੀ ਘੱਟ ਰਸਾਇਣਕ ਖਾਦਾਂ ਵਾਲੀ ਉਪਜ ਦਾ ਵੀ ਕਿਸਾਨ ਨੂੰ ਚੰਗਾ ਮੁੱਲ ਮਿਲ ਸਕਦਾ ਹੈ। ਉਦਮੀ ਕਿਸਾਨ ਨਿਰਮਲ ਸਿੰਘ ਦਾ ਕਹਿਣਾ ਹੈ ਕਿ ਉਸ ਵੱਲੋਂ ਦਾਲਾਂ ਨੂੰ ਫ਼ਸਲ ਚੱਕਰ ਦਾ ਹਿੱਸਾ ਬਣਾਉਣ ਨਾਲ ਉਸਦੀ ਜ਼ਮੀਨ ਦੀ ਸਿਹਤ ਵਿੱਚ ਸੁਧਾਰ ਹੋਇਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜਿਸ ਖੇਤ ਵਿਚ ਮੂੰਗੀ ਦੀ ਫ਼ਸਲ ਬੀਜੀ ਜਾਂਦੀ ਹੈ, ਉਸ ਖੇਤ ਵਿਚ ਬਾਸਮਤੀ ਅਤੇ ਪਿਛੇਤੀ ਕਿਸਮ ਦਾ ਝੋਨਾ ਲਗਭਗ 20 ਜੁਲਾਈ ਤੋਂ ਬਾਅਦ ਹੀ ਲਾਇਆ ਜਾਂਦਾ ਹੈ। ਇਸ ਨਾਲ ਜਿੱਥੇ ਪਾਣੀ ਦੀ ਬੱਚਤ ਹੁੰਦੀ ਹੈ, ਉੱਥੇ ਬਿਜਲੀ ਦੀ ਵੀ ਖਪਤ ਘਟਦੀ ਹੈ ਤੇ ਇਹ ਝੋਨਾ ਪਰਮਲ ਝੋਨਾ, ਜੋ ਜੂਨ ਮਹੀਨੇ ਲਾਇਆ ਜਾਂਦਾ ਹੈ, ਦੇ ਬਰਾਬਰ ਸਮੇਂ ਵਿੱਚ ਹੀ ਪੱਕ ਕੇ ਤਿਆਰ ਹੋ ਜਾਂਦਾ ਹੈ। ਮਿਹਨਤਕਸ਼ ਕਿਸਾਨ ਨੇ ਦੱਸਿਆ ਕਿ ਸੱਠੀ ਮੂੰਗੀ ਹੇਠ ਰਕਬਾ ਵਧਾ ਕੇ ਉਸ ਨੂੰ ਹੋਰ ਉਪਜਾਊ ਬਣਾਉਣ ਦੇ ਉਪਰਾਲੇ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੱਠੀ ਮੂੰਗੀ 65 ਤੋਂ 70 ਦਿਨਾਂ ਤੱਕ ਦੀ ਫ਼ਸਲ ਹੈ, ਜਿਹੜੀ ਕਿ ਕਣਕ ਤੇ ਝੋਨੇ ਦੇ ਵਿਚਕਾਰਲੇ ਸਮੇਂ ਦੌਰਾਨ ਬੀਜੀ ਜਾਂਦੀ ਹੈ ਤੇ ਕਿਸਾਨਾਂ ਨੂੰ ਚੰਗਾ ਲਾਭ ਦਿੰਦੀ ਹੈ। ਇਸ ਕਿਸਮ ਦਾ ਔਸਤਨ ਝਾੜ 4 ਤੋਂ 5 ਕੁਇੰਟਲ ਤੱਕ ਪ੍ਰਤੀ ਏਕੜ ਹੈ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਭੀਖੀ ਦੀ ਮੀਟਿੰਗ

**ਭੀਖੀ (ਧਰਮਵੀਰ ਸ਼ਰਮਾ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਬਲਾਕ ਪ੍ਰਧਾਨ ਡਾ. ਗੁਰਤੇਜ ਕੋਟੜਾ ਦੀ ਅਗਵਾਈ 'ਚ ਹੋਈ, ਜਿਸ ਵਿੱਚ ਮੁੱਖ ਮਹਿਮਾਨ ਡਾ. ਸੁਨੀਲ ਬਾਂਸਲ ਤੇ ਡਾ. ਅਜੇ ਸਿੰਗਲਾ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਡਾ. ਸੁਨੀਲ ਬਾਂਸਲ ਨੇ ਪੀਲੀਆ ਤੇ ਹੋਰ ਬਿਮਾਰੀਆਂ ਸਬੰਧੀ ਵਿਚਾਰ ਸਾਂਝੇ ਕੀਤੇ ਅਤੇ ਉਨ੍ਹਾਂ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਬਲਾਕ ਪ੍ਰਧਾਨ ਡਾ. ਗੁਰਤੇਜ ਕੋਟੜਾ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਕਿਸੇ ਰਾਜਨੀਤਕ ਦਲ ਨਾਲ ਸਬੰਧਤ ਨਹੀਂ ਹੈ। ਉਨ੍ਹਾਂ ਕਿਹਾ ਕਿ ਸਰਕਾਰ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਮੰਗਾਂ ਵੱਲ ਧਿਆਨ ਦੇਵੇ ਤੇ ਚੋਣਾਂ ਦੌਰਾਨ ਕੀਤੇ ਵਾਅਦੇ ਪੂਰੇ ਕਰੇ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਅਗਾਮੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦਾ ਪੂਰਨ ਵਿਰੋਧ ਕੀਤਾ ਜਾਵੇਗਾ। ਡਾ. ਰਾਜ ਖਾਨ ਨੇ ਹਾਜ਼ਰ ਮੈਂਬਰਾਂ ਨੂੰ ਕਿਹਾ ਕਿ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਵੱਧ ਤੋਂ ਵੱਧ ਮੈਂਬਰ ਭਰਤੀ ਕੀਤੇ ਜਾਣ। ਇਸ ਮੌਕੇ ਡਾ. ਹਰਦੀਪ ਸਮਾਉਂ, ਡਾ. ਬਲਕਰਨ, ਡਾ. ਰਿੰਕੂ ਰਿਸਿ, ਡਾ. ਗੁਰਪਿਆਰ ਬੋੜਾਵਾਲ, ਡਾ. ਮਹਾਂਵੀਰ ਪ੍ਰਸ਼ਾਦ, ਡਾ. ਜਗਸੀਰ ਗੋਰਾ, ਡਾ. ਹਰਜਿੰਦਰ ਸਿੰਘ, ਡਾ. ਵਿਕਾਸ ਕੁਮਾਰ, ਗੁਰਦਾਸ ਸਿੰਘ, ਡਾ. ਬਬਲੀ ਸਿੰਘ, ਡਾ. ਗੁਰਵਿੰਦਰ ਸਿੰਘ, ਡਾ. ਸਤਵਿੰਦਰ ਪਾਲ, ਡਾ. ਅਮਰੀਕ ਖਾਨ, ਡਾ. ਰਾਜ ਕੁਮਾਰ ਭੀਖੀ, ਡਾ. ਕੁਲਦੀਪ ਸਿੰਘ ਹਾਜ਼ਰ ਸਨ।


**AXIS BANK** Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001. Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai- 400025

Registered Office: 'Trishul', 3rd Floor, opposite Samartheswar Temple, Law garden, Ellisbridge, Ahmadabad- 380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟਾਈਜ਼ੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਣਨ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਣਨ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਦਾ ਨਾਂਅ | ਐੱਨ ਪੀ ਏ ਦੀ ਮਿਤੀ/ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ ਵਿੱਚ ਰਾਸ਼ੀ (ਰੁਪਏ ਵਿੱਚ) |
|---|---|---|
| 1. | 1. ਸ੍ਰੀ ਅਰੁਣ ਕੁਮਾਰ ਪੁੱਤਰ ਤਰਸੇਮ ਲਾਲ (ਕਰਜ਼ਦਾਰ) ਅਤੇ 2. ਸ੍ਰੀਮਤੀ ਸਸੀ ਬਾਲਾ ਪਤਨੀ ਤਰਸੇਮ ਲਾਲ (ਸਹਿ-ਕਰਜ਼ਦਾਰ/ਰਹਿਣਕਾਰ) | 03-Feb-2025 / 19th-Feb-2025; 05th- June- 2025; ਰੁ. 14,61,515/- (ਚੌਦਾਂ ਲੱਖ ਇਕਾਹਠ ਹਜ਼ਾਰ ਪੰਜ ਸੌ ਪੰਦਰਾਂ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ :- ਬੈਨਾਮਾ ਵਸੀਕਾ ਨੰ. 2000 ਮਿਤੀ 05.10.2016 ਅਨੁਸਾਰ ਸ੍ਰੀਮਤੀ ਸਸੀ ਬਾਲਾ ਪਤਨੀ ਤਰਸੇਮ ਲਾਲ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ. 31, ਰਕਬਾ 08 ਮਰਲੇ-04 ਸਰਸਾਈ, ਜੋ ਕਿ ਕੁਲ ਜ਼ਮੀਨ ਖੇਤਰ 19 ਕਨਾਲ-02 ਮਰਲੇ ਦਾ 76/3438 ਹਿੱਸਾ ਹੈ, ਖੇਵਟ ਨੰ. 1178, ਖਤੌਨੀ ਨੰ. 1432-2046, ਖਸਰਾ ਨੰ. 139 ਐੱਮ//14(3-16), 4(0-2) 6/2 (5-14), 7(3-2), 15/1(5-17), 17/1/1 (0-11) ਜਮ੍ਹਾਂਬੰਦੀ ਸਾਲ 2010-11, ਜ਼ੀਰਾ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਨਾਲ ਸੰਬੰਧਤ ਸਭ ਕੁੱਝ । ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਗਲੀ, ਪੱਛਮ : ਹਰੀ ਨਾਥ, ਉੱਤਰ : ਗਲੀ, ਦੱਖਣ : ਮਾਲਕ।

ਮਿਤੀ : 10.06.2025, ਸਥਾਨ : ਲੁਧਿਆਣਾ — ਸਹੀ/- ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਟਿਡ



**Capital Small Finance Bank Ltd.**

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)**

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 24-05-2024 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ (1) ਮੈਸ: ਸ੍ਰੀ ਬਾਲਾਜੀ ਇੰਟਰਪ੍ਰਾਈਜ਼ਜ਼ ਪਾਲਿਕਾ ਬਜ਼ਾਰ, ਬਾਲਮੀਕਿ ਗੇਟ, ਜਲੰਧਰ, ਰਾਹੀਂ, ਇਸ ਦੇ ਭਾਈਵਾਲਾਂ (2) ਸ੍ਰੀ ਸੌਰਵ ਮਹਾਜਨ ਪੁੱਤਰ ਸ੍ਰੀ ਅਸ਼ਵਨੀ ਕੁਮਾਰ ਗੁਪਤਾ ਵਾਸੀ 55, ਨਿਊ ਵਿਜੇ ਨਗਰ, ਜਲੰਧਰ (3) ਸ੍ਰੀ ਗੌਰਵ ਮਹਾਜਨ ਪੁੱਤਰ ਸ੍ਰੀ ਅਸ਼ਵਨੀ ਕੁਮਾਰ ਗੁਪਤਾ ਵਾਸੀ 55, ਨਿਊ ਵਿਜੇ ਨਗਰ, ਜਲੰਧਰ (4) ਸ੍ਰੀ ਅਸ਼ਵਨੀ ਕੁਮਾਰ ਗੁਪਤਾ ਪੁੱਤਰ ਸ੍ਰੀ ਦਵਾਰਕਾ ਨਾਥ ਗੁਪਤਾ ਵਾਸੀ 55, ਨਿਊ ਵਿਜੇ ਨਗਰ, ਜਲੰਧਰ (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (5) ਸ੍ਰੀ ਸੌਰਵ ਮਹਾਜਨ ਪੁੱਤਰ ਸ੍ਰੀ ਅਸ਼ਵਨੀ ਕੁਮਾਰ ਗੁਪਤਾ ਵਾਸੀ 55, ਨਿਊ ਵਿਜੇ ਨਗਰ, ਜਲੰਧਰ (6) ਸ੍ਰੀ ਗੌਰਵ ਮਹਾਜਨ ਪੁੱਤਰ ਸ੍ਰੀ ਅਸ਼ਵਨੀ ਕੁਮਾਰ ਗੁਪਤਾ ਵਾਸੀ 55, ਨਿਊ ਵਿਜੇ ਨਗਰ, ਜਲੰਧਰ। (7) ਸ੍ਰੀ ਅਸ਼ਵਨੀ ਕੁਮਾਰ ਗੁਪਤਾ ਪੁੱਤਰ ਸ੍ਰੀ ਦਵਾਰਕਾ ਨਾਥ ਗੁਪਤਾ ਵਾਸੀ 55, ਨਿਊ ਵਿਜੇ ਨਗਰ, ਜਲੰਧਰ (8) ਕ੍ਰਿਸ਼ਨ ਲਾਲ ਉਰਫ ਕ੍ਰਿਸ਼ਨ ਲਾਲ ਬਜਾਜ ਪੁੱਤਰ ਬਸੰਦਾ ਰਾਮ ਵਾਸੀ ਮਕਾਨ ਨੰ. 548-ਏ, ਗ੍ਰੀਨ ਮਾਡਲ ਟਾਊਨ, ਜਲੰਧਰ (9) ਕ੍ਰਿਸ਼ਨ ਲਾਲ ਉਰਫ ਕ੍ਰਿਸ਼ਨ ਲਾਲ ਬਜਾਜ ਪੁੱਤਰ ਬਸੰਦਾ ਰਾਮ ਵਾਸੀ 56, ਨਿਊ ਵਿਜੇ ਨਗਰ, ਜਲੰਧਰ (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ 'ਚ ਦਰਸਾਏ ਅਨੁਸਾਰ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ-1/025612000133 'ਚ ਰੁਪਏ 7,53,400, ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ-2/025612000149 'ਚ ਰੁਪਏ 9,34,772, ਡਬਲਯੂ ਸੀ ਟੀ ਐੱਲ-3/025612000144 'ਚ ਰੁਪਏ 41,64,766 ਅਤੇ ਡਬਲਯੂ ਸੀ ਟੀ ਐੱਲ-4/025612000228 'ਚ ਰੁਪਏ 45,88,999 'ਚ ਬਕਾਇਆ ਨਿਕਲਦੀ ਰਾਸ਼ੀ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ-1/025612000133 'ਚ ਰੁਪਏ 7,53,400, ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ-2/025612000149 'ਚ ਰੁਪਏ 9,34,772, ਡਬਲਯੂ ਸੀ ਟੀ ਐੱਲ-3/025612000144 'ਚ ਰੁਪਏ 41,64,766 ਅਤੇ ਡਬਲਯੂ ਸੀ ਟੀ ਐੱਲ-4/025612000228 'ਚ ਰੁਪਏ 45,88,999 ਦੀ ਨਿਕਲਦੀ ਰਾਸ਼ੀ ਮਿਤੀ 01.05.2024 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 5668 ਮਿਤੀ 24.03.2003 ਅਨੁਸਾਰ ਸ੍ਰੀ ਕ੍ਰਿਸ਼ਨ ਲਾਲ ਬਜਾਜ ਪੁੱਤਰ ਬਸੰਦਾ ਰਾਮ ਦੀ ਮਲਕੀਅਤ ਜਾਇਦਾਦ ਰਕਬਾ 8 ਮਰਲੇ 17 ਵਰਗ ਫੁੱਟ, ਪਿੰਡ ਬੂਟ ਅਤੇ ਕਿੰਗਰਾ, ਤਹਿਸੀਲ ਜਲੰਧਰ ਨਾਲ ਸੰਬੰਧਤ ਸਭ ਕੁਝ।

ਮਿਤੀ : 06-06-2025, ਸਥਾਨ : ਜਲੰਧਰ (ਅਧਿਕਾਰਤ ਅਫ਼ਸਰ)

10 Jun Page-8.qxd 6/9/2025 9:28 PM Page 1



# ਭਾਜਪਾ ਤੇ ਲੋਕ ਇਨਸਾਫ ਪਾਰਟੀ ਦੇ ਵੱਡੇ ਆਗੂ ਬਸਪਾ 'ਚ ਸ਼ਾਮਲ

## ● ਸਰਕਾਰ ਦੀ ਧੱਕੇਸ਼ਾਹੀ ਦਾ ਮੁਕਾਬਲਾ ਕਰਨ ਲਈ ਲੋਕ ਬਸਪਾ ਨਾਲ ਜੁੜਨ : ਡਾ. ਕਰੀਮਪੁਰੀ

**ਜਲੰਧਰ (ਸ਼ੈਲੀ ਐਲਬਰਟ)**- ਬਹੁਜਨ ਸਮਾਜ ਪਾਰਟੀ (ਬਸਪਾ) ਦੀ 'ਪੰਜਾਬ ਸੰਭਾਲੋ ਮੁਹਿੰਮ' ਤੋਂ ਪ੍ਰਭਾਵਿਤ ਹੋ ਕੇ ਸੂਬੇ ਭਰ ਵਿੱਚੋਂ ਜਿੱਥੇ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ, ਉੱਥੇ ਦੂਜੀਆਂ ਪਾਰਟੀਆਂ ਦੇ ਵੱਡੇ ਆਗੂ ਵੀ ਬਸਪਾ ਵਿੱਚ ਸ਼ਾਮਲ ਹੋ ਰਹੇ ਹਨ। ਇਸੇ ਲੜੀ ਤਹਿਤ ਇੱਥੇ ਪ੍ਰੈਸ ਕਲੱਬ ਵਿਖੇ 8 ਜੂਨ ਨੂੰ ਭਾਜਪਾ ਤੇ ਲੋਕ ਇਨਸਾਫ ਪਾਰਟੀ ਦੇ ਵੱਡੇ ਆਗੂ ਬਸਪਾ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਵਿੱਚ ਪਾਰਟੀ ਵਿੱਚ ਸ਼ਾਮਲ ਹੋ ਗਏ। ਬਸਪਾ ਸੂਬਾ ਪ੍ਰਧਾਨ ਨੇ ਇਨ੍ਹਾਂ ਆਗੂਆਂ ਨੂੰ ਸਿਰੋਪਾ ਦੇ ਕੇ ਪਾਰਟੀ ਵਿੱਚ ਸ਼ਾਮਲ ਕਰਵਾਇਆ। ਇਸ ਮੌਕੇ ਉਨ੍ਹਾਂ ਨਾਲ ਬਸਪਾ ਦੇ ਸੂਬਾ ਇੰਚਾਰਜ ਚੌਧਰੀ ਗੁਰਨਾਮ ਸਿੰਘ ਤੇ ਤੀਰਥ ਰਾਜਪੁਰਾ ਵੀ ਮੌਜੂਦ ਸਨ। ਬਸਪਾ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਵਿੱਚ ਭਾਜਪਾ ਦੇ ਗੁਰਦਾਸਪੁਰ ਤੋਂ ਕਿਸਾਨ ਮੋਰਚਾ ਦੇ ਸੂਬਾ ਸਕੱਤਰ ਜਸਬੀਰ ਸਿੰਘ ਸੁਜਾਨਪੁਰ, ਗੁਰਦਾਸਪੁਰ ਤੋਂ ਹੀ ਲੋਕ ਇਨਸਾਫ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਹਰਮੀਤ ਸਿੰਘ, ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਗੁਰਪਾਲ ਸਿੰਘ, ਐਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਕੁਮਾਰ ਅਤਰੀ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਗਦੀਸ਼ ਰਾਜ, ਜ਼ਿਲ੍ਹਾ ਸਲਾਹਕਾਰ ਕਮੇਟੀ ਦੇ ਮੈਂਬਰ ਕੰਵਲਜੀਤ ਸਿੰਘ ਗਿੱਲ, ਜ਼ਿਲ੍ਹਾ ਮੀਤ ਪ੍ਰਧਾਨ ਪਿਆਰਾ ਸਿੰਘ, ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ ਬਲਵਿੰਦਰ ਸਿੰਘ ਭੋਪਾਰਾਏ, ਹਲਕਾ ਇੰਚਾਰਜ ਡੇਰਾ ਬਾਬਾ ਨਾਨਕ ਦਲਜਿੰਦਰ ਸਿੰਘ ਬਾਜਵਾ, ਹਲਕਾ ਮੀਤ ਪ੍ਰਧਾਨ ਡੇਰਾ ਬਾਬਾ ਨਾਨਕ ਮੋਹਣ ਸਿੰਘ ਅਠਵਾਲ, ਹਲਕਾ ਸਲਾਹਕਾਰ ਡੇਰਾ ਬਾਬਾ ਨਾਨਕ ਫੌਜੀ ਬਲਕਾਰ ਸਿੰਘ, ਹਲਕਾ ਇੰਚਾਰਜ ਫਤਹਿਗੜ੍ਹ ਚੂੜੀਆਂ ਹਰਪਿੰਦਰ ਸਿੰਘ ਦਾਲਮ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ ਭੁਪਿੰਦਰ ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਗੁਰਬਾਜ ਸਿੰਘ ਵੜੈਚ, ਹਲਕਾ ਇੰਚਾਰਜ ਬਟਾਲਾ ਗਿਆਨੀ ਕਰਤਾਰ ਸਿੰਘ, ਹਲਕਾ ਇੰਚਾਰਜ ਸ੍ਰੀ ਹਰਗੋਬਿੰਦਪੁਰ ਕੁਲਵੰਤ ਸਿੰਘ, ਜ਼ਿਲ੍ਹਾ ਪ੍ਰਧਾਨ ਪਠਾਨਕੋਟ ਕੇਵਲ ਕ੍ਰਿਸ਼ਨ, ਹਲਕਾ ਇੰਚਾਰਜ ਭੋਆ ਸੁਰਿੰਦਰ ਕੁਮਾਰ, ਪਾਰਟੀ ਮੈਂਬਰ ਦਿਆਲ ਸਿੰਘ, ਤਰਨ ਤਾਰਨ ਤੋਂ ਮਾਝਾ ਜ਼ੋਨ ਦੇ ਸੀਨੀਅਰ ਮੀਤ ਪ੍ਰਧਾਨ ਰੇਸ਼ਮ ਸਿੰਘ, ਤਰਨ ਤਾਰਨ ਤੋਂ ਹੀ ਸ੍ਰੋਮਣੀ ਅਕਾਲੀ ਦਲ ਦੇ ਸਾਬਕਾ ਮੈਂਬਰ ਬਲਾਕ ਸੰਮਤੀ ਗਿਆਨੀ ਤਰਲੋਚਨ ਸਿੰਘ ਆਦਿ ਦਾ ਨਾਂ ਮੁੱਖ ਤੌਰ 'ਤੇ ਸ਼ਾਮਲ ਹੈ। ਇਸ ਮੌਕੇ ਮੀਡੀਆ ਨਾਲ ਗੱਲਬਾਤ ਵਿੱਚ ਬਸਪਾ ਸੂਬਾ ਪ੍ਰਧਾਨ ਤੇ ਸਾਬਕਾ ਸੰਸਦ ਮੈਂਬਰ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਬਸਪਾ ਸੰਸਥਾਪਕ ਸਾਹਿਬ ਸ੍ਰੀ ਕਾਂਸ਼ੀ ਰਾਮ ਦੇ ਜਨਮ ਦਿਵਸ ਦੇ ਮੌਕੇ 'ਤੇ 15 ਮਾਰਚ ਤੋਂ ਬਸਪਾ ਵੱਲੋਂ 'ਪੰਜਾਬ ਸੰਭਾਲੋ ਮੁਹਿੰਮ' ਸ਼ੁਰੂ ਕੀਤੀ ਗਈ ਸੀ। ਸੱਤਾਧਾਰੀ ਪਾਰਟੀਆਂ ਵੱਲੋਂ ਕੀਤੀ ਗਈ ਪੰਜਾਬ ਦੀ ਬਰਬਾਦੀ ਤੋਂ ਬਚਾਉਣ ਲਈ ਬਸਪਾ ਵੱਲੋਂ 'ਪੰਜਾਬ ਸੰਭਾਲੋ ਮੁਹਿੰਮ' ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਆਪ ਸਰਕਾਰ ਨੇ ਪੁਲਸ ਜਬਰ ਰਾਹੀਂ ਸੈਂਕੜੇ ਔਰਤਾਂ ਤੇ ਬੰਦਿਆਂ ਨੂੰ ਜ਼ਮੀਨ ਮਾਮਲੇ ਵਿੱਚ ਜੇਲ੍ਹਾਂ ਵਿੱਚ ਭੇਜਿਆ। ਇਨ੍ਹਾਂ ਵਿੱਚ ਲੜਕੀਆਂ ਤੇ ਬਜ਼ੁਰਗ ਔਰਤਾਂ ਵੀ ਸ਼ਾਮਲ ਸਨ। ਇਸੇ ਤਰ੍ਹਾਂ ਹੀ ਬਠਿੰਡਾ ਵਿੱਚ ਪੁਲਿਸ ਦੇ ਤਸ਼ੱਦਦ ਨਾਲ ਨੌਜਵਾਨ ਦੀ ਮੌਤ ਹੋਈ। ਕਿਸਾਨਾਂ 'ਤੇ ਸ਼ੰਭੂ ਬਾਰਡਰ 'ਤੇ ਤਸ਼ੱਦਦ ਕੀਤਾ ਗਿਆ। ਪਟਿਆਲਾ ਦੇ ਸਿਆਲੂ ਪਿੰਡ ਵਿੱਚ ਸ਼ਾਮਲਾਟ ਜ਼ਮੀਨ ਦੇ ਮਾਮਲੇ ਵਿੱਚ ਦਲਿਤਾਂ 'ਤੇ ਜਬਰ ਕੀਤਾ ਗਿਆ। ਇਸੇ ਤਰ੍ਹਾਂ ਹੀ ਜਲੰਧਰ ਦੇ ਧਾਲੀਵਾਲ ਕਾਦੀਆਂ ਦੇ ਪਿੰਡ ਵਿੱਚ ਸਰਪੰਚ, ਗੁਰੂ ਘਰ ਦੇ ਪ੍ਰਧਾਨ ਤੇ ਉਨ੍ਹਾ ਦੇ ਸਾਥੀਆਂ 'ਤੇ ਝੂਠਾ ਚੋਰੀ ਦਾ ਕੇਸ ਪਾਇਆ ਗਿਆ ਤੇ ਇੱਕ ਨੂੰ ਝੂਠੇ ਕੇਸ ਵਿੱਚ ਜੇਲ੍ਹ ਭੇਜਿਆ ਗਿਆ। ਮਜੀਠਾ ਤੇ ਲੁਧਿਆਣਾ ਵਿੱਚ ਜ਼ਹਿਰੀਲੀ ਸ਼ਰਾਬ ਨਾਲ ਮੌਤਾਂ ਹੋਈਆਂ। ਇਸ ਮੌਕੇ ਬਸਪਾ ਆਗੂ ਜ਼ਿਲ੍ਹਾ ਗੁਰਦਾਸਪੁਰ ਬਸਪਾ ਪ੍ਰਧਾਨ ਜੇ ਪੀ ਭਗਤ, ਦੇਵ ਰਾਜ ਹੰਸ, ਕਸਤੂਰੀ ਲਾਲ, ਪ੍ਰਿੰਸੀਪਲ ਰਮੇਸ਼ ਕੁਮਾਰ, ਤਰਸੇਮ ਲਾਲ, ਸੂਬੇਦਾਰ ਬਿਸ਼ਨ ਸਿੰਘ, ਰਤਨ ਸਿੰਘ ਲਹਿਲ, ਬਸਪਾ ਸੂਬਾ ਜਨਰਲ ਸਕੱਤਰ ਐਡਵੋਕੇਟ ਬਲਵਿੰਦਰ ਕੁਮਾਰ, ਗੁਰਮੇਲ ਚੁੰਬਰ, ਲਾਲ ਚੰਦ ਔਜਲਾ ਵੀ ਹਾਜ਼ਰ ਸਨ।



# 15 ਨੂੰ ਲੁਧਿਆਣਾ 'ਚ ਪੋਲ ਖੋਲ੍ਹ ਰੈਲੀ ਕਰਕੇ ਪਰਚੇ ਵੰਡੇ ਜਾਣਗੇ : ਸੂਬਾਈ ਆਗੂ



**ਨਵਾਂਸ਼ਹਿਰ/ਫਿਲੌਰ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਨਿਰਮਲ)**- ਪੰਜਾਬ ਭਰ ਵਿੱਚ ਸਿਹਤ ਵਿਭਾਗ ਅਧੀਨ ਨੈਸ਼ਨਲ ਹੈਲਥ ਮਿਸ਼ਨ ਦੇ ਤਹਿਤ ਪਿਛਲੇ 18 ਸਾਲਾਂ ਤੋਂ ਬਹੁਤ ਹੀ ਨਿਗੂਣੀਆਂ ਤਨਖਾਹਾਂ ਉੱਤੇ ਕੰਮ ਕਰਦੇ 9200 ਦੇ ਕਰੀਬ ਮੈਡੀਕਲ, ਪੈਰਾਮੈਡੀਕਲ ਅਤੇ ਦਫ਼ਤਰੀ ਸਿਹਤ ਕਾਮੇ ਠੇਕਾ ਪ੍ਰਥਾ ਦਾ ਸ਼ਿਕਾਰ ਹੋ ਰਹੇ ਹਨ, ਪ੍ਰੰਤੂ ਪਿਛਲੇ ਢਾਈ-ਤਿੰਨ ਸਾਲਾਂ ਤੋਂ ਐਨ.ਐਚ.ਐਮ ਇੰਪਲਾਈਜ਼ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਦੀਆਂ ਪੰਜਾਬ ਸਰਕਾਰ ਨਾਲ ਮੀਟਿੰਗਾਂ ਹੋਈਆਂ, ਜੋ ਸਿਰਫ ਜ਼ੁਬਾਨੀ ਲਾਰੇਬਾਜੀ ਸਾਬਿਤ ਹੋਈਆਂ। ਸੂਬਾਈ ਆਗੂਆਂ ਨੇ ਪੰਜਾਬ ਸਰਕਾਰ 'ਤੇ ਰੋਸ ਜਾਹਿਰ ਕਰਦਿਆਂ ਕਿਹਾ ਕਿ ਲਗਪਗ ਤਿੰਨ ਸਾਲ ਦਾ ਸਮਾਂ ਬੀਤ ਜਾਣ 'ਤੇ ਵੀ ਪੰਜਾਬ ਸਰਕਾਰ ਵੱਲੋਂ ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀਆਂ ਦੀ ਕੋਈ ਵੀ ਜਾਇਜ਼ ਮੰਗ ਪੂਰੀ ਨਹੀਂ ਕੀਤੀ ਜਿਸ ਕਰਕੇ ਕਰਮਚਾਰੀਆਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਕਰਮਚਾਰੀਆਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਇਸੇ ਮਹੀਨੇ 15 ਜੂਨ ਨੂੰ ਲੁਧਿਆਣਾ ਵੈਸਟ ਵਿਧਾਨ ਸਭਾ ਜਿਮਨੀ ਚੋਣਾਂ ਵਿੱਚ ਪੰਜਾਬ ਸਰਕਾਰ ਦਾ ਵਿਰੋਧ ਕਰਦੇ ਹੋਏ ਪੋਲ ਖੋਲ ਰੈਲੀ ਕਰਕੇ ਪਰਚੇ ਵੰਡੇ ਜਾਣਗੇ। ਇਸ ਮੌਕੇ 'ਤੇ ਰਣਜੀਤ ਕੌਰ ਬਠਿੰਡਾ, ਦਿਨੇਸ਼ ਗਰਗ ਪਟਿਆਲਾ, ਜਸਬੀਰ ਸਿੰਘ ਤਰਨਤਾਰਨ, ਦੀਪਿਕਾ ਸ਼ਰਮਾ ਪਠਾਨਕੋਟ, ਡਾਕਟਰ ਪ੍ਰਭਜੋਤ ਕਪੂਰਥਲਾ, ਅਮਨਦੀਪ ਸਿੰਘ ਨਾਭਾ, ਅਨਿਤਾ ਹੁਸ਼ਿਆਰਪੁਰ ਅਤੇ ਡਾਕਟਰ ਸੁਮਿਤ ਕਪਾਹੀ ਜਲੰਧਰ ਆਦਿ ਸੂਬਾ ਆਗੂਆਂ ਨੇ ਕਿਹਾ ਕਿ ਨੈਸ਼ਨਲ ਹੈਲਥ ਮਿਸ਼ਨ ਅਧੀਨ ਕੰਮ ਕਰਦੇ ਕਰਮਚਾਰੀਆਂ ਨੂੰ ਦੀਆਂ ਜਾਇਜ ਮੰਗਾਂ ਜਲਦ ਤੋਂ ਜਲਦ ਪੂਰੀਆਂ ਕਰਕੇ ਬਣਦਾ ਮਾਣ ਸਨਮਾਨ ਬਹਾਲ ਕੀਤਾ ਜਾਵੇ। ਇਸ ਮੌਕੇ 'ਤੇ ਡਾਕਟਰ ਰਾਜ ਨਵਾਂਸ਼ਹਿਰ,ਜਸ਼ਨ ਫ਼ਤਹਿਗੜ੍ਹ ਸਾਹਿਬ, ਹਰਜਿੰਦਰ ਸਿੰਘ ਸੰਗਰੂਰ, ਡਾਕ੍ਰਰ ਕੁਲਵਿੰਦਰ ਸਿੰਘ, ਡਾਕਟਰ ਜਤਿੰਦਰ ਸਿੰਘ, ਡਾਕਟਰ ਸ਼ਿਵਰਾਜ, ਡਾ ਵਿਪਨ, ਡਾ. ਪੰਖੁੜੀ, ਡਾ. ਜਯੋਤੀ, ਰੇਚਲ, ਡਾ. ਇੰਦਰਜੀਤ, ਡਾ. ਵਰਿੰਦਰ, ਡਾ. ਦਰਬਾਰੀ, ਡਾ. ਕੁਲਦੀਪ ਅਤੇ ਜ਼ਿਲ੍ਹਿਆਂ ਦੇ ਆਗੂ ਵੀ ਹਾਜ਼ਰ ਸਨ।

# ਸੂਬੇ ਭਰ 'ਚ ਵਿਸ਼ੇਸ਼ ਯੋਗ ਪਖਵਾੜਾ ਕਾਰਜਸ਼ਾਲਾ 'ਚ 1,37,468 ਲੋਕਾਂ ਨੇ ਕੀਤਾ ਯੋਗ ਅਭਿਆਸ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਸੂਬੇ ਨੂੰ ਇੱਕ ਸਿਹਤ, ਨਸ਼ਾ ਮੁਕਤ ਅਤੇ ਵਾਤਾਵਰਣ-ਸੰਵੇਦਨਸ਼ੀਲ ਰਾਜ ਬਣਾਉਣ ਦੀ ਲੜੀ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਇਸੇ ਤਹਿਤ ਕੌਮਾਂਤਰੀ ਯੋਗ ਦਿਵਸ ਦੇ ਮੌਕੇ ਸੂਬੇ ਭਰ ਵਿੱਚ ਖੇਡ ਵਿਭਾਗ, ਆਯੂਸ਼ ਵਿਭਾਗ, ਉਚੇਤਰ ਸਿੱਖਿਆ ਵਿਭਾਗ ਅਤੇ ਪਤੰਜਲੀ ਯੋਗਪੀਠ ਦੀ ਸਾਂਝੀ ਸਰਪ੍ਰਸਤੀ ਵਿੱਚ ਵਿਸ਼ੇਸ਼ ਯੋਗ ਪਖਵਾੜਾ ਕਾਰਜਸ਼ਾਲਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਆਯੋਜਨ ਵਿੱਚ ਸੂਬੇ ਵਿੱਚ ਹੁਣ ਤੱਕ ਲਗਭਗ 9.50 ਲੱਖ ਭਾਗੀਦਾਰਾਂ ਨੇ ਸਰਗਰਮ ਭਾਗੀਦਾਰੀ ਕੀਤੀ ਜਾ ਚੁੱਕੀ ਹੈ।ਐਸ ਸੂਬੇ ਭਰ ਵਿੱਚ 1,37,468 ਲੋਕਾਂ ਨੇ ਇੱਕ ਸਥ ਯੋਗ ਦਾ ਅਭਿਆਸ ਕੀਤਾ ਅਤੇ 2,640 ਪੌਦੇ ਲਗਾਏ। ਹੁਣ ਕੁੱਲ 40,721 ਪੌਦੇ ਲੱਗ ਚੁੱਕੇ ਹਨ।ਜਾਣਕਾਰੀ ਹੈ ਕਿ 21 ਜੂਨ ਨੂੰ ਮਨਾਏ ਜਾਣ ਵਾਲੇ ਕੌਮਾਂਤਰੀ ਯੋਗ ਦਿਵਸ ਦੀ ਸੂਬੇ ਭਰ ਵਿੱਚ ਪਹਿਲਾਂ ਹੀ ਤਿਆਰੀਆਂ ਕੀਤੀ ਜਾ ਰਹੀਆਂ ਹਨ, ਤਾਂ ਜੋ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦੇ ਯੋਗ ਮੁਕਤ-ਨਸ਼ਾ ਮੁਕਤ ਹਰਿਆਣਾ ਦੇ ਵਿਜ਼ਨ ਨੂੰ ਸਾਕਾਰ ਕੀਤਾ ਜਾ ਸਕੇ। ਹਰਿਆਣਾ ਖੇਡ ਅਤੇ ਆਯੂਸ਼ ਵਿਭਾਗ ਦੇ ਜਨਰਲ ਡਾਇਰੈਕਟਰ ਸੰਜੀਵ ਵਰਮਾ ਨੇ ਇਸ ਮੌਕੇ ਕਿਹਾ ਕਿ ਯੋਗ ਸਿਰਫ਼ ਸਰੀਰ ਦੀ ਕਿਰਿਆਵਾਂ ਤੱਕ ਹੀ ਸੀਮਿਤ ਨਹੀਂ ਹੈ ਸਗੋਂ ਇਹ ਇੱਕ ਪੂਰਨ ਜੀਵਨਸ਼ੈਲੀ ਹੈ, ਜਿਸ ਵਿੱਚ ਸਵੈ-ਨਿਯੰਤਰਣ, ਸੰਤੁਲਨ ਅਤੇ ਸਿਹਤ ਸ਼ਾਮਲ ਹਨ।

# ਭਾਰਤੀ ਜਨਤਾ ਪਾਰਟੀ ਦੇ 11 ਸਾਲ ਪੂਰੇ ਹੋਣ 'ਤੇ ਵਿਸ਼ੇਸ਼ ਪ੍ਰੋਗਰਾਮ ਕਰਾਇਆ



**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੇ 11 ਸਾਲ ਪੂਰੇ ਹੋਣ 'ਤੇ ਵਿਕਸਤ ਭਾਰਤ ਦੇ ਅੰਮ੍ਰਿਤ ਕਾਲ ਸੇਵਾ, ਸੁਸ਼ਾਸਨ, ਗਰੀਬ ਕਲਿਆਣ ਦੇ 11 ਸਾਲ ਨਾਅਰੇ ਹੇਠ ਵਿਸ਼ੇਸ਼ ਪ੍ਰੋਗ੍ਰਾਮ ਰਾਜਵਿੰਦਰ ਸਿੰਘ ਲੱਕੀ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਇਸ ਮੌਕੇ ਪੰਜਾਬ ਪ੍ਰਾਂਤ ਦੇ ਵਿੱਤ ਸਕੱਤਰ ਸੁਖਵਿੰਦਰ ਗੋਲਡੀ, ਪ੍ਰੇਮ ਸਿੰਘ ਹੁੰਦਲ ਐਡਵੋਕੇਟ ਪੰਜਾਬ ਲੀਗਲ ਸੈਲ ਵਾਈਸ ਪ੍ਰਧਾਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਹ ਜਾਣਕਾਰੀ ਨਰਿੰਦਰ ਨਾਥ ਸੂਦਨ ਦਫਤਰੀ ਸਕੱਤਰ ਵਲੋਂ ਦਿੱਤੀ ਗਈ। ਪਿਛਲੇ 11 ਸਾਲ ਵਿੱਚ ਭਾਰਤੀ ਜਨਤਾ ਪਾਰਟੀ ਸਰਕਾਰ ਵੱਲੋਂ ਆਮ ਲੋਕਾਂ ਲਈ ਕੀਤੇ ਕੰਮਾਂ ਜਿਵੇਂ ਆਯੁਸ਼ਮਾਨ ਭਾਰਤ, ਕਿਸਾਨ ਸਨਮਾਨ ਨਿਧੀ, ਸੁਕੰਨਿਆ ਸਮਰਿੱਧੀ ਯੋਜਨਾ ਅਤੇ ਹੋਰ ਅਨੇਕਾਂ ਗਰੀਬ ਕਲਿਆਣ ਯੋਜਨਾਵਾਂ ਬਾਰੇ ਆਮ ਲੋਕਾਂ ਨੂੰ ਜਾਣਕਾਰੀ ਦਿੱਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਰਦਵਾਜ ਐਡਵੋਕੇਟ ਅਮਨ ਰਾਣਾ ਜ਼ਿਲ੍ਹਾ ਮਹਾਂ ਮੰਤਰੀ, ਦਿਨੇਸ਼ ਕਟਾਰੀਆ ਮੀਤ ਪ੍ਰਧਾਨ, ਕਮਲ ਸ਼ਰਮਾ, ਰਜਿੰਦਰ ਘਟਾਣਾ, ਪੰਕਜ ਕੁਮਾਰ ਜ਼ਿਲ੍ਹਾ ਪ੍ਰਧਾਨ ਯੁਵਾ ਮੋਰਚਾ ਪੰਡਤ ਬਲਰਾਮ ਕ੍ਰਿਸ਼ਨ, ਜਸਵਿੰਦਰ ਸਿੰਘ ਬਹੀਮਾ, ਡਾਕਟਰ ਕੁਲਵਿੰਦਰ ਸਿੰਘ, ਜਸਵਿੰਦਰ ਸਿੰਘ ਜੁਲਾਹ ਮਾਜਰਾ ਰਾਮ ਟੌਂਸਾ, ਪਰਵੀਨ ਪੁਰੀ, ਪੰਕਜ ਕੁਮਾਰ ਰਾਣਾ, ਸਾਧੂ ਰਾਮ ਜੱਟਪੁਰਾ, ਸੁਖਦੇਵ ਲਾਲ ਬੰਟੀ, ਨਰੇਸ਼ ਕੁਮਾਰ, ਵਿਸ਼ਾਲ ਚੋਪੜਾ, ਮਨੀਸ਼ ਕੁਮਾਰ, ਕੀਮਤੀ ਲਾਲ, ਸੰਦੀਪ ਭਾਟੀਆ, ਹਰਕੇਸ਼ ਸਿੰਘ ਬਿੱਟੂ, ਸ਼ਾਮ ਲਾਲ ਬੱਸੀ, ਰਕੇਸ਼ ਕੁਮਾਰ ਬਨਾ, ਸੋਨੀ ਚੰਦੜ, ਬੰਟੀ ਗਾਬਾ, ਸੁਰਿੰਦਰ ਪਾਲ ਵਰਮਾ ਵੀ ਸ਼ਾਮਲ ਹੋਏ।

# ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਤ ਹੋਈ : ਐਡਵੋਕੇਟ ਰਣਜੀਤ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)** ਪਿੰਡ ਦਿਹਾਣਾ ਵਿਖੇ ਭੁਪਿੰਦਰ ਸਿੰਘ ਐਲਡੀਐਮ ਇੰਚਾਰਜ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ।ਜਿਸ ਵਿੱਚ ਐਡਵੋਕੇਟ ਰਣਜੀਤ ਕੁਮਾਰ ਹਲਕਾ ਇੰਚਾਰਜ ਚੱਬੇਵਾਲ ਕਾਂਗਰਸ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਚੱਬੇਵਾਲ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਹਰ ਪਿੰਡ ਵਿੱਚ ਬੂਥ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਮੀਟਿੰਗ ਹੋਈ, ਜਿਸ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਵਿਚਾਰ ਚਰਚਾ ਕੀਤੀ ਗਈ।ਐਡਵੋਕੇਟ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਤ ਹੋਈ ਹੈ। ਪੰਜਾਬ ਵਿੱਚ ਲਾਅ ਐਂਡ ਆਰਡਰ ਦੀ ਸਥਿਤੀ ਬਿਲਕੁਲ ਖਰਾਬ ਹੋ ਚੁੱਕੀ ਹੈ ਤੇ ਨਸ਼ਿਆਂ ਦਾ ਬੋਲਬਾਲਾ ਦਿਨੋ ਦਿਨ ਵੱਧ ਰਿਹਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਝੂਠੇ ਸਬਜਬਾਜ ਦਿਖਾ ਕੇ ਸੱਤਾ ਵਿੱਚ ਆਈ ਸੀ ਪਰ ਲੋਕ ਹੋਣ ਇਸ ਨੂੰ ਭਲੀ ਭਾਂਤ ਜਾਣ ਚੁੱਕੇ ਹਨ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਲੋਕ ਬੁਰੀ ਤਰ੍ਹਾਂ ਨਕਾਰ ਦੇਣਗੇ ਅਤੇ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣਗੇ। ਇਸ ਮੌਕੇ ਨਰਿੰਦਰ ਕੁਮਾਰ, ਜਗਜੀਤ ਸਿੰਘ ਪੰਚੀ



ਬਲਾਕ ਪ੍ਰਧਾਨ ਚੱਬੇਵਾਲ, ਸੁਖਦੇਵ ਸਿੰਘ ਲੱਕੀ, ਲਵਲ ਕੁਮਾਰ ਰਿਟਾਇਰਡ ਡੀਐਸਪੀ, ਸਾਬਕਾ ਸਰਪੰਚ ਸੁਰਜਿੰਦਰ ਸਿੰਘ, ਸਾਬਕਾ ਸਰਪੰਚ ਰਾਮ ਪ੍ਰਕਾਸ਼, ਮਾਸਟਰ ਗੁਰਦੇਵ ਸਿੰਘ, ਮਲਕੀਤ ਚੰਦ, ਕਮਲਦੀਪ ਕੁਮਾਰ ਸ਼ਰਮਾ, ਗੁਰਪ੍ਰੀਤ ਸਿੰਘ ਜੰਜੂਆ, ਭੁਪਿੰਦਰ ਸਿੰਘ ਹੈਪੀ, ਬਲਜਿੰਦਰ ਸਿੰਘ ਸੁਖਵਿੰਦਰ ਸਿੰਘ, ਦਰਸ਼ਨ ਰਾਮ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਵਰਕਰ ਹਾਜ਼ਰ ਸਨ।

# ਭਾਜਪਾ ਸਰਕਲ ਪ੍ਰਧਾਨਾਂ ਦੀਆਂ ਨਿਯੁਕਤੀਆਂ

**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਦੇ ਪੰਜਾਬ ਇੰਚਾਰਜ ਅਤੇ ਸਾਬਕਾ ਮੁੱਖ ਮੰਤਰੀ ਗੁਜਰਾਤ ਵਿਜੇ ਰੁਪਾਨੀ ਅਤੇ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਅਤੇ ਸੀਨੀਅਰ ਲੀਡਰਸ਼ਿਪ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਦੇ ਵੱਖ-ਵੱਖ ਸਰਕਲਾਂ ਦੇ ਪ੍ਰਧਾਨਾਂ ਨੂੰ ਨਿਯੁਕਤ ਕੀਤਾ ਗਿਆ। ਜਿਸ ਵਿੱਚ ਬਲਾਚੌਰ ਤੋਂ ਪ੍ਰਵੀਨ ਕੁਮਾਰ ਪੁਰੀ, ਕਾਠਗੜ੍ਹ ਤੋਂ ਸ੍ਰੀਰਾਮ ਕਸਾਣਾ, ਭੱਦੀ ਤੋਂ ਨਰੇਸ਼ ਕੁਮਾਰ ਵਿੱਕੀ, ਪੋਜੇਵਾਲ ਤੋਂ ਸੁਖਦੇਵ ਲਾਲ ਬੰਟੀ, ਸਾਹਿਬਾ ਤੋਂ ਪੰਕਜ ਕੁਮਾਰ ਰਾਣਾ, ਗੜ੍ਹੀ ਤੋਂ ਸਾਧੂ ਰਾਮ, ਨਵਾਂਸ਼ਹਿਰ -1 ਤੋਂ ਮੁਨੀਸ਼ ਅਗਨੀਹੋਤਰੀ ਅਤੇ ਸਰੋਆ ਤੋਂ ਵਿਸ਼ਾਲ ਚੋਪੜਾ ਨੂੰ ਸਰਕਲ ਪ੍ਰਧਾਨ ਬਣਾਇਆ ਗਿਆ। ਇਸ ਮੌਕੇ ਭਾਜਪਾ ਜ਼ਿਲ੍ਹਾ ਚੋਣ ਅਧਿਕਾਰੀ ਸੁਖਵਿੰਦਰ ਸਿੰਘ ਗੋਲਡੀ ਨੇ ਦੱਸਿਆ ਕਿ ਇਹ ਨਿਯੁਕਤੀਆਂ ਪ੍ਰਦੇਸ਼ ਦੀ ਸੀਨੀਅਰ ਲੀਡਰਸ਼ਿਪ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਬਾਕੀ ਦੇ ਸਰਕਲ ਪ੍ਰਧਾਨਾਂ ਦੀ ਨਿਯੁਕਤੀ ਵੀ ਜਲਦੀ ਕੀਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਨਵੇਂ ਚੁਣੇ ਸਰਕਲ ਪ੍ਰਧਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਭਾਜਪਾ ਪੰਜਾਬ ਵਿੱਚ ਲੋਕਾਂ ਤੱਕ ਪਹੁੰਚ ਕਰਕੇ ਕੇਂਦਰ ਸਰਕਾਰ ਦੀਆਂ ਜਨ ਕਲਿਆਣਕਾਰੀ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਡਤ ਬਲਰਾਮ ਕ੍ਰਿਸ਼ਨ, ਅਜੇ ਕਟਾਰੀਆ, ਨਰਿੰਦਰ ਸੂਦਨ, ਪੰਕਜ ਕੁਮਾਰ, ਅਮਨ ਰਾਣਾ, ਦਿਨੇਸ਼ ਭਾਰਦਵਾਜ, ਨੰਦ ਕਿਸ਼ੋਰ, ਜਸਵੰਤ ਖਰਲ, ਕਮਲ ਸ਼ਰਮਾ, ਰਜਿੰਦਰ ਖਟਾਣਾ ਆਦਿ ਹਾਜ਼ਰ ਸਨ।



# 'ਗੁਣਵੱਤਾ ਸਿੱਖਿਆ ਤੇ ਸਕੂਲ ਪ੍ਰਸ਼ਾਸਨ' ਵਿਸ਼ੇ 'ਤੇ ਜਾਗਰੂਕਤਾ ਸੈਮੀਨਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਵਿਖੇ 'ਗੁਣਵੱਤਾ ਸਿੱਖਿਆ ਅਤੇ ਸਕੂਲ ਪ੍ਰਸ਼ਾਸਨ' ਵਿਸ਼ੇ 'ਤੇ ਜਾਗਰੂਕਤਾ ਸੈਮੀਨਾਰ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਸਾਰੇ ਅਧਿਆਪਕਾਂ ਨੇ ਹਿੱਸਾ ਲਿਆ। ਸੈਮੀਨਾਰ ਦੀ ਸ਼ੁਰੂਆਤ ਵਿੱਚ, ਕੈਂਪਸ ਡਾਇਰੈਕਟਰ ਚੰਦਰ ਮੋਹਨ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਸੈਮੀਨਾਰ ਦਾ ਉਦੇਸ਼ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਕਰਨਾ ਅਤੇ ਸਕੂਲ ਪ੍ਰਸ਼ਾਸਨ ਵਿੱਚ ਪ੍ਰਭਾਵਸ਼ਾਲੀ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੌਕੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ, ਡਾ. ਰਿਤੂ ਅਤੇ ਦੇਸ ਰਾਜ ਸ਼ਰਮਾ ਨੇ ਅਧਿਆਪਕਾਂ ਨੂੰ ਸੰਬੋਧਨ ਕੀਤਾ ਅਤੇ ਮੌਜੂਦਾ ਵਿਦਿਅਕ ਅਭਿਆਸਾਂ ਅਤੇ ਨੌਜਵਾਨਾਂ ਦੇ ਮਾਨਸਿਕ ਵਿਕਾਸ ਵਿੱਚ ਪ੍ਰਸ਼ਾਸਕਾਂ ਦੀ ਭੂਮਿਕਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਅੰਤ ਵਿੱਚ, ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ਼ ਮੌਜੂਦ ਸੀ।



# ਰੋਜ਼ਾ ਸ਼ਰੀਫ਼ ਮੰਢਾਲੀ ਵਿਖੇ ਈਦ ਦਾ ਤਿਉਹਾਰ ਮਨਾਇਆ ਗਿਆ



**ਬੰਗਾ (ਅਵਤਾਰ ਕਲੇਰ)** ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ, ਰੌਜ਼ਾ ਸ਼ਰੀਫ਼ ਮੰਢਾਲੀ ਵਿਖੇ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਦੀ ਰਹਿਨੁਮਾਈ ਹੇਠ ਈਦ-ਉੱਲ-ਜ਼ੂਹਾ (ਬਕਰੀਦ) ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਕੁਲ ਲੋਕਾਈ ਦੇ ਭਲੇ ਲਈ ਦੁਆ ਕੀਤੀ ਗਈ। ਸੰਗਤਾਂ ਨੇ ਇੱਕ-ਦੂਜੇ ਦੇ ਗਲੇ ਲੱਗ ਕੇ ਈਦ ਦੀਆਂ ਮੁਬਾਰਕਾਂ ਦਿੱਤੀਆਂ। ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਨੇ ਸੰਗਤਾਂ ਨੂੰ ਈਦ ਉੱਲ ਜ਼ੂਹਾ ਦੇ ਤਿਉਹਾਰ ਦੀ ਮੁਬਾਰਕਬਾਦ ਦਿੱਤੀ। ਉਹਨਾਂ ਸੰਗਤਾਂ ਨਾਲ ਪ੍ਰਵਚਨਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸਾਨੂੰ ਹਮੇਸ਼ਾ ਅੱਲ੍ਹਾ ਤਾਲਾ ਨੂੰ ਯਾਦ ਰੱਖਣਾ ਚਾਹੀਦਾ ਹੈ। ਪੀਰਾਂ ਫ਼ਕੀਰਾਂ ਦੇ ਦੱਸੇ ਹੋਏ ਮਾਰਗ 'ਤੇ ਚੱਲਣਾ ਚਾਹੀਦਾ ਹੈ ਅਤੇ ਲੋੜਵੰਦਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਬਾਬਾ ਬਿੱਲੇ ਸ਼ਾਹ ਫਗਵਾੜਾ, ਬਾਬਾ ਬਾਹੁਦੀਨ ਸ਼ਾਹ ਖਾਨਖਾਨਾ, ਮੁਹੰਮਦ ਆਸ਼ਿਕ ਨੀਲਾ, ਰਫ਼ੀਕ ਮੁਹੰਮਦ, ਡਾ. ਮਲਿਕ ਦੋਸਾਂਝ ਕਲਾਂ, ਮੁਹੰਮਦ ਬਾਕਿਲ, ਹਰੀਨ, ਇਮਰਾਨ, ਬੰਟੀ, ਚਿਰਾਗ, ਮੁਹੰਮਦ ਆਰਿਫ਼, ਮੁਹੰਮਦ ਰਫ਼ੀ, ਬਿੱਟੂ ਖਾਨ ,ਐਮ ਅਲੀ, ਡਾ. ਜਗਦੀਸ਼ ਮੁਹੰਮਦ,ਸੋਨੂੰ ਜੱਸੋਮਜਾਰਾ, ਹਰਪ੍ਰੀਤ ਜੱਖੂ, ਚੰਨੀ ਖੋਥੜਾਂ ਆਦਿ ਹਾਜ਼ਰ ਸਨ।

# ਸੂਬੇ 'ਚ ਨਸ਼ੇ ਖਿਲਾਫ਼ ਲੋਕ ਲਹਿਰ ਬਣਨੀ ਹੋਈ ਸ਼ੁਰੂ : ਰਾਜਪਾਲ ਕਟਾਰੀਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਡੀ.ਏ.ਵੀ ਕਾਲਜ ਆਫ਼ ਐਜੂਕੇਸ਼ਨ ਹੁਸ਼ਿਆਰਪੁਰ ਵਿਖੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਪੰਜਾਬ ਵਿਚ ਨਸ਼ਿਆਂ ਵਿਰੁੱਧ ਜਨਤਕ ਜਾਗਰੂਕਤਾ ਵੱਧ ਰਹੀ ਹੈ ਅਤੇ ਇਹ ਹੁਣ ਇਕ ਲੋਕ ਲਹਿਰ ਦਾ ਰੂਪ ਧਾਰਨ ਕਰਨ ਲੱਗ ਪਈ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਚੁੱਕੇ ਗਏ ਠੋਸ ਕਦਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਵਿਚ ਸਕਾਰਾਤਮਕ ਬਦਲਾਅ ਦਿਖਾਈ ਦੇ ਰਿਹਾ ਹੈ ਅਤੇ ਲੋਕ ਹੁਣ ਨਸ਼ਿਆਂ ਵਿਰੁੱਧ ਇਕਜੁੱਟ ਹੋ ਰਹੇ ਹਨ। ਰਾਜਪਾਲ ਨੇ ਸਪੱਸ਼ਟ ਕੀਤਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਸਿਰਫ਼ ਸਰਕਾਰੀ ਯਤਨਾਂ ਨਾਲ ਖ਼ਤਮ ਨਹੀਂ ਕੀਤਾ ਜਾ ਸਕਦਾ, ਇਸ ਲਈ ਸਮਾਜ ਦੇ ਹਰ ਵਰਗ, ਮਾਪਿਆਂ, ਅਧਿਆਪਕਾਂ, ਨੌਜਵਾਨਾਂ, ਆਮ ਲੋਕਾਂ ਅਤੇ ਪ੍ਰਸ਼ਾਸਨ ਨੂੰ ਮਿਲ ਕੇ ਸਰਗਰਮ ਭੂਮਿਕਾ ਨਿਭਾਉਣੀ ਪਵੇਗੀ। ਉਨ੍ਹਾਂ ਕਿਹਾ ਕਿ ਬੇਰੁਜ਼ਗਾਰੀ ਅਤੇ ਖਾਲੀਪਣ ਨਸ਼ੇ ਦੀ ਲਤ ਦੇ ਮੂਲ ਕਾਰਨ ਹਨ। ਜੇਕਰ ਨੌਜਵਾਨਾਂ ਨੂੰ ਰੁਜ਼ਗਾਰ ਅਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਿਆ ਜਾਵੇ ਤਾਂ ਉਹ ਇਸ ਬੁਰਾਈ ਤੋਂ ਬਚ ਸਕਦੇ ਹਨ। ਉਨ੍ਹਾਂ ਸੁਝਾਅ ਦਿੱਤਾ ਕਿ ਵਿੱਦਿਅਕ ਸੰਸਥਾਵਾਂ ਆਪਣੀ ਭੂਮਿਕਾ ਨਿਭਾਉਣ, ਟੀਮਾਂ ਬਣਾਉਣ ਅਤੇ ਵਿਦਿਆਰਥੀਆਂ ਨੂੰ ਪਿੰਡਾਂ ਵਿਚ ਭੇਜਣ ਤਾਂ ਜੋ ਉਹ ਜ਼ਮੀਨੀ ਹਕੀਕਤ ਨੂੰ ਜਾਣ ਸਕਣ। ਇਸ ਰਾਹੀਂ ਨਸ਼ੇ ਦੀ ਲਤ ਨੂੰ 50 ਫੀਸਦੀ ਤੱਕ ਘਟਾਉਣਾ ਸੰਭਵ ਹੈ।ਰਾਜਪਾਲ ਨੇ ਮਾਵਾਂ ਨੂੰ



ਬੱਚਿਆਂ ਦੇ ਜੀਵਨ ਵਿਚ ਸਭ ਤੋਂ ਪ੍ਰਭਾਵਸ਼ਾਲੀ ਵਿਅਕਤੀ ਦੱਸਦਿਆਂ ਕਿਹਾ ਕਿ ਇਕ ਮਾਂ ਦੀ ਭੂਮਿਕਾ ਉਨ੍ਹਾਂ ਨੂੰ ਬੁਰੀ ਸੰਗਤ ਅਤੇ ਨਸ਼ੇ ਤੋਂ ਬਚਾਉਣ ਵਿਚ ਸਭ ਤੋਂ ਮਹੱਤਵਪੂਰਨ ਹੁੰਦੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਖੇਤੀ, ਕਾਰੋਬਾਰ ਅਤੇ ਖੇਡਾਂ ਵਰਗੀਆਂ ਸਕਾਰਾਤਮਕ ਗਤੀਵਿਧੀਆਂ ਵਿਚ ਸ਼ਾਮਲ ਕਰਨ ਅਤੇ ਉਨ੍ਹਾਂ ਵਿਚ ਸਖ਼ਤ ਮਿਹਨਤ ਦੀ ਆਦਤ ਪਾਉਣ। ਰਾਜਪਾਲ ਨੇ ਦੁਹਰਾਇਆ ਕਿ ਨਸ਼ਿਆਂ ਵਿਰੁੱਧ ਇਹ ਜੰਗ ਸਿਰਫ਼ ਉਦੋਂ ਹੀ ਸਫਲ ਹੋ ਸਕਦੀ ਹੈ ਜਦੋਂ ਪ੍ਰਸ਼ਾਸਨ, ਸਮਾਜ, ਮਾਪੇ, ਨੌਜਵਾਨ ਅਤੇ ਹਰੇਕ ਨਾਗਰਿਕ ਇਕੱਠਾ ਹੋਵੇ। ਉਨ੍ਹਾਂ ਕਿਹਾ ਕਿ ਜੋ ਵੀ ਕੰਮ ਮਿਲਦਾ ਹੈ, ਉਸਨੂੰ ਸਮਰਪਣ ਭਾਵਨਾ ਨਾਲ ਕਰੋ। ਇਕ ਆਦਮੀ ਦਾ ਸਤਿਕਾਰ ਉਸ ਦੇ ਗੁਣਾਂ ਨਾਲ ਹੁੰਦਾ ਹੈ, ਪੈਸੇ ਨਾਲ ਨਹੀਂ। ਇਸ ਦੌਰਾਨ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਵਿਚ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਬਾਰੇ ਰਾਜਪਾਲ ਪੰਜਾਬ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਨਸ਼ਾ ਛੁਡਾਊ ਕੇਂਦਰਾਂ ਵਿਚ ਬਿਸਤਰਿਆਂ ਦੀ ਗਿਣਤੀ 100 ਤੋਂ ਵਧਾ ਕੇ 460 ਕਰ ਦਿੱਤੀ ਗਈ ਹੈ। ਇਸੇ ਤਰ੍ਹਾਂ ਨਿੱਜੀ ਨਸ਼ਾ ਛੁਡਾਊ ਕੇਂਦਰਾਂ ਵਿਚ ਬਿਸਤਰਿਆਂ ਦੀ ਸਮਰੱਥਾ 70 ਤੋਂ ਵਧਾ ਕੇ 222 ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਟਾਂਡਾ, ਮੁਕੇਰੀਆਂ ਅਤੇ ਗੜ੍ਹਸ਼ੰਕਰ ਵਿਚ ਤਿੰਨ ਨਵੇਂ ਮਨੋਵਿਗਿਆਨੀ ਨਿਯੁਕਤ ਕੀਤੇ ਗਏ ਹਨ। ਉਨ੍ਹਾਂ ਪੰਜਾਬ ਦੇ ਰਾਜਪਾਲ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਹੁਸ਼ਿਆਰਪੁਰ ਜ਼ਿਲ੍ਹਾ 100 ਫੀਸਦੀ ਨਸ਼ਾ ਮੁਕਤ ਹੋ ਜਾਵੇਗਾ। ਇਸ ਮੌਕੇ ਰਾਜਪਾਲ ਪੰਜਾਬ ਦੇ ਸਕੱਤਰ ਵਿਵੇਕ ਪ੍ਰਤਾਪ ਸਿੰਘ, ਐਸ.ਐਸ.ਪੀ ਸੰਦੀਪ ਕੁਮਾਰ ਮਲਿਕ, ਏ.ਡੀ.ਸੀ (ਜਨਰਲ) ਅਮਰਬੀਰ ਕੌਰ ਭੁੱਲਰ, ਐਸਡੀਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਡੀ.ਏ.ਵੀ ਕਾਲਜ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾ. ਅਨੂਪ ਕੁਮਾਰ, ਪ੍ਰਿੰਸੀਪਲ ਵਿਧੀ ਭੱਲਾ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

# ਐੱਸ ਡੀ ਕਾਲਜ 'ਚ ਪੌਦੇ ਲਗਾਏ

**ਸੁਲਤਾਨਪੁਰ ਲੋਧੀ (ਹਨੀ)** ਐਸ.ਡੀ. ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਐਨ.ਐਸ.ਐਸ ਵਿਭਾਗ ਤੇ ਈਕੋ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸੁਕਲਾ ਦੀ ਅਗਵਾਈ ਵਿਚ ਏਕ ਪੇੜ ਮਾਂ ਕੇ ਨਾਮ ਮੁਹਿੰਮ ਤਹਿਤ ਕਾਲਜ ਕੈਂਪਸ ਵਿਚ ਵੱਡੇ ਪੱਧਰ 'ਤੇ ਪੌਦੇ ਲਗਾਏ ਗਏ । ਇਸ ਮੌਕੇ ਪ੍ਰਿੰਸੀਪਲ ਡਾ. ਸ਼ੁਕਲਾ ਨੇ ਕਿਹਾ ਕਿ ਵੱਧ ਤੋਂ ਵੱਧ ਰੁੱਖ ਤਿਆਰ ਕਰਨਾ ਸਮੇਂ ਦੀ ਮੁੱਖ ਜ਼ਰੂਰਤ ਬਣ ਚੁੱਕੀ ਹੈ, ਇਸ ਲਈ ਸਾਨੂੰ ਵੱਡਾ ਹੰਭਲਾ ਮਾਰ ਕੇ ਹਰ ਸਾਲ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ, ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ੁੱਧ ਵਾਤਾਵਰਣ ਮਿਲ ਸਕੇ । ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਇੱਕ ਮਾਂ ਆਪਣੇ ਬੱਚਿਆਂ ਦੀ ਦੇਖਭਾਲ ਕਰਦੀ ਹੈ, ਉਸੇ ਤਰ੍ਹਾਂ ਸਾਨੂੰ ਵੀ ਪੌਦੇ ਲਗਾਉਣ ਉਪਰੰਤ ਉਨ੍ਹਾਂ ਦੀ ਦੇਖਭਾਲ ਵੀ ਕਰਨੀ ਚਾਹੀਦੀ ਹੈ। ਇਸ ਮੌਕੇ ਮੈਡਮ ਰਜਨੀ ਬਾਲਾ, ਰਜਿੰਦਰ ਕੌਰ, ਰਾਜਬੀਰ ਕੌਰ, ਕਸ਼ਮੀਰ ਕੌਰ, ਸੁਨੀਤਾ ਕਲੇਰ, ਰਜੀਵ ਕੁਮਾਰ, ਸ਼ਕਤੀ ਕੁਮਾਰ ਆਦਿ ਸਟਾਫ ਮੈਂਬਰ ਸਨ।



# ਸਿਹਤ ਵਿਭਾਗ ਵੱਲੋਂ ਪੀ ਆਰ ਟੀ ਸੀ ਜਹਾਨ ਖੇਲਾਂ ਵਿਖੇ ਜਾਗਰੂਕਤਾ ਸੈਮੀਨਾਰ



**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)** ਸਿਵਲ ਸਰਜਨ ਹੁਸ਼ਿਆਰਪੁਰ ਡਾ.ਪਵਨ ਕੁਮਾਰ ਤੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਵਲੋਂ ਪੀ.ਆਰ.ਟੀ ਸੀ ਜਹਾਨ ਖੇਲਾਂ ਵਿਖੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਗਿਆ। ਜਿਸ ਵਿੱਚ ਵਿਭਾਗ ਦੇ ਕਰਮਚਾਰੀਆਂ ਵਲੋਂ ਨਵੇਂ ਭਰਤੀ ਹੋਏ ਪੁਲਸ ਕਾਂਸਟੇਬਲਾਂ ਨੂੰ ਡੇਂਗੂ, ਟੀ.ਬੀ ਅਤੇ ਹਾਈਪਰਟੈਨਸ਼ਨ ਵਰਗੀਆਂ ਬੀਮਾਰੀਆਂ ਸੰਬੰਧੀ ਜਾਗਰੂਕ ਕੀਤਾ ਗਿਆ। ਹਾਈਪਰਟੈਨਸ਼ਨ ਜਿਸ ਨੂੰ 'ਸਾਈਲੈਂਟ ਕਿੱਲਰ' ਵੀ ਕਿਹਾ ਜਾਂਦਾ ਹੈ ਬਾਰੇ ਸੀ.ਐਚ.ਉ ਨਵਦੀਪ ਕੌਰ ਨੇ ਦੱਸਿਆ ਕਿ ਜਦੋਂ ਲਹੂ ਦੀਆਂ ਨਾੜੀਆਂ ਵਿੱਚ ਲਹੂ ਆਮ ਨਾਲੋਂ ਜਿਆਦਾ ਦਬਾਅ ਨਾਲ ਸੰਚਾਰਿਤ ਹੁੰਦਾ ਹੈ ਤਾਂ ਉਸ ਨੂੰ ਹਾਈ ਬੱਲਡ ਪ੍ਰੈਸ਼ਰ ਜਾਂ ਹਾਈਪਰਟੈਂਸ਼ਨ ਕਹਿੰਦੇ ਹਨ। ਉਨਾਂ ਦੱਸਿਆ ਕਿ ਸਾਡੀ ਬਦਲਦੀ ਹੋਈ ਜੀਵਨ ਸ਼ੈਲੀ ਵੀ ਕਿਸੇ ਹੱਦ ਤੱਕ ਇਸ ਬੀਮਾਰੀ ਨੂੰ ਵਧਾਉਣ ਵਿੱਚ ਵਾਧਾ ਕਰ ਰਹੀ ਹੈ। ਟੀ.ਬੀ ਦੀ ਬੀਮਾਰੀ ਬਾਰੇ ਜਾਗਰੂਕ ਕਰਦਿਆਂ ਨੇ ਸੀ.ਐਚ.ਉ ਗਗਨਦੀਪ ਕੌਰ ਦੱਸਿਆ ਕਿ ਤਪਦਿਕ ਜਾਂ ਟੀ.ਬੀ. (ਟਿਊਬਰਕੁਲੋਸਿਸ) ਇਕ ਛੂਤ ਦੀ ਬਿਮਾਰੀ ਹੈ ਜੋ ਮਾਈਕੋਬੈਕਟੀਰੀਅਮ ਟਿਊਬਰਕੁਲੋਸਿਸ ਨਾਮੀ ਬੈਕਟੀਰੀਆ ਕਾਰਨ ਹੁੰਦੀ ਹੈ। ਇਹ ਬੈਕਟੀਰੀਆ ਆਮ ਤੌਰ 'ਤੇ ਫੇਫੜਿਆਂ ਨੂੰ ਪ੍ਰਭਾਵਿਤ ਕਰਦਾ ਹੈ, ਪਰ ਸਰੀਰ ਦੇ ਹੋਰ ਹਿੱਸਿਆਂ ਨੂੰ ਵੀ ਪ੍ਰਭਾਵਿਤ ਕਰ ਸਕਦਾ ਹੈ। ਇਹ ਬਿਮਾਰੀ ਆਮ ਤੌਰ 'ਤੇ ਹਵਾ ਰਾਹੀਂ ਫੈਲਦੀ ਹੈ। ਉਨਾਂ ਦੱਸਿਆ ਕਿ ਟੀ.ਬੀ. ਦੇ ਲੱਛਣਾਂ 'ਚ ਖੰਘ, ਬੁਖ਼ਾਰ, ਰਾਤ ਨੂੰ ਪਸੀਨਾ ਆਉਣਾ, ਤੇਜ਼ੀ ਨਾਲ ਭਾਰ ਘਟਣਾ ਤੇ ਸਰੀਰ 'ਚ ਥਕਾਵਟ ਆਦਿ ਸ਼ਾਮਿਲ ਹਨ। ਉਨਾਂ ਦੱਸਿਆ ਕਿ ਟੀ.ਬੀ ਹੁਣ ਲਾਇਲਾਜ ਬੀਮਾਰੀ ਨਹੀਂ ਹੈ ਅਤੇ ਇਸਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਮਲਟੀਪਰਪਜ਼ ਹੈਲਥ ਵਰਕਰ ਰਾਜੇਸ਼ ਕੁਮਾਰ ਨੇ ਦੱਸਿਆ ਕਿ ਮਲੇਰੀਆਂ ਅਤੇ ਡੇਂਗੂ ਦਾ ਸੀਜਨ ਚੱਲ ਰਿਹਾ ਹੈ।ਇਸ ਲਈ ਸਾਨੂੰ ਇਸ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।ਡੇਂਗੂ ਦਾ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿਖੇ ਮੁਫਤ ਕੀਤਾ ਜਾਂਦਾ ਹੈ।

# ਕੁੱਲ ਹਿੰਦ ਕਿਸਾਨ ਸਭਾ ਦੇ ਸ਼ਹੀਦ ਸਾਥੀ ਸੰਤੋਖ ਸਿੰਘ ਦੀ ਚੌਥੀ ਬਰਸੀ ਮਨਾਈ

**ਨੂਰਪੁਰ ਬੇਦੀ (ਸੁਰਜੀਤ ਸਿੰਘ)**- ਕੇਂਦਰ ਦੀ ਮੋਦੀ ਸਰਕਾਰ ਖਿਲਾਫ ਚੱਲੇ ਕਿਸਾਨ ਅੰਦੋਲਨ ਦੇ ਵਿੱਚ ਸ਼ਹੀਦ ਹੋਏ ਸਾਥੀ ਸੰਤੋਖ ਸਿੰਘ ਸਰਾਂ ਦੀ ਚੌਥੀ ਬਰਸੀ ਉਹਨਾਂ ਦੇ ਜੱਦੀ ਪਿੰਡ ਸਰਾਂ ਵਿਖੇ ਮਨਾਈ ਗਈ। ਜਿਸ ਵਿੱਚ ਪਿੰਡ ਵਾਸੀ ਇਲਾਕੇ ਦੇ ਲੋਕ ਵੱਡੀ ਗਿਣਤੀ 'ਚ ਹਾਜ਼ਰ ਹੋਏ ।ਗੁਰਦੁਆਰਾ ਸਾਹਿਬ ਵਿਖੇ ਕੀਤੇ ਗਏ ਸਾਦੇ ਸਮਾਗਮ ਵਿੱਚ ਬੋਲਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਕਿਹਾ ਕਿ ਸੰਤੋਖ ਸਿੰਘ ਬਿਜਲੀ ਬੋਰਡ ਚੋਂ ਸੇਵਾ ਮੁਕਤ ਹੋਣ ਤੋਂ ਬਾਅਦ ਕੁੱਲ ਹਿੰਦ ਕਿਸਾਨ ਸਭਾ ਦੇ ਸਿਪਾਹੀ ਬਣੇ ਤੇ ਉਹਨਾਂ ਨੇ ਕਿਸਾਨੀ ਸੰਘਰਸ਼ ਵਿੱਚ ਬਹੁਤ ਵੱਡਾ ਵਡਮੁੱਲਾ ਯੋਗਦਾਨ ਪਾਇਆ। ਉਹ 25 ਨਵੰਬਰ 2020 ਨੂੰ ਜਥੇ ਦੇ ਨਾਲ ਸਿੰਘੂ ਬਾਰਡਰ ਲਈ ਰਵਾਨਾ ਹੋਏ ਤੇ ਉੱਥੇ ਲਗਾਤਾਰ ਕੁੱਲ ਹਿੰਦ ਕਿਸਾਨ ਸਭਾ ਦੇ ਆਗੂਆਂ ਵੱਲੋਂ ਲਗਾਈ ਹਰ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦੇ ਸਨ। 26 ਜਨਵਰੀ 2021 ਦੀ ਘਟਨਾ ਤੋਂ ਬਾਅਦ ਉਹ ਲਗਾਤਾਰ ਵਲੰਟੀਅਰ ਤੌਰ 'ਤੇ ਸੇਵਾ ਕਰਦੇ ਰਹੇ ਸਨ। ਉਹਨਾਂ ਦੇ ਪਿੰਡ ਤੋਂ ਵੀ ਕਿਸਾਨਾਂ ਦੇ ਜਥੇ ਲਗਾਤਾਰ ਸ਼ਮੂਲੀਅਤ ਕਰਦੇ ਸਨ। ਪਰ ਉਹ ਕਿਸਾਨ ਸਭਾ ਦੇ ਦਿੱਤੇ ਪ੍ਰੋਗਰਾਮ ਸਾਰ ਹੀ ਸਿੰਘੂ ਬਾਰਡਰ 'ਤੇ ਆਪਣਾ ਯੋਗਦਾਨ ਪਾ ਰਹੇ ਸਨ ।ਲਗਾਤਾਰ ਮੋਰਚੇ ਵਿੱਚ ਰਹਿਣ ਦੇ ਕਾਰਨ ਉਹ



ਕੁਝ ਢਿੱਲੇ ਮੱਠੇ ਹੋ ਗਏ ਤੇ ਕਿਸਾਨ ਆਗੂਆਂ ਤੋਂ ਇਜਾਜ਼ਤ ਲੈ ਕੇ ਮਈ ਮਹੀਨੇ ਉਹ ਆਪਣੇ ਪਿੰਡ ਆ ਗਏ ਪਰ ਇਲਾਜ ਕਰਨ ਤੋਂ ਬਾਅਦ ਵੀ ਉਹ 17 ਜੂਨ 2021 ਨੂੰ ਸਾਡੇ ਕੋਲੋਂ ਵਿਛੜ ਗਏ।ਅੱਜ ਉਹਨਾਂ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨਾਂ 'ਤੇ ਲਗਾਤਾਰ ਜਬਰ ਜ਼ੁਲਮ ਕੀਤਾ ਜਾ ਰਿਹਾ ਹੈ, ਕਿਸਾਨਾਂ ਦੀਆਂ ਜਮੀਨਾਂ ਹੜੱਪਣ ਲਈ ਦੋਵੇਂ ਸਰਕਾਰਾਂ ਹਰ ਢੰਗ ਵਰਤ ਰਹੀਆਂ ਹਨ। ਕਿਸਾਨਾਂ ਨੂੰ ਇੱਕਮੁੱਠ ਹੋ ਕੇ ਆਪਣੀਆਂ ਜ਼ਮੀਨਾਂ ਬਚਾਉਣ ਲਈ ਮੈਦਾਨ ਵਿੱਚ ਕੁੱਦਣਾ ਪਵੇਗਾ। ਇਸ ਮੌਕੇ ਕਾਮਰੇਡ ਢੇਰ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦਾ 309 ਵਾਂ ਸ਼ਹੀਦੀ ਦਿਹਾੜਾ ਹੈ ਤੇ ਬਾਬਾ ਬੰਦਾ ਸਿੰਘ ਬਹਾਦਰ ਨੇ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕ ਬਣਾਉਣ ਵਿੱਚ ਬਹੁਤ ਵੱਡਾ ਰੋਲ ਅਦਾ ਕੀਤਾ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਭਜਨ ਸਿੰਘ ਸੰਦੋਆ, ਜਗੀਰ ਸਿੰਘ ਰੌਲੀ, ਪ੍ਰਧਾਨ ਪ੍ਰੇਮ ਸਿੰਘ ਅਟਵਾਲ, ਹਰਜਾਪ ਸਿੰਘ ਬੜਿਆਲ, ਬਲਵੀਰ ਸਿੰਘ ਅਟਵਾਲ, ਬਰਜਿੰਦਰ ਸਿੰਘ ਡੋਡ, ਸ਼ਹੀਦ ਦੇ ਪੁੱਤਰ ਦੋਵੇਂ ਪੁੱਤਰ ਮੋਹਕਮ ਸਿੰਘ ਤੇ ਜਸਕਰਨ ਸਿੰਘ, ਲੰਬੜਦਾਰ ਮਹਿੰਦਰ ਸਿੰਘ ਢੀਂਡਸਾ, ਦਿਲਬਾਗ ਸਿੰਘ, ਕੁਲਦੀਪ ਸਿੰਘ ਢੀਂਡਸਾ, ਅਮਰੀਕ ਸਿੰਘ, ਜਗਦੇਵ ਸਿੰਘ ਢੀਂਡਸਾ, ਮਾਸਟਰ ਸੰਤੋਖ ਸਿੰਘ, ਸੂਬੇਦਾਰ ਗੁਰਬਚਨ ਸਿੰਘ, ਮਾਸਟਰ ਹਰਦੇਵ ਸਿੰਘ, ਸੂਬੇਦਾਰ ਸੋਹਣ ਸਿੰਘ, ਊਧਮ ਸਿੰਘ, ਥਾਣੇਦਾਰ ਬਹਾਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਨਸ਼ੀਲੇ ਟੀਕਿਆਂ ਸਮੇਤ ਗ੍ਰਿਫਤਾਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਟਾਂਡਾ ਪੁਲਸ ਨੇ ਚੰਡੀਗੜ੍ਹ ਕਾਲੋਨੀ ਨੇੜਿਓਂ 1 ਵਿਅਕਤੀ ਨੂੰ ਨਸ਼ੇ ਵਾਲੇ ਟੀਕਿਆਂ ਸਣੇ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਥਾਣਾ ਮੁਖੀ ਟਾਂਡਾ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਡੀ. ਐੱਸ.ਪੀ. ਟਾਂਡਾ ਦਵਿੰਦਰ ਸਿੰਘ ਬਾਜਵਾ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਨਸ਼ੇ ਖਿਲਾਫ ਵਿੱਢੀ ਮੁਹਿੰਮ ਤਹਿਤ ਏ. ਐੱਸ. ਆਈ. ਦਰਸ਼ਨ ਸਿੰਘ ਦੀ ਟੀਮ ਨੇ ਇਹ ਗ੍ਰਿਫਤਾਰੀ ਕੀਤੀ ਹੈ। ਥਾਣਾ ਮੁਖੀ ਨੇ ਦੱਸਿਆ ਕਿ ਪੁਲਸ ਟੀਮ ਵੱਲੋਂ ਗ੍ਰਿਫਤਾਰ ਕੀਤੇ ਗਏ ਦੋਸ਼ੀ ਦੀ ਪਹਿਚਾਣ ਕਰਨ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਚੰਡੀਗੜ੍ਹ ਕਾਲੋਨੀ ਟਾਂਡਾ ਦੇ ਰੂਪ ਵਿਚ ਹੋਈ ਹੈ। ਥਾਣਾ ਮੁਖੀ ਨੇ ਦੱਸਿਆ ਕਿ ਮੁਲਜ਼ਮ ਦੇ ਕਬਜ਼ੇ ਵਿੱਚੋਂ ਨਸ਼ੇ ਵਾਲੇ 6 ਟੀਕੇ ਬਰਾਮਦ ਕਰਨ ਉਪਰੰਤ ਐੱਨ. ਡੀ. ਪੀ. ਐੱਸ. ਐਕਟ ਦੇ ਅਧੀਨ ਮਾਮਲਾ ਦਰਜ ਕਰਕੇ ਅਗਲੀ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਬੈਂਚ ਖੁਰਦ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਬੈਂਚ ਖੁਰਦ ਵਿਖੇ ਕੈਪਟਨ ਨਸੀਬ ਸਿੰਘ ਦੇ ਪਰਵਾਰ ਵਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਕੈਪਟਨ ਨਸੀਬ ਸਿੰਘ, ਹਰਜੀਤ ਕੌਰ, ਬਲਕਾਰ ਸਿੰਘ, ਮਨਿੰਦਰ ਸਿੰਘ, ਨੇਹਾ, ਨੀਲਮ ਕੁਮਾਰੀ, ਜਸਪ੍ਰੀਤ ਕੌਰ, ਜਸਕਰਨ ਸਿੰਘ, ਜਸਨਦੀਪ ਕੋਰ, ਗਗਨਦੀਪ ਸਿੰਘ, ਜਸਮਾਨ ਸਿੰਘ ਗੁਰਦੇਵ ਸਿੰਘ, ਸੁਰਿੰਦਰ ਸਿੰਘ ਕੰਧਾਲੀ ਆਦਿ ਨਗਰ ਸੰਗਤਾਂ ਹਾਜ਼ਰ ਸਨ।



# ਘੱਲੂਘਾਰਾ ਦਿਵਸ ਮਨਾਇਆ



**ਆਦਮਪੁਰ (ਪਰਮਜੀਤ ਸਿੰਘ)**- ਗੁਰਦੁਆਰਾ ਸ਼ਹੀਦ ਬਾਬਾ ਮਤੀ ਡਰੋਲੀ ਕਲਾਂ ਵਿਖੇ ਪ੍ਰਧਾਨ ਮਨੋਹਰ ਸਿੰਘ ਦੀ ਅਗਵਾਈ ਹੇਠ ਸੰਗਤਾਂ ਦੇ ਸਹਿਯੋਗ ਨਾਲ ਘੱਲੂਘਾਰਾ ਦਿਵਸ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਖੁੱਲੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਢਾਡੀ ਕਥਾ ਵਾਚਕਾਂ ਵਲੋਂ ਜੂਨ 84 ਘੱਲੂਘਾਰਾ ਦਿਵਸ ਸਬੰਧੀ ਚਾਨਣਾ ਪਾਉਂਦੇ ਹੋਏ ਦੱਸਿਆ ਹੈ ਕਿ ਸਿੱਖ ਕੌਮ ਇਸ ਨੂੰ ਕਦੇ ਨਹੀਂ ਭੁੱਲ ਸਕਦੀ, ਕਿਉਂਕਿ ਇਸ ਦਿਨ ਭਾਰਤੀ ਫੌਜ ਵਲੋਂ ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਕਰਕੇ ਸਾਨੂੰ ਗੁਲਾਮੀ ਦਾ ਅਹਿਸਾਸ ਕਰਵਾਇਆ ਸੀ। ਇਸ ਮੌਕੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਮੇਤ ਸੰਗਤਾਂ ਹਾਜ਼ਰ ਸਨ।

# 15 ਨੂੰ ਸਾਹਨੇਵਾਲ 'ਚ ਠੇਕਾ ਮੁਲਾਜ਼ਮਾਂ ਵੱਲੋਂ ਪਰਵਾਰਾਂ ਤੇ ਬੱਚਿਆਂ ਸਮੇਤ ਧਰਨੇ 'ਚ ਸ਼ਾਮਲ ਹੋਣ ਦਾ ਐਲਾਨ

**ਨੰਗਲ (ਸੁਰਜੀਤ ਸਿੰਘ)**- ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਜ਼ਿਲ੍ਹਾ ਰੋਪੜ ਬ੍ਰਾਂਚ ਨੰਗਲ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਸੁਰਿੰਦਰ ਕੁਮਾਰ ਤੇ ਜਨਰਲ ਸਕੱਤਰ ਸੋਨੂੰ ਕੁਮਾਰ ਦੀ ਪ੍ਰਧਾਨਗੀ ਹੇਠ ਨੰਗਲ ਲਾਲ ਟੈਂਕੀ ਵਿਖੇ ਕੀਤੀ ਗਈ। ਅੱਜ ਇਥੇ ਮੀਟਿੰਗ ਵਿਚ ਪ੍ਰੈਸ ਬਿਆਨ ਜਾਰੀ ਕਰਦਿਆਂ ਸੂਬਾ ਆਗੂ ਜਸਬੀਰ ਸਿੰਘ ਜਿੰਦਬੜੀ, ਜ਼ਿਲ੍ਹਾ ਪ੍ਰਧਾਨ ਕਪਿਲ ਮਹਿਦਲੀ ਤੇ ਬ੍ਰਾਂਚ ਪ੍ਰਧਾਨ ਸੁਰਿੰਦਰ ਕੁਮਾਰ ਤੇ ਜਨਰਲ ਸਕੱਤਰ ਸੋਨੂੰ ਕੁਮਾਰ ਨੇ ਦੱਸਿਆ ਕਿ ਜਿੱਥੇ ਇਕ ਪਾਸੇ ਪੇਂਡੂ ਜਲ ਸਪਲਾਈ ਸਕੀਮਾਂ ਤੇ ਫੀਲਡ ਅਤੇ ਦਫਤਰਾਂ 'ਚ ਪਿਛਲੇ 15-20 ਸਾਲਾਂ ਤੋਂ ਇਕ ਵਰਕਰ ਦੇ ਰੂਪ ਵਿੱਚ ਰੈਗੂਲਰ ਮੁਲਾਜ਼ਮਾਂ ਵਾਂਗ ਸੇਵਾਵਾਂ ਦੇ ਰਹੇ ਆਊਟਸੋਰਸ ਤੇ ਇਨਲਿਸਟਮੈਂਟ ਅਤੇ ਵਰਕਰਾਂ ਨੂੰ ਸਿੱਧਾ ਵਿਭਾਗ 'ਚ ਸ਼ਾਮਲ ਕਰਨ ਵਾਲੀ ਤਜਵੀਜ਼ ਲਾਗੂ ਕਰਕੇ ਪੱਕਾ ਰੁਜ਼ਗਾਰ ਕਰਨ ਵਾਲੀ ਪ੍ਰਮੁੱਖ ਮੰਗ ਦਾ ਹੱਲ ਕਰਨ ਵਿੱਚ ਪੰਜਾਬ ਸਰਕਾਰ ਅਤੇ ਵਿਭਾਗੀ ਮੈਨੇਜਮੇਟ ਵੱਲੋਂ ਅਣਦੇਖੀ ਕੀਤੀ ਜਾ ਰਹੀ ਹੈ ਉਥੇ ਹੀ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ, ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਲਾਗੂ ਕਰਕੇ ਵਰਕਰਾਂ ਦੇ ਕੱਚੇ ਪਿੱਲੇ ਰੁਜ਼ਗਾਰ ਨੂੰ ਖੋਹ ਕੇ ਬੇਰੁਜ਼ਗਾਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਜਿਸ ਦੇ ਚਲਦੇ ਵਰਕਰਾਂ ਵੱਲੋਂ ਮਜਬੂਰੀ ਵੱਸ



ਆਪਣੇ ਰੁਜ਼ਗਾਰ ਨੂੰ ਬਚਾਉਣ ਲਈ ਸੰਘਰਸ਼ ਦਾ ਰਸਤਾ ਅਪਣਾਇਆ ਜਾ ਰਿਹਾ ਹੈ। ਇਸੇ ਕੜੀ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਵਿਧਾਨ ਸਭਾ ਹਲਕੇ ਸਾਹਨੇਵਾਲ ਜ਼ਿਲ੍ਹਾ ਲੁਧਿਆਣਾ ਵਿੱਚ ਜਥੇਬੰਦੀ ਵੱਲੋਂ 15 ਜੂਨ ਨੂੰ ਸੂਬਾ ਪੱਧਰੀ ਪਰਵਾਰਾਂ ਅਤੇ ਬੱਚਿਆ ਸਮੇਤ ਧਰਨਾ ਦਿੱਤਾ ਜਾ ਰਿਹਾ ਹੈ ਤੇ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ 11 ਜੂਨ ਨੂੰ ਲੁਧਿਆਣੇ ਸ਼ਹਿਰ ਵਿਚ ਝੰਡਾ ਮਾਰਚ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਪਿਛਲੇ 15-20 ਸਾਲਾਂ ਦੇ ਲੰਮੇ ਸਮੇਂ ਤੋਂ ਇਕ ਵਰਕਰ ਦੇ ਰੂਪ ਵਿਚ ਸੇਵਾਵਾਂ ਦੇ ਰਹੇ ਆਊਟਸੋਰਸ ਇਨਲਿਸਟਮੈਂਟ ਅਤੇ ਠੇਕਾ ਅਧਾਰਿਤ ਮੁਲਾਜ਼ਮਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਜਿਵੇਂ ਆਊਟਸੋਰਸ ਅਤੇ ਇਨਲਿਸਟਮੈਂਟ ਠੇਕਾ ਅਧਾਰਤ ਮੁਲਾਜ਼ਮਾਂ ਨੂੰ ਤਜਰਬੇ ਦੇ ਅਧਾਰ ਤੇ ਸਬੰਧਤ ਵਿਭਾਗ ਵਿਚ ਮਰਜ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਪ੍ਰਪੋਜ਼ਲ ਨੂੰ ਲਾਗੂ ਕਰਨਾ, 58 ਸਾਲ ਦੀ ਉਮਰ ਤੱਕ ਪੱਕੇ ਰੁਜ਼ਗਾਰ ਦੀ ਗਾਰੰਟੀ ਕਰਨਾ ਅਤੇ ਜਦੋਂ ਤੱਕ ਇਸ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਮੰਗ ਦਾ ਹੱਲ ਨਹੀਂ ਕੀਤਾ ਜਾਂਦਾ, ਉਸ ਸਮੇਂ ਤੱਕ ਲੇਬਰ ਐਕਟ 1948 ਅਤੇ 2019 ਵਿਚ 15ਵੀਂ ਲੇਬਰ ਕਮਿਸ਼ਨਰ ਦੀਆਂ ਸਿਫਾਰਸ਼ਾਂ ਅਨੁਸਾਰ ਘੱਟੋ-ਘੱਟ ਉਜਰਤਾਂ ਵਿਭਾਗ 'ਚ ਫੀਲਡ ਅਤੇ ਦਫਤਰਾਂ ਵਿੱਚ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਵਰਕਰਾਂ 'ਤੇ ਲਾਗੂ ਕੀਤੀਆਂ ਜਾਣ। ਵਰਕਰਾਂ ਨੂੰ ਈ.ਪੀ.ਐਫ., ਈ.ਐਸ.ਆਈ. ਸਹੂਲਤਾਂ ਦਿੱਤੀਆਂ ਜਾਣ। ਕਿਰਤ ਕਾਨੂੰਨ, ਬੋਨਸ ਦਾ ਭੁਗਤਾਨ ਐਕਟ, 1965 ਮੁਤਾਬਿਕ ਆਊਟਸੋਰਸ ਵਰਕਰਾਂ ਨੂੰ 8.33 ਪ੍ਰਤੀਸ਼ਤ ਬੋਨਸ ਤਨਖਾਹ ਦੇ ਨਾਲ ਦਿੱਤਾ ਜਾਵੇ। ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਸਰਕਾਰ ਦੇ ਅਧੀਨ ਚੱਲ ਰਹੀਆਂ ਪੇਂਡੂ ਜਲ ਸਪਲਾਈ ਸਕੀਮਾਂ (ਜਲ ਘਰ) ਦਾ ਜਬਰੀ ਪੰਚਾਇਤੀਕਰਨ/ਪੰਚਾਇਤੀਕਰਨ, ਸਕਾਡਾ ਪ੍ਰਣਾਲੀ ਲਗਾਉਣ ਦੀਆਂ ਨੀਤੀਆਂ ਨੂੰ ਤੁਰੰਤ ਵਾਪਸ ਲਿਆ ਜਾਵੇ। ਪੰਚਾਇਤਾਂ ਨੂੰ ਹੈਂਡ ਓਵਰ ਕੀਤੀਆਂ ਜਲ ਸਪਲਾਈ ਸਕੀਮਾਂ ਮੁੜ ਵਿਭਾਗ ਅਧੀਨ ਕੀਤੀਆਂ ਜਾਣ।ਇਸ ਮੌਕੇ ਸਤਨਾਮ ਸਿੰਘ, ਰਾਜ ਕੁਮਾਰ, ਜਸਵੀਰ ਕੁਮਾਰ ,ਵਰਿਆਮ ਚੰਦ, ਸੁਰਜੀਤ ਸਿੰਘ, ਦਿਲਜੀਤ ਸਿੰਘ, ਮਹਿੰਦਰ ਸਿੰਘ, ਸਿੰਘ, ਰਾਜੀਵ ਕੁਮਾਰ, ਗੌਰਵ ਕੁਮਾਰ ਵੀ ਹਾਜ਼ਰ ਸਨ।

# ਸੇਂਟ ਮਨੂੰਜ ਕਾਨਵੈਂਟ ਸਕੂਲ ਮੈਨੇਜਮੈਂਟ ਕਮੇਟੀ ਦੀ ਹੋਈ ਚੋਣ

**ਸ਼ਾਹਕੋਟ (ਗਿਆਨ ਸੈਦਪੁਰੀ)** ਸੇਂਟ ਮਨੂੰਜ ਕਾਨਵੈਂਟ ਸਕੂਲ ਸ਼ਾਹਕੋਟ ਦੀ ਮੈਨੇਜਮੈਂਟ ਕਮੇਟੀ ਦੀ ਚੋਣ ਸਕੂਲ ਮੈਨੇਜਮੈਂਟ ਕਮੇਟੀ ਦੇ ਸਾਰੇ ਮੈਂਬਰਾਂ ਦੀ ਮੌਜੂਦਗੀ ਵਿੱਚ ਕਰਵਾਈ ਗਈ। ਜਿਸ ਵਿੱਚ ਮੈਂਬਰਾਂ ਦੁਆਰਾ ਅਸ਼ੋਕ ਜੈਨ ਨੂੰ ਦੁਬਾਰਾ ਪ੍ਰਧਾਨ ਚੁਣਿਆ ਗਿਆ ਅਤੇ ਸੁਲਕਸ਼ਣ ਜਿੰਦਲ ਨੂੰ ਸੈਕਟਰੀ, ਚੰਦਰ ਮੋਹਨ ਨੂੰ ਵਿੱਤ ਸੈਕਟਰੀ, ਗੁਰਮੀਤ ਸਿੰਘ ਬਜਾਜ ਨੂੰ ਮੈਨੇਜਰ ਅਤੇ ਸੁਰਿੰਦਰ ਸੋਬਤੀ ਨੂੰ ਉਪ ਪ੍ਰਧਾਨ ਚੁਣਿਆ ਗਿਆ। ਸਕੂਲ ਦੀ ਬਣੀ ਨਵੀਂ ਕਮੇਟੀ ਨੇ ਸੇਂਟ ਮਨੂੰਜ ਕਾਨਵੈਂਟ ਸਕੂਲ ਨੂੰ ਸ਼ਾਹਕੋਟ ਦਾ ਨੰਬਰ ਇੱਕ ਸਕੂਲ ਬਣਾਉਣ ਦਾ ਟੀਚਾ ਮਿਥਿਆ ਅਤੇ ਮਿਸ਼ਨ ਮੇਕ ਸੇਂਟ ਮਨੂੰਜ ਗਰੇਟ ਅਗੇਨ ਪ੍ਰਾਪਤ ਕਰਨ ਦਾ ਭਰੋਸਾ ਦਵਾਇਆ। ਸੁਲਕਸ਼ਨ ਜਿੰਦਲ ਨੇ ਗੱਲਬਾਤ ਕਰਦਿਆਂ ਦੱਸਿਆ ਸਕੂਲ ਦੀ ਸਬ ਕਮੇਟੀ ਜਿਸ ਵਿੱਚ ਯੂਥ ਮੈਂਬਰ ਕਮਲ ਜੈਨ, ਅਕਿੰਤ ਅਗਰਵਾਲ, ਉਪਿੰਦਰਜੀਤ ਸਿੰਘ ਬਜਾਜ , ਗੌਰਵ ਜਿੰਦਲ , ਗੌਰਵ ਅਗਰਵਾਲ (ਸੀ.ਏ) ਨੂੰ ਜਿੰਮੇਵਾਰੀਆਂ ਦੇ ਕੇ ਇਹਨਾਂ ਦਾ ਵੀ ਪੂਰਨ ਸਹਿਯੋਗ ਲਿਆ ਜਾਵੇਗਾ। ਅਸ਼ੋਕ ਜੈਨ ਨੇ ਦੱਸਿਆ ਕਿ ਸਕੂਲ ਪਿਛਲੇ ਪੰਜ ਦਹਾਕਿਆਂ ਤੋਂ ਸ਼ਾਹਕੋਟ ਵਾਸੀਆਂ ਦੇ ਸਹਿਯੋਗ ਨਾਲ ਇਲਾਕੇ ਵਿੱਚ ਸਿੱਖਿਆ ਪ੍ਰਦਾਨ ਕਰਵਾ ਰਿਹਾ ਹੈ ਤੇ ਅੱਗੇ ਵੀ ਇਹ ਸਕੂਲ ਲੋਕਾਂ ਦੀ ਸੇਵਾ ਕਰਦਾ ਰਹੇਗਾ।



# ਮੋਹਾਲੀ ਸਾਇਬਰ ਪੁਲਸ ਦੀ ਵੱਡੀ ਕਾਰਵਾਈ, ਹਨੀ-ਟ੍ਰੈਪ ਗੈਂਗ ਦੇ ਤਿੰਨ ਕਾਬੂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸਾਈਬਰ ਠੱਗੀ ਖਿਲਾਫ ਵੱਡੀ ਸਫਲਤਾ ਹਾਸਲ ਕਰਦਿਆਂ ਮੋਹਾਲੀ ਸਾਈਬਰ ਪੁਲਸ ਨੇ ਇੱਕ ਹਨੀ-ਟ੍ਰੈਪ ਗੈਂਗ ਦਾ ਪਰਦਾਫਾਸ਼ ਕਰਦਿਆਂ 3 ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਹੈ, ਜਿਨ੍ਹਾਂ ਨੇ ਇੱਕ ਨੌਜਵਾਨ ਨਾਲ ਦੋਸਤੀ ਦਾ ਝਾਂਸਾ ਦੇ ਕੇ ਲੱਖਾਂ ਰੁਪਏ ਦੀ ਠੱਗੀ ਕੀਤੀ।ਡੀ ਐਸ ਪੀ ਰੁਪਿੰਦਰ ਕੌਰ ਸੋਹੀ ਨੇ ਦੱਸਿਆ ਕਿ ਸ਼ਿਕਾਇਤਕਰਤਾ ਅਦਿੱਤਿਯ ਨੰਦਨ ਵਾਸੀ ਸੰਨੀ ਇਨਕਲੇਵ ਨੂੰ ਇੱਕ ਅਣਜਾਣ ਨੰਬਰ ਤੋਂ ਕਾਲ ਆਈ। ਉਸ ਤੋਂ ਬਾਅਦ ਇੱਕ ਲੜਕੀ ਦੋਸਤੀ ਦਾ ਨਾਟਕ ਕਰਕੇ ਮਿਲਣ ਆਈ। ਕੁਝ ਸਮੇਂ ਬਾਅਦ ਉਸ ਨੇ ਆਪਣੇ 3 ਸਾਥੀਆਂ ਨੂੰ ਕਮਰੇ ਵਿੱਚ ਬੁਲਾ ਲਿਆ। ਪੀੜਤ ਨੂੰ ਡਰਾ ਧਮਕਾ ਕੇ ਉਸ ਦੇ ਬੈਂਕ ਖਾਤੇ ਅਤੇ ਕ੍ਰੈਡਿਟ ਕਾਰਡ ਰਾਹੀਂ 7.66 ਲੱਖ ਰੁਪਏ ਦੀ ਰਕਮ ਹਥਿਆ ਲਈ ਅਤੇ ਪੀੜਤ ਦਾ ਲੈਪਟਾਪ, ਮੋਬਾਈਲ ਅਤੇ ਜ਼ਰੂਰੀ ਸਮਾਨ ਵੀ ਚੁੱਕ ਲਿਆ। ਦੋਸ਼ੀਆਂ ਨੇ ਪੀੜਤ ਦੇ ਕ੍ਰੈਡਿਟ ਕਾਰਡ ਰਾਹੀਂ 3 ਆਈਫੋਨ-16 ਪ੍ਰੋ ਮੈਕਸ ਖਰੀਦ ਲਏ। ਇਹ ਠੱਗੀ ਯੋਜਨਾਬੱਧ ਸਾਜਿਸ਼ ਅਧੀਨ ਕੀਤੀ ਗਈ ਸੀ।ਉਨ੍ਹਾਂ ਅੱਗੇ ਦੱਸਿਆ ਕਿ ਡੀ ਆਈ ਜੀ ਹਰਚਰਨ ਸਿੰਘ ਭੁੱਲਰ, ਐਸ.ਐਸ.ਪੀ. ਹਰਮਨਦੀਪ ਹਾਂਸ ਦੇ ਦਿਸ਼ਾ ਨਿਰਦੇਸ਼ਾਂ 'ਤੇ ਮੋਹਾਲੀ ਸਾਈਬਰ ਪੁਲਸ ਟੀਮ ਨੇ ਤੇਜ਼ੀ ਨਾਲ ਕਾਰਵਾਈ ਕਰਦਿਆਂ 1 ਲੜਕੀ ਸਮੇਤ 3 ਦੋਸ਼ੀ ਕਾਬੂ ਕਰ ਲਏ ਹਨ। 1 ਦੀ ਗ੍ਰਿਫਤਾਰੀ ਬਾਕੀ ਹੈ।ਉਨ੍ਹਾਂ ਅੱਗੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਦੀ ਪਛਾਣ ਪਰਮਿੰਦਰ ਸਿੰਘ ਪੁੱਤਰ ਸੁਖਦੇਵ ਸਿੰਘ ਬਰਨਾਲਾ, ਹਾਲ ਵਾਸੀ ਏ.ਕੇ.ਐਸ. ਸੋਸਾਇਟੀ, ਜ਼ੀਰਕਪੁਰ, ਪੂਜਾ ਤਨੇਜਾ ਪੁੱਤਰੀ ਅਨੀਲ ਤਨੇਜਾ ਵਾਸੀ ਕਰਨਾਲ, ਹਰਿਆਣਾ ਅਤੇ ਅਰਸ਼ਦੀਪ ਕੁਮਾਰ ਪੁੱਤਰ ਅਸ਼ੋਕ ਸ਼ਰਮਾ ਬਰਨਾਲਾ, ਹਾਲ ਵਾਸੀ ਜ਼ੀਰਕਪੁਰ ਵਜੋਂ ਹੋਈ ਹੈ।ਉਨ੍ਹਾਂ ਪਾਸੋਂ ਹੋਈ ਪੀੜਤ ਦਾ ਲੈਪਟਾਪ, ਮੋਬਾਈਲ ਫੋਨ ਅਤੇ ਜ਼ਰੂਰੀ ਦਸਤਾਵੇਜ਼ ਅਤੇ ਠੱਗੀ ਦੀ ਰਕਮ ਨਾਲ ਖਰੀਦੇ ਆਈਫੋਨ-16 ਪ੍ਰੋ ਮੈਕਸ ਬ੍ਰਾਮਦ ਕੀਤੇ ਗਏ ਹਨ।ਇਨ੍ਹਾਂ ਗ੍ਰਿਫਤਾਰ ਦੋਸ਼ੀਆਂ ਖਿਲਾਫ਼ ਮੁਕੱਦਮਾ ਥਾਣਾ ਸਾਈਬਰ ਕ੍ਰਾਈਮ, ਐਸ.ਏ.ਐਸ. ਨਗਰ ਵਿਖੇ ਧਾਰਾ 308(2), 127(2), 3(5), 351(2) ਬੀ.ਐਨ.ਐਸ. ਅਧੀਨ ਦਰਜ ਕੀਤਾ ਗਿਆ ਹੈ।



# ਪੁਲਸ ਵੱਲੋਂ ਗੋਲੀ ਚਲਾਉਣ ਵਾਲਾ ਗ੍ਰਿਫਤਾਰ

**ਆਦਮਪੁਰ (ਪਰਮਜੀਤ ਸਿੰਘ)**- ਹਰਵਿੰਦਰ ਸਿੰਘ ਵਿਰਕ ਸੀਨੀਅਰ ਪੁਲਸ ਕਪਤਾਨ, ਜਲੰਧਰ ਦਿਹਾਤੀ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ ਅਨੁਸਾਰ ਸਮਾਜ ਦੇ ਭੈੜੇ ਅਨਸਰਾਂ/ਨਸ਼ਾ ਤਸਕਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ ਪਰਮਿੰਦਰ ਸਿੰਘ ਹੀਰ, (ਸਥਾਨਕ ਕਮ ਇੰਨਵੈਸਟੀਗੇਸ਼ਨ) ਅਤੇ ਕੁਲਵੰਤ ਸਿੰਘ, ਉਪ ਪੁਲਸ ਕਪਤਾਨ ਸਬ-ਡਵੀਜਨ ਆਦਮਪੁਰ ਦੀ ਯੋਗ ਅਗਵਾਈ ਹੇਠ ਇੰਸ. ਹਰਦੇਵਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਆਦਮਪੁਰ ਦੀ ਪੁਲਸ ਪਾਰਟੀ ਵੱਲੋਂ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਜਿਸ ਨੇ ਮਾਰ ਦੇਣ ਦੀ ਨੀਅਤ ਨਾਲ ਗੋਲੀ ਚਲਾ ਕੇ ਬਿਨਾਂ ਲਾਇਸੰਸੀ ਰਿਵਾਲਵਰ ਨਾਲ ਗ੍ਰਿਫਤਾਰ ਕਰਕੇ ਸਫਲਤਾ ਹਾਸਲ ਕੀਤੀ ਹੈ।ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਕੁਲਵੰਤ ਸਿੰਘ, ਉਪ ਪੁਲਸ ਕਪਤਾਨ ਸਬ ਡਵੀਜ਼ਨ ਆਦਮਪੁਰ ਨੇ ਦੱਸਿਆ ਕਿ 6 ਜੂਨ ਨੂੰ ਜਸਪ੍ਰੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਨੰਗਲ ਫੀਦਾ ਥਾਣਾ ਆਦਮਪੁਰ ਜ਼ਿਲ੍ਹਾ ਜਲੰਧਰ ਦਿਹਾਤੀ ਸਮੇਤ ਆਪਣੇ ਚਾਚਾ ਚਰਨਜੀਤ ਸਿੰਘ ਪੁੱਤਰ ਹਰਬੰਸ ਲਾਲ ਵਾਸੀ ਨੰਗਲ ਫੀਦਾ ਦੇ ਨਾਲ ਆਪਣੀ ਭੂਆ ਰਮਨਪ੍ਰੀਤ ਕੌਰ ਜੋ ਇਲਾਜ ਲਈ ਹਸਪਤਾਲ ਜਲੰਧਰ ਦਾਖਲ ਹੈ ਦਾ ਪਤਾ ਲੈਣ ਲਈ ਬੀਤੀ ਰਾਤ ਗਏ ਸੀ ਅਤੇ ਅੱਜ ਸਵੇਰੇ ਕਰੀਬ 5:00 ਵਜੇ ਦੋਨੋ ਜਦੋਂ ਵਾਪਸ ਆਪਣੇ ਪਿੰਡ ਨੰਗਲ ਫੀਦਾ ਆਏ ਤਾਂ ਦੇਖਿਆ ਕਿ ਪਿੰਡ ਦੇ ਮੇਨ ਰੋਡ 'ਤੇ ਗੁਰਜੀਤ ਸਿੰਘ ਦੇ ਪਲਾਟ ਦੇ ਅੱਗੇ ਬੂਟੀ ਭੰਗ ਵਿੱਚ ਇੱਕ ਗੱਡੀ ਵੌਕਸਵੈਗਨ ਪੋਲੋ ਰੰਗ ਚਿੱਟਾ ਖੜ੍ਹੀ ਸੀ ਜਿਸ ਵਿੱਚ ਇੱਕ ਨਾ ਮਾਲੂਮ ਵਿਅਕਤੀ ਬੈਠਾ ਹੋਇਆ ਸੀ ਜੋ ਗੱਡੀ ਸ਼ੱਕੀ ਹਾਲਤ ਵਿੱਚ ਖੜ੍ਹੀ ਹੋਣ ਕਰਕੇ ਮੁਦਈ ਅਤੇ ਉਸ ਦਾ ਚਾਚਾ ਜਦੋਂ ਉਸ ਵਿਅਕਤੀ ਨੂੰ ਦੇਖਣ ਲਈ ਗੱਡੀ ਦੇ ਪਾਸ ਗਏ ਤਾਂ ਉਹ ਵਿਅਕਤੀ ਯਕਦਮ ਗੱਡੀ ਭਜਾਉਣ ਲੱਗਾ ਤੇ ਗੱਡੀ ਨੂੰ ਰੋਕਣ ਲਈ ਅੱਗੇ ਹੋਏ ਤਾਂ ਉਸ ਵਿਅਕਤੀ ਨੇ ਰਿਵਾਲਵਰ ਨਾਲ ਮਾਰ ਦੇਣ ਦੀ ਨੀਅਤ ਨਾਲ ਮੁਦਈ ਅਤੇ ਉਸ ਦੇ ਚਾਚੇ 'ਤੇ ਚਾਰ ਫਾਇਰ ਕੀਤੇ। ਜਿਨ੍ਹਾ ਮੌਕੇ ਤੋਂ ਭੱਜ ਕੇ ਜਾਨ ਬਚਾਈ ਅਤੇ ਕਾਰ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਜਿਸ ਸਬੰਧੀ ਇਤਲਾਹ ਮਿਲੀ ਕਿ ਇਸ ਵਕਤ ਮੁਕੱਦਮਾ ਦਾ ਦੋਸ਼ੀ ਆਪਣੀ ਦੁਕਾਨ ਪਿੰਡ ਬਿਨਪਾਲਕੇ ਵਿਖੇ ਬੈਠਾ ਹੈ। ਜੋ ਮੌਕੇ ਤੋਂ ਦੋਸ਼ੀ ਰਾਹੁਲ ਮਿਗਲਾਨੀ ਪੁੱਤਰ ਜਗਦੀਸ਼ ਕੁਮਾਰ ਵਾਸੀ ਚੱਕ ਝੰਡੂ ਥਾਣਾ ਭੋਗਪੁਰ ਜ਼ਿਲ੍ਹਾ ਜਲੰਧਰ ਨੂੰ ਉਕਤ ਮੁਕੱਦਮੇ ਵਿੱਚ ਗ੍ਰਿਫਤਾਰ ਕਰਕੇ ਉਸ ਪਾਸੋਂ ਇਕ ਰਿਵਾਲਵਰ (ਬਿਨਾਂ ਲਾਇਸੰਸੀ) ਕੁੱਲ 18 ਰੌਂਦ, (12 ਜ਼ਿੰਦਾ ਰੋਂਦ ਅਤੇ 6 ਖਾਲੀ ਖੋਲ) ਬ੍ਰਾਮਦ ਹੋਏ। ਜਿਸ 'ਤੇ ਮੁਕੱਦਮਾ ਰਜਿਸਟਰ ਕੀਤਾ ਗਿਆ। ਜੋ ਦੋਸ਼ੀ ਨੂੰ ਅੱਜ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁਛਗਿੱਛ ਕੀਤੀ ਜਾਵੇਗੀ।



# 4161 ਮਾਸਟਰ ਕੇਡਰ ਯੂਨੀਅਨ ਨੂੰ ਵੀ ਬਦਲੀਆਂ ਦਾ ਮੌਕਾ ਦੇਣ ਦੀ ਮੰਗ

**ਫਿਲੌਰ (ਨਿਰਮਲ)**- 4161 ਮਾਸਟਰ ਕੇਡਰ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੇਲ ਸਿੰਘ ਕੁਲਰੀਆਂ, ਮੀਤ ਪ੍ਰਧਾਨ ਬੀਰਇੰਦਰ ਸਿੰਘ ਅਤੇ ਜਨਰਲ ਸਕੱਤਰ ਮਨਜੀਤ ਲੁਬਾਣਾ ਨੇ 4161 ਮਾਸਟਰ ਕੇਡਰ ਨੂੰ ਵੀ ਬਦਲੀਆਂ ਦਾ ਮੌਕਾ ਦੇਣ ਦੀ ਮੰਗ ਕੀਤੀ। ਆਗੂਆਂ ਨੇ ਕਿਹਾ ਕਿ 4161 ਭਰਤੀ ਦਾ ਲਗਭਗ 90 ਫੀਸਦੀ ਕੇਡਰ ਅਪਣੇ ਘਰਾਂ ਤੋਂ ਬਹੁਤ ਦੂਰ ਬੈਠਾ ਹੈ। ਜਿਸ ਕਰਕੇ ਬਹੁਤ ਸਾਰੇ ਅਧਿਆਪਕ ਸਾਥੀ ਆਪਣੀਆਂ ਘਰੇਲੂ ਜ਼ੁੰਮੇਵਾਰੀਆਂ ਨੂੰ ਵੀ ਸਹੀ ਤਰੀਕੇ ਨਾਲ ਨਹੀਂ ਨਿਭਾ ਪਾ ਰਹੇ ਅਤੇ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਕ ਅਧਿਆਪਕ ਬਿਨਾਂ ਮਾਨਸਿਕ ਤਣਾਅ ਤੋਂ ਆਪਣੀ ਡਿਊਟੀ ਨੂੰ ਹੋਰ ਵੀ ਸੁਚੱਜੇ ਤਰੀਕੇ ਨਾਲ ਨਿਭਾਉਂਦਾ ਹੈ। ਆਗੂਆਂ ਨੇ ਕਈ ਵਾਰ ਸਿੱਖਿਆ ਮੰਤਰੀ ਨਾਲ ਰਾਬਤਾ ਬਣਾਇਆ ਸੀ, ਜਿਸ ਵਿੱਚ ਹਰ ਵਾਰ ਸਿੱਖਿਆ ਮੰਤਰੀ ਵੱਲੋਂ ਭਰੋਸਾ ਦਿੱਤਾ ਜਾਂਦਾ ਰਿਹਾ ਹੈ ਕਿ ਤੁਹਾਨੂੰ ਵੀ ਬਦਲੀਆਂ ਦਾ ਮੌਕਾ ਦਿੱਤਾ ਜਾਵੇਗਾ। ਪਰ ਅਫਸੋਸ ਦੀ ਗੱਲ ਬੀਤੇ ਦਿਨੀਂ ਬਦਲੀਆਂ ਦਾ ਪੋਰਟਲ ਖੁੱਲ੍ਹ ਗਿਆ ਹੈ ਪਰ 4161 ਮਾਸਟਰ ਕੇਡਰ ਨੂੰ ਇਸ ਤੋਂ ਵਾਂਝਾ ਰੱਖਿਆ ਗਿਆ ਹੈ। ਯੂਨੀਅਨ ਦੇ ਆਗੂਆਂ ਵੱਲੋਂ ਜਦੋਂ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਤਾਂ ਪਤਾ ਚੱਲਿਆ ਕਿ ਸਿੱਖਿਆ ਮੰਤਰੀ ਨੇ 4161 ਮਾਸਟਰ ਕੇਡਰ ਨੂੰ ਵੀ ਬਦਲੀਆਂ ਦਾ ਮੌਕਾ ਦੇਣ ਦੇ ਸਬੰਧ ਵਿੱਚ ਕੋਈ ਵੀ ਨੋਟਿਸ ਨਹੀਂ ਆਇਆ। ਉਨ੍ਹਾਂ ਦਾ ਅਗਰ ਸਾਡੇ ਕੋਲ ਸਿੱਖਿਆ ਮੰਤਰੀ ਵਲੋਂ ਕੋਈ ਵੀ ਨੋਟਿਸ ਆ ਜਾਂਦਾ ਹੈ ਤਾਂ 4161 ਮਾਸਟਰ ਕੇਡਰ ਨੂੰ ਵੀ ਹੋ ਰਹੀਆਂ ਬਦਲੀਆਂ ਵਿੱਚ ਮੌਕਾ ਦਿੱਤਾ ਜਾਵੇਗਾ ।ਯੂਨੀਅਨ ਦੇ ਆਗੂਆਂ ਵਲੋਂ ਸਿੱਖਿਆ ਮੰਤਰੀ ਨੂੰ ਅਪੀਲ ਕੀਤੀ ਜਾਂਦੀ ਹੈ ਕਿ 4161 ਮਾਸਟਰ ਕੇਡਰ ਨੂੰ ਵੀ ਬਦਲੀਆਂ ਵਿੱਚ ਮੌਕਾ ਦਿੱਤਾ ਜਾਵੇ ਤਾਂ ਜੋ ਘਰਾਂ ਦੀ ਕਈ ਸੌ ਕਿਲੋਮੀਟਰ ਦੂਰ ਬੈਠੇ ਅਧਿਆਪਕ ਸਾਥੀ ਆਪਣੇ ਘਰਾਂ ਕੋਲ ਜਾ ਕੇ ਆਪਣੀ ਡਿਊਟੀ ਨਿਭਾਅ ਪਾਉਣ।ਜੇਕਰ 4161 ਮਾਸਟਰ ਕੇਡਰ ਨੂੰ ਬਦਲੀਆਂ ਵਿੱਚ ਮੌਕਾ ਨਾ ਦਿੱਤਾ ਗਿਆ ਤਾਂ 12 ਜੂਨ ਨੂੰ ਲੁਧਿਆਣਾ ਵਿਖੇ ਜ਼ਮੀਨੀ ਸੰਘਰਸ਼ ਕੀਤਾ ਜਾਵੇਗਾ।



# ਚੰਡੀਗੜ੍ਹ ਪੰਜਾਬੀ ਮੰਚ ਦੇ 5 ਜੁਲਾਈ ਨੂੰ ਕੱਢੇ ਜਾਣ ਵਾਲੇ ਰੋਸ ਮਾਰਚ ਲਈ ਹੱਲੋਮਾਜਰਾ ਵਿਖੇ ਹੋਈ ਮੀਟਿੰਗ

**ਚੰਡੀਗੜ੍ਹ ( ਗੁਰਜੀਤ ਬਿੱਲਾ )**- ਚੰਡੀਗੜ੍ਹ ਪੰਜਾਬੀ ਮੰਚ ਦੀ ਇੱਕ ਮੀਟਿੰਗ ਪਿੰਡ ਹੱਲੋਮਾਜਰਾ ਦੇ ਗੁਰਦੁਆਰਾ ਸਾਹਿਬ ਵਿਖੇ ਹੋਈ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੁਲਦੀਪ ਸਿੰਘ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਮੰਚ ਦੇ ਪ੍ਰਧਾਨ ਸੁਖਜੀਤ ਸਿੰਘ ਸੁੱਖਾ, ਜਨਰਲ ਸਕੱਤਰ ਕਾਮਰੇਡ ਦੇਵੀ ਦਿਆਲ ਸ਼ਰਮਾ ਅਤੇ ਜਸਵਿੰਦਰ ਸਿੰਘ ਜੱਸਲ, ਕਾਮਰੇਡ ਪ੍ਰਹਿਲਾਦ ਸਿੰਘ ਆਦਿ ਵੀ ਹਾਜ਼ਰ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੁਖਜੀਤ ਸਿੰਘ ਸੁੱਖਾ ਨੇ ਕਿਹਾ ਕਿ ਚੰਡੀਗੜ੍ਹ ਪੰਜਾਬੀ ਮੰਚ ਵੱਲੋਂ 5 ਜੁਲਾਈ ਨੂੰ ਯੂਟੀ ਚੰਡੀਗੜ੍ਹ ਪ੍ਰਸ਼ਾਸਨ ਦੀ ਪੰਜਾਬੀ ਭਾਸ਼ਾ ਪ੍ਰਤੀ ਬੇਰੁਖੀ ਦੇ ਖਿਲਾਫ ਇੱਕ ਰੋਸ ਮਾਰਚ ਕੱਢਿਆ ਜਾ ਰਿਹਾ ਹੈ। ਉਸ ਰੋਸ ਮਾਰਚ ਵਿੱਚ ਸਮੂਹ ਪੰਜਾਬੀ ਹਿਤੈਸ਼ੀਆਂ ਨੂੰ ਵੱਧ ਚੜ੍ਹ ਕੇ ਸ਼ਾਮਿਲ ਹੋਣਾ ਚਾਹੀਦਾ ਹੈ ਤਾਂ ਜੋ ਚੰਡੀਗੜ੍ਹ ਪ੍ਰਸ਼ਾਸਨ ਨੂੰ ਇਸ ਖਿੱਤੇ ਦੀ ਮਾਂ ਬੋਲੀ ਪੰਜਾਬੀ ਭਾਸ਼ਾ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਾ ਦਰਜਾ ਦਿਵਾਉਣ ਲਈ ਦਬਾਅ ਬਣਾਇਆ ਜਾ ਸਕੇ।ਕਾਮਰੇਡ ਦੇਵੀ ਦਿਆਲ ਸ਼ਰਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੁਝ ਸਮਾਂ ਪਹਿਲਾਂ ਚੋਣਾਂ ਤੋਂ ਪਹਿਲਾਂ 17 ਵਿਖੇ ਪੁਲ ਦੇ ਹੇਠਾਂ ਮੰਚ ਵੱਲੋਂ ਦਿੱਤੇ ਗਏ ਧਰਨੇ ਵਿੱਚ ਸ਼ਿਰਕਤ ਕਰਦਿਆਂ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਇਸ ਗੱਲ ਦਾ ਭਰੋਸਾ ਦਿਵਾਇਆ ਸੀ ਕਿ ਉਹ ਚੰਡੀਗੜ੍ਹ ਵਿੱਚ ਪੰਜਾਬੀ ਭਾਸ਼ਾ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਾ ਦਰਜਾ ਦਿਵਾਉਣਗੀ ਪ੍ਰੰਤੂ ਹੈਰਾਨੀ ਦੀ ਗੱਲ ਹੈ ਕਿ ਅੱਜ ਤੱਕ ਇਹਨਾਂ ਸਿਆਸੀ ਆਗੂਆਂ ਨੇ ਪੰਜਾਬੀ ਭਾਸ਼ਾ ਲਾਗੂ ਕਰਵਾਉਣ ਲਈ ਕੋਈ ਖਾਸ ਕਦਮ ਨਹੀਂ ਚੁੱਕਿਆ ਜਿਸ ਕਰਕੇ ਇਹਨਾਂ ਸਿਆਸੀ ਆਗੂਆਂ ਉੱਤੇ ਭਰੋਸਾ ਕਰਨ ਵਾਲੇ ਪੰਜਾਬੀ ਹਿਤੈਸ਼ੀਆਂ ਦਾ ਵਿਸ਼ਵਾਸ ਉੱਠ ਚੁੱਕਾ ਹੈ ਅਤੇ ਪੰਜਾਬੀ ਹਿਤੈਸ਼ੀ ਸਾਰੀਆਂ ਸਿਆਸੀ ਪਾਰਟੀਆਂ ਤੋਂ ਜਵਾਬਦੇਹੀ ਚਾਹੁੰਦੇ ਹਨ। ਉਹਨਾਂ ਨੇ ਮੀਟਿੰਗ ਵਿੱਚ ਹਾਜ਼ਰੀਨ ਨੂੰ ਅਪੀਲ ਕੀਤੀ ਕਿ 5 ਜੁਲਾਈ ਨੂੰ ਸੈਕਟਰ 34 ਦੇ ਗੁਰਦੁਆਰਾ ਸਾਹਿਬ ਤੋਂ ਚੱਲਣ ਵਾਲੇ ਰੋਸ ਮਾਰਚ ਦੇ ਵਿੱਚ ਆਪੋ ਆਪਣੇ ਸਕੂਟਰਾਂ ਕਾਰਾਂ ਰਾਹੀਂ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ। ਉਹਨਾਂ ਦੱਸਿਆ ਕਿ ਸਕੂਟਰਾਂ-ਕਾਰਾਂ ਦੇ ਵਿੱਚ ਕੱਢਿਆ ਜਾਣ ਵਾਲਾ ਇਹ ਰੋਸ ਮਾਰਚ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚੋਂ ਹੁੰਦਾ ਹੋਇਆ ਸੈਕਟਰ 7 ਦੇ ਗੁਰੂ ਘਰ ਵਿਖੇ ਜਾ ਕੇ ਸਮਾਪਤ ਹੋਵੇਗਾ। ਇਸ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੁਲਦੀਪ ਸਿੰਘ ਨੇ ਪੰਜਾਬੀ ਮੰਚ ਦੇ ਅਹੁਦੇਦਾਰਾਂ ਨੂੰ ਵਿਸ਼ਵਾਸ ਦਿਵਾਇਆ ਕਿ 5 ਜੁਲਾਈ ਦੇ ਰੋਸ ਮਾਰਚ ਵਿੱਚ ਪਿੰਡਾਂ ਵਿੱਚੋਂ ਵੱਧ ਤੋਂ ਵੱਧ ਲੋਕਾਂ ਨੂੰ ਸ਼ਾਮਿਲ ਕਰਵਾਇਆ ਜਾਵੇਗਾ।ਗੁਰਦੁਆਰਾ ਸਾਹਿਬ ਦੇ ਪ੍ਰਧਾਨ ਕੁਲਦੀਪ ਸਿੰਘ ਨੇ ਪੰਜਾਬੀ ਮੰਚ ਦੀ ਮੀਟਿੰਗ ਵਿੱਚ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਹੱਲੋਮਾਜਰਾ ਦੇ ਇਸ ਗੁਰਦੁਆਰਾ ਸਾਹਿਬ ਵਿੱਚ ਪੰਜਾਬੀ ਭਾਸ਼ਾ ਪੜ੍ਹਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ। ਗੁਰਦੁਆਰਾ ਸਾਹਿਬ ਵਿੱਚ ਬੱਚਿਆਂ ਨੂੰ ਮੁਫ਼ਤ ਪੰਜਾਬੀ ਦੀਆਂ ਕਲਾਸਾਂ ਲਗਾਈਆਂ ਜਾਣਗੀਆਂ।



# ਕਿਰਤੀ ਵਿਰੋਧੀ ਨੋਟੀਫਿਕੇਸ਼ਨ ਰੱਦ ਕਰਵਾਉਣ ਲਈ ਸਾਂਝੇ ਘੋਲ ਵਿੱਢੇਗਾ : ਜੇ ਪੀ ਐੱਮ ਓ

**ਜਲੰਧਰ (ਰਾਜੇਸ਼ ਥਾਪਾ)**- ਜਨਤਕ ਜਥੇਬੰਦੀਆਂ ਦੇ ਸਾਂਝੇ ਮੰਚ (ਜੇ.ਪੀ.ਐਮ.ਓ.) ਵੱਲੋਂ ਦੇਸ਼ ਭਗਤ ਯਾਦਗਾਰ ਜਲੰਧਰ ਦੇ ਬਾਬਾ ਜਵਾਲਾ ਸਿੰਘ ਠੱਠੀਆਂ ਹਾਲ ਵਿਖੇ 21 ਜੂਨ ਨੂੰ ਸੂਬਾਈ ਨੁਮਾਇੰਦਾ ਕਨਵੈਨਸ਼ਨ ਸੱਦੀ ਜਾਵੇਗੀ। ਕਨਵੈਨਸ਼ਨ ਵਿਚ ਸੀ ਟੀ ਯੂ ਪੰਜਾਬ, ਦਿਹਾਤੀ ਮਜ਼ਦੂਰ ਸਭਾ, ਜਮਹੂਰੀ ਕਿਸਾਨ ਸਭਾ, ਪ.ਸ.ਸ.ਫ. 1406-22 ਬੀ ਚੰਡੀਗੜ੍ਹ, ਨਾਰਦਰਨ ਰੇਲਵੇ ਮੈਨਜ਼ ਯੂਨੀਅਨ, ਔਰਤ ਮੁਕਤੀ ਮੋਰਚਾ ਪੰਜਾਬ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ, ਪੰਜਾਬ ਸਟੂਡੈਂਟਸ ਫੈਡਰੇਸ਼ਨ ਤੇ ਹੋਰ ਭਰਾਤਰੀ ਸੰਗਠਨਾਂ ਦੇ ਸਰਕਰਦਾ ਕਾਰਕੁੰਨ ਸ਼ਾਮਲ ਹੋਣਗੇ। ਇਹ ਜਾਣਕਾਰੀ ਨੱਥਾ ਸਿੰਘ, ਗੁਰਨਾਮ ਸਿੰਘ ਦਾਊਦ, ਡਾਕਟਰ ਸਤਨਾਮ ਸਿੰਘ ਅਜਨਾਲਾ, ਸਤੀਸ਼ ਰਾਣਾ, ਸ਼ਿਵਦੱਤ ਸ਼ਰਮਾ, ਪ੍ਰੋ ਸੁਰਿੰਦਰ ਪਾਲ ਕੌਰ, ਧਰਮਿੰਦਰ ਸਿੰਘ ਮੁਕੇਰੀਆਂ, ਗਗਨਦੀਪ ਸਰਦੂਲਗੜ੍ਹ, ਦੇਵਰਾਜ ਵਰਮਾ, ਦਰਸ਼ਨ ਨਾਹਰ, ਕੁਲਵੰਤ ਸਿੰਘ ਸੰਧੂ, ਸ਼ੈਂਭਰ ਸਿੰਘ, ਮਨਜਿੰਦਰ ਸਿੰਘ ਢੇਸੀ, ਰਵਿੰਦਰ ਰਵੀ ਲੋਹਗੜ੍ਹ, ਡਾਕਟਰ ਰਘਬੀਰ ਕੌਰ ਵਲੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਉੱਘੇ ਮੁਲਾਜ਼ਮ ਆਗੂ ਤੀਰਥ ਸਿੰਘ ਬਾਸੀ ਨੇ ਦਿੱਤੀ। ਕਨਵੈਨਸ਼ਨ ਸੂਬੇ ਦੀ ਭਗਵੰਤ ਸਿੰਘ ਮਾਨ ਸਰਕਾਰ ਵਲੋਂ ਜਾਰੀ ਕੀਤਾ ਕਿਰਤੀ ਵਿਰੋਧੀ ਨੋਟੀਫਿਕੇਸ਼ਨ ਰੱਦ ਕਰਵਾਉਣ ਲਈ ਤਿੱਖੇ ਤੇ ਬੱਝਵੇਂ, ਸਾਂਝੇ ਘੋਲਾਂ ਵੱਲ ਪੇਸ਼ ਕਦਮੀ ਦੇ ਉਦੇਸ਼ ਤਹਿਤ ਸੱਦੀ ਜਾ ਰਹੀ ਹੈ। ਇਸ ਤੋਂ ਇਲਾਵਾ ਕੇਂਦਰੀ ਟਰੇਡ ਯੂਨੀਅਨਾਂ ਤੇ ਆਜ਼ਾਦ ਫੈਡਰੇਸ਼ਨਾਂ ਦੇ ਸੱਦੇ 'ਤੇ 9 ਜੁਲਾਈ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦੀ ਲਾਮਿਸਾਲ ਕਾਮਯਾਬੀ ਲਈ ਠੋਸ ਯੋਜਨਾਬੰਦੀ ਉਲੀਕੀ ਜਾਵੇਗੀ। ਨਾਲ ਹੀ ਸਨਅਤੀ ਮਜ਼ਦੂਰਾਂ, ਬੇਜ਼ਮੀਨੇ-ਸਾਧਨਹੀਣ ਪੇਂਡੂ ਕਿਰਤੀਆਂ, ਕਿਸਾਨਾਂ, ਕੇਂਦਰੀ ਤੇ ਸੂਬਾਈ ਮੁਲਾਜ਼ਮਾਂ, ਇਸਤਰੀਆਂ, ਨੌਜਵਾਨਾਂ-ਵਿਦਿਆਰਥੀਆਂ, ਕੱਚੇ ਕਾਮਿਆਂ ਸਮੇਤ ਮਿਹਨਤਕਸ਼ ਲੋਕਾਂ ਦੇ ਪ੍ਰਤੀਨਿਧ ਸੰਗਠਨਾਂ ਵੱਲੋਂ ਲੜੇ ਜਾ ਰਹੇ ਨਿਆਂ ਸੰਗਤ ਘੋਲਾਂ ਨੂੰ ਪੁਲਸ ਜਬਰ ਰਾਹੀਂ ਫੇਲ੍ਹ ਕਰਨ ਦੀਆਂ ਹਕੂਮਤੀ ਸਾਜ਼ਿਸ਼ਾਂ ਦਾ ਸਾਬਤ ਕਦਮੀਂ ਟਾਕਰਾ ਕਰਨ ਦਾ ਵੀ ਠੋਸ ਐਲਾਨ ਕੀਤਾ ਜਾਵੇਗਾ।ਜਨਤਕ ਆਗੂਆਂ ਨੇ ਸੂਬਾ ਵਾਸੀਆਂ ਨੂੰ ਉਪਜਾਊ ਜ਼ਮੀਨਾਂ ਹਥਿਆਉਣ ਦੀ ਆਪ ਸਰਕਾਰ ਦੀ ਕੋਝੀ ਮਨਸੂਬਾਬੰਦੀ ਖਿਲਾਫ ਲੜੇ ਜਾ ਰਹੇ ਸਾਂਝੇ ਜਨ ਸੰਗਰਾਮ ਦੀ ਡਟਵੀਂ ਹਮਾਇਤ ਕਰਨ ਦੀ ਅਪੀਲ ਕੀਤੀ।

## ਪਰਵਿੰਦਰ ਭੰਗਲ ਨੂੰ ਟੂਰਨਾਮੈਂਟ ਕਮੇਟੀ ਦਾ ਜਨਰਲ ਸਕੱਤਰ ਚੁਣਿਆ





**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਨਵਾਂਸਹਿਰ ਵਲੋਂ ਵਿਸ਼ੇਸ਼ ਮੀਟਿੰਗ ਦੌਰਾਨ ਮੁੱਖ ਅਧਿਆਪਕ ਸ ਹ ਸ ਭੀਣ ਪਰਵਿੰਦਰ ਭੰਗਲ ਰਾਜ ਪੁਰਸਕਾਰ ਜੇਤੂ ਨੂੰ ਟੂਰਨਾਮੈਂਟ ਕਮੇਟੀ ਦਾ ਜਨਰਲ ਸਕੱਤਰ ਅਤੇ ਲੈਕਚਰਾਰ ਬਲਦੇਵ ਰਾਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਹਮਾ ਨੂੰ ਸਹਾਇਕ ਸਕੱਤਰ ਚੁਣਿਆ ਗਿਆ।

## ਡੇਰਾ ਸੰਤ ਬਸਾਉ ਜੀ ਦੁੱਧਾਧਾਰੀ ਈਸਪੁਰ ਵਿਖੇ ਸਲਾਨਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)**- ਡੇਰਾ ਸੰਤ ਬਾਬਾ ਬਸਾਉ ਦਾਸ ਜੀ ਦੁੱਧਾਧਾਰੀ, ਸੰਤ ਮੰਗਲ ਦਾਸ ਜੀ ਈਸਪੁਰ ਵਿਖੇ ਸਲਾਨਾ ਮੇਲਾ ਸੰਤ ਬੀਬੀ ਪ੍ਰਕਾਸ਼ ਕੌਰ, ਗੱਦੀਨਸ਼ੀਨ ਸੰਤ ਹਰਵਿੰਦਰ ਦਾਸ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਮੇਲੇ ਦੌਰਾਨ ਵਿਸ਼ਵ ਮਾਨਵ ਰੂਹਾਨੀ ਕੇਂਦਰ ਸ਼ਾਖਾ ਕੱਟ ਵੜ੍ਹਈ ਵਲੋਂ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ 'ਚ 300 ਮਰੀਜ਼ਾਂ ਦੀ ਜਾਂਚ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਗੱਦੀਨਸ਼ੀਨ ਸੰਤ ਹਰਵਿੰਦਰ ਦਾਸ ਵਲੋਂ ਸੰਗਤਾਂ ਕੀਰਤਨ ਅਤੇ ਪ੍ਰਵਚਨਾਂ ਨਾਲ ਨਿਹਾਲ ਕੀਤਾ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਪੰਜਾਬ ਦੇ ਮਸ਼ਹੂਰ ਕਲਾਕਾਰਾਂ ਨੇ ਧਾਰਮਿਕ ਗੀਤਾਂ ਨਾਲ ਹਾਜ਼ਰੀਆਂ ਭਰੀਆਂ। ਸੰਤ ਬੀਬੀ ਪ੍ਰਕਾਸ ਕੌਰ, ਸੰਤ ਹਰਵਿੰਦਰ ਦਾਸ ਵਲੋਂ ਪਹੁੰਚੇ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਤਰਸੇਮ ਲਾਲ ਜੇ ਈ ਨੇ ਨਿਭਾਈ। ਇਸ ਮੌਕੇ ਸੰਤ ਬੀਬੀ ਪ੍ਰਕਾਸ਼ ਕੌਰ, ਸੰਤ ਹਰਵਿੰਦਰ ਦਾਸ, ਹਰਮਨ ਵਿਰਦੀ, ਸਤਵਿੰਦਰ ਵਿਰਦੀ, ਪਰਗਨ ਰਾਮ, ਗੋਪੀ ਵਿਰਦੀ, ਮਹਿੰਦਰ ਸੂਦ, ਪਾਲ ਜਲੰਧਰੀ, ਕੇਵਲ ਰਾਮ, ਧੰਨਾ ਰਾਮ ਜੰਡਿਆਲੀ, ਸੁਖਦੇਵ, ਮਨੀ, ਸੋਹਣ ਲਾਲ, ਸਾਧੂ ਰਾਮ, ਸਰਧਾ ਰਾਮ, ਨਰੈਣ ਦਾਸ, ਸਾਬੀ, ਧਰਮਪਾਲ ਆਦਿ ਹਾਜ਼ਰ ਸਨ।



# ਹਲਕਾ ਚੱਬੇਵਾਲ 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸੰਤ-ਮਹਾਂਪੁਰਸ਼ਾਂ ਦੀ ਹਾਜ਼ਰੀ 'ਚ ਕਰਵਾਈ ਅਰਦਾਸ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੀ ਸਫਲਤਾ ਲਈ ਸੰਤ-ਸਮਾਜ ਦਾ ਆਸ਼ੀਰਵਾਦ ਲੈਣ ਲਈ ਵਿਧਾਨ ਸਭਾ ਹਲਕਾ ਚੱਬੇਵਾਲ ਵਿੱਚ ਪੈਂਦੇ ਪਿੰਡ ਬਾਹੋਵਾਲ ਦੇ ਗੁਰਦੁਆਰਾ ਬਨ੍ਹਾ ਸਾਹਿਬ ਵਿਖੇ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ ਅਤੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਗਈ। ਸਮਾਗਮ ਦੌਰਾਨ ਜਿੱਥੇ ਹਲਕਾ ਚੱਬੇਵਾਲ ਸਮੇਤ ਜ਼ਿਲ੍ਹੇ ਦੇ ਦੂਜੇ ਹਿੱਸਿਆਂ ਤੋਂ ਸੰਤ ਮਹਾਂਪੁਰਸ਼ ਪੁੱਜੇ, ਉੱਥੇ ਹੀ ਹੁਸ਼ਿਆਰਪੁਰ ਤੋਂ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਸੰਤ-ਮਹਾਂਪੁਰਸ਼ਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ। ਇਸ ਸਮੇਂ ਸੰਬੋਧਨ ਵਿੱਚ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਸਮਾਜ ਵਿੱਚ ਫੈਲੇ ਨਸ਼ੇ ਦੇ ਕੋਹੜ ਨੂੰ ਖਤਮ ਕਰਨ ਲਈ ਸੂਬਾ ਸਰਕਾਰ ਵੱਲੋਂ ਪੂਰੀ ਸੁਹਿਰਦਤਾ ਨਾਲ ਕਦਮ ਚੁੱਕੇ ਜਾ ਰਹੇ ਹਨ । ਉਨ੍ਹਾਂ ਕਿਹਾ ਕਿ ਜਿੱਥੇ ਵੱਡੇ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਗਿਆ ਹੈ ਉੱਥੇ ਹੀ ਨਸ਼ਾ ਕਰਨ ਦੇ ਆਦੀ ਨੌਜਵਾਨਾਂ ਨੂੰ ਸਰਕਾਰੀ ਨਸ਼ਾ ਛਡਾਊ ਕੇਂਦਰਾਂ ਵਿੱਚ ਭਰਤੀ ਕਰਕੇ ਉਨ੍ਹਾਂ ਦਾ ਇਲਾਜ ਕੀਤਾ ਜਾ ਰਿਹਾ ਹੈ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਸਮਾਜ ਦੀ ਬੇਹਤਰੀ ਵਿੱਚ ਹਮੇਸ਼ਾ ਹੀ ਧਰਮ ਨੇ ਸਕਾਰਾਤਮਕ ਰੋਲ ਨਿਭਾਇਆ ਹੈ ਅਤੇ ਧਰਮ ਹੀ ਸਮਾਜ ਦੀਆਂ ਬੁਰਾਈਆਂ ਦੀ ਜੜ੍ਹ ਹਮੇਸ਼ਾ ਵੱਢਦਾ ਆਇਆ ਹੈ। ਉਨ੍ਹਾਂ ਕਿਹਾ ਕਿ ਸੰਤਾਂ-ਮਹਾਂਪੁਰਸ਼ਾਂ ਵੱਲੋਂ ਜਿੱਥੇ ਲੋਕਾਂ ਨੂੰ ਗੁਰੂ ਦੇ ਲੜ ਲਗਾਇਆ ਜਾ ਰਿਹਾ ਹੈ ਉੱਥੇ ਹੀ ਨਸ਼ੇ ਵਰਗੀਆਂ ਅਲਾਮਤਾਂ ਤੋਂ ਲੋਕਾਂ ਨੂੰ ਬਚਾਉਣ ਵਿੱਚ ਵੀ ਸੰਤ-ਮਹਾਂਪੁਰਸ਼ਾਂ ਦਾ ਵੱਡਾ ਯੋਗਦਾਨ ਰਿਹਾ ਹੈ। ਡਾ. ਚੱਬੇਵਾਲ ਨੇ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 15,861 ਹੋ ਗਈ ਹੈ। ਉਨ੍ਹਾਂ ਦੱਸਿਆ ਕਿ 101 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1500 ਤੋਂ ਵੱਧ ਪੁਲਸ ਮੁਲਾਜ਼ਮਾਂ ਨਫ਼ਰੀ ਵਾਲੀਆਂ 200 ਤੋਂ ਵੱਧ ਪੁਲਸ ਟੀਮਾਂ ਰਾਜ ਭਰ ਵਿੱਚ ਛਾਪੇਮਾਰੀ ਕਰ ਰਹੀਆਂ ਹਨ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਉਨ੍ਹਾਂ ਨੂੰ ਪੂਰਾ ਯਕੀਨ ਹੈ ਕਿ ਡਾ. ਇਸ਼ਾਂਕ ਕੁਮਾਰ ਦੀ ਅਗਵਾਈ ਹੇਠ ਚੱਬੇਵਾਲ ਹਲਕੇ ਨੂੰ ਨਸ਼ਾ ਮੁਕਤ ਬਣਾਉਣ ਦਾ ਸਾਡਾ ਸੁਪਨਾ ਜਲਦੀ ਹੀ ਪੂਰਾ ਹੋਵੇਗਾ। ਇਸ ਮੌਕੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਹਲਕੇ ਦੇ ਵਿਕਾਸ ਦੇ ਨਾਲ-ਨਾਲ ਚੱਬੇਵਾਲ ਵਿੱਚੋਂ ਨਸ਼ਾ ਖਤਮ ਕਰਨਾ ਸਾਡਾ ਮੁੱਖ ਟੀਚਾ ਹੈ। ਉਨ੍ਹਾਂ ਹਲਕੇ ਦੇ ਨੌਜਵਾਨਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜੇਕਰ ਉਨ੍ਹਾਂ ਦਾ ਕੋਈ ਸੱਜਣ-ਮਿੱਤਰ ਨਸ਼ੇ ਦੀ ਇਸ ਦਲਦਲ ਵਿੱਚ ਫਸਿਆ ਹੈ ਤਾਂ ਉਸ ਨੂੰ ਇਸ ਵਿੱਚੋਂ ਬਾਹਰ ਕੱਢਣ ਲਈ ਮਦਦ ਕਰੋ ਅਤੇ ਜਿੱਥੇ ਸਾਡੀ ਲੋੜ ਹੈ ਉੱਥੇ ਸਾਨੂੰ ਦੱਸਿਆ ਜਾਵੇ ਤਾਂ ਜੋ ਨਸ਼ੇ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਉਹ ਸਮੂਹ ਸੰਤਾਂ-ਮਹਾਂਪੁਰਸ਼ਾਂ ਦੇ ਦਿਲੋਂ ਰਿਣੀ ਹਨ ਜਿਨ੍ਹਾਂ ਨੇ ਨਸ਼ੇ ਖਿਲਾਫ ਛੇੜੀ ਇਸ ਮੁਹਿੰਮ ਵਿੱਚ ਸਹਿਯੋਗ ਦਾ ਭਰੋਸਾ ਦਿੱਤਾ ਹੈ।




# ਡਾ. ਅੰਬੇਡਕਰ ਦਾ ਅਪਮਾਨ ਕਰਨ ਵਾਲੇ ਨੂੰ ਫਾਂਸੀ ਦੀ ਸਜ਼ਾ ਹੋਵੇ : ਠੇਕੇਦਾਰ ਭਗਵਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ, ਜਨਰਲ ਸਕੱਤਰ ਪੰਜਾਬ ਨੇ ਪਿਛਲੇ ਦਿਨੀ ਫਿਲੌਰ ਵਿਖੇ ਭਾਰਤ ਰਤਨ, ਭਾਰਤੀ ਸੰਵਿਧਾਨ ਨਿਰਮਾਤਾ, ਕ੍ਰੋੜਾਂ ਲੋਕਾਂ ਦੇ ਮਸੀਹਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ ਦੀ ਭਾਰੀ ਆਲੋਚਨਾ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਦਾ ਅਪਮਾਨ ਕਰਨ ਵਾਲੇ ਨੂੰ ਫਾਂਸੀ ਦੀ ਸਜ਼ਾ ਹੋਣੀ ਚਾਹੀਦੀ ਹੈ।ਠੇਕੇਦਾਰ ਨੇ ਕਿਹਾ ਕਿ ਕੁੱਝ ਸਮਾਜ ਵਿਰੋਧੀ, ਭਾਰਤ ਵਿਰੋਧੀ ਤਾਕਤਾਂ ਦਲਿਤ ਸਿੱਖ ਭਾਈਚਾਰੇ ਅੰਦਰ ਨਫਰਤ ਦੇ ਬੀਜ ਬੀਜ ਕੇ ਆਪਸੀ ਭਾਈਚਾਰਕ ਸਾਂਝ ਅਤੇ ਏਕਤਾ,ਅਮਨ ਸ਼ਾਂਤੀ ਦੇ ਮਾਹੌਲ ਨੂੰ ਲਾਂਬੂ ਲਗਾਉਣ ਦੀ ਕੋਸ਼ਿਸ਼ ਕਰ ਰਹੇ ਰਹੇ ਹਨ, ਪੰਜਾਬ ਵਾਸੀਆਂ ਨੂੰ ਅਜਿਹੀਆਂ ਤਾਕਤਾਂ ਤੋਂ ਸਾਵਧਾਨ ਰਹਿਣਾ ਚਾਹੀਦਾ ਹੈ।ਬਸਪਾ ਆਗੂ ਨੇ ਕਿਹਾ ਕਿ ਸਰਕਾਰਾਂ ਵਿੱਚ ਬੈਠੇ ਸਵਾਰਥੀ ਤੇ ਲਾਲਚੀ ਲੋਕਾਂ ਦੀਆਂ ਨਾਕਾਮੀਆਂ ਨੇ ਬਾਬਾ ਸਾਹਿਬ ਦਾ ਅਪਮਾਨ ਕਰਾਕੇ ਕ੍ਰੋੜਾਂ ਦਲਿਤਾਂ, ਗਰੀਬਾਂ ਦੀਆਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਭਾਵਨਾਵਾਂ ਨੂੰ ਕੁਚਲ ਕੇ ਰੱਖ ਦਿੱਤਾ ਹੈ, ਜਿਸਨੂੰ ਬਹੁਜਨ ਸਮਾਜ ਪਾਰਟੀ ਬਰਦਾਸ਼ਤ ਨਹੀਂ ਕਰੇਗੀ।ਇਸ ਮੌਕੇ ਮਦਨ ਸਿੰਘ ਬੈਂਸ ਇੰਚਾਰਜ ਹੁਸ਼ਿਆਰਪੁਰ, ਬਲਵਿੰਦਰ ਸੀਕਰੀ ਇੰਚਾਰਜ ਬਾਮਸੇਫ, ਨਿਸ਼ਾਨ ਚੌਧਰੀ ਇੰਚਾਰਜ ਸ਼ਾਮ ਚੌਰਾਸੀ, ਮਨਿੰਦਰ ਸ਼ੇਰਪੁਰੀ ਇੰਚਾਰਜ ਟਾਂਡਾ, ਸੁਰਜੀਤ ਮਹਿਮੀ ਪ੍ਰਧਾਨ ਹੁਸ਼ਿਆਰਪੁਰ, ਦਿਨੇਸ਼ ਪੱਪੂ ਸਕੱਤਰ ਹੁਸ਼ਿਆਰਪੁਰ, ਜਗਮੋਹਣ ਸੱਜਣਾਂ ਕਨਵੀਨਰ ਬੀ ਵੀ ਐਫ, ਯਸ਼ ਭੱਟੀ ਪ੍ਰਧਾਨ ਚੱਬੇਵਾਲ, ਸੁਖਦੇਵ ਬਿੱਟਾ, ਰਕੇਸ਼ ਕਿੱਟੀ, ਵਿਜੈ ਖਾਨਪੁਰੀ, ਬਲਵੰਤ ਨੀਤਪੁਰ, ਵਿੱਕੀ ਬੰਗਾ, ਜੱਸੀ ਖਾਨਪੁਰ, ਸਤਪਾਲ ਬਡਲਾ, ਹਰਮੇਸ਼ ਫਗਲਾਣਾ, ਸੁਦੇਸ਼ ਭੱਟੀ, ਹੈਪੀ ਫੰਬੀਆਂ, ਡਾ. ਜਸਪਾਲ ਸਿੰਘ ਟਾਂਡਾ, ਮਲਕੀਤ ਸਿੰਘ ਸੋਨੀ ਗੜ੍ਹਸ਼ੰਕਰ, ਚਰਨਜੀਤ ਗੜ੍ਹਸ਼ੰਕਰ, ਬੀਬੀ ਮਹਿੰਦਰ ਕੌਰ, ਕ੍ਰਿਸ਼ਨਾ ਦੇਵੀ ਜਿਲਾ ਕਨਵੀਨਰ ਲੇਡੀਜ਼ ਵਿੰਗ ਵੀ ਹਾਜਰ ਸਨ।



## ਰੀਅਲ ਅਸਟੇਟ ਸੈਕਟਰ 'ਚ ਵਧਾਏ ਗਏ ਵਿਕਾਸ ਚਾਰਜ ਵੱਡਾ ਧੱਕਾ : ਦੀਪਇੰਦਰ ਢਿੱਲੋਂ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਕਾਂਗਰਸ ਦੇ ਹਲਕਾ ਡੇਰਾਬੱਸੀ ਤੋਂ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਦਾ ਮਾਲੀਆ ਵਧਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਰੀਅਲ ਅਸਟੇਟ ਖੇਤਰ ਵਿੱਚ ਕਾਰੋਬਾਰੀਆਂ ਲਈ ਵਿਕਾਸ ਚਾਰਜ ਵਧਾ ਕੇ ਹਲਕਾ ਡੇਰਾਬੱਸੀ ਦੇ ਪ੍ਰਾਪਰਟੀ ਨਾਲ ਜੁੜੇ ਲੋਕਾਂ ਨਾਲ ਵੱਡਾ ਧੱਕਾ ਕੀਤਾ ਹੈ। ਢਿਲੋਂ ਨੇ ਕਿਹਾ ਕਿ ਇਨ੍ਹਾਂ ਚਾਰਜਾਂ ਦੇ ਵਧਣ ਨਾਲ ਉਪਭੋਗਤਾ ਨੂੰ ਵੀ ਜਾਇਦਾਦ ਖਰੀਦਣ ਸਮੇ ਵਧੇਰੇ ਭੁਗਤਾਨ ਕਰਨਾ ਪਵੇਗਾ। ਦੀਪਇੰਦਰ ਸਿੰਘ ਨੇ ਕਿਹਾ ਕਿ ਕਾਂਗਰਸ ਸਰਕਾਰ ਸਮੇਂ 2020 ਤੱਕ ਕਿਸੇ ਕਿਸਮ ਦੇ ਚਾਰਜਾਂ ਵਿੱਚ ਵਾਧਾ ਨਹੀ ਕੀਤਾ ਗਿਆ ਸੀ ਪ੍ਰੰਤੂ ਆਪ ਸਰਕਾਰ ਨੇ ਰੀਅਲ ਅਸਟੇਟ ਖ਼ੇਤਰ ਵਿਚ ਤੇਜ਼ੀ ਲਿਆਉਣ ਦੇ ਬਿਆਨ ਦੇ ਕੇ ਵਿਕਾਸ ਚਾਰਜ 50 ਤੋਂ ਵਧਾ ਕੇ 100 ਫ਼ੀਸਦੀ ਕਰ ਦਿੱਤੇ ਗਏ ਹਨ। ਇਹਨਾਂ ਚਾਰਜਾਂ ਦਾ ਸਭ ਤੋਂ ਵੱਧ ਮਾੜਾ ਪ੍ਰਭਾਵ ਮੋਹਾਲੀ ਜ਼ਿਲ੍ਹੇ ਦੇ ਹਲਕਾ ਡੇਰਾਬੱਸੀ ਉੱਤੇ ਪੈਣਾ ਹੈ ਜਿੱਥੇ ਕਿ ਲਗਾਤਾਰ ਸ਼ਹਿਰੀਕਰਨ ਹੋ ਰਿਹਾ ਹੈ। ਹੁਣ ਜ਼ਿਲ੍ਹੇ ਵਿਚ ਰਿਹਾਇਸ਼ੀ ਡਿਵੈਲਪਰ ਨੂੰ ਏਕੜ ਲਈ 1.28 ਕਰੋੜ ਰੁਪਏ ਵਿਕਾਸ ਚਾਰਜ ਦੇਣੇ ਪੈਣਗੇ ਜਦੋਂ ਕਿ ਪਹਿਲਾਂ ਇਹ ਫੀਸ 67 ਲੱਖ ਰੁਪਏ ਸੀ। ਇਸੇ ਤਰ੍ਹਾਂ ਗਰੁੱਪ ਹਾਊਸਿੰਗ ਪ੍ਰੋਜੈਕਟ ਲਈ ਵਿਕਾਸ ਚਾਰਜ ਵਜੋਂ ਲਗਭਗ 3.65 ਕਰੋੜ ਰੁਪਏ ਦਾ ਭੁਗਤਾਨ ਕਰਨਾ ਪਵੇਗਾ ਜਦੋਂ ਕਿ ਪਹਿਲਾਂ ਇਹ ਦਰ ਕਰੀਬ 1.66 ਕਰੋੜ ਰੁਪਏ ਪ੍ਰਤੀ ਏਕੜ ਸੀ। ਉਨ੍ਹਾ ਦੱਸਿਆ ਕਿ ਵਪਾਰਕ ਪ੍ਰੋਜੈਕਟਾਂ ਵਿੱਚ ਪ੍ਰਮੋਟਰ ਨੂੰ 4.60 ਕਰੋੜ ਰੁਪਏ ਦਾ ਭੁਗਤਾਨ ਕਰਨਾ ਪਵੇਗਾ ਜਦਕਿ ਪਹਿਲਾਂ ਇਹ ਦਰ 2.50 ਕਰੋੜ ਰੁਪਏ ਹੁੰਦੀ ਸੀ। ਉਨਾਂ ਕਿਹਾ ਕਿ ਇਹ ਵਾਧਾ ਹਲਕੇ ਦੇ ਹਜ਼ਾਰਾਂ ਪ੍ਰਾਪਰਟੀ ਕਾਰੋਬਾਰੀਆ ਦੇ ਕੰਮ ਉੱਤੇ ਵੱਡਾ ਮਾੜਾ ਅਸਰ ਪਾਵੇਗਾ ਅਤੇ ਪ੍ਰਾਪਰਟੀ ਖਰੀਦਣ ਵਾਲੇ ਆਮ ਲੋਕ ਵੱਡੇ ਬੋਝ ਥੱਲੇ ਦੱਬ ਜਾਣਗੇ।



## ਸ਼ਹੀਦੀ ਦਿਹਾੜੇ ਨੂੰ ਸਮਰਪਤ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ



**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਗੁਰੂ ਤੇਗ ਬਹਾਦਰ ਮਾਰਕਿਟ ਕਮੇਟੀ ਬੰਗਾ ਰੋਡ ਫਗਵਾੜਾ ਵਲੋਂ ਸ਼ਾਂਤੀ ਦੇ ਪੁੰਜ ਪੰਜਵੀ ਪਾਤਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਠੰਢੇ ਮਿੱਠੇ ਜਲ ਦੀ ਛਬੀਲ ਸੈਣੀ ਟਾਇਰ ਬੰਗਾ ਰੋਡ ਵਿਖੇ ਕਮੇਟੀ ਪ੍ਰਧਾਨ ਚਰਨਜੀਤ ਸਿੰਘ ਸੈਣੀ ਦੀ ਅਗਵਾਈ ਹੇਠ ਲਗਾਈ ਗਈ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਕੌਂਸਲਰ ਦਵਿੰਦਰ ਸਪਰਾ, ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਸਾਬਕਾ ਡਿਸਟ੍ਰਿਕਟ ਗਵਰਨਰ ਲਾਇਨ ਹਰੀਸ਼ ਬੰਗਾ, ਸਿਟੀ ਕੇਬਲ ਦੇ ਡਾਇਰੈਕਟਰ ਐਚ.ਐਸ. ਬਸਰਾ ਅਤੇ ਸ਼ਿਵ ਸੈਨਾ (ਯੂ.ਬੀ.ਟੀ.) ਦੇ ਸੂਬਾ ਜਨਰਲ ਸਕੱਤਰ ਗੁਰਦੀਪ ਸੈਣੀ ਨੇ ਉਪਰਾਲੇ ਦੀ ਸ਼ਲਾਘਾ ਕੀਤੀ ਛਬੀਲ ਦੀ ਸੇਵਾ ਦੇਰ ਸ਼ਾਮ ਤੱਕ ਜਾਰੀ ਰਹੀ। ਹਜ਼ਾਰਾਂ ਰਾਹਗੀਰਾਂ ਤੇ ਵਾਹਨ ਚਾਲਕਾਂ ਨੇ ਭਖਦੀ ਗਰਮੀ 'ਚ ਠੰਢੇ ਜਲ ਨਾਲ ਆਪਣੀ ਪਿਆਸ ਬੁਝਾਈ। ਇਸ ਮੌਕੇ ਸਤਨਾਮ ਸਿੰਘ ਰੰਧਾਵਾ, ਪਰਮਜੀਤ ਸਿੰਘ ਸੋਢੀ, ਅਵਤਾਰ ਸਿੰਘ ਸੈਣੀ, ਅਰਸ਼ਦੀਪ ਸਿੰਘ, ਵਿਪਨ ਸੈਣੀ, ਹਰਜੋਤ ਸਿੰਘ, ਤਜਿੰਦਰ ਸਿੰਘ ਸੈਂਡੀ, ਪਵਨਦੀਪ ਸਿੰਘ ਗੱਗੀ ਆਦਿ ਨੇ ਤਨਦੇਹੀ ਨਾਲ ਛਬੀਲ ਦੀ ਸੇਵਾ ਵਰਤਾਈ।

# ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਅਹੁਦੇਦਾਰਾਂ ਦੀ ਚੋਣ

**ਕਾਲਾ ਸੰਘਿਆਂ (ਮਨਜੀਤ ਮਾਨ)**- ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ ਐਸੋਸੀਏਸ਼ਨ (ਰਜਿ.), ਪੰਜਾਬ (ਸਿੱਖਿਆ ਵਿਭਾਗ) ਦੇ ਕਲੈਰੀਕਲ ਕਾਡਰ ਜਿਲ੍ਹਾ ਜਲੰਧਰ ਦੇ ਜਥੇਬੰਦੀ ਦੇ ਸਰਪ੍ਰਸਤ ਸੁਰਿੰਦਰ ਰਤਨ (ਸੁਪਰਡੈਂਟ,ਦਫਤਰ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਜਲੰਧਰ) ਵੱਲੋਂ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਜਨਰਲ ਸਕੱਤਰ ਦੀ ਚੋਣ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਿਆ ਗਿਆ, ਜਿਸ ਵਿੱਚ ਸੁਖਜੀਤ ਸਿੰਘ ਧਾਲੀਵਾਲ ਬਤੌਰ ਜ਼ਿਲ੍ਹਾ ਪ੍ਰਧਾਨ ਅਤੇ ਜਤਿੰਦਰ ਕੁਮਾਰ ਜੋਨੀ ਬਤੌਰ ਜ਼ਿਲ੍ਹਾ ਜਨਰਲ ਸਕੱਤਰ, ਬਲਵਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ (ਸਿੱਖਿਆ ਵਿਭਾਗ) ਵਜੋਂ ਸਾਰਿਆਂ ਦੀ ਹਾਜ਼ਰੀ ਵਿੱਚ ਸਹਿਮਤੀ ਨਾਲ ਚੁਣਿਆ ਗਿਆ।ਇਸ ਚੋਣ ਸਮੇਂ ਜਿਲ੍ਹਾ ਜਲੰਧਰ ਦੇ ਸਿੱਖਿਆ ਵਿਭਾਗ ਦੇ ਸਮੂਹ ਖੇਤਰੀ ਦਫ਼ਤਰਾਂ ਅਤੇ ਸਕੂਲਾਂ ਦਾ ਕਲੈਰੀਕਲ ਸਟਾਫ ਮੌਕੇ 'ਤੇ ਹਾਜ਼ਰ ਸੀ।ਸਰਬਪ੍ਰੀਤ ਸਿੰਘ (ਸੋਢੀ ਢੀਂਡਸਾ) ਤੇ ਦਮਨਦੀਪ ਸਿੰਘ (ਸਾਬਕਾ ਜਨਰਲ ਸਕੱਤਰ) ਨੂੰ ਸਟੇਟ ਬਾਡੀ ਦੀ ਮੈਂਬਰਸ਼ਿਪ ਲਈ ਨਾਮਜ਼ਦ ਕੀਤਾ ਗਿਆ।ਇਸ ਚੋਣ ਪ੍ਰਕਿਰਿਆ ਵਿੱਚ ਪਹਿਲਾਂ ਹੀ ਤਹਿਸੀਲ ਨਕੋਦਰ-ਸ਼ਾਹਕੋਟ ਵਿੱਚ ਮਨਜਿੰਦਰ ਸਿੰਘ ਬੱਲ ਬਤੌਰ ਪ੍ਰਧਾਨ ਅਤੇ ਬਲਵੀਰ ਸਿੰਘ ਧੰਜੂ ਬਤੌਰ ਜਨਰਲ ਸਕੱਤਰ, ਤਹਿਸੀਲ ਫਿਲੌਰ ਵਿੱਚ ਇੰਦਰਜੀਤ ਕੁਮਾਰ ਬਤੌਰ ਪ੍ਰਧਾਨ ਅਤੇ ਪਰਮਜੀਤ ਸਰੋਜ ਬਤੌਰ ਜਨਰਲ ਸਕੱਤਰ, ਤਹਿਸੀਲ ਜਲੰਧਰ ਵਿੱਚ ਪਰਮਵੀਰ ਸਿੰਘ ਬੈਂਸ ਬਤੌਰ ਪ੍ਰਧਾਨ ਅਤੇ ਤਜਿੰਦਰਪਾਲ ਸਿੰਘ ਬਤੌਰ ਜਨਰਲ ਸਕੱਤਰ ਚੁਣੇ ਗਏ ਸਨ।ਇਸ ਚੋਣ ਪ੍ਰਕਿਰਿਆ ਤੋਂ ਬਾਅਦ ਸਮੂਹ ਜ਼ਿਲ੍ਹਿਆਂ ਦੇ ਜ਼ਿਲ੍ਹਾ ਅਹੁਦੇਦਾਰਾਂ ਵੱਲੋਂ ਸੂਬਾ ਪ੍ਰਧਾਨ ਸ਼੍ਰੀ ਸਰਬਜੀਤ ਸਿੰਘ ਡਿਗਰਾ ਅਤੇ ਸੂਬਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਖੱਟੜਾ ਦੀ ਅਗਵਾਈ ਹੇਠ ਜਲੰਧਰ ਵਿੱਚ ਸੂਬਾਈ ਮੀਟਿੰਗ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਅਤੇ ਜਿਲ੍ਹਾ ਜਨਰਲ ਸਕੱਤਰਾਂ ਨੇ ਆਪਣੇ ਆਪਣੇ ਜ਼ਿਲ੍ਹੇ ਦੇ ਖੇਤਰੀ ਦਫਤਰਾਂ ਅਤੇ ਸਕੂਲਾਂ ਦੇ ਕਲਰਕਾਂ/ਜੂਨੀਅਰ ਸਹਾਇਕ/ਸੀਨੀਅਰ ਸਹਾਇਕਾਂ ਦੀਆਂ ਹੱਕੀ ਮੰਗਾਂ ਬਾਰੇ ਵਿਚਾਰ-ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਸਰਬਜੀਤ ਸਿੰਘ ਡਿਗਰਾ (ਸੂਬਾ ਪ੍ਰਧਾਨ) ਅਤੇ ਗੁਰਪ੍ਰੀਤ ਸਿੰਘ ਖੱਟੜਾ (ਸੂਬਾ ਜਨਰਲ ਸਕੱਤਰ) ਵੱਲੋਂ ਜਥੇਬੰਦੀ ਦੇ ਪੱਧਰ 'ਤੇ ਸਰਕਾਰ ਅਤੇ ਵਿਭਾਗ ਦੇ ਉੱਚ-ਅਧਿਕਾਰੀਆਂ ਨਾਲ ਹੋਈਆਂ ਮੀਟਿੰਗਾਂ ਵਿੱਚ ਰੱਖੀਆਂ ਗਈਆਂ ਜਾਇਜ ਮੰਗਾਂ ਅਤੇ ਲੰਬੇ ਸਮੇਂ ਤੋਂ ਬੰਦ ਪਈਆਂ ਪ੍ਰੋਮੋਸ਼ਨਾਂ ਦੇ ਕੰਮ ਵਿੱਚ ਤੇਜ਼ੀ ਲਿਆਉਣ ਬਾਰੇ ਦਿੱਤੇ ਗਏ ਭਰੋਸੇ ਬਾਰੇ ਜਾਣੂ ਕਰਵਾਇਆ ਗਿਆ। ਇਸ ਸਾਰੇ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਸਰਬਪ੍ਰੀਤ ਸਿੰਘ (ਸੋਡੀ ਢੀਂਡਸਾ) ਵੱਲੋਂ ਸਟੇਜ ਸੈਕਟਰੀ ਭੂਮਿਕਾ ਨਿਭਾਈ ਗਈ ਅਤੇ ਮਨਜਿੰਦਰ ਸਿੰਘ ਬੱਲ (ਪ੍ਰਧਾਨ) ਵੱਲੋਂ ਉਹਨਾਂ ਦੇ ਨਾਲ ਸਟੇਜ ਸੰਭਾਲਣ ਵਿੱਚ ਸਾਥ ਦਿੱਤਾ ਗਿਆ।ਅੰਤ ਵਿੱਚ ਇਸ ਮੌਕੇ ਸਮੂਹ ਜ਼ਿਲ੍ਹਿਆਂ ਦੇ ਅਹੁਦੇਦਾਰਾਂ ਅਤੇ ਸੂਬਾ ਪ੍ਰਧਾਨ ਅਤੇ ਜਨਰਲ ਸਕੱਤਰਾਂ ਦੇ ਨਾਲ ਨਾਲ ਜਥੇਬੰਦੀ ਲਈ ਪਹਿਲਾਂ ਆਪਣੀਆਂ ਸੇਵਾਵਾਂ ਦੇ ਚੁੱਕੇ ਸਾਬਕਾ ਅਹੁਦੇਦਾਰਾਂ ਅਨਿਰੁੱਧ ਮੋਦਗਿੱਲ, ਪਵਨ ਸਿੱਧੂ, ਸੁਖਦੇਵ ਸਿੰਘ ਗਿੱਲ ਅਤੇ ਹੋਰ ਆਗੂਆਂ ਦਾ ਸੁਰਿੰਦਰ ਰਤਨ (ਸਰਪ੍ਰਸਤ) ਵੱਲੋਂ ਵਿਸ਼ੇਸ਼ ਸਨਮਾਨ ਕਰਕੇ ਧੰਨਵਾਦ ਕੀਤਾ ਗਿਆ।ਇਸ ਸਾਰੇ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੁਲਵਿੰਦਰ ਸਿੰਘ ਢਿੱਲੋਂ, ਪ੍ਰਭਜੋਤ ਕੌਰ ਬੈਂਸ ਅਤੇ ਬਾਕੀ ਹੋਰ ਆਈਆਂ ਇਸਤਰੀ ਵਿੰਗ ਦੀਆਂ ਸਾਥਣਾਂ ਨੇ ਯੋਗਦਾਨ ਪਾਇਆ।




# ਪੈਨਸ਼ਨਰਜ਼ ਵੱਲੋਂ ਜ਼ਿਮਨੀ ਚੋਣ 'ਚ ਸਰਕਾਰ ਨੂੰ ਘੇਰਨ ਦੀ ਤਿਆਰੀ

● 14 ਨੂੰ ਲੁਧਿਆਣਾ ਵਿਖੇ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ




**ਬੰਗਾ (ਅਵਤਾਰ ਕਲੇਰ)**- ਪੰਜਾਬ ਪੈਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੋਮ ਲਾਲ ਥੋਪੀਆ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਦਫਤਰ ਦੇ ਮੀਟਿੰਗ ਹਾਲ ਵਿੱਚ ਹੋਈ। ਮੀਟਿੰਗ ਦੇ ਸ਼ੁਰੂ ਵਿੱਚ ਰੇਸ਼ਮ ਲਾਲ ਦੀ ਮਾਤਾ ਜੀ ਨੂੰ ਦੋ ਮਿੰਟ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਸਮੇਂ ਜੀਤ ਲਾਲ ਗੋਹਲੜੋਂ, ਅਸ਼ੋਕ ਕੁਮਾਰ, ਕਰਨੈਲ ਸਿੰਘ ਰਾਹੋਂ, ਹਰੀ ਬਿਲਾਸ, ਜੋਗਾ ਸਿੰਘ, ਸੋਖੀ ਰਾਮ ਬੱਜੋਂ, ਰਾਮ ਪਾਲ, ਸੁੱਚਾ ਰਾਮ, ਦੀਦਾਰ ਸਿੰਘ, ਬਿਅੰਤ ਸਿੰਘ, ਹਰਮੇਸ਼ ਲਾਲ ਰਾਣੇਵਾਲ, ਐਚ ਐਸ ਭਾਵੜਾ, ਰਾਮ ਲਾਲ, ਰੇਸ਼ਮ ਲਾਲ, ਧਰਮ ਪਾਲ ਆਦਿ ਨੇ ਸੰਬੋਧਨ ਕਰਦਿਆਂ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਹੱਲ ਨਾ ਕਰਨ ਦੀ ਨਿਖੇਧੀ ਕੀਤੀ। ਉਨ੍ਹਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਰਹਿੰਦੇ ਬਕਾਏ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਯਕਮੁਸ਼ਤ ਦੇਣ ਦੀ ਮੰਗ ਕੀਤੀ। ਮੀਟਿੰਗ ਵਿੱਚ ਸ਼ਾਮਲ ਸਮੂਹ ਆਗੂਆਂ ਨੇ ਪੰਜਾਬ ਮੁਲਾਜ਼ਮ ਮਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ 14 ਜੂਨ ਨੂੰ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਦੇ ਹਲਕੇ ਵਿੱਚ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ ਅਤੇ ਝੰਡਾ ਮਾਰਚ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ। ਮੀਟਿੰਗ ਵਿੱਚ ਸੁਰਜੀਤ ਰਾਮ, ਹਰਵਿੰਦਰ ਸਿੰਘ, ਹਰਬੰਸ ਸਿੰਘ, ਗੁਰਦਿਆਲ ਸਿੰਘ, ਤਰਸੇਮ ਸਿੰਘ, ਜਰਨੈਲ ਸਿੰਘ, ਹਰਦਿਆਲ ਸਿੰਘ, ਬਲਵਿੰਦਰ ਰਾਮ, ਮਹਿੰਦਰ ਪਾਲ, ਨਰੇਸ ਕੁਮਾਰ, ਨਿਰੰਜਨ ਲਾਲ, ਰਾਮ ਸਿੰਘ, ਹਰਭਜਨ ਸਿੰਘ, ਸਰੂਪ ਲਾਲ, ਦੇਸ ਰਾਜ ਬੱਜੋਂ, ਅਮਰਜੀਤ ਸਿੰਘ, ਰਾਵਲ ਸਿੰਘ, ਸਵਰਨਜੀਤ ਸਿੰਘ, ਰਜਿੰਦਰ ਸਿੰਘ ਦੇਹਲ, ਕੁਲਦੀਪ ਭਗੌਰਾਂ ਆਦਿ ਹਾਜ਼ਰ ਸਨ।

## ਦਰਬਾਰ ਦਾਤਾ ਸੱਯਦ ਅਲੀ ਵਿਖੇ ਸਲਾਨਾ ਜੋੜ ਮੇਲਾ 15, 16 ਨੂੰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪਿੰਡ ਮਹਾਲੋ ਦਰਬਾਰ ਦਾਤਾ ਸੱਯਦ ਅਲੀ ਵਿਖੇ ਸਲਾਨਾ ਜੋੜ ਮੇਲਾ 15,16 ਜੂਨ ਨੂੰ ਸਮੂਹ ਸੰਗਤਾਂ ਨਗਰ ਨਿਵਾਸੀ ਦੇ ਸਹਿਯੋਗ ਨਾਲ ਬੜੀ ਸ਼ਰਧਾਪੂਰਵਕ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਦਰਬਾਰ ਦੇ ਗੱਦੀਨਸ਼ੀਨ ਬਾਬਾ ਲਖਵੀਰ ਚੰਦ ਨੇ ਦੱਸਿਆ ਕਿ ਸ਼ਾਮ 4 ਵਜੇ 15 ਜੂਨ ਨੂੰ ਚਿਰਾਗ ਰੋਸ਼ਨ ਕੀਤੇ ਜਾਣਗੇ। ਦਰਬਾਰ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ ਅਤੇ ਰਾਤ 7 ਵਜੇ ਕਵਾਲ ਪਰਵੇਜ ਆਲਮ, ਕੁਲਦੀਪ ਕਾਦਰੀ, ਓਵੇਸ਼ ਖਾਨ, ਕਵਾਲੀਆ ਪ੍ਰੋਗਰਾਮ ਪੇਸ਼ ਕਰਨਗੇ। 16 ਜੂਨ ਨੂੰ ਬਾਬਾ ਦਰਵੇਸ਼ ਗੱਦੀਨਸ਼ੀਨ ਲਖਵੀਰ ਚੰਦ ਸਮੁੱਚੇ ਨਗਰ ਦੀ ਖੁਸ਼ਹਾਲੀ ਅਤੇ ਸੁੱਖ ਸ਼ਾਂਤੀ ਲਈ ਅਰਦਾਸ ਕਰਨਗੇ। ਮਸ਼ਹੂਰ ਗਾਇਕ ਪੰਜਾਬੀ ਸਿੰਗਰ ਆਰ ਕੇ ਮੱਟੂ , ਰਾਜਨ ਗਿੱਲ, ਜੈਲੀ, ਹਸਨ ਮਾਣਕ, ਰਣਵੀਰ, ਸੰਗਰਾਮ ਆਪਣੇ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਆਸ਼ੀਰਵਾਦ ਦੇਣ ਲਈ ਵੱਖ ਵੱਖ ਡੇਰਿਆਂ ਤੋਂ ਸੰਤ ਫਕੀਰ ਸ਼ਿਰਕਤ ਕਰਨਗੇ। ਦਰਵਾਰ ਦੇ ਸੇਵਾਦਾਰ ਮਨਜੀਤ ਕੌਰ ਯੂ ਕੇ, ਲੇਖਰਾਜ ਯੂ ਕੇ, ਕਪਿਲ ਗਾਬਾ, ਮਨਦੀਪ ਪਾਠਕ, ਹਨੀ ਚੋਪੜਾ ਦੀਪੂ, ਰੋਹਿਤ (ਸਰਪੰਚ) ਸਤਨਾਮ ਬਲਵੀਰ ਹਰਮਨ, ਨਵਨੀਤ ਗੱਗੀ ਵੀ ਸ਼ਿਰਕਤ ਕਰਨਗੇ। ਇਸ ਮੌਕੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਜਾਵੇਗੀ। ਲੰਗਰ ਅਤੁੱਟ ਵਰਤਾਇਆ ਜਾਵੇਗਾ ।



# ਮੇਹਰ ਚੰਦ ਪੋਲੀਟੈਕਨਿਕ ਕਾਲਜ 'ਚ ਵਿਦਿਆਰਥੀਆਂ ਨੇ ਬਣਾਇਆ ਏਅਰ ਕਵਾਲਟੀ ਇੰਡੈਕਸ ਮੋਨੀਟਰਿੰਗ ਡਿਸਪਲੇ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਪ੍ਰਿੰਸ ਮਦਾਨ (ਇੰਚਾਰਜ, ਈ.ਸੀ.ਈ ਵਿਭਾਗ) ਦੀ ਦੂਰਦਰਸ਼ੀ ਸੋਚ ਅਤੇ ਰਹਿਨੁਮਾਈ ਹੇਠ, ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਵੱਲੋਂ ਰੀਅਲ ਟਾਈਮ ਏਅਰ ਕਵਾਲਟੀ ਮੋਨੀਟਰਿੰਗ ਡਿਸਪਲੇ ਇੱਕ ਨਵੀਨਤਮ ਪ੍ਰੋਜੈਕਟ ਤਿਆਰ ਕੀਤਾ ਗਿਆ, ਜੋ ਕਿ ਕਾਲਜ ਦੇ ਕੋਰੀਡੋਰ ਕੈਂਪਸ ਵਿੱਚ ਸਥਾਪਿਤ ਕੀਤਾ ਗਿਆ।ਇਹ ਪ੍ਰੋਜੈਕਟ ਹਿਮਾਂਸ਼ੂ ਪਰਮਾਰ, ਪ੍ਰਕਾਸ਼ਦੀਪ ਸਿੰਘ ਅਤੇ ਪ੍ਰੇਮਿਲਾ (ਅੰਤਿਮ ਸਾਲ. ਈ.ਸੀ.ਈ ਵਿਭਾਗ) ਵੱਲੋਂ ਤਿਆਰ ਕੀਤਾ ਗਿਆ। ਉਨ੍ਹਾਂ ਦੀ ਮਾਰਗਦਰਸ਼ੀ ਈ.ਸੀ.ਈ ਵਿਭਾਗ ਦੇ ਲੈਕਚਰਾਰ ਇੰਜ. ਮਨੀਸ਼ ਸਚਦੇਵਾ ਅਤੇ ਇੰਜ. ਮਾਨਵ ਭੱਲਾ ਨੇ ਕੀਤੀ।ਇਹ ਨਵੀਨਤਮ ਤਕਨੀਕੀ ਉਪਰਾਲਾ ਜਲੰਧਰ, ਪੰਜਾਬ ਖੇਤਰ ਦੀ ਰੀਅਲ ਟਾਈਮ ਹਵਾ ਦੀ ਗੁਣਵੱਤਾ ਅਤੇ ਮੌਸਮ ਦੀ ਜਾਣਕਾਰੀ ਦਿਖਾਉਣ ਉੱਤੇ ਕੇਂਦਰਤ ਹੈ।ਵਿਦਿਆਰਥੀਆਂ ਨੇ ਇੱਕ ਕਸਟਮਾਈਜ਼ਡ ਸਾਫਟਵੇਅਰ ਪਲੇਟਫਾਰਮ ਤਿਆਰ ਕੀਤਾ ਜੋ ਕਿ ਪੀਐਮ 2.5. ਪੀਐਮ 10. ਓਜ਼ੋਨ , ਅਤੇ ਹੋਰ ਮਹੱਤਵਪੂਰਨ ਵਾਤਾਵਰਣਿਕ ਪੈਰਾਮੀਟਰਾਂ ਦੀ ਜਾਣਕਾਰੀ ਦਿੰਦਾ ਹੈ । ਇਹ ਡਾਟਾ ਆਮ ਲੋਕਾਂ ਨੂੰ ਵਾਤਾਵਰਣ ਦੀ ਮੌਜੂਦਾ ਸਥਿਤੀ ਬਾਰੇ ਸੂਚਿਤ ਕਰਦਾ ਹੈ ਅਤੇ ਲੋੜ ਪੈਣ ਤੇ ਉਨ੍ਹਾਂ ਨੂੰ ਸਾਵਧਾਨ ਰਹਿਣ ਦੀ ਸਲਾਹ ਦਿੰਦਾ ਹੈ।ਰੀਅਲ ਟਾਈਮ ਏਅਰ ਅਤੇ ਮੌਸਮ ਜਾਣਕਾਰੀ ਤੋਂ ਇਲਾਵਾ, ਇਹ ਏ.ਕਿਉ.ਆਈ ਡਿਸਪਲੇ ਸਿਸਟਮ ਸਕਰੀਨ ਦੇ ਹੇਠਾਂ ਨਿਊਜ਼ ਟਿਕਰ ਰਾਹੀਂ ਕਾਲਜ ਦੀਆਂ ਤਾਜ਼ਾ ਉਪਲਬਧੀਆਂ, ਘੋਸ਼ਣਾਵਾਂ ਅਤੇ ਹੋਰ ਮਹੱਤਵਪੂਰਨ ਅੱਪਡੇਟਸ ਵੀ ਦਿਖਾਉਂਦਾ ਹੈ। ਇਹ ਪ੍ਰੋਜੈਕਟ ਇੱਕ ਪਾਸੇ ਵਾਤਾਵਰਣ ਪ੍ਰਤੀ ਜਾਗਰੂਕਤਾ ਵਧਾਉਂਦਾ ਹੈ ਤੇ ਦੂਜੇ ਪਾਸੇ ਕਾਲਜ ਲਈ ਇੱਕ ਡਿਜੀਟਲ ਜਾਣਕਾਰੀ ਬੋਰਡ ਵਜੋਂ ਵੀ ਕੰਮ ਕਰਦਾ ਹੈ। ਇਸ ਪ੍ਰੋਜੈਕਟ ਲਈ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਨਿੱਜੀ ਦਿਲਚਸਪੀ ਲਈ । ਇਸ ਪ੍ਰੋਜੈਕਟ ਦਾ ਉਦਘਾਟਨ ਪ੍ਰਿੰਸੀਪਲ ਡਾ. ਜਗਰੂਪ ਸਿੰਘ ਵੱਲੋਂ ਕੀਤਾ ਗਿਆ। ਉਨ੍ਹਾਂ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਨੂੰ ਇਸ ਸ਼ਾਨਦਾਰ ਉਪਰਾਲੇ ਲਈ ਵਧਾਈ ਦਿੱਤੀ।



# ਸਮੇਲਪੁਰ ਦੇ ਸਰਪੰਚ ਨੂੰ 8 ਮਹੀਨੇ ਬੀਤਣ ਦੇ ਬਾਵਜੂਦ ਨਹੀਂ ਦਿੱਤਾ ਜਾ ਰਿਹਾ ਰਿਕਾਰਡ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਲੋਕਤੰਤਰ ਇਕ ਕੁਦਰਤੀ ਪ੍ਰੀਕ੍ਰਿਆ ਹੈ, ਪਾਰਦਰਸਤਾ ਅਤੇ ਅਨੁਸ਼ਾਸਨ ਤੋਂ ਬਿਨਾਂ ਇਹ ਕਾਇਮ ਨਹੀਂ ਰਹਿ ਸਕਦਾ। ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਦੱਸਿਆ ਕਿ ਹੁਸ਼ਿਆਰਪੁਰ ਬਲਾਕ 2 ਦੇ ਪਿੰਡ ਸਮੇਲਪੁਰ ਦੇ ਸਰਪੰਚ ਮੇਜਰ ਸਿੰਘ ਨੂੰ 8 ਮਹੀਨੇ ਬੀਤਣ ਅਤੇ ਵਾਰ ਵਾਰ ਜੁੰਮੇਵਾਰ ਅਧਿਕਾਰੀਆਂ ਦੇ ਮਾਮਲਾ ਧਿਆਨ ਹੇਠ ਲਿਆਉਣ 'ਤੇ ਵੀ ਪੰਚਾਇਤ ਦਾ ਪੂਰਾ ਰਿਕਾਰਡ ਹੀ ਨਹੀਂ ਦਿਤਾ ਜਾ ਰਿਹਾ ਤੇ ਸਰਪੰਚ ਪਿੰਡ ਵਿਚ ਕੰਮ ਕਰਵਾਉਣ ਤੋਂ ਅਸਮਰੱਥ ਹੈ। ਇਸ ਸਬੰਧ ਵਿਚ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਸਰਪੰਚ ਨੂੰ ਮਿਲ ਕੇ ਉਨ੍ਹਾਂ ਦੇ ਦੁਖੜੇ ਸੁਣ ਤੇ ਪੰਜਾਬ ਸਰਕਾਰ ਵਲੋਂ ਫੈਲਾਈਆਂ ਜਾ ਰਹੀਆਂ ਗੈਰਤੰਤਰ ਰਵਾਇਤਾਂ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਇਹ ਅਪਣੇ ਆਪ ਵਿਚ ਮਨੁੱਖੀ ਅਧਿਕਾਰਾਂ ਅਤੇ ਲੋਕਤੰਤਰ ਦੀ ਹੱਤਿਆ ਹੈ। ਇੱਕ ਪਾਸੇ ਪੰਜਾਬ ਸਰਕਾਰ ਇਮਾਨਦਾਰ ਹੋਣ ਦੇ ਝੂਠੇ ਦਾਅਵੇ ਕਰ ਰਹੀ ਹੈ ਤੇ ਦੂਸਰੇ ਪਾਸੇ ਆਮ ਜਨ ਸਧਾਰਨ ਲੋਕ ਪ੍ਰਤੀਨਿਧਾਂ ਨਾਲ ਮੁੱਠੀ ਭਰ ਭ੍ਰਿਸ਼ਟ ਅਧਿਕਾਰੀਆਂ ਵਲੋਂ ਧੱਕਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਪੰਚ ਵਲੋਂ ਵਾਰ ਵਾਰ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਬਲਾਕ 2, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਤੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਦੇ ਕਈ ਵਾਰ ਮਾਮਲਾ ਧਿਆਨ ਹੇਠ ਲਿਆਂਦਾ ਗਿਆ ,ਪਰ ਉਨ੍ਹਾਂ ਦੀ ਸਿਹਤ 'ਤੇ ਕੋਈ ਪ੍ਰਭਾਵ ਨਹੀਂ ਪੈ ਰਿਹਾ। ਉਨ੍ਹਾਂ ਦੱਸਿਆ ਕਿ ਉਹ ਪਿੰਡ ਵਿਚ ਕੰਮ ਕਰਨਾ ਚਾਹੁੰਦੇ ਹਨ। ਪਰ ਪੈਸੇ ਦਾ ਹਿਸਾਬ ਕਿਤਾਬ ਲਗਾਉਣ ਲਈ ਕੁਝ ਮਹੱਤਵਪੂਰਨ ਪਿਛਲੇ ਸਮੇਂ ਦੀ ਪੰਚਾਇਤ ਅਤੇ ਪੰਚਾਇਤ ਭੰਗ ਹੋਣ ਤੋਂ ਬਾਅਦ ਦੇ ਸਮੇਂ ਵਿਚ ਲਗਾਏ ਗਏ ਪ੍ਰਬੰਧਕ ਦੇ ਸਮੇਂ ਦੀ ਕਾਰਵਾਈ ਰਜਿਸਟਰ ਅਤੇ ਕੈਸ਼ ਬੁੱਕ ਮੌਜੂਦਾ ਸਰਪੰਚ ਨੂੰ ਜਾਣਬੁੱਝ ਕੇ ਨਹੀਂ ਦਿੱਤੀ ਜਾ ਰਹੀ। ਜਿਸ ਕਾਰਨ ਪਿੰਡ ਵਿਚ ਸਾਰੇ ਵਿਕਾਸ ਦੇ ਕੰਮ ਠੱਪ ਪਏ ਹਨ। ਇਥੋਂ ਤੱਕ ਕਿ ਉਨ੍ਹਾਂ ਦੱਸਿਆ ਕਿ ਪਿੰਡ ਵਿਚ ਬਹੁਤ ਸਾਰੀਆਂ ਗਲੀਆਂ ਅਤੇ ਹੋਰ ਵਿਕਾਸ ਦੇ ਕੰਮਾਂ ਦੀ ਹਾਲਤ ਬਹੁਤ ਖਸਤਾ ਹੈ। ਜਿਨ੍ਹਾਂ ਦੀ ਉਸਾਰੀ ਕਰਨ ਲਈ ਐਸਟੀਮੇਟ ਲਗਾਉਣ ਲਈ ਅਤੇ ਮਨਜ਼ੂਰੀ ਲੈਣ ਲਈ ਮਤੇ ਪਾਸ ਕਰਕੇ ਉਹ ਬੀ ਡੀ ਪੀ ਓ ਕੋਲ ਵਾਰ ਵਾਰ ਚਕੱਰ ਲਗਾ ਰਹੇ ਹਨ। ਪਰ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਇਹ ਅਧਿਕਾਰੀਆਂ ਵਲੋਂ ਭ੍ਰਿਸ਼ਟਾਚਾਰ ਨੂੰ ਛੁਪਾਉਣ ਲਈ ਅਤੇ ਹੋਰ ਭ੍ਰਿਸ਼ਟਾਚਾਰ ਦੀਆਂ ਯੋਜਨਾਵਾਂ ਨੂੰ ਸਿਰੇ ਚਾੜ੍ਹਨ ਲਈ ਕੀਤਾ ਜਾ ਰਿਹਾ ਹੈ। ਧੀਮਾਨ ਨੇ ਕਿਹਾ ਕਿ ਇਹ ਬਹੁਤ ਹੀ ਦੁਖਦਾਈ ਗੱਲ ਹੈ ਕਿ ਬਹੁਤੇ ਸਰਪੰਚਾਂ ਦੇ ਕੰਮਾਂ ਦੇ ਪੈਸਿਆਂ ਦੀਆਂ ਅਦਾਇਗੀਆਂ ਕਰਨ ਵਾਲੀਆਂ ਡੋਂਗਲਾਂ ਜਾਣਬੁੱਝ ਕੇ ਪੰਚਾਇਤ ਸਕੱਤਰਾਂ ਵੱਲੋਂ ਆਪਣੇ ਕੋਲ ਹੀ ਰੱਖ ਲਈਆਂ ਜਾਂਦੀਆਂ ਹਨ। ਇਹ ਵੀ ਕਿ ਦਫਤਰ ਵਾਲੇ ਇਨ੍ਹਾਂ ਡੋਂਗਲਾਂ ਦੀ ਵਰਤੋਂ ਬਿਨਾਂ ਸਰਪੰਚਾਂ ਨੂੰ ਦੱਸਿਆਂ ਕਰ ਲੈਂਦੇ ਹਨ ਤੇ ਇਸ ਦਾ ਖਮਿਆਜ਼ਾ ਬਾਅਦ ਵਿਚ ਸਰਪੰਚਾਂ ਨੂੰ ਭੁਗਤਣਾ ਪੈਂਦਾ ਹੈ ਤੇ ਪੰਚਾਇਤ ਸਕੱਤਰ ਆਪਣੀ ਸ਼ੈਤਾਨੀ ਨਾਲ ਬਚ ਨਿਕਲਦੇ ਹਨ। ਧੀਮਾਨ ਨੇ ਸਰਕਾਰ ਤੋਂ ਮੰਗ ਕੀਤੀ ਕਿ ਜਿਹੜੇ ਸਰਪੰਚਾਂ ਨੂੰ ਪੂਰਾ ਰਿਕਾਰਡ ਸਮੇਤ ਚਾਰਜ ਨਹੀਂ ਮਿਲਿਆ, ਉਹ ਤੁਰੰਤ ਦਵਾਇਆ ਜਾਵੇ।



# ਸਟਾਰਟਅਪ ਪ੍ਰੋਤਸਾਹਨ ਯੋਜਨਾ ਦੀ ਸਮਾਂ ਸੀਮਾ ਵਧਾ ਕੇ 30 ਸਤੰਬਰ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਸੂਚਨਾ ਤਕਨੀਕ ਦੇ ਅੱਜ ਦੇ ਯੁਗ ਵਿੱਚ ਨੌਜੁਆਨਾਂ ਨੂੰ ਉਦਯੋਗਿਕ ਖੇਤਰ ਵਿੱਚ ਸਵੈ-ਰੁਜ਼ਗਾਰ ਨੂੰ ਵਧਾਉਣ ਲਈ ਸੂਬਾ ਸਰਕਾਰ ਨੇ ਸਟਾਰਟਅਪ ਪਾਲਿਸੀ ਲਾਗੂ ਕੀਤੀ ਹੈ, ਜਿਸ ਦੇ ਤਹਿਤ ਸਟਾਰਟਅਪ ਨੂੰ ਕਈ ਪ੍ਰਕਾਰ ਦੇ ਪ੍ਰੋਤਸਾਹਨ ਪ੍ਰਦਾਨ ਕੀਤੇ ਜਾਂਦੇ ਹਨ।ਉਦਯੋਗ ਮੰਤਰੀ ਨੇ ਕਿਹਾ ਕਿ ਉਦਯੋਗ ਵਿਭਾਗ ਨੇ ਫੈਸਲਾ ਲਿਆ ਹੈ ਕਿ ਹਰਿਆਣਾ ਦੇ ਜੋ ਸਟਾਰਟਅਪ ਵੱਖ ਵੱਖ ਯੋਜਨਾਵਾਂ ਜਿਵੇਂ ਕਿ ਲੀਜ ਰੇਂਟਲ ਸਬਸਿਡੀ ਸਕੀਮ, ਪੇਟੈਂਟ ਲਾਗਤ ਪ੍ਰਤੀਪੂਰਤੀ ਸਕੀਮ, ਸ਼ੁੱਧ ਰਾਜ ਜੀ ਐਸ ਟੀ ਪ੍ਰਤੀਪੂਰਤੀ ਸਕੀਮ ਅਤੇ ਕਾਉਡ ਸਟੋਰੇਜ ਸਕੀਮ ਲਈ ਪ੍ਰਤੀਪੂਰਤੀ ਆਪਣੇ ਰਜਿਸਟ੍ਰੇਸ਼ਨ ਜਮ੍ਹਾ ਨਹੀਂ ਕਰਾ ਸਕੇ, ਉਨ੍ਹਾਂ ਲਈ ਇੱਕਮੁਸ਼ਤ ਛੂਟ ਦਿੰਦੇ ਹੋਏ ਸਮਾਂ ਸੀਮਾ ਵਧਾ ਕੇ 30 ਸਤੰਬਰ 2025 ਤੱਕ ਕਰ ਦਿੱਤੀ ਗਈ ਹੈ।ਉਨ੍ਹਾਂ ਨੇ ਸਟਾਰਟਅਪਸ ਨੂੰ ਅਪੀਲ ਕੀਤੀ ਹੈ ਕਿ ਯੋਜਨਾ ਦਾ ਲਾਭ ਚੁੱਕਣ ਲਈ ਉਦਯੋਗ ਵਿਭਾਗ ਨਾਲ ਸੰਪਰਕ ਕਰਨ ਅਤੇ ਤੈਅ ਸੀਮਾ ਵਿੱਚ ਆਪਣੇ ਰਜਿਸਟ੍ਰੇਸ਼ਨ ਭੇਜਣਾ ਯਕੀਨੀ ਕਰਨ।

## ਧਰਤੀ ਹੇਠਲਾ ਪਾਣੀ ਬਚਾਉਣ ਲਈ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਤੇ ਮੱਕੀ ਦੀ ਕਾਸ਼ਤ ਕਰਨ : ਡਾ. ਕੁਲਵੰਤ ਸਿੰਘ



**ਕੋਟਕਪੂਰਾ (ਰਛਪਾਲ ਭੁੱਲਰ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਧਰਤੀ ਹੇਠਲੇ ਪਾਣੀ ਦੇ ਲਗਾਤਾਰ ਡਿੱਗਦੇ ਪੱਧਰ ਨੂੰ ਠੱਲ੍ਹ ਪਾਉਣ ਲਈ ਤੇ ਫਸਲੀ ਵਿਭਿੰਨਤਾ ਲਿਆਉਣ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਫਰੀਦਕੋਟ ਡਾ. ਕੁਲਵੰਤ ਸਿੰਘ ਨੇ ਦੱਸਿਆ ਕਿ ਸਾਡੇ ਕੁਦਰਤੀ ਸਰੋਤ ਪਾਣੀ ਨੂੰ ਬਚਾਉਣ ਲਈ ਕਿਸਾਨਾਂ ਨੂੰ ਬਿਨਾਂ ਕੱਦੂ ਕੀਤੇ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਜਿਸ ਨਾਲ ਕਿਸਾਨਾਂ ਦੇ ਲਾਗਤ ਖਰਚੇ ਘੱਟਦੇ ਹਨ ਤੇ 15-20 ਪ੍ਰਤੀਸ਼ਤ ਪਾਣੀ ਦੀ ਬੱਚਤ ਹੁੰਦੀ ਹੈ ਅਤੇ ਸਰਕਾਰ ਵੱਲੋਂ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ।ਇਸੇ ਤਰ੍ਹਾਂ ਫਸਲੀ ਵਿਭਿੰਨਤਾ ਅਧੀਨ ਸਾਉਣੀ ਦੀ ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਬੀਜ ਤੇ ਹੋਰ ਖੇਤੀ ਇੰਨਪੁਟਸ ਖਰਚਿਆਂ 'ਤੇ 4000 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਸਾਨ ਭਰਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਕੁਝ ਰਕਬਾ ਸਾਉਣੀ ਦੀ ਮੱਕੀ ਹੇਠ ਲੈ ਕੇ ਆਉਣ ਅਤੇ ਕੁਝ ਰਕਬਾ ਝੋਨੇ ਤੇ ਬਾਸਮਤੀ ਨੂੰ ਸਿੱਧੀ ਬਿਜਾਈ ਹੇਠ ਲਿਆ ਕਿ ਸਾਡੇ ਕੁਦਰਤੀ ਅਨਮੋਲ ਸੋਮੇ ਪਾਣੀ ਨੂੰ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣ।

## ਲੋਕਾਂ ਨੂੰ ਸਰੀਰਕ ਤੇ ਮਾਨਸਿਕ ਤੰਦਰੁਸਤੀ ਹਾਸਲ ਕਰਨ ਦੇ ਸਮਰੱਥ ਬਣਾ ਰਹੀ ਹੈ ਸੀ ਐੱਮ ਦੀ ਯੋਗਸ਼ਾਲਾ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੀ ਐੱਮ ਦੀ ਯੋਗਸ਼ਾਲਾ ਤਹਿਤ ਲੋਕਾਂ ਦੀ ਸੁਵਿਧਾ ਮੁਤਾਬਕ ਯੋਗਾ ਕੈਂਪ, ਰਿਹਾਇਸ਼ੀ ਖੇਤਰਾਂ ਨਜ਼ਦੀਕ ਸਥਿਤ ਸਾਂਝੀਆਂ ਥਾਵਾਂ ਉੱਤੇ ਲਗਾਏ ਜਾ ਰਹੇ ਹਨ ਤੇ ਵੱਡੀ ਗਿਣਤੀ ਵਿੱਚ ਵੱਖ-ਵੱਖ ਉਮਰ ਵਰਗ ਦੇ ਲੋਕ ਇਨ੍ਹਾਂ ਕੈਂਪਾਂ ਵਿੱਚ ਸ਼ਾਮਲ ਹੋ ਕੇ ਸਰੀਰਕ ਤੇ ਮਾਨਸਿਕ ਤੰਦਰੁਸਤੀ ਹਾਸਲ ਕਰ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕੋਆਰਡੀਨੇਟਰ ਰਮਨਜੀਤ ਕੌਰ ਨੇ ਦੱਸਿਆ ਕਿ ਨੇੜਲੇ ਦੇਵੀ ਮੰਦਰ ਸਰਹਿੰਦ ਵਿੱਚ ਸ਼ਾਮ 5 ਵਜੇ ਤੋਂ 6 ਵਜੇ ਤੱਕ ਟ੍ਰੇਨਰ ਨੇਹਾ ਦੀ ਅਗਵਾਈ ਹੇਠ ਯੋਗਾ ਕਲਾਸ ਚਲਦੀ ਹੈ, ਜਿਸ ਵਿੱਚ ਸ਼ਾਮਲ ਔਰਤਾਂ ਵੱਡੀ ਰਾਹਤ ਮਹਿਸੂਸ ਕਰ ਰਹੀਆਂ ਹਨ।ਰਮਨਜੀਤ ਕੌਰ ਨੇ ਦੱਸਿਆ ਕਿ ਪੂਜਾ ਤੇ ਰੁਪਿੰਦਰ ਕੌਰ ਮੁਤਾਬਿਕ ਉਹ ਪਿਛਲੇ ਡੇਢ ਸਾਲ ਤੋਂ ਇਹ ਯੋਗਾ ਕਲਾਸ ਵਿੱਚ ਆ ਰਹੇ ਹਨ।ਉਨ੍ਹਾਂ ਨੂੰ ਪਿੱਠ ਵਿੱਚ ਦਰਦ, ਮਾਈਗਰੇਨ ਤੇ ਸਰਵਾਈਕਲ ਤੋਂ ਪ੍ਰੇਸ਼ਾਨੀ ਸੀ, ਉਹ ਹਰ ਰੋਜ਼ ਦਵਾਈਆਂ ਲੈਂਦੇ ਪਏ ਸੀ, ਪਰ ਬਹੁਤਾ ਫਰਕ ਨਹੀਂ ਪਿਆ ਸੀ।ਜਿਸ ਸਮੇਂ ਤੋਂ ਉਨ੍ਹਾਂ ਨੇ ਯੋਗਾ ਕਲਾਸ ਵਿੱਚ ਆਉਣਾ ਸ਼ੁਰੂ ਕੀਤਾ ਹੈ, ਉਨ੍ਹਾਂ ਦੀਆਂ ਸਾਰੀਆਂ ਬਿਮਾਰੀਆਂ ਦੂਰ ਹੋ ਗਈਆਂ ਹਨ। ਰਮਨਜੀਤ ਕੌਰ ਨੇ ਦੱਸਿਆ ਕਿ ਯੋਗਾ ਟ੍ਰੇਨਰ ਸੁਖਸ਼ਮ ਵਿਆਮ, ਸਥੂਲ ਵਿਆਮ, ਆਸਣ, ਧਿਆਨ, ਪ੍ਰਾਣਾਯਾਮ ਆਦਿ ਦੀ ਸਿਖਲਾਈ ਦੇ ਰਹੇ ਹਨ, ਜਿਸ ਨਾਲ ਸਰਵਾਈਕਲ, ਪਿੱਠ ਦਰਦ, ਚਿੰਤਾ, ਜੋੜਾਂ ਦੇ ਦਰਦ, ਮੋਟਾਪਾ, ਹਾਈ-ਲੋਅ ਬਲੱਡ ਪ੍ਰੈਸ਼ਰ ਆਦਿ ਤੋਂ ਲੋਕਾਂ ਨੂੰ ਰਾਹਤ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਮੁਫਤ ਕਲਾਸ ਤਹਿਤ ਯੋਗ ਦਾ ਭਰਪੂਰ ਲਾਭ ਲੈਣ ਲਈ ਟੋਲ ਫਰੀ ਨੰਬਰ 76694-00500 ਜਾਂ https://cmdiyogshala .punjab.gov.in ਉੱਤੇ ਲਾਗ ਇਨ ਕੀਤਾ ਜਾ ਸਕਦਾ ਹੈ।

## ਸਤਿਕਾਰ ਕਮੇਟੀ ਭਗਤਾ ਨੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਬਠਿੰਡਾ (ਰਾਜੀਵ ਗੋਇਲ)**-ਭਾਈ ਭਗਤਾ ਜੀ ਸਤਿਕਾਰ ਕਮੇਟੀ ਭਗਤਾ ਭਾਈ ਕਾ ਵੱਲੋਂ ਸੁਖਾਨੰਦ ਵਾਲੇ ਮੋੜ 'ਤੇ ਜੂਨ 1984 ਦੇ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਛਬੀਲ ਵਿੱਚ ਸਮੂਹ ਸਾਧ ਸੰਗਤ ਭਗਤਾ ਭਾਈ ਤੇ ਭਾਈ ਭਗਤਾ ਜੀ ਸਤਿਕਾਰ ਕਮੇਟੀ ਸੇਵਾਦਾਰਾ ਵੱਲੋਂ ਵਧ ਚੜ੍ਹ ਕੇ ਸੇਵਾ ਕੀਤੀ ਗਈ। ਇਸ ਛਬੀਲ ਵਿੱਚ ਮੁਸਲਮਾਨ ਭਾਈਚਾਰੇ ਨੇ ਸਤਿਕਾਰ ਕਮੇਟੀ ਦਾ ਬਹੁਤ ਸਾਥ ਦਿੱਤਾ ਤੇ ਵੱਧ ਚੜ੍ਹ ਸੇਵਾ ਕੀਤੀ ਗਈ। ਪਿੰਡ ਦੀ ਸੰਗਤ ਵੱਲੋਂ ਵੀ ਬਹੁਤ ਸੇਵਾ ਕੀਤੀ ਗਈ। ਭਾਈ ਭਗਤਾ ਜੀ ਸਤਿਕਾਰ ਕਮੇਟੀ ਪ੍ਰਧਾਨ ਸੇਵਕ ਸਿੰਘ ਸਿੱਧੂ, ਮੀਤ ਪ੍ਰਧਾਨ ਵਿੱਕੀ ਸਿੰਘ ਵੜਿੰਗ, ਖਜ਼ਾਨਚੀ ਕੁਲਦੀਪ ਸਿੰਘ, ਸਲਾਹਕਾਰ ਬਾਬਾ ਸੁਖਜੰਟ ਸਿੰਘ, ਸਲਾਹਕਾਰ ਨਿਰਮਲ ਸਿੰਘ ਖਾਲਸਾ, ਸੈਕਟਰੀ ਜਸਪ੍ਰੀਤ ਸਿੰਘ ਮੁੱਖ ਸੇਵਾਦਾਰ ਦਰਸ਼ਨ ਸਿੰਘ, ਮੈਂਬਰ ਅੰਗਰੇਜ਼ ਸਿੰਘ, ਸੇਵਾਦਾਰ ਗੁਰਵਿੰਦਰ ਸਿੰਘ, ਅਮਨਦੀਪ ਸਿੰਘ ਮੈਂਬਰ, ਅਰਸ਼ਦੀਪ ਸਿੰਘ, ਸੇਵਾਦਾਰ ਜਗਜੀਤ ਸਿੰਘ, ਸੇਵਾਦਾਰ ਬੂਟਾ ਸਿੰਘ, ਸੇਵਾਦਾਰ ਗੁਰਮੀਤ ਸਿੰਘ, ਢਾਡੀ ਬਲਵਿੰਦਰ ਸਿੰਘ, ਸੇਵਾਦਾਰ ਜੀਤਾ ਸਿੰਘ, ਨਾਇਬ ਸਿੰਘ ਕੋਠੇ ਭਾਈਆਣਾ, ਬੂਟਾ ਸਿੰਘ ਮੈਂਬਰ ਕੋਠੇ ਭਾਈਆਣਾ, ਬੂਟਾ ਸਿੰਘ ਖਾਲਸਾ, ਜੈਲਾ ਸਿੰਘ, ਗੋਲਾ ਸਿੰਘ ਵੜਿੰਗ, ਚੂਹੜ ਸਿੰਘ, ਹਰਪ੍ਰੀਤ ਸਿੰਘ ਖਾਲਸਾ, ਜਗਬਿੰਦਰ ਸਿੰਘ, ਚਮਨਦੀਪ ਸਿੰਘ, ਉਰਮਾਨ ਸਿੰਘ, ਗੁਰਨੂਰ ਸਿੰਘ, ਹਰਮਨ ਨਿਰਮਲ, ਸੁਖਮਨ ਸਿੰਘ, ਖੁਸ਼ਦੀਪ ਸਿੰਘ, ਹਰਮੀਤ ਸਿੰਘ, ਅਰਪਣ ਸਿੰਘ, ਜਸਨੂਰ ਸਿੰਘ, ਦਲਜੀਤ ਸਿੰਘ, ਲਵਪ੍ਰੀਤ ਸਿੰਘ, ਭੂਤਾਂ ਵਾਲਾ ਖੂਹ ਕਮੇਟੀ ਵੱਲੋਂ ਵੀ ਸਤਿਕਾਰ ਕਮੇਟੀ ਦਾ ਬਹੁਤ ਸਾਥ ਦਿੱਤਾ ਗਿਆ।

## ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸੱਜਣ ਸਿੰਘ ਦੀ ਨਿੱਘੀ ਯਾਦ 'ਚ ਸਮਾਗਮ 15 ਨੂੰ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੇ ਸੂਬਾਈ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ, ਜ਼ਿਲ੍ਹਾ ਇਕਾਈ ਫਰੀਦਕੋਟ ਦੇ ਪ੍ਰਧਾਨ ਨਛੱਤਰ ਸਿੰਘ ਭਾਣਾ ਤੇ ਜਨਰਲ ਸਕੱਤਰ ਹਰਵਿੰਦਰ ਸ਼ਰਮਾ, ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਕੁਲਵੰਤ ਸਿੰਘ ਚਾਨੀ, ਜਨਰਲ ਸਕੱਤਰ ਇਕਬਾਲ ਸਿੰਘ ਮੰਘੇੜਾ, ਵਿੱਤ ਸਕੱਤਰ ਸੋਮ ਨਾਥ ਅਰੋੜਾ ਤੇ ਸਹਾਇਕ ਵਿੱਤ ਸਕੱਤਰ ਤਰਸੇਮ ਨਰੂਲਾ, ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਇਕਬਾਲ ਸਿੰਘ ਢੁੱਡੀ, ਜਨਰਲ ਸਕੱਤਰ ਬਲਕਾਰ ਸਿੰਘ ਸਹੋਤਾ, ਰਮੇਸ਼ ਢੈਪਈ, ਇਕਬਾਲ ਸਿੰਘ ਰਣ ਸਿੰਘ ਵਾਲਾ, ਆਲ ਇੰਡੀਆ ਆਸ਼ਾ ਵਰਕਰਜ਼ ਯੂਨੀਅਨ ਪੰਜਾਬ ਸਬੰਧਤ ਏਟਕ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਤੇ ਜ਼ਿਲ੍ਹਾ ਚੇਅਰਮੈਨ ਸਿੰਬਲਜੀਤ ਕੌਰ, ਪਾਵਰਕਾਮ ਪੈਨਸ਼ਨਰ ਯੂਨੀਅਨ ਸਬੰਧਤ ਏਟਕ ਦੇ ਸੂਬਾਈ ਆਗੂ ਚੰਦ ਸਿੰਘ ਡੋਡ ਤੇ ਹਰਪਾਲ ਸਿੰਘ ਮਚਾਕੀ, ਪੀ ਆਰ ਟੀ ਸੀ ਵਰਕਰਜ਼ ਯੂਨੀਅਨ ਸਬੰਧਤ ਏਟਕ ਦੇ ਆਗੂ ਚਮਕੌਰ ਸਿੰਘ, ਸੁਖਚਰਨ ਸਿੰਘ, ਹਰਮੀਤ ਸਿੰਘ, ਗੁਰਦੀਪ ਭੋਲਾ ਤੇ ਵਿਨੋਦ ਕੁਮਾਰ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਸ਼ਿੰਦਰ ਪਾਲ ਸਿੰਘ ਢਿੱਲੋਂ ਤੇ ਸੀਨੀਅਰ ਮੀਤ ਪ੍ਰਧਾਨ ਕੁਲਦੀਪ ਸਿੰਘ ਸਹਿਦੇਵ ਨੇ ਦੱਸਿਆ ਕਿ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਵ. ਸਾਥੀ ਸੱਜਣ ਸਿੰਘ ਜੀ ਦੇ ਜਨਮ ਦਿਨ ਮੌਕੇ ਉਨ੍ਹਾਂ ਦੀ ਨਿੱਘੀ ਯਾਦ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਵੱਲੋਂ 15 ਜੂਨ ਨੂੰ ਸਵੇਰੇ 9 ਵਜੇ ਸ਼ਹੀਦ ਭਗਤ ਸਿੰਘ ਪਾਰਕ ਨੇੜੇ ਪੁਰਾਣਾ ਕਿਲ੍ਹਾ ਕੋਟਕਪੂਰਾ ਵਿਖੇ ਜਨਮ ਦਿਨ ਸਮਾਗਮ ਕੀਤਾ ਜਾ ਰਿਹਾ ਹੈ।ਆਗੂਆਂ ਨੇ ਅੱਗੇ ਦੱਸਿਆ ਕਿ ਇਸ ਸਮਾਗਮ ਦੀ ਸਫਲਤਾ ਲਈ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਸਮਾਗਮ ਦੌਰਾਨ ਸਾਥੀ ਸੱਜਣ ਸਿੰਘ ਵੱਲੋਂ ਆਪਣੇ ਜੀਵਨ ਕਾਲ ਦੌਰਾਨ ਚਾਰ ਵਾਰ ਮਰਨ ਵਰਤ ਰੱਖ ਕੇ ਤੇ ਲਗਾਤਾਰ ਘੋਲਾਂ ਰਾਹੀਂ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਲਈ ਕੀਤੀਆਂ ਗਈਆਂ ਬਹੁਤ ਸਾਰੀਆਂ ਪ੍ਰਾਪਤੀਆਂ ਬਾਰੇ ਚਰਚਾ ਕੀਤੀ ਜਾਵੇਗੀ ਤੇ ਮੌਜੂਦਾ ਸਮੇਂ ਦੌਰਾਨ ਇਨ੍ਹਾਂ ਪ੍ਰਾਪਤੀਆਂ ਲਈ ਪੈਦਾ ਹੋ ਰਹੇ ਖਤਰਿਆਂ ਬਾਰੇ ਰੌਸ਼ਨੀ ਪਾਈ ਜਾਵੇਗੀ।

## ਪੰਜਾਬ ਪਬਲਿਕ ਸਕੂਲ ਦੇ ਐੱਨ ਸੀ ਸੀ ਕੈਡਿਟਾਂ ਨੇ ਪੌਦੇ ਲਗਾਏ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਦੇ ਐੱਨਸੀਸੀ ਏਅਰ ਵਿੰਗ ਕੈਡਿਟਾਂ ਵੱਲੋਂ 3 ਪੰਜਾਬ ਏਅਰ ਸਕੁਐਡਰਨ ਐੱਨਸੀਸੀ ਪਟਿਆਲਾ ਤੇ ਗਰੁੱਪ ਹੈੱਡਕੁਆਰਟਰ ਪਟਿਆਲਾ ਦੀ ਅਗਵਾਈ ਹੇਠ ਸਕੂਲ ਦੇ ਵਿਹੜੇ ਵਿੱਚ ਵਾਤਾਵਰਨ ਦੀ ਸ਼ੁੱਧਤਾ ਲਈ ਪੌਦੇ ਲਗਾਏ ਗਏ।ਜ਼ਿਕਰਯੋਗ ਹੈ ਕਿ ਜੂਨ ਦਾ ਮਹੀਨਾ ਅੰਤਰਰਾਸ਼ਟਰੀ ਵਾਤਾਵਰਨ ਦਿਵਸ ਵਜੋਂ ਮਨਾਇਆ ਜਾਂਦਾ ਹੈ।ਇਸ ਲੜੀ ਵਿੱਚ ਐੱਨਸੀਸੀ ਕੈਡਿਟਾਂ 8 ਜੂਨ ਤੋਂ 14 ਜੂਨ ਤੱਕ ਪੂਰੇ ਭਾਰਤ ਵਿੱਚ ਰੁੱਖ ਲਗਾ ਰਹੀਆਂ ਹਨ।ਪੰਜਾਬ ਪਬਲਿਕ ਨਾਭਾ ਦੇ ਐੱਨਸੀਸੀ ਏਅਰ ਵਿੰਗ ਕੈਡਿਟਾਂ ਨੇ ਇਸ ਮੁਹਿੰਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਸਕੂਲ ਦੇ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਐੱਨਸੀਸੀ ਏਅਰ ਵਿੰਗ ਕੈਡਿਟਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਵਾਤਾਵਰਣ ਨੂੰ ਸਾਫ਼ ਤੇ ਸੁਰੱਖਿਅਤ ਰੱਖਣ ਵਿੱਚ ਰੁੱਖ ਲਗਾਉਣ ਦੀ ਮਹੱਤਤਾ ਦੱਸੀ। ਉਨ੍ਹਾਂ ਕਿਹਾ ਕਿ ਸਿਰਫ਼ ਰੁੱਖ ਲਗਾਉਣ ਨਾਲ ਕੁਝ ਨਹੀਂ ਹੁੰਦਾ, ਇਸ ਦੀ ਪੂਰੀ ਦੇਖਭਾਲ ਕਰਨੀ ਜ਼ਰੂਰੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰ ਦੇ ਆਲੇ ਦੁਆਲੇ ਵੀ ਰੁੱਖ ਲਗਾਉਣ ਅਤੇ ਹਰ ਵਿਦਿਆਰਥੀ ਆਪਣੇ ਜਨਮ ਦਿਨ ਮੌਕੇ ਘੱਟੋ ਘੱਟ 10 ਰੁੱਖ ਜ਼ਰੂਰ ਲਗਾਵੇ ਤਾਂ ਕਿ ਅਸੀਂ ਵਾਤਾਵਰਨ ਨੂੰ ਸ਼ੁੱਧ ਰੱਖ ਸਕੀਏ।ਇਹ ਪੂਰੀ ਮੁਹਿੰਮ ਜਾਂ ਪਬਲਿਕ ਸਕੂਲ ਨਾਭਾ ਦੇ ਐੱਨਸੀਸੀ ਏਅਰ ਵਿੰਗ ਇੰਚਾਰਜ ਚੀਫ ਅਫਸਰ ਸ਼ਾਹਿਦ ਅਹਿਮਦ ਦੀ ਨਿਗਰਾਨੀ ਹੇਠ ਪੂਰੀ ਕੀਤੀ ਗਈ।

## ਸਰਬੱਤ ਦਾ ਭਲਾ ਟਰੱਸਟ ਨੇ ਲੋੜਵੰਦਾਂ ਨੂੰ ਦਵਾਈਆਂ ਲਈ ਦਿੱਤੀ ਰਾਸ਼ੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਸ੍ਰੀ ਮੁਕਤਸਰ ਸਾਹਿਬ ਵਿਖੇ 15 ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਖ਼੍ਰੀਦਣ ਲਈ ਵਿੱਤੀ ਸਹਾਇਤਾ ਰਾਸ਼ੀ ਦਿੱਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਹ ਮਰੀਜ਼ ਲੰਮੇ ਸਮੇਂ ਤੋਂ ਵੱਖ ਵੱਖ ਬੀਮਾਰੀਆਂ ਤੋਂ ਪੀੜਤ ਹਨ ਤੇ ਡਾਕਟਰ ਵੱਲੋਂ ਲਿਖੀ ਦਵਾਈ ਖ਼੍ਰੀਦਣ ਤੋਂ ਵੀ ਅਸਮਰਥ ਹਨ ਤਾਂ ਇਨ੍ਹਾਂ ਵੱਲੋਂ ਅਪਣੇ ਇਲਾਜ ਲਈ ਡਾਕਟਰ ਓਬਰਾਏ ਨੂੰ ਅਰਜ਼ੀਆਂ ਦਿੱਤੀਆਂ ਗਈਆਂ ਸਨ ਤਾਂ ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਤੁਰੰਤ ਪ੍ਰਵਾਨਗੀ ਦਿੱਤੀ ਗਈ। ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਵੱਲੋਂ ਇਨ੍ਹਾਂ ਨੂੰ ਚੈਕ ਰਾਹੀਂ ਅਦਾਇਗੀ ਕੀਤੀ ਗਈ।ਇਸ ਮੌਕੇ ਇਨ੍ਹਾਂ ਲੋੜਵੰਦ ਮਰੀਜ਼ਾਂ ਵੱਲੋਂ ਡਾਕਟਰ ਐੱਸ ਪੀ ਸਿੰਘ ਓਬਰਾਏ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਗੁਰਪਾਲ ਸਿੰਘ ਪਾਲੀ, ਮਾਸਟਰ ਰਜਿੰਦਰ ਸਿੰਘ, ਬਰਨੇਕ ਸਿੰਘ ਰਿਟਾਇਰਡ ਲੈਕਚਰਾਰ, ਗੁਰਚਰਨ ਸਿੰਘ ਆਸਟ੍ਰੇਲੀਆ ਵਾਲੇ ਮੈਨੇਜਰ ਸਾਹਿਬ ਆਦਿ ਹਾਜ਼ਰ ਸਨ।

# ਸਰਪੰਚਣੀ ਦੇ ਪਤੀ ਵੱਲੋਂ ਨਰੇਗਾ ਆਗੂ ਨਾਲ ਕੀਤੀ ਧੱਕੇਸ਼ਾਹੀ ਖਿਲਾਫ ਨਰੇਗਾ ਕਾਮਿਆਂ 'ਚ ਭਾਰੀ ਰੋਸ

■ ਨਰੇਗਾ ਕਾਮੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਸੰਘਰਸ਼ ਕਰਨ ਦੇ ਮੂਡ 'ਚ



**ਨਾਭਾ (ਵਰਿੰਦਰ ਵਰਮਾ)**-ਤੁੰਗਾਂ ਪਿੰਡ ਦੀ ਸਰਪੰਚਣੀ ਦੇ ਪਤੀ ਆਮ ਆਦਮੀ ਪਾਰਟੀ ਦੇ ਆਗੂ ਮੇਜ਼ਰ ਸਿੰਘ ਵੱਲੋਂ ਪਿੰਡ ਤੁੰਗਾਂ ਵਿਖੇ 17 ਮਈ ਨੂੰ ਨਰੇਗਾ ਕਾਮਿਆਂ ਦੀ ਇੱਕ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਨਰੇਗਾ ਕਾਮਿਆਂ ਦੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਨਾਲ ਗਾਲੀ ਗਲੋਚ ਕਰਨ ਤੇ ਜਾਨੋਂ ਮਾਰਨ ਦੀਆਂ ਦਿੱਤੀਆਂ ਧਮਕੀਆਂ ਲਈ ਨਾਭਾ ਪੁਲਸ ਵੱਲੋਂ ਕਾਰਵਾਈ ਨਾ ਕਰਨ ਕਾਰਨ ਨਾਭਾ ਤਹਿਸੀਲ ਦੇ ਨਰੇਗਾ ਕਾਮਿਆਂ ਵਿੱਚ ਭਾਰੀ ਰੋਸ ਤੇ ਗੁੱਸਾ ਹੈ। ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ. ਏਟਕ ਦੇ ਆਗੂਆਂ ਨੇ ਪਿੰਡ ਗਦਾਈਆ ਦੇ 100 ਤੋਂ ਵੱਧ ਨਰੇਗਾ ਕਾਮਿਆਂ ਦੀ ਰੋਸ ਮੀਟਿੰਗ ਕਰਨ ਤੋਂ ਬਾਅਦ ਬਲਜੀਤ ਕੌਰ ਗਦਾਈਆ, ਅਮਰਜੀਤ ਸਿੰਘ, ਕਰਮਜੀਤ ਕੌਰ ਧੀਰੋ ਨੇ ਦੱਸਿਆ ਕਿ ਨਰੇਗਾ ਕਾਮਿਆਂ ਨੇ ਫੈਸਲਾ ਕੀਤਾ ਕਿ ਜੇਕਰ ਇਨਸਾਫ਼ ਨਾ ਮਿਲਿਆ ਤਾਂ ਜਲਦੀ ਹੀ ਨਾਭਾ ਤਹਿਸੀਲ ਦੇ ਨਰੇਗਾ ਕਾਮਿਆਂ ਤੇ ਹੋਰਨਾਂ ਭਰਾਤਰੀ ਜਥੇਬੰਦੀਆਂ ਦੀ ਮੀਟਿੰਗ ਬੁਲਾ ਕੇ ਡੀ ਐੱਸ ਪੀ ਦਫ਼ਤਰ ਨਾਭਾ ਅੱਗੇ ਸੰਕੇਤਕ ਰੋਸ ਧਰਨੇ ਦਾ ਐਲਾਨ ਕੀਤਾ ਜਾਵੇਗਾ। ਇਸ ਤੋਂ ਬਾਅਦ ਨਾਭਾ ਪੁਲਸ ਪ੍ਰਸ਼ਾਸਨ ਦੇ ਪਿੰਡਾਂ 'ਚ ਪੁਤਲੇ ਵੀ ਸਾੜੇ ਜਾ ਸਕਦੇ ਹਨ। ਇਸ ਸਮੇਂ ਮੀਟਿੰਗ ਨੂੰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਸੰਬੋਧਨ ਕਰਦਿਆਂ ਕਿਹਾ ਕਿ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਸੰਭਾਲੀ ਹੈ ਉਦੋਂ ਤੋਂ ਮਜ਼ਦੂਰਾਂ 'ਤੇ ਅੱਤਿਆਚਾਰ ਵਧਿਆ ਹੈ, ਜਦੋਂ ਵੀ ਮਜ਼ਦੂਰਾਂ ਨੇ ਅਪਣੇ ਹੱਕਾਂ ਲਈ ਅਵਾਜ਼ ਬੁਲੰਦ ਕੀਤੀ ਤਾਂ ਮਜ਼ਦੂਰ ਆਗੂਆਂ ਨੂੰ ਛੋਟੇ ਬੱਚਿਆਂ ਸਮੇਤ ਜੇਲ੍ਹੀਂ ਡੱਕਿਆ ਗਿਆ, ਇਸ ਤੋਂ ਪਹਿਲਾਂ ਅਕਾਲੀਆਂ ਤੇ ਕਾਂਗਰਸੀਆਂ ਦੀਆਂ ਸਰਕਾਰਾਂ ਦੇ ਮਜ਼ਦੂਰਾਂ 'ਤੇ ਕੀਤੇ ਜ਼ੁਲਮਾਂ ਨੂੰ ਵੀ ਮਾਤ ਪਾ ਦਿੱਤੀ ਹੈ। ਕਾਮਰੇਡ ਗਦਾਈਆ ਨੇ ਕਿਹਾ ਕਿ ਇਸ ਸਰਕਾਰ ਦੇ ਤਿੰਨ ਸਾਲਾਂ ਦੌਰਾਨ ਨਾਭਾ ਹਲਕੇ ਵਿੱਚ ਦੂਜੀ ਵਾਰ ਤਾਂ ਮੇਰੇ 'ਤੇ ਹਮਲਾ ਕੀਤਾ ਜਾ ਚੁੱਕਿਆ ਹੈ, 17 ਮਈ ਦੀ ਘਟਨਾ ਨੂੰ ਲੈ ਕੇ 23 ਮਈ ਨੂੰ ਸੈਂਕੜੇ ਨਰੇਗਾ ਕਾਮਿਆਂ ਨੇ ਦੁਬਾਰਾ ਡੀ ਐੱਸ ਪੀ ਨਾਭਾ ਨੂੰ ਮੰਗ ਪੱਤਰ ਦੇ ਕੇ ਇਨਸਾਫ਼ ਦੇਣ ਦੀ ਮੰਗ ਕੀਤੀ ਗਈ ਸੀ, ਪਰ ਇਸ 'ਤੇ ਭੋਰਾ ਭਰ ਕਦਮ ਨਹੀਂ ਚੁੱਕਿਆ ਗਿਆ, ਇਸ ਲਈ ਜੇਕਰ ਇਨਸਾਫ਼ ਨਾ ਮਿਲਿਆ ਤਾਂ ਨਾਭਾ ਤਹਿਸੀਲ ਪਿੰਡਾਂ ਵਿੱਚ ਲਾਮਬੰਦੀ ਕੀਤੀ ਜਾਵੇਗੀ।ਇਸ ਤਰ੍ਹਾਂ ਦੀਆਂ ਵਧੀਕੀਆਂ ਬਰਦਾਸ਼ਤ ਤੋਂ ਬਾਹਰ ਹਨ।ਇਸ ਦੀ ਰੋਕਥਾਮ ਲਈ ਭਰਾਤਰੀ ਜਥੇਬੰਦੀਆਂ ਨਾਲ ਏਕਾ ਉਸਾਰ ਕੇ ਸੰਘਰਸ਼ ਤੇਜ਼ ਕਰ ਦਿੱਤਾ ਜਾਵੇਗਾ।

## ਅਮਨਦੀਪ ਸਿੰਘ ਦੇ ਕਤਲ ਮਾਮਲੇ 'ਚ ਪਤਨੀ ਤੇ ਪ੍ਰੇਮੀ ਗ੍ਰਿਫ਼ਤਾਰ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮਾਨਯੋਗ ਸ੍ਰੀ ਅਜੈ ਗਾਂਧੀ ਐੱਸ ਐੱਸ ਪੀ ਮੋਗਾ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਬਾਲ ਕ੍ਰਿਸ਼ਨ ਐੱਸ ਪੀ (1) ਮੋਗਾ ਤੇ ਸ੍ਰੀ ਅਨਵਰ ਅਲੀ ਉੱਪ ਕਪਤਾਨ ਪੁਲਸ ਨਿਹਾਲ ਸਿੰਘ ਵਾਲਾ ਦੀ ਸੁਚੱਜੀ ਅਗਵਾਈ ਅਧੀਨ ਥਾਣੇਦਾਰ ਪੂਰਨ ਸਿੰਘ ਮੁੱਖ ਅਫ਼ਸਰ ਥਾਣਾ ਨਿਹਾਲ ਸਿੰਘ ਵਾਲਾ ਨੇ ਪਿੰਡ ਪੱਤੋ ਹੀਰਾ ਸਿੰਘ ਵਾਲਾ, ਜੋ ਅਮਨਦੀਪ ਸਿੰਘ ਉਰਫ਼ ਅਮਨਾ ਪੁੱਤਰ ਅਜਮੇਰ ਸਿੰਘ ਵਾਸੀ ਪੱਤੋ ਹੀਰਾ ਸਿੰਘ ਵਾਲਾ ਨੂੰ ਉਸ ਦੀ ਪਤਨੀ ਜਸਵਿੰਦਰ ਕੌਰ ਉਰਫ਼ ਨਿੱਕੀ ਨੇ ਆਪਣੇ ਪ੍ਰੇਮੀ ਗੁਲਜ਼ਾਰ ਸਿੰਘ ਉਰਫ਼ ਬਿੱਟੂ ਪੁੱਤਰ ਲਛਮਣ ਸਿੰਘ ਵਾਸੀ ਪੀਰਖਾਨਾ ਨਿਹਾਲ ਸਿੰਘ ਵਾਲਾ ਨਾਲ ਰਲ ਕੇ ਮਿਤੀ 3/4-6-25 ਦੀ ਦਰਮਿਆਨੀ ਰਾਤ ਨੂੰ ਕਤਲ ਕਰ ਕੇ ਉਸ ਦੀ ਲਾਸ਼ ਘਰ ਦੇ ਕਮਰੇ ਵਿੱਚ ਸੁੱਟ ਕੇ ਮੌਕੇ ਤੋਂ ਫ਼ਰਾਰ ਹੋ ਗਏ ਸਨ, ਨੂੰ 12 ਘੰਟੇ ਵਿੱਚ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਮ੍ਰਿਤਕ ਅਮਨਦੀਪ ਸਿੰਘ ਦੇ ਭਰਾ ਹਰਦੀਪ ਸਿੰਘ ਪੁੱਤਰ ਅਜਮੇਰ ਸਿੰਘ ਪੁੱਤਰ ਮੁਨਸ਼ਾ ਸਿੰਘ ਵਾਸੀ ਭਾਰਾ ਪੱਤੀ ਪਿੰਡ ਪੱਤੋ ਹੀਰਾ ਸਿੰਘ ਦੇ ਬਿਆਨ 'ਤੇ ਮੁਕੱਦਮਾ ਨੰਬਰ 101 ਮਿਤੀ 7.6.25 ਅਪਰਾਧਿਕ 103(1), 6(2) ਬੀ ਐਨ ਐਸ ਥਾਣਾ ਨਿਹਾਲ ਸਿੰਘ ਜਸਵਿੰਦਰ ਕੌਰ ਪਤਨੀ ਅਮਨਦੀਪ ਸਿੰਘ ਵਾਸੀ ਪੱਤੋ ਹੀਰਾ ਸਿੰਘ, ਗੁਲਜ਼ਾਰ ਸਿੰਘ ਉਰਫ਼ ਬਿੱਟੂ ਪੁੱਤਰ ਲਛਮਣ ਸਿੰਘ ਵਾਸੀ ਵੱਡਾ ਰਣਸੀਂਹ ਰੋਡ ਨੇੜੇ ਪੀਰਖਾਨਾ ਨਿਹਾਲ ਸਿੰਘ ਵਾਲਾ 'ਤੇ ਦਰਜ ਕੀਤਾ ਗਿਆ। ਮੁਲਜ਼ਮਾਂ ਪਾਸੋਂ ਹੋਰ ਪੁੱਛਗਿੱਛ ਜਾਰੀ ਹੈ ਤੇ ਮੁਲਜ਼ਮਾਂ ਦਾ ਪੁਲਸ ਰਿਮਾਂਡ ਹਾਸਲ ਕਰਕੇ ਵਾਰਦਾਤ ਦੇ ਅਸਲ ਕਾਰਨਾਂ ਤੇ ਰੰਜਿਸ਼ ਬਾਰੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

## ਅੰਤਮ ਅਰਦਾਸ ਮੌਕੇ ਰਾਮ ਗੋਪਾਲ ਪਰਾਸ਼ਰ ਨੂੰ ਵੱਖ-ਵੱਖ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀਆਂ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਤੋਂ ਸੀਨੀਅਰ ਪੱਤਰਕਾਰ ਰਾਜੇਸ਼ ਸ਼ਰਮਾ ਦੇ ਪਿਤਾ ਸ੍ਰੀ ਰਾਮ ਗੋਪਾਲ ਪਰਾਸ਼ਰ, ਜੋ ਕਿ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਦੇ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਅੱਜ ਸ੍ਰੀ ਸਾਂਈ ਧਾਮ ਮੰਦਰ ਵਿਖੇ ਹੋਇਆ।ਇਸ ਦੌਰਾਨ ਸ੍ਰੀ ਗਰੁੜ ਪੁਰਾਣ ਪਾਠ ਦੇ ਭੋਗ ਉਪਰੰਤ ਵੱਖ-ਵੱਖ ਰਾਜਨੀਤਕ, ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਸਵ. ਸ੍ਰੀ ਰਾਮ ਗੋਪਾਲ ਪਰਾਸ਼ਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਵੱਲੋਂ ਸਮਾਜਿਕ ਤੇ ਧਾਰਮਿਕ ਖੇਤਰ ਵਿੱਚ ਨਿਭਾਈਆਂ ਸੇਵਾਵਾਂ ਦਾ ਵਿਸ਼ੇਸ਼ ਜ਼ਿਕਰ ਕੀਤਾ।ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਸ੍ਰੀ ਰਾਮ ਗੋਪਾਲ ਪਰਾਸ਼ਰ ਆਪਣੀਆਂ ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਣ ਦੇ ਨਾਲ-ਨਾਲ ਸਮਾਜਿਕ ਤੇ ਧਾਰਮਿਕ ਖੇਤਰ ਵਿੱਚ ਵੀ ਨਿਰੰਤਰ ਸੇਵਾਵਾਂ ਨਿਭਾਉਂਦੇ ਰਹੇ ਹਨ।ਇਸ ਮੌਕੇ ਨਗਰ ਕੌਂਸਲ ਗੋਬਿੰਦਗੜ੍ਹ ਦੇ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਨੇ ਪਰਿਵਾਰ ਵੱਲੋਂ ਸੋਗ ਸਭਾ ਵਿੱਚ ਸ਼ਾਮਲ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।ਇਸ ਸੋਗ ਸਭਾ ਵਿੱਚ ਵੱਡੀ ਗਿਣਤੀ 'ਚ ਵੱਖ-ਵੱਖ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਪ੍ਰਤੀਨਿਧੀ ਅਤੇ ਵੱਖ-ਵੱਖ ਅਖ਼ਬਾਰਾਂ ਤੇ ਟੀ ਵੀ ਚੈਨਲਾਂ ਦੇ ਪੱਤਰਕਾਰ ਸਾਥੀ ਸ਼ਾਮਲ ਸਨ।ਇਸ ਤੋਂ ਇਲਾਵਾ ਵੱਖ-ਵੱਖ ਰਾਜਸੀ, ਸਮਾਜਿਕ, ਧਾਰਮਿਕ ਤੇ ਹੋਰ ਸ਼ਖਸੀਅਤਾਂ ਨੇ ਸ਼ੋਕ ਸੰਦੇਸ਼ ਭੇਜ ਕੇ ਪੱਤਰਕਾਰ ਰਾਜੇਸ਼ ਸ਼ਰਮਾ, ਮਾਤਾ ਰਾਜ ਦੁਲਾਰੀ ਪਰਾਸ਼ਰ, ਅੰਜੂ ਸ਼ਰਮਾ, ਦਿਨੇਸ਼ ਸ਼ਰਮਾ, ਨੀਸ਼ਾ ਸ਼ਰਮਾ, ਨਰੇਸ਼ ਸ਼ਰਮਾ ਤੇ ਮਮਤਾ ਪਰਾਸ਼ਰ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਦਾ ਪ੍ਰਗਟਾਵਾ ਕੀਤਾ।

## ਵਿਸਾਖਾ ਸਿੰਘ ਔਲਖ ਪਰਵਾਰ ਸਮੇਤ ਸੈਣ ਸਭਾ 'ਚ ਸ਼ਾਮਲ



**ਕੋਟਕਪੂਰਾ (ਰਛਪਾਲ ਭੁੱਲਰ)**-ਭਾਰਤੀ ਕਿਸਾਨ ਏਕਤਾ ਸੈਨ ਵੈੱਲਫੇਅਰ ਸਭਾ ਦੇ ਸੂਬਾ ਪ੍ਰਧਾਨ ਡਾ. ਪ੍ਰਗਟ ਸਿੰਘ ਧੀਰਾ ਪੱਤਰਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਦੇ ਮੀਤ ਪ੍ਰਧਾਨ ਸ੍ਰ. ਨੀਲਾ ਸਿੰਘ, ਪੰਜਾਬ ਦੇ ਜਨਰਲ ਸਕੱਤਰ ਸ੍ਰ. ਬੂਟਾ ਸਿੰਘ, ਫਰੀਦਕੋਟ ਦੇ ਜ਼ਿਲ੍ਹਾ ਪ੍ਰਧਾਨ ਸ੍ਰ. ਨਛੱਤਰ ਸਿੰਘ, ਇਕਾਈ ਪ੍ਰਧਾਨ ਸ੍ਰ. ਬਿੰਦਰ ਸਿੰਘ ਮੱਤਾ ਵੱਲੋਂ ਚੁੱਕੇ ਕਦਮਾਂ ਨੂੰ ਉਸ ਸਮੇਂ ਭਾਰੀ ਬਲ ਮਿਲਿਆ, ਜਦੋਂ ਉਨ੍ਹਾਂ ਨੇ ਵਿਸਾਖਾ ਸਿੰਘ ਔਲਖ ਤੇ ਉਸ ਦੇ ਸਮੁੱਚੇ ਪਰਿਵਾਰ ਨੂੰ ਸਭਾ ਵਿੱਚ ਸ਼ਾਮਲ ਕੀਤਾ।ਇਸ ਮੌਕੇ ਪੰਜਾਬ ਦੇ ਮੀਤ ਪ੍ਰਧਾਨ ਸ੍ਰ. ਨੀਲਾ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਸਭਾ ਵਿੱਚ ਬਣਦਾ ਪੂਰਾ ਮਾਨ ਸਨਮਾਨ ਦਿੱਤਾ ਜਾਵੇਗਾ।

## ਰਾਮ ਸ਼ਰਨਮ ਮੰਦਰ ਵਿਖੇ ਹਫਤਾਵਾਰੀ ਸਤਿਸੰਗ ਕਰਵਾਇਆ



**ਜਲਾਲਾਬਾਦ (ਜੀਤ ਕੁਮਾਰ)**-ਐਤਵਾਰ ਨੂੰ ਰਾਮ ਸ਼ਰਨਮ ਮੰਦਰ ਵਿਖੇ ਹਫਤਾਵਾਰੀ ਅੰਮ੍ਰਿਤਵਾਣੀ ਸਤਿਸੰਗ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਗੁਰੂ ਮਾਂ ਰੇਖਾ ਜੀ ਵਿਜ ਦੇ ਭਜਨਾਂ, ਭਗਤੀ ਪ੍ਰਕਾਸ਼ ਪਾਠ ਤੇ ਅੰਮ੍ਰਿਤਵਾਣੀ ਪਾਠ ਨਾਲ ਹੋਈ, ਜਿਸ ਦਾ ਸੰਗਤਾਂ ਨੇ ਸ਼ਰਧਾ ਨਾਲ ਆਨੰਦ ਮਾਣਿਆ। ਇਸ ਮੌਕੇ ਮੰਦਰ ਪਰਿਸਰ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ। ਸਤਿਸੰਗ ਵਿੱਚ ਆਪਣੇ ਪ੍ਰਵਚਨ ਵਿੱਚ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੀ ਕ੍ਰਿਸ਼ਨ ਵਿਜ ਮਹਾਰਾਜ ਨੇ ਕਿਹਾ ਕਿ ਸਿਰਫ਼ ਉਹੀ ਲੋਕ ਜੋ ਸਤਿਸੰਗ ਵਿੱਚ ਸ਼ਾਮਲ ਹੋਣ ਲਈ ਭਾਗਸ਼ਾਲੀ ਹੁੰਦੇ ਹਨ, ਜਦੋਂ ਕਿਸੇ ਵਿਅਕਤੀ ਦੇ ਗੁਣ ਵਧਦੇ ਹਨ, ਤਾਂ ਧਾਰਮਿਕ ਕੰਮਾਂ ਵੱਲ ਉਸ ਦਾ ਝੁਕਾਅ ਵਧਦਾ ਹੈ ਤੇ ਉਹ ਸਮਰਪਣ ਨਾਲ ਅੱਗੇ ਵਧਦਾ ਹੈ। ਜੇਕਰ ਸਮਰਪਣ ਦੀ ਅੱਗ ਨਹੀਂ ਹੈ, ਤਾਂ ਮੰਜ਼ਿਲ 'ਤੇ ਪਹੁੰਚਣਾ ਮੁਸ਼ਕਲ ਹੁੰਦਾ ਹੈ। ਉਨ੍ਹਾਂ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਸਾਨੂੰ ਆਪਣੇ ਅੰਦਰ ਛੁਪੀ ਹੋਈ ਈਰਖਾ, ਨਫ਼ਰਤ, ਮੋਹ, ਭਰਮ, ਹੰਕਾਰ ਤੇ ਹੰਕਾਰ ਨੂੰ ਖਤਮ ਕਰਨਾ ਪਵੇਗਾ ਅਤੇ ਸਾਨੂੰ ਪਿਆਰ ਦਾ ਜਨੂੰਨ ਵਿਕਸਤ ਕਰਨਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਨੂੰ ਆਪਣੇ ਗੁਰੂ ਤੇ ਪ੍ਰਮਾਤਮਾ ਨੂੰ ਆਪਣੀਆਂ ਸਮੱਸਿਆਵਾਂ ਤੇ ਦੁੱਖਾਂ ਬਾਰੇ ਦੱਸਣਾ ਚਾਹੀਦਾ ਹੈ। ਅਸੀਂ ਆਪਣੀਆਂ ਸਮੱਸਿਆਵਾਂ ਪ੍ਰਮਾਤਮਾ ਅੱਗੇ ਰੱਖਾਂਗੇ ਤਾਂ ਹੀ ਉਹ ਸੁਣੇਗਾ ਅਤੇ ਹੱਲ ਪ੍ਰਦਾਨ ਕਰੇਗਾ। ਪ੍ਰੋਗਰਾਮ ਵਿੱਚ ਆਉਣ ਵਾਲੇ ਸਤਿਸੰਗ ਬਾਰੇ ਮਹੱਤਵਪੂਰਨ ਐਲਾਨ ਕਰਦੇ ਹੋਏ ਆਸ਼ਰਮ ਦੇ ਸਥਾਨਕ ਇੰਚਾਰਜ ਅਸ਼ੋਕ ਅਨੇਜਾ ਨੇ ਕਿਹਾ ਕਿ 16, 17 ਤੇ 18 ਜੂਨ ਨੂੰ ਡਲਹੌਜ਼ੀ ਆਸ਼ਰਮ ਵਿਖੇ ਹੋਣ ਵਾਲੇ ਸਾਧਨਾ ਕੈਂਪ ਵਿੱਚ ਲਗਭਗ 25 ਸਾਧਕ ਹਿੱਸਾ ਲੈਣਗੇ। ਇਸ ਤੋਂ ਇਲਾਵਾ ਗੋਹਾਨਾ ਵਿੱਚ 3 ਤੋਂ 6 ਜੁਲਾਈ ਤੇ 6 ਤੋਂ 9 ਜੁਲਾਈ ਤੱਕ ਦੋ ਵੱਖ-ਵੱਖ ਸਾਧਨਾ ਸਤਿਸੰਗ ਕੀਤੇ ਜਾਣਗੇ। ਸ੍ਰੀ ਅਨੇਜਾ ਨੇ ਕਿਹਾ ਕਿ ਸਾਲਾਨਾ ਗੁਰੂ ਪੂਰਨਿਮਾ 10 ਜੁਲਾਈ ਨੂੰ ਗੋਹਾਨਾ ਵਿੱਚ ਧੂਮਧਾਮ ਨਾਲ ਮਨਾਈ ਜਾਵੇਗੀ। ਉਨ੍ਹਾਂ ਭਾਗ ਲੈਣ ਵਾਲੇ ਸਾਧਕਾਂ ਨੂੰ ਆਪਣੇ ਪ੍ਰੋਗਰਾਮ ਦੀ ਪਹਿਲਾਂ ਤੋਂ ਯੋਜਨਾ ਬਣਾਉਣ ਦੀ ਬੇਨਤੀ ਕੀਤੀ।

# ਮਿਹਨਤ ਨਾਲ ਹਰ ਟੀਚੇ ਨੂੰ ਪ੍ਰਾਪਤ ਕੀਤਾ ਜਾ ਸਕਦੈ : ਸੰਧਵਾਂ

■ ਟਾਪਰ ਵਿਦਿਆਰਥਣਾਂ ਦਾ ਪੰਜ-ਪੰਜ ਹਜ਼ਾਰ ਦੀ ਰਾਸ਼ੀ ਨਾਲ ਸਨਮਾਨ



**ਕੋਟਕਪੂਰਾ (ਰਛਪਾਲ ਭੁੱਲਰ)**-ਮਿਹਨਤ ਨਾਲ ਹਰ ਟੀਚੇ ਨੂੰ ਪ੍ਰਾਪਤ ਕੀਤਾ ਜਾ ਸਕਦੈ ਤੇ ਜਿਹੜੇ ਬੱਚੇ ਮਿਹਨਤੀ ਤੇ ਪੜ੍ਹਾਈ ਵਿੱਚ ਹੁਸ਼ਿਆਰ ਹੁੰਦੇ ਹਨ, ਉਹ ਆਪਣੇ ਮਾਤਾ-ਪਿਤਾ ਦਾ ਸਤਿਕਾਰ ਵੀ ਜ਼ਰੂਰ ਕਰਦੇ ਹਨ ਅਤੇ ਉਨ੍ਹਾਂ ਦਾ ਜ਼ਿੰਦਗੀ ਵਿੱਚ ਕਾਮਯਾਬ ਹੋਣਾ ਤੇ ਚੰਗੇ ਇਨਸਾਨ ਬਣਨਾ ਸੁਭਾਵਿਕ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ-ਚੰਡੀਗੜ੍ਹ ਜਰਨਲਿਸਟ ਯੂਨੀਅਨ ਇਕਾਈ ਕੋਟਕਪੂਰਾ ਦੇ ਪ੍ਰਧਾਨ ਹਰਪ੍ਰੀਤ ਸਿੰਘ ਚਾਨਾ ਦੀ ਅਗਵਾਈ ਹੇਠ ਸਥਾਨਕ ਡਾ. ਚੰਦਾ ਸਿੰਘ ਮਰਵਾਹਾ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੁਸ਼ਿਆਰ, ਹੋਣਹਾਰ ਤੇ ਟਾਪਰ ਵਿਦਿਆਰਥਣਾਂ ਦੇ ਕਰਵਾਏ ਗਏ ਸਨਮਾਨ ਸਮਾਰੋਹ ਮੌਕੇ ਆਪਣੇ ਸੰਬੋਧਨ ਵਿੱਚ ਕੀਤਾ।

ਸ੍ਰ. ਸੰਧਵਾਂ ਨੇ ਕਿਹਾ ਕਿ 'ਪੰਜਾਬ ਸਰਕਾਰ' ਵੱਲੋਂ ਟਾਪਰ ਵਿਦਿਆਰਥੀਆਂ ਨੂੰ 51-51 ਹਜ਼ਾਰ ਰੁਪਏ ਨਗਦ ਰਾਸ਼ੀ ਇਨਾਮ ਦੇ ਰੂਪ ਵਿੱਚ ਦੇਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਉਨ੍ਹਾਂ ਦਸਵੀਂ ਜਮਾਤ ਦੇ ਨਤੀਜਿਆਂ ਮੁਤਾਬਿਕ 100 ਫੀਸਦੀ ਅੰਕ (650/650) ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਪੰਜ-ਪੰਜ ਹਜ਼ਾਰ ਰੁਪਏ ਦੇ ਚੈੱਕ ਸੌਂਪੇ।

ਉਨ੍ਹਾਂ ਕਿਹਾ ਕਿ ਹਲਕੇ ਦੀਆਂ ਦੋ ਲੜਕੀਆਂ ਨੇ ਪੂਰੇ ਨੰਬਰ ਹਾਸਲ ਕੀਤੇ ਸਨ, ਪਰ ਜਸ਼ਨਪ੍ਰੀਤ ਕੌਰ ਗਿੱਲ ਨੂੰ ਉਮਰ ਦੇ ਕਾਰਨ ਤੇ ਪਾਲਿਸੀ ਦੇ ਕਾਰਨ ਪੰਜਾਬ ਸਰਕਾਰ ਵੱਲੋਂ 51 ਹਜ਼ਾਰ ਰੁਪਏ ਦੀ ਰਾਸ਼ੀ ਨਹੀਂ ਦਿੱਤੀ ਗਈ, ਜਿਸ ਕਾਰਨ ਉਨ੍ਹਾਂ ਵਿਦਿਆਰਥਣ ਜਸ਼ਨਪ੍ਰੀਤ ਕੌਰ ਗਿੱਲ ਪੁੱਤਰੀ ਸ੍ਰੀ ਮੋਹਰ ਸਿੰਘ ਗਿੱਲ ਨੂੰ ਅੱਜ 51 ਹਜ਼ਾਰ ਰੁਪਏ ਦੀ ਰਾਸ਼ੀ ਆਪਣੇ ਅਖਤਿਆਰੀ ਕੋਟੇ ਵਿੱਚੋਂ ਦੇਣ ਦਾ ਐਲਾਨ ਕੀਤਾ ਹੈ।ਟਾਪਰ ਵਿਦਿਆਰਥਣਾਂ ਜਸ਼ਨਪ੍ਰੀਤ ਕੌਰ ਗਿੱਲ ਤੇ ਅਕਸ਼ਨੂਰ ਕੌਰ ਨੇ ਆਪਣੀ ਸਫਲਤਾ ਲਈ ਮਾਪਿਆਂ ਤੇ ਅਧਿਆਪਕਾਂ ਦੇ ਯੋਗਦਾਨ ਨੂੰ ਸਿਜਦਾ ਕੀਤਾ।

ਇਸ ਮੌਕੇ ਸਮਾਗਮ ਵਿੱਚ ਸ਼ਾਮਲ ਡਾ. ਦੇਵਿੰਦਰ ਸੈਫ਼ੀ, ਸੁਖਵਿੰਦਰ ਸਾਰੰਗ ਤੋਂ ਇਲਾਵਾ ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਜਨਰਲ ਸਕੱਤਰ ਮੋਹਰ ਸਿੰਘ ਗਿੱਲ, ਨਰਿੰਦਰ ਬੈੜ੍ਹ, ਚਮਨ ਗਰਗ ਰਿੰਕੀ, ਗੁਰਮੀਤ ਸਿੰਘ ਮੀਤਾ, ਤਰਸੇਮ ਚੋਪੜਾ, ਸੁਰਿੰਦਰ ਦਮਦਮੀ, ਰਾਜੂ ਕੰਡਾ, ਕੇ. ਸੀ. ਸੰਜੇ, ਮਨਵਰ ਸ਼ਰਮਾ, ਚੰਦਰ ਗਰਗ, ਤਰਸੇਮ ਚਾਨਣਾ, ਹੈਪੀ ਚਾਵਲਾ ਆਦਿ ਵੱਲੋਂ ਵੱਖਰੇ ਤੌਰ 'ਤੇ ਜਸ਼ਨਪ੍ਰੀਤ ਕੌਰ ਗਿੱਲ ਤੇ ਅਕਸ਼ਨੂਰ ਕੌਰ ਨੂੰ ਉਨ੍ਹਾਂ ਦੇ ਮਾਪਿਆਂ ਦੀ ਹਾਜ਼ਰੀ ਵਿੱਚ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਗੁੱਡ ਮੌਰਨਿੰਗ ਕਲੱਬ ਦੇ ਐੱਨ.ਆਰ.ਆਈ. ਵਿੰਗ ਦੇ ਇੰਚਾਰਜ ਠੇਕੇਦਾਰ ਪ੍ਰੇਮ ਮੈਣੀ ਨੇ ਵੀ ਆਪਣੇ ਵੱਲੋਂ 1100-1100 ਰੁਪਏ ਦੀ ਨਗਦ ਰਾਸ਼ੀ ਸੌਂਪ ਕੇ ਦੋਨੋਂ ਵਿਦਿਆਰਥਣਾਂ ਦੇ ਚੰਗੇਰੇ ਭਵਿੱਖ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਭਾਰੀ ਗਿਣਤੀ ਵਿੱਚ ਸਾਹਿਤਕ ਹਲਕਿਆਂ ਦੀਆਂ ਨਾਮਵਰ ਹਸਤੀਆਂ ਸਮੇਤ ਰਾਜਨੀਤਕ, ਗੈਰ-ਸਿਆਸੀ, ਸਮਾਜਿਕ, ਧਾਰਮਿਕ, ਵਿੱਦਿਅਕ, ਖੇਡਾਂ ਦੇ ਖੇਤਰ ਨਾਲ ਜੁੜੀਆਂ ਉੱਘੀਆਂ ਸ਼ਖਸੀਅਤਾਂ ਹਾਜ਼ਰ ਸਨ।

## ਨਗਰ ਕੌਂਸਲ ਦੀ ਧੱਕੇਸ਼ਾਹੀ ਦੀਆਂ ਖਬਰਾਂ ਤੋਂ ਬੁਖਲਾਇਆ ਪ੍ਰਧਾਨ ਹਰੀਸ਼

**ਜੈਤੋ (ਸਤੀਸ਼ ਕੁਮਾਰ ਭੀਰੀ)**

ਨਗਰ ਕੌਂਸਲ ਜੈਤੋ ਦੇ ਪ੍ਰਧਾਨ ਹਰੀਸ਼ ਤੇ ਈ ਓ ਮਨਿੰਦਰ ਪਾਲ ਸਿੰਘ ਵੱਲੋਂ ਛੇ ਜੂਨ ਨੂੰ ਵੱਖ ਵੱਖ ਮੱਦਾਂ ਦੀ ਕਰਵਾਈ ਗਈ ਖੁੱਲ੍ਹੀ ਬੋਲੀ ਵਿੱਚ ਹਿੱਸਾ ਲੈਣ ਆਏ ਆਮ ਲੋਕਾਂ ਨੂੰ ਪਰਚੀ ਕੱਟਣ ਦੀ ਥਾਂ 'ਤੇ ਧੱਕੇ ਮਰਵਾਏ ਗਏ, ਜਿਸ ਸਬੰਧੀ ਪੱਤਰਕਾਰ ਭਾਈਚਾਰੇ ਵੱਲੋਂ ਆਮ ਆਦਮੀ ਪਾਰਟੀ ਦੇ ਨਗਰ ਕੌਂਸਲ ਪ੍ਰਧਾਨ ਹਰੀਸ਼ ਦੀ ਧੱਕੇਸ਼ਾਹੀ ਤੇ ਗੁੰਡਾਗਰਦੀ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਗਈ, ਜਿਸ ਤੋਂ ਹਰੀਸ਼ ਚੰਦਰ ਸਮੇਤ ਪਰਿਵਾਰ ਬੁਖਲਾਹਟ ਵਿੱਚ ਆ ਕੇ ਪੱਤਰਕਾਰ ਭਾਈਚਾਰੇ ਵਿਰੁੱਧ ਸੋਸ਼ਲ ਮੀਡੀਆ 'ਤੇ ਲਗਾਤਾਰ ਬਕਵਾਸ ਕਰ ਰਿਹਾ ਹੈ।ਦੱਸਣਯੋਗ ਹੈ ਕਿ ਨਗਰ ਕੌਂਸਲ ਵੱਲੋਂ ਜੈਤੋ ਬੱਸ ਅੱਡਾ ਪਾਰਕਿੰਗ, ਬੱਸ ਅੱਡੇ ਵਿੱਚ ਬਣੀਆਂ ਹੋਈਆਂ ਦੁਕਾਨਾਂ ਸਮੇਤ ਹੋਰ ਮੱਦਾਂ ਦੀ ਬੋਲੀ ਰੱਖੀ ਗਈ ਸੀ, ਜਿਸ ਸਬੰਧੀ ਆਮ ਲੋਕਾਂ ਤੇ ਪੱਤਰਕਾਰਾਂ ਵੱਲੋਂ ਪਿਛਲੇ ਕੁਝ ਦਿਨ ਪਹਿਲਾਂ ਹੀ ਸੋਸ਼ਲ ਮੀਡੀਆ ਰਾਹੀਂ ਆਪ ਆਗੂਆਂ ਵੱਲੋਂ ਆਪਣੇ ਚਹੇਤਿਆਂ ਨੂੰ ਰਿਓੜੀਆਂ ਵੰਡਣ ਸਬੰਧੀ ਸ਼ੰਕੇ ਜਤਾਏ ਜਾਣ ਦੀ ਗੱਲ ਕੀਤੀ ਜਾ ਰਹੀ ਸੀ, ਜੋ ਕਿ ਨਗਰ ਕੌਂਸਲ ਪ੍ਰਧਾਨ ਹਰੀਸ਼ ਵੱਲੋਂ ਇਨ੍ਹਾਂ ਸ਼ੰਕਾਵਾਂ ਨੂੰ ਸਹੀ ਠਹਿਰਾਇਆ ਗਿਆ।ਬੱਸ ਅੱਡਾ ਪਾਰਕਿੰਗ ਦਾ ਠੇਕਾ ਲੱਖਾਂ ਰੁਪਏ ਵਿੱਚ ਲੈਣ ਵਾਲੇ ਲੋਕਾਂ ਦੀ ਨਾ ਤਾਂ ਸਕਿਉਰਿਟੀ ਰਕਮ ਦੀ ਪਰਚੀ ਕੱਟੀ ਗਈ ਤੇ ਨਾ ਹੀ ਉਨ੍ਹਾਂ ਨੂੰ ਬੋਲੀ ਵਾਲੇ ਕਮਰੇ ਦੇ ਨੇੜੇ ਫਟਕਣ ਦਿੱਤਾ ਗਿਆ ਤੇ ਪਾਰਕਿੰਗ ਦਾ ਠੇਕਾ ਆਪਣੇ ਨਜ਼ਦੀਕੀ ਨੂੰ ਸਿਰਫ਼ 65 ਹਜ਼ਾਰ ਰੁਪਏ ਵਿੱਚ ਦੇ ਦਿੱਤਾ ਗਿਆ, ਜਿਸ ਨਾਲ ਨਗਰ ਕੌਂਸਲ ਨੂੰ ਲੱਖਾਂ ਰੁਪਏ ਦਾ ਨੁਕਸਾਨ ਝੱਲਣਾ ਪਿਆ।ਜੇਕਰ ਇਸ ਪ੍ਰਧਾਨ ਦੇ ਗੈਰ-ਕਾਨੂੰਨੀ ਤੌਰ ਤਰੀਕਿਆਂ ਦੀ ਗੱਲ ਕੀਤੀ ਜਾਵੇ ਤਾਂ ਇਹ ਹੈ ਕਿ ਸੱਤਾ ਦੇ ਨਸ਼ੇ ਵਿੱਚ ਧੁੱਤ ਹੋ ਕੇ ਪੱਤਰਕਾਰਾਂ ਨੂੰ ਅਪਸ਼ਬਦ ਬੋਲ ਰਿਹਾ ਹੈ।ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੋਣ ਕਰਕੇ ਇਸ ਦੀ ਗੁੰਡਾਗਰਦੀ ਤੇ ਧੱਕੇਸ਼ਾਹੀ ਵਿਰੁੱਧ ਆਵਾਜ਼ ਉਠਾਉਣ ਵਾਲੇ ਪੱਤਰਕਾਰਾਂ ਨੂੰ ਲਗਾਤਾਰ ਟਾਰਗੇਟ ਕੀਤਾ ਜਾ ਰਿਹਾ ਹੈ।

ਸ਼ਹਿਰ ਦੇ ਲੋਕਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪ੍ਰਧਾਨ ਹਰੀਸ਼ ਦੀਆਂ ਆਪਹੁਦਰੀਆਂ 'ਤੇ ਨਕੇਲ ਪਾਉਣ ਤੇ ਹੋਈਆਂ ਬੋਲੀਆਂ ਵਿੱਚ ਘਪਲੇ ਦੀ ਜਾਂਚ ਕਰਨ ਅਤੇ ਇਸ ਦੀਆਂ ਧੱਕੇਸ਼ਾਹੀਆਂ 'ਤੇ ਰੋਕ ਲਗਾਉਣ ਦੀ ਬੇਨਤੀ ਕੀਤੀ ਹੈ।

## ਪੰਜਾਬ ਲੋਕ ਸੱਭਿਆਚਾਰਕ ਮੰਚ ਦਾ ਪੱਤਰਕਾਰਾਂ ਦੇ ਹੱਕ 'ਚ ਨਿੱਤਰਨ ਦਾ ਸੱਦਾ

**ਲੁਧਿਆਣਾ (ਰੈਕਟਰ ਕਥੂਰੀਆ)**-ਲੋਕ ਸਰੋਕਾਰਾਂ ਨਾਲ ਜੁੜੇ ਲੋਕ ਆਵਾਜ਼ ਬਣਦੇ ਪੱਤਰਕਾਰਾਂ ਦੀ ਹਮਾਇਤ ਵਿੱਚ ਪੰਜਾਬ ਲੋਕ ਸੱਭਿਆਚਾਰਕ (ਪਲਸ) ਮੰਚ ਵੀ ਖੁੱਲ੍ਹ ਕੇ ਆ ਗਿਆ ਹੈ। ਪਲਸ ਮੰਚ ਦੇ ਨਾਮ ਹੇਠ ਜਾਣੇ ਜਾਂਦੇ ਇਸ ਸੰਗਠਨ ਵੱਲੋਂ ਪ੍ਰਧਾਨ ਅਮੋਲਕ ਸਿੰਘ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਹੈ ਕਿ ਪੱਤਰਕਾਰਾਂ ਨੂੰ ਤੰਗ ਪ੍ਰੇਸ਼ਾਨ ਕਰਕੇ ਸੱਚ ਦੀ ਆਵਾਜ਼ ਦੇ ਗਲ ਅੰਗੂਠਾ ਦੇਣ ਦਾ ਵਿਰੋਧ ਕੀਤਾ ਜਾਏਗਾ। ਇਸ ਦਮਨ ਚੱਕਰ ਦਾ ਵਿਰੋਧ ਕਰਨ ਲਈ ਮਿਹਨਤਕਸ਼ ਲੋਕਾਂ, ਬੁੱਧੀਜੀਵੀਆਂ, ਲੇਖਕਾਂ, ਪੱਤਰਕਾਰਾਂ ਤੇ ਫੋਟੋ ਆਰਟਿਸਟਾਂ ਦੇ ਹੱਕ ਵਿੱਚ ਲੋਕ ਆਵਾਜ਼ ਬੁਲੰਦ ਕੀਤੀ ਜਾਏਗੀ। ਲੋਕ ਪੱਖੀ ਕਲਾਕਾਰਾਂ ਤੇ ਉਨ੍ਹਾਂ ਦੀਆਂ ਕਲਾ ਕ੍ਰਿਤਾਂ ਲਈ ਬਾਂਹ ਕੱਢਵੀਂ ਹਮਾਇਤ ਵਿੱਚ ਅੱਗੇ ਆਉਣ ਲਈ ਪਲਸ ਮੰਚ ਦਾ ਜ਼ੋਰਦਾਰ ਸੱਦਾ ਹੈ, ਜਿਸ ਦਾ ਵੱਧ ਤੋਂ ਵੱਧ ਹੁੰਗਾਰਾ ਭਰਿਆ ਜਾਣਾ ਚਾਹੀਦਾ ਹੈ। ਪਲਸ ਮੰਚ ਨੇ ਕਿਹਾ ਕਿ ਕਲਮ, ਕਲਾ, ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਜ਼ਿੰਦਾਬਾਦ ਹੈ ਤੇ ਜ਼ਿੰਦਾਬਾਦ ਰਹੇਗੀ। ਪਲਸ ਮੰਚ ਤੇ ਹੋਰ ਲੋਕ-ਪੱਖੀ ਸੰਗਠਨਾਂ ਵੱਲੋਂ ਇਸ ਮਕਸਦ ਲਈ ਉਨ੍ਹਾਂ ਪੱਤਰਕਾਰਾਂ ਦੀ ਲਿਸਟ ਵੀ ਤਿਆਰ ਕੀਤੀ ਜਾ ਰਹੀ ਹੈ, ਜਿਹੜੇ ਇਸ ਵੇਲੇ ਨਿਸ਼ਾਨੇ 'ਤੇ ਹਨ।

## 'ਆਓ ਮਿਲ ਕੇ ਰੁੱਖ ਲਗਾਈਏ, ਵਾਤਾਵਰਣ ਨੂੰ ਸਾਫ ਬਣਾਈਏ'



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾਮੈਡੀਕਲ ਸਾਇੰਸਜ਼ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਯੂਨਾਇਟਡ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਸੀ ਐੱਚ ਸੀ, ਡੀ ਓ ਡੀ ਏ ਵਿਖੇ ਵਾਤਾਵਰਨ ਦਿਵਸ ਮਨਾਇਆ ਗਿਆ।ਇਸ ਮੌਕੇ ਐੱਸ.ਐੱਮ.ਓ. ਸੀ ਐੱਚ ਸੀ, ਡੀ ਓ ਡੀ ਏ ਡਾ. ਰੋਬਿਨ ਕੁਮਾਰ ਤੇ ਸਮੂਹ ਸਟਾਫ ਸੀ ਐੱਚ ਸੀ, ਡੀ ਓ ਡੀ ਏ ਤੇ ਮਾਤਾ ਜਰਨੈਲ ਕੌਰ ਨਰਸਿੰਗ ਕਾਲਜ ਦੇ ਵਿਦਿਆਰਥੀ ਮੌਜੂਦ ਸਨ।ਇਸ ਮੌਕੇ ਮਾਤਾ ਜਰਨੈਲ ਕੌਰ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਵੱਲੋਂ ਬੂਟੇ ਲਗਾਏ ਗਏ ਤੇ ਆਸ-ਪਾਸ ਦੇ ਇਲਾਕੇ ਨੂੰ ਹਰਾ ਭਰਾ ਬਣਾਉਣ ਲਈ ਇੱਕ ਕੋਸ਼ਿਸ਼ ਕੀਤੀ ਗਈ।ਐੱਸ ਐੱਮ ਓ ਡਾ. ਰੋਬਿਨ ਕੁਮਾਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਵਿਸ਼ਵ ਵਾਤਾਵਰਨ ਦਿਵਸ ਮਨਾਉਣ ਦੀ ਨੀਂਹ ਸੰਯੁਕਤ ਰਾਸ਼ਟਰ ਵੱਲੋਂ 1972 ਵਿੱਚ ਵਿਸ਼ਵ ਪੱਧਰ 'ਤੇ ਵਾਤਾਵਰਨ ਪ੍ਰਦੂਸ਼ਣ ਦੀ ਸਮੱਸਿਆ ਤੇ ਚਿੰਤਾ ਕਾਰਨ ਰੱਖੀ ਗਈ ਸੀ।ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਅੱਜ ਤਾਪਮਾਨ ਵਿੱਚ ਤੇਜ਼ੀ ਨਾਲ ਤਬਦੀਲੀ ਦਾ ਪ੍ਰਭਾਵ ਨਾ ਸਿਰਫ ਮਨੁੱਖਾਂ ਲਈ ਸਗੋਂ ਧਰਤੀ ਦੇ ਸਾਰੇ ਜੀਵਾਂ ਲਈ ਇੱਕ ਵੱਡਾ ਖਤਰਾ ਬਣ ਗਿਆ ਹੈ।ਇਹੀ ਕਾਰਨ ਹੈ ਕਿ ਕਈ ਜਾਨਵਰ ਅਲੋਪ ਹੋ ਰਹੇ ਹਨ।ਇਸ ਦੇ ਨਾਲ ਹੀ ਲੋਕ ਕੈਂਸਰ ਵਰਗੀਆਂ ਸਾਹ ਦੀਆਂ ਬਿਮਾਰੀਆਂ ਦੀ ਲਪੇਟ ਵਿੱਚ ਵੀ ਆ ਰਹੇ ਹਨ। ਉਨ੍ਹਾਂ ਅਖੀਰ ਵਿੱਚ ਕਿਹਾ ਕਿ ਸਾਨੂੰ ਸਾਰਿਆਂ ਨੂੰ ਇੱਕ ਇੱਕ ਰੁੱਖ ਜ਼ਰੂਰ ਲਗਾਉਣਾ ਚਾਹੀਦਾ ਹੈ, ਜਿਸ ਨਾਲ ਅਸੀਂ ਧਰਤੀ ਨੂੰ ਪ੍ਰਦੂਸ਼ਣ ਰਹਿਤ ਬਣਾ ਸਕੀਏ।ਰੁੱਖਾਂ ਦਾ ਸਾਡੇ ਜੀਵਨ ਵਿੱਚ ਬਹੁਤ ਮਹੱਤਵ ਹੈ, ਕਿਉਂਕਿ ਰੁੱਖ ਹੀ ਹਨ, ਜੋ ਸਾਨੂੰ ਰੋਜ਼ ਆਪਣੇ ਜੀਵਨ ਨੂੰ ਸੁਖਾਲੇ ਤਰੀਕੇ ਨਾਲ ਜੀਵਨ ਜਿਉਣ ਵਿੱਚ ਸਹਾਇਤਾ ਕਰਦੇ ਹਨ।ਐੱਸ.ਐੱਮ.ਓ. ਡਾ. ਰੋਬਿਨ ਕੁਮਾਰ ਨੇ ਸਾਰੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਹੀ ਰੁੱਖ ਲਗਾਉਂਦੇ ਰਹਿਣ ਤੇ ਆਪਣੇ ਵਾਤਾਵਰਣ ਨੂੰ ਬਚਾਉਣ ਲਈ ਕੋਸ਼ਿਸ਼ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।

## ਵਾਤਾਵਰਨ ਦਿਵਸ ਨੂੰ ਸਮਰਪਤ ਲੇਖ ਤੇ ਪੋਸਟਰ ਮੁਕਾਬਲੇ ਕਰਾਏ




**ਦੋਰਾਹਾ (ਹਰਮਿੰਦਰ ਸੇਠ)**-ਇਥੋਂ ਨੇੜਲੇ ਪਿੰਡ ਲੋਪੋਂ ਵਿਖੇ ਅੰਤਰਰਾਸ਼ਟਰੀ ਵਾਤਾਵਰਨ ਦਿਵਸ ਮੌਕੇ ਬੱਚਿਆਂ ਦੇ ਵੱਖ ਵੱਖ ਵਰਗਾਂ ਦੇ ਵਾਤਾਵਰਨ ਸਬੰਧੀ ਲੇਖ ਤੇ ਪੋਸਟਰ ਮੇਕਿੰਗ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬਹੁਤ ਸਾਰੇ ਬੱਚਿਆਂ ਨੇ ਭਾਗ ਲਿਆ ਅਤੇ ਮੁਕਾਬਲੇ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਸ੍ਰ. ਹਰਜਿੰਦਰ ਸਿੰਘ ਲੋਪੋਂ ਨੇ ਪਾਣੀ ਦੀ ਸੰਭਾਲ ਤੇ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਾਲ ਵਾਤਾਵਰਨ ਦੇ ਹੋ ਰਹੇ ਨੁਕਸਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਅੰਤ ਵਿੱਚ ਸ੍ਰ. ਜਰਨੈਲ ਸਿੰਘ ਲੋਪੋਂ ਵੱਲੋਂ ਆਏ ਸਾਰੇ ਨਗਰ ਨਿਵਾਸੀ ਤੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

# ਯਾਦਗਾਰੀ ਹੋ ਨਿੱਬੜਿਆ ਸੋਮ ਪਾਲ ਹੀਰਾ ਨਾਲ ਰੂ-ਬ-ਰੂ ਸਮਾਗਮ



**ਦੋਰਾਹਾ (ਹਰਮਿੰਦਰ ਸੇਠ)**

ਪੰਜਾਬੀ ਲਿਖਾਰੀ ਸਭਾ ਮਕਸੂਦੜਾ ਵੱਲੋਂ ਪ੍ਰਸਿੱਧ ਰੰਗਕਰਮੀ ਡਾਕਟਰ ਸੋਮ ਪਾਲ ਹੀਰਾ ਨਾਲ ਰਚਾਇਆ ਗਿਆ ਰੂ-ਬ-ਰੂ ਸਫਲ ਤੇ ਯਾਦਗਾਰੀ ਹੋ ਨਿੱਬੜਿਆ। ਅਦਾਕਾਰ ਮੰਨੂ ਬੁਆਣੀ ਨੇ ਅਪਣੇ ਤੇ ਹਾਜ਼ਰੀਨ ਦੇ ਬਹੁਤ ਹੀ ਅਰਥ ਭਰਪੂਰ ਸਵਾਲ ਪੁੱਛੇ ਅਤੇ ਸੋਮ ਪਾਲ ਹੀਰਾ ਨੇ ਠਰ੍ਹੰਮੇ ਤੇ ਸਾਦਗੀ ਨਾਲ ਜਵਾਬ ਦਿੱਤੇ।ਜੀਵਨ ਦੇ ਹਰ ਪੱਖ ਨੂੰ ਉਨ੍ਹਾਂ ਸੱਚੋ ਸੱਚ ਬਿਆਨ ਕੀਤਾ। ਪ੍ਰਸਿੱਧ ਲੇਖਕ ਗੁਰਦਿਆਲ ਦਲਾਲ, ਰੰਗਕਰਮੀ ਰਾਜਵਿੰਦਰ ਸਮਰਾਲਾ, ਡਾਕਟਰ ਸੰਦੀਪ ਸ਼ਰਮਾ, ਕਹਾਣੀਕਾਰ ਮੁਖਤਿਆਰ ਸਿੰਘ ਖੰਨਾ, ਡਾਕਟਰ ਰਣਜੀਤ ਸਿੰਘ ਤੇ ਲੈਕਚਰਾਰ ਜਸਪ੍ਰੀਤ ਕੌਰ ਜੱਸੀ ਨੇ ਹੀਰਾ ਦੇ ਜੀਵਨ ਤੇ ਪ੍ਰਾਪਤੀਆਂ ਬਾਰੇ ਵਿਚਾਰ ਸਾਂਝੇ ਕੀਤੇ।ਸਭਾ ਵੱਲੋਂ ਬਲਿਹਾਰ ਗੋਬਿੰਦਗੜ੍ਹੀਆ, ਜਗਦੇਵ ਮਕਸੂਦੜਾ, ਪ੍ਰੀਤ ਸਿੰਘ ਸੰਦਲ, ਬਿੱਲਾ ਗਿੱਲ, ਅਮਾਨਤ ਅਲੀ ਤੇ ਪਾਲ ਕੌਰ ਪੰਚ ਦੀ ਅਗਵਾਈ ਵਿੱਚ ਸੋਮ ਪਾਲ ਹੀਰਾ ਦਾ ਸਨਮਾਨ ਕਰਨ ਉਪਰੰਤ ਉਨ੍ਹਾਂ ਦੀ ਕਿਤਾਬ 'ਭਾਸ਼ਾ ਵਹਿੰਦਾ ਦਰਿਆ' ਅਤੇ ਗੁਰਦਿਆਲ ਦਲਾਲ ਦੀਆਂ ਦੋ ਪੁਸਤਕਾਂ 'ਚੋਣਵੀਆਂ ਕਹਾਣੀਆਂ' ਤੇ 'ਪਾਪਾ ਮੈਂ ਹਿੰਦੋਸਤਾਨ ਲਊਂਗਾ' ਲੋਕ ਅਰਪਣ ਕੀਤੀਆਂ ਗਈਆਂ।ਦਸਵੀਂ ਜਮਾਤ ਵਿੱਚੋਂ ਬੋਰਡ ਦੀ ਮੈਰਿਟ ਸੂਚੀ ਵਿੱਚ (633/650) ਸਥਾਨ ਪ੍ਰਾਪਤ ਕਰਨ ਵਾਲੀ ਬੱਚੀ ਦਿਲਪ੍ਰੀਤ ਕੌਰ ਨੂੰ 'ਮਾਤਾ ਸੁਰਿੰਦਰ ਕੌਰ ਐਵਾਰਡ' ਨਾਲ ਸਨਮਾਨਤ ਕੀਤਾ ਗਿਆ।ਕਵੀ ਦਰਬਾਰ ਵਿੱਚ ਰਾਮ ਸਿੰਘ ਭੀਖੀ, ਸੁਖਦੇਵ ਕੁੱਕੂ ਘਲੋਟੀ, ਅਰਸ਼ ਮੁਹੰਮਦ, ਸੋਨੀ ਗਿੱਦੜੀ, ਅਨਿਲ ਫਤਹਿਗੜ੍ਹ ਜੱਟਾਂ, ਬਲਵੰਤ ਵਿਰਕ, ਹਰਜੀਤ ਵੈਦ, ਜਸਵੀਰ ਵਿੱਕੀ, ਗੀਤ ਗੁਰਜੀਤ, ਬੁੱਧ ਸਿੰਘ ਨੀਲੋਂ, ਚਮਕੌਰ ਸੱਲ੍ਹਣ, ਹਰਜੀਤ ਕੈੜੇ, ਪੱਪੂ ਬਲਵੀਰ, ਇੰਦਰਜੀਤ ਕੌਰ ਲੋਟੇ, ਪੰਮੀ ਹਬੀਬ, ਮੁਮਤਾਜ ਅਲੀ, ਜਗਦੇਵ ਸਿੰਘ ਘੁੰਗਰਾਲੀ, ਭਜਨ ਸਿੰਘ ਪਾਰਸ, ਮਲਕੀਤ ਮਾਲੜਾ, ਰਾਮ ਕਮਲ ਅਤੇ ਨੂਰ ਖੰਨਵੀਂ ਨੇ ਅਪਣੀਆਂ ਰਚਨਾਵਾਂ ਨਾਲ ਹਾਜ਼ਰੀ ਲਗਵਾਈ।ਇਸ ਮੌਕੇ ਹਰਬੰਸ ਸਿੰਘ ਢੀਂਡਸਾ, ਭਗਵੰਤ ਸਿੰਘ ਗਿੱਲ, ਮੇਹਰ ਚੰਦ ਵਰਮਾ, ਨਿੱਕੀ ਭੈਣ, ਰਾਜਿੰਦਰ ਕੌਰ, ਸੁਖਵਿੰਦਰ ਕੌਰ ਤੋਂ ਇਲਾਵਾ ਹੋਰ ਬਹੁਤ ਸਾਰੇ ਨਗਰ ਤੇ ਇਲਾਕਾ ਨਿਵਾਸੀ ਹਾਜ਼ਰ ਸਨ।ਮੰਚ ਸੰਚਾਲਕ ਪ੍ਰੀਤ ਸਿੰਘ ਸੰਦਲ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ।

# ਵਰਲਡ 'ਵਰਸਿਟੀ 'ਚ ਸ਼੍ਰੋਮਣੀ ਕਮੇਟੀ ਅਧਿਆਪਕਾਂ ਲਈ ਸੱਤ-ਰੋਜ਼ਾ ਗੁਣਵੱਤਾ ਵਾਧਾ ਵਰਕਸ਼ਾਪ ਸੰਪੰਨ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਨੇ ਸ਼੍ਰੋਮਣੀ ਕਮੇਟੀ ਅਧਿਆਪਕਾਂ ਲਈ ਸੱਤ-ਰੋਜ਼ਾ ਗੁਣਵੱਤਾ ਵਾਧਾ ਵਰਕਸ਼ਾਪ ਨੂੰ ਸਫਲਤਾਪੂਰਵਕ ਸੰਪੰਨ ਕੀਤਾ। ਵਰਕਸ਼ਾਪ ਦੇ ਕਨਵੀਨਰ ਤੇ ਸਿੱਖਿਆ ਵਿਭਾਗ ਦੇ ਮੁਖੀ ਡਾ. ਹਰਨੀਤ ਬਿਲਿੰਗ ਨੇ ਹਫ਼ਤੇ ਭਰ ਚੱਲਣ ਵਾਲੀ ਇਸ ਵਰਕਸ਼ਾਪ ਦੇ ਉਦੇਸ਼ਾਂ, ਮਾਹਰ ਸੈਸ਼ਨਾਂ ਤੇ ਮੁੱਖ ਸਿੱਟਿਆਂ ਦਾ ਸਾਰ ਦਿੰਦੇ ਹੋਏ ਇੱਕ ਵਿਆਪਕ ਰਿਪੋਰਟ ਪੇਸ਼ ਕੀਤੀ।ਉਨ੍ਹਾਂ ਸਿੱਖਿਅਕਾਂ ਲਈ ਨਿਰੰਤਰ ਪੇਸ਼ੇਵਰ ਵਿਕਾਸ ਤੇ ਆਧੁਨਿਕ ਸਿੱਖਿਆ ਸ਼ਾਸਤਰ ਨਾਲ ਸਿੱਖ ਕਦਰਾਂ-ਕੀਮਤਾਂ ਦੇ ਏਕੀਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਡਾ. ਖੁਸ਼ਵਿੰਦਰ ਕੁਮਾਰ ਰਜਿਸਟਰਾਰ ਖਾਲਸਾ ਯੂਨੀਵਰਸਿਟੀ ਅੰਮ੍ਰਿਤਸਰ ਨੇ 'ਯੋਗਤਾ ਤੇ ਸ਼ਮੂਲੀਅਤ ਲਈ ਕਲਾਸਰੂਮਾਂ ਦਾ ਪ੍ਰਬੰਧਨ...' ਵਿਸ਼ੇ 'ਤੇ ਇੱਕ ਸ਼ਕਤੀਸ਼ਾਲੀ ਭਾਸ਼ਣ ਦਿੱਤਾ।ਆਪਣੇ ਵਿਸ਼ਾਲ ਅਕਾਦਮਿਕ ਅਨੁਭਵ ਤੋਂ ਲੈ ਕੇ, ਉਨ੍ਹਾਂ ਨੇ ਰਾਸ਼ਟਰੀ ਸਿੱਖਿਆ ਨੀਤੀ ਦੀ ਯੋਗਤਾ-ਅਧਾਰਤ, ਸਮਾਵੇਸ਼ੀ ਪਹੁੰਚ ਦੇ ਅਨੁਕੂਲ ਹੋਣ ਲਈ ਕਲਾਸਰੂਮ ਅਭਿਆਸਾਂ ਵਿੱਚ ਲੋੜੀਂਦੇ ਪੈਰਾਡਾਈਮ ਸ਼ਿਫਟ 'ਤੇ ਜ਼ੋਰ ਦਿੱਤਾ। ਉਨ੍ਹਾਂ ਪ੍ਰਤੀਬਿੰਬਤ ਸਿੱਖਿਆ, ਵਿਭਿੰਨ ਹਦਾਇਤਾਂ ਤੇ ਹਰੇਕ ਬੱਚੇ ਦੀ ਸਮਰੱਥਾ ਨੂੰ ਪਾਲਣ ਵਿੱਚ ਅਧਿਆਪਕਾਂ ਦੀ ਨੈਤਿਕ ਜ਼ਿੰਮੇਵਾਰੀ ਦੀ ਮਹੱਤਤਾ ਨੂੰ ਉਜਾਗਰ ਕੀਤਾ।ਹੋਮੀ ਭਾਬਾ ਕੈਂਸਰ ਹਸਪਤਾਲ ਸੰਗਰੂਰ ਦੇ ਕੌਂਸਲਰ ਡਾ. ਰੌਬਿਨਪ੍ਰੀਤ ਕੌਰ ਨੇ ਨਿੱਜੀ ਤੇ ਪੇਸ਼ੇਵਰ ਜੀਵਨ ਨੂੰ ਸੰਤੁਲਿਤ ਕਰਨ ਦੀ ਮਹੱਤਤਾ 'ਤੇ ਚਰਚਾ ਕੀਤੀ।

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਸ੍ਰ. ਜਗਦੀਪ ਸਿੰਘ ਚੀਮਾ ਨੇ ਸਿੱਖਿਆ ਵਿੱਚ ਸਿੱਖ ਕਦਰਾਂ-ਕੀਮਤਾਂ ਤੇ ਨੈਤਿਕਤਾ ਦੀ ਬੁਨਿਆਦੀ ਭੂਮਿਕਾ 'ਤੇ ਵਿਚਾਰ ਕੀਤਾ।ਉਨ੍ਹਾਂ ਅਧਿਆਪਕਾਂ ਨੂੰ ਵਿਦਿਆਰਥੀਆਂ ਵਿੱਚ ਚਰਿੱਤਰ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਇਨ੍ਹਾਂ ਕਦਰਾਂ-ਕੀਮਤਾਂ ਨੂੰ ਅਪਣਾਉਣ ਤੇ ਸੰਚਾਰਿਤ ਕਰਨ ਲਈ ਉਤਸ਼ਾਹਤ ਕੀਤਾ।ਐੱਸ.ਜੀ.ਪੀ.ਸੀ. ਦੇ ਸਾਬਕਾ ਸਕੱਤਰ ਸ੍ਰ. ਸਿਮਰਨਜੀਤ ਸਿੰਘ ਕੰਗ ਨੇ ਸਿੱਖ ਗੁਰੂਆਂ ਦੇ ਜੀਵਨ ਤੋਂ ਪ੍ਰੇਰਨਾਦਾਇਕ ਸੂਝਾਂ ਸਾਂਝੀਆਂ ਕੀਤੀਆਂ, ਜਿਸ ਵਿੱਚ ਇਹ ਦਰਸਾਇਆ ਗਿਆ ਕਿ ਕਿਵੇਂ ਉਨ੍ਹਾਂ ਦੀਆਂ ਸਿੱਖਿਆਵਾਂ ਸਿੱਖਿਅਕਾਂ ਨੂੰ ਹਿੰਮਤ, ਦਇਆ, ਨਿਆਂ ਤੇ ਨਿਰਸਵਾਰਥ ਸੇਵਾ ਵਿੱਚ ਸਦੀਵੀ ਸਬਕ ਦਿੰਦੀਆਂ ਹਨ।ਐੱਸ.ਜੀ.ਪੀ.ਸੀ. ਦੇ ਮੈਂਬਰ ਸ੍ਰ. ਅਵਤਾਰ ਸਿੰਘ ਰੀਆ ਨੇ ਅਕਾਦਮਿਕ ਉੱਤਮਤਾ ਨੂੰ ਅਧਿਆਤਮਕ ਅਧਾਰ ਨਾਲ ਮਿਲਾ ਕੇ ਐੱਸ.ਜੀ.ਪੀ.ਸੀ. ਅਧੀਨ ਵਿੱਦਿਅਕ ਸੰਸਥਾਵਾਂ ਨੂੰ ਮਜ਼ਬੂਤ ਕਰਨ ਲਈ ਆਪਣਾ ਦ੍ਰਿਸ਼ਟੀਕੋਣ ਸਾਂਝਾ ਕੀਤਾ।

ਵਿਦਾਇਗੀ ਭਾਸ਼ਣ ਵਿੱਚ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਸਿੱਖਿਆ ਡਾਇਰੈਕਟੋਰੇਟ ਐੱਸ.ਜੀ.ਪੀ.ਸੀ. ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਯੂਨੀਵਰਸਿਟੀ ਦੇ ਅਧਿਆਪਕਾਂ ਨੂੰ ਨਾ ਸਿਰਫ਼ ਅਕਾਦਮਿਕ ਤੌਰ 'ਤੇ ਸਮਰੱਥ, ਸਗੋਂ ਅਧਿਆਤਮਕ ਤੌਰ 'ਤੇ ਜਾਗਰੂਕ ਤੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਵਜੋਂ ਤਿਆਰ ਕਰਨ ਦੇ ਦ੍ਰਿਸ਼ਟੀਕੋਣ 'ਤੇ ਜ਼ੋਰ ਦਿੱਤਾ।ਉਨ੍ਹਾ ਅਧਿਆਪਕਾਂ ਨੂੰ ਨਿਰੰਤਰ ਸਿੱਖਣ, ਨਵੀਨਤਾਕਾਰੀ ਸਿੱਖਿਆ ਸ਼ਾਸਤਰ ਅਪਣਾਉਣ ਤੇ ਰੋਲ ਮਾਡਲ ਵਜੋਂ ਸੇਵਾ ਕਰਨ ਦੀ ਅਪੀਲ ਕੀਤੀ। ਇਹ ਸਮਾਗਮ ਧੰਨਵਾਦ ਦੇ ਮਤੇ ਤੇ ਵਰਕਸ਼ਾਪ ਦੌਰਾਨ ਵਿਚਾਰੇ ਗਏ ਵਿਚਾਰਾਂ ਤੇ ਰਣਨੀਤੀਆਂ ਨੂੰ ਲਾਗੂ ਕਰਨ ਦੇ ਸਮੂਹਕ ਸੰਕਲਪ ਤੇ ਯਕੀਨੀ ਬਣਾਉਂਦੇ ਹੋਏ ਕਿ ਸੇਵਾ, ਸਿੱਖਿਆ ਤੇ ਸੰਸਕਾਰ ਦੇ ਮੁੱਲ ਸ਼੍ਰੋਮਣੀ ਕਮੇਟੀ ਦੁਆਰਾ ਚਲਾਏ ਜਾ ਰਹੇ ਵਿੱਦਿਅਕ ਅਦਾਰਿਆਂ ਵਿੱਚ ਕੇਂਦਰੀ ਰਹਿਣ, ਨਾਲ ਸਮਾਪਤ ਹੋਇਆ।

## ਗਲੋਬਲ ਸਕੂਲ 'ਚ ਮਾਨਕ ਐਵਾਰਡ ਮੁਕਾਬਲੇ ਕਰਵਾਏ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਸਟੈਂਡਰਡ ਐਵਾਰਡ ਮੁਕਾਬਲੇ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਸਾਲ 2025-26 ਲਈ ਜ਼ਿਲ੍ਹਾ ਪੱਧਰੀ ਮਾਨਕ ਪੁਰਸਕਾਰ ਮੁਕਾਬਲਾ, ਬਠਿੰਡਾ ਜ਼ਿਲ੍ਹੇ ਦੇ ਟੀਚਰਜ਼ ਹੋਮ ਵਿਖੇ ਇੰਸਟੀਚਿਊਟ ਆਫ਼ ਸਾਇੰਸ ਐਂਡ ਟੈਕਨਾਲੋਜੀ ਵੱਲੋਂ ਕਰਵਾਇਆ ਗਿਆ।ਬਠਿੰਡਾ ਜ਼ਿਲ੍ਹੇ ਦੀਆਂ ਕੁੱਲ 28 ਟੀਮਾਂ ਵਿੱਚੋਂ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਦੇ ਚੁਣੇ ਹੋਏ ਵਿਦਿਆਰਥੀਆਂ ਨੇ ਹੀ ਇਸ ਮੁਕਾਬਲੇ ਵਿੱਚ ਹਿੱਸਾ ਲਿਆ।ਮੁਕਾਬਲੇ ਦੇ ਤਹਿਤ ਮੋਹਨ ਸਿੰਗਲਾ ਨੇ ਇੱਕ ਸੈਨੇਟਾਈਜ਼ੇਸ਼ਨ ਮਸ਼ੀਨ ਬਣਾਈ, ਜਿਸ ਰਾਹੀਂ ਦਸਤਾਨੇ, ਮਾਸਕ ਤੇ ਜੁੱਤੀਆਂ ਦੇ ਕਵਰ ਵਰਗੀਆਂ ਬਾਇਓਮੈਡੀਕਲ ਸਮੱਗਰੀਆਂ ਨੂੰ ਮੁੜ ਵਰਤੋਂ ਯੋਗ ਬਣਾਇਆ ਜਾ ਸਕਦਾ ਹੈ।ਅਰਮਾਨ ਗਰਗ ਨੇ ਬਾਇਓਡੀਗ੍ਰੇਡੇਬਲ ਚੱਪਲਾਂ, ਸਾਬਣ ਤੇ ਹੱਥ ਧੋਣ ਵਾਲੇ ਪਦਾਰਥ ਬਣਾਏ।ਇਹ ਪਲਾਸਟਿਕ ਤੇ ਹੋਰ ਰਸਾਇਣਾਂ ਦੇ ਪ੍ਰਭਾਵ ਨੂੰ ਘਟਾਏਗਾ, ਜੋ ਸਾਡੇ ਸਰੀਰ ਨੂੰ ਨੁਕਸਾਨ ਪਹੁੰਚਾਉਂਦੇ ਹਨ ਤੇ ਵਾਤਾਵਰਨ ਪ੍ਰਦੂਸ਼ਣ ਦਾ ਕਾਰਨ ਬਣਦੇ ਹਨ।ਬੱਚਿਆਂ ਨੇ ਆਪਣੇ ਆਤਮਵਿਸ਼ਵਾਸ, ਲਗਨ ਤੇ ਸਖ਼ਤ ਮਿਹਨਤ ਦੇ ਬਲਬੂਤੇ ਜ਼ਿਲ੍ਹਾ ਪੱਧਰੀ ਮੁਕਾਬਲੇ ਵਿੱਚ ਹਿੱਸਾ ਲਿਆ।ਬੱਚਿਆਂ ਨੂੰ ਸਰਟੀਫਿਕੇਟ ਤੇ ਬੈਗ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਦੇ ਚੇਅਰਮੈਨ ਇੰਜੀਨੀਅਰ ਕਮਲੇਸ਼ ਸਰਾਫ ਅਤੇ ਵਾਇਸ-ਚੇਅਰਮੈਨ ਅਮਿਤ ਸਰਾਫ ਨੇ ਕਿਹਾ ਕਿ ਅੱਜ ਦੇ ਵਿਗਿਆਨਕ ਯੁੱਗ ਵਿੱਚ, ਬੱਚੇ ਵਿਗਿਆਨਕ ਸੋਚ ਦਿਖਾਉਂਦੇ ਹਨ ਤੇ ਆਪਣੀ ਸੋਚ ਨਾਲ ਨਵੀਆਂ ਖੋਜਾਂ ਕਰਦੇ ਹਨ, ਬੱਚਿਆਂ ਦੇ ਉੱਜਵਲ ਭਵਿੱਖ ਦੀ ਨੀਂਹ ਮਜ਼ਬੂਤ ਕਰਦੇ ਹਨ।ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅੰਜੂ ਨਾਗਪਾਲ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਸਕੂਲ ਵਿਦਿਆਰਥੀਆਂ ਨੂੰ ਵਿਗਿਆਨ ਦੇ ਨਾਲ-ਨਾਲ ਹੋਰ ਖੇਤਰਾਂ ਵਿੱਚ ਵੀ ਦਿਲਚਸਪੀ ਦਿਖਾਉਣ ਲਈ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਵਚਨਬੱਧ ਹੈ।

## ਨਹਿਰੀ ਪਾਣੀ ਦੀ ਵਰਤੋਂ 'ਚ ਵਾਧਾ ਹੋਣ ਨਾਲ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਉੱਚਾ ਹੋਇਆ: ਰਮਨ ਬਹਿਲ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਿਛਲੇ ਕਈ ਦਹਾਕਿਆਂ ਤੋਂ ਬੰਦ ਪਈਆਂ ਨਹਿਰਾਂ ਤੇ ਖਾਲਿਆਂ ਨੂੰ ਬਹਾਲ ਕਰਨ ਨਾਲ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਣ ਲੱਗ ਪਿਆ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪਹਿਲਾਂ ਖੇਤਾਂ ਲਈ ਨਹਿਰੀ ਪਾਣੀ 21 ਫੀਸਦੀ ਵਰਤਿਆ ਜਾਂਦਾ ਸੀ ਜੋ ਹੁਣ ਵੱਧ ਕੇ 84 ਫੀਸਦੀ ਵਰਤਿਆ ਜਾਣ ਲੱਗਿਆ ਹੈ। ਇਹ ਪ੍ਰਗਟਾਵਾ ਕਰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਸਿੰਚਾਈ ਵਿਭਾਗ ਦੇ ਮਾਹਿਰਾਂ ਨੂੰ ਚੱਲ ਰਹੇ ਝੋਨੇ ਦੀ ਬਿਜਾਈ ਦੇ ਸੀਜ਼ਨ ਲਈ ਨਹਿਰੀ ਪਾਣੀ ਦੀ ਸਪਲਾਈ ਵਿੱਚ ਮਹੱਤਵਪੂਰਨ ਵਾਧੇ ਦੀ ਉਮੀਦ ਹੈ, ਜਿਸ ਨਾਲ ਇਸ ਸਾਲ ਔਸਤਨ ਰੋਜ਼ਾਨਾ ਪ੍ਰਵਾਹ 26,000 ਕਿਊਸਿਕ ਤੋਂ ਵੱਧ ਕੇ 36,000 ਕਿਊਸਿਕ ਹੋ ਜਾਵੇਗਾ। ਇਸ ਵਧੀ ਹੋਈ ਸਪਲਾਈ ਨਾਲ ਜ਼ਮੀਨ ਹੇਠਲੇ ਪਾਣੀ ਤੇ ਨਿਰਭਰਤਾ ਘਟੇਗੀ ਜਿਸ ਕਰਕੇ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਉੱਚਾ ਹੋਵੇਗਾ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਸਿੰਚਾਈ ਵਿਭਾਗ ਵੱਲੋਂ ਵਾਧੂ 10,000 ਕਿਊਸਿਕ ਨਹਿਰੀ ਪਾਣੀ ਨਾਲ ਲਗਭਗ 1.25 ਲੱਖ ਟਿਊਬਵੈੱਲਾਂ



ਦੁਆਰਾ ਕੱਢੇ ਗਏ ਭੂਮੀਗਤ ਪਾਣੀ ਨੂੰ ਬਚਾਉਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ਵਿੱਚ ਰਾਜ ਦੀ 42 ਲੱਖ ਹੈਕਟੇਅਰ ਖੇਤੀਬਾੜੀ ਜ਼ਮੀਨ ਵਿੱਚੋਂ ਲਗਭਗ 31.38 ਲੱਖ ਹੈਕਟੇਅਰ ਨਹਿਰਾਂ ਦੁਆਰਾ ਸਿੰਜਾਈ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਨਹਿਰੀ ਪਾਣੀ ਦੀ ਸਪਲਾਈ ਲਈ ਜੋ ਉਪਰਾਲੇ ਕੀਤੇ ਗਏ ਹਨ ਉਹ ਲਾਮਿਸਾਲ ਹਨ। ਸ. ਮਾਨ ਨੇ ਨਹਿਰੀ ਪਾਣੀ ਨੂੰ ਟੇਲਾਂ ਤੱਕ ਪਹੁੰਚਾ ਕੇ ਕਿਸਾਨਾਂ ਨੂੰ ਬਹੁਤ ਵੱਡਾ ਲਾਭ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਹੁਣ ਸਾਰੇ ਖੇਤਾਂ ਵਿੱਚ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਦੀ ਗੱਲ ਹੋਵੇ ਜਾਂ ਹਰਿਆਣਾ ਨੂੰ ਪੰਜਾਬ ਦਾ ਵਾਧੂ ਪਾਣੀ ਜਾਣ ਤੋਂ ਰੋਕਣ ਦਾ ਮਸਲਾ ਹੋਵੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਪਾਣੀਆਂ ਦੇ ਅਸਲ ਰਾਖੇ ਦੀ ਭੂਮਿਕਾ ਨਿਭਾਈ ਹੈ। ਮੁੱਖ ਮੰਤਰੀ ਮਾਨ ਵੱਲੋਂ ਗੁਰਦਾਸਪੁਰ ਦੇ ਕਿਸਾਨਾਂ ਨੂੰ ਵੀ ਵੱਡੀ ਰਾਹਤ ਦਿੱਤੀ ਗਈ ਹੈ। ਕਿਰਨ ਨਾਲੇ ਅਤੇ ਆਲੇਚੱਕ ਡਰੇਨਾਂ ਦੀ ਸਫਾਈ ਕਰਕੇ ਕਿਸਾਨਾਂ ਦੀ ਵੱਡੀ ਮੁਸ਼ਕਲ ਨੂੰ ਹੱਲ ਕੀਤਾ ਹੈ। ਉਨ੍ਹਾਂ ਕਿਹਾ ਕਿ ਕਿਰਨ ਨਾਲੇ ਅਤੇ ਆਲੇਚੱਕ ਡਰੇਨਾਂ ਦੀ ਸਫਾਈ ਹੋਣ ਨਾਲ ਬਰਸਾਤਾਂ ਵਿੱਚ ਪਾਣੀ ਓਵਰ ਫਲੋਅ ਨਾ ਹੋਣ ਕਾਰਨ ਫਸਲਾਂ ਦਾ ਨੁਕਸਾਨ ਨਹੀਂ ਹੋਵੇਗਾ।

## ਕਿਰਤੀ ਵਿਰੋਧੀ ਨੋਟੀਫਿਕੇਸ਼ਨ ਰੱਦ ਕਰਾਉਣ ਲਈ ਜਲੰਧਰ 'ਚ ਕਨਵੈਨਸ਼ਨ 21 ਨੂੰ : ਰਾਣਾ, ਬਾਸੀ

ਬਟਾਲਾ (ਤਰਲੋਕ ਬੱਗਾ)-'ਜਨਤਕ ਜਥੇਬੰਦੀਆਂ ਦੇ ਸਾਂਝੇ ਮੰਚ' (ਜੇਪੀਐਮਓ) ਵੱਲੋਂ 'ਦੇਸ਼ ਭਗਤ ਯਾਦਗਾਰ ਜਲੰਧਰ' ਦੇ ਬਾਬਾ ਜਵਾਲਾ ਸਿੰਘ ਠੱਠੀਆਂ ਹਾਲ ਵਿਖੇ ਆਉਣ ਵਾਲੀ 21 ਜੂਨ ਨੂੰ ਸੂਬਾਈ ਨੁਮਾਇੰਦਾ ਕਨਵੈਨਸ਼ਨ ਸੱਦੀ ਜਾਵੇਗੀ। ਇਸ ਕਨਵੈਨਸ਼ਨ ਵਿਚ ਸੀਟੀਯੂ ਪੰਜਾਬ, ਦਿਹਾਤੀ ਮਜ਼ਦੂਰ ਸਭਾ, ਜਮਹੂਰੀ ਕਿਸਾਨ ਸਭਾ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) 1406-22 ਬੀ ਚੰਡੀਗੜ੍ਹ, ਨਾਰਦਰਨ ਰੇਲਵੇ ਮੈਨਜ਼ ਯੂਨੀਅਨ, ਅੰਗਦ ਮੁਕਤੀ ਮੋਰਚਾ ਪੰਜਾਬ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ, ਪੰਜਾਬ ਸਟੂਡੈਂਟਸ ਫੈਡਰੇਸ਼ਨ ਤੇ ਹੋਰ ਭਰਾਤਰੀ ਸੰਗਠਨਾਂ ਦੇ ਸਰਗਰਮ ਕਾਰਕੁੰਨ ਸ਼ਾਮਲ ਹੋਣਗੇ। ਇਹ ਜਾਣਕਾਰੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਪ੍ਰੈਸ ਸਕੱਤਰ ਇੰਦਰਜੀਤ ਸਿੰਘ ਵਿਰਦੀ ਅਤੇ ਜ਼ੋਨਲ ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਰੰਗੀਲਪੁਰ ਅਤੇ ਸਮੁੱਚੀ ਟੀਮ ਨੇ ਇਕ ਸਾਂਝੇ ਬਿਆਨ ਰਾਹੀਂ ਦਿੱਤੀ ਹੈ।



ਕਨਵੈਨਸ਼ਨ ਸੂਬੇ ਦੀ ਭਗਵੰਤ ਸਿੰਘ ਮਾਨ ਸਰਕਾਰ ਵਲੋਂ ਜਾਰੀ ਕੀਤਾ ਕਿਰਤੀ ਵਿਰੋਧੀ ਨੋਟੀਫਿਕੇਸ਼ਨ ਰੱਦ ਕਰਵਾਉਣ ਲਈ ਤਿੱਖੇ ਤੇ ਬੱਝਵੇਂ, ਸਾਂਝੇ ਘੋਲਾਂ ਵੱਲ ਪੇਸ਼ ਕਦਮੀ ਦੇ ਉਦੇਸ਼ ਤਹਿਤ ਸੱਦੀ ਜਾ ਰਹੀ ਹੈ।ਇਸ ਤੋਂ ਇਲਾਵਾ ਕੇਂਦਰੀ ਟਰੇਡ ਯੂਨੀਅਨਾਂ ਤੇ ਆਜ਼ਾਦ ਫੈਡਰੇਸ਼ਨਾਂ ਦੇ ਸੱਦੇ ਤੇ ਆਉਂਦੀ 9 ਜੁਲਾਈ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦੀ ਲਾਮਿਸਾਲ ਕਾਮਯਾਬੀ ਲਈ ਠੋਸ ਯੋਜਨਾਬੰਦੀ ਉਲੀਕੀ ਜਾਵੇਗੀ।ਨਾਲ ਹੀ ਸਨਅਤੀ ਮਜ਼ਦੂਰਾਂ, ਬੇਜ਼ਮੀਨੇ-ਸਾਧਨਹੀਣ ਪੇਂਡੂ ਕਿਰਤੀਆਂ, ਕਿਸਾਨਾਂ, ਕੇਂਦਰੀ ਤੇ ਸੂਬਾਈ ਮੁਲਾਜ਼ਮਾਂ, ਦਿਹਾੜੀਆਂ, ਨੌਜਵਾਨਾਂ-ਵਿਦਿਆਰਥੀਆਂ, ਗੱਲ ਕੀ ਸਮੂਹ ਮਿਹਨਤਕਸ਼ ਲੋਕਾਂ ਦੇ ਪ੍ਰਤੀਨਿਧ ਸੰਗਠਨਾਂ ਵੱਲੋਂ ਲੜੇ ਜਾ ਰਹੇ ਨਿਆਂ ਸੰਗਤ ਘੋਲਾਂ ਨੂੰ ਪੁਲਿਸ ਜਬਰ ਰਾਹੀਂ ਫੇਲ੍ਹ ਕਰਨ ਦੀਆਂ ਹਕੂਮਤੀ ਸਾਜ਼ਿਸ਼ਾਂ ਦਾ ਸਾਬਤ ਕਦਮੀ ਟਾਕਰਾ ਕਰਨ ਦਾ ਵੀ ਠੋਸ ਐਲਾਨ ਕੀਤਾ ਜਾਵੇਗਾ।ਬਿਆਨ ਜਾਰੀ ਕਰਨ ਵਾਲੇ ਜਨਤਕ ਆਗੂਆਂ ਨੇ ਸੂਬਾ ਵਾਸੀਆਂ ਨੂੰ ਉਪਜਾਊ ਜ਼ਮੀਨਾਂ ਹਥਿਆਉਣ ਦੀ 'ਆਪ' ਸਰਕਾਰ ਦੀ ਕੋਝੀ ਮਨਸੂਬਾਬੰਦੀ ਖਿਲਾਫ ਲੜੇ ਜਾ ਰਹੇ ਸਾਂਝੇ ਜਨ ਸੰਗਰਾਮ ਦੀ ਡੱਟਵੀਂ ਹਿਮਾਇਤ ਕਰਨ ਦੀ ਅਪੀਲ ਕੀਤੀ ਹੈ।

## ਅੱਗ ਦੀ ਲਪੇਟ 'ਚ ਆਉਣ ਨਾਲ ਵਿਅਕਤੀ ਦੀ ਮੌਤ

ਧਾਰੀਵਾਲ/ਕਾਹਨੂੰਵਾਨ (ਮਨਦੀਪ ਸਿੰਘ ਵਿੱਕੀ)-ਕਸਬਾ ਕਾਹਨੂੰਵਾਨ ਵਿੱਚ ਇਕ ਵਿਅਕਤੀ ਆਪਣੇ ਘਰ ਵਿੱਚ ਬਾਥਰੂਮ ਵਾਲੇ ਕਮਰੇ ਦੀ ਛੱਤ ਉੱਪਰ ਰੱਖੇ ਬਾਲਣ ਵਿੱਚ ਲੱਗੀਆਂ ਜ਼ਹਿਰੀਲੀਆਂ ਭੂੰਡੀਆਂ/ਧਮੂੜੀਆਂ ਨੂੰ ਡੀਜ਼ਲ ਪਾ ਕੇ ਅੱਗ ਲਗਾਉਣ ਸਮੇਂ ਖੁਦ ਹੀ ਅੱਗ ਲੱਗਣ ਨਾਲ ਝੁਲਸ ਕੇ ਮਰ ਗਿਆ। ਮ੍ਰਿਤਕ ਦੀ ਪਛਾਣ ਦਲੀਪ ਸਿੰਘ ਉਰਫ ਦੀਪਾ (50) ਪੁੱਤਰ ਭੀਮ ਸਿੰਘ ਵਾਸੀ ਕਾਹਨੂੰਵਾਨ ਵਜੋਂ ਹੋਈ। ਜਾਣਕਾਰੀ ਅਨੁਸਾਰ ਮ੍ਰਿਤਕ ਦੀਆਂ ਦੋ ਲੜਕੀਆਂ ਹਨ, ਜੋ ਵਿਆਹੀਆਂ ਹੋਈਆਂ ਹਨ ਅਤੇ ਇਸ ਘਟਨਾ ਦੌਰਾਨ ਉਸਦੀ ਪਤਨੀ ਘਰੋਂ ਬਾਹਰ ਕਿਸੇ ਘਰੇਲੂ ਕੰਮ ਲਈ ਗਈ ਹੋਈ ਸੀ। ਪਿੱਛੋਂ ਉਹ (ਦਲੀਪ ਸਿੰਘ) ਆਪਣੇ ਘਰ ਵਿੱਚ ਇਕੱਲਾ ਸੀ। ਇਸ ਦੌਰਾਨ ਦਲੀਪ ਸਿੰਘ ਉਰਫ ਦੀਪਾ ਆਪਣੇ ਘਰ ਵਿੱਚ ਬਾਥਰੂਮ ਵਾਲੇ ਕਮਰੇ ਦੀ ਛੱਤ ਉਪਰ ਰੱਖੇ ਬਾਲਣ ਵਿੱਚ ਲੱਗੀਆਂ ਜ਼ਹਿਰੀਲੀਆਂ ਭੂੰਡੀਆਂ/ਧਮੂੜੀਆਂ ਨੂੰ ਲੱਕੜ ਦੀ ਪੌੜੀ 'ਤੇ ਚੜ੍ਹ ਕੇ ਡੀਜ਼ਲ ਪਾ ਕੇ ਅੱਗ ਲਗਾਉਣ



ਲੱਗਾ ਤਾਂ ਇਕਦਮ ਅੱਗ ਭੜਕਾ ਉਸ ਵੱਲ ਪਿਆ, ਜਿਸ ਤੋਂ ਬਚਾਅ ਲਈ ਉਹ ਪਿਛੇ ਹੱਟਣ ਕੋਸ਼ਿਸ਼ ਕੀਤਾ ਤਾਂ ਉਹ ਹੇਠਾਂ ਜ਼ਮੀਨ 'ਤੇ ਡਿੱਗ ਪਿਆ ਅਤੇ ਲੱਕੜ ਦੀ ਪੌੜੀ ਅਤੇ ਬਾਥਰੂਮ ਦੀ ਛੱਤ ਵਾਲਾ ਬਾਲਣ ਅੱਗ ਲੱਗੀ ਸਮੇਤ ਉਸ ਉੱਤੇ ਡਿੱਗਣ ਨਾਲ ਉਹ ਅੱਗ ਵਿੱਚ ਬੁਰੀ ਤਰ੍ਹਾਂ ਝੁਲਸ ਕੇ ਮੌਕੇ 'ਤੇ ਹੀ ਦਮ ਤੋੜ ਗਿਆ। ਇਸ ਹਾਦਸੇ ਦੌਰਾਨ ਬਾਥਰੂਮ ਦੇ ਕਮਰੇ ਕੋਲ ਪਈ ਵਾਸ਼ਿੰਗ ਮਸ਼ੀਨ ਵੀ ਸੜ ਗਈ।

ਮ੍ਰਿਤਕ ਦੀ ਪਤਨੀ ਨੇ ਦੱਸਿਆ ਕਿ ਉਹ ਦੁਪਹਿਰ ਦਾ ਖਾਣਾ ਬਣਾ ਕੇ ਕਿਸੇ ਦੇ ਘਰ ਕਿਸੇ ਕੰਮ ਗਈ ਸੀ ਕਿ ਕੁਝ ਦੇਰ ਬਾਅਦ ਆ ਕੇ ਇਕੱਠੇ ਖਾਣਾ ਖਾਣਗੇ, ਪਰ ਬਦਕਿਸਮਤੀ ਨਾਲ ਪਿੱਛੋਂ ਇਹ ਹਾਦਸਾ ਵਾਪਰ ਗਿਆ।

ਇਸ ਦਰਦਨਾਕ ਮੌਤ ਨਾਲ ਕਸਬਾ ਕਾਹਨੂੰਵਾਨ ਦੇ ਵਾਸੀਆਂ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਕਸਬਾ ਵਸੀਆਂ ਦੱਸਿਆ ਕਿ ਮ੍ਰਿਤਕ ਦਲੀਪ ਸਿੰਘ ਮਿਹਨਤ ਮਜ਼ਦੂਰੀ ਦਾ ਕੰਮ ਕਰਦਾ ਸੀ ਅਤੇ ਉਸ ਪਰਿਵਾਰ ਬੂਹਤ ਗਰੀਬ ਹੈ। ਮ੍ਰਿਤਕ ਦਲੀਪ ਸਿੰਘ ਦਾ ਅੰਤਮ ਸੰਸਕਾਰ ਕਰ ਦਿੱਤਾ ਗਿਆ ਹੈ।

## ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

ਨੰਗਲ (ਸੁਰਜੀਤ ਸਿੰਘ)- ਨਵਾਂ ਜ਼ਮਾਨਾ ਅਖਬਾਰ ਦੀ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਜਨਰਲ ਸਕੱਤਰ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੀ ਮੌਤ 'ਤੇ ਵੱਖ ਵੱਖ ਪੱਤਰਕਾਰਾਂ ਸਮੇਤ ਰਾਜਨੀਤਿਕ ਪਾਰਟੀ ਦੇ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਸ਼ੁਗਲੀ ਪਰਵਾਰ ਨਾਲ ਅਤੇ ਨਵਾਂ ਜ਼ਮਾਨਾ ਅਖਬਾਰ ਦੇ ਪ੍ਰਬੰਧਕਾਂ ਨਾਲ ਦੁੱਖ ਸਾਂਝਾ ਕਰਦਿਆਂ ਪੱਤਰਕਾਰ ਸੁਰਜੀਤ ਸਿੰਘ ਢੇਰ, ਸਤਨਾਮ ਸਿੰਘ ਸ਼ੇਰਾ, ਅਵੀ ਰਾਣਾ, ਪ੍ਰੈਸ ਕਲੱਬ ਦੇ ਪ੍ਰਧਾਨ ਰਕੇਸ਼ ਸੈਣੀ, ਪ੍ਰਧਾਨ ਗੁਰਭਾਗ ਸਿੰਘ, ਗੁਰਪ੍ਰੀਤ ਸਿੰਘ ਗਰੇਵਾਲ, ਪ੍ਰੀਤਮ ਸਿੰਘ ਬਰਾਰੀ,ਅਸ਼ੋਕ ਚੋਪੜਾ, ਕੁਲਵਿੰਦਰਜੀਤ ਸਿੰਘ ਭਾਟੀਆ, ਹਰਭਜਨ ਢਿੱਲੋਂ, ਜੁਝਾਰ ਸਿੰਘ ਭੱਲੜੀ,ਧਰਮ ਪਾਲ ਸੈਣੀ,ਰਣਵੀਰ ਸਿੰਘ ਸੈਣੀ, ਅਸ਼ੋਕ ਚੋਪੜਾ,ਰਾਜੇਸ਼ ਪਟਿਆਲ ,ਰਾਜ ਕੁਮਾਰ, ਸ਼ਿਵ ਰਾਣਾ, ਕਰਨ ਚੋਪੜਾ , ਪ੍ਰਿੰਸ, ਰਕੇਸ਼ ਰਾਣਾ ਸਮੇਤ ਹੋਰ ਮੀਡੀਆ ਨਾਲ ਜੁੜੇ ਸਾਥੀਆਂ ਨੇ ਇਸ ਮੌਤ 'ਤੇ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।ਸ਼ੁਗਲੀ ਜੀ ਆਪਣੀਆਂ ਲਿਖਤਾਂ ਵਿੱਚ ਹਮੇਸ਼ਾ ਹੱਕ ਸੱਚ ਤੇ ਸਰਲ ਭਾਸ਼ਾ ਵਿੱਚ ਪ੍ਰਭਾਵਸ਼ਾਲੀ ਲੇਖ ਲਿਖਦੇ ਸਨ। ਇਸੇ ਤਰ੍ਹਾਂ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਸੁਖਬੀਰ ਸਿੰਘ ਸੁੱਖਾ ,ਦਵਿੰਦਰ ਨੰਗਲੀ, ਗੁਰਨਾਮ ਸਿੰਘ ਔਲਖ, ਹਰੀ ਚੰਦ ਗੋਹਲਣੀ, ਮਹਿੰਗਾ ਰਾਮ ਐਮਏ, ਰਾਮਪਾਲ ਤਾਰਾਪੁਰ,ਸੀਪੀਆਈਐਮ ਦੇ ਜਿਲਾ ਸਕੱਤਰ ਬਜਿੰਦਰ ਪੰਡਤ, ਜਸਵਿੰਦਰ ਸਿੰਘ ਭੰਗਲ, ਗੁਰਦੇਵ ਸਿੰਘ ਬਾਗੀ ,ਪਵਨ ਕੁਮਾਰ ਚੱਕ ਕਰਮਾ, ਸਤਨਾਮ ਸਿੰਘ,ਰਕੇਸ਼ ਬਾਲੀ ਕਲਸੇੜਾ, ਮਹਿੰਦਰ ਸਿੰਘ ਸੰਗਤਪੁਰ, ਸੁਖਦੇਵ ਸਿੰਘ, ਰਘਵੀਰ ਸਿੰਘ ਦਰਸ਼ੀ, ਡਾਕਟਰ ਰਵਿੰਦਰ ਨਾਥ ਨੇ ਵੀ ਟਰੱਸਟੀ ਗੁਰਮੀਤ ਸਿੰਘ ਸ਼ੁਗਲੀ ਦੀ ਮੌਤ 'ਤੇ ਪਰਵਾਰ ਨਾਲ ਹਮਦਰਦੀ ਅਤੇ ਅਫਸੋਸ ਦਾ ਪ੍ਰਗਟਾਵਾ ਕੀਤਾ।



## ਗੁਰੂ ਨਾਨਕ ਦੇਵ ਹਸਪਤਾਲ ਉੱਤਰੀ ਭਾਰਤ 'ਚ ਵਿਲੱਖਣ ਸਰਜਰੀ ਕਰਨ ਵਾਲਾ ਬਣਿਆ ਪਲੇਠਾ ਸਰਕਾਰੀ ਹਸਪਤਾਲ: ਡੀ ਸੀ

ਅੰਮ੍ਰਿਤਸਰ/ਜੰਡਿਆਲਾ ਗੁਰੂ (ਨਰਿੰਦਰਜੀਤ ਸਿੰਘ/ਹਰਿੰਦਰ ਪਾਲ ਸਿੰਘ)-ਗੁਰੂ ਨਾਨਕ ਦੇਵ ਹਸਪਤਾਲ ਉੱਤਰੀ ਭਾਰਤ ਦਾ ਅਜਿਹਾ ਪਹਿਲਾ ਸਰਕਾਰੀ ਹਸਪਤਾਲ ਬਣ ਗਿਆ ਹੈ, ਜਿਸ ਨੇ 13 ਸਾਲਾ ਬੱਚੇ ਦੀ ਪੀਡੀਆਟ੍ਰਿਕ ਕਾਰਡੀਓਲੋਜੀ ਇੰਟਰਵੈਂਸ਼ਨ ਦੇ ਖੇਤਰ ਵਿੱਚ ਇਕ ਮੀਲ ਪੱਥਰ ਸਥਾਪਤ ਕੀਤਾ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਡਾਕਟਰ ਸੁਨੀਤ ਨੇ ਰਾਸ਼ਟਰੀ ਬਾਲ ਸਵਸਥ ਪ੍ਰੋਗਰਾਮ ਅਧੀਨ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਸੀ ਕਿ ਇਕ ਬੱਚਾ ਜੋ ਕਿ 13 ਸਾਲਾਂ ਦਾ ਹੈ, ਦੁਰਲੱਭ ਬਿਮਾਰੀ ਦਾ ਸ਼ਿਕਾਰ ਹੈ ।ਇਹ ਦਿਲ ਦੀ ਬਿਮਾਰੀ 10 ਲੱਖ ਬੱਚਿਆਂ ਵਿੱਚੋਂ ਕੇਵਲ ਇਕ ਬੱਚੇ ਨੂੰ ਹੁੰਦੀ ਹੈ, ਦੀ ਸਰਜਰੀ ਕਰਵਾਉਣੀ ਅਤਿ ਜਰੂਰੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਬੰਧੀ ਗੁਰੂ ਨਾਨਕ ਦੇਵ ਹਸਪਤਾਲ ਦੇ ਦਿਲ ਦੇ ਰੋਗਾਂ ਦੇ ਮਾਹਿਰ ਡਾ: ਪਰਮਿੰਦਰ ਸਿੰਘ ਨਾਲ ਗੱਲਬਾਤ ਕੀਤੀ ਅਤੇ ਡਾ: ਪਰਮਿੰਦਰ ਨੇ ਇਸ ਕੇਸ ਦੀ ਜਾਂਚ ਕਰਨ ਤੋਂ ਬਾਅਦ ਦੱਸਿਆ ਕਿ ਸਾਈਨਸ ਵੀਨੋਸਸ ਏਐਸਡ ਜਿਸ ਨਾਲ ਜੁੜੀ ਹੋਈ ਪਾਰਸ਼ੀਅਲ ਅਨੋਮਲਸ ਪਲਮੋਨਰੀ ਵੇਨ ਕਨੈਕਸ਼ਨ ਇੱਕ ਦੁਰਲੱਭ ਜਨਮ ਤੋਂ ਹੀ ਹੋਣ ਵਾਲੀ ਦਿਲ ਦੀ ਬੀਮਾਰੀ ਹੈ।ਇਸ ਰੋਗ ਨਾਲ



ਪੀੜਤ ਮਰੀਜ਼ ਅਕਸਰ ਸਾਹ ਲੈਣ ਵਿੱਚ ਤਕਲੀਫ਼, ਵਧਣ ਵਿੱਚ ਅਸਫਲਤਾ ਅਤੇ ਉਪਰੀ ਸਾਹ ਨਲੀ ਦੇ ਬਾਰ-ਬਾਰ ਹੋਣ ਵਾਲੇ ਇਨਫੈਕਸ਼ਨਜ਼ ਨਾਲ ਪੇਸ਼ ਆਉਂਦੇ ਹਨ।ਰਵਾਇਤੀ ਤੌਰ ਤੇ ਇਸ ਰੋਗ ਦਾ ਇਲਾਜ ਸਰਜਰੀ ਰਾਹੀਂ ਕੀਤਾ ਜਾਂਦਾ ਹੈ ਜਿਸ ਵਿੱਚ ਕਾਰਡੀਓ-ਪਲਮੋਨਰੀ ਬਾਈਪਾਸ ਦੀ ਲੋੜ ਪੈਂਦੀ ਹੈ ਅਤੇ ਕਈ ਵਾਰੀ ਇਹ ਕਾਰਵਾਈ ਨੋਡਲ ਡਿਸਫੰਕਸ਼ਨ ਅਤੇ ਰਿਹਾਈਸ਼ੀ ਲੀਕ ਵਰਗੀਆਂ ਜਟਿਲਤਾਵਾਂ ਨਾਲ ਭਰਪੂਰ ਹੁੰਦੀ ਹੈ ਅਤੇ ਇਹ ਦਿਲ ਦੀ ਜਨਮਜਾਤ ਬਿਮਾਰੀ ਪੂਰੇ ਸੰਸਾਰ ਵਿੱਚ ਕੇਵਲ 2 ਫੀਸਦੀ ਬੱਚਿਆਂ ਵਿੱਚ ਪਾਈ ਜਾਂਦੀ ਹੈ।ਡਾ: ਪਰਮਿੰਦਰ ਸਿੰਘ ਵੱਲੋਂ ਇਸ ਬੱਚੇ ਦੀ ਵਿਲੱਖਣ ਬਿਮਾਰੀ ਦੀ ਸਰਜਰੀ ਕੀਤੀ ਗਈ ਅਤੇ ਇਹ ਬੱਚਾ ਹੁਣ ਬਿਲਕੁਲ ਠੀਕ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਰੈੱਡ ਕਰਾਸ ਦੀ ਸਹਾਇਤਾ ਨਾਲ ਇਸ ਬੱਚੇ ਦੀ ਦੁਰਲੱਭ ਸਰਜਰੀ ਕਰਵਾਈ ਗਈ ਹੁਣ ਇਹ ਬੱਚਾ ਇਹ ਬਿਮਾਰੀ ਤੋਂ ਮੁਕਤ ਹੋ ਗਿਆ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਰੈੱਡ ਕਰਾਸ ਦੀ ਸਹਾਇਤਾ ਨਾਲ 2.5 ਲੱਖ ਰੁਪਏ ਦਾ ਚੈਕ ਹਸਪਤਾਲ ਨੂੰ ਦਿੱਤਾ ਗਿਆ। ਉਨ੍ਹਾਂ ਨੇ ਬੱਚੇ ਨਾਲ ਮੁਲਾਕਾਤ ਵੀ ਕੀਤੀ ਅਤੇ ਉਸ ਨੂੰ ਆਪਣੀਆਂ ਸ਼ੁਭ ਇਛਾਵਾਂ ਦਿੱਤੀਆਂ।ਇਸ ਮੌਕੇ ਵਿਧਾਇਕ ਡਾ: ਅਜੇ ਗੁਪਤਾ ਵੀ ਵਿਸ਼ੇਸ਼ ਤੌਰ ਤੇ ਪੁੱਜੇ।ਡਾ: ਗੁਪਤਾ ਨੇ ਕਿਹਾ ਕਿ ਬੜੇ ਫਖਰ ਦੀ ਗੱਲ ਹੈ ਕਿ ਗੁਰੂ ਨਾਨਕ ਦੇਵ ਹਸਪਤਾਲ ਉੱਤਰੀ ਭਾਰਤ ਦਾ ਪਹਿਲਾ ਅਜਿਹਾ ਸਰਕਾਰੀ ਹਸਪਤਾਲ ਬਣ ਗਿਆ ਜਿਸ ਨੇ ਇਸ ਵਿਲੱਖਣ ਬਿਮਾਰੀ ਦਾ ਇਲਾਜ ਕੀਤਾ ਹੈ।ਡਾ: ਗੁਪਤਾ ਵੱਲੋਂ ਦਿਲ ਦੇ ਰੋਗਾਂ ਦੇ ਮਾਹਿਰ ਡਾ: ਪਰਮਿੰਦਰ ਸਿੰਘ, ਪ੍ਰਿੰਸੀਪਲ ਮੈਡੀਕਲ ਕਾਲਜ ਡਾ: ਰਾਜੀਵ ਦੇਵਗਨ, ਡਿਪਟੀ ਮੈਡੀਕਲ ਸੁਪਰਡੰਟ, ਡਾ: ਆਈਪੀਐਸ ਗਰੋਵਰ ਅਤੇ ਸਮੂਹ ਨਰਸਿੰਗ ਸਟਾਫ ਦਾ ਧੰਨਵਾਦ ਕੀਤਾ।

## ਸਿਵਲ ਹਸਪਤਾਲ 'ਚ ਮਨਾਇਆ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਸਿਵਲ ਹਸਪਤਾਲ ਕਾਦੀਆਂ ਦੇ ਵਿੱਚ ਸਮੂਹ ਡਾਕਟਰਾਂ ਦੀ ਟੀਮ ਦੇ ਵੱਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਬੜੀ ਹੀ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ ਜਿਸ ਵਿੱਚ ਸਭ ਤੋਂ ਪਹਿਲਾਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਇਸ ਉਪਰੰਤ ਡਾਕਟਰਾਂ ਦੀ ਟੀਮ ਦੇ ਵੱਲੋਂ ਤੇ ਸਟਾਫ ਮੈਂਬਰਾਂ ਦੇ ਵੱਲੋਂ ਮਰੀਜ਼ਾਂ ਦੇ ਲਈ ਅਤੇ ਸੰਗਤਾਂ ਦੇ ਲਈ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਡਾਕਟਰਾਂ ਦੀ ਟੀਮ ਵਿੱਚ ਡਾਕਟਰ ਸ਼ੁਭਨੀਤ ਕੁਮਾਰ ਮੈਡੀਕਲ ਅਫਸਰ ਕਾਦੀਆਂ, ਡਾਕਟਰ ਪੱਲਵੀ, ਕੁਲਦੀਪ ਸਿੰਘ, ਇੰਦਰਜੀਤ ਸਿੰਘ, ਸਰਵਨ ਸਿੰਘ, ਰਾਜਵਿੰਦਰ ਕੌਰ, ਐਜਕ ਮਸੀਹ, ਬਲਜਿੰਦਰ ਸਿੰਘ, ਰਮਨਦੀਪ ਕੌਰ ਨੇ ਸਾਂਝੇ ਤੌਰ ਤੇ ਕਿਹਾ ਕਿ ਸਾਨੂੰ ਹਮੇਸ਼ਾ ਆਪਣੇ ਗੁਰੂਆਂ ਦੀਆਂ ਸ਼ਹੀਦੀਆਂ ਨੂੰ ਯਾਦ ਰੱਖਣਾ ਚਾਹੀਦਾ ਅਤੇ ਇਸੇ ਤਰ੍ਹਾਂ ਹੀ ਸ਼ਹੀਦੀ ਦਿਹਾੜੇ ਅਤੇ ਪ੍ਰਕਾਸ਼ ਦਿਹਾੜੇ ਮਨਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਵੱਲੋਂ ਦਿੱਤੀ ਗਈ ਸ਼ਹੀਦੀ ਨੂੰ ਕਦੇ ਵੀ ਭੁੱਲਣਾ ਨਹੀਂ ਚਾਹੀਦਾ ਅਤੇ ਸਾਨੂੰ ਆਪਣੇ ਬੱਚਿਆਂ ਨੂੰ ਹਮੇਸ਼ਾ ਹੀ ਧੰਨ ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਬਾਰੇ ਜਾਣਕਾਰੀ ਦਿੰਦੇ ਰਹਿਣਾ ਚਾਹੀਦਾ ਕਿਉਂਕਿ ਉਨ੍ਹਾਂ ਦੀ ਇਸ ਲਾਸਾਨੀ ਸ਼ਹਾਦਤ ਨੂੰ ਹਮੇਸ਼ਾ ਹੀ ਸਿੱਖ ਕੌਮ ਦੇ ਵੱਲੋਂ ਯਾਦ ਰੱਖਿਆ ਜਾਂਦਾ ਅਤੇ ਅੱਜ ਹਰ ਧਰਮ ਦੇ ਲੋਕਾਂ ਵੱਲੋਂ ਉਨਾਂ ਦੀ ਸ਼ਹੀਦੀ ਮੌਕੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਜਾਂਦੀ ਹੈ।



## ਕੇਨਰਾ ਰੋਬੇਕੋ ਏਐੱਮਸੀ ਵੱਲੋਂ ਨਿਵੇਸ਼ ਬੱਸ ਯਾਤਰਾ ਸ਼ੁਰੂ ਕਰਨ ਦਾ ਐਲਾਨ

ਲੁਧਿਆਣਾ:ਏਸੈੱਟ ਮੈਨੇਜਮੈਂਟ ਕੰਪਨੀ ਕੇਨਰਾ ਰੋਬੇਕੋ ਏਐੱਮਸੀ (ਕੇਨਰਾ ਰੋਬੇਕੋ ਮਿਊਚੁਅਲ ਫੰਡ ਦੀ ਨਿਵੇਸ਼ ਪ੍ਰਬੰਧਕ) ਨੇ ਪੰਜਾਬ ਵਿੱਚ ਮਿਊਚੁਅਲ ਫੰਡਾਂ ਪ੍ਰਤੀ ਜਾਗਰੂਕਤਾ ਵਧਾਉਣ ਲਈ ਨਿਵੇਸ਼ ਬੱਸ ਯਾਤਰਾ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਇਸ ਯਾਤਰਾ ਦਾ ਮਕਸਦ ਆਮ ਲੋਕਾਂ ਨੂੰ ਸੌਖੀ ਭਾਸ਼ਾ ਵਿੱਚ ਮਿਊਚੁਅਲ ਫੰਡ ਵਿੱਚ ਨਿਵੇਸ਼ ਦੇ ਫਾਇਦੇ, ਲੋੜੀਂਦੀਆਂ ਸਾਵਧਾਨੀਆਂ ਅਤੇ ਮਹੱਤਵਪੂਰਨ ਜਾਣਕਾਰੀਆਂ ਦੇ ਕੇ ਬਿਹਤਰ ਆਰਥਿਕ ਫੈਸਲੇ ਲੈਣ ਵਿੱਚ ਸਮਰਥ ਬਣਾਉਣਾ ਹੈ। ਇਹ ਬੱਸ ਆਪਣੀ ਯਾਤਰਾ ਮੋਹਾਲੀ ਤੋਂ ਸ਼ੁਰੂ ਕਰੇਗੀ ਅਤੇ ਅਗਲੇ 24 ਦਿਨਾਂ ਵਿੱਚ ਮੋਹਾਲੀ, ਚੰਡੀਗੜ੍ਹ, ਪੰਚਕੂਲਾ, ਪਟਿਆਲਾ, ਲੁਧਿਆਣਾ, ਜਲੰਧਰ ਅਤੇ ਅੰਮ੍ਰਿਤਸਰ ਸਮੇਤ ਰਾਜ ਦੇ ਮੁੱਖ ਸ਼ਹਿਰਾਂ ਵਿੱਚੋਂ ਗੁਜ਼ਰੇਗੀ।ਕੇਨਰਾ ਰੋਬੇਕੋ ਏਐੱਮਸੀ ਦੇ ਮੈਨੇਜਿੰਗ ਡਾਇਰੈਕਟਰ ਅਤੇ ਸੀਈਓ ਰਜਨੀਸ਼ ਨਰੂਲਾ ਨੇ ਕਿਹਾ ਕਿ ਨਿਵੇਸ਼ ਦੀ ਦੁਨੀਆ ਵਿੱਚ ਗਿਆਨ ਤੋਂ ਕੀਮਤੀ ਕੁਝ ਨਹੀਂ ਹੁੰਦਾ। ਇੱਕ ਸੂਝਵਾਨ ਨਿਵੇਸ਼ਕ ਨਾ ਸਿਰਫ ਆਪਣੇ ਲਈ ਚੰਗੇ ਫੈਸਲੇ ਲੈਂਦਾ ਹੈ, ਸਗੋਂ ਇੱਕ ਮਜ਼ਬੂਤ ਅਤੇ ਸਰਗਰਮ ਵਿੱਤੀ ਪ੍ਰਣਾਲੀ ਦੀ ਨਿਰਮਾਣ ਵਿਚ ਵੀ ਯੋਗਦਾਨ ਪਾਉਂਦਾ ਹੈ।

# ਪਾਵਨ ਸਰੂਪਾਂ ਦੇ ਪ੍ਰਕਾਸ਼ਨ ਲਈ ਨਵੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਦਾ ਉਦਘਾਟਨ

### * ਸੰਗਤ ਦੀ ਸੇਵਾ ਲਈ ਕਾਰਜ ਕਰਨੇ ਸ਼੍ਰੋਮਣੀ ਕਮੇਟੀ ਦਾ ਮੁੱਢਲਾ ਫ਼ਰਜ਼ : ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਦੇ ਨਵੀਨੀਕਰਨ ਕੀਤੇ ਅਸਥਾਨ, ਪਬਲੀਕੇਸ਼ਨ ਵਿਭਾਗ ਦੇ ਦਫ਼ਤਰ ਤੇ ਗੁਰਮਤਿ ਲਿਟਰੇਚਰ ਹਾਊਸ ਦੇ ਨਾਲ-ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਛਪਾਈ ਲਈ ਆਧੁਨਿਕ ਮਸ਼ੀਨ ਦਾ ਉਦਘਾਟਨ ਕੀਤਾ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਕਾਰਸੇਵਾ ਭੂਰੀਵਾਲੇ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਬਾਬਾ ਸੁੱਚਾ ਸਿੰਘ ਤੇ ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਵਾਲੇ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸੁਰਜੀਤ ਸਿੰਘ ਭਿੱਟੇਵੱਡ, ਹਰਜਾਪ ਸਿੰਘ ਸੁਲਤਾਨਵਿੰਡ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਗੁਰਮੀਤ ਸਿੰਘ ਬੂਹ, ਸਕੱਤਰ ਪ੍ਰਤਾਪ ਸਿੰਘ, ਓਐਸਡੀ ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨੂੰ ਮੁੱਖ ਰੱਖਦਿਆਂ ਪਾਵਨ ਸਰੂਪਾਂ ਦੇ ਪ੍ਰਕਾਸ਼ਨ, ਸੇਵਾ ਸੰਭਾਲ ਤੇ ਰੱਖ-ਰਖਾਵ ਲਈ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸਥਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਦੇ ਚਾਰ ਨੰਬਰ ਹਾਲ ਨੂੰ ਆਧੁਨਿਕ ਤਰੀਕੇ ਨਾਲ ਤਿਆਰ ਕਰਵਾਉਣ ਦਾ ਫੈਸਲਾ ਕੀਤਾ ਗਿਆ ਸੀ, ਜਿਸ ਦੀ ਸੇਵਾ ਬਾਬਾ ਕਸ਼ਮੀਰ ਸਿੰਘ ਕਾਰਸੇਵਾ ਭੂਰੀਵਾਲਿਆਂ ਵੱਲੋਂ ਕਰਵਾਈ ਗਈ ਹੈ। ਇਸੇ ਤਰ੍ਹਾਂ ਪਬਲੀਕੇਸ਼ਨ ਵਿਭਾਗ ਦੇ ਦਫ਼ਤਰ ਅਤੇ ਲਿਟਰੇਚਰ ਹਾਊਸ ਨੂੰ ਵੀ ਨਵੇਂ ਸਿਰਿਉਂ ਤਿਆਰ ਕੀਤਾ ਗਿਆ ਹੈ।



ਇਸ ਇਮਾਰਤ ਦੀ ਸੇਵਾ ਬਾਬਾ ਸੁੱਚਾ ਸਿੰਘ ਤੇ ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਵਾਲਿਆਂ ਨੂੰ ਸੌਂਪੀ ਸੀ। ਉਦਘਾਟਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖ ਕੌਮ ਦੀ ਆਸਥਾ ਦਾ ਧੁਰਾ ਹਨ, ਜਿਸ ਦੇ ਅਦਬ-ਸਤਿਕਾਰ ਨੂੰ ਕਾਇਮ ਰੱਖਣਾ ਸਿੱਖ ਸੰਸਥਾ ਦੀ ਵੱਡੀ ਜ਼ੁੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦਾ ਪ੍ਰਕਾਸ਼ਨ ਕੇਵਲ ਸ਼੍ਰੋਮਣੀ ਕਮੇਟੀ ਹੀ ਕਰਦੀ ਹੈ, ਜਿਥੋਂ ਪਾਵਨ ਸਰੂਪ ਮਰਯਾਦਾ ਅਨੁਸਾਰ ਸੰਗਤਾਂ ਤੱਕ ਪਹੁੰਚਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਭਵਨ ਦੇ ਨਵੀਨੀਕਰਨ ਦਾ ਮੁੱਖ ਉਦੇਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ਨ ਅਤੇ ਸੰਭਾਲ ਦੀ ਪ੍ਰਕਿਰਿਆ ਨੂੰ ਹੋਰ ਸੁਚਾਰੂ ਅਤੇ ਮਰਯਾਦਾ ਪੂਰਨ ਬਣਾਉਣਾ ਹੈ। ਨਵੇਂ ਢਾਂਚੇ ਵਿਚ ਆਧੁਨਿਕ ਤਕਨੀਕਾਂ ਅਤੇ ਸਹੂਲਤਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਪਾਵਨ ਸਰੂਪਾਂ ਦੀ ਸੇਵਾ ਸੰਭਾਲ ਵਿਚ ਪੂਰਨ ਸੁਰੱਖਿਆ ਅਤੇ ਸਤਿਕਾਰ ਨੂੰ ਯਕੀਨੀ ਬਣਾਇਆ ਜਾ ਸਕੇਗਾ। ਇਸੇ ਤਰ੍ਹਾਂ ਪਬਲੀਕੇਸ਼ਨ ਵਿਭਾਗ ਦਾ ਨਵਾਂ ਦਫ਼ਤਰ ਅਤੇ ਲਿਟਰੇਚਰ ਹਾਊਸ ਸਿੱਖ ਸਾਹਿਤ ਨੂੰ ਸੰਗਤ ਤੱਕ ਪਹੁੰਚਾਉਣ ਦਾ ਜ਼ਰੀਆ ਬਣੇਗਾ। ਇਥੋਂ ਸੰਗਤਾਂ ਗੁਰਬਾਣੀ ਦੀਆਂ ਪਾਵਨ ਪੋਥੀਆਂ ਅਤੇ ਗੁਰਮਤਿ ਲਿਟਰੇਚਰ ਪ੍ਰਾਪਤ ਕਰ ਸਕਣਗੀਆਂ। ਐਡਵੋਕੇਟ ਧਾਮੀ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਛਪਾਈ ਲਈ ਆਧੁਨਿਕ ਮਸ਼ੀਨ ਦੀ ਵੀ ਸ਼ੁਰੂਆਤ ਕੀਤੀ ਗਈ ਹੈ। ਇਸ ਮਸ਼ੀਨ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਵੇਲੇ ਇਕ 'ਸੇਵਾ ਪਛਾਣ ਅੰਕ' ਕੋਡ ਦੇ ਰੂਪ ਵਿਚ ਅੰਕਿਤ ਕੀਤਾ ਜਾਵੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਕਾਰਸੇਵਾ ਵਾਲੇ ਮਹਾਂਪੁਰਖਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਮੀਤ ਸਕੱਤਰ ਹਰਭਜਨ ਸਿੰਘ, ਮਨਜੀਤ ਸਿੰਘ, ਐਕਸੀਅਨ ਜਤਿੰਦਰਪਾਲ ਸਿੰਘ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਜਤਿੰਦਰਪਾਲ ਸਿੰਘ, ਜਸਵਿੰਦਰ ਸਿੰਘ ਆਸਟ੍ਰੇਲੀਆ, ਇੰਚਾਰਜ ਸੁਖਦੀਪ ਸਿੰਘ, ਐਸਡੀਓਸੁਖਬੀਰ ਸਿੰਘ, ਗੋਲਡਨ ਆਫ਼ਸੈਟ ਪ੍ਰੈਸ ਦੇ ਮੈਨੇਜਰ ਸੰਦੀਪ ਸਿੰਘ ਤੇ ਹੋਰ ਮੌਜੂਦ ਸਨ।

## ਸਤਿਗੁਰ ਕਬੀਰ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਦੋ ਰੋਜ਼ਾ ਧਾਰਮਿਕ ਸਮਾਗਮ ਅੱਜ ਤੇ ਭਲਕ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪ੍ਰਬੰਧਕ ਕਮੇਟੀ ਸਤਿਗੁਰ ਕਬੀਰ ਮੰਦਿਰ (ਰਜਿ.) ਫੱਜੂਪੁਰ, ਧਾਰੀਵਾਲ ਵੱਲੋਂ ਸਤਿਗੁਰੂ ਕਬੀਰ ਜੀ ਦੇ 627ਵੇਂ ਪ੍ਰਕਾਸ਼ ਪੁਰਬ ਸਬੰਧੀ ਦੋ ਰੋਜ਼ਾ ਧਾਰਮਿਕ ਸਮਾਗਮ 10 ਅਤੇ 11 ਜੂਨ ਨੂੰ ਕਰਵਾਇਆ ਜਾ ਰਿਹਾ ਹੈ ਜਦਕਿ 10 ਜੂਨ ਨੂੰ ਵਿਸ਼ਾਲ ਨਗਰ ਕੀਰਤਨ ਕੱਢਿਆ ਜਾ ਰਿਹਾ ਹੈ। ਸਮਾਗਮਾਂ ਦੇ ਸੁਚਾਰੂ ਪ੍ਰਬੰਧਾਂ ਸਬੰਧੀ ਕਮੇਟੀ ਦੇ ਅਹੁਦੇਦਾਰਾਂ ਦੀ ਜ਼ਰੂਰੀ ਮੀਟਿੰਗ ਸਤਿਗੁਰੂ ਕਬੀਰ ਮੰਦਿਰ ਫੱਜੂਪੁਰ ਵਿਖੇ ਕਮੇਟੀ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ ਦੀ ਅਗਵਾਈ ਹੇਠ ਹੋਈ। ਇਸ ਮੌਕੇ ਕਮੇਟੀ ਪ੍ਰਧਾਨ ਅਸ਼ਵਨੀ ਫੱਜੂਪੁਰ, ਸੈਕਟਰੀ ਗੁਰਬਚਨ ਸਿੰਘ ਜ਼ਿਲ੍ਹੇਦਾਰ, ਸੀਨੀਅਰ ਮੀਤ ਪ੍ਰਧਾਨ ਪ੍ਰੇਮਪਾਲ ਪੰਮਾ, ਕੈਸ਼ੀਅਰ ਪ੍ਰੇਮਪਾਲ ਅਹਿਮਦਾਬਾਦ ਨੇ ਸਾਂਝੇ ਤੌਰ ਤੇ ਦੱਸਿਆ ਕਿ ਸਮਾਗਮਾਂ ਦੇ ਸੁਚਾਰੂ ਪ੍ਰਬੰਧਾਂ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ। ਉਹਨਾਂ ਦੱਸਿਆ ਕਿ ਪ੍ਰਕਾਸ਼ ਪੁਰਬ ਸਬੰਧੀ 10 ਜੂਨ ਨੂੰ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਤਿਗੁਰੂ ਕਬੀਰ ਮੰਦਿਰ ਫੱਜੂਪੁਰ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਵੱਖ-ਵੱਖ ਪਿੰਡਾਂ ਤੋਂ ਹੁੰਦਾ ਹੋਇਆ ਵਾਪਸ ਆਰੰਭਕ ਸਥਾਨ ਤੇ ਸਮਾਪਤ ਹੋਵੇਗਾ। ਸਤਿਗੁਰੂ ਕਬੀਰ ਮੰਦਿਰ ਫੱਜੂਪੁਰ ਵਿਖੇ ਧਾਰਮਿਕ ਸਮਾਗਮਾਂ ਦੌਰਾਨ 10 ਜੂਨ ਰਾਤ ਨੂੰ ਭਾਈ ਦੀਨਾ ਨਾਥ ਭਗਤ ਅਤੇ 11 ਜੂਨ ਨੂੰ ਦੁਪਹਿਰ ਸਮੇਂ ਭਾਈ ਲਖਵਿੰਦਰ ਸਿੰਘ ਨੌਸ਼ਹਿਰਾ ਸਾਹਿਬ ਵਾਲੇ ਅਤੇ ਰਾਤ ਨੂੰ ਭਾਈ ਗੁਰਦਿਆਲ ਸਿੰਘ ਲੇਹਲ ਗਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਕਮੇਟੀ ਪ੍ਰਧਾਨ ਅਸ਼ਵਨੀ ਫੱਜੂਪੁਰ ਨੇ ਦੱਸਿਆ ਕਿ ਸਮਾਗਮ ਵਿੱਚ ਸਾਮਲ ਹੋਣ ਲਈ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਮਹਿੰਦਰ ਭਗਤ ਜੀ ਨੂੰ ਸੱਦਾ ਪੱਤਰ ਦਿੱਤਾ ਗਿਆ ਹੈ ਅਤੇ ਉਨ੍ਹਾਂ ਕਿਹਾ ਕਿ ਉਹ ਸਮਾਗਮ ਵਿੱਚ ਜ਼ਰੂਰ ਪਹੁੰਚਣਗੇ। ਮੀਟਿੰਗ ਵਿੱਚ ਨੰਬਰਦਾਰ ਕੀਮਤੀ ਲਾਲ, ਸੁਭਾਸ਼ ਚੰਦਰ ਸੀਐੱਚਟੀ, ਭਗਤ ਦੀਨਾ ਨਾਥ, ਹਰੀ ਰਾਮ ਭਗਤ, ਸਾਈਂ ਦਾਸ ਭਗਤ, ਪ੍ਰੇਮ ਸਿੰਘ ਬੇਦੀ ਕਲੋਨੀ, ਰਾਜ ਕੁਮਾਰ ਥਾਣੇਦਾਰ, ਪ੍ਰੇਮਪਾਲ ਨੰਬਰਦਾਰ ਲੇਹਲ, ਦਰਸ਼ਨ ਭਗਤ, ਰਾਮ ਕ੍ਰਿਸ਼ਨ, ਕੁੰਦਨ ਲਾਲ ਸੇਵਾਦਾਰ, ਸੁਖਦੇਵ ਸਿੰਘ ਸਾਬਕਾ ਸਰਪੰਚ, ਹਰਮੀਤ ਭਗਤ ਬਲਵਿੰਦਰ ਬਿੰਦਾ, ਤਲਵਿੰਦਰ ਪਾਲ, ਮਾਸਟਰ ਜਨਕ ਰਾਜ, ਇੰਸਪੈਕਟਰ ਚੂਨੀ ਲਾਲ, ਦੇਸ ਰਾਜ ਭਗਤ, ਬਲਵਿੰਦਰ ਖੁੰਡੀ ਆਦਿ ਹਾਜ਼ਰ ਸਨ।



## ਸਹਾਇਕ ਗਵਰਨਰ ਵਿਜੇ ਭਸੀਨ ਪਰਾਈਡ ਆਫ ਰੋਟਰੀ ਐਵਾਰਡ ਨਾਲ ਸਨਮਾਨਿਤ

ਅੰਮ੍ਰਿਤਸਰ (ਅਰੋੜਾ)-ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਵਿਸ਼ਵ ਦੀ ਸਭ ਤੋਂ ਵੱਡੀ ਸਮਾਜ ਸੇਵੀ ਸੰਸਥਾ ਰੋਟਰੀ ਕਲੱਬਾਂ ਵਿੱਚ ਰਹਿ ਕੇ ਦੇਸ਼ ਅਤੇ ਸਮਾਜ ਭਾਈ ਕੰਮਾ ਦੇ ਲਈ ਮੋਹਰੇ ਰਹਿਣ ਵਾਲੇ ਅਹੁਦੇਦਾਰਾਂ ਨੂੰ ਸਨਮਾਨਿਤ ਕਰਨ ਵਾਲੀ ਪ੍ਰਥਾ ਚੱਲਦੀ ਆ ਰਹੀ ਹੈ।ਇਸ ਪ੍ਰਥਾ ਦੇ ਚੱਲਦੇ ਰੋਟਰੀ 3070 ਦੇ ਵੱਲੋਂ ਕਰਵਾਏ ਸਨਮਾਨ ਸਮਾਗਮ ਵਿੱਚ ਕਈ ਪ੍ਰਧਾਨ, ਅਹੁਦੇਦਾਰਾਂ ਦੇ ਨਾਲ ਨਾਲ ਸਹਾਇਕ ਗਵਰਨਰਾਂ ਨੂੰ ਵੀ ਸਨਮਾਨਿਤ ਕੀਤਾ ਗਿਆ।ਇਸ ਸਨਮਾਨ ਸਮਾਗਮ ਵਿੱਚ ਰੋਟਰੀ 3070 ਦੇ ਮੌਜੂਦਾ ਗਵਰਨਰ ਡਾ. ਪੀ. ਐੱਸ. ਗਰੋਵਰ ਦੀ ਪ੍ਰਧਾਨਗੀ ਹੇਠ ਸਨਮਾਨ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਰੋਟਰੀ ਕਲੱਬ ਨਾਰਥ ਦੇ ਸਾਬਕਾ ਪ੍ਰਧਾਨ ਅਤੇ 2 ਵਾਰ ਬੈਸਟ ਪ੍ਰਧਾਨ ਦੇ ਐਵਾਰਡ ਨਾਲ ਸਨਮਾਨਿਤ ਹੋਣ ਵਾਲੇ ਸਾਬਕਾ ਜਿਲਾ ਖਜਾਨਾ ਅਧਿਕਾਰੀ ਰੋਟਰੀ ਦੇ ਮੌਜੂਦਾ ਸਹਾਇਕ ਗਵਰਨਰ ਰੋਟੇਰੀਅਨ ਵਿਜੇ ਭਸੀਨ ਜੀ ਨੂੰ ਰੋਟਰੀ 3070 ਵੱਲੋਂ ਪਰਾਈਡ ਆਫ ਰੋਟਰੀ ਦੇ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ।ਸਨਮਾਨਿਤ ਹੋ ਕੇ ਵਾਪਿਸ ਗੁਰੂ ਦੀ ਨਗਰੀ ਆਉਣ ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਤੇ ਡਾ. ਪੀ. ਐੱਸ. ਗਰੋਵਰ ਦੇ ਨਾਲ ਉਨ੍ਹਾਂ ਦੀ ਧਰਮਪਤਨੀ ਰੋਟਰੀ ਦੇ ਪਹਿਲੀ ਮਹਿਲਾ ਬਲਵਿੰਦਰ ਕੌਰ ਗਰੋਵਰ ਅਤੇ ਵੱਖ ਵੱਖ ਰੋਟਰੀ ਕਲੱਬਾਂ ਦੇ ਅਹੁਦੇਦਾਰ ਅਤੇ ਮੈਂਬਰ ਮੌਜੂਦ ਸਨ।



## ਬੱਸੀ ਤੋਂ ਦੀਨਾਨਗਰ ਘਰੋਟਾ ਦੀ ਖਸਤਾ ਹਾਲ ਸੜਕ ਦਾ ਨਵ-ਨਿਰਮਾਣ ਕਾਰਜ ਸ਼ੁਰੂ

ਪਠਾਨਕੋਟ 9 ਜੂਨ (ਦਵਿੰਦਰ ਸਿੰਘ)-ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਪਿੰਡ ਬੱਸੀ ਤੋਂ ਘਰੋਟਾ-ਦੀਨਾਨਗਰ ਰੋਡ ਦੀ ਉਸਾਰੀ ਕਰੀਬ 13-14 ਸਾਲ ਬਾਅਦ ਹੋਣ ਲੱਗੀ ਹੈ ਅਤੇ ਤੀਸਰੀ ਸਰਕਾਰ ਨੇ ਆ ਕੇ ਇਸ ਰੋਡ ਦੀ ਸੁਧ ਲਈ ਹੈ। ਲੋਕਾਂ ਨੂੰ ਖਸਤਾ ਹਾਲਤ ਰੋਡ ਕਰਕੇ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਪਿੰਡ ਬੱਸੀ ਵਿਖੇ ਰੋਡ ਦੇ ਨਵਨਿਰਮਾਣ ਦਾ ਨੀਂਹ ਪੱਥਰ ਰੱਖਣ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਖੁਸਬੀਰ ਕਾਟਲ, ਨਰੇਸ ਸੈਣੀ ਜਿਲ੍ਹਾ ਪ੍ਰਧਾਨ ਬੀ.ਸੀ. ਵਿੰਗ, ਸਰਪੰਚ ਮਨਦੀਪ ਸਿੰਘ, ਸਰਪੰਚ ਝੰਨਕਾਰ ਸਿੰਘ, ਸਰਪੰਚ ਰਜਨੀਸ਼ ਕੁਮਾਰ ਅਤੇ ਹੋਰ ਪਾਰਟੀ ਦੇ ਕਾਰਜ ਕਰਤਾ ਵੀ ਹਾਜ਼ਰ ਸਨ। ਇਸ ਮੌਕੇ ਜਾਣਕਾਰੀ ਦਿੰਦਿਆਂ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੀ ਇੱਕ ਸੜਕ ਜੋ ਪਿਛਲੇ ਕਰੀਬ 13-14 ਸਾਲ ਤੋਂ ਬਣਾਈ ਨਹੀਂ ਗਈ ਸੀ ਅਤੇ ਖਸਤਾ ਹਾਲਤ ਹੋਣ ਕਰਕੇ ਲੋਕਾਂ ਨੂੰ ਭਾਰੀ ਪ੍ਰੇਸਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਸਰਕਾਰਾਂ ਆਈਆਂ ਤੇ ਚਲੀਆਂ ਗਈਆਂ ਪਰ ਸੜਕ ਵੱਲ ਕਿਸੇ ਵੀ ਸਰਕਾਰ ਦਾ ਧਿਆਨ ਨਹੀਂ ਗਿਆ ਅਤੇ ਅੱਜ ਕਰੀਬ ਤੀਸਰੀ ਸਰਕਾਰ ਦੇ ਦੌਰਾਨ ਇਸ ਸੜਕ ਦਾ ਨਿਰਮਾਣ ਕਾਰਜ ਹੋਣ ਲੱਗਾ ਹੈ। ਉਨ੍ਹਾਂ ਕਿਹਾ ਕਿ ਅੱਜ ਇਸ ਸੜਕ ਦਾ ਪੰਚਾਇਤ ਦੀ ਅਤੇ ਆਹੁਦੇਦਾਰਾਂ ਦੀ ਹਾਜਰੀ ਵਿੱਚ ਕਾਰਜ ਸ਼ੁਰੂ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਮੈਂ ਧੰਨਵਾਦ ਕਰਦਾ ਹਾਂ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦਾ ਜਿਨ੍ਹਾਂ ਵਿਧਾਨ ਸਭਾ ਹਲਕਾ ਭੋਆ ਨੂੰ ਵੱਡੀਆਂ ਸੌਗਾਤਾਂ ਦਿੱਤੀਆਂ ਹਨ ਵੱਡੇ ਪ੍ਰੋਜੈਕਟ ਦਿੱਤੇ ਹਨ। ਉਨ੍ਹਾਂ ਕਿਹਾ ਕਿ ਇਸ 1.5 ਕਿਲੋਮੀਟਰ ਰੋਡ ਤੇ ਕਰੀਬ 57 ਲੱਖ ਰੁਪਏ ਖਰਚ ਕੀਤੇ ਜਾਣੇ ਹਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਲਈ 74 ਸੜਕਾਂ ਦਾ ਤੋਹਫਾ ਮਿਲਿਆ ਹੈ ਅਤੇ ਇਨ੍ਹਾਂ ਸੜਕਾਂ ਦਾ ਨਿਰਮਾਣ ਕਾਰਜ ਲਗਾਤਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸੜਕਾ ਦੀ ਪੰਜ ਸਾਲ ਤੱਕ ਦੀ ਸਾਂਭ ਸੰਭਾਲ ਕਰਨ ਦੀ ਜ਼ਿੰਮੇਦਾਰੀ ਵੀ ਠੇਕੇਦਾਰ ਦੀ ਹੋਵੇਗੀ ਅਗਰ ਰੋਡ ਖਰਾਬ ਹੁੰਦਾ ਹੈ ਤਾਂ ਪੰਜ ਸਾਲ ਤੱਕ ਇਸ ਦੀ ਰਿਪੇਅਰ ਵੀ ਠੇਕੇਦਾਰ ਹੀ ਕਰੇਗਾ। ਇਸ ਤੋਂ ਇਲਾਵਾ ਸੜਕ ਦੀ ਚੋੜਾਈ 10 ਫੁੱਟ ਹੋਵੇਗੀ। ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਨੇ ਠੇਕੇਦਾਰ ਨੂੰ ਹਦਾਇਤ ਕਰਦਿਆਂ ਕਿਹਾ ਕਿ ਸੜਕ ਦਾ ਨਿਰਮਾਣ ਚੰਗੇ ਢੰਗ ਨਾਲ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਰਧਾਰਤ ਰਾਸ਼ੀ ਪੂਰਨ ਤੌਰ 'ਤੇ ਸੜਕ 'ਤੇ ਲੱਗਣੀ ਚਾਹੀਦੀ ਹੈ।



## ਸ਼ਹੀਦੀ ਦਿਵਸ ਨੂੰ ਸਮਰਪਿਤ ਠੰਢੇ-ਮਿੱਠੇ ਜਲ ਦੀ ਛਬੀਲ ਲਾਈ



ਰਾਏਕੋਟ (ਇਕਬਾਲ ਸਿੰਘ ਫੇਰੂਰਾਈ)-ਸਥਾਨਕ ਸ਼ਹਿਰ ਦੇ ਮਲੇਰਕੋਟਲਾ ਰੋਡ ਤੇ ਸਥਿਤ ਸੁੱਖ ਵਿਲਾ ਪੈਲੇਸ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਦੌਰਾਨ ਬੱਚੇ, ਬਜ਼ੁਰਗ ਅਤੇ ਨੌਜਵਾਨ ਸੰਗਤ ਦੇ ਨਾਲ ਗਰਮੀ ਵਿੱਚ ਸਵੇਰੇ 8 ਵਜੇ ਤੋਂ ਸ਼ਾਮ ਤੱਕ ਰਾਹਗੀਰਾਂ ਨੂੰ ਠੰਢਾ-ਮਿੱਠਾ ਜਲ ਪਿਲਾਉਂਦੇ ਹੋਏ ਵਾਹਿਗੁਰੂ ਦਾ ਜਾਪ ਕਰ ਰਹੇ ਸਨ। ਇਸ ਮੌਕੇ ਪਹੁੰਚੇ ਨਗਰ ਕੌਂਸਲ ਪ੍ਰਧਾਨ ਸੁਦਰਸ਼ਨ ਕੁਮਾਰ ਜੋਸ਼ੀ ਤੇ ਸੁੱਖ ਵਿਲਾ ਪੈਲੇਸ ਦੇ ਮਾਲਕ ਸੁਖਵੀਰ ਸਿੰਘ ਰਾਏ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਜੀ ਦੇ ਦਰਸਾਏ ਗਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸੱਚ ਨੂੰ ਕਾਇਮ ਰੱਖਣ ਅਤੇ ਜੁਲਮ ਨੂੰ ਮਿਟਾਉਣ ਲਈ ਸ਼ਹਾਦਤ ਦਿੱਤੀ ਸੀ। ਇਸੇ ਲਈ ਗੁਰੂ ਨੂੰ ਪਿਆਰ ਕਰਨ ਵਾਲੇ ਉਨ੍ਹਾਂ ਦੀ ਸ਼ਹੀਦੀ ਦਿਵਸ ਮੌਕੇ ਪੰਜਾਬ ਵਿੱਚ ਛਬੀਲਾਂ ਲਗਾਉਂਦੇ ਹਨ ਅਤੇ ਪੰਜਾਬੀ ਦੁਨੀਆ ਵਿੱਚ ਜਿੱਥੇ ਮਰਜ਼ੀ ਹੋਣ ਉਹ ਇਸ ਦਿਨ ਠੰਢੇ-ਮਿੱਠੇ ਜਲ ਦੀ ਛਬੀਲ ਜਰੂਰ ਲਗਾਉਂਦੇ ਹਨ। ਇਸ ਮੌਕੇ ਗੁਰਬਿੰਦਰ ਸਿੰਘ ਨੂਰਪੁਰਾ, ਮੋਹਣ ਸਿੰਘ, ਗੁਰਮੀਤ ਸਿੰਘ, ਰਜਿੰਦਰ ਸਿੰਘ, ਜਸ਼ਨ ਹਿਮਾਂਸ਼ੂ, ਅਮਨਦੀਪ ਸਿੰਘ, ਬਲਵਿੰਦਰ ਕੌਰ, ਦਲਜੀਤ ਕੌਰ, ਰਾਜਵਿੰਦਰ ਕੌਰ, ਅਮਨਿੰਦਰ ਸਿੰਘ ਰਾਜੋਆਣਾ ਆਦਿ ਹਾਜ਼ਰ ਸਨ।

## ਫਾਇਰ ਬ੍ਰਿਗੇਡ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਵਾਉਣ ਲਈ ਸੰਘਰਸ਼ ਵਿੱਢਾਂਗੇ : ਕੇਸਰ ਮੱਤੀ




ਭੀਖੀ (ਧਰਮਵੀਰ ਸ਼ਰਮਾ)-ਫਾਇਰ ਬ੍ਰਿਗੇਡ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੀ ਇੱਕ ਮੀਟਿੰਗ ਲੁਧਿਆਣਾ ਵਿਖੇ ਹੋਈ ਜਿਸ ਵਿੱਚ ਭੀਖੀ ਫਾਇਰ ਸਟੇਸ਼ਨ ਦੇ ਕੇਸਰ ਸਿੰਘ ਮੱਤੀ, ਰਾਜਵੀਰ ਸਿੰਘ, ਅਮਨਦੀਪ ਸਿੰਘ ਨੇ ਵੀ ਸ਼ਿਰਕਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੇਸਰ ਸਿੰਘ ਮੱਤੀ ਨੇ ਦੱਸਿਆ ਕਿ ਮੀਟਿੰਗ ਦੌਰਾਨ ਫਾਇਰ ਬ੍ਰਿਗੇਡ ਮੁਲਾਜ਼ਮਾਂ ਨੂੰ ਡਿਊਟੀ ਦੌਰਾਨ ਪੇਸ਼ ਆ ਰਹੀਆਂ ਮੁਸ਼ਕਿਲਾਂ ਅਤੇ ਮੈਨੇਜਮੈਂਟ ਵੱਲੋਂ ਕੀਤੀਆਂ ਜਾ ਰਹੀਆਂ ਧੱਕੇਸ਼ਾਹੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਮੰਗ ਕੀਤੀ ਗਈ ਫਾਇਰ ਬ੍ਰਿਗੇਡ ਦੇ ਆਊਟਸੋਰਸ/ਕੰਟਰੈਕਟ ਵਰਕਰਾਂ ਨੂੰ ਪੱਕਾ ਕੀਤਾ ਜਾਵੇ ਅਤੇ ਬਰਾਬਰ ਕੰਮ ਬਰਾਬਰ ਤਨਖਾਹ ਵਾਧਾ ਲਾਗੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਇੱਕ ਫਾਇਰਮੈਨ ਗਗਨਦੀਪ ਸਿੰਘ ਜੋ ਅੱਗ ਵਿੱਚ ਸੜ ਗਿਆ ਸੀ, ਜਿਸਦੀ ਇਲਾਜ ਦੌਰਾਨ ਮੌਤ ਹੋ ਗਈ ਸੀ, ਨੂੰ ਸਰਕਾਰ ਵੱਲੋਂ ਕੋਈ ਮੁਆਵਜ਼ਾ ਨਹੀ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਇਨ੍ਹਾਂ ਗਲਤ ਨੀਤੀਆਂ ਖਿਲਾਫ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਵਾਉਣ ਲਈ ਸੰਘਰਸ਼ ਵਿੱਢਿਆ ਜਾਵੇਗਾ।

# ਮਾਨ ਸਰਕਾਰ ਵੱਲੋਂ ਸੂਬਾ ਵਾਸੀਆਂ ਲਈ ਵੱਡੀ ਰਾਹਤ

### * ਅਸ਼ੀਰਵਾਦ ਸਕੀਮ ਤਹਿਤ 18 ਜ਼ਿਲ੍ਹਿਆਂ ਦੇ 3207 ਲਾਭਪਾਤਰੀਆਂ ਨੂੰ ਮਿਲੇਗਾ ਲਾਭ: ਰੰਧਾਵਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਵੱਡੀ ਰਾਹਤ ਦਿੰਦਿਆਂ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਿੱਤੀ ਸਾਲ 2025-26 ਦੌਰਾਨ ਪਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾ ਦੇ 3207 ਲਾਭਪਾਤਰੀਆਂ ਨੂੰ 16.36 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾ ਲਈ ਅਸ਼ੀਰਵਾਦ ਸਕੀਮ ਅਧੀਨ ਜ਼ਿਲ੍ਹਾ ਗੁਰਦਾਸਪੁਰ, ਬਰਨਾਲਾ, ਬਠਿੰਡਾ, ਫ਼ਰੀਦਕੋਟ, ਸ੍ਰੀ ਫ਼ਤਿਹਗੜ੍ਹ ਸਾਹਿਬ, ਫ਼ਾਜ਼ਿਲਕਾ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮਾਨਸਾ, ਮੋਗਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਪਠਾਨਕੋਟ, ਐੱਸ.ਏ.ਐੱਸ.ਨਗਰ, ਸੰਗਰੂਰ, ਮਲੇਰਕੋਟਲਾ ਅਤੇ ਤਰਨਤਾਰਨ ਦੇ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾ ਦੇ ਕੁੱਲ 3207 ਲਾਭਪਾਤਰੀਆਂ ਦੀਆਂ ਦਰਖਾਸਤਾਂ ਚਾਲੂ ਸਾਲ ਦੌਰਾਨ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਹੋਈਆਂ ਸਨ।ਇਨ੍ਹਾਂ 3207 ਲਾਭਪਾਤਰੀਆਂ ਨੂੰ ਕਵਰ ਕਰਨ ਲਈ 16.36 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਸ. ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਇਸ ਰਾਸ਼ੀ ਨਾਲ ਜ਼ਿਲ੍ਹਾ ਗੁਰਦਾਸਪੁਰ ਦੇ 135, ਬਰਨਾਲਾ ਦੇ 94, ਬਠਿੰਡਾ ਦੇ 219, ਫ਼ਰੀਦਕੋਟ ਦੇ 80, ਫ਼ਤਿਹਗੜ੍ਹ ਸਾਹਿਬ ਦੇ 41, ਫ਼ਾਜ਼ਿਲਕਾ ਦੇ 137, ਹੁਸ਼ਿਆਰਪੁਰ ਦੇ 602, ਜਲੰਧਰ ਦੇ 123, ਕਪੂਰਥਲਾ ਦੇ 27 ਲਾਭਪਾਤਰੀਆਂ ਨੂੰ ਵਿੱਤੀ ਲਾਭ ਦਿੱਤਾ ਗਿਆ ਹੈ।ਇਸੇ ਤਰ੍ਹਾਂ ਜ਼ਿਲ੍ਹਾ ਮਾਨਸਾ ਦੇ 254, ਮੋਗਾ ਦੇ 64, ਸ੍ਰੀ ਮੁਕਤਸਰ ਸਾਹਿਬ ਦੇ 43, ਪਟਿਆਲਾ ਦੇ 616, ਪਠਾਨਕੋਟ ਦੇ 127, ਐੱਸ.ਏ.ਐੱਸ.ਨਗਰ ਦੇ 200, ਸੰਗਰੂਰ ਦੇ 288, ਮਲੇਰਕੋਟਲਾ ਦੇ 16 ਅਤੇ ਜ਼ਿਲ੍ਹਾ ਤਰਨਤਾਰਨ ਦੇ 141 ਲਾਭਪਾਤਰੀਆਂ ਨੂੰ ਵੀ ਲਾਭ ਦਿੱਤਾ ਗਿਆ ਹੈ। ਸ. ਸੇਖਵਾਂ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਰਾਜ ਵਿੱਚ ਘੱਟ ਆਮਦਨੀ ਵਾਲੇ ਪਰਿਵਾਰ ਨਾਲ ਸਬੰਧਿਤ ਲੜਕੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਉਸ ਦਾ ਪਰਿਵਾਰ ਗ਼ਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ, ਬਿਨੈਕਾਰ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਿਤ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾਂ ਤੋਂ ਸਾਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਵੇ, ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਲੈਣ ਦੇ ਯੋਗ ਹਨ।ਉਨ੍ਹਾਂ ਅੱਗੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ 42 ਰਾਹੀਂ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ ਤੇ ਹੋਰ ਮਜ਼ਬੂਤ ਕਰਨ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਹੋਰ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ, ਉਥੇ ਹੀ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਲੋਕਾਂ ਦੀ ਭਲਾਈ ਲਈ ਵੀ ਲਗਾਤਾਰ ਕੰਮ ਕਰ ਰਹੀ ਹੈ।



## ਨਾਨਕਸ਼ਾਹੀ ਸਿੱਖ ਸੇਵਾ ਸੋਸਾਇਟੀ ਵੱਲੋਂ ਸਿੱਖੀ ਦੇ ਪ੍ਰਚਾਰ ਦੀ ਪਿੰਡ ਸੰਘਰ ਤੋਂ ਸ਼ੁਰੂਆਤ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਨਾਨਕਸ਼ਾਹੀ ਸਿੱਖ ਸੇਵਾ ਸੋਸਾਇਟੀ (ਰਜਿ.) ਧਾਰੀਵਾਲ ਵੱਲੋਂ ਪਿੰਡਾਂ ਵਿੱਚ ਸਿੱਖੀ ਦੇ ਪ੍ਰਚਾਰ ਦੀ ਸ਼ੁਰੂਆਤ ਕੀਤੀ ਗਈ ਜਿਸ ਤਹਿਤ ਸੰਸਥਾ ਦੇ ਅਹੁਦੇਦਾਰਾਂ ਵੱਲੋਂ ਪਿੰਡ ਸੰਘਰ ਵਿੱਚ ਪਹੁੰਚ ਕੇ ਸਿੱਖੀ ਦੇ ਪ੍ਰਚਾਰ ਲਈ ਸਭ ਤੋਂ ਪਹਿਲਾਂ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਸਮਾਗਮ ਕੀਤਾ।



ਸਮਾਗਮ ਦੌਰਾਨ ਸੰਸਥਾ ਦੇ ਮੁੱਖ ਸੇਵਾਦਾਰ ਭਾਈ ਬਲਦੇਵ ਸਿੰਘ ਨਿਮਾਣਾ ਵੱਲੋਂ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਗੁਰੂ ਜੀ ਦੀ ਇਲਾਹੀ ਬਾਣੀ ਨਾਲ ਜੋੜਿਆ ਗਿਆ। ਉਪਰੰਤ ਸੰਸਥਾ ਦੇ ਸਰਪ੍ਰਸਤ ਜਥੇਦਾਰ ਨਿਰਵੈਰ ਸਿੰਘ, ਉਪ ਮੁੱਖ ਸੇਵਾਦਾਰ ਡਾਕਟਰ ਕਮਲਜੀਤ ਸਿੰਘ ਕੇਜੇ ਅਤੇ ਪ੍ਰੈੱਸ ਸਕੱਤਰ ਇੰਜ ਜਤਿੰਦਰ ਪਾਲ ਸਿੰਘ ਜੇਪੀ ਵੱਲੋਂ ਸੰਸਥਾ ਦੇ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਪਿੰਡ ਸੰਘਰ ਦੇ ਲੋਕਾਂ ਨੂੰ ਸਿੱਖੀ ਦੇ ਪ੍ਰਚਾਰ ਅਤੇ ਸਮਾਜ ਵਿੱਚ ਲੋੜਵੰਦ ਲੋਕਾਂ ਦੀ ਮਦਦ ਲਈ ਸੰਸਥਾ ਦੇ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਨਾਨਕਸ਼ਾਹੀ ਕੈਲੰਡਰ ਨੂੰ ਉਤਸ਼ਾਹਿਤ ਕਰਨ ਲਈ ਸਾਰਿਆਂ ਨੂੰ ਪ੍ਰੇਰਿਤ ਕੀਤਾ। ਸੰਸਥਾ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਅਗਰ ਕਿਸੇ ਲੋੜਵੰਦ ਨੂੰ ਖ਼ੂਨ ਦੇ ਯੂਨਿਟ ਦੀ ਜ਼ਰੂਰਤ ਪੈਂਦੀ ਹੈ ਤਾਂ ਸੰਸਥਾ ਦੇ ਕਿਸੇ ਵੀ ਮੈਂਬਰ ਨਾਲ ਸੰਪਰਕ ਕਰ ਸਕਦੇ ਹਨ। ਜੇਕਰ ਕੋਈ ਲੋੜਵੰਦ ਗਰੀਬ ਵਿਦਿਆਰਥੀ ਪੈਸੇ ਦੀ ਖਾਤਰ ਪੜ੍ਹਾਈ ਨਹੀਂ ਕਰ ਰਿਹਾ ਤਾਂ ਉਹ ਵੀ ਸੰਸਥਾ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇਹ ਸੰਸਥਾ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਪ੍ਰੇਰਿਤ ਕਰੇਗੀ। ਇਸ ਮੌਕੇ ਸਾਬਕਾ ਚੇਅਰਮੈਨ ਵਜੀਰ ਸਿੰਘ ਲਾਲੀ, ਬਾਬਾ ਨੱਥਾ ਸਿੰਘ, ਅਮਰਜੀਤ ਸਿੰਘ ਅਤੇ ਪਿੰਡ ਸੰਘਰ ਦੀ ਸੰਗਤ ਹਾਜ਼ਰ ਸੀ।

10 Jun Page-12.qxd 6/9/2025 9:25 PM Page 1



# ਨਸ਼ੀਲੇ ਪਦਾਰਥ ਸਮੇਤ ਪਤੀ-ਪਤਨੀ ਕਾਬੂ



**ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਚਮਕੌਰ ਸਾਹਿਬ ਪੁਲਸ ਨੇ ਡੀ ਐਸ ਪੀ ਮਨਜੀਤ ਸਿੰਘ ਔਲਖ ਦੀ ਅਗਵਾਈ ਹੇਠ ਪਿੰਡ ਫਤਿਹਪੁਰ ਦੇ ਇੱਕ ਪਤੀ ਪਤਨੀ ਪਾਸੋਂ 30 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਕਰਕੇ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਥਾਣਾ ਮੁਖੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਏ ਐਸ ਆਈ ਸ਼ਿੰਦਰਪਾਲ ਵੱਲੋਂ ਹੌਲਦਾਰ ਸੁਰਿੰਦਰ ਸਿੰਘ, ਸਿਪਾਹੀ ਇੰਦਰਜੀਤ ਸਿੰਘ, ਮਹਿਲਾ ਸਿਪਾਹੀ ਕਿਰਨਵੀਰ ਕੌਰ ਅਤੇ ਊਸ਼ਾ ਰਾਣੀ ਸਮੇਤ ਸ਼ੱਕੀ ਵਿਅਕਤੀਆਂ ਨੂੰ ਕਾਬੂ ਕਰਨ ਲਈ ਜਦੋਂ ਪਿੰਡ ਫਤਿਹਪੁਰ ਦੇ ਬੱਸ ਸਟੈਂਡ ਵਿੱਚ ਨਾਕਾਬੰਦੀ ਕੀਤੀ ਹੋਈ ਸੀ ਤਾਂ ਪਤਾ ਲੱਗਾ ਕਿ ਪਰਮਜੀਤ ਸਿੰਘ ਉਰਫ ਬਿੱਲੂ ਪਿੰਡ ਫਤਿਹਪੁਰ ਜਿਸ 'ਤੇ ਪਹਿਲਾਂ ਵੀ ਨਸ਼ੇ ਦਾ ਧੰਦਾ ਕਰਨ ਸੰਬੰਧੀ ਮੁਕੱਦਮੇ ਦਰਜ ਹਨ, ਹੁਣ ਉਹ ਆਪਣੀ ਪਤਨੀ ਪਰਮਜੀਤ ਕੌਰ ਨਾਲ ਮਿਲ ਕੇ ਨਸ਼ੇ ਦਾ ਕਾਰੋਬਾਰ ਕਰ ਰਿਹਾ ਹੈ ਅਤੇ ਆਲੇ ਦੁਆਲੇ ਦੇ ਪਿੰਡਾਂ ਦੇ ਲੋਕ ਜੋ ਨਸ਼ਾ ਪੀਣ ਦੇ ਆਦੀ ਹਨ। ਉਨ੍ਹਾਂ ਜਦੋਂ ਏ ਐਸ ਆਈ ਸ਼ਿੰਦਰਪਾਲ ਸਿੰਘ ਤੇ ਪੁਲਸ ਪਾਰਟੀ ਵੱਲੋਂ ਪਿੰਡ ਫਤਿਹਪੁਰ ਵਿੱਚ ਪਿੰਡ ਦੇ ਮੋਤਬਰ ਵਿਅਕਤੀਆਂ ਦੀ ਹਾਜ਼ਰੀ ਵਿੱਚ ਵਿੱਚ ਪਰਮਜੀਤ ਸਿੰਘ ਉਰਫ ਬਿੱਲੂ ਦੇ ਘਰ ਚੈਕਿੰਗ ਕੀਤੀ ਗਈ ਤਾਂ ਉਨ੍ਹਾਂ ਕੋਲੋਂ 30 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਪੁਲਸ ਨੇ ਦੋਨਾਂ ਪਤੀ ਅਤੇ ਪਤਨੀ ਨੂੰ ਗ੍ਰਿਫਤਾਰ ਕਰਕੇ ਕੇਸ ਦਰਜ ਕਰ ਲਿਆ ਹੈ।

# ਐਲ ਪੀ ਯੂ ਨੇ ਹੁਨਰ ਸਿੱਖਿਆ ਵਿਭਾਗ ਐਡੂ-ਲੀਡਰਜ਼ ਕਨਕਲੇਵ ਦੀ ਕੀਤੀ ਮੇਜ਼ਬਾਨੀ



**ਜਲੰਧਰ (ਸ਼ੈਲੀ ਐਲਬਰਟ)**- ਸਕੂਲ-ਯੂਨੀਵਰਸਿਟੀ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਸਿੱਖਿਆ ਵਿੱਚ ਲੀਡਰਸ਼ਿਪ ਨੂੰ ਅੱਗੇ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਨੇ ਹੁਨਰ ਸਿੱਖਿਆ ਵਿਭਾਗ, ਸੀ ਬੀ ਐਸ ਈ ਨਵੀਂ ਦਿੱਲੀ ਦੇ ਸਹਿਯੋਗ ਨਾਲ ਐਡੂ-ਲੀਡਰਜ਼ ਕਨਕਲੇਵ ਦੀ ਮੇਜ਼ਬਾਨੀ ਕੀਤੀ। ਇਹ ਸਮਾਗਮ ਸਕੂਲ ਪ੍ਰਿੰਸੀਪਲਾਂ ਲਈ ਸੀਬੀਐਸਈ ਦੇ ਦੇਸ਼ ਵਿਆਪੀ ਐਕਸਪੋਜ਼ਰ ਵਿਜ਼ਿਟ ਪਹਿਲਕਦਮੀ ਦਾ ਹਿੱਸਾ ਸੀ।ਦੋ ਦਿਨਾ ਕਨਕਲੇਵ ਵਿੱਚ ਭਾਰਤ ਭਰ ਦੇ ਪ੍ਰਮੁੱਖ ਸੀ ਬੀ ਐਸ ਈ ਨਾਲ ਸਬੰਧਤ ਸਕੂਲਾਂ ਦੇ 40 ਤੋਂ ਵੱਧ ਪ੍ਰਿੰਸੀਪਲਾਂ ਨੇ ਭਾਗ ਲਿਆ। ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼, ਆਂਧਰਾ ਪ੍ਰਦੇਸ਼, ਦਿੱਲੀ, ਰਾਜਸਥਾਨ, ਜੰਮੂ, ਕਾਲੀਕਟ ਅਤੇ ਹੋਰ ਖੇਤਰਾਂ ਦੇ ਪ੍ਰਿੰਸੀਪਲ ਸ਼ਾਮਲ ਸਨ। ਡਾ. ਬਿਸਵਜੀਤ ਸਾਹਾ, ਡਾਇਰੈਕਟਰ ਸਕਿੱਲ ਐਜੂਕੇਸ਼ਨ ਡਿਪਾਰਟਮੈਂਟ, ਸੀ ਬੀ ਐਸ ਈ ਵਰਚੁਅਲੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਡਾ. ਸਾਹਾ ਨੇ ਕਿਹਾ, ਇਹ ਐਨ ਈ ਪੀ ਦੇ ਦ੍ਰਿਸ਼ਟੀਕੋਣ ਦੇ ਅਨੁਸਾਰ ਇੱਕ ਸਮੇਂ ਸਿਰ ਪਹਿਲ ਹੈ, ਜੋ ਸਕੂਲਾਂ ਨੂੰ ਇੱਕ ਵਧੇਰੇ ਸੰਪੂਰਨ ਅਤੇ ਅਗਾਂਹਵਧੂ ਅਕਾਦਮਿਕ ਰੋਡਮੈਪ ਤਿਆਰ ਕਰਨ ਵਿੱਚ ਮਦਦ ਕਰਦੀ ਹੈ।ਡਾ. ਅਸ਼ੋਕ ਕੁਮਾਰ ਮਿੱਤਲ, ਐਮ ਪੀ (ਰਾਜ ਸਭਾ) ਅਤੇ ਐਲ ਪੀ ਯੂ ਦੇ ਸੰਸਥਾਪਕ ਚਾਂਸਲਰ ਨੇ ਅਧਿਆਪਕਾਂ ਲਈ ਨਿਰੰਤਰ ਪੇਸ਼ੇਵਰ ਵਿਕਾਸ ਦੇ ਵਧ ਰਹੇ ਮਹੱਤਵ 'ਤੇ ਜ਼ੋਰ ਦਿੱਤਾ। ਡਾ. ਮਿੱਤਲ ਨੇ ਉਦਯੋਗ ਦੀਆਂ ਉਮੀਦਾਂ ਅਤੇ ਸਮਾਜਿਕ ਤਬਦੀਲੀਆਂ ਦੇ ਅਨੁਸਾਰ ਅਕਾਦਮਿਕ ਪਹੁੰਚਾਂ ਨੂੰ ਢਾਲਣ ਦੀ ਜ਼ਰੂਰਤ ਨੂੰ ਉਜਾਗਰ ਕੀਤਾ ਅਤੇ ਐਡੂ-ਲੀਡਰਜ਼ ਕਨਕਲੇਵ ਨੂੰ ਸਕੂਲ-ਯੂਨੀਵਰਸਿਟੀ ਆਪਸੀ ਤਾਲਮੇਲ ਨੂੰ ਮਜ਼ਬੂਤ ਕੀਤਾ ਅਤੇ ਪੂਰੇ ਭਾਰਤ ਵਿੱਚ ਪ੍ਰਗਤੀਸ਼ੀਲ, ਹੁਨਰ-ਅਧਾਰਤ ਸਿੱਖਿਆ ਨੂੰ ਅੱਗੇ ਵਧਾਉਣ ਦੇ ਸੀ ਬੀ ਐਸ ਈ ਦੇ ਮਿਸ਼ਨ ਨੂੰ ਹੋਰ ਮਜ਼ਬੂਤ ਕੀਤਾ।

# ਹਲਕਾ ਵਿਧਾਇਕ ਨਕੋਦਰ ਤੇ ਚੇਅਰਮੈਨ ਮਾਰਕਿਟ ਕਮੇਟੀ ਨੂਰਮਹਿਲ ਨਾਲ ਸ਼ਹਿਰ ਦੇ ਮਸਲਿਆਂ ਬਾਰੇ ਹੋਈ ਵਿਚਾਰ-ਚਰਚਾ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਮਾਰਕਿਟ ਕਮੇਟੀ ਚੇਅਰਮੈਨ ਨੂਰਮਹਿਲ ਲਖਵੀਰ ਸਿੰਘ ਉਰਫ ਸ਼ੀਰ ਉੱਪਲ ਦੇ ਯਤਨਾਂ ਸਦਕਾ ਸਥਾਨਕ ਪੰਧਕ ਤੇ ਪੱਤਰਕਾਰ ਭਾਈਚਾਰੇ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਹਲਕਾ ਵਿਧਾਇਕ ਨਕੋਦਰ ਬੀਬੀ ਇੰਦਰਜੀਤ ਕੌਰ ਮਾਨ ਪਹੁੰਚੇ।ਪੱਤਰਕਾਰਾਂ ਵੱਲੋਂ ਸ਼ਹਿਰੀ ਸਮੱਸਿਆ , ਜਗ੍ਹਾ ਜਗ੍ਹਾ ਲੱਗੇ ਗੰਦਗੀ ਦੇ ਢੇਰ, ਚੋਰੀ ਤੇ ਲੁੱਟ ਦੀਆਂ ਹੋ ਰਹੀਆਂ ਵਾਰਦਾਤਾਂ ਵਿਚ ਵਾਧੇ ਸ਼ਹਿਰ ਦੀ ਟ੍ਰੈਫਿਕ ਸਮੱਸਿਆ, ਅਤੇ ਓਵਰਲੋਡ ਟਿੱਪਰਾਂ ਦੀ ਸ਼ਹਿਰ ਅੰਦਰ ਐਂਟਰੀ ਬੈਨ, ਸੀਵਰੇਜ ਦੀ ਸਮੱਸਿਆ ਆਦਿ ਬੀਬੀ ਦੇ ਧਿਆਨ ਹਿੱਤ ਲਿਆਂਦੀ ਗਈ। ਬੀਬੀ ਵਲੋਂ ਮੌਕੇ ਤੇ ਹੀ ਥਾਣਾ ਮੁਖੀ ਨੂਰਮਹਿਲ ਨੂੰ ਸਖਤ ਸ਼ਬਦਾਂ ਵਿਚ ਹਦਾਇਤ ਕੀਤੀ ਗਈ ਕਿ ਚੰਦ ਦਿਨਾਂ ਵਿੱਚ ਘਟਿਤ ਸ਼ਹਿਰ ਅੰਦਰ ਹੋਈਆਂ ਚੋਰੀ ਅਤੇ ਲੁੱਟ ਦੀਆਂ ਵਾਰਦਾਤਾਂ ਨੂੰ ਕੱਲ ਤੱਕ ਟ੍ਰੇਸ ਕੀਤਾ ਜਾਵੇ ਤਾਂ ਜੋ ਲੋਕ ਚੈਨ ਦੀ ਨੀਂਦ ਸੋਂ ਸਕਣ। ਬੀਬੀ ਨੇ ਦੱਸਿਆ ਕਿ ਇਹ ਸਾਰੀਆਂ ਸਮੱਸਿਆ ਉਹਨਾਂ ਦੇ ਧਿਆਨ ਵਿੱਚ ਹਨ,ਉਹ ਬੜੀ ਸੰਜੀਦਗੀ ਨਾਲ ਇਸ ਤੇ ਕੰਮ ਕਰ ਰਹੇ ਹਨ, ਜਲਦ ਹੀ ਸ਼ਹਿਰ ਵਾਸੀਆਂ ਨੂੰ ਇਹਨਾਂ ਸਮੱਸਿਆਵਾਂ ਤੋਂ ਨਿਜਾਤ ਮਿਲੇਗੀ। ਅੱਜ ਪੱਤਰਕਾਰ ਭਾਈਚਾਰੇ ਵੱਲੋਂ ਇਸ ਗੱਲ ਤੇ ਖੁਸ਼ੀ ਪ੍ਰਗਟ ਕੀਤੀ ਕਿ ਹਲਕਾ ਵਿਧਾਇਕ ਬੀਬੀ ਵਲੋਂ ਉਹਨਾਂ ਨਾਲ ਵਿਚਾਰ ਚਰਚਾ ਕੀਤੀ ਗਈ, ਨਹੀਂ ਤਾਂ ਅੱਜ ਤੱਕ ਦੂਸਰੀਆਂ ਪਾਰਟੀਆਂ ਵਲੋਂ ਉਲੀਕੇ ਪ੍ਰੋਗਰਾਮਾਂ ਦੌਰਾਨ ਪੱਤਰਕਾਰ ਭਾਈਚਾਰੇ ਨੂੰ ਸਿਰਫ ਆਪਣੀਆਂ ਪ੍ਰਾਪਤੀਆਂ ਹੀ ਗਿਣਾਈਆਂ ਗਈਆਂ ਜਾਂ ਵਿਰੋਧੀਆਂ ਨੂੰ ਭੰਡਿਆ ਗਿਆ। ਸਕੂਲ ਦੇ ਮਸਲੇ ਤੇ ਗੱਲ ਕਰਦੇ ਹੋਏ ਬੀਬੀ ਨੇ ਕਿਹਾ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਦਿਆਰਥਣਾਂ ਲਈ ਸਾਰੀਆਂ ਕਾਨੂੰਨੀ ਅੜਚਨਾਂ ਦੂਰ ਹੋ ਗਈਆਂ ਹਨ, ਜਲਦ ਹੀ ਭਰਤੀ ਅਤੇ ਸਕੂਲ ਦਾ ਕੰਮ ਸ਼ੁਰੂ ਹੋਵੇਗਾ। ਜਿਸ ਦਾ ਕਸਬੇ ਭਰ ਦੇ ਬੱਚਿਆਂ ਨੂੰ ਫਾਇਦਾ ਹੋਵੇਗਾ। ਮੀਟਿੰਗ ਦੇ ਅੰਤ ਵਿੱਚ ਬੀਬੀ ਨੇ ਕਿਹਾ ਕਿ ਜਲਦ ਹੀ ਸ਼ਹਿਰ ਨੂਰਮਹਿਲ ਦੇ ਹਰ ਵਾਰਡ ਵਿੱਚ ਪਹੁੰਚ ਕੇ ਲੋਕਾਂ ਨਾਲ ਰਾਬਤਾ ਕਾਇਮ ਕਰਨਗੇ। ਇਸ ਮੌਕੇ ਗੋਪਾਲ ਸ਼ਰਮਾ, ਪਾਰਸ ਨਈਅਰ, ਨਰਿੰਦਰ ਭੰਡਾਲ, ਬਾਲ ਕ੍ਰਿਸ਼ਨ ਬਾਲੀ, ਅਨਮੋਲ ਚਾਹਲ, ਅਵਤਾਰ ਚੰਦ, ਜਸਵੀਰ ਸਿੰਘ ਕਪੂਰ, ਗੁਰਪ੍ਰੀਤ ਸਿੰਘ ਰੰਧਾਵਾ,ਅਸ਼ੋਕ ਲਾਲ, ਰਵੀ ਵਰਮਾ, ਸੋਨੂੰ ਬਹਾਦਰਪੁਰੀ, ਪ੍ਰਿੰਸ ਅਰੋੜਾ, ਪਾਰਸ ਢੀਂਗਰਾ, ਗੌਤਮ ਨਾਹਰ ਆਦਿ ਮੌਜੂਦ ਸਨ।

# ਸੰਧਵਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਵਸ ਮਨਾਉਣ ਸੰਬੰਧੀ ਪ੍ਰੋਫੈਸਰਾਂ ਤੇ ਪੰਜਾਬੀ ਅਦਾਕਾਰਾਂ ਨਾਲ ਕੀਤੀ ਮੀਟਿੰਗ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਵਸ ਮਨਾਉਣ ਸੰਬੰਧੀ ਸੁਝਾਅ ਪ੍ਰਾਪਤ ਕਰਨ ਲਈ ਪ੍ਰੋਫੈਸਰਾਂ ਅਤੇ ਪ੍ਰਸਿੱਧ ਪੰਜਾਬੀ ਅਦਾਕਾਰਾਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਨੇ ਸੁਝਾਅ ਅਤੇ ਪ੍ਰਸਤਾਵ ਦਿੱਤੇ , ਜੋ ਸਿੱਖਾਂ ਦੇ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਮਨਾਉਣ ਲਈ ਸ਼ਰਧਾ ਭਾਵਨਾ ਦਾ ਪ੍ਰਤੀਕ ਅਤੇ ਸ਼ਰਧਾ ਦਾ ਪ੍ਰਗਟਾਵਾ ਹਨ। ਵਿਚਾਰ-ਵਟਾਂਦਰੇ ਦੌਰਾਨ ਉਨ੍ਹਾਂ ਸਲਾਹ ਦਿੱਤੀ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਸਬੰਧੀ 350 ਵਾਂ ਸ਼ਹੀਦੀ ਦਿਵਸ : ਮਨੁੱਖਤਾ ਦੀ ਢਾਲ ਹੈ ਅਤੇ ਇਸ ਸਮਾਰੋਹ ਦਾ ਉਦੇਸ਼ ਵਿਸ਼ਵ ਪੱਧਰ 'ਤੇ ਗੁਰੂ ਜੀ ਦੀ ਸ਼ਾਨਾਮੱਤੀ ਵਿਰਾਸਤ ਨੂੰ ਸਾਂਝਾ ਕਰਨਾ ਸੱਭਿਆਚਾਰਕ ਸੰਭਾਲ, ਇਮਰਸਿਵ ਤਕਨਾਲੋਜੀਆਂ ਅਤੇ ਭਾਈਚਾਰੇ ਨੂੰ ਹੋਰ ਨੇੜੇ ਲਿਆਉਣਾ ਹੈ। ਗੁਰੂ ਜੀ ਦੀ ਕੁਰਬਾਨੀ ਨੂੰ ਦਰਸਾਉਂਦੀ ਇਹ ਸ਼ਰਧਾਪੂਰਵਕ ਪਹਿਲਕਦਮੀ ਅੰਤਰਰਾਸ਼ਟਰੀ ਸਮਾਗਮਾਂ ਵਿੱਚ ਹੋਣੀ ਚਾਹੀਦੀ ਹੈ ਤਾਂ ਜੋ ਗੁਰੂ ਜੀ ਵੱਲੋਂ ਦਿੱਤਾ ਦਇਆ, ਕੁਰਬਾਨੀ ਅਤੇ ਅੰਤਰ-ਧਰਮ ਸਦਭਾਵਨਾ ਦਾ ਸੁਨੇਹਾ ਸਦੀਵੀ ਚਾਨਣ ਮੁਨਾਰੇ ਵਜੋਂ ਲੋਕਾਂ ਦੇ ਰਾਹ ਰੁਸ਼ਨਾਉਂਦਾ ਰਹੇ।ਇੱਥੇ ਇਹ ਦੱਸਣਾ ਵਾਜਬ ਹੈ ਕਿ ਉਨ੍ਹਾਂ ਦੇ ਸ਼ਹੀਦੀ ਸ਼ਤਾਬਦੀ ਸਮਾਗਮ ਵਿੱਚ ਧਾਰਮਿਕ ਬਹੁਲਤਾਵਾਦ ਦਾ ਵਰਚੁਅਲ ਅਜਾਇਬ ਘਰ, ਅਲ ਅਤੇ ਬਹੁ-ਭਾਸ਼ਾਈ ਬਿਰਤਾਂਤ ਦੀ ਵਰਤੋਂ ਕਰਦੇ ਹੋਏ ਇੰਟਰਐਕਟਿਵ 34 ਵਾਕਥਰੂ, ਗੁਰੂ ਜੀ ਦੀਆਂ ਯਾਤਰਾਵਾਂ, ਉਹਨਾਂ ਦੇ ਸੰਵਾਦ, ਸ਼ਹਾਦਤ ਅਤੇ ਵਿਰਾਸਤ ਨਾਲ ਸਬੰਧਤ ਦ੍ਰਿਸ਼ ਅਤੇ ਕਿਊ ਆਰ ਕੋਡਜ਼ ਅਤੇ ਡਿਜੀਟਲ ਕਹਾਣੀ ਸੁਣਾਉਣ ਵਾਲੇ ਫਾਰਮੈਟਾਂ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਇਸ ਤੋਂ ਇਲਾਵਾ ਗੁਰੂ ਜੀ ਦੀ ਸ਼ਹਾਦਤ ਦੇ ਬੇਮਿਸਾਲ ਸਫ਼ਰ 'ਤੇ ਛੋਟੀਆਂ ਐਨੀਮੇਟਡ ਫਿਲਮਾਂ ਅਤੇ ਵੀ ਆਰ ਦਸਤਾਵੇਜ਼ੀ ਫਿਲਮਾਂ ਵਰਗੀਆਂ ਕਲਾਤਮਕ ਕ੍ਰਿਤਾਂ ਬਣਾਉਣ ਦੀ ਜ਼ਰੂਰਤ ਹੈ।ਉਨ੍ਹਾਂ ਇਹ ਵੀ ਸੁਝਾਅ ਦਿੱਤਾ ਕਿ ਸ਼ਬਦ ਅਤੇ ਰਾਗ ਲੜੀ ਬਣਾਈ ਜਾਣੀ ਚਾਹੀਦੀ ਹੈ ਅਤੇ ਇਸ ਨੂੰ ਡਿਜੀਟਲ ਪਲੇਟਫਾਰਮਾਂ 'ਤੇ ਰਿਲੀਜ਼ ਕੀਤਾ ਜਾਣਾ ਚਾਹੀਦਾ ਹੈ ਅਤੇ ਲਾਈਵ ਸੰਗੀਤ ਸਮਾਰੋਹ ਆਯੋਜਿਤ ਕੀਤੇ ਜਾਣੇ ਚਾਹੀਦੇ ਹਨ। ਇਸ ਤੋਂ ਇਲਾਵਾ, ਯੂਨੈਸਕੋ, ਹਾਰਵਰਡ ਅਤੇ ਸਿੱਖ ਖੋਜ ਸੰਸਥਾਵਾਂ ਨਾਲ ਸਹਿਯੋਗ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ "ਸ੍ਰੀ ਗੁਰੂ ਤੇਗ਼ ਬਹਾਦਰ: ਦ ਸੇਂਟ ਆਫ਼ ਅਦਰਨੈਸ" ਸਿਰਲੇਖ ਵਾਲੀ ਇਹ ਕਿਤਾਬ ਇੱਕ ਤ੍ਰਿਭਾਸ਼ੀ (ਪੰਜਾਬੀ-ਹਿੰਦੀ-ਅੰਗਰੇਜ਼ੀ) ਉੱਚ-ਡਿਜ਼ਾਈਨ ਪ੍ਰਕਾਸ਼ਨ ਬਣਾਉਣ ਦਾ ਸੁਝਾਅ ਵੀ ਦਿੱਤਾ, ਜੋ ਗੁਰੂ ਜੀ ਦੇ ਜੀਵਨ, ਦਰਸ਼ਨ ਨੂੰ ਪੇਸ਼ ਕਰੇਗੀ । ਉਨ੍ਹਾਂ ਕਿਹਾ ਕਿ ਆਪਣੀ ਕਿਸਮ ਦੀ ਪਹਿਲੀ ਇੰਟਰਐਕਟਿਵ ਕਿਤਾਬ ਸਿਰਫ਼ ਇੱਕ ਦਸਤਾਵੇਜ਼ ਨਹੀਂ ਹੋਵੇਗੀ, ਸਗੋਂ ਇਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਅਧਿਆਤਮਿਕ, ਨੈਤਿਕ ਅਤੇ ਲਾਸਾਨੀ ਸ਼ਹਾਦਤ ਦਾ ਇੱਕ ਜੀਵਤ ਪੋਰਟਲ ਹੋਵੇਗੀ। ਮੀਟਿੰਗ ਵਿੱਚ ਪ੍ਰਸਿੱਧ ਪੰਜਾਬੀ ਅਦਾਕਾਰ ਐਮੀ ਵਿਰਕ, ਪ੍ਰੋਫੈਸਰ ਅਮਰਜੀਤ ਸਿੰਘ ਗਰੇਵਾਲ ਅਤੇ ਪ੍ਰੋਫੈਸਰ ਗੁਰਵਿੰਦਰ ਸਿੰਘ ਬਾਵਾ ਅਤੇ ਐਨ ਆਰ ਆਈ ਭਾਈਚਾਰੇ ਤੋਂ ਰਮਨਦੀਪ ਸਿੰਘ ਖੱਟੜਾ ਮੌਜੂਦ ਸਨ।



# ਸੀ ਟੀ ਗਰੁੱਪ ਵੱਲੋਂ ਬਾਲ ਮਨੋਵਿਗਿਆਨ 'ਤੇ ਆਧਾਰਤ ਨਾਟਕ 'ਕਲਿਯੁਗ' ਦਾ ਆਯੋਜਨ

**ਜਲੰਧਰ (ਸ਼ੈਲੀ ਐਲਬਰਟ)**- ਮਾਨਸਿਕ ਸਿਹਤ ਅਤੇ ਬਾਲ ਮਨੋਵਿਗਿਆਨ ਬਾਰੇ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਸੀ.ਟੀ. ਗਰੁੱਪ ਨੇ ਸੁਖ ਗਿੱਲ ਫਿਲਮਜ਼ ਦੁਆਰਾ ਪੇਸ਼ ਕੀਤੇ ਗਏ ਨਾਟਕ 'ਕਲਿਯੁਗ' ਦਾ ਆਯੋਜਨ ਕੀਤਾ। ਇਸ ਪ੍ਰਭਾਵਸ਼ਾਲੀ ਨਾਟਕ ਦਾ ਟੀਚਾ ਅੱਜਕਲ੍ਹ ਦੀ ਤੇਜ਼ੀ ਤੋਂ ਬਦਲਦੀ ਦੁਨੀਆ ਵਿੱਚ ਬੱਚਿਆਂ ਦੇ ਸਾਹਮਣੇ ਆਉਣ ਵਾਲੀਆਂ ਭਾਵਨਾਤਮਕ ਅਤੇ ਮਨੋਵਿਗਿਆਨਕ ਚੁਣੌਤੀਆਂ ਨੂੰ ਉਜਾਗਰ ਕਰਨਾ ਸੀ। 300 ਤੋਂ ਵੱਧ ਵਿਦਿਆਰਥੀਆਂ ਦੇ ਸਾਹਮਣੇ ਪੇਸ਼ ਕੀਤੇ ਗਏ ਇਸ ਨਾਟਕ ਵਿੱਚ ਗਗਨ, ਸਰਬ, ਪਰਮਜੀਤ, ਸਰਨਮੀਤ ਕੌਰ ਅਤੇ ਹਰਦੀਪ ਸਿੰਘ ਵਰਗੇ ਪ੍ਰਤਿਭਾਸ਼ਾਲੀ ਕਲਾਕਾਰਾਂ ਨੇ ਸ਼ਾਨਦਾਰ ਅਦਾਕਾਰੀ ਕੀਤੀ। ਨਾਟਕ ਦੀ ਪ੍ਰਭਾਵਸ਼ਾਲੀ ਕਹਾਣੀ ਅਤੇ ਸ਼ਕਤੀਸਾਲੀ ਪ੍ਰਦਰਸ਼ਨ ਨੇ ਦਰਸ਼ਕਾਂ 'ਤੇ ਡੂੰਘਾ ਪ੍ਰਭਾਵ ਛੱਡਿਆ, ਜਿਸ ਨਾਲ ਬਾਲ ਵਿਵਹਾਰ ਅਤੇ ਮਾਪਿਆਂ ਦੀ ਸਮਝ ਬਾਰੇ ਵਿਚਾਰ-ਵਟਾਂਦਰਾ ਸੁਰੂ ਹੋਇਆ। ਸੀ.ਟੀ. ਗਰੁੱਪ ਦੇ ਡੀਨ (ਵਿਦਿਆਰਥੀ ਕਲਿਆਣ), ਡਾ. ਅਰਜਨ ਸਿੰਘ ਇਸ ਮੌਕੇ 'ਤੇ ਮੌਜੂਦ ਸਨ ਅਤੇ ਉਨ੍ਹਾਂ ਨੇ ਇਸ ਮਹੱਤਵਪੂਰਨ ਵਿਸ਼ੇ ਨੂੰ ਉਠਾਉਣ ਲਈ ਟੀਮ ਦੀ ਪ੍ਰਸ਼ੰਸਾ ਕੀਤੀ। ਸੀ.ਟੀ. ਗਰੁੱਪ ਦੇ ਮੈਨੇਜਿੰਗ ਡਾਇਰੈਕਟਰ, ਡਾ. ਮਨਬੀਰ ਸਿੰਘ ਨੇ ਕਲਾਕਾਰਾਂ ਅਤੇ ਟੀਮ ਨੂੰ ਸਮਾਜਿਕ ਤੌਰ 'ਤੇ ਮਹੱਤਵਪੂਰਨ ਕਲਾ ਵਿੱਚ ਯੋਗਦਾਨ ਪਾਉਣ ਲਈ ਸਨਮਾਨਿਤ ਕੀਤਾ।

## ਜਲੰਧਰ ਡਾਇਓਸੀਜ਼ ਦਾ ਫਾਦਰ ਜੋਸ ਟੀ ਨਵਾਂ ਬਿਸਪ ਨਿਯੁਕਤ

**ਜਲੰਧਰ (ਸ਼ੈਲੀ ਐਲਬਰਟ)** ਪੋਪ ਲਿਓ 14ਵੇਂ ਨੇ ਫਾਦਰ ਜੋਸ ਸੇਬੇਸਟੀਅਨ ਥੇਕੁਮਚੇਰੀਕੁੰਨਲ ਨੂੰ ਪੰਜਾਬ ਵਿਚ ਜਲੰਧਰ ਡਾਇਓਸੀਜ਼ ਦਾ ਨਵਾਂ ਬਿਸਪ ਨਿਯੁਕਤ ਕੀਤਾ ਹੈ। ਇਸ ਨਿਯੁਕਤੀ ਦਾ ਰਸਮੀ ਐਲਾਨ ਸ਼ਨੀਵਾਰ ਨੂੰ ਬਿਸਪ ਹਾਊਸ ਜਲੰਧਰ ਤੋਂ ਕੀਤਾ ਗਿਆ। 63 ਸਾਲਾ ਫਾਦਰ ਜੋਸ ਇਸ ਸਮੇਂ ਡਾਇਓਸਿਸ ਦੇ ਵਿੱਤੀ ਪ੍ਰਸ਼ਾਸਕ ਵਜੋਂ ਸੇਵਾ ਨਿਭਾ ਰਹੇ ਹਨ। ਫਾਦਰ ਜੋਸ ਨੇ ਫਤਿਹਗੜ੍ਹ ਚੂੜੀਆਂ ਦੇ ਸੇਂਟ ਮੈਰੀ ਚਰਚ ਵਿੱਚ ਇੱਕ ਸਹਾਇਕ ਪੈਰਿਸ ਫਾਦਰ ਵਜੋਂ ਸੁਰੂ ਕੀਤਾ, ਜਦੋਂ ਕਿ ਉਹ ਅੰਮ੍ਰਿਤਸਰ ਦੇ ਮਾਈਨਰ ਸੈਮੀਨਰੀ ਵਿੱਚ ਵੀ ਪੜ੍ਹਾਉਂਦੇ ਰਹੇ। ਉਨ੍ਹਾਂ ਨੇ ਖਾਸਾ ਵਿੱਚ ਸੇਂਟ ਜੋਸਫ ਚਰਚ ਦੇ ਪਾਦਰੀ ਵਜੋਂ ਵੀ ਸੇਵਾ ਨਿਭਾਈ।



ਉਹ ਅੰਮ੍ਰਿਤਸਰ ਦੇ ਸੇਂਟ ਫਰਾਂਸਿਸ ਸਕੂਲ ਦੇ ਸਹਾਇਕ ਡਾਇਰੈਕਟਰ ਅਤੇ ਫਿਰ ਪ੍ਰਿੰਸੀਪਲ ਵੀ ਰਹੇ। ਉਹ 1996 ਤੋਂ 2002 ਤੱਕ ਸੇਂਟ ਫਰਾਂਸਿਸ ਚਰਚ ਅਤੇ ਜੰਡਿਆਲਾ ਗੁਰੂ, ਅੰਮ੍ਰਿਤਸਰ ਵਿਖੇ ਡੀਨ ਅਤੇ ਪੈਰਿਸ ਪੁਜਾਰੀ ਰਹੇ। ਉਹ ਡਾਇਓਸੇਸਨ ਐਜੂਕੇਸਨ ਬੋਰਡ ਦੇ ਮੈਂਬਰ ਵੀ ਰਹੇ। ਇਸ ਵੇਲੇ ਉਹ ਸੇਂਟ ਜੋਸਫ ਚਰਚ, ਫਗਵਾੜਾ ਦੇ ਪੈਰਿਸ ਪੁਜਾਰੀ ਅਤੇ ਇਸੇ ਨਾਮ ਦੇ ਕਾਨਵੈਂਟ ਸਕੂਲ ਦੇ ਡਾਇਰੈਕਟਰ ਹਨ। ਅੱਜ ਦੇ ਐਲਾਨ ਦੇ ਮੌਕੇ ਜਲੰਧਰ ਡਾਇਓਸਿਸ ਦੇ ਪ੍ਰਸ਼ਾਸਕ ਬਿਸਪ ਐਗਨੇਲੋ, ਫਾਦਰ ਬੀਨੂ ਜੋਸਫ, ਫਾਦਰ ਪੀਟਰ, ਫਾਦਰ ਜੀਬੂ, ਫਾਦਰ ਥਾਮਸ, ਫਾਦਰ ਜੋਸਫ ਅਤੇ ਹੋਰ ਫਾਦਰ ਮੌਜੂਦ ਸਨ।

## ਇਨਸਾਨੀਅਤ, ਇਮਾਨਦਾਰੀ ਜ਼ਿੰਦਾਬਾਦ

**ਬਲਾਚੌਰ (ਜਸਵਿੰਦਰ ਬੈਂਸ)**- ਰੋਪੜ ਤੋਂ ਸ਼ਿਮਲੇ ਵਾਸਤੇ ਪੰਜਾਬ ਰੋਡਵੇਜ਼ ਰੂਪਨਗਰ (ਰੋਪੜ) ਡਿਪੂ ਦੀ ਬੱਸ 65 7249 ਰਵਾਨਾ ਹੁੰਦੀ ਹੈ, ਜਿਸ ਦਾ ਡਰਾਈਵਰ ਸੁਖਵਿੰਦਰ ਸਿੰਘ ਮੀਤ ਪ੍ਰਧਾਨ ਡਰਾਈਵਰ ਨੰਬਰ 404 ਅਤੇ ਕੰਡਕਟਰ ਧਰਮਿੰਦਰ ਸਿੰਘ 275 ਇਸ ਬੱਸ ਵਿੱਚ ਇੱਕ ਸਵਾਰੀ ਜਿਸ ਦਾ ਨਾਂਅ ਬਾਈ ਐਸ ਨਰੇਗੀ ਸੀ। ਇਹ ਸਵਾਰੀ ਸੋਲਨ ਬੱਸ ਸਟੇਸ਼ਨ ਉਤਰ ਜਾਂਦੀ ਹੈ। ਇਨ੍ਹਾਂ ਦਾ ਪਰਸ ਉਸ ਬੱਸ ਦੀ ਸੀਟ 'ਤੇ ਪਿਆ ਰਹਿ ਜਾਂਦਾ ਹੈ। ਜਿਸ ਵਿੱਚ ਇਨ੍ਹਾਂ ਦਾ ਆਧਾਰ ਕਾਰਡ, ਪੈਨ ਕਾਰਡ, ਲਾਈਸੰਸ ਅਤੇ ਹੋਰ ਬਹੁਤ ਸਾਰੇ ਡਾਕੂਮੈਂਟ ਸਨ ਅਤੇ 10000 ਨਗਦ ਰਾਸ਼ੀ ਉਸ ਪਰਸ 'ਚ ਸੀ। ਇਨ੍ਹਾਂ ਦਾ ਫੋਨ ਨੰਬਰ ਮਿਲਣ ਕਰਕੇ ਇਨ੍ਹਾਂ ਸੰਪਰਕ ਕੀਤਾ ਗਿਆ। ਵਿਦ ਪਰੂਫ ਅਤੇ ਨਗਦ ਰਾਸ਼ੀ ਇਨ੍ਹਾਂ ਦੇ ਹਵਾਲੇ ਕੀਤੀ ਅਤੇ ਇਨ੍ਹਾਂ ਨੇ ਬੱਸ ਡਰਾਈਵਰ ਅਤੇ ਕੰਡਕਟਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਕਿਸੇ ਦੀ ਹੱਕ ਦੀ ਕਮਾਈ ਉਨ੍ਹਾਂ ਨੂੰ ਦੇਣਾ ਅਸਲੀ ਰੱਬ ਦੀ ਪੂਜਾ ਹੈ।



# ਕਿਰਤ ਕਾਨੂੰਨ ਵਿਰੁੱਧ ਕੀਤਾ ਰੋਸ ਮੁਜ਼ਾਹਰਾ ਤੇ ਫੂਕਿਆ ਪੁਤਲਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਤਨੌਰ ਵਿਖੇ ਸੀਟੂ ਵੱਲੋਂ ਸੀਟੂ ਪੰਜਾਬ ਦੇ ਪ੍ਰਧਾਨ ਮੀਤ ਪ੍ਰਧਾਨ ਮਹਿੰਦਰ ਕੁਮਾਰ ਬਡੋਆਣ ਦੀ ਅਗਵਾਈ ਵਿੱਚ ਮਜ਼ਦੂਰਾਂ ਵਿਰੁੱਧ ਮਾਨ ਸਰਕਾਰ ਵੱਲੋਂ ਪਾਸ ਕੀਤੇ ਕਾਨੂੰਨਾਂ ਦੇ ਰੋਸ ਵਜੋਂ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਸੀਟੂ ਪੰਜਾਬ ਦੇ ਮੀਤ ਪ੍ਰਧਾਨ ਮਹਿੰਦਰ ਕੁਮਾਰ ਬੱਡੋਆਣ, ਗੁਰਬਖਸ਼ ਕੌਰ, ਬਲਦੇਵ ਰਾਜ ਤੇ ਨੀਲਮ ਬੱਡੋਆਣ ਨੇ ਕਿਹਾ ਕਿ ਮੋਦੀ ਅਤੇ ਭਗਵੰਤ ਮਾਨ ਦੀਆਂ ਨੀਤੀਆਂ ਵਿੱਚ ਕੋਈ ਫਰਕ ਨਹੀਂ। ਦੋਨਾਂ ਸਰਕਾਰਾਂ ਦੀਆਂ ਨੀਤੀਆਂ ਮਜ਼ਦੂਰਾਂ, ਮੁਲਾਜ਼ਮਾਂ, ਕਿਸਾਨਾਂ ਵਿਰੋਧੀ ਹਨ। ਜਿਸ ਅਦਾਰੇ ਅੰਦਰ ਇੱਕ ਤੋ ਲੈ ਕੇ 20 ਮਜ਼ਦੂਰਾਂ ਤੱਕ ਕੰਮ ਕਰਦੇ ਹਨ ਉਥੇ ਕੋਈ ਵੀ ਕਿਰਤ ਕਾਨੂੰਨ ਲਾਗੂ ਨਹੀਂ ਹੋਵੇਗਾ। ਇਸ ਦਾ ਮਤਲਬ ਛੋਟੇ ਕਾਰਖਾਨਿਆਂ ਅਤੇ ਦੁਕਾਨਾਂ ਆਦਿ 'ਤੇ ਕੰਮ ਕਰਨ ਵਾਲੇ ਮਜ਼ਦੂਰਾਂ ਲਈ ਹੁਣ ਜੰਗਲ ਰਾਜ ਹੋਵੇਗਾ। ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਵਿਰੁੱਧ ਬਣਾਏ ਇਸ ਕਾਨੂੰਨ ਵਿਰੁੱਧ ਜਿੱਥੇ ਮਾਨ ਸਰਕਾਰ ਦਾ ਪੁਤਲਾ ਫੂਕਿਆ ਗਿਆ, ਇਸੇ ਤਰ੍ਹਾਂ 9 ਜੁਲਾਈ ਨੂੰ ਹੋ ਰਹੀ ਦੇਸ਼ ਪੱਧਰੀ ਹੜਤਾਲ ਦੋਵਾਂ ਸਰਕਾਰਾਂ ਦੀਆਂ ਜੜ੍ਹਾਂ ਹਿਲਾ ਦੇਵੇਗੀ ਅਤੇ ਇਸ ਤੋਂ ਬਾਅਦ ਵੀ ਇਨ੍ਹਾਂ ਸਰਕਾਰਾਂ ਦੀਆਂ ਮਜ਼ਦੂਰਾਂ, ਮੁਲਾਜ਼ਮਾਂ, ਕਿਸਾਨਾਂ ਵਿਰੋਧੀ ਨੀਤੀਆਂ ਵਿਰੁਧ ਸ਼ੰਘਰਸ਼ ਤਿੱਖੇ ਕੀਤੇ ਜਾਣਗੇ। ਇਸ ਮੌਕੇ ਬਖਸ਼ੀਸ਼ ਕੌਰ, ਪਰਮੋਦ, ਰੇਸ਼ਮ ਕੌਰ, ਛਿੰਦੋ, ਬੇਬੀ, ਸੁਨੀਤਾ ਰਾਣੀ, ਪੂਜਾ, ਸਨੀ ਨੇ ਵੀ ਸੰਬੋਧਨ ਕੀਤਾ।

# ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਬਸਤੀ ਸੇਖ ਜਲੰਧਰ (ਲਖਵਿੰਦਰ ਸਿੰਘ)**- ਐਡਵੋਕੇਟ ਰਜਿੰਦਰ ਸਿੰਘ ਮੰਡ ਦੇ ਪਿਤਾ ਐਡਵੋਕੇਟ ਕਾਮਰੇਡ ਗੁਰਮੀਤ ਸਿੰਘ ਸ਼ੁਗਲੀ ਜੋ ਕਿ ਰੋਜ਼ਾਨਾ ਨਵਾਂ ਜ਼ਮਾਨਾ ਅਖਬਾਰ ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਸਨ, ਉਹ ਦੋ ਹਫਤੇ ਪਹਿਲਾਂ ਨਿਊਯਾਰਕ ਵਿਚ ਆਪਣੇ ਛੋਟੇ ਬੇਟੇ ਰਮਨਜੀਤ ਸਿੰਘ ਮੰਡ ਕੋਲ ਗਏ ਸਨ। ਉਨ੍ਹਾਂ ਨੂੰ ਹਾਰਟ ਅਟੈਕ ਆਇਆ ਤਾਂ ਤੁਰੰਤ ਹਸਪਤਾਲ ਲਿਜਾਇਆ ਗਿਆ ਜਿੱਥੇ ਇਕ ਹੋਰ ਅਟੈਕ ਆਇਆ ਤੇ ਉਹ ਜਾਨਲੇਵਾ ਸਾਬਤ ਹੋਇਆ। ਇਸ ਅਚਾਨਕ ਹੋਈ ਮੌਤ ਨਾਲ ਪਰਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਦੁਖਦਾਇਕ ਖਬਰ ਨੂੰ ਸੁਣ ਕੇ ਨਵਾਂ ਜ਼ਮਾਨਾ ਦੇ ਪਾਠਕਾਂ ਤੇ ਪੱਤਰਕਾਰਾਂ 'ਚ ਸੋਗ ਦੀ ਲਹਿਰ ਫੈਲ ਗਈ। ਇਸ ਦੁੱਖ ਦੀ ਘੜੀ ਵਿਚ ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ ਦੇ ਸੂਬਾ ਪ੍ਰਧਾਨ ਮਨਜੀਤ ਮਾਨ, ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਪ੍ਰੀਤ ਸੰਗੋਜਲਾ, ਰਾਮ ਸਿੰਘ ਭੱਟੀ ਮੁੱਖ ਬੁਲਾਰੇ ਪੰਜਾਬ, ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਲਖਵਿੰਦਰ ਆਧੀ, ਸਾਬੀ ਰਸੂਲਪੁਰ, ਸਰਬਣ ਸਿੰਘ ਸੰਘਾ, ਕਾਮਰੇਡ ਬਲਵਿੰਦਰ ਸਿੰਘ ਉਗੀ, ਕਾਮਰੇਡ ਬਲਵੀਰ ਸਿੰਘ ਮੱਲ੍ਹੀ, ਕਾਮਰੇਡ ਜਸਵਿੰਦਰ ਸਿੰਘ ਉਗੀ, ਸੰਜੀਵ ਕੁਮਾਰ ਕੋਡਲ ਆਦਿ ਨੇ ਐਡਵੋਕੇਟ ਰਜਿੰਦਰ ਸਿੰਘ ਮੰਡ ਤੇ ਪਰਵਾਰਕ ਮੈਂਬਰਾਂ ਅਤੇ ਨਵਾਂ ਜ਼ਮਾਨਾ ਅਖਬਾਰ ਦੇ ਸਮੂਹ ਸਾਥੀਆਂ ਨਾਲ ਗਹਿਰੇ ਦੁੱਖ ਪ੍ਰਗਟਾਵਾ ਕਰਦੇ ਹਾਂ।



# ਸ੍ਰੀ ਗੁਰੂ ਰਵਿਦਾਸ ਅੰਬੇਡਕਰ ਯੂਥ ਵੈੱਲਫੇਅਰ ਕਲੱਬ ਨੂੰ 35 ਮਰਲੇ ਜ਼ਮੀਨ ਦਾਨ



**ਆਦਮਪੁਰ (ਪਰਮਜੀਤ ਸਿੰਘ)**- ਰਾਮ ਪ੍ਰਕਾਸ਼ ਭੱਟੀ ਵੱਲੋਂ, ਸ੍ਰੀ ਗੁਰੂ ਰਵਿਦਾਸ ਅੰਬੇਦਕਰ ਯੂਥ ਵੈਲਫੇਅਰ ਕਲੱਬ ਰਜਿਸਟਰਡ ਬਹੁਦੀਨਪੁਰ ਨੂੰ ਇਕ ਕਨਾਲ 15 ਮਰਲੇ ਰਕਬਾ ਦਾਨ ਕੀਤਾ ਗਿਆ। ਜਿਸ ਦੀ ਵਰਤੋਂ ਕਲੱਬ ਵੱਲੋਂ ਪਿੰਡ ਵਿੱਚ ਭਲਾਈ ਦੇ ਕੰਮਾਂ ਲਈ ਅਤੇ ਪਿੰਡ ਵਾਸੀਆਂ ਦੀ ਸਿਹਤ ਨੂੰ ਤੰਦਰੁਸਤ ਰੱਖਣ ਲਈ ਪਾਰਕ ਅਤੇ ਹੋਰ ਉਸਾਰੀ ਲਈ ਕੀਤੀ ਜਾਵੇਗੀ।ਸ੍ਰੀ ਗੁਰੂ ਰਵਿਦਾਸ ਅੰਬੇਦਕਰ ਯੂਥ ਵੈਲਫੇਅਰ ਕਲੱਬ ਦੇ ਨਾਂਅ 'ਤੇ ਰਜਿਸਟਰੀ ਕਰਵਾ ਦਿੱਤੀ ਗਈ ਹੈ। ਇਹ ਰਕਬਾ ਰਾਮ ਪ੍ਰਕਾਸ਼ ਭੱਟੀ ਵੱਲੋਂ ਆਪਣੇ ਪਿਤਾ ਸਵਰਗਵਾਸੀ ਗੁਰਦਾਸ ਰਾਮ ਭੱਟੀ ਦੀ ਯਾਦ ਵਿੱਚ ਦਾਨ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਇਹਨਾਂ ਦੇ ਪਰਵਾਰ ਵੱਲੋਂ ਕਲੱਬ ਵੱਲੋਂ ਚਲਾਈ ਜਾਂਦੀ ਲਾਈਬ੍ਰੇਰੀ ਅਤੇ ਕੀਤੇ ਜਾਂਦੇ ਹੋਰ ਕੰਮਾਂ ਵਿੱਚ ਵੀ ਆਰਥਿਕ ਸਹਿਯੋਗ ਕੀਤਾ ਜਾਂਦਾ ਰਿਹਾ ਹੈ । ਕਲੱਬ ਦੇ ਪ੍ਰਧਾਨ ਜਰਨੈਲ ਭੱਟੀ ਨੇ ਇਸ ਗੱਲ ਦਾ ਵਿਸ਼ਵਾਸ ਦਿਵਾਇਆ ਕਿ ਇਸ ਜ਼ਮੀਨ ਦੀ ਵਰਤੋਂ ਪਿੰਡ ਦੇ ਸਰਬਪੱਖੀ ਵਿਕਾਸ ਲਈ ਪਾਰਕ ਬਣਾਉਣ ਅਤੇ ਲੋੜੀਂਦੀ ਉਸਾਰੀ ਲਈ ਕੀਤੀ ਜਾਵੇਗੀ ਅਤੇ ਦਾਨੀ ਸੱਜਣਾਂ ਪਾਸੋਂ ਰਕਮ ਇਕੱਠੀ ਕਰਕੇ ਇਹ ਕੰਮ ਕੀਤੇ ਜਾਣਗੇ। ਰਾਮ ਪ੍ਰਕਾਸ਼ ਭੱਟੀ ਵੱਲੋਂ ਭਵਿੱਖ ਵਿੱਚ ਵੀ ਕਲੱਬ ਨੂੰ ਆਰਥਿਕ ਸਹਾਇਤਾ ਦੇਣ ਦਾ ਭਰੋਸਾ ਦਿਵਾਇਆ।

## ਕ੍ਰਿਕਟ ਟੂਰਨਾਮੈਂਟ 20 ਤੋਂ

**ਫਿਲੌਰ (ਬੀ ਐੱਸ ਕੈਨੈਡੀ)**— ਸਵ. ਅਜੈ ਮੇਹਰਾ (ਗੋਲੂ) ਤੇ ਸਵ. ਬਲਵੀਰ ਸਿੰਘ (ਗੋਗੀ ਕਾਮਰੇਡ) ਦੀ ਯਾਦ ਨੂੰ ਸਮਰਪਿਤ ਨਿਊ ਸਟਾਰ ਕ੍ਰਿਕਟ ਕਲੱਬ ਫਿਲੌਰ ਰਜਿ ਵਲੋਂ ਪੰਜਵਾਂ ਕ੍ਰਿਕਟ ਟੂਰਨਾਮੈਂਟ 20, 21, 22 ਜੂਨ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਫਿਲੌਰ ਦੀ ਗਰਾਉਂਡ ਵਿਖੇ ਕਰਵਾਇਆ ਜਾ ਰਿਹਾ ਹੈ। ਕਮੇਟੀ ਮੈਂਬਰ ਪਰਮਿੰਦਰ (ਰਵੀ ਭੱਟੀ) ਜਸਕਰਨ ਸਿੰਘ (ਜੱਸਾ ) ਪਰਵੀਨ ਮੱਲ ਮੰਨਾ ਬਰਾੜ ਕੁਲਵਿੰਦਰ ਭੱਟੀ ਰਿੰਕੂ ਕੋਚ ਬੰਟੀ ਮਸੀਹ ਨੇ ਪ੍ਰੈਸ ਨੂੰ ਜਾਣਕਾਰੀ ਦਿੱਤੀ।

## ਚੋਰ ਲੱਖਾਂ ਰੁਪਏ ਦਾ ਸਮਾਨ ਲੈ ਕੇ ਹੋਏ ਫ਼ਰਾਰ



**ਫਿਲੌਰ (ਨਿਰਮਲ)**- ਸਥਾਨਕ ਚੁੰਗੀ ਰੋਡ 'ਤੇ ਇਕ ਇਲੈਕਟ੍ਰਾਨਿਕ ਦੀ ਦੁਕਾਨ ਨੂੰ ਰਾਤ ਵੇਲੇ ਰਾਤ ਵੇਲੇ ਚੋਰਾਂ ਨੇ ਨਿਸ਼ਾਨਾ ਬਣਾਇਆ। ਚੋਰੀ ਦਾ ਪਤਾ ਸਵੇਰੇ ਲੱਗਾ ਜਦੋਂ ਮਾਲਿਕ ਦਿਨੇਸ਼ ਚੰਦਰ ਦੁਕਾਨ 'ਤੇ ਪੁੱਜਾ ਅਤੇ ਦੱਸਿਆ ਕਿ ਰਾਤ ਵੇਲੇ ਉਹ ਦੁਕਾਨ ਬੰਦ ਕਰਕੇ ਗਏ ਅਤੇ ਸਵੇਰੇ ਆ ਕੇ ਦੇਖਿਆ ਕਿ ਚੋਰਾਂ ਨੇ ਦੁਕਾਨ ਦਾ ਸ਼ਟਰ ਭੰਨ ਤੋੜ ਕਰਕੇ ਅੰਦਰ ਦਾਖਲ ਹੋਕੇ ਬਿਜਲੀ ਦਾ ਕੀਮਤੀ ਸਮਾਨ ਫਰਿੱਜਾਂ, ਏ.ਸੀ, ਕੂਲਰ ਅਤੇ ਹੋਰ ਕੀਮਤੀ ਸਮਾਨ 5 ਲੱਖ ਰੁਪਏ ਨਕਦ ਅਤੇ 25 ਲੱਖ ਰੁਪਏ ਦਾ ਬਿਜਲੀ ਦਾ ਸਮਾਨ ਲੈ ਗਏ। ਥਾਣਾ ਫਿਲੌਰ ਵਿਖੇ ਰਿਪੋਰਟ ਦਿੱਤੀ ਸਬ ਇੰਸਪੈਕਟਰ ਗੋਬਿੰਦਰ ਸਿੰਘ ਸਾਥੀਆਂ ਨਾਲ ਮੌਕੇ 'ਤੇ ਪੁੱਜੇ ਅਤੇ ਦੁਕਾਨ ਮਾਲਕ ਦੇ ਬਿਆਨ ਦਰਜ ਕੀਤੇ।ਉਨ੍ਹਾਂ ਕਿਹਾ ਕਿ ਆਲੇ ਦੁਆਲੇ ਲੱਗੇ ਕੈਮਰੇ ਵੀ ਚੈੱਕ ਕੀਤੇ ਜਾ ਰਹੇ ਹਨ, ਚੋਰਾਂ ਨੂੰ ਜਲਦੀ ਕਾਬੂ ਕੀਤਾ ਜਾਵੇਗਾ।

## ਜਨਮ ਦਿਨ ਮੁਬਾਰਕ



ਸੀਰਤ ਕੌਰ
ਪਿਤਾ : ਅਰਵਿੰਦਰ ਪਾਲ ਸਿੰਘ
ਮਾਤਾ : ਸੁਖਵਿੰਦਰ ਕੌਰ
ਵਾਸੀ : ਹੁਸ਼ਿਆਰਪੁਰ



ਪਰੀਨਾਜ
ਪਿਤਾ : ਕੁਲਵੰਤ ਸਿੰਘ
ਮਾਤਾ : ਸਰਬਜੀਤ ਕੌਰ
ਵਾਸੀ : ਸੱਦਾ



ਗੁਰਬਾਜ ਸਿੰਘ ਕਾਹਲੋਂ
ਪਿਤਾ : ਅਨੂਪ ਸਿੰਘ ਕਾਹਲੋਂ
ਮਾਤਾ : ਗੁਰਿੰਦਰਜੀਤ ਕੌਰ ਕਾਹਲੋਂ
ਵਾਸੀ : ਕਾਹਲਵਾਂ

## ਸਫ਼ਾਈ ਤੇ ਯੋਗ ਹੋਵੇਗਾ ਤਾਂ ਤੇਜ਼ ਗਤੀ ਨਾਲ ਵਿਕਸਤ ਭਾਰਤ ਵੱਲ ਵਧੇਗਾ ਦੇਸ਼ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਦੋਂ ਦੇਸ਼ ਵਿੱਚ ਸਫ਼ਾਈ ਅਤੇ ਯੋਗ ਹੋਵੇਗਾ ਤਾਂ ਦੇਸ਼ ਗਤੀ ਨਾਲ ਵਿਕਸਤ ਭਾਰਤ ਵੱਲ ਵਧੇਗਾ। ਕੌਮਾਂਤਰੀ ਯੋਗ ਦਿਵਸ ਨੂੰ ਸੂਬੇ ਵਿੱਚ 27 ਮਈ ਤੋਂ ਸਫ਼ਾਈ ਮੁਹਿੰਮ ਚਲਾ ਕੇ ਸ਼ੁਰੂ ਕਰ ਦਿੱਤਾ ਗਿਆ ਹੈ। 21 ਜੂਨ ਦੇ ਪ੍ਰਬੰਧਨ ਲਈ ਯੋਗ ਦੀਆਂ ਜਮਾਤਾਂ ਸ਼ੁਰੂ ਹੋ ਗਈਆਂ ਹਨ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਦੋਂ ਯੂ ਐਨ ਓ ਵਿੱਚ ਯੋਗ ਦਾ ਪ੍ਰਸਤਾਵ ਰੱਖਿਆ ਤਾਂ 177 ਦੇਸ਼ਾਂ ਨੇ ਇਸ 'ਤੇ ਆਪਣੀ ਰਜ਼ਾਮੰਦੀ ਦਿੱਤੀ ਅਤੇ ਸਾਡੀ ਧਰਤੀ ਤੋਂ ਨਿਕਲਿਆ ਯੋਗ ਦੁਨੀਆ ਵਿੱਚ ਹਰ ਜਨ-ਜਨ ਤੱਕ ਪਹੁੰਚਿਆ ਹੈ। ਪ੍ਰਧਾਨ ਮੰਤਰੀ ਨੇ ਯੋਗ ਪੱਧਤੀ ਨੂੰ ਪੂਰੀ ਦੁਨੀਆ ਵਿੱਚ ਫੈਲਾਉਣ ਦਾ ਕੰਮ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਕੁਰੂਕਸ਼ੇਤਰ ਵਿੱਚ ਕੌਮਾਂਤਰੀ ਯੋਗ ਦਿਵਸ ਦਾ ਪ੍ਰੋਗਰਾਮ ਇਤਿਹਾਸਕ ਅਤੇ ਸ਼ਾਨਦਾਰ ਹੋਵੇਗਾ।ਮੁੱਖ ਮੰਤਰੀ ਸੈਣੀ ਮਲਟੀਆਰਟ ਕਲਚਰ ਸੈਂਟਰ ਕੁਰੂਕਸ਼ੇਤਰ ਦੇ ਸਭਾਗਾਰ ਵਿੱਚ ਕੌਮਾਂਤਰੀ ਯੋਗ ਦਿਵਸ ਨੂੰ ਲੈ ਕੇ ਸੰਸਥਾਵਾਂ ਨਾਲ ਆਯੋਜਿਤ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।ਮੁੱਖ ਮੰਤਰੀ ਨੇ ਸੰਸਥਾਵਾਂ, ਐਨ ਜੀ ਓ, ਵਪਾਰਕ ਸੰਗਠਨ ਅਤੇ ਸਭਾ ਵਿੱਚ ਮੌਜੂਦ ਹੋਰ ਸੰਗਠਨਾਂ ਦੇ ਅਧਿਕਾਰੀਆਂ ਨੂੰ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਆਪਣੀ ਭੂਮਿਕਾ ਨਿਭਾਉਣ ਦੀ ਬੇਨਤੀ ਕੀਤੀ। ਉਨ੍ਹਾਂ ਕਿਹਾ ਕਿ ਇਸ ਸਾਲ ਕੌਮਾਂਤਰੀ ਯੋਗ ਦਿਵਸ ਦਾ ਥੀਮ ਇੱਕ ਧਰਤੀ, ਇੱਕ ਸਿਹਤ ਹੈ, ਜਦੋਂ ਕਿ ਹਰਿਆਣਾ ਸਰਕਾਰ ਨੇ ਇਸ ਦੇ ਨਾਲ ਯੋਗ ਯੁਕਤ, ਨਸ਼ਾ ਮੁਕਤ ਹਰਿਆਣਾ ਨੂੰ ਵੀ ਜੋੜਿਆ ਹੈ।

## ਪੰਚਾਇਤਾਂ ਦੀ ਬੇਲੋੜੀ ਦਖਲਅੰਦਾਜ਼ੀ ਤੁਰੰਤ ਬੰਦ ਕਰਨ ਦੀ ਮੰਗ



**ਫਿਲੌਰ (ਹਰਜਿੰਦਰ ਕੌਰ ਚਾਹਲ)**- ਮਨਰੇਗਾ ਦੇ ਕੰਮਕਾਰ 'ਚ ਪੰਚਾਇਤਾਂ ਦੀ ਬੇਲੋੜੀ ਦਖਲਅੰਦਾਜ਼ੀ ਤੁਰੰਤ ਬੰਦ ਕਰਨ ਦੀ ਮੰਗ ਕਰਦਿਆਂ ਮਨਰੇਗਾ ਵਰਕਰਜ਼ ਯੂਨੀਅਨ ਦੇ ਆਗੂਆਂ ਨੇ ਇਥੇ ਕਿਹਾ ਕਿ ਜੇ ਅਜਿਹਾ ਨਾ ਹੋਇਆ ਤਾਂ ਮਜਬੂਰਨ ਧਰਨਾ ਲਗਾ ਕੇ ਸਰਕਾਰ ਦੇ ਕੰਨਾਂ ਤੱਕ ਅਵਾਜ਼ ਬੁਲੰਦ ਕੀਤੀ ਜਾਵੇਗੀ। ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਚਰਨਜੀਤ ਥੰਮੂਵਾਲ ਅਤੇ ਤਹਿਸੀਲ ਪ੍ਰਧਾਨ ਮੇਜਰ ਫਿਲੌਰ ਨੇ ਅੱਜ ਇਥੇ ਦੱਸਿਆ ਕਿ ਬਲਾਕ ਰੁੜਕਾ ਕਲਾਂ ਦੇ ਪਿੰਡ ਦੁਸਾਂਝ ਖੁਰਦ 'ਚ ਬੇਲੋੜੀ ਦਖਲਅੰਦਾਜ਼ੀ ਕਰਕੇ ਵਰਕਰਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਆਗੂਆਂ ਨੇ ਏ ਡੀ ਸੀ ਜਲੰਧਰ ਅਤੇ ਬੀ ਡੀ ਪੀ ਓ ਰੁੜਕਾ ਕਲਾਂ ਤੋਂ ਮੰਗ ਕੀਤੀ ਕਿ ਇਸ ਦਖਲਅੰਦਾਜ਼ੀ ਨੂੰ ਤੁਰੰਤ ਰੋਕਿਆ ਜਾਵੇ। ਆਗੂਆਂ ਨੇ ਕਿਹਾ ਕਿ ਪਿੰਡ ਦੇ ਕੁੱਝ ਪੰਚਾਂ ਨੂੰ ਕਿਸ ਨੇ ਅਧਿਕਾਰ ਦਿੱਤਾ ਹੈ ਕਿ ਉਹ ਵਰਕਰਾਂ ਦੀ ਪੁੱਛ ਪੜਤਾਲ ਕਰਨ। ਮੇਟ ਕਿਸ ਨੂੰ ਚੁਣਨਾ ਹੈ ਜਾਂ ਕਿਸ ਨੂੰ ਨਹੀਂ, ਇਹ ਅਧਿਕਾਰ ਪੰਚਾਂ ਨੂੰ ਕਿਸ ਸਮਰਥਾ 'ਚ ਦਿੱਤਾ ਗਿਆ ਹੈ। ਆਗੂਆਂ ਨੇ ਉਕਤ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਪਿੰਡ ਦੁਸਾਂਝ ਖੁਰਦ 'ਚ ਮਨਰੇਗਾ ਵਰਕਰਾਂ ਦਾ ਕੰਮ ਬੰਦ ਕਰਵਾਏ ਜਾਣ ਦੀ ਜਾਂਚ ਕੀਤੀ ਜਾਵੇ ਕਿ ਕਿਸ ਦੇ ਹੁਕਮਾਂ 'ਤੇ ਕੰਮ ਬੰਦ ਕੀਤਾ ਗਿਆ ਸੀ। ਉਕਤ ਆਗੂਆਂ ਨੇ ਕਿਹਾ ਕਿ 15 ਜੂਨ ਨੂੰ ਜੰਡਿਆਲਾ ਮੰਜਕੀ ਵਿਖੇ ਜ਼ਿਲ੍ਹਾ ਪੱਧਰੀ ਮੀਟਿੰਗ ਕੀਤੀ ਜਾ ਰਹੀ ਹੈ। ਜੇ ਉਸ ਵੇਲੇ ਤੱਕ ਵਰਕਰਾਂ ਦੀ ਸੁਣਵਾਈ ਨਾ ਹੋਈ ਤਾਂ ਅਗਲੇ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਨਰੇਗਾ ਕਾਨੂੰਨ ਤਹਿਤ ਸਾਰੇ ਪਰਵਾਰ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ ਘੱਟੋ ਘੱਟ 700 ਰੁਪਏ ਦਿੱਤੀ ਜਾਵੇ, ਕਸਬਿਆਂ ਤੇ ਸ਼ਹਿਰਾਂ ਵਿੱਚ ਵੀ ਇਹ ਕਾਨੂੰਨ ਲਾਗੂ ਕਰਕੇ ਸ਼ਹਿਰੀ ਮਜ਼ਦੂਰਾਂ ਨੂੰ ਵੀ ਕੰਮ ਦਿੱਤਾ ਜਾਵੇ।

# ਪੁਲਸ ਨੇ ਬੈਂਕ ਡਕੈਤੀ ਦਾ ਮਾਮਲਾ ਸੁਲਝਾਇਆ



**ਫਗਵਾੜਾ (ਡਾ. ਰਮਨ)** ਕਪੂਰਥਲਾ ਪੁਲਸ ਨੇ ਬੈਂਕ ਡਕੈਤੀ ਦੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਗੌਰਵ ਤੂਰਾ ਐਸ ਐਸ ਪੀ ਕਪੂਰਥਲਾ ਨੇ ਦੱਸਿਆ ਕਿ 30-05-2025 ਨੂੰ ਥਾਣਾ ਰਾਵਲਪਿੰਡੀ ਵਿੱਚ ਪਿੰਡ ਰਿਹਾਨਾ ਜੱਟਾਂ ਵਿਖੇ ਐਚ ਡੀ ਐਫ ਸੀ ਸ਼ਾਖਾ ਦੇ ਬੈਂਕ ਮੈਨੇਜਰ ਤੋਂ ਸੂਚਨਾ ਮਿਲੀ ਸੀ ਕਿ ਤਿੰਨ ਅਣਪਛਾਤੇ ਵਿਅਕਤੀ ਦੁਪਹਿਰ 3 ਵਜੇ ਦੇ ਕਰੀਬ ਬੈਂਕ ਵਿੱਚ ਆਏ ਅਤੇ ਬੰਦੂਕ ਦੀ ਨੋਕ 'ਤੇ ਲੁੱਟਖੋਹ ਕੀਤੀ ਅਤੇ ਇੱਕ ਚਿੱਟੇ ਰੰਗ ਦੀ ਵਰਨਾ ਕਾਰ ਵਿੱਚ ਨਕਦੀ ਲੈ ਕੇ ਭੱਜ ਗਏ। ਇਸ ਮਾਮਲੇ 'ਚ ਐਫ ਆਈ ਆਰ ਨੰਬਰ 45 ਮਿਤੀ 30-05-2025 ਧਾਰਾ 309(4) ਬੀ ਐਨ ਐਸ, ਥਾਣਾ ਰਾਵਲਪਿੰਡੀ ਦਰਜ ਕੀਤੀ ਗਈ ਅਤੇ ਪ੍ਰਭਜੋਤ ਸਿੰਘ ਵਿਰਕ ਐਸ ਪੀ (ਡੀ) ਕਪੂਰਥਲਾ ਅਤੇ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਐਸ ਪੀ ਫਗਵਾੜਾ ਦੀ ਅਗਵਾਈ ਹੇਠ ਤੁਰੰਤ ਵਿਸ਼ੇਸ਼ ਟੀਮਾਂ ਗਠਿਤ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਭਾਰਤ ਭੂਸ਼ਣ ਡੀ ਐਸ ਪੀ ਫਗਵਾੜਾ, ਪਰਮਿੰਦਰ ਸਿੰਘ ਡੀ ਐਸ ਪੀ ਡਿਟੈਕਟਿਵ ਕਪੂਰਥਲਾ, ਇੰਸਪੈਕਟਰ ਜਰਨੈਲ ਸਿੰਘ ਇੰਚਾਰਜ ਸੀ ਆਈ ਏ ਕਪੂਰਥਲਾ ਅਤੇ ਐਸ ਐਚ ਓ ਰਾਵਲਪਿੰਡੀ ਐਸ ਆਈ ਮੇਜਰ ਸਿੰਘ ਟੀਮਾਂ ਦੁਆਰਾ ਮੌਕੇ ਦਾ ਦੌਰਾ ਕੀਤਾ ਗਿਆ। ਬੈਂਕ ਅਧਿਕਾਰੀਆਂ ਨੇ ਆਪਣੀ ਅੰਦਰੂਨੀ ਜਾਂਚ ਤੋਂ ਬਾਅਦ ਦੱਸਿਆ ਕਿ ਮੁਲਜ਼ਮਾਂ ਦੁਆਰਾ ਕੁੱਲ 38,34,900 ਰੁਪਏ ਲੁੱਟੇ ਗਏ ਸਨ। ਵਿਸਥਾਰਤ ਜਾਂਚ ਕਰਦੇ ਹੋਏ ਪੁਲਸ ਨੇ ਗੁਰਮਿੰਦਰ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਪਿੰਡ ਕਾਹਲਵਾਂ, ਥਾਣਾ ਕਰਤਾਰਪੁਰ ਜ਼ਿਲ੍ਹਾ ਜਲੰਧਰ ਨੂੰ 07-06-2025 ਨੂੰ ਗ੍ਰਿਫ਼ਤਾਰ ਕਰ ਲਿਆ। ਲੁੱਟੀ ਗਈ ਕੁੱਲ ਨਕਦੀ ਵਿੱਚੋਂ ਮੁਲਜ਼ਮ ਤੋਂ 13 ਲੱਖ 10 ਹਜਾਰ ਰੁਪਏ ਅਤੇ ਲੁੱਟ ਕਰਨ ਸਮੇਂ ਵਰਤਿਆ ਗਿਆ ਇੱਕ ਪਿਸਟਲ ਬਰਾਮਦ ਕੀਤਾ ਗਿਆ। ਜਾਂਚ ਦੌਰਾਨ, ਬਾਕੀ ਦੋ ਮੁਲਜ਼ਮਾਂ ਦੀ ਵੀ ਪਹਿਚਾਣ ਹੋ ਗਈ ਹੈ। ਗੁਰਮਿੰਦਰ ਵੱਲੋਂ ਇਹ ਵੀ ਖੁਲਾਸਾ ਕੀਤਾ ਗਿਆ ਕਿ ਅਪਰਾਧ ਵਿੱਚ ਵਰਤੀ ਗਈ ਚਿੱਟੀ ਵਰਨਾ ਕਾਰ ਉਹਨਾਂ ਦੋ ਰਹਿੰਦੇ ਮੁਲਜ਼ਮਾਂ ਵਿੱਚੋ ਇੱਕ ਦੀ ਹੈ ਅਤੇ ਪਹਿਲਾਂ ਉਸ ਦੀਆਂ ਨੰਬਰ ਪਲੇਟਾਂ ਬਦਲ ਦਿੱਤੀਆਂ ਸਨ।

# ਐੱਸ ਟੀ ਐੱਸ ਵਰਲਡ ਸਕੂਲ ਵਿਖੇ ਸਮਰ ਕੈਂਪ ਦੀ ਸਮਾਪਤੀ ਸਮੇਂ ਸ਼ਾਨਦਾਰ ਸਮਾਗਮ



**ਗੁਰਾਇਆ (ਬਿੰਦਰ ਸੁੰਮਨ)**- ਐੱਸ. ਟੀ. ਐੱਸ.ਵਰਲਡ ਸਕੂਲ ਵਿਖੇ ਕਿੰਡਰਗਾਰਟਨ ਤੋਂ ਗਿਆਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਚੱਲ ਰਹੇ ਦਸ ਦਿਨਾਂ ਦੇ ਸਮਰ ਕੈਂਪ ਦੀ ਸਮਾਪਤੀ ਵੱਡੇ ਪੱਧਰ 'ਤੇ ਸ਼ਾਨਦਾਰ ਸਮਾਗਮ ਨਾਲ ਕੀਤੀ ਗਈ। ਇਸ ਸਮਾਗਮ ਦੇ ਮੁੱਖ ਮਹਿਮਾਨ ਸਕੂਲ ਦੇ ਚੇਅਰਪਰਸਨ ਮੈਡਮ ਮਾਲਤੀ ਅਤੇ ਪ੍ਰਿੰਸੀਪਲ ਮੈਡਮ ਪ੍ਰਭਜੋਤ ਕੌਰ ਗਿੱਲ ਸਨ । ਇਸ ਕੈਂਪ ਦਾ ਮੁੱਖ ਟੀਚਾ ਹਰੇਕ ਬੱਚੇ ਦੀ ਛੁਪੀ ਹੋਈ ਪ੍ਰਤਿਭਾ ਨੂੰ ਉਜਾਗਰ ਕਰਨਾ ਅਤੇ ਉਨ੍ਹਾਂ ਵਿੱਚ ਆਤਮ ਵਿਸ਼ਵਾਸ ਪੈਦਾ ਕਰਨਾ ਸੀ। ਸਾਰੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਦਿਮਾਗ ਨੂੰ ਰੁੱਝੇ ਰੱਖਣ ਅਤੇ ਉਹਨਾਂ ਅੰਦਰ ਵੱਖ ਵੱਖ ਗਤੀਵਿਧੀਆਂ ਵਿੱਚ ਦਿਲਚਸਪੀ ਰੱਖਣ ਲਈ ਸਨ । ਬੱਚਿਆਂ ਨੇ ਬਹੁਤ ਸਾਰੀਆਂ ਗਤੀਵਿਧੀਆਂ ਵਿੱਚ ਭਾਗ ਲਿਆ। ਵਿਦਿਆਰਥੀਆਂ ਨੇ ਅੱਗ ਦੀ ਵਰਤੋਂ ਤੋਂ ਬਿਨਾਂ ਬਹੁਤ ਸਾਰੀਆਂ ਚੀਜ਼ਾਂ ਬਣਾਉਣੀਆਂ ਸਿੱਖੀਆਂ ਜਿਵੇਂ ਦਹੀਂ, ਅੰਬ ਦਾ ਸਾਲਸਾ, ਗੁਲਾਬ ਦੀ ਰਸਮਲਾਈ, ਬਿਸਕੁਟ ਸੇਬ ਚਾਟ, ਚਾਕਲੇਟ ਓਰੀਓ ਸ਼ੇਟ , ਭੱਲਾ, ਅੰਬ ਚਨਾ ਚਾਟ, ਬਨਾਨਾ ਬਰੀਜ਼, ਗਰੇਪ ਫਿਜ਼, ਨਾਚੋਸ ਐਕਸਪਲੋਸ਼ਨ, ਪਾਨ ਸ਼ੋਟ, ਸੱਤੂ ਬਾਈਟਸ , ਲੀਚੀ ਬਲੂਸਮ ਆਦਿ। ਕੈਂਪ ਦੇ ਆਖਰੀ ਦਿਨ ਸਕੂਲ 'ਚ ਸ਼ਾਨਦਾਰ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਦੇ ਮਾਪੇ ਵੀ ਹਾਜ਼ਰ ਹੋਏ । ਸਕੂਲ ਪ੍ਰੋਗਰਾਮ ਦਾ ਆਰੰਭ ਖ਼ੂਬਸੂਰਤ ਸ਼ਬਦ ਨਾਲ ਕੀਤਾ ਗਿਆ। ਪੀ ਪੀ ਟੀ ਰਾਹੀਂ ਪਿਛਲੇ ਦਸ ਦਿਨਾਂ ਤੋਂ ਚੱਲ ਰਹੀਆਂ ਸਮਰ ਕੈਂਪ ਦੀਆਂ ਝਲਕੀਆਂ ਪੇਸ਼ ਕੀਤੀਆਂ ਗਈਆਂ, ਜਿਸ ਵਿੱਚ ਵੱਖ ਵੱਖ ਗਤੀਵਿਧੀਆਂ ਕਰਨ ਵਾਲੇ ਵਿਦਿਆਰਥੀਆਂ ਨੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਛੋਟੇ ਵੱਡੇ ਬੱਚਿਆਂ ਵੱਲੋਂ ਕਈ ਕਿਸਮ ਦੇ ਨਾਚ ਪੇਸ਼ ਕੀਤੇ ਗਏ । ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਆਪਣੇ ਬਣਾਏ ਹੋਏ ਪ੍ਰੋਜੈਕਟਾਂ ਰਾਹੀਂ ਕੀਤਾ। ਪ੍ਰੋਗਰਾਮ ਦਾ ਅੰਤ ਰਾਸ਼ਟਰੀ ਗੀਤ ਨਾਲ ਹੋਇਆ। ਸਕੂਲ ਵਿੱਚ ਛਬੀਲ ਦਾ ਲੰਗਰ ਵੀ ਲਗਾਇਆ ਗਿਆ ਅਤੇ ਵਿਦਿਆਰਥੀਆਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਜਾਮਣ , ਅਮਰੂਦ, ਨਿੰਬੂ , ਸੰਤਰੇ ਆਦਿ ਪੌਦੇ ਵੀ ਵੰਡੇ ਗਏ। ਇਸ ਸਭ ਦਾ ਪ੍ਰਬੰਧ ਪ੍ਰਿੰਸੀਪਲ ਪ੍ਰਭਜੋਤ ਕੌਰ ਗਿੱਲ ਦੀ ਨਿਗਰਾਨੀ ਹੇਠ ਕੀਤਾ ਗਿਆ। ਅੰਤ ਵਿੱਚ ਪ੍ਰਿੰਸੀਪਲ ਪ੍ਰਭਜੋਤ ਕੌਰ ਗਿੱਲ ਨੇ ਮਾਪਿਆਂ ਤੇ ਚੇਅਰਪਰਸਨ ਮੈਡਮ ਮਾਲਤੀ ਦਾ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਤੇ ਧੰਨਵਾਦ ਕਰਦਿਆਂ ਦੱਸਿਆ ਕਿ ਇਹੋ ਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਤੇ ਸਭ ਬੱਚਿਆਂ ਨੂੰ ਇਹੋ ਜਿਹੀਆਂ ਗਤੀਵਿਧੀਆਂ ਵਿਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।

# ਲਾਇਨ ਗੁਰਦੀਪ ਸਿੰਘ ਕੰਗ ਵੱਲੋਂ ਆਪਣੇ ਜਨਮ ਦਿਨ ਮੌਕੇ ਰਾਸ਼ਨ ਵੰਡ ਸਮਾਗਮ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ), ਮਨੁੱਖੀ ਅਧਿਕਾਰ ਕੌਂਸਲ (ਭਾਰਤ) ਦੇ ਸੂਬਾ ਸਕੱਤਰ ਅਤੇ ਬਾਬਾ ਬਾਲਕ ਨਾਥ ਸੇਵਾ ਸਮਿਤੀ ਫਗਵਾੜਾ ਦੇ ਪ੍ਰਧਾਨ ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਨੇ ਆਪਣੇ ਜਨਮ ਦਿਨ ਮੌਕੇ 86ਵੇਂ ਮਹੀਨਾਵਾਰ ਰਾਸ਼ਨ ਵੰਡ ਸਮਾਗਮ ਦਾ ਆਯੋਜਨ ਸ਼ਿਵ ਸ਼ਕਤੀ ਮਾਤਾ ਮੰਦਰ ਜੋਸ਼ੀਆਂ ਮੁਹੱਲਾ ਫਗਵਾੜਾ ਵਿਖੇ ਕੀਤਾ। ਜਿਸ ਵਿੱਚ ਆਮ ਆਦਮੀ ਪਾਰਟੀ ਦੇ ਨਵਨਿਯੁਕਤ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਲੁਬਾਣਾ ਅਤੇ ਮਨੁੱਖੀ ਅਧਿਕਾਰ ਕੌਂਸਲ (ਭਾਰਤ) ਵੂਮੈਨ ਸੈੱਲ ਦੇ ਕੌਮੀ ਮੀਤ ਪ੍ਰਧਾਨ ਐਡਵੋਕੇਟ ਅਨੂੰ ਸ਼ਰਮਾ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਸ਼ਿਵ ਸੈਨਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਇੰਦਰਜੀਤ ਕਰਵਲ, ਮਨੁੱਖੀ ਅਧਿਕਾਰ ਕੌਂਸਲ (ਐਂਟੀ ਕੁਰੱਪਸ਼ਨ ਸੈਲ) ਦੇ ਜ਼ਿਲ੍ਹਾ ਪ੍ਰਧਾਨ ਨੰਦ ਸੋਨੀ, ਸਮਾਜ ਸੇਵੀ ਬੱਬੂ ਮਨੀਲਾ, ਬਾਬਾ ਬਾਲਕ ਨਾਥ ਸੇਵਾ ਸੰਮਤੀ ਸਰਪ੍ਰਸਤ ਧਰਮਪਾਲ ਨਿਸ਼ਚਲ, ਸਰਪ੍ਰਸਤ ਐਸ ਪੀ ਬਸਰਾ, ਅਧਿਆਪਕ ਆਗੂ ਵਰਿੰਦਰ ਸਿੰਘ ਕੰਬੋਜ, ਕੌਂਸਲਰ ਹਰਪ੍ਰੀਤ ਸਿੰਘ ਭੋਗਲ ਅਤੇ ਕੌਂਸਲਰ ਪ੍ਰਿਤਪਾਲ ਕੌਰ ਤੁਲੀ ਸ਼ਾਮਲ ਹੋਏ। ਮੁੱਖ ਮਹਿਮਾਨਾਂ ਅਤੇ ਸਮੂਹ ਪਤਵੰਤਿਆਂ ਗੁਰਦੀਪ ਸਿੰਘ ਕੰਗ ਨੂੰ ਜਨਮ ਦਿਨ ਦੀ ਵਧਾਈ ਦਿੱਤੀ ਅਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੰਮਤੀ ਵੱਲੋਂ ਸਮਾਜ ਸੇਵਾ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਵੀ ਪ੍ਰਸੰਸਾ ਕੀਤੀ। ਕੌਂਸਲਰ ਹਰਪ੍ਰੀਤ ਸਿੰਘ ਭੋਗਲ ਅਤੇ ਪ੍ਰਿਤਪਾਲ ਕੌਰ ਤੁਲੀ ਨੇ ਕਿਹਾ ਕਿ ਸਮਾਜ ਦੇ ਸਾਰੇ ਸਮਰੱਥ ਲੋਕਾਂ ਦਾ ਫਰਜ਼ ਬਣਦਾ ਹੈ ਕਿ ਉਹ ਵਿੱਤੀ ਸਮੱਸਿਆਵਾਂ ਨਾਲ ਜੂਝ ਰਹੇ ਲੋਕਾਂ, ਬਿਮਾਰਾਂ ਅਤੇ ਬਜ਼ੁਰਗਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕਰਨ। ਲਾਇਨ ਗੁਰਦੀਪ ਸਿੰਘ ਨੇ ਦੱਸਿਆ ਕਿ ਉਹ ਹਰੇਕ ਸਾਲ ਆਪਣਾ ਜਨਮ ਦਿਨ ਇਸੇ ਤਰ੍ਹਾਂ ਸਮਾਜ ਸੇਵਾ ਕਰਦੇ ਹੋਏ ਮਨਾਉਂਦੇ ਹਨ, ਜਿਸ ਨਾਲ ਉਹਨਾਂ ਨੂੰ ਦਿਲੀ ਖੁਸ਼ੀ ਪ੍ਰਾਪਤ ਹੁੰਦੀ ਹੈ। ਗੁਰਦੀਪ ਸਿੰਘ ਕੰਗ ਅਤੇ ਮੰਦਰ ਕਮੇਟੀ ਵੱਲੋਂ ਸਰਬਜੀਤ ਸਿੰਘ ਲੁਬਾਣਾ ਨੂੰ ਆਪ ਪਾਰਟੀ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਮੁਬਾਰਕਬਾਦ ਦਿੱਤੀ ਅਤੇ ਸ਼ਾਲ ਭੇਟ ਕਰਕੇ ਸਨਮਾਨਤ ਕੀਤਾ।ਲਾਇਨ ਸੁਸ਼ੀਲ ਸ਼ਰਮਾ ਨੇ ਸਟੇਜ ਦੀ ਸੇਵਾ ਨਿਭਾਈ। ਇਸ ਮੌਕੇ ਸ਼ਿਵ ਸ਼ਕਤੀ ਮਾਤਾ ਮੰਦਰ ਦੇ ਪ੍ਰਧਾਨ ਚੰਚਲ ਸੇਠ, ਕੈਸ਼ੀਅਰ ਕਿੱਟੀ ਬਸਰਾ, ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ, ਵਾਈਸ ਪ੍ਰਧਾਨ ਲਾਇਨ ਸੁਮਿਤ ਭੰਡਾਰੀ, ਸਕੱਤਰ ਲਾਇਨ ਦਿਨੇਸ਼ ਖਰਬੰਦਾ, ਕੈਸ਼ੀਅਰ ਲਾਇਨ ਅਜੈ ਕੁਮਾਰ, ਲਾਇਨ ਸਤਵਿੰਦਰ ਸਿੰਘ ਭਮਰਾ ਪੀ.ਆਰ.ਓ., ਅਮਰਜੀਤ ਸਿੰਘ ਬਘਾਣਾ, ਲਾਇਨ ਸੰਜੀਵ ਲਾਂਬਾ, ਟਿੰਮੀ ਨਾਗਪਾਲ, ਭੁਪਿੰਦਰ ਸਿੰਘ ਗੁਲਾਟੀ, ਸੁਖਵਿੰਦਰ ਸਿੰਘ ਮੇਹਟ, ਪ੍ਰਮੋਦ ਜੋਸ਼ੀ, ਸੌਰਵ ਹਾਂਡਾ, ਸੁਖਬੀਰ ਸਿੰਘ ਕਿੰਨੜਾ, ਗੁਰਦੀਪ ਸਿੰਘ ਤੁਲੀ, ਵਿੱਕੀ ਚੁੰਬਰ, ਲਾਇਨ ਵਿਪਨ ਸ਼ਰਮਾ, ਲਾਇਨ ਵਿੱਕੀ ਚੁੰਬਰ, ਰਿਜਨ ਚੇਅਰਮੈਨ ਲਾਇਨ ਹਰਮੇਸ਼ ਲਾਲ ਕੁਲਥਮ, ਮਨੀਸ਼ ਕਨੌਜੀਆ, ਵਿਨੇ ਕੁਮਾਰ ਬਿੱਟੂ, ਰਮੇਸ਼ ਕਪੂਰ ਆਦਿ ਹਾਜ਼ਰ ਸਨ।

## ਵਰ੍ਹੇਗੰਢ ਮੁਬਾਰਕ



ਜਸਪਾਲ ਸਿੰਘ ਅਤੇ ਲਖਵਿੰਦਰ ਕੌਰ ਵਾਸੀ ਝਬਾਲ ਨੂੰ ਵਿਆਹ ਦੀ 35ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।



ਗੁਰਪ੍ਰੀਤ ਸਿੰਘ ਅਤੇ ਕਰਮਜੀਤ ਕੌਰ ਨੂੰ ਵਿਆਹ ਦੀ ਦੂਜੀ ਵਰ੍ਹੇਗੰਢ ਦੀਆਂ ਮੁਬਾਰਕਾਂ।